ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 17
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Saturday, 17 January, 2026) ਸ਼ਨੀਵਾਰ, 17 ਜਨਵਰੀ, 2026, 4 ਮਾਘ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ


### ਵਜ਼ੂ ਕਰਨ ਦੀ ਵੀਡੀਓ ਵਾਇਰਲ ਵਾਲੇ ਮੁਸਲਿਮ ਨੌਜਵਾਨ ਨੇ ਮੰਗੀ ਮੁਆਫ਼ੀ

ਅੰਮ੍ਰਿਤਸਰ, 16 ਜਨਵਰੀ (ਬਬਲੂ ਮਹਾਜਨ): ਸ੍ਰੀ ਹਰਿਮੰਦਰ ਸਾਹਿਬ ਦੇ ਸਰੋਵਰ 'ਤੇ ਵਜ਼ੂ ਕਰਨ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋਣ ਤੋਂ ਬਾਅਦ ਸਬੰਧਤ ਨੇ ਵੀਡੀਓ ਜਾਰੀ ਕਰ ਕੇ ਆਪਣੀ ਸਫਾਈ ਦਿੱਤੀ ਹੈ। ਨੌਜਵਾਨ ਨੇ ਕਿਹਾ ਕਿ ਉਹ ਬਚਪਨ ਤੋਂ ਹੀ ਸ੍ਰੀ ਹਰਿਮੰਦਰ ਸਾਹਿਬ ਜਾਣਾ ਚਾਹੁੰਦਾ ਸੀ ਅਤੇ ਉਹ ਸਤਿਕਾਰ ਨਾਲ ਉੱਥੇ ਤਿੰਨ ਦਿਨ ਪਹਿਲਾਂ ਪਹੁੰਚਿਆ ਸੀ। ਉਸ ਵੱਲੋਂ ਸਰੋਵਰ ਵਿਚ ਵਜ਼ੂ ਕੀਤਾ ਗਿਆ, ਪਰ ਵਜ਼ੂ ਦੇ ਦੌਰਾਨ ਗਲਤੀ ਨਾਲ ਉਸ ਕੋਲੋਂ ਕੁਰਕੀ ਸਰੋਵਰ ਵਿਚ ਡਿੱਗ ਗਈ। ਨੌਜਵਾਨ ਨੇ ਮੰਨਿਆ ਕਿ ਉਸ ਨੂੰ ਸ੍ਰੀ ਹਰਿਮੰਦਰ ਸਾਹਿਬ ਦੀ (ਬਾਕੀ ਸਫਾ 2 'ਤੇ)

## 'ਸਿੱਟ' ਨੂੰ ਦੇਣ ਵਾਲੇ ਦਸਤਵੇਜ਼ ਦੀ ਐਡਵੋਕੇਟ ਧਾਮੀ ਨੇ ਕੀਤੀ ਤਿਆਰੀ

ਬਬਲੂ ਮਹਾਜਨ

================



ਅੰਮ੍ਰਿਤਸਰ, 16 ਜਨਵਰੀ: ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 328 ਸਰੂਪਾਂ ਬਾਰੇ ਚੱਲ ਰਹੀ ਸਰਕਾਰੀ ਪੜਤਾਲ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਐਸਆਈਟੀ ਨੂੰ ਦਿੱਤੇ ਜਾਣ ਵਾਲੇ ਦਸਤਾਵੇਜ਼ਾਂ ਦਾ ਆਪ ਨਿਰੀਖਣ ਕਰਕੇ ਤਿਆਰੀ ਕੀਤੀ ਹੈ, ਜੋ ਆਉਂਣ ਵਾਲੇ ਸਮੇਂ ਵਿਚ ਸਿੱਟ ਨੂੰ ਦਿੱਤੇ ਜਾਣਗੇ।

ਐਡਵੋਕੇਟ ਧਾਮੀ ਬਾਅਦ ਦੁਪਹਿਰ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਪਹੁੰਚੇ। ਉਨ੍ਹਾਂ ਪੜਤਾਲੀਆ ਟੀਮ ਨੂੰ ਦਿੱਤੇ ਜਾਣ ਵਾਲੇ ਦਸਤਾਵੇਜ਼ਾਂ ਦਾ ਆਪ ਨਿਰੀਖਣ ਕਰਕੇ ਫਾਇਲ ਤਿਆਰ ਕੀਤੀ। ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਬਿਨਾਂ ਰਿਕਾਰਡ ਦਸੇ ਜਾਂਦੇ 328 ਸਰੂਪਾਂ ਬਾਰੇ ਜਾਣਕਾਰੀ ਲੈਣ ਲਈ ਬਣਾਈ ਐਸਆਈਟੀ ਦੇ ਮੈਂਬਰ ਜਗਤਪ੍ਰੀਤ ਸਿੰਘ ਏਆਈਜੀ ਅਤੇ ਏਡੀਸੀਪੀ ਹਰਪਾਲ ਸਿੰਘ ਨੇ 13 ਜਨਵਰੀ ਨੂੰ ਸ਼੍ਰੋਮਣੀ ਕਮੇਟੀ ਦੇ ਦਫਤਰ ਆ ਕੇ ਕੁਝ ਦਸਤਾਵੇਜ਼ ਲੈਣ ਲਈ ਸਕੱਤਰ ਪ੍ਰਤਾਪ ਸਿੰਘ ਨਾਲ ਮੁਲਾਕਾਤ ਕੀਤੀ ਸੀ। ਇਸ ਤੋਂ ਇਲਾਵਾ ਚੰਡੀਗੜ੍ਹ ਸਬ ਆਫਿਸ ਵਿਖੇ ਵੀ ਸਿਟ ਦੇ ਮੈਂਬਰਾਂ ਨੇ ਲਿਖਤੀ ਪੱਤਰ ਦੇ ਕੇ ਕੁਝ ਦਸਤਾਵੇਜ਼ਾਂ ਦੀ ਮੰਗ ਕੀਤੀ ਸੀ। ਦਸਤਾਵੇਜ਼ ਦੇਣ ਤੋਂ ਪਹਿਲਾਂ ਐਡਵੋਕੇਟ ਧਾਮੀ ਨੇ ਖੁਦ ਇਨ੍ਹਾਂ ਦਸਤਾਵੇਜਾਂ ਦੀ ਪੜਤਾਲ ਕਰਕੇ ਯਕੀਨੀ ਬਣਾਇਆ ਕਿ ਮੰਗ ਅਨੁਸਾਰ ਦਸਤਾਵੇਜ਼ ਦਿੱਤੇ ਜਾ ਸਕਣ। ਸ਼ੁੱਕਰਵਾਰ ਨੂੰ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਤੋਂ ਬਾਅਦ ਐਡਵੋਕੇਟ ਧਾਮੀ ਸਿੱਧੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਪਹੁੰਚੇ ਤੇ ਸਿਟ ਨੂੰ ਦਿੱਤੇ ਜਾਣ ਵਾਲਾ ਰਿਕਾਰਡ ਚੈਕ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ ਅਤੇ ਅਧਿਕਾਰੀ ਵੀ ਮੌਜੂਦ ਸਨ। ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵਲੋਂ ਜਾਰੀ ਨਿਰਦੇਸ਼ ਵਿਚ ਸਰਕਾਰ ਵਲੋਂ ਬਣਾਈ ਵਿਸ਼ੇਸ਼ ਜਾਂਚ ਕਮੇਟੀ ਨੂੰ ਰਿਕਾਰਡ ਦੇਣ ਲਈ ਸ਼੍ਰੋਮਣੀ ਕਮੇਟੀ ਨੂੰ ਕਿਹਾ ਸੀ।

## ਭਾਰਤ ਨੂੰ ਸਟਾਰਟਅੱਪ ਰੁਝਾਨਾਂ ਤੇ ਤਕਨਾਲੌਜੀ 'ਚ ਮੋਹਰੀ ਬਣਾਉਣ ਦਾ ਸਾਡਾ ਟੀਚਾ: ਮੋਦੀ

### ਸੰਸਥਾਪਕਾਂ ਅਤੇ ਉੱਦਮੀਆਂ ਨੂੰ ਨਵੇਂ ਵਿਚਾਰਾਂ 'ਤੇ ਕੰਮ ਕਰਨ ਅਤੇ ਸਮੱਸਿਆਵਾਂ ਨੂੰ ਹੱਲ ਕਰਨ ਲਈ ਕਿਹਾ

ਚੜ੍ਹਦੀਕਲਾ ਬਿਊਰੋ

================



ਨਵੀਂ ਦਿੱਲੀ, 16 ਜਨਵਰੀ :ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਭਾਰਤ ਨੂੰ ਆਪਣੇ ਸਟਾਰਟਅੱਪਸ ਦੀਆਂ ਖੋਜਾਂ ਅਤੇ ਆਤਮਵਿਸ਼ਵਾਸ ਉਤੇ ਪੂਰਾ ਭਰੋਸਾ ਹੈ ਅਤੇ ਆਉਣ ਵਾਲੇ ਦਹਾਕੇ 'ਚ ਦੇਸ਼ ਨੂੰ ਸਟਾਰਟਅਪ ਰੁਝਾਨਾਂ ਅਤੇ ਤਕਨਾਲੋਜੀ 'ਚ ਵਿਸ਼ਵ ਪੱਧਰ ਉਤੇ ਅਗਵਾਈ ਕਰਨੀ ਚਾਹੀਦੀ ਹੈ। ਮੋਦੀ ਨੇ ਕਿਹਾ ਕਿ ਬਨਾਉਟੀ ਬੁੱਧੀ (ਏ.ਆਈ.) ਉਤੇ ਅਗਾਂਹਵਧੂ ਦੇਸ਼ ਨੂੰ ਮੁਕਾਬਲੇਬਾਜ਼ੀ ਦਾ ਫਾਇਦਾ ਹੋਵੇਗਾ।

ਝੰਡਾਬਰਦਾਰ ਪ੍ਰੋਗਰਾਮ 'ਸਟਾਰਟਅਪ ਇੰਡੀਆ' ਦਾ ਇਕ ਦਹਾਕੇ ਪੂਰਾ ਹੋਣ ਉਤੇ ਇਕ ਵਿਸ਼ਾਲ ਸਮਾਗਮ ਨੂੰ ਸੰਬੋਧਨ ਕਰਦਿਆਂ ਮੋਦੀ ਨੇ ਸੰਸਥਾਪਕਾਂ ਅਤੇ ਉੱਦਮੀਆਂ ਨੂੰ ਨਵੇਂ ਵਿਚਾਰਾਂ ਉਤੇ ਕੰਮ ਕਰਨ ਅਤੇ ਸਮੱਸਿਆਵਾਂ ਨੂੰ ਹੱਲ ਕਰਨ ਲਈ ਕਿਹਾ ਅਤੇ ਗੁਣਵੱਤਾ ਵਾਲੇ ਉਤਪਾਦਾਂ ਉਤੇ ਧਿਆਨ ਕੇਂਦਰਿਤ ਕੀਤਾ। ਮੋਦੀ ਨੇ ਕਿਹਾ, "ਸਾਡਾ ਟੀਚਾ ਇਹ ਹੋਣਾ ਚਾਹੀਦਾ ਹੈ ਕਿ ਆਉਣ ਵਾਲੇ 10 ਸਾਲਾਂ 'ਚ ਭਾਰਤ ਨਵੇਂ ਸਟਾਰਟਅਪ ਰੁਝਾਨਾਂ ਅਤੇ ਤਕਨਾਲੋਜੀ 'ਚ ਦੁਨੀਆਂ ਦੀ ਅਗਵਾਈ ਕਰੇਗਾ।"

ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੂੰ ਭਾਰਤ ਵਿਚ ਸਟਾਰਟਅੱਪਸ ਅਤੇ ਉੱਦਮੀਆਂ ਦੇ ਵਿਸ਼ਵਾਸ, ਹਿੰਮਤ ਅਤੇ ਖੋਜਾਂ ਉਤੇ ਪੂਰਾ ਭਰੋਸਾ ਹੈ ਅਤੇ ਕਿਹਾ ਕਿ ਦੇਸ਼ ਦਾ ਭਵਿੱਖ ਆਕਾਰ ਲੈ ਰਿਹਾ ਹੈ। ਪ੍ਰਧਾਨ ਮੰਤਰੀ ਨੇ ਕਿਹਾ, "ਹੁਣ ਸਮਾਂ ਆ ਗਿਆ ਹੈ ਕਿ ਸਟਾਰਟਅੱਪਸ ਨਿਰਮਾਣ ਅਤੇ ਖੋਜ ਉਤੇ ਵੀ ਧਿਆਨ ਕੇਂਦਰਤ ਕਰਨ। ਅੱਜ ਦੀ ਖੋਜ ਕੱਲ੍ਹ ਦੀ ਬੌਧਿਕ ਸੰਪਤੀ ਬਣ ਜਾਂਦੀ ਹੈ।" ਭਾਰਤ ਦੀ ਸਟਾਰਟਅੱਪ ਸਫਲਤਾ ਦੀ ਕਹਾਣੀ ਉਤੇ ਮੋਦੀ ਨੇ ਕਿਹਾ ਕਿ ਸਟਾਰਟਅਪਾਂ ਨੂੰ ਸੀਡ ਫੰਡ ਮੁਹੱਈਆ ਕਰਵਾਉਣ ਲਈ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਗਈਆਂ ਹਨ, ਜਦਕਿ ਪੁਰਾਣੇ ਨਿਯਮਾਂ ਨੂੰ (ਬਾਕੀ ਸਫਾ 2 'ਤੇ)

### ਪ੍ਰਧਾਨ ਮੰਤਰੀ ਦਾ ਦੋ ਰੋਜ਼ਾ ਬੰਗਾਲ ਤੇ ਆਸਾਮ ਦੌਰਾ ਅੱਜ ਤੋਂ

ਕੋਲਕਾਤਾ, 16 ਜਨਵਰੀ (ਚ.ਨ.ਸ.):ਪ੍ਰਧਾਨ ਮੰਤਰੀ ਨਰਿੰਦਰ ਮੋਦੀ ਭਲਕੇ ਤੋਂ ਦੋ ਰੋਜ਼ਾ ਦੌਰੇ ਲਈ ਪੱਛਮੀ ਬੰਗਾਲ ਤੇ ਆਸਾਮ ਜਾਣਗੇ। ਆਪਣੀ ਇਸ ਫੇਰੀ ਦੌਰਾਨ ਪ੍ਰਧਾਨ ਮੰਤਰੀ ਸਿਆਸੀ ਰੈਲੀਆਂ ਨੂੰ ਸੰਬੋਧਨ ਕਰਨਗੇ ਤੇ ਸਰਕਾਰੀ ਸਮਾਗਮਾਂ ਵਿਚ ਸ਼ਾਮਲ ਹੋਣਗੇ। ਸ੍ਰੀ ਮੋਦੀ ਅਜਿਹੇ ਮੌਕੇ ਬੰਗਾਲ ਜਾ ਰਹੇ ਹਨ ਜਦੋਂ ਵੋਟਰ ਸੂਚੀਆਂ ਦੀ ਵਿਸ਼ੇਸ਼ ਵਿਆਪਕ ਸੁਧਾਈ (ਐਸ.ਆਈ. ਆਰ.) ਤੇ ਤ੍ਰਿਣਮੂਲ ਕਾਂਗਰਸ ਦੀ ਸਲਾਹਕਾਰ ਫਰਮ ਆਈ-ਪੈਕ 'ਤੇ ਈਡੀ ਦੇ ਹਾਲੀਆ (ਬਾਕੀ ਸਫਾ 2 'ਤੇ)

### ਰਾਸ਼ਟਰਪਤੀ ਮੁਰਮੂ ਦਾ ਜਲੰਧਰ ਦੌਰਾ ਖ਼ਰਾਬ ਮੌਸਮ ਕਾਰਨ ਰੱਦ



ਜਲੰਧਰ, 16 ਜਨਵਰੀ (ਚ.ਨ.ਸ.): ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦਾ ਅੱਜ (16 ਜਨਵਰੀ) ਜਲੰਧਰ ਦੌਰਾ ਰੱਦ ਹੋ ਗਿਆ। ਖ਼ਰਾਬ ਮੌਸਮ ਕਾਰਨ ਉਨ੍ਹਾਂ ਦੀ ਫਲਾਈਟ ਅੰਮ੍ਰਿਤਸਰ ਟੇਕਆਫ ਨਹੀਂ ਕਰ ਸਕੀ। ਉਨ੍ਹਾਂ ਨੇ ਐਨ.ਆਈ.ਟੀ. ਜਲੰਧਰ ਵਿਖੇ ਕਨਵੋਕੇਸ਼ਨ ਸਮਾਰੋਹ ਵਿੱਚ ਸ਼ਾਮਲ ਹੋਣਾ ਸੀ। ਰਾਸ਼ਟਰਪਤੀ ਮੁਰਮੂ ਵੀਰਵਾਰ ਨੂੰ ਅੰਮ੍ਰਿਤਸਰ ਪਹੁੰਚੇ, ਜਿੱਥੇ ਉਨ੍ਹਾਂ ਨੇ ਜੀ.ਐਨ.ਡੀ.ਯੂ. ਵਿਖੇ ਕਨਵੋਕੇਸ਼ਨ ਸਮਾਰੋਹ ਵਿੱਚ ਸ਼ਿਰਕਤ ਕੀਤੀ ਸੀ। ਰਾਸ਼ਟਰਪਤੀ ਨੇ ਡਾ. ਬੀਆਰ ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ (ਐਨ.ਆਈ.ਟੀ.) ਦੇ 21ਵੇਂ ਕਨਵੋਕੇਸ਼ਨ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਾ ਸੀ। ਰਾਸ਼ਟਰਪਤੀ ਦੇ ਸਮਾਗਮ ਵਿੱਚ ਸ਼ਾਮਲ ਨਾ (ਬਾਕੀ ਸਫਾ 2 'ਤੇ)

### ਬ੍ਰਿਟਿਸ਼ ਕੋਲੰਬੀਆ ਦੇ ਪ੍ਰੀਮੀਅਰ ਵੱਲੋਂ ਮੁੱਖ ਮੰਤਰੀ ਨਾਲ ਮੁਲਾਕਾਤ

## ਮਾਨ ਵੱਲੋਂ ਬ੍ਰਿਟਿਸ਼ ਕੋਲੰਬੀਆ ਨਾਲ ਵਪਾਰਕ ਰਿਸ਼ਤਿਆਂ ਨੂੰ ਹੋਰ ਮਜ਼ਬੂਤ ਕਰਨ ਦੀ ਵਕਾਲਤ

ਚੜ੍ਹਦੀਕਲਾ ਬਿਊਰੋ

================



ਚੰਡੀਗੜ੍ਹ, 16 ਜਨਵਰੀ:ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕੈਨੇਡਾ, ਖਾਸ ਕਰਕੇ ਬ੍ਰਿਟਿਸ਼ ਕੋਲੰਬੀਆ ਨਾਲ ਵਪਾਰਕ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਤਾਂ ਜੋ ਆਪਸੀ ਸਹਿਯੋਗ ਵਧਾਇਆ ਜਾ ਸਕੇ ਅਤੇ ਦੋਵਾਂ ਖਿੱਤਿਆਂ ਦੇ ਕਾਰੋਬਾਰ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਇਆ ਜਾ ਸਕੇ।

ਬ੍ਰਿਟਿਸ਼ ਕੋਲੰਬੀਆ ਦੇ ਪ੍ਰੀਮੀਅਰ ਡੇਵਿਡ ਈਬੀ ਨਾਲ ਮੁਲਾਕਾਤ ਦੌਰਾਨ ਮੁੱਖ ਮੰਤਰੀ ਨੇ ਕਿਹਾ, "ਕੈਨੇਡਾ ਹਮੇਸ਼ਾ ਭਾਰਤ ਅਤੇ ਪੰਜਾਬ ਲਈ ਇੱਕ ਮਜ਼ਬੂਤ ਭਾਈਵਾਲ ਰਿਹਾ ਹੈ ਅਤੇ ਅਸੀਂ ਇਸ ਰਿਸ਼ਤੇ ਦੀ ਤਹਿ ਦਿਲੋਂ ਕਦਰ ਕਰਦੇ ਹਾਂ। ਅਸੀਂ ਕੈਨੇਡਾ ਅਤੇ ਪੰਜਾਬ ਦਰਮਿਆਨ ਮਜ਼ਬੂਤ ਵਪਾਰਕ ਅਤੇ ਨਿਵੇਸ਼ ਸਬੰਧਾਂ ਦੀ ਸ਼ਲਾਘਾ ਕਰਦੇ ਹਾਂ ਅਤੇ (ਬਾਕੀ ਸਫਾ 2 'ਤੇ)

### ਮੁਅੱਤਲ ਡੀ.ਆਈ.ਜੀ. ਭੁੱਲਰ ਦੀ ਜ਼ਮਾਨਤ ਦਾ ਮਾਮਲਾ, ਹਾਈਕੋਰਟ ਵੱਲੋਂ ਸੀ.ਬੀ.ਆਈ. ਨੂੰ ਨੋਟਿਸ

ਚੰਡੀਗੜ੍ਹ, 16 ਜਨਵਰੀ (ਚ.ਨ.ਸ.):ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸ਼ੁੱਕਰਵਾਰ ਨੂੰ ਪੰਜਾਬ ਦੇ ਸਾਬਕਾ ਡੀ.ਆਈ.ਜੀ. ਹਰਚਰਨ ਸਿੰਘ ਭੁੱਲਰ ਨੂੰ ਰੈਗੂਲਰ ਜ਼ਮਾਨਤ ਦੇਣ ਦੇ ਮਾਮਲੇ ਵਿਚ ਸੀ.ਬੀ.ਆਈ. ਨੂੰ ਨੋਟਿਸ ਜਾਰੀ ਕੀਤਾ ਹੈ। ਇਸ ਮਾਮਲੇ ਨੂੰ ਲੈ ਕੇ ਜਸਟਿਸ ਸੁਮੀਤ ਗੋਇਲ ਨੇ ਮਾਮਲੇ ਦੀ ਅਗਲੀ ਸੁਣਵਾਈ 9 ਫਰਵਰੀ ਨੂੰ ਵੀ ਤੈਅ ਕੀਤੀ ਹੈ। ਭੁੱਲਰ ਨੇ ਅਦਾਲਤ ਨੂੰ ਦੱਸਿਆ ਕਿ ਜਾਂਚ ਪੂਰੀ ਹੋ ਗਈ ਹੈ ਅਤੇ (ਬਾਕੀ ਸਫਾ 2 'ਤੇ)

## ਜਗਮੀਤ ਸਿੰਘ ਬਰਾੜ ਸਮੇਤ 4 ਪ੍ਰਮੁੱਖ ਆਗੂ ਪੰਜਾਬ ਭਾਜਪਾ 'ਚ ਸ਼ਾਮਲ

ਚੜ੍ਹਦੀਕਲਾ ਬਿਊਰੋ

================



ਚੰਡੀਗੜ੍ਹ, 16 ਜਨਵਰੀ:2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਭਾਜਪਾ ਪੰਜਾਬ ਵਿੱਚ ਆਪਣੇ ਪਰਿਵਾਰ ਦਾ ਲਗਾਤਾਰ ਵਿਸਥਾਰ ਕਰ ਰਹੀ ਹੈ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਨੇ ਅੱਜ ਚੰਡੀਗੜ੍ਹ ਭਾਜਪਾ ਦਫ਼ਤਰ ਵਿਖੇ ਸਾਬਕਾ ਕਾਂਗਰਸੀ ਸੰਸਦ ਮੈਂਬਰ ਜਗਮੀਤ ਬਰਾੜ ਨੂੰ ਭਾਜਪਾ ਵਿੱਚ ਸ਼ਾਮਲ ਕੀਤਾ। ਮੁੱਖ ਮੰਤਰੀ ਭਗਵੰਤ ਮਾਨ ਦੇ ਸਾਬਕਾ ਓਐਸਡੀ ਓਂਕਾਰ ਸਿੱਧੂ ਅਤੇ ਸੀਨੀਅਰ ਅਕਾਲੀ ਆਗੂ ਚਰਨਜੀਤ ਬਰਾੜ ਵੀ ਪਾਰਟੀ ਵਿੱਚ ਸ਼ਾਮਲ ਹੋਏ।ਕੋਟਕਪੂਰਾ ਤੋਂ ਸਾਬਕਾ ਵਿਧਾਇਕ ਜਗਮੀਤ ਬਰਾੜ ਦੇ ਭਰਾ ਰਿਪਜੀਤ ਸਿੰਘ ਬਰਾੜ ਵੀ ਭਾਜਪਾ ਵਿੱਚ ਸ਼ਾਮਲ ਹੋਏ। ਜਗਮੀਤ ਬਰਾੜ ਨੇ 2022 ਵਿੱਚ ਅਕਾਲੀ ਦਲ ਦੀ ਟਿਕਟ 'ਤੇ ਮੌੜ ਮੰਡੀ ਵਿਧਾਨ ਸਭਾ ਚੋਣਾਂ ਲੜੀਆਂ ਸਨ।ਇਸ ਮੌਕੇ ਸੁਨੀਲ ਜਾਖੜ ਨੇ (ਬਾਕੀ ਸਫਾ 2 'ਤੇ)

## ਪੰਜਾਬ 'ਚ ਪਵੇਗਾ ਭਾਰੀ ਮੀਂਹ, ਮੌਸਮ ਵਿਭਾਗ ਵੱਲੋਂ ਭਵਿੱਖਬਾਣੀ, ਸੀਤ ਲਹਿਰ ਵੀ ਰਹੇਗੀ ਜਾਰੀ

ਚੜ੍ਹਦੀਕਲਾ ਬਿਊਰੋ

================



ਚੰਡੀਗੜ੍ਹ, 16 ਜਨਵਰੀ:ਪੰਜਾਬ ਵਿਚ ਪੈ ਰਹੀ ਕੜਾਕੇ ਦੀ ਠੰਢ ਨੇ ਆਮ ਜਨਜੀਵਨ ਪ੍ਰਭਾਵਿਤ ਕੀਤਾ ਹੈ। ਇਸ ਠਿਠੁਰਦੀ ਠੰਢ ਵਿਚ ਲੋਕਾਂ ਦਾ ਘਰੋਂ ਨਿਕਲਣਾ ਮੁਸ਼ਕਲ ਹੋਇਆ ਪਿਆ ਹੈ। ਹਰ ਪਾਸੇ ਸੰਘਣੀ ਧੁੰਦ ਦੀ ਚਾਦਰ ਵਿਛੀ ਹੋਈ ਹੈ ਤੇ ਸੀਤ ਲਹਿਰ ਵੀ ਚੱਲ ਰਹੀ ਹੈ। ਇਸੇ ਵਿਚਾਲੇ ਮੌਸਮ ਵਿਭਾਗ ਵੱਲੋਂ ਮੀਂਹ ਨੂੰ ਲੈ ਕੇ ਨਵੀਂ ਭਵਿੱਖਬਾਣੀ ਕੀਤੀ ਗਈ ਹੈ। ਮੌਸਮ ਵਿਭਾਗ ਨੇ ਅਗਲੇ ਹਫਤੇ ਮੀਂਹ ਤੇ ਗੜ੍ਹੇਮਾਰੀ ਦੀ ਸੰਭਾਵਨਾ ਪ੍ਰਗਟਾਈ ਹੈ। ਮੌਸਮ ਵਿਭਾਗ ਦੇ ਡਾਇਰੈਕਟਰ ਸੁਰਿੰਦਰ ਪਾਲ ਮੁਤਾਬਕ 17 ਜਨਵਰੀ ਤੱਕ ਮੌਸਮ ਖੁਸ਼ਕ ਰਹੇਗਾ। ਪਹਾੜਾਂ ਤੇ ਪੱਛਮੀ ਗੜਬੜੀ ਸਰਗਰਮ ਹੋਣ ਕਾਰਨ ਪੰਜਾਬ ਵਿਚ ਮੀਂਹ ਦੀ ਸਥਿਤੀ ਬਣ ਰਹੀ ਹੈ। 18 ਤੋਂ 20 ਜਨਵਰੀ ਤੱਕ ਸੂਬੇ ਦੇ ਕੁਝ ਹਿੱਸਿਆਂ ਵਿਚ ਮੀਂਹ ਪੈ ਸਕਦਾ ਹੈ। 19 ਜਨਵਰੀ ਨੂੰ ਅੰਮ੍ਰਿਤਸਰ, ਕਪੂਰਥਲਾ, ਜਲੰਧਰ, ਲੁਧਿਆਣਾ, ਫਤਿਹਗੜ੍ਹ ਸਾਹਿਬ ਤੇ ਪਟਿਆਲਾ ਵਿਚ ਸੰਘਣੀ ਧੁੰਦ ਰਹਿਣ ਦੀ ਸੰਭਾਵਨਾ ਹੈ ਜਦੋਂ ਕਿ ਪਠਾਨਕੋਟ, ਹੁਸ਼ਿਆਰਪੁਰ ਤੇ ਰੂਪਨਗਰ ਵਿਚ ਕਿਤੇ-ਕਿਤੇ ਹਲਕਾ ਮੀਂਹ ਪੈ ਸਕਦਾ ਹੈ। ਪੰਜਾਬ ਵਿਚ ਕੋਲਡ ਵੇਵ ਤੇ ਸੰਘਣੀ ਧੁੰਦ ਲਈ ਓਰੇਂਜ ਅਲਰਟ ਜਾਰੀ ਕੀਤਾ ਹੈ। ਬੀਤੇ 24 ਘੰਟਿਆਂ ਦਰਮਿਆਨ ਤਾਪਮਾਨ ਵਿਚ ਮਾਮੂਲੀ ਵਾਧਾ ਦੇਖਣ ਨੂੰ ਮਿਲਿਆ ਪਰ ਫਿਰ ਵੀ (ਬਾਕੀ ਸਫਾ 2 'ਤੇ)

## ਗੁਰੂ ਸਾਹਿਬ ਦਾ ਨਿਰਾਦਰ ਨਹੀਂ ਕਰਾਂਗੇ ਬਰਦਾਸ਼ਤ: ਸੁਖਬੀਰ ਸਿੰਘ ਬਾਦਲ

ਚੜ੍ਹਦੀਕਲਾ ਬਿਊਰੋ

================



ਬੰਗਾ, 16 ਜਨਵਰੀ: ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅੱਜ ਬੰਗਾ ਸਥਿਤ ਪਵਿੱਤਰ ਅਸਥਾਨ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਵਿਖੇ ਨਤਮਸਤਕ ਹੋਏ। ਇਸ ਦੌਰਾਨ ਉਨ੍ਹਾਂ ਨੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਅਤੇ ਅਸਥਾਨ ਦੀ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨਾਲ ਮੁਲਾਕਾਤ ਕਰਕੇ ਮੌਜੂਦਾ ਸਥਿਤੀ ਦਾ ਜਾਇਜ਼ਾ ਲਿਆ। ਸੁਖਬੀਰ ਸਿੰਘ ਬਾਦਲ ਨੇ ਬੀਤੇ ਦਿਨੀਂ ਭਗਵੰਤ ਮਾਨ ਸਰਕਾਰ ਵੱਲੋਂ ਇਸ ਪਵਿੱਤਰ ਅਸਥਾਨ 'ਤੇ ਕੀਤੀ ਗਈ ਕਾਰਵਾਈ ਅਤੇ ਦਿੱਤੀਆਂ ਗਈਆਂ ਟਿੱਪਣੀਆਂ ਨੂੰ ਅਤਿ ਦਰਜੇ ਦੀ ਸ਼ਰਮਨਾਕ ਕਾਰਵਾਈ ਕਰਾਰ ਦਿੱਤਾ। ਉਨ੍ਹਾਂ ਨੇ ਦੋਸ਼ ਲਾਇਆ ਕਿ ਮੁੱਖ ਮੰਤਰੀ ਸਿਆਸਤ ਦੀ ਆੜ ਵਿੱਚ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਸੱਟ ਮਾਰ ਰਹੇ ਹਨ। ਮੁੱਖ ਮੰਤਰੀ ਨੂੰ ਸਿੱਧੀ ਚਿਤਾਵਨੀ ਦਿੰਦਿਆਂ ਬਾਦਲ ਨੇ ਕਿਹਾ ਕਿ ਜੇਕਰ ਸਰਕਾਰ ਨੇ ਸਿਆਸੀ ਬਦਲਾਖ਼ੋਰੀ ਤਹਿਤ ਕੋਈ ਵੀ ਕਾਰਵਾਈ ਕਰਨੀ ਹੈ, ਤਾਂ ਉਹ ਸਿੱਧੀ ਉਨ੍ਹਾਂ 'ਤੇ ਕਰਨ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਗੁਰੂ ਸਾਹਿਬ ਦਾ ਨਿਰਾਦਰ ਅਤੇ ਸੰਗਤ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਬਾਦਲ ਨੇ ਕਮੇਟੀ ਮੈਂਬਰਾਂ ਅਤੇ ਹਾਜ਼ਰ ਸੰਗਤ ਨੂੰ ਵਿਸ਼ਵਾਸ ਦਿਵਾਇਆ ਕਿ ਸਮੁੱਚਾ ਸ਼੍ਰੋਮਣੀ ਅਕਾਲੀ ਦਲ ਇਸ ਮੁਸ਼ਕਿਲ ਘੜੀ ਵਿੱਚ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੈ।

### ਬੰਗਾਲੀ ਬੋਲਦੇ ਪ੍ਰਵਾਸੀ ਕਾਮਿਆਂ ਨੂੰ ਭਾਜਪਾ ਸ਼ਾਸਿਤ ਰਾਜਾਂ 'ਚ ਤਸੀਹੇ ਦਿੱਤੇ ਜਾ ਰਹੇ ਨੇ: ਮਮਤਾ

ਕੋਲਕਾਤਾ, 16 ਜਨਵਰੀ (ਚ.ਨ.ਸ.):ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਸ਼ੁੱਕਰਵਾਰ ਨੂੰ ਦਾਅਵਾ ਕੀਤਾ ਕਿ ਸੂਬੇ ਨਾਲ ਸਬੰਧਤ ਪ੍ਰਵਾਸੀ ਮਜ਼ਦੂਰਾਂ ਨੂੰ ਖਾਸ ਕਰਕੇ ਭਾਜਪਾ ਸ਼ਾਸਿਤ ਰਾਜਾਂ ਵਿਚ ਬੰਗਾਲੀ ਬੋਲਣ ਬਦਲੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ ਅਗਾਮੀ ਅਸੈਂਬਲੀ ਚੋਣਾਂ ਤੋਂ ਪਹਿਲਾਂ 'ਦੰਗੇ ਭੜਕਾਉਣ ਦੀ ਯੋਜਨਾਬੰਦੀ' ਕਰ ਰਹੀ ਹੈ। ਬੈਨਰਜੀ ਨੇ ਪ੍ਰਸ਼ਾਸਕੀ ਸਮਾਗਮਾਂ ਲਈ ਉੱਤਰੀ ਬੰਗਾਲ ਰਵਾਨਾ ਹੋਣ ਮੌਕੇ ਇਹ ਗੱਲ ਕਹੀ। ਮੁਰਸ਼ਿਦਾਬਾਦ ਦੇ ਬੇਲਡਾਂਗਾ ਵਿੱਚ ਰਾਜ ਤੋਂ ਬਾਹਰ ਪ੍ਰਵਾਸੀ ਮਜ਼ਦੂਰਾਂ 'ਤੇ ਹੋਏ ਕਥਿਤ ਹਮਲਿਆਂ ਨੂੰ ਲੈ ਕੇ ਹੋਏ ਵਿਰੋਧ ਪ੍ਰਦਰਸ਼ਨਾਂ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਨੇ ਘੱਟ ਗਿਣਤੀ ਭਾਈਚਾਰੇ ਦੇ ਗੁੱਸੇ ਨੂੰ 'ਜਾਇਜ਼' ਦੱਸਿਆ। ਟੀ.ਐਮ.ਸੀ. (ਬਾਕੀ ਸਫਾ 2 'ਤੇ)

## ਮੁੰਬਈ ਨਗਰ ਨਿਗਮ ਚੋਣਾਂ ਵਿੱਚ ਭਾਜਪਾ ਦੀ ਵੱਡੀ ਜਿੱਤ

### ਮੋਦੀ ਨੇ ਜਨਤਾ ਦਾ ਧੰਨਵਾਦ ਕਰਦਿਆਂ ਇਸ ਨੂੰ ਵਿਕਾਸ ਦੀ ਜਿੱਤ ਦੱਸਿਆ

ਚੜ੍ਹਦੀਕਲਾ ਬਿਊਰੋ

================



ਮੁੰਬਈ, 16 ਜਨਵਰੀ: ਮਹਾਰਾਸ਼ਟਰ ਦੀ ਸਿਆਸਤ ਵਿੱਚ ਭਾਜਪਾ ਦਾ ਦਬਦਬਾ ਹੋਵੇਗਾ ਕਿਉਂਕਿ ਭਾਜਪਾ ਨੇ ਮੁੰਬਈ ਅਤੇ ਪੁਣੇ ਦੀਆਂ ਨਗਰ ਨਿਗਮ ਚੋਣਾਂ ਵਿੱਚ ਸ਼ਾਨਦਾਰ ਜਿੱਤ ਦਰਜ ਕੀਤੀ। ਲਗਭਗ ਤਿੰਨ ਦਹਾਕਿਆਂ ਤੋਂ ਸ਼ਿਵ ਸੈਨਾ ਦੇ ਕਬਜ਼ੇ ਹੇਠ ਰਹੀ ਬ੍ਰਿਹਨਮੁੰਬਈ ਮਿਊਂਸਿਪਲ ਕਾਰਪੋਰੇਸ਼ਨ (ਬੀ.ਐਮ.ਸੀ.) ਵਿੱਚ ਭਾਜਪਾ ਸਭ ਤੋਂ ਵੱਡੀ ਪਾਰਟੀ ਵਜੋਂ ਉਭਰੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮਹਾਰਾਸ਼ਟਰ ਨਗਰ ਨਿਗਮ ਚੋਣਾਂ ਵਿੱਚ ਭਾਜਪਾ ਦੀ ਅਗਵਾਈ ਵਾਲੇ ਐਨ.ਡੀ.ਏ. ਗੱਠਜੋੜ ਦੀ ਸ਼ਾਨਦਾਰ ਜਿੱਤ 'ਤੇ ਸੂਬੇ ਦੀ ਜਨਤਾ ਦਾ ਧੰਨਵਾਦ ਕੀਤਾ ਹੈ। ਪ੍ਰਧਾਨ ਮੰਤਰੀ ਨੇ ਐਕਸ 'ਤੇ ਪੋਸਟ ਰਾਹੀਂ ਕਿਹਾ ਕਿ ਮਹਾਰਾਸ਼ਟਰ ਦੇ ਲੋਕਾਂ ਨੇ ਐਨ.ਡੀ.ਏ. ਦੇ ਲੋਕ-ਪੱਖੀ ਸ਼ਾਸਨ ਅਤੇ ਵਿਕਾਸ ਦੇ ਏਜੰਡੇ 'ਤੇ ਮੋਹਰ ਲਗਾਈ ਹੈ। ਉਨ੍ਹਾਂ ਕਿਹਾ ਕਿ ਇਹ ਨਤੀਜੇ ਦਰਸਾਉਂਦੇ ਹਨ ਕਿ ਭਾਜਪਾ ਗੱਠਜੋੜ ਦਾ ਸੂਬੇ ਦੀ ਜਨਤਾ (ਬਾਕੀ ਸਫਾ 2 'ਤੇ)

### ਮੂਸੇਵਾਲਾ ਕਤਲ ਕੇਸ 'ਚ ਗਵਾਹ ਦੇ ਬਿਆਨ ਅਧੂਰੇ, ਮੁੜ ਸੁਣਵਾਈ 6 ਨੂੰ

ਮਾਨਸਾ, 16 ਜਨਵਰੀ (ਚ.ਨ.ਸ.): ਪੰਜਾਬੀ ਗਾਇਕ ਸ਼ੁਭਦੀਪ ਸਿੰਘ ਉਰਫ਼ ਸਿੱਧੂ ਮੂਸੇਵਾਲਾ ਕਤਲ ਕੇਸ ਦੀ ਸੁਣਵਾਈ ਅੱਜ ਮਾਨਸਾ ਦੀ ਜ਼ਿਲ੍ਹਾ ਅਤੇ ਸੈਸ਼ਨ ਅਦਾਲਤ ਵਿੱਚ ਹੋਈ, ਜਿਸ ਵਿੱਚ ਇੱਕ ਅਹਿਮ ਗਵਾਹ ਦੇ ਬਿਆਨ ਅੰਸ਼ਕ ਰੂਪ ਵਿੱਚ ਦਰਜ ਕੀਤੇ ਗਏ। ਅਧਿਕਾਰਤ ਗਵਾਹ ਕਾਂਸਟੇਬਲ ਬਲਕਰਨ ਸਿੰਘ ਅਦਾਲਤ ਵਿੱਚ ਪੇਸ਼ ਹੋਏ ਅਤੇ ਉਨ੍ਹਾਂ ਨੇ ਆਪਣੀ ਮੁੱਖ ਗਵਾਹੀ ਦਰਜ ਕਰਵਾਈ। ਹਾਲਾਂਕਿ, ਮੁਲਜ਼ਮ ਗੈਂਗਸਟਰ ਲਾਰੈਂਸ ਬਿਸ਼ਨੋਈ ਅਤੇ ਜੱਗੂ ਭਗਵਾਨਪੁਰੀਆ ਦੇ ਵਕੀਲਾਂ ਦੇ ਸਿਹਤ ਠੀਕ ਨਾ ਹੋਣ ਕਾਰਨ ਅਦਾਲਤ ਵਿੱਚ ਹਾਜ਼ਰ ਨਾ ਹੋਣ ਕਰਕੇ ਗਵਾਹ ਤੋਂ ਸਵਾਲ ਨਹੀਂ ਪੁੱਛੇ ਜਾ ਸਕੇ। ਇਸ ਕਾਰਨ ਅਦਾਲਤੀ ਕਾਰਵਾਈ ਨੂੰ ਅੱਗੇ ਪਾਉਣਾ ਪਿਆ। ਦੂਜੇ ਪਾਸੇ, ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ, ਜੋ ਕਿ ਇਸ ਕੇਸ ਵਿੱਚ (ਬਾਕੀ ਸਫਾ 2 'ਤੇ)




# ਪਰਮਿੰਦਰ ਸਿੰਘ ਜੱਟਪੁਰੀ ਪੰਜਾਬ ਵਿਧਾਨ ਸਭਾ ਪ੍ਰੈੱਸ ਗੈਲਰੀ ਕਮੇਟੀ ਦੇ ਪ੍ਰਧਾਨ ਚੁਣੇ

## ਦੀਪਕ ਸ਼ਰਮਾ ਨੂੰ ਉਪ ਪ੍ਰਧਾਨ ਅਤੇ ਨਵੀਨ ਸੇਠੀ ਨੂੰ ਜਨਰਲ ਸਕੱਤਰ ਚੁਣਿਆ



ਚੰਡੀਗੜ੍ਹ, 16 ਜਨਵਰੀ (ਚ.ਨ.ਸ.): ਪੰਜਾਬ ਵਿਧਾਨ ਸਭਾ ਪ੍ਰੈੱਸ ਗੈਲਰੀ ਕਮੇਟੀ ਦੀਆਂ ਚੋਣਾਂ ਅੱਜ ਪੰਜਾਬ ਵਿਧਾਨ ਸਭਾ ਦੇ ਸਕੱਤਰ ਸ੍ਰੀ ਰਾਮ ਲੋਕ ਖਟਾਨਾ ਦੀ ਮੌਜੂਦਗੀ ਵਿੱਚ ਹੋਈਆਂ। ਇਹਨਾਂ ਚੋਣਾਂ ਵਿੱਚ ਪਰਮਿੰਦਰ ਸਿੰਘ ਜੱਟਪੁਰੀ ਨੂੰ ਪ੍ਰੈੱਸ ਗੈਲਰੀ ਪੰਜਾਬ ਵਿਧਾਨ ਸਭਾ ਦੇ ਪ੍ਰਧਾਨ ਵਜੋਂ, ਦੀਪਕ ਸ਼ਰਮਾ ਨੂੰ ਉਪ ਪ੍ਰਧਾਨ ਵਜੋਂ ਅਤੇ ਨਵੀਨ ਸੇਠੀ ਨੂੰ ਜਨਰਲ ਸਕੱਤਰ ਵਜੋਂ ਚੁਣਿਆ ਗਿਆ। ਪੰਜਾਬ ਵਿਧਾਨ ਸਭਾ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਸ ਚੋਣ ਪ੍ਰਕਿਰਿਆ ਵਿੱਚ 24 ਮੈਂਬਰਾਂ ਨੇ ਹਿੱਸਾ ਲਿਆ। ਇਸ ਦੌਰਾਨ ਪ੍ਰਧਾਨ ਦੀ ਸੀਟ ਲਈ ਪਰਮਿੰਦਰ ਸਿੰਘ ਜੱਟਪੁਰੀ ਨੂੰ 15 ਵੋਟਾਂ ਮਿਲੀਆਂ ਜਦੋਂ ਕਿ ਨਪਿੰਦਰ ਬਰਾੜ ਨੂੰ 9 ਵੋਟਾਂ ਮਿਲੀਆਂ। ਇਸੇ ਤਰ੍ਹਾਂ ਉਪ ਪ੍ਰਧਾਨ ਦੀ ਸੀਟ ਲਈ ਦੀਪਕ ਸ਼ਰਮਾ ਨੂੰ 17 ਵੋਟਾਂ ਮਿਲੀਆਂ ਜਦੋਂ ਕਿ ਉਨ੍ਹਾਂ ਦੇ ਵਿਰੋਧੀ ਰੋਹਿਤ ਬਾਂਸਲ ਪੱਕਾ ਨੂੰ 7 ਵੋਟਾਂ ਮਿਲੀਆਂ। ਜਨਰਲ ਸਕੱਤਰ ਦੀ ਸੀਟ ਲਈ ਨਵੀਨ ਸੇਠੀ ਨੂੰ 16 ਵੋਟਾਂ ਮਿਲੀਆਂ ਜਦੋਂ ਕਿ ਗੁਰਉਪਦੇਸ਼ ਭੁੱਲਰ ਨੂੰ 7 ਵੋਟਾਂ ਮਿਲੀਆਂ।

## ਹਰਿਆਣਾ ਦੇ ਸਕੂਲ ਹੁਣ 19 ਨੂੰ ਖੁੱਲ੍ਹਣਗੇ, ਵਧਦੀ ਠੰਢ ਦੇ ਮੱਦੇਨਜ਼ਰ ਲਿਆ ਫ਼ੈਸਲਾ

ਚੰਡੀਗੜ੍ਹ, 16 ਜਨਵਰੀ (ਚ.ਨ.ਸ.): ਠੰਢ ਵਿਚਾਲੇ ਜਿੱਥੇ ਤਾਪਮਾਨ ਲਗਾਤਾਰ ਹੇਠਾਂ ਡਿੱਗ ਰਿਹਾ ਹੈ, ਉੱਥੇ ਸਕੂਲਾਂ ਨੂੰ ਲੈ ਕੇ ਵੱਡੀ ਅਪਡੇਟ ਸਾਹਮਣੇ ਆਈ ਹੈ। ਹਰਿਆਣਾ ਸਰਕਾਰ ਵੱਲੋਂ ਵੱਡਾ ਫੈਸਲਾ ਲਿਆ ਗਿਆ ਹੈ। ਸਕੂਲਾਂ 'ਚ ਛੁੱਟੀਆਂ ਮੁੜ ਵਧਾਈਆਂ ਗਈਆਂ ਹਨ, ਹੁਣ 19 ਜਨਵਰੀ ਨੂੰ ਸਕੂਲ ਖੋਲ੍ਹੇ ਜਾਣਗੇ।

ਹਰਿਆਣਾ ਦੇ ਸਕੂਲਾਂ ਵਿਚ ਛੁੱਟੀਆਂ ਵਧਾ ਦਿੱਤੀਆਂ ਹਨ, ਜਿੱਥੇ ਠੰਢ ਲਗਾਤਾਰ ਵੱਧ ਰਹੀ ਹੈ। ਧੁੰਦ ਪੈ ਰਹੀ ਹੈ ਤੇ ਸਕੂਲਾਂ ਦੀ ਸਿਹਤ ਨੂੰ ਧਿਆਨਵਿਚ ਰੱਖਦੇ ਹੋਏ ਸਿੱਖਿਆ ਵਿਭਾਗ ਵੱਲੋਂ ਅਹਿਮ ਫੈਸਲਾ ਲਿਆ ਗਿਆ ਹੈ। ਦੱਸ ਦੇਈਏ ਕਿ ਇਸ ਤੋਂ ਪਹਿਲਾਂ 15 ਜਨਵਰੀ ਤੱਕ ਛੁੱਟੀਆਂ ਕੀਤੀਆਂ ਗਈਆਂ ਸੀ। ਨਵੇਂ ਹੁਕਮਾਂ ਮੁਤਾਬਕ ਸਕੂਲ 17 ਜਨਵਰੀ ਤੱਕ ਬੰਦ ਹਨ, ਪਰ 18 ਜਨਵਰੀ ਨੂੰ ਐਤਵਾਰ ਹੋਣ ਕਰਕੇ ਬੱਚਿਆਂ ਨੂੰ ਇਕ ਦਿਨ ਦੀ ਹੋਰ ਰਾਹਤ ਮਿਲੀ ਹੈ ਤੇ ਵਿਦਿਆਰਥੀ 19 ਜਨਵਰੀ ਤੋਂ ਸਕੂਲ ਜਾਣਾ ਸ਼ੁਰੂ ਕਰਨਗੇ।

# ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਇਸ ਸਾਲ 4 ਲੱਖ ਕੇਸਾਂ ਦੇ ਨਿਪਟਾਰੇ ਦਾ ਰੱਖਿਆ ਟੀਚਾ

## ਜਨਵਰੀ, 2025 ਮੁਕਾਬਲੇ ਇਸ ਮਹੀਨੇ ਲੰਬਿਤ ਮਾਮਲਿਆਂ ਦੀ ਗਿਣਤੀ 11,761 ਘਟੀ




ਚੰਡੀਗੜ੍ਹ, 16 ਜਨਵਰੀ (ਚ.ਨ.ਸ.): ਲੰਬਿਤ ਮਾਮਲਿਆਂ ਵਿੱਚ ਲਗਾਤਾਰ ਗਿਰਾਵਟ ਤੋਂ ਉਤਸ਼ਾਹਿਤ ਹੋ ਕੇ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਹੁਣ 2026 ਤੱਕ 400,000 ਲੰਬਿਤ ਮਾਮਲਿਆਂ ਦੇ ਅੰਕੜੇ ਨੂੰ ਪਾਰ ਕਰਨ ਦਾ ਟੀਚਾ ਰੱਖਿਆ ਹੈ। ਮੌਜੂਦਾ ਅੰਕੜੇ ਦਰਸਾਉਂਦੇ ਹਨ ਕਿ ਲੰਬਿਤ ਮਾਮਲਿਆਂ ਦੀ ਗਿਣਤੀ ਜਨਵਰੀ, 2025 ਵਿੱਚ 4,32,227 ਤੋਂ ਘੱਟ ਕੇ ਜਨਵਰੀ 2026 ਵਿੱਚ 4,20,466 ਹੋ ਗਈ ਹੈ। ਇਹ ਰੁਝਾਨ ਨਾ ਸਿਰਫ਼ ਸਥਿਰ ਰਿਹਾ ਹੈ ਬਲਕਿ ਮਜ਼ਬੂਤ ਹੋਇਆ ਹੈ। ਇਸ ਸਾਲ ਹੁਣ ਤੱਕ, 811 ਸੰਸਥਾਵਾਂ ਦੇ ਵਿਰੁੱਧ 1,962 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਹੈ, ਜੋ ਕਿ ਅਦਾਲਤ ਦੀ ਸੁਧਰੀ ਹੋਈ ਕੇਸ-ਨਿਪਟਾਰੇ ਦਰ ਨੂੰ ਦਰਸਾਉਂਦਾ ਹੈ। ਪਿਛਲੇ ਸਾਲ, 70,354 ਸੰਸਥਾਵਾਂ ਦੇ ਖ਼ਿਲਾਫ਼ 85,309 ਮਾਮਲਿਆਂ ਦਾ ਨਿਪਟਾਰਾ ਕੀਤਾ ਗਿਆ ਸੀ, ਜਿਸਦੇ ਨਾਲ ਨਿਪਟਾਰਾ ਦਰ ਲਗਾਤਾਰ ਵਧਦੀ ਜਾ ਰਹੀ ਹੈ, ਜੁਲਾਈ, 2025 ਵਿੱਚ 107.62 ਤੋਂ ਸਤੰਬਰ ਦੇ ਅੰਤ ਤੱਕ 116.39 ਹੋ ਗਈ। ਅਧਿਕਾਰੀ ਇਸ ਗਤੀ ਨੂੰ ਕਈ ਤਾਲਮੇਲ ਵਾਲੇ ਪ੍ਰਕਿਰਿਆਤਮਕ ਅਤੇ ਪ੍ਰਸ਼ਾਸਕੀ ਉਪਾਵਾਂ ਨੂੰ ਜ਼ਿੰਮੇਵਾਰ ਠਹਿਰਾਉਂਦੇ ਹਨ। ਇੱਕ ਮਹੱਤਵਪੂਰਨ ਤਬਦੀਲੀ ਇਹ ਹੈ ਕਿ ਪਟੀਸ਼ਨਾਂ ਹੁਣ ਬੈਂਚ ਦੇ ਸਾਹਮਣੇ ਨਹੀਂ ਰੱਖੀਆਂ ਜਾਂਦੀਆਂ, ਜਦੋਂ ਤੱਕ ਵਿਰੋਧੀ ਧਿਰ ਨੂੰ ਇੱਕ ਅਗਾਊਂ ਕਾਪੀ ਨਹੀਂ ਦਿੱਤੀ ਜਾਂਦੀ। ਇਹ ਵਿਚਾਰ ਸਰਲ ਪਰ ਪ੍ਰਭਾਵਸ਼ਾਲੀ ਹੈ। ਇਹ ਯਕੀਨੀ ਬਣਾਉਣ ਨਾਲ ਕਿ ਦੂਜੀ ਧਿਰ ਪਹਿਲੀ ਸੁਣਵਾਈ 'ਤੇ ਪੂਰੀ ਤਰ੍ਹਾਂ ਤਿਆਰ ਦਿਖਾਈ ਦੇਵੇ, ਸਮਾਂ ਮੰਗਣ ਦੀ ਰੁਟੀਨ ਪ੍ਰਕਿਰਿਆ ਖਤਮ ਹੋ ਜਾਂਦੀ ਹੈ, ਜਿਸ ਨੇ ਪਹਿਲਾਂ ਕੀਮਤੀ ਨਿਆਂਇਕ ਸਮਾਂ ਬਰਬਾਦ ਕੀਤਾ ਸੀ। ਹਾਈ ਕੋਰਟ ਨੇ ਦੇਰੀ ਨਾਲ ਆਉਣ ਵਾਲੇ ਜਵਾਬਾਂ ਅਤੇ ਹਲਫਨਾਮਿਆਂ ਪ੍ਰਤੀ ਜ਼ੀਰੋ-ਟੌਲਰੈਂਸ ਪਹੁੰਚ ਅਪਣਾਈ ਹੈ। ਪਹਿਲਾਂ, ਅਦਾਲਤ ਆਮ ਤੌਰ 'ਤੇ ਅਜਿਹੀਆਂ ਦੇਰੀ ਨੂੰ ਮਾਫ਼ ਕਰਦੀ ਸੀ, ਪਰ ਹੁਣ ਸਮਾਂ-ਸੀਮਾਵਾਂ ਦੀ ਸਖ਼ਤੀ ਨਾਲ ਪਾਲਣਾ ਕਰਨ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ, ਜਿਸ ਨਾਲ ਇਹ ਸਪੱਸ਼ਟ ਸੁਨੇਹਾ ਜਾਂਦਾ ਹੈ ਕਿ ਪ੍ਰਕਿਰਿਆਤਮਕ ਢਿੱਲ ਨੂੰ ਹੁਣ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅਜਿਹੇ ਮਾਮਲਿਆਂ ਵਿੱਚ, ਜੁਰਮਾਨੇ ਲਗਾਉਣ ਤੋਂ ਬਾਅਦ ਹੀ ਅਕਸਰ ਜਵਾਬ ਸਵੀਕਾਰ ਕੀਤੇ ਜਾਂਦੇ ਹਨ।

ਹਾਈਬ੍ਰਿਡ ਸੁਣਵਾਈਆਂ ਇੱਕ ਹੋਰ ਪ੍ਰਮੁੱਖ ਯੋਗਦਾਨ ਵਜੋਂ ਉਭਰੀਆਂ ਹਨ। ਜਿਹੜੇ ਵਕੀਲ ਸਰੀਰਕ ਤੌਰ 'ਤੇ ਹਾਜ਼ਰ ਨਹੀਂ ਹੋ ਸਕਦੇ, ਉਨ੍ਹਾਂ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਪੇਸ਼ ਹੋਣ ਲਈ ਸਰਗਰਮੀ ਨਾਲ ਉਤਸ਼ਾਹਿਤ ਕੀਤਾ ਜਾਂਦਾ ਹੈ, ਜਿਸ ਨਾਲ ਮੁਲਤਵੀ ਹੋਣ ਦੇ ਲੰਬੇ ਸਮੇਂ ਤੋਂ ਚੱਲ ਰਹੇ ਕਾਰਨ ਨੂੰ ਖਤਮ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ, ਅਦਾਲਤਾਂ ਪਹਿਲਾਂ ਸ਼ੁਰੂ ਹੋ ਰਹੀਆਂ ਹਨ, ਲੰਬੇ ਸਮੇਂ ਤੱਕ ਬੈਠ ਰਹੀਆਂ ਹਨ, ਅਤੇ ਛੋਟੀਆਂ, ਕੇਂਦ੍ਰਿਤ ਤਾਰੀਖਾਂ ਦੀ ਪੇਸ਼ਕਸ਼ ਕਰ ਰਹੀਆਂ ਹਨ। ਚੀਫ਼ ਜਸਟਿਸ ਸ਼ੀਲ ਨਾਗੂ ਦੇ ਹੁਕਮਾਂ ਹੇਠ ਕੀਤੇ ਗਏ ਪ੍ਰਸ਼ਾਸਕੀ ਪੁਨਰਗਠਨ ਨੇ ਵੀ ਇੱਕ ਭੂਮਿਕਾ ਨਿਭਾਈ ਹੈ। ਡਿਵੀਜ਼ਨ ਬੈਂਚਾਂ ਦੀ ਗਿਣਤੀ ਨੂੰ ਪਿਛਲੇ 13 ਤੋਂ ਘਟਾ ਕੇ ਅੱਠ ਕਰਨ ਨਾਲ ਲੱਗਭੱਗ ਪੰਜ ਜੱਜਾਂ ਨੂੰ ਹੋਰ ਨਿਆਂਇਕ ਕੰਮਾਂ ਲਈ ਖਾਲੀ ਕਰ ਦਿੱਤਾ ਗਿਆ ਹੈ, ਜਿਸ ਨਾਲ ਸਮੁੱਚੀ ਨਿਪਟਾਰੇ ਦੀ ਸਮਰੱਥਾ ਵਿੱਚ ਕਾਫ਼ੀ ਵਾਧਾ ਹੋਇਆ ਹੈ। 14 ਜਨਵਰੀ, 2026 ਤੋਂ ਲਾਗੂ ਹੋਣ ਵਾਲਾ ਨਵਾਂ ਸ਼ਡਿਊਲ ਇਸ ਨੁਕਤੇ 'ਤੇ ਹੋਰ ਜ਼ੋਰ ਦਿੰਦਾ ਹੈ। ਇਹ ਹੁਕਮ ਦਿੰਦਾ ਹੈ ਕਿ ਡਿਵੀਜ਼ਨ ਬੈਂਚਾਂ 'ਤੇ ਬੈਠੇ ਜੱਜ ਆਪਣੀਆਂ ਸੂਚੀਆਂ ਖਤਮ ਹੋਣ ਤੋਂ ਬਾਅਦ ਇਕੱਲੇ ਬੈਠ ਸਕਦੇ ਹਨ, ਇਸ ਤਰ੍ਹਾਂ ਬਰਬਾਦ ਹੋਏ ਨਿਆਂਇਕ ਸਮੇਂ ਨੂੰ ਘਟਾਉਂਦਾ ਹੈ। ਵਿਸ਼ੇਸ਼ ਬੈਂਚ ਸ਼ੁੱਕਰਵਾਰ ਨੂੰ ਤਹਿ ਕੀਤੇ ਜਾਂਦੇ ਹਨ, ਅਤੇ ਉਨ੍ਹਾਂ ਦੇ ਸਾਹਮਣੇ ਸਾਰੀਆਂ ਨਵੀਆਂ ਰਜਿਸਟਰ ਕੀਤੀਆਂ ਅਰਜ਼ੀਆਂ ਨੂੰ ਸਿਰਫ਼ ਉਸੇ ਦਿਨ ਸੂਚੀਬੱਧ ਕੀਤਾ ਜਾਵੇਗਾ, ਗੜਬੜ ਅਤੇ ਡੁਪਲੀਕੇਸ਼ਨ ਤੋਂ ਬਚਦੇ ਹੋਏ। ਹਾਈ ਕੋਰਟ ਦੀ ਨਵੀਂ ਪਹਿਲ, ਜੋ ਕਿ ਲਗਭਗ 30 ਪ੍ਰਤੀਸ਼ਤ ਜੱਜਾਂ ਦੀ ਘਾਟ ਦੇ ਬਾਵਜੂਦ ਕੰਮ ਕਰਦੀ ਹੈ, ਹੁਣ ਅੰਕੜਿਆਂ ਤੋਂ ਪਰੇ ਪ੍ਰਭਾਵ ਦਿਖਾ ਰਹੀ ਹੈ। ਜੇਕਰ ਮੌਜੂਦਾ ਰਫ਼ਤਾਰ ਜਾਰੀ ਰਹੀ, ਤਾਂ 2026 ਤੱਕ ਲੰਬੇ ਸਮੇਂ ਤੋਂ ਉਡੀਕੇ ਜਾ ਰਹੇ 400,000 ਕੇਸਾਂ ਦੇ ਪੈਂਡਿੰਗ ਹੋਣ ਨੂੰ ਪਾਰ ਕਰਨਾ ਆਖਰਕਾਰ ਇੱਕ ਹਕੀਕਤ ਬਣ ਸਕਦਾ ਹੈ, ਜਿਸ ਨਾਲ ਮੁਕੱਦਮੇਬਾਜ਼ਾਂ ਨੂੰ ਉਹ ਮਿਲੇਗਾ, ਜਿਸ ਦੀ ਉਹ ਸਾਲਾਂ ਤੋਂ ਉਡੀਕ ਕਰ ਰਹੇ ਸਨ।

# ਪਹਿਲੇ ਸਫ਼ੇ ਦੀ ਬਾਕੀ

### ਵਜ਼ੂ ਕਰਨ ਦੀ ਵੀਡੀਓ ਵਾਇਰਲ ਵਾਲੇ

ਮਰਿਆਦਾ ਬਾਰੇ ਪੂਰੀ ਜਾਣਕਾਰੀ ਨਹੀਂ ਸੀ। ਉਸ ਨੇ ਮਾਫੀ ਮੰਗਦਿਆਂ ਕਿਹਾ ਕਿ ਉਹ ਜਲਦੀ ਹੀ ਸ੍ਰੀ ਹਰਿਮੰਦਰ ਸਾਹਿਬ ਆ ਕੇ ਖੁਦ ਮਾਫੀ ਮੰਗੇਗਾ।

### ਪ੍ਰਧਾਨ ਮੰਤਰੀ ਦਾ ਦੋ ਰੋਜ਼ਾ ਬੰਗਾਲ ਤੇ ਆਸਾਮ ਦੌਰਾ ਅੱਜ ਤੋਂ

ਛਾਪਿਆਂ ਨੂੰ ਲੈ ਕੇ ਸਿਆਸੀ ਘਮਸਾਣ ਸਿਖਰ 'ਤੇ ਹੈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ 17 ਅਤੇ 18 ਜਨਵਰੀ ਨੂੰ ਪੱਛਮੀ ਬੰਗਾਲ ਅਤੇ ਅਸਾਮ ਦਾ ਦੌਰਾ ਕਰਨਗੇ ਜਿੱਥੇ ਉਹ ਹਾਵੜਾ ਅਤੇ ਗੁਹਾਟੀ ਵਿਚਕਾਰ ਭਾਰਤ ਦੀ ਪਹਿਲੀ ਵੰਦੇ ਭਾਰਤ ਸਲੀਪਰ ਟਰੇਨ ਨੂੰ ਹਰੀ ਝੰਡੀ ਦਿਖਾਉਣਗੇ। ਸ੍ਰੀ ਮੋਦੀ ਦੋਵਾਂ ਚੋਣਾਂ ਵਾਲੇ ਰਾਜਾਂ ਵਿੱਚ ਨੀਂਹ ਪੱਥਰ ਰੱਖਣਗੇ ਅਤੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਨੂੰ ਹਰੀ ਝੰਡੀ ਦਿਖਾਉਣਗੇ ਅਤੇ ਕਾਜ਼ੀਰੰਗਾ ਐਲੀਵੇਟਿਡ ਕੋਰੀਡੋਰ ਪ੍ਰੋਜੈਕਟ ਲਈ ਭੂਮੀ ਪੂਜਨ ਕਰਨਗੇ।

ਪ੍ਰਧਾਨ ਮੰਤਰੀ 17 ਜਨਵਰੀ ਨੂੰ ਘੱਟਗਿਣਤੀ ਵਾਲੇ ਮਾਲਦਾ ਅਤੇ ਹੁਗਲੀ ਜ਼ਿਲ੍ਹੇ ਦੇ ਸਿੰਗੂਰ ਵਿੱਚ ਰੈਲੀਆਂ ਕਰਨਗੇ। ਸਿੰਗੂਰ ਉਹ ਇਲਾਕਾ ਜਿੱਥੇ ਟਾਟਾ ਨੇ 2008 ਵਿਚ ਟੀਐੱਮਸੀ ਦੇ ਵਿਰੋਧ ਪ੍ਰਦਰਸ਼ਨਾਂ ਕਰਕੇ ਛੋਟਾ ਕਾਰ ਨੈਨੋ ਪਲਾਂਟ ਲਾਉਣ ਦਾ ਫੈਸਲਾ ਵਾਪਸ ਲੈ ਲਿਆ ਸੀ। ਪੱਛਮੀ ਬੰਗਾਲ 'ਚ ਅਗਾਮੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਦੋਵੇਂ ਥਾਵਾਂ ਮਜ਼ਬੂਤ ਚੋਣ ਅਤੇ ਸਿਆਸੀ ਪ੍ਰਭਾਵ ਰੱਖਦੀਆਂ ਹਨ।

### ਭਾਰਤ ਨੂੰ ਸਟਾਰਟਅੱਪ ਰੁਝਾਨਾਂ ਤੇ

ਖਤਮ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ, "ਅਸੀਂ ਪੁਰਾਣੇ ਨਿਯਮਾਂ ਨੂੰ ਹਟਾ ਦਿਤਾ ਹੈ ਅਤੇ ਖੋਜੀਆਂ ਉੱਤੇ ਭਰੋਸਾ ਕੀਤਾ ਹੈ।"

ਸਟਾਰਟਅੱਪ ਇੰਡੀਆ ਦੀ ਸ਼ੁਰੂਆਤ 16 ਜਨਵਰੀ, 2016 ਨੂੰ ਨਵੀਨਤਾ ਨੂੰ ਉਤਸ਼ਾਹਿਤ ਕਰਨ, ਉੱਦਮਤਾ ਨੂੰ ਉਤਸ਼ਾਹਤ ਕਰਨ ਅਤੇ ਨਿਵੇਸ਼-ਸੰਚਾਲਿਤ ਵਿਕਾਸ ਨੂੰ ਸਮਰੱਥ ਬਣਾਉਣ ਲਈ ਇਕ ਪਰਿਵਰਤਨਸ਼ੀਲ ਕੌਮੀ ਪ੍ਰੋਗਰਾਮ ਵਜੋਂ ਕੀਤੀ ਗਈ ਸੀ, ਜਿਸਦਾ ਉਦੇਸ਼ ਭਾਰਤ ਨੂੰ ਨੌਕਰੀ ਲੱਭਣ ਵਾਲਿਆਂ ਦੀ ਬਜਾਏ ਨੌਕਰੀ ਪੈਦਾ ਕਰਨ ਵਾਲਿਆਂ ਦਾ ਰਾਸ਼ਟਰ ਬਣਾਉਣਾ ਹੈ।

ਸ਼ੁਕਰਵਾਰ ਨੂੰ, ਸਟਾਰਟਅੱਪ ਇੰਡੀਆ ਪਹਿਲ ਦੇ ਇਕ ਦਹਾਕੇ ਪੂਰੇ ਹੋਣ ਮੌਕੇ ਪ੍ਰੋਗਰਾਮ 'ਚ, ਪ੍ਰਧਾਨ ਮੰਤਰੀ ਨੇ ਭਾਰਤ ਦੇ ਜੀਵੰਤ ਸਟਾਰਟਅੱਪ ਈਕੋਸਿਸਟਮ ਦੇ ਸੰਸਥਾਪਕਾਂ ਨਾਲ ਵੀ ਗੱਲਬਾਤ ਕੀਤੀ।

### ਮੁਅੱਤਲ ਡੀ.ਆਈ.ਜੀ. ਭੁੱਲਰ ਦੀ ਜ਼ਮਾਨਤ ਦਾ ਮਾਮਲਾ, ਹਾਈਕੋਰਟ

ਅੰਤਿਮ ਜਾਂਚ ਰਿਪੋਰਟ ਪਿਛਲੇ ਸਾਲ 3 ਦਸੰਬਰ ਨੂੰ ਪਹਿਲਾਂ ਹੀ ਦਾਇਰ ਕੀਤੀ ਜਾ ਚੁੱਕੀ ਹੈ, ਜਿਸ ਨਾਲ ਹਿਰਾਸਤ ਵਿਚ ਰੱਖ ਕੇ ਹੋਰ ਪੁੱਛਗਿੱਛ ਕਰਨ ਦੀ ਹੁਣ ਕੋਈ ਲੋੜ ਨਹੀਂ ਰਹਿ ਗਈ ਹੈ। ਸਾਬਕਾ ਡੀ.ਆਈ.ਜੀ. ਭੁੱਲਰ ਦੇ ਵਕੀਲ ਵੱਲੋਂ ਦਿੱਤੀਆਂ ਗਈਆਂ ਦਲੀਲਾਂ ਵਿਚ ਕਿਹਾ ਗਿਆ ਕਿ ਭੁੱਲਰ ਨੇ ਦਾਅਵਾ ਕੀਤਾ ਕਿ ਇਸਤਗਾਸਾ ਨੇ ਮੁੱਖ ਤੌਰ 'ਤੇ ਉਸ ਸਮੇਂ ਦੇ ਸਰਕਾਰੀ ਗਵਾਹਾਂ ਅਤੇ ਮਾਮਲੇ ਵਿੱਚ ਸ਼ਿਕਾਇਤਕਰਤਾ ਦੀ ਜਾਂਚ ਕਰਨ ਦਾ ਪ੍ਰਸਤਾਵ ਰੱਖਿਆ ਸੀ। ਪਟੀਸ਼ਨਕਰਤਾਵਾਂ ਨੂੰ ਸੇਵਾ ਤੋਂ ਮੁਅੱਤਲ ਕਰ ਦਿੱਤਾ ਗਿਆ, ਜਿਸ ਨਾਲ ਗਵਾਹਾਂ ਨੂੰ ਪ੍ਰਭਾਵਿਤ ਕਰਨ ਜਾਂ ਸਬੂਤਾਂ ਨਾਲ ਛੇੜਛਾੜ ਕਰਨ ਦੇ ਕਿਸੇ ਵੀ ਸੰਭਾਵੀ ਸ਼ੱਕ ਨੂੰ ਖਤਮ ਕੀਤਾ ਗਿਆ। ਪਟੀਸ਼ਨਕਰਤਾ ਨੇ ਇਹ ਵੀ ਦਾਅਵਾ ਕੀਤਾ ਕਿ ਮਾਮਲੇ ਵਿੱਚ ਸ਼ਿਕਾਇਤਕਰਤਾ ਨੂੰ ਹਾਈ ਕੋਰਟ ਦੇ ਹੁਕਮਾਂ ਮੁਤਾਬਕ ਸੁਰੱਖਿਆ ਦਿੱਤੀ ਗਈ ਸੀ। ਇਸ ਤੋਂ ਇਲਾਵਾ, 24 ਘੰਟਿਆਂ ਤੋਂ ਵੱਧ ਸਮੇਂ ਤੱਕ ਹਿਰਾਸਤ ਵਿੱਚ ਰਹਿਣ ਤੋਂ ਬਾਅਦ ਪਟੀਸ਼ਨਰ ਨੂੰ ਮੈਜਿਸਟ੍ਰੇਟ ਦੇ ਸਾਹਮਣੇ ਪੇਸ਼ ਕਰਨ ਨਾਲ ਪ੍ਰਕਿਰਿਆ ਦੀ ਨਿਰਪੱਖਤਾ 'ਤੇ ਸਿੱਧਾ ਅਸਰ ਪਿਆ। ਭੁੱਲਰ ਦੇ ਵਕੀਲ ਨੇ ਅੱਗੇ ਕਿਹਾ ਕਿ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਦੇ ਉਪਬੰਧਾਂ ਦੇ ਤਹਿਤ ਕਥਿਤ ਅਪਰਾਧ ਵਿੱਚ ਵੱਧ ਤੋਂ ਵੱਧ ਸੱਤ ਸਾਲ ਦੀ ਸਜ਼ਾ ਹੋ ਸਕਦੀ ਹੈ ਅਤੇ ਪਟੀਸ਼ਨਰ 17 ਅਕਤੂਬਰ, 2025 ਤੋਂ ਪਹਿਲਾਂ ਹੀ ਕਾਫ਼ੀ ਹਿਰਾਸਤ ਵਿਚ ਰਹਿ ਚੁੱਕਾ ਹੈ। ਇਸ ਤਰ੍ਹਾਂ ਦੇ ਹਾਲਾਤਾਂ ਵਿੱਚ, ਲਗਾਤਾਰ ਕੈਦ, ਮੁਕੱਦਮੇ ਤੋਂ ਪਹਿਲਾਂ ਸਜ਼ਾਯੋਗ ਹਿਰਾਸਤ ਦੇ ਬਰਾਬਰ ਹੋਵੇਗੀ, ਖਾਸ ਕਰਕੇ ਜਦੋਂ ਪਟੀਸ਼ਨਰ ਹਰ ਸ਼ਰਤ ਦੀ ਪਾਲਣਾ ਕਰਨ ਦਾ ਵਾਅਦਾ ਕਰਦਾ ਹੈ, ਜਿਸ ਵਿੱਚ ਹਰੇਕ ਤਰੀਕ 'ਤੇ ਪੇਸ਼ ਹੋਣਾ, ਗਵਾਹਾਂ ਵਿੱਚ ਦਖਲ ਨਾ ਦੇਣਾ ਆਦਿ ਸ਼ਾਮਲ ਹੈ।

### ਮਾਨ ਵੱਲੋਂ ਬ੍ਰਿਟਿਸ਼ ਕੋਲੰਬੀਆ ਨਾਲ ਵਪਾਰਕ

ਇਸ ਸਾਂਝ ਨੂੰ ਹੋਰ ਮਜ਼ਬੂਤ ਕਰਨ ਦੀ ਉਮੀਦ ਕਰਦੇ ਹਾਂ।" ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਦੋਵਾਂ ਖਿੱਤਿਆਂ ਲਈ ਮਹੱਤਵ ਵਾਲੇ ਖੇਤਰਾਂ ਵਿੱਚ ਕੈਨੇਡੀਅਨ ਕਾਰੋਬਾਰ ਨਾਲ ਸਹਿਯੋਗ ਕਰਨ ਲਈ ਪੂਰੀ ਤਰ੍ਹਾਂ ਤਿਆਰ ਅਤੇ ਉਤਸੁਕ ਹੈ।

ਪੰਜਾਬ ਦੀਆਂ ਆਰਥਿਕ ਸਮਰੱਥਾਵਾਂ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਪੰਜਾਬ ਐਗਰੋ-ਪ੍ਰੋਸੈਸਿੰਗ, ਟੈਕਸਟਾਈਲ, ਇੰਜੀਨੀਅਰਿੰਗ ਸਾਜ਼ੋ-ਸਾਮਾਨ, ਆਈ.ਟੀ. ਸੇਵਾਵਾਂ ਅਤੇ ਨਵਿਆਉਣਯੋਗ ਊਰਜਾ ਵਿੱਚ ਮੋਹਰੀ ਹੈ। ਮਜ਼ਬੂਤ ਬੁਨਿਆਦੀ ਢਾਂਚੇ ਅਤੇ ਅੰਗਰੇਜ਼ੀ ਭਾਸ਼ਾ ਵਿੱਚ ਮੁਹਾਰਤ ਰੱਖਣ ਵਾਲੇ ਹੁਨਰਮੰਦ ਮਨੁੱਖੀ ਸ਼ਕਤੀ ਦੇ ਨਾਲ ਪੰਜਾਬ, ਕੈਨੇਡੀਅਨ ਨਿਵੇਸ਼ਕਾਂ ਲਈ ਇੱਕ ਆਦਰਸ਼ ਸਥਾਨ ਵਜੋਂ ਉੱਭਰਿਆ ਹੈ।

ਉਨ੍ਹਾਂ ਕਿਹਾ, "ਕਾਰੋਬਾਰ ਕਰਨ ਵਿੱਚ ਸੌਖ ਦੇ ਮਾਮਲੇ ਵਿੱਚ ਪੰਜਾਬ, ਦੇਸ ਦੇ ਮੋਹਰੀ ਸੂਬਿਆਂ ਵਿੱਚ ਸ਼ੁਮਾਰ ਹੈ ਅਤੇ ਇਨਵੈਸਟ ਪੰਜਾਬ ਰਾਹੀਂ ਅਸੀਂ ਨਿਵੇਸ਼ਕਾਂ ਨੂੰ ਸਿੰਗਲ-ਵਿੰਡੋ ਕਲੀਅਰੈਂਸ ਸਿਸਟਮ ਅਤੇ ਵਿਆਪਕ ਸਹਾਇਤਾ ਪ੍ਰਦਾਨ ਕਰ ਰਹੇ ਹਾਂ।

ਮੁੱਖ ਮੰਤਰੀ ਨੇ ਦੱਸਿਆ ਕਿ ਬ੍ਰਿਟਿਸ਼ ਕੋਲੰਬੀਆ ਦੀ ਮੁਹਾਰਤ ਪੰਜਾਬ ਦੀਆਂ ਵਿਕਾਸ ਤਰਜੀਹਾਂ ਨਾਲ ਬਾਖੂਬੀ ਮੇਲ ਖਾਂਦੀ ਹੈ। ਉਨ੍ਹਾਂ ਕਿਹਾ, "ਟਿਕਾਊ ਖੇਤੀ, ਖੁਰਾਕ ਸੁਰੱਖਿਆ ਅਤੇ ਗ੍ਰੀਨਹਾਊਸ ਤਕਨਾਲੋਜੀਆਂ ਵਿੱਚ ਬ੍ਰਿਟਿਸ਼ ਕੋਲੰਬੀਆ ਦੀ ਮੁਹਾਰਤ ਖੇਤੀਬਾੜੀ ਦੇ ਆਧੁਨਿਕੀਕਰਨ ਸਬੰਧੀ ਪੰਜਾਬ ਦੇ ਟੀਚਿਆਂ ਨਾਲ ਪੂਰੀ ਤਰ੍ਹਾਂ ਮੇਲ ਖਾਂਦੀਆਂ ਹਨ। ਸਾਨੂੰ ਸਾਫ-ਸੁਥਰੀ ਖੇਤੀ, ਵਾਢੀ ਤੋਂ ਬਾਅਦ ਦੀਆਂ ਪ੍ਰਣਾਲੀਆਂ ਅਤੇ ਵੈਲਿਊ ਐਡਿਡ ਫੂਡ ਪ੍ਰੋਸੈਸਿੰਗ (ਉਤਪਾਦ ਤੋਂ ਹੋਰ ਵਸਤਾਂ ਤਿਆਰ ਕਰਨ) ਵਿੱਚ ਭਾਈਵਾਲੀ ਦੀ ਉਮੀਦ ਹੈ।

ਸਿੱਖਿਆ ਖੇਤਰ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਿੱਖਿਆ ਅਤੇ ਹੁਨਰ ਵਿਕਾਸ ਇੱਕ ਹੋਰ ਅਹਿਮ ਖੇਤਰ ਹੈ ਜਿੱਥੇ ਖੋਜ ਅਤੇ ਕਿੱਤਾਮੁਖੀ ਸਿਖਲਾਈ ਵਿੱਚ ਕੈਨੇਡੀਅਨ ਯੂਨੀਵਰਸਿਟੀਆਂ ਨਾਲ ਭਾਈਵਾਲੀ ਨਾਲ ਪਰਿਵਰਤਨਸ਼ੀਲ ਤਬਦੀਲੀ ਲਿਆਂਦੀ ਜਾ ਸਕਦੀ ਹੈ।"

ਸੈਕਟਰ ਅਧਾਰਿਤ ਮੌਕਿਆਂ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, "ਸਿਹਤ ਸੰਭਾਲ ਅਤੇ ਜੀਵਨ ਵਿਗਿਆਨ ਦੇ ਸਬੰਧ ਵਿੱਚ, ਫਾਰਮਾਸਿਊਟੀਕਲ, ਮੈਡੀਕਲ ਉਪਕਰਣਾਂ ਅਤੇ ਟੈਲੀਮੈਡੀਸਨ ਵਿੱਚ ਕੈਨੇਡੀਅਨ ਫਰਮਾਂ ਲਈ ਪੰਜਾਬ ਵਿੱਚ ਅਥਾਹ ਮੌਕੇ ਹਨ।" ਉਨ੍ਹਾਂ ਅੱਗੇ ਕਿਹਾ, "ਨਵਿਆਉਣਯੋਗ ਊਰਜਾ ਦੋਵਾਂ ਖਿੱਤਿਆਂ ਲਈ ਅਹਿਮ ਹੈ ਅਤੇ ਪੰਜਾਬ ਸੋਲਰ ਪਾਰਕਾਂ ਅਤੇ ਬਾਇਓ-ਊਰਜਾ ਪ੍ਰੋਜੈਕਟਾਂ ਵਿੱਚ ਸਾਂਝੇ ਉੱਦਮਾਂ ਦਾ ਸਵਾਗਤ ਕਰਦਾ ਹੈ।

ਤਕਨਾਲੋਜੀ ਦਾ ਹਵਾਲਾ ਦਿੰਦਿਆਂ, ਉਨ੍ਹਾਂ ਕਿਹਾ, "ਆਈ.ਟੀ. ਅਤੇ ਡਿਜੀਟਲ ਤਬਦੀਲੀ ਦੇ ਸਬੰਧ ਵਿੱਚ ਪੰਜਾਬ ਵਿੱਚ ਸਾਈਬਰ ਸੁਰੱਖਿਆ, ਆਰਟੀਫੀਸੀਅਲ ਇੰਟੈਲੀਜੈਂਸ ਅਤੇ ਐਗਰੀ-ਟੈਕ ਪ੍ਰੋਜੈਕਟਾਂ ਵਿੱਚ ਸਹਿਯੋਗ ਦੀਆਂ ਅਥਾਹ ਸੰਭਾਵਨਾਵਾਂ ਹਨ।"

ਨਿਰਮਾਣ ਅਤੇ ਵਪਾਰ ਬਾਰੇ ਗੱਲ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਨਿਰਮਾਣ ਅਤੇ ਇੰਜੀਨੀਅਰਿੰਗ ਇਕ ਵੱਧ ਉੱਚ-ਸੰਭਾਵਨਾ ਵਾਲਾ ਖੇਤਰ ਹੈ। ਖੇਤੀਬਾੜੀ ਮਸ਼ੀਨਰੀ ਅਤੇ ਸਾਫ-ਸੁਥਰੀ ਇੰਜੀਨੀਅਰਿੰਗ ਵਿੱਚ ਕੈਨੇਡਾ ਦੀ ਮੁਹਾਰਤ ਪੰਜਾਬ ਦੇ ਉਦਯੋਗਿਕ ਕਲੱਸਟਰਾਂ ਲਈ ਮਹੱਤਵਪੂਰਨ ਸਾਬਤ ਹੋ ਸਕਦੀ ਹੈ।

ਉਨ੍ਹਾਂ ਕਿਹਾ, "ਨਿਰਯਾਤ ਕੀਤੇ ਜਾਂਦੇ ਪੰਜਾਬ ਦੇ ਖੇਤੀਬਾੜੀ ਉਤਪਾਦ ਜਿਵੇਂ ਕਿ ਕਣਕ, ਚੌਲ, ਕਿੰਨੂ, ਲੀਚੀ ਅਤੇ ਪ੍ਰੋਸੈਸਡ ਫੂਡ ਉਤਪਾਦਾਂ ਦੀ ਕੈਨੇਡੀਅਨ ਬਾਜ਼ਾਰ ਵਿੱਚ ਬਹੁਤ ਮੰਗ ਹੈ, ਜਿਸ ਨੂੰ ਉੱਥੇ ਰਹਿਣ ਵਾਲੇ ਭਾਰਤੀ ਪ੍ਰਵਾਸੀ ਭਾਈਚਾਰੇ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।" ਉਨ੍ਹਾਂ ਟੈਕਸਟਾਈਲ ਵਿੱਚ ਸਹਿਯੋਗ ਦਾ ਪ੍ਰਸਤਾਵ ਦਿੰਦਿਆਂ ਕਿਹਾ, "ਕੈਨੇਡੀਅਨ ਕੰਪਨੀਆਂ ਉੱਚ-ਗੁਣਵੱਤਾ ਵਾਲੇ ਟੈਕਸਟਾਈਲ ਅਤੇ ਕੱਪੜਾ ਉਦਯੋਗ ਵਿਕਸਤ ਕਰਨ ਲਈ ਪੰਜਾਬ ਨਾਲ ਭਾਈਵਾਲੀ ਕਰ ਸਕਦੀਆਂ ਹਨ ਜੋ ਉਨ੍ਹਾਂ ਦੇ ਫੈਸ਼ਨ ਅਤੇ ਪ੍ਰਚੂਨ ਖੇਤਰਾਂ ਵਿੱਚ ਅਹਿਮ ਭੂਮਿਕਾ ਨਿਭਾਅ ਸਕਦੀਆਂ ਹਨ।

ਮੁੱਖ ਮੰਤਰੀ ਨੇ ਪ੍ਰਵਾਸੀ ਭਾਰਤੀ ਭਾਈਚਾਰੇ ਦੀ ਭੂਮਿਕਾ 'ਤੇ ਜ਼ੋਰ ਦਿੰਦਿਆਂ ਕਿਹਾ, "ਕੈਨੇਡਾ ਵਿੱਚ ਪੰਜਾਬੀ ਪ੍ਰਵਾਸੀ ਵਪਾਰਕ ਅਤੇ ਸੱਭਿਆਚਾਰਕ ਆਦਾਨ-ਪ੍ਰਦਾਨ ਲਈ ਇਕ ਮਜ਼ਬੂਤ ਕੜੀ ਦਾ ਕੰਮ ਕਰਦੇ ਹਨ। ਪੰਜਾਬ ਸਰਕਾਰ ਦਾ ਉਦੇਸ਼ ਸੱਭਿਆਚਾਰਕ ਅਤੇ ਵਿਦਿਅਕ ਪ੍ਰੋਗਰਾਮਾਂ ਰਾਹੀਂ ਇਨ੍ਹਾਂ ਸਬੰਧਾਂ ਨੂੰ ਹੋਰ ਮਜ਼ਬੂਤ ਕਰਨਾ ਹੈ।"

ਕੈਨੇਡਾ ਨੂੰ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ-2026 ਵਿੱਚ ਇੱਕ ਭਾਈਵਾਲ ਦੇਸ ਵਜੋਂ ਹਿੱਸਾ ਲੈਣ ਦਾ ਸੱਦਾ ਦਿੰਦਿਆਂ, ਉਨ੍ਹਾਂ ਕਿਹਾ, "ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ-2026 ਵਿੱਚ ਵਿਸ਼ੇਸ਼ ਵਪਾਰਕ ਵਫ਼ਦ, ਖੇਤਰੀ ਸੈਸ਼ਨ ਅਤੇ ਉੱਚ-ਪੱਧਰੀ ਗੋਲਮੇਜ ਕਾਨਫਰੰਸਾਂ ਸ਼ਾਮਲ ਹੋਣਗੀਆਂ, ਜੋ ਵਪਾਰ ਅਤੇ ਸੱਭਿਆਚਾਰਕ ਆਦਾਨ-ਪ੍ਰਦਾਨ ਨੂੰ ਹੋਰ ਮਜ਼ਬੂਤ ਕਰਨਗੀਆਂ।

ਮੁੱਖ ਮੰਤਰੀ ਨੇ ਮੋਹਰੀ ਕੈਨੇਡੀਅਨ ਯੂਨੀਵਰਸਿਟੀਆਂ ਨੂੰ ਮੋਹਾਲੀ ਵਿੱਚ ਕੈਂਪਸ ਸਥਾਪਤ ਕਰਨ ਦੀਆਂ ਸੰਭਾਵਨਾਵਾਂ ਤਲਾਸ਼ਣ ਦਾ ਸੱਦਾ ਵੀ ਦਿੱਤਾ। ਉਨ੍ਹਾਂ ਕਿਹਾ, "ਪੰਜਾਬ ਅਤੇ ਗੁਆਂਢੀ ਸੂਬਿਆਂ ਲਈ ਸਿੱਖਿਆ ਅਤੇ ਹੁਨਰ ਵਿਕਾਸ ਕੇਂਦਰ ਹੋਣ ਦੇ ਨਾਤੇ ਮੋਹਾਲੀ ਕੈਨੇਡੀਅਨ ਸੰਸਥਾਵਾਂ ਲਈ ਵੱਖ-ਵੱਖ ਲਾਭਾਂ ਦੀ ਪੇਸਕਸ਼ ਕਰਦਾ ਹੈ।" ਉਨ੍ਹਾਂ ਅੱਗੇ ਕਿਹਾ, "ਸਾਡਾ ਉਦੇਸ਼ ਕੈਨੇਡੀਅਨ ਤਕਨਾਲੋਜੀ ਅਤੇ ਸੇਵਾ ਕੰਪਨੀਆਂ ਨੂੰ ਮੋਹਾਲੀ ਵਿੱਚ ਆਈ.ਟੀ. ਅਤੇ ਆਈ.ਟੀ.ਈ.ਐਸ. ਸੰਚਾਲਨ ਅਤੇ ਗਲੋਬਲ ਸਮਰੱਥਾ ਕੇਂਦਰ ਸਥਾਪਤ ਕਰਨ ਲਈ ਆਕਰਸ਼ਿਤ ਕਰਨਾ ਹੈ।

ਇਸ ਸਬੰਧੀ ਪੂਰਨ ਸਹਿਯੋਗ ਦਾ ਭਰੋਸਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਸੀਂ ਕੈਨੇਡੀਅਨ ਨਿਵੇਸ਼ਕਾਂ ਨੂੰ ਨਿਵੇਸ਼ ਸਬੰਧੀ ਸਹੂਲਤਾਂ ਪ੍ਰਦਾਨ ਕਰਾਂਗੇ। ਮੈਂ ਕੈਨੇਡੀਅਨ ਵਫ਼ਦਾਂ ਨੂੰ 13 ਤੋਂ 15 ਮਾਰਚ, 2026 ਤੱਕ ਪਲਾਕਸਾ ਯੂਨੀਵਰਸਿਟੀ, ਮੋਹਾਲੀ ਵਿਖੇ ਹੋਣ ਵਾਲੇ ਪੰਜਾਬ ਨਿਵੇਸ਼ਕ ਸੰਮੇਲਨ ਵਿੱਚ ਹਿੱਸਾ ਲੈਣ ਲਈ ਨਿੱਘਾ ਸੱਦਾ ਦਿੰਦਾ ਹਾਂ।" ਉਨ੍ਹਾਂ ਆਸ ਪ੍ਰਗਟ ਕਰਦਿਆਂ ਕਿਹਾ, "ਇਹ ਭਾਈਵਾਲੀ ਦੁਵੱਲੇ ਸਹਿਯੋਗ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰੇਗੀ ਅਤੇ ਪੰਜਾਬ ਅਤੇ ਬ੍ਰਿਟਿਸ਼ ਕੋਲੰਬੀਆ ਦੋਵਾਂ ਦੇ ਸਮੁੱਚੇ ਵਿਕਾਸ ਨੂੰ ਹੁਲਾਰਾ ਦੇਵੇਗੀ।

ਇਸ ਦੌਰਾਨ ਬ੍ਰਿਟਿਸ਼ ਕੋਲੰਬੀਆ ਦੇ ਪ੍ਰੀਮੀਅਰ ਨੇ ਮੁੱਖ ਮੰਤਰੀ ਦਾ ਉਨ੍ਹਾਂ ਦੀ ਮਹਿਮਾਨਨਿਵਾਜ਼ੀ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ, "ਪੰਜਾਬ ਵੱਲੋਂ ਕੀਤੀ ਗਈ ਮਹਿਮਾਨਨਿਵਾਜ਼ੀ ਨੇ ਮੇਰੇ ਦੌਰੇ ਨੂੰ ਸੱਚਮੁੱਚ ਯਾਦਗਾਰੀ ਬਣਾ ਦਿੱਤਾ ਹੈ।" ਦੋਵਾਂ ਪਾਸਿਆਂ ਦੇ ਲੋਕਾਂ ਦਰਮਿਆਨ ਆਪਸੀ ਸਾਂਝ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਅੱਗੇ ਕਿਹਾ, "ਪੰਜਾਬ ਹਮੇਸ਼ਾ ਬ੍ਰਿਟਿਸ਼ ਕੋਲੰਬੀਆ ਵਿੱਚ ਵਸਦੇ ਪੰਜਾਬੀਆਂ ਦੇ ਦਿਲਾਂ ਵਿੱਚ ਵੱਸਦਾ ਹੈ ਅਤੇ ਲੋਕਾਂ ਦਰਮਿਆਨ ਇਹ ਰਿਸ਼ਤਾ ਹੋਰ ਵੀ ਮਜ਼ਬੂਤ ਹੋਣਾ ਚਾਹੀਦਾ ਹੈ।" ਪ੍ਰੀਮੀਅਰ ਨੇ ਹੋਰ ਨੇੜਲੇ ਸਬੰਧਾਂ ਲਈ ਉਤਸੁਕਤਾ ਪ੍ਰਗਟ ਕਰਦਿਆਂ, ਕਿਹਾ, "ਅਸੀਂ ਪੰਜਾਬ ਨਾਲ ਵਪਾਰਕ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੇ ਇੱਛੁਕ ਹਾਂ ਅਤੇ ਹੁਨਰ ਵਿਕਾਸ, ਊਰਜਾ ਤੇ ਹੋਰ ਖੇਤਰਾਂ ਵਿੱਚ ਆਪਸੀ ਆਦਾਨ-ਪ੍ਰਦਾਨ ਦੇ ਮੌਕਿਆਂ ਦੀ ਪੜਚੋਲ ਕਰਾਂਗੇ।

### ਰਾਸ਼ਟਰਪਤੀ ਮੁਰਮੂ ਦਾ ਜਲੰਧਰ ਦੌਰਾ ਖਰਾਬ ਮੌਸਮ ਕਾਰਨ ਰੱਦ

ਹੋਣ ਕਾਰਨ, ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਵਜੋਂ ਡਾ. ਬੀਆਰ ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ ਪਹੁੰਚੇ। ਰਾਜਪਾਲ ਨੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਅਤੇ ਡਿਗਰੀਆਂ ਪ੍ਰਦਾਨ ਕੀਤੀਆਂ। ਉਨ੍ਹਾਂ ਨੇ ਹੋਣਹਾਰ ਵਿਦਿਆਰਥੀਆਂ ਨੂੰ ਸੋਨੇ ਦੇ ਤਮਗੇ ਵੀ ਭੇਟ ਕੀਤੇ। ਇਹ ਸਮਾਗਮ ਉਨ੍ਹਾਂ 31 ਵਿਦਿਆਰਥੀਆਂ ਲਈ ਖਾਸ ਤੌਰ 'ਤੇ ਭਾਵੁਕ ਪਲ ਸੀ ਜਿਨ੍ਹਾਂ ਨੂੰ ਰਾਸ਼ਟਰਪਤੀ ਹੱਥੋਂ ਨਿੱਜੀ ਤੌਰ 'ਤੇ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਸੋਨੇ ਦੇ ਤਮਗੇ ਭੇਟ ਕੀਤੇ ਜਾਣੇ ਸਨ। ਐਨ.ਆਈ.ਟੀ. ਪ੍ਰਸ਼ਾਸਨ ਨੇ ਕਿਹਾ ਕਿ ਰਾਸ਼ਟਰਪਤੀ ਦੀ ਫੇਰੀ ਦਾ ਉਦੇਸ਼ ਨੌਜਵਾਨਾਂ ਨੂੰ ਤਕਨੀਕੀ ਨਵੀਨਤਾ ਅਤੇ ਰਾਸ਼ਟਰ ਨਿਰਮਾਣ ਲਈ ਪ੍ਰੇਰਿਤ ਕਰਨਾ ਸੀ। ਦੱਸ ਦੇਈਏ ਕਿ ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਨੇ ਰਾਸ਼ਟਰਪਤੀ ਦੀ ਫੇਰੀ ਲਈ ਬੇਮਿਸਾਲ ਸੁਰੱਖਿਆ ਪ੍ਰਬੰਧ ਕੀਤੇ ਸਨ। ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਦੇ ਆਦੇਸ਼ਾਂ 'ਤੇ ਜ਼ਿਲ੍ਹੇ ਨੂੰ 14 ਤੋਂ 16 ਜਨਵਰੀ ਤੱਕ ਨੋ-ਫਲਾਇੰਗ ਜ਼ੋਨ ਐਲਾਨਿਆ ਗਿਆ ਹੈ। ਇਸ ਤਹਿਤ ਡਰੋਨ, ਨਿੱਜੀ ਹੈਲੀਕਾਪਟਰ, ਰਿਮੋਟ ਕੰਟਰੋਲ ਏਅਰਕ੍ਰਾਫਟ ਅਤੇ ਗਰਮ ਹਵਾ ਦੇ ਗੁਬਾਰੇ ਉਡਾਉਣ 'ਤੇ ਸਖ਼ਤ ਪਾਬੰਦੀ ਸੀ। ਸੁਰੱਖਿਆ ਏਜੰਸੀਆਂ ਨੇ ਸਥਾਨ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੋਇਆ ਸੀ ਅਤੇ ਇੱਕ ਸੁਰੱਖਿਆ ਘੇਰਾ ਸਥਾਪਤ ਕਰ ਦਿੱਤਾ ਸੀ, ਜਦੋਂ ਕਿ ਟ੍ਰੈਫਿਕ ਪੁਲਿਸ ਨੇ ਜਨਤਾ ਨੂੰ ਅਸੁਵਿਧਾ ਤੋਂ ਬਚਣ ਲਈ ਰੂਟ ਡਾਇਵਰਸ਼ਨ ਵੀ ਲਾਗੂ ਕੀਤੇ ਸਨ।

### ਜਗਮੀਤ ਸਿੰਘ ਬਰਾੜ ਸਮੇਤ 4 ਪ੍ਰਮੁੱਖ ਆਗੂ

ਕਿਹਾ ਕਿ ਅੱਜ ਭਾਜਪਾ ਪੰਜਾਬ ਪਰਿਵਾਰ ਦਾ ਵਿਸਥਾਰ ਹੋਇਆ ਹੈ। ਜੋ ਸ਼ਖਸੀਅਤਾਂ ਸ਼ਾਮਲ ਹੋਈਆਂ ਹਨ ਉਨ੍ਹਾਂ ਨੂੰ ਕਿਸੇ ਜਾਣ-ਪਛਾਣ ਦੀ ਲੋੜ ਨਹੀਂ ਹੈ। ਇਨ੍ਹਾਂ ਚਾਰਾਂ ਨੇ ਲੋਕਾਂ ਦੇ ਦਿਲਾਂ 'ਤੇ ਆਪਣੀ ਛਾਪ ਛੱਡੀ ਹੈ। ਅੱਜ ਪੰਜਾਬ ਦੇ ਲੋਕ ਚਿੰਤਤ ਹਨ। ਕੋਈ ਵੀ ਸੁਰੱਖਿਅਤ ਨਹੀਂ ਹੈ। ਲੋਕ ਭਾਜਪਾ ਵੱਲ ਉਮੀਦ ਨਾਲ ਦੇਖ ਰਹੇ ਹਨ। ਉਨ੍ਹਾਂ ਕਿਹਾ ਕਿ ਭਾਜਪਾ ਹੀ ਇੱਕੋ ਇੱਕ ਪਾਰਟੀ ਹੈ ਜੋ ਮੌਜੂਦਾ ਸਥਿਤੀ ਵਿੱਚ ਸੂਬੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸੰਭਾਲ ਸਕਦੀ ਹੈ। ਹੁਣ ਮੁੱਖ ਮੰਤਰੀ ਦਾ ਅਹੁਦਾ ਵੀ ਗਿਰਵੀ ਰੱਖਿਆ ਗਿਆ ਹੈ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਨੇ ਕਿਹਾ, 'ਸਾਨੂੰ ਖੁਸ਼ੀ ਹੈ ਕਿ ਸਾਡਾ ਪਰਿਵਾਰ ਪੰਜਾਬ ਵਿੱਚ ਤੇਜ਼ੀ ਨਾਲ ਵਧ ਰਿਹਾ ਹੈ। ਅੱਜ ਭਾਜਪਾ ਵਿੱਚ ਕਈ ਪ੍ਰਮੁੱਖ ਹਸਤੀਆਂ ਸ਼ਾਮਲ ਹਨ, ਜਿਨ੍ਹਾਂ ਵਿੱਚ ਸਾਬਕਾ ਸੰਸਦ ਮੈਂਬਰ ਜਗਜੀਤ ਬਰਾੜ, ਸਾਬਕਾ ਵਿਧਾਇਕ ਰਿਪਜੀਤ ਬਰਾੜ, ਅਕਾਲੀ ਨੇਤਾ ਚਰਨਜੀਤ ਸਿੰਘ ਬਰਾੜ ਅਤੇ ਮੌਜੂਦਾ ਮੁੱਖ ਮੰਤਰੀ ਦੇ ਓਐਸਡੀ ਓਂਕਾਰ ਸਿੰਘ ਸ਼ਾਮਲ ਹਨ। ਮੈਂ ਉਨ੍ਹਾਂ ਦਾ ਪੰਜਾਬ ਦੀ ਭਲਾਈ ਲਈ ਕਦਮ ਚੁੱਕਣ ਲਈ ਧੰਨਵਾਦ ਕਰਦਾ ਹਾਂ।' ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਡਰ 2014 ਤੋਂ ਪਹਿਲਾਂ ਲੋਕਾਂ ਦੇ ਮਨਾਂ ਵਿੱਚ ਮੌਜੂਦ ਸੀ। ਜਿਸ ਤਰ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਨੂੰ ਸੁਰੱਖਿਅਤ ਕਰਨ ਲਈ ਕੰਮ ਕੀਤਾ ਹੈ, ਉਸੇ ਤਰ੍ਹਾਂ ਭਾਜਪਾ ਅੱਜ ਪੰਜਾਬ ਨੂੰ ਭ੍ਰਿਸ਼ਟਾਚਾਰ ਤੋਂ ਮੁਕਤ ਕਰ ਸਕਦੀ ਹੈ

### ਪੰਜਾਬ 'ਚ ਪਵੇਗਾ ਭਾਰੀ ਮੀਂਹ,

ਤਾਪਮਾਨ ਆਮ ਨਾਲੋਂ 6.3 ਵੱਧ ਦਰਜ ਕੀਤਾ ਗਿਆ ਤੇ ਘੱਟੋ-ਘੱਟ ਤਾਪਮਾਨ 3.2 ਸੈਲਸੀਅਸ ਦਰਜ ਕੀਤਾ ਗਿਆ। ਬੁੱਧਵਾਰ ਨੂੰ ਬਠਿੰਡਾ ਤੇ ਫਰੀਦਕੋਟ ਵਿਚ ਸਭ ਤੋਂ ਘੱਟ ਡਿਗਰੀ ਦਾ ਤਾਪਮਾਨ ਦਰਜ ਕੀਤਾ ਗਿਆ।

### ਬੰਗਾਲੀ ਬੋਲਦੇ ਪ੍ਰਵਾਸੀ ਕਾਮਿਆਂ ਨੂੰ ਭਾਜਪਾ ਸ਼ਾਸਿਤ ਰਾਜਾਂ 'ਚ ਤਸੀਹੇ

ਸੁਪਰੀਮੋ ਨੇ ਕਿਹਾ ਕਿ ਇਹ ਵਿਰੋਧ ਪ੍ਰਦਰਸ਼ਨ ਪ੍ਰਵਾਸੀ ਮਜ਼ਦੂਰਾਂ ਵਿਰੁੱਧ ਹਿੰਸਾ ਦੀਆਂ ਵਾਰ-ਵਾਰ ਵਾਪਰੀਆਂ ਘਟਨਾਵਾਂ ਤੋਂ ਪੈਦਾ ਹੋਇਆ ਹੈ। ਉਨ੍ਹਾਂ ਸ਼ਹਿਰ ਦੇ ਹਵਾਈ ਅੱਡੇ 'ਤੇ ਪੱਤਰਕਾਰਾਂ ਨੂੰ ਕਿਹਾ, "ਬੰਗਾਲ ਤੋਂ ਪ੍ਰਵਾਸੀ ਮਜ਼ਦੂਰਾਂ ਨੂੰ ਸਿਰਫ਼ ਭਾਜਪਾ ਸ਼ਾਸਿਤ ਰਾਜਾਂ ਵਿੱਚ ਬੰਗਾਲੀ ਬੋਲਣ ਕਾਰਨ ਤਸੀਹੇ ਦਿੱਤੇ ਜਾ ਰਹੇ ਹਨ। ਇਹ ਗੈਰ-ਕਾਨੂੰਨੀ ਹੈ ਅਤੇ ਅਜਿਹਾ ਵਰਤਾਰਾ ਨਹੀਂ ਚੱਲ ਸਕਦਾ। ਅਸੀਂ ਉਨ੍ਹਾਂ ਦੇ ਪਰਿਵਾਰਾਂ ਦੇ ਨਾਲ ਖੜ੍ਹੇ ਹਾਂ।

### ਮੁੰਬਈ ਨਗਰ ਨਿਗਮ ਚੋਣਾਂ ਵਿੱਚ ਭਾਜਪਾ ਦੀ ਵੱਡੀ ਜਿੱਤ

ਨਾਲ ਰਿਸ਼ਤਾ ਹੋਰ ਗੂੜ੍ਹਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਜਨਤਾ ਨੇ ਤਰੱਕੀ ਦੀ ਰਫ਼ਤਾਰ ਨੂੰ ਤੇਜ਼ ਕਰਨ ਅਤੇ ਮਹਾਰਾਸ਼ਟਰ ਦੇ ਸ਼ਾਨਦਾਰ ਸੱਭਿਆਚਾਰ ਦਾ ਜਸ਼ਨ ਮਨਾਉਣ ਲਈ ਵੋਟ ਦਿੱਤੀ ਹੈ। ਭਾਜਪਾ ਦੀ ਅਗਵਾਈ ਵਾਲੇ ਗੱਠਜੋੜ ਨੂੰ 227 ਵਿੱਚੋਂ ਲੱਗਭੱਗ 125 ਸੀਟਾਂ ਮਿਲਣ ਦੀ ਉਮੀਦ ਹੈ। ਬੀ.ਐਮ.ਸੀ.ਦੇਸ਼ ਦੀ ਸਭ ਤੋਂ ਅਮੀਰ ਨਗਰ ਨਿਗਮ ਹੈ, ਜਿਸਦਾ 2025-26 ਦਾ ਬਜਟ ਕਰੀਬ 74,427 ਕਰੋੜ ਰੁਪਏ ਹੈ। ਇਸ ਦੌਰਾਨ ਮੁੱਖ ਮੰਤਰੀ ਫੜਨਵੀਸ ਨੇ ਕਿਹਾ, 'ਇਹ ਜਿੱਤ ਮਹਾਰਾਸ਼ਟਰ ਦੇ ਲੋਕਾਂ ਦੇ ਪ੍ਰਧਾਨ ਮੰਤਰੀ ਮੋਦੀ ਤੇ ਭਾਜਪਾ ਦੀ ਅਗਵਾਈ ਵਾਲੇ ਗਠਜੋੜ ਉੱਤੇ ਭਰੋਸੇ ਨੂੰ ਦਰਸਾਉਂਦੀ ਹੈ।" ਉਨ੍ਹਾਂ ਕਿਹਾ ਕਿ ਬਾਲਾਸਾਹਿਬ ਦੇ ਆਸ਼ੀਰਵਾਦ ਨਾਲ ਹੀ ਜਿੱਤ ਸੰਭਵ ਹੋਈ। ਉਪ ਮੁੱਖ ਮੰਤਰੀ ਏਕਨਾਥ ਸ਼ਿੰਦੇ ਦੀ ਸ਼ਿਵ ਸੈਨਾ ਦੇ ਵਧੀਆ ਪ੍ਰਦਰਸ਼ਨ ਨਾਲ ਭਾਜਪਾ ਨੂੰ ਹੁਣ ਨਗਰ ਨਿਗਮ ਦੀ ਸੱਤਾ ਸੰਭਾਲਣ ਲਈ ਹੋਰ ਮਜ਼ਬੂਤੀ ਮਿਲੀ ਹੈ। ਇਸ ਚੋਣ ਵਿੱਚ ਲਗਪਗ ਦੋ ਦਹਾਕਿਆਂ ਬਾਅਦ ਠਾਕਰੇ ਭਰਾ ਮੁੜ ਇਕੱਠੇ ਹੋਏ ਸਨ, ਪਰ ਨਤੀਜਿਆਂ ਨੇ ਉਨ੍ਹਾਂ ਦੀਆਂ ਉਮੀਦਾਂ 'ਤੇ ਪਾਣੀ ਫੇਰ ਦਿੱਤਾ। ਪੁਣੇ ਅਤੇ ਪਿੰਪਰੀ-ਚਿੰਚਵਾੜ ਨਗਰ ਨਿਗਮ ਚੋਣਾਂ ਵਿੱਚ ਵੀ ਭਾਜਪਾ ਨੇ ਐਨ.ਸੀ.ਪੀ. ਅਤੇ ਐਨ.ਸੀ.ਪੀ. (ਐਸਪੀ) ਦੇ ਗੱਠਜੋੜ ਨੂੰ ਪਿੱਛੇ ਛੱਡਦਿਆਂ ਵੱਡੀ ਬੜ੍ਹਤ ਬਣਾਈ ਹੈ। ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੀ ਅਗਵਾਈ 'ਚ ਭਾਜਪਾ ਨੇ 2017 ਦੀਆਂ ਬੀ.ਐਮ.ਸੀ. ਚੋਣਾਂ ਦੇ ਪਿਛਲੇ ਰਿਕਾਰਡ 82 ਸੀਟਾਂ ਨੂੰ ਵੀ ਪਾਰ ਕਰ ਲਿਆ ਹੈ। ਭਾਜਪਾ ਦੀ ਮਿਸ਼ਨ ਮੁੰਬਈ ਸਫਲਤਾ ਨਾਲ ਪਾਰਟੀ ਨੂੰ ਦੇਸ਼ ਦੀ ਵਿੱਤੀ ਰਾਜਧਾਨੀ ਵਿੱਚ ਇੱਕ ਮੁੱਖ ਸਿਆਸੀ ਤਾਕਤ ਵਜੋਂ ਸਥਾਪਿਤ ਕਰ ਦਿੱਤਾ ਹੈ। ਸਾਲਾਂ ਤੱਕ ਸ਼ਿਵ ਸੈਨਾ ਦਾ ਗੜ੍ਹ ਮੰਨੀ ਜਾਂਦੀ ਬੀ.ਐਮ.ਸੀ. ਵਿੱਚ ਇਹ ਨਤੀਜੇ ਮੁੰਬਈ ਦੀ ਸੱਤਾ ਵਿੱਚ ਵੱਡਾ ਬਦਲਾਅ ਦਰਸਾਉਂਦੇ ਹਨ।

### ਮੂਸੇਵਾਲਾ ਕਤਲ ਕੇਸ 'ਚ ਗਵਾਹ ਦੇ ਬਿਆਨ ਅਧੂਰੇ,

ਅਹਿਮ ਗਵਾਹ ਹਨ, ਉਹ ਵੀ ਸਿਹਤ ਖ਼ਰਾਬ ਹੋਣ ਕਾਰਨ ਅੱਜ ਅਦਾਲਤ ਵਿੱਚ ਪੇਸ਼ ਨਹੀਂ ਹੋ ਸਕੇ। ਉਨ੍ਹਾਂ ਦੇ ਵਕੀਲ ਸਤਿੰਦਰ ਪਾਲ ਸਿੰਘ ਮਿੱਤਲ ਨੇ ਅਦਾਲਤ ਨੂੰ ਬਲਕੌਰ ਸਿੰਘ ਦੀ ਗੈਰ-ਹਾਜ਼ਰੀ ਦਾ ਕਾਰਨ ਦੱਸਿਆ ਅਤੇ ਭਰੋਸਾ ਦਿੱਤਾ ਕਿ ਉਹ ਅਗਲੀ ਤਰੀਕ 'ਤੇ ਪੇਸ਼ ਹੋਣ ਦੀ ਕੋਸ਼ਿਸ਼ ਕਰਨਗੇ। ਅਦਾਲਤ ਨੇ ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 6 ਫਰਵਰੀ ਲਈ ਤੈਅ ਕੀਤੀ ਹੈ ਜ਼ਿਕਰਯੋਗ ਹੈ ਕਿ ਸਿੱਧੂ ਮੂਸੇਵਾਲਾ ਦਾ 29 ਮਈ, 2022 ਨੂੰ ਪਿੰਡ ਜਵਾਹਰਕੇ ਵਿਖੇ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ।

# ਪੰਜਾਬ ਤੇ ਹਰਿਆਣਾ ਬਾਰ ਕੌਂਸਲ ਚੋਣਾਂ 'ਚ ਮਹਿਲਾਵਾਂ ਲਈ 30 ਫ਼ੀਸਦੀ ਰਾਖਵਾਂਕਰਨ ਯਕੀਨੀ ਬਣਾਉਣ: ਸੁਪਰੀਮ ਕੋਰਟ



ਨਵੀਂ ਦਿੱਲੀ, 16 ਜਨਵਰੀ (ਚ.ਨ.ਸ.): ਸੁਪਰੀਮ ਕੋਰਟ ਨੇ ਪੰਜਾਬ ਤੇ ਹਰਿਆਣਾ ਦੀਆਂ ਅਗਾਮੀ ਬਾਰ ਕੌਂਸਲ ਚੋਣਾਂ ਵਿਚ ਮਹਿਲਾ ਵਕੀਲਾਂ ਨੂੰ 30 ਫੀਸਦ ਰਾਖਵਾਂਕਰਨ ਦੇਣ ਦੇ ਹੁਕਮ ਦਿੱਤੇ ਹਨ। ਚੀਫ ਜਸਟਿਸ ਸੂਰਿਆ ਕਾਂਤ ਤੇ ਜਸਟਿਸ ਜੋਇਮਾਲਾ ਬਾਗਚੀ ਦੇ ਬੈਂਚ ਨੇ ਵਕੀਲਾਂ ਦੀ ਕੁੱਲ ਗਿਣਤੀ ਵਿੱਚ ਵਾਧੇ ਨੂੰ ਧਿਆਨ ਵਿੱਚ ਰੱਖਦੇ ਹੋਏ ਰਾਜ ਬਾਰ ਕੌਂਸਲਾਂ ਦੇ ਚੁਣੇ ਹੋਏ ਮੈਂਬਰਾਂ ਦੀ ਗਿਣਤੀ ਵਧਾਉਣ ਦੇ ਨਿਰਦੇਸ਼ ਦੀ ਮੰਗ ਕਰਨ ਵਾਲੀ ਇੱਕ ਅਰਜ਼ੀ ਨਾਲ ਨਜਿੱਠਣ ਲਈ ਅਟਾਰਨੀ ਜਨਰਲ ਆਰ ਵੈਂਕਟਰਮਨੀ ਅਤੇ ਵਧੀਕ ਸੌਲਿਸਟਰ ਜਨਰਲ ਐਸ਼ਵਰਿਆ ਭਾਟੀ ਦੀ ਸਹਾਇਤਾ ਦੀ ਵੀ ਮੰਗ ਕੀਤੀ।

ਸੁਪਰੀਮ ਕੋਰਟ ਨੇ ਇਹ ਨਿਰਦੇਸ਼ ਦੇਸ਼ ਭਰ ਦੀਆਂ ਰਾਜ ਬਾਰ ਕੌਂਸਲਾਂ ਵਿੱਚ ਮਹਿਲਾ ਵਕੀਲਾਂ ਦੀ ਢੁਕਵੀਂ ਨੁਮਾਇੰਦਗੀ ਯਕੀਨੀ ਬਣਾਉਣ ਲਈ ਲੋੜੀਂਦੇ ਉਪਰਾਲਿਆਂ ਦੀ ਮੰਗ ਕਰਨ ਵਾਲੀ ਇੱਕ ਬਕਾਇਆ ਪਟੀਸ਼ਨ ਦੀ ਸੁਣਵਾਈ ਕਰਦੇ ਹੋਏ ਦਿੱਤਾ। ਬੈਂਚ ਨੇ ਸਪੱਸ਼ਟ ਕੀਤਾ ਕਿ ਸਾਰੀਆਂ ਰਾਜ ਬਾਰ ਕੌਂਸਲਾਂ, ਜਿੱਥੇ ਚੋਣਾਂ ਦਾ ਐਲਾਨ ਅਜੇ ਬਾਕੀ ਹੈ, ਉਹ ਮਹਿਲਾ ਵਕੀਲਾਂ ਦੀ 30 ਫ਼ੀਸਦੀ ਨੁਮਾਇੰਦਗੀ ਨੂੰ ਯਕੀਨੀ ਬਣਾਉਣ। ਕੋਰਟ ਨੇ ਕਿਹਾ ਪੰਜਾਬ ਤੇ ਹਰਿਆਣਾ ਦੇ ਮਾਮਲੇ ਵਿੱਚ ਚੋਣ ਅਮਲ ਰਸਮੀ ਤੌਰ 'ਤੇ ਸ਼ੁਰੂ ਨਹੀਂ ਹੋਇਆ ਅਤੇ ਸਿਰਫ਼ ਅੰਤਿਮ ਵੋਟਰ ਸੂਚੀ ਪ੍ਰਕਾਸ਼ਿਤ ਕੀਤੀ ਗਈ ਸੀ, ਜਿਸ ਨਾਲ ਰਾਖਵੇਂਕਰਨ ਦੀ ਲੋੜ ਨੂੰ ਲਾਗੂ ਕਰਨਾ ਵਾਜਬ ਹੈ।

# ਨਿਰਯਾਤ ਵਧਾਉਣ ਵਿੱਚ ਪੰਜਾਬ ਦੀ ਸਥਿਤੀ 'ਚ ਸੁਧਾਰ, ਪੂਰੇ ਭਾਰਤ 'ਚੋਂ ਸੱਤਵੇਂ ਸਥਾਨ 'ਤੇ ਪੁੱਜਾ

## ਨੀਤੀ ਆਯੋਗ ਦੀ ਰਿਪੋਰਟ, ਪੰਜਾਬ ਨੇ ਇੱਕ ਸਾਲ 'ਚ 56 ਹਜ਼ਾਰ ਕਰੋੜ ਰੁਪਏ ਦਾ ਕੀਤਾ ਨਿਰਯਾਤ




ਚੰਡੀਗੜ੍ਹ, 16 ਜਨਵਰੀ (ਚ.ਨ.ਸ.): ਨਿਰਯਾਤ ਵਧਾਉਣ ਵਿੱਚ ਪੰਜਾਬ ਦੀ ਸਥਿਤੀ 'ਚ ਸੁਧਾਰ ਹੋਇਆ ਹੈ। ਦੂਜੇ ਦੇਸ਼ਾਂ ਨੂੰ ਨਿਰਯਾਤ ਵਧਾਉਣ ਅਤੇ ਤਿਆਰੀ ਕਰਨ ਵਿੱਚ ਪੰਜਾਬ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਹੋਇਆ ਹੈ। 2022 ਦੀ ਰਿਪੋਰਟ ਵਿੱਚ ਦਸਵੇਂ ਸਥਾਨ ਦੇ ਮੁਕਾਬਲੇ, ਰਾਜ 158.32 ਦੇ ਕੁੱਲ ਸਕੋਰ ਨਾਲ ਕੁੱਲ ਸੱਤਵੇਂ ਸਥਾਨ 'ਤੇ ਪਹੁੰਚ ਗਿਆ ਹੈ।

ਭੂਮੀਗਤ ਪੰਜਾਬ ਨੇ ਇੱਕ ਸਾਲ ਵਿੱਚ 56,000 ਕਰੋੜ ਦਾ ਨਿਰਯਾਤ ਕੀਤਾ ਹੈ। ਚੌਲ, ਟਰੈਕਟਰ, ਸੂਤੀ ਧਾਗਾ ਅਤੇ ਆਟੋਮੋਟਿਵ ਪਾਰਟਸ ਸਭ ਤੋਂ ਵੱਧ ਨਿਰਯਾਤ ਕੀਤੇ ਜਾਂਦੇ ਹਨ। ਨੀਤੀ ਆਯੋਗ ਦੁਆਰਾ ਜਾਰੀ ਇੱਕ ਰਿਪੋਰਟ ਅਨੁਸਾਰ, ਅਮਰੀਕਾ, ਯੂ.ਏ.ਈ., ਬੰਗਲਾਦੇਸ਼, ਸਾਊਦੀ ਅਰਬ ਅਤੇ ਯੂ.ਕੇ. ਇਹਨਾਂ ਨਿਰਯਾਤਾਂ ਲਈ ਪ੍ਰਮੁੱਖ ਬਾਜ਼ਾਰ ਹਨ। ਪੰਜਾਬ ਦੇ ਪੰਜ ਸ਼ਹਿਰ ਪ੍ਰਮੁੱਖ ਨਿਰਯਾਤ ਕੇਂਦਰ ਹਨ: ਅੰਮ੍ਰਿਤਸਰ, ਲੁਧਿਆਣਾ, ਜਲੰਧਰ, ਮੋਹਾਲੀ ਅਤੇ ਪਟਿਆਲਾ। ਪੰਜਾਬ ਦੇ ਉਦਯੋਗਿਕ ਅਤੇ ਵਪਾਰ ਵਿਕਾਸ ਨੂੰ ਸਰਹੱਦ ਪਾਰ ਤਣਾਅ ਤੋਂ ਵਧਦੇ ਖਤਰਿਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜੋ ਵਪਾਰਕ ਮਾਰਗਾਂ ਨੂੰ ਵਿਗਾੜ ਸਕਦੇ ਹਨ ਅਤੇ ਖੇਤਰੀ ਸਥਿਰਤਾ ਨੂੰ ਪ੍ਰਭਾਵਤ ਕਰ ਸਕਦੇ ਹਨ। ਇਸ ਤੋਂ ਇਲਾਵਾ, ਵੀਅਤਨਾਮ ਵਰਗੇ ਘੱਟ ਲਾਗਤ ਵਾਲੇ ਨਿਰਮਾਣ ਕੇਂਦਰਾਂ ਤੋਂ ਉੱਭਰ ਰਿਹਾ ਮੁਕਾਬਲਾ ਪੰਜਾਬ ਦੇ ਰਵਾਇਤੀ ਨਿਰਯਾਤ ਖੇਤਰਾਂ, ਜਿਵੇਂ ਕਿ ਟੈਕਸਟਾਈਲ ਅਤੇ ਐਗਰੋ-ਪ੍ਰੋਸੈਸਿੰਗ ਲਈ ਇੱਕ ਚੁਣੌਤੀ ਪੈਦਾ ਕਰਦਾ ਹੈ। ਸਾਈਕਲ, ਆਟੋ ਪਾਰਟਸ ਅਤੇ ਟੈਕਸਟਾਈਲ ਜਲੰਧਰ ਤੋਂ, ਖੇਡਾਂ ਦੇ ਸਾਮਾਨ, ਹਲਕਾ ਇੰਜੀਨੀਅਰਿੰਗ ਸਾਮਾਨ ਮੋਹਾਲੀ ਤੋਂ ਅਤੇ ਇੰਜੀਨੀਅਰਿੰਗ ਸਾਮਾਨ ਪਟਿਆਲਾ ਤੋਂ ਨਿਰਯਾਤ ਕੀਤਾ ਜਾਂਦਾ ਹੈ। ਰਿਪੋਰਟ ਅਨੁਸਾਰ, 2024 ਦੌਰਾਨ ਪੰਜਾਬ ਦਾ ਅਮਰੀਕਾ ਨੂੰ ਨਿਰਯਾਤ ਸਭ ਤੋਂ ਵੱਧ 15.52% ਸੀ, ਇਸ ਤੋਂ ਬਾਅਦ ਯੂਏਈ 7.35% ਸੀ। ਇਸੇ ਤਰ੍ਹਾਂ, ਬੰਗਲਾਦੇਸ਼ ਨੂੰ 5.87%, ਸਾਊਦੀ ਅਰਬ ਨੂੰ 5.85% ਅਤੇ ਯੂ.ਕੇ. ਨੂੰ 5.63% ਨਾਲ ਟੈਕਸਟਾਈਲ ਨਿਰਯਾਤ ਕੀਤਾ ਗਿਆ। ਪੰਜਾਬ ਦੀ ਆਰਥਿਕਤਾ ਖੇਤੀਬਾੜੀ 'ਤੇ ਅਧਾਰਤ ਹੈ, ਪਰ ਉਦਯੋਗਿਕ ਅਤੇ ਸੇਵਾ ਖੇਤਰ ਵੀ ਲਗਾਤਾਰ ਵੱਧ ਰਹੇ ਹਨ। ਪੰਜਾਬ ਭਾਰਤ ਦੇ ਕੁੱਲ ਕਣਕ ਉਤਪਾਦਨ ਵਿੱਚ 46.3% ਅਤੇ ਭਾਰਤ ਦੇ ਚੌਲਾਂ ਦੇ ਉਤਪਾਦਨ ਵਿੱਚ 31.2% ਯੋਗਦਾਨ ਪਾਉਂਦਾ ਹੈ।

ਇਹ ਕਮਜ਼ੋਰੀਆਂ ਨਿਰਯਾਤ ਵਿਕਾਸ ਵਿੱਚ ਰੁਕਾਵਟ ਪਾਉਂਦੀਆਂ ਹਨ: ਸੀਮਤ ਖੋਜ ਅਤੇ ਵਿਕਾਸ ਅਤੇ ਨਵੀਨਤਾ ਪੰਜਾਬ ਦੇ ਨਿਰਯਾਤ ਵਾਤਾਵਰਣ ਨੂੰ ਮਹੱਤਵਪੂਰਨ ਤੌਰ 'ਤੇ ਪ੍ਰਭਾਵਤ ਕਰਦੀਆਂ ਹਨ। ਰਾਜ ਦੀ ਭੂਗੋਲਿਕ ਸਥਿਤੀ ਦੂਰ-ਦੁਰਾਡੇ ਬੰਦਰਗਾਹਾਂ 'ਤੇ ਨਿਰਭਰਤਾ ਦਾ ਨਤੀਜਾ ਦਿੰਦੀ ਹੈ। ਪੰਜਾਬ ਭਾਰਤ ਦੇ ਸਭ ਤੋਂ ਮਜ਼ਬੂਤ ਖੇਤੀਬਾੜੀ ਅਧਾਰਾਂ ਵਿੱਚੋਂ ਇੱਕ ਹੈ, ਜੋ ਕਿ ਜਲ ਸਰੋਤਾਂ ਅਤੇ ਚੌਲ, ਮੱਕੀ ਅਤੇ ਗੰਨੇ ਵਰਗੀਆਂ ਫ਼ਸਲਾਂ ਦੀ ਵੱਡੇ ਪੱਧਰ 'ਤੇ ਕਾਸ਼ਤ ਦੁਆਰਾ ਸਮਰਥਤ ਹੈ। ਬਾਸਮਤੀ ਚੌਲ, ਫਾਰਮਾਸਿਊਟੀਕਲ, ਖੇਡਾਂ ਦੇ ਸਾਮਾਨ ਅਤੇ ਇੰਜੀਨੀਅਰਿੰਗ ਉਤਪਾਦਾਂ ਵਰਗੇ ਵੱਖ-ਵੱਖ ਖੇਤਰਾਂ ਵਿੱਚ ਰਾਜ ਦੀ ਮਜ਼ਬੂਤ ਮੌਜੂਦਗੀ ਸੰਤੁਲਿਤ ਅਤੇ ਮਜ਼ਬੂਤ ਨਿਰਯਾਤ ਵਿਕਾਸ ਵਿੱਚ ਯੋਗਦਾਨ ਪਾਉਂਦੀ ਹੈ। ਰਾਜ ਵਿੱਚ 1.465 ਮਿਲੀਅਨ MSME ਹਨ, ਜੋ ਕਿ ਰਾਜ ਦੀ ਉਦਯੋਗਿਕ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ।

# ਭਾਜਪਾ ਕੌਮੀ ਪ੍ਰਧਾਨ ਦੀ ਚੋਣ ਲਈ ਨੋਟੀਫ਼ਿਕੇਸ਼ਨ ਜਾਰੀ, 20 ਫਰਵਰੀ ਨੂੰ ਪੈਣਗੀਆਂ ਵੋਟਾਂ



ਨਵੀਂ ਦਿੱਲੀ, 16 ਜਨਵਰੀ (ਚ.ਨ.ਸ.): ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਸ਼ੁੱਕਰਵਾਰ ਨੂੰ ਆਪਣੇ ਨਵੇਂ ਰਾਸ਼ਟਰੀ ਪ੍ਰਧਾਨ ਦੀ ਚੋਣ ਲਈ ਸ਼ਡਿਊਲ ਜਾਰੀ ਕਰ ਦਿੱਤਾ ਹੈ। ਪਾਰਟੀ ਵੱਲੋਂ ਜਾਰੀ ਜਾਣਕਾਰੀ ਅਨੁਸਾਰ, ਨਵੇਂ ਪ੍ਰਧਾਨ ਦੀ ਚੋਣ ਲਈ ਨਾਮਜ਼ਦਗੀ ਪੱਤਰ 19 ਜਨਵਰੀ ਨੂੰ ਦਾਖਲ ਕੀਤੇ ਜਾਣਗੇ ਅਤੇ ਅਗਲੇ ਹੀ ਦਿਨ ਯਾਨੀ 20 ਜਨਵਰੀ ਨੂੰ ਨਵੇਂ ਪਾਰਟੀ ਪ੍ਰਧਾਨ ਦੇ ਨਾਂ ਦਾ ਰਸਮੀ ਐਲਾਨ ਕਰ ਦਿੱਤਾ ਜਾਵੇਗਾ। ਭਾਜਪਾ ਦੇ ਰਾਸ਼ਟਰੀ ਰਿਟਰਨਿੰਗ ਅਫਸਰ ਕੇ ਲਕਸ਼ਮਣ ਵੱਲੋਂ ਜਾਰੀ ਕੀਤੇ ਗਏ ਪ੍ਰੋਗਰਾਮ ਅਨੁਸਾਰ, 19 ਜਨਵਰੀ ਨੂੰ ਦੁਪਹਿਰ 2 ਵਜੇ ਤੋਂ ਸ਼ਾਮ 4 ਵਜੇ ਤੱਕ ਨਾਮਜ਼ਦਗੀ ਪੱਤਰ ਭਰੇ ਜਾ ਸਕਣਗੇ। ਉਸੇ ਦਿਨ (19 ਜਨਵਰੀ) ਸ਼ਾਮ 4 ਤੋਂ 5 ਵਜੇ ਤੱਕ ਉਮੀਦਵਾਰਾਂ ਦੇ ਦਸਤਾਵੇਜ਼ਾਂ ਦੀ ਜਾਂਚ ਕੀਤੀ ਜਾਵੇਗੀ। ਉਮੀਦਵਾਰ ਸ਼ਾਮ 5 ਤੋਂ 6 ਵਜੇ ਤੱਕ ਆਪਣੀ ਨਾਮਜ਼ਦਗੀ ਵਾਪਸ ਲੈ ਸਕਦੇ ਹਨ। ਜੇਕਰ ਲੋੜ ਪਈ ਤਾਂ 20 ਜਨਵਰੀ ਨੂੰ ਵੋਟਾਂ ਪਾਈਆਂ ਜਾਣਗੀਆਂ ਅਤੇ ਉਸੇ ਦਿਨ ਨਵੇਂ ਪ੍ਰਧਾਨ ਦੇ ਨਾਂ ਦਾ ਅਧਿਕਾਰਤ ਐਲਾਨ ਹੋਵੇਗਾ। ਇਹ ਸਾਰੀ ਪ੍ਰਕਿਰਿਆ ਪਾਰਟੀ ਦੇ ਰਾਸ਼ਟਰੀ ਹੈੱਡਕੁਆਰਟਰ ਵਿਖੇ ਹੋਵੇਗੀ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਨੂੰ ਉਨ੍ਹਾਂ ਦੀਆਂ ਬਰੂਹਾਂ 'ਤੇ ਸੇਵਾਵਾਂ ਪ੍ਰਦਾਨ ਕਰਨ ਲਈ "ਸਾਡੇ ਬਜ਼ੁਰਗ, ਸਾਡਾ ਮਾਣ" ਮੁਹਿੰਮ ਦੇ ਦੂਜੇ ਪੜਾਅ ਦੀ ਸ਼ੁਰੂਆਤ : ਡਾ. ਬਲਜੀਤ ਕੌਰ

ਚੰਡੀਗੜ੍ਹ/ਐਸ.ਏ.ਐਸ. ਨਗਰ, 16 ਜਨਵਰੀ (ਚ.ਨ.ਸ.): ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਮੋਹਾਲੀ ਦੇ ਕਾਲਕਟ ਭਵਨ (ਕਿਸਾਨ ਵਿਕਾਸ ਚੈਂਬਰ) ਵਿਖੇ "ਸਾਡੇ ਬਜ਼ੁਰਗ, ਸਾਡਾ ਮਾਣ" ਮੁਹਿੰਮ ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ, ਜੋ ਕਿ ਸੂਬੇ ਭਰ ਦੇ ਬਜ਼ੁਰਗ ਨਾਗਰਿਕਾਂ ਲਈ ਮਾਣ, ਦੇਖਭਾਲ ਤੇ ਸਮਾਜਿਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਹ ਮੁਹਿੰਮ ਬਜ਼ੁਰਗ ਨਾਗਰਿਕਾਂ ਨੂੰ ਸਿੱਧੇ ਤੌਰ 'ਤੇ ਸਿਹਤ, ਭਲਾਈ ਅਤੇ ਸਮਾਜਿਕ ਸੁਰੱਖਿਆ ਸੇਵਾਵਾਂ ਪ੍ਰਦਾਨ ਕਰਨ ਲਈ ਜ਼ਿਲ੍ਹਾ ਪੱਧਰ 'ਤੇ ਲਾਗੂ ਕੀਤੀ ਜਾ ਰਹੀ ਹੈ। ਸਮਾਜਿਕ ਸੁਰੱਖਿਆ ਮੰਤਰੀ ਡਾ. ਬਲਜੀਤ ਕੌਰ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪੰਜਾਬ ਸਰਕਾਰ ਸਾਡੇ ਬਜ਼ੁਰਗ ਨਾਗਰਿਕਾਂ ਲਈ ਇੱਕ ਸਨਮਾਨਜਨਕ, ਸੁਰੱਖਿਅਤ ਅਤੇ ਸੁਵਿਧਾਜਨਕ ਜੀਵਨ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। "ਸਾਡੇ ਬਜ਼ੁਰਗ, ਸਾਡਾ ਮਾਣ" ਮੁਹਿੰਮ ਦੇ ਦੂਜੇ ਪੜਾਅ ਲਈ, ਜ਼ਿਲ੍ਹਾ ਪੱਧਰੀ ਕੈਂਪ ਲਗਾਉਣ ਲਈ 786 ਲੱਖ ਰੁਪਏ ਦੀ ਰਕਮ ਰੱਖੀ ਗਈ ਹੈ ਤਾਂ ਜੋ ਬਜ਼ੁਰਗਾਂ ਨੂੰ ਜ਼ਰੂਰੀ ਸੇਵਾਵਾਂ ਉਨ੍ਹਾਂ ਦੀਆਂ ਬਰੂਹਾਂ 'ਤੇ



ਪ੍ਰਦਾਨ ਕੀਤੀਆਂ ਜਾ ਸਕਣ।" ਪਹਿਲੇ ਪੜਾਅ ਦੌਰਾਨ ਮਿਲੇ ਭਰਵੇਂ ਹੁੰਗਾਰੇ ਦਾ ਹਵਾਲਾ ਦਿੰਦਿਆਂ, ਸਮਾਜਿਕ ਸੁਰੱਖਿਆ ਮੰਤਰੀ ਨੇ ਕਿਹਾ, " ਸਾਲ 2023 ਵਿੱਚ ਸ਼ੁਰੂ ਕੀਤੇ ਗਏ ਪਹਿਲੇ ਪੜਾਅ ਦੌਰਾਨ, 20,210 ਬਜ਼ੁਰਗ ਨਾਗਰਿਕਾਂ ਨੂੰ ਰਜਿਸਟਰ ਕੀਤਾ ਗਿਆ ਸੀ। ਇਹ ਮਜ਼ਬੂਤ ਭਾਗੀਦਾਰੀ ਅਜਿਹੀਆਂ ਪਹਿਲਕਦਮੀਆਂ ਦੀ ਜ਼ਰੂਰਤ ਅਤੇ ਲੋਕਾਂ ਵੱਲੋਂ ਸਰਕਾਰ ਦੇ ਭਲਾਈ ਪ੍ਰੋਗਰਾਮਾਂ ਵਿੱਚ ਵਿਸ਼ਵਾਸ ਨੂੰ ਦਰਸਾਉਂਦੀ ਹੈ।" ਉਨ੍ਹਾਂ ਦੱਸਿਆ ਕਿ 2 ਫਰਵਰੀ ਤੋਂ 18 ਫਰਵਰੀ ਤੱਕ ਪੰਜਾਬ ਦੇ ਬਾਕੀ ਜ਼ਿਲ੍ਹਿਆਂ ਨੂੰ ਦੂਜੇ ਪੜਾਅ ਅਧੀਨ ਕਵਰ ਕੀਤਾ ਜਾਵੇਗਾ।

ਪੇਸ਼ ਕੀਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਵਿਆਪਕ ਜਾਣਕਾਰੀ ਦਿੰਦਿਆਂ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ, "ਇਹ ਕੈਂਪ ਬਜ਼ੁਰਗ ਨਾਗਰਿਕਾਂ ਨੂੰ ਵਿਆਪਕ ਦੇਖਭਾਲ ਪ੍ਰਦਾਨ ਕਰਨ ਲਈ ਤਿਆਰ ਕੀਤੇ ਗਏ ਹਨ। ਇਹਨਾਂ ਕੈਂਪਾਂ ਦੌਰਾਨ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਵਿੱਚ ਅੱਖਾਂ ਦੀ ਜਾਂਚ ਅਤੇ ਮੋਤੀਆਬਿੰਦ ਦੀ ਜਾਂਚ, ਈਐਨਟੀ ਤੇ ਆਰਥੋਪੀਡਿਕ ਸਲਾਹ-ਮਸ਼ਵਰਾ, ਗੈਰ-ਸੰਚਾਰੀ ਬਿਮਾਰੀਆਂ ਅਤੇ ਡਿਮੈਂਸ਼ੀਆ ਲਈ ਸਕ੍ਰੀਨਿੰਗ ਦੇ ਨਾਲ ਹੀ ਹੋਮਿਓਪੈਥਿਕ ਤੇ ਆਯੁਰਵੈਦਿਕ ਇਲਾਜ ਸ਼ਾਮਲ ਹਨ। ਇਸ ਦੌਰਾਨ ਸਮਾਜਿਕ ਸੁਰੱਖਿਆ ਪੈਨਸ਼ਨਾਂ ਲਈ ਮੌਕੇ 'ਤੇ ਹੀ ਨਾਮਾਂਕਣ, ਸੀਨੀਅਰ ਸਿਟੀਜ਼ਨ ਕਾਰਡ ਅਤੇ ਅਲੀਮਕੋ ਕਾਰਡ ਜਾਰੀ ਕਰਨ ਦੀ ਸਹੂਲਤ ਵੀ ਦਿੱਤੀ ਜਾ ਰਹੀ ਹੈ।" ਡਾ. ਬਲਜੀਤ ਕੌਰ ਨੇ ਕਿਹਾ, "ਲੋੜਵੰਦਾਂ ਨੂੰ ਜ਼ਰੂਰੀ ਸਹਾਇਕ ਯੰਤਰ ਜਿਵੇਂ ਕਿ ਨੇੜਲੀ ਨਜ਼ਰ ਵਾਲੀਆਂ ਐਨਕਾਂ, ਸੁਣਨ ਵਿੱਚ ਸਹਾਇਤਾ ਵਾਲੇ ਉਪਕਰਨ, ਤੁਰਨ ਵਿੱਚ ਸਹਾਇਤਾ ਪ੍ਰਦਾਨ ਵਾਲੀਆਂ ਮਸ਼ੀਨਾਂ, ਸਰਵਾਈਕਲ ਕਾਲਰ, ਬੈਲਟਾਂ ਅਤੇ ਵ੍ਹੀਲਚੇਅਰਾਂ ਮੌਕੇ 'ਤੇ ਹੀ ਵੰਡਿਆ ਜਾ ਰਹੀਆਂ ਹਨ। ਇਹਨਾਂ ਕੈਂਪਾਂ ਦੌਰਾਨ ਸਿਹਤ ਤੇ ਅੱਖਾਂ ਦੀ ਜਾਂਚ, ਪੈਨਸ਼ਨਾਂ ਅਤੇ ਹੋਰ ਵਿੱਤੀ ਲਾਭਾਂ ਤੱਕ ਪਹੁੰਚ ਵਿੱਚ ਸਹਾਇਤਾ ਅਤੇ ਕਾਨੂੰਨੀ ਜਾਗਰੂਕਤਾ ਸੈਸ਼ਨਾਂ ਰਾਹੀਂ ਤੁਰੰਤ ਰਾਹਤ ਪ੍ਰਦਾਨ ਕੀਤੀ ਗਈ। ਮੋਹਾਲੀ ਵਿਖੇ ਲਗਾਏ ਸੂਬੇ ਪੱਧਰੀ ਕੈਂਪ ਦੌਰਾਨ, ਡਾ. ਬਲਜੀਤ ਕੌਰ ਨੇ ਮੌਕੇ 'ਤੇ ਮੌਜੂਦ ਲਾਭਪਾਤਰੀਆਂ ਨੂੰ ਅਲੀਮਕੋ ਕਿੱਟਾਂ ਤੇ ਬੁਢਾਪਾ ਪੈਨਸ਼ਨਾਂ ਲਈ ਪ੍ਰਵਾਨਗੀ ਪੱਤਰ ਸੌਂਪੇ। ਮੰਤਰੀ ਨੇ ਬਜ਼ੁਰਗ ਨਾਗਰਿਕਾਂ ਪ੍ਰਤੀ ਗੈਰ-ਸਰਕਾਰੀ ਸੰਗਠਨਾਂ ਤੇ ਸੀਨੀਅਰ ਸਿਟੀਜ਼ਨ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਦੀਆਂ ਅਸਧਾਰਨ ਸੇਵਾਵਾਂ ਲਈ ਉਨ੍ਹਾਂ ਦਾ ਸਨਮਾਨ ਵੀ ਕੀਤਾ। ਸਰਕਾਰ ਵੱਲੋਂ ਦਿੱਤੀ ਜਾ ਰਹੀ ਵਿੱਤੀ ਸਹਾਇਤਾ ਸਬੰਧੀ ਵੇਰਵੇ ਸਾਂਝੇ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ, "ਮੌਜੂਦਾ ਸਮੇਂ ਪੰਜਾਬ ਵਿੱਚ ਹਰ ਮਹੀਨੇ ਲਗਭਗ 23.33 ਲੱਖ ਲਾਭਪਾਤਰੀਆਂ ਨੂੰ ਬੁਢਾਪਾ ਪੈਨਸ਼ਨ ਦਿੱਤੀ ਜਾ ਰਹੀ ਹੈ। ਮੌਜੂਦਾ ਵਿੱਤੀ ਸਾਲ 2025-26 ਲਈ, ਪੈਨਸ਼ਨ ਸਕੀਮਾਂ ਲਈ ਬਜਟ ਵਿੱਚ 4,100 ਕਰੋੜ ਰੁਪਏ ਦਾ ਵਿਵਸਥਾ ਕੀਤੀ ਗਈ ਹੈ ਜੋ ਕਿ ਸਮਾਜਿਕ ਸੁਰੱਖਿਆ ਪ੍ਰਤੀ ਸਰਕਾਰ ਦੀ ਤਰਜੀਹ ਨੂੰ ਦਰਸਾਉਂਦਾ ਹੈ।" ਇਸ ਤੋਂ ਪਹਿਲਾਂ, ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ, ਪੰਜਾਬ ਦੇ ਵਧੀਕ ਮੁੱਖ ਸਕੱਤਰ ਵਿਕਾਸ ਪ੍ਰਤਾਪ ਨੇ ਦੱਸਿਆ ਕਿ ਦਸੰਬਰ 2025 ਤੱਕ ਬੁਢਾਪਾ ਪੈਨਸ਼ਨਾਂ ਦਾ ਭੁਗਤਾਨ ਕਰ ਦਿੱਤਾ ਗਿਆ ਹੈ। ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੀ ਡਾਇਰੈਕਟਰ ਵਿੰਮੀ ਭੁੱਲਰ ਨੇ ਪਤਵੰਤਿਆਂ ਦਾ ਰਸਮੀ ਤੌਰ 'ਤੇ ਸਵਾਗਤ ਕੀਤਾ ਤੇ ਹਾਜ਼ਰੀਨ ਨੂੰ "ਸਾਡੇ ਬਜ਼ੁਰਗ, ਸਾਡਾ ਮਾਣ" ਮੁਹਿੰਮ ਦੇ ਦੂਜੇ ਪੜਾਅ ਦੇ ਉਦੇਸ਼ਾਂ ਅਤੇ ਲਾਗੂਕਰਨ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ, ਡਿਪਟੀ ਕਮਿਸ਼ਨਰ ਕੋਮਲ ਮਿੱਤਲ, ਜੁਆਇੰਟ ਸਕੱਤਰ ਸਮਾਜਿਕ ਸੁਰੱਖਿਆ ਆਨੰਦ ਸਾਗਰ, ਏਡੀਸੀ (ਜੀ) ਸੋਨਮ ਚੌਧਰੀ ਤੇ ਐਸਡੀਐਮ ਦਮਨਦੀਪ ਕੌਰ ਵੀ ਮੌਜੂਦ ਸਨ। ਇਸ ਸਮਾਗਮ ਦੌਰਾਨ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ, ਜਿਸ ਵਿੱਚ ਉਤਸਵ ਕਲਾ ਮੰਚ ਵੱਲੋਂ "ਸਾਡੇ ਬਜ਼ੁਰਗ, ਸਾਡਾ ਮਾਣ" ਸਿਰਲੇਖ ਹੇਠ ਨੁੱਕੜ ਨਾਟਕ ਅਤੇ ਮਾਲਵਾ ਆਰਟ ਐਂਡ ਕਲਚਰਲ ਸੋਸਾਇਟੀ, ਮੋਹਾਲੀ ਦੇ ਸਰਕਾਰੀ ਵਿਭਾਗਾਂ ਦੇ ਸੇਵਾਮੁਕਤ ਅਧਿਕਾਰੀਆਂ ਵੱਲੋਂ ਮਲਵਈ ਗਿੱਧਾ ਪੇਸ਼ ਕੀਤਾ ਗਿਆ, ਜਿਸ ਨੇ ਬਜ਼ੁਗਰ ਨਾਗਰਿਕਾਂ ਲਈ ਸਤਿਕਾਰ, ਦੇਖਭਾਲ ਅਤੇ ਸਨਮਾਨ ਯਕੀਨੀ ਬਣਾਉਣ ਦੇ ਸੰਦੇਸ਼ ਨੂੰ ਹੋਰ ਮਜ਼ਬੂਤ ਕੀਤਾ।

## ਮਿਲਾਵਟਖੋਰਾਂ 'ਤੇ ਕੀਤੀ ਜਾਵੇਗੀ ਸਖ਼ਤ ਕਾਰਵਾਈ : ਸੰਧਵਾਂ

ਚੰਡੀਗੜ੍ਹ, 16 ਜਨਵਰੀ (ਚ.ਨ.ਸ.): ਪੰਜਾਬ ਵਿੱਚ ਮਿਲਾਵਟਖੋਰੀ ਦੇ ਖ਼ਤਰੇ ਨੂੰ ਜੜ੍ਹੋਂ ਖ਼ਤਮ ਕਰਨ ਦੇ ਮੱਦੇਨਜ਼ਰ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਅਸੀਂ ਸਕੂਲਾਂ ਵਿੱਚ ਸੈਮੀਨਾਰਾਂ ਤੇ ਸਮਾਗਮਾਂ ਰਾਹੀਂ ਘਟੀਆ ਜਾਂ ਮਿਲਾਵਟੀ ਦੁੱਧ, ਪਨੀਰ, ਘਿਓ ਅਤੇ ਹੋਰ ਦੁੱਧ ਉਤਪਾਦਾਂ ਦੀ ਗੁਣਵੱਤਾ ਜਾਂਚ ਕਰਨ ਸਬੰਧੀ



ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕਰਨ ਜਾ ਰਹੇ ਹਾਂ। ਉਨ੍ਹਾਂ ਅੱਗੇ ਕਿਹਾ ਕਿ ਇਹ ਮੁਹਿੰਮ ਜ਼ਿਲ੍ਹਾ ਫਰੀਦਕੋਟ ਦੇ ਕੋਟਕਪੂਰਾ ਤੋਂ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਆਮ ਲੋਕਾਂ ਨੂੰ ਵੀ ਮਿਲਾਵਟੀ ਉਤਪਾਦਾਂ ਦੀ ਜਾਂਚ ਦਾ ਤਰੀਕਾ ਦੇਖਣ ਅਤੇ ਸਿੱਖਣ ਲਈ ਸੱਦਾ ਦਿੱਤਾ ਜਾਵੇਗਾ ਤਾਂ ਜੋ ਉਹ ਆਪਣੇ ਪੱਧਰ 'ਤੇ ਅਜਿਹੇ ਗ਼ੈਰ-ਮਿਆਰੀ ਖਾਧ-ਪਦਾਰਥਾਂ ਦੀ ਗੁਣਵੱਤਾ ਜਾਂਚ-ਪਰਖ ਸਕਣ। ਉਹ ਇਸ ਮੁਹਿੰਮ ਵਿੱਚ ਪੰਜਾਬੀਆਂ ਦਾ ਸਹਿਯੋਗ ਚਾਹੁੰਦੇ ਹਨ ਤਾਂ ਜੋ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਦੀ ਚੰਗੀ ਸਿਹਤ ਬਣਾਈ ਰੱਖਣ ਵਿੱਚ ਮਦਦ ਕੀਤੀ ਜਾ ਸਕੇ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਮਿਲਾਵਟਖੋਰੀ ਦੇ ਖ਼ਤਰੇ ਨੂੰ ਖਤਮ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ। ਸਾਡੀ ਸਰਕਾਰ ਦਾ ਇਰਾਦਾ ਬਿਲਕੁਲ ਸਪੱਸ਼ਟ ਹੈ ਕਿ ਅਸੀਂ ਪੰਜਾਬ ਦੇ ਲੋਕਾਂ ਨੂੰ ਮਿਆਰੀ ਸਿੱਖਿਆ ਅਤੇ ਚੰਗੀ ਸਿਹਤ ਦੇਣਾ ਚਾਹੁੰਦੇ ਹਾਂ। ਉਨ੍ਹਾਂ ਨੇ ਮਿਲਾਵਟਖੋਰੀ ਪੰਜਾਬ ਦੇ ਲੋਕਾਂ ਲਈ ਇੱਕ ਗੰਭੀਰ ਖ਼ਤਰਾ ਦੱਸਿਆ। ਸਪੀਕਰ ਨੇ ਆਸ ਪ੍ਰਗਟਾਈ ਕਿ ਅਸੀਂ ਆਪਣੇ ਪੰਜਾਬ ਨੂੰ ਸਿਹਤਮੰਦ ਅਤੇ ਖੁਸ਼ਹਾਲ ਦੇਖਣਾ ਚਾਹੁੰਦੇ ਹਾਂ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮਿਲਾਵਟਖੋਰੀ ਵਿੱਚ ਸ਼ਾਮਲ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਕਰੀਬੀਆਂ ਜਾਂ ਸਾਕ-ਸਬੰਧੀਆਂ ਤੱਕ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ।

## ਕੇਂਦਰ ਸਰਕਾਰ ਵੱਲੋਂ ਜਾਰੀ ਸੂਬਿਆਂ ਦੀ ਸਟਾਰਟਅੱਪ ਈਕੋਸਿਸਟਮ ਰੈਂਕਿੰਗ 'ਚ ਪੰਜਾਬ ਮੁੜ ਮੋਹਰੀ : ਸੰਜੀਵ ਅਰੋੜਾ

ਚੰਡੀਗੜ੍ਹ, 16 ਜਨਵਰੀ (ਚ.ਨ.ਸ.): ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਪੰਜਾਬ ਨੇ ਇੱਕ ਵਾਰ ਫਿਰ ਆਪਣੇ ਸਟਾਰਟਅੱਪ ਅਤੇ ਇਨੋਵੇਸ਼ਨ ਈਕੋਸਿਸਟਮ ਨੂੰ ਮਜ਼ਬੂਤ ਕਰਨ ਵਿੱਚ ਮੀਲ ਪੱਥਰ ਸਥਾਪਿਤ ਕਰਦਿਆਂ ਭਾਰਤ ਸਰਕਾਰ ਦੇ ਵਣਜ ਅਤੇ ਉਦਯੋਗ ਮੰਤਰਾਲੇ ਦੇ ਉਦਯੋਗ ਅਤੇ ਅੰਦਰੂਨੀ ਵਪਾਰ ਪ੍ਰਮੋਸ਼ਨ ਵਿਭਾਗ ਵੱਲੋਂ ਜਾਰੀ ਕੀਤੀ ਸੂਬਿਆਂ ਦੀ



ਸਟਾਰਟਅੱਪ ਈਕੋਸਿਸਟਮ ਰੈਂਕਿੰਗ - 5ਵੇਂ ਐਡੀਸ਼ਨ ਵਿੱਚ ਲਗਾਤਾਰ ਦੂਜੀ ਵਾਰ ਪੰਜਾਬ ਨੇ "ਟਾਪ ਪਰਫਾਰਮਰ" ਵਜੋਂ ਸਫ਼ਲਤਾ ਦਰਜ ਕੀਤੀ ਹੈ। ਭਾਰਤ ਦੇ ਮਾਣਯੋਗ ਪ੍ਰਧਾਨ ਮੰਤਰੀ ਦੀ ਹਾਜ਼ਰੀ ਵਿੱਚ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਰਾਸ਼ਟਰੀ ਸਟਾਰਟਅੱਪ ਦਿਵਸ ਦੇ ਮੌਕੇ 'ਤੇ ਕਰਵਾਏ ਪੰਜਾਬ ਸਰਕਾਰ ਦੇ ਉਦਯੋਗ ਅਤੇ ਵਣਜ ਵਿਭਾਗ ਨੂੰ ਪ੍ਰਸ਼ੰਸਾ ਪੱਤਰ ਦਿੱਤਾ ਗਿਆ। ਉਨ੍ਹਾਂ ਅੱਗੇ ਕਿਹਾ ਕਿ ਲਗਾਤਾਰ ਦੂਜੀ ਵਾਰ ਇਹ ਮਾਣ ਹਾਸਲ ਕਰਨਾ ਇੱਕ ਮਜ਼ਬੂਤ, ਸਮਾਵੇਸ਼ੀ ਅਤੇ ਨਵੀਨਤਾ-ਸੰਚਾਲਿਤ ਸਟਾਰਟਅੱਪ ਈਕੋਸਿਸਟਮ ਬਣਾਉਣ ਵੱਲ ਪੰਜਾਬ ਦੇ ਨਿਰੰਤਰ ਤੇ ਕੇਂਦ੍ਰਿਤ ਯਤਨਾਂ ਦਾ ਪ੍ਰਤੱਖ ਸਬੂਤ ਹੈ। ਰਾਜ ਦੀ ਕਾਰਗੁਜ਼ਾਰੀ ਪ੍ਰਗਤੀਸ਼ੀਲ ਸਟਾਰਟਅੱਪ ਨੀਤੀਆਂ, ਮਜ਼ਬੂਤ ਸੰਸਥਾਗਤ ਪ੍ਰਣਾਲੀਆਂ, ਇਨਕਿਊਬੇਸ਼ਨ ਤੇ ਐਕਸਲਰੇਸ਼ਨ ਸਹਾਇਤਾ, ਵਿੱਤ ਤੱਕ ਬਿਹਤਰ ਪਹੁੰਚ, ਸੇਧਪੂਰਨ ਸਲਾਹ-ਮਸ਼ਵਰਾ ਪਹਿਲਕਦਮੀਆਂ ਤੇ ਪੰਜਾਬ ਸਰਕਾਰ ਵੱਲੋਂ ਲਾਗੂ ਕੀਤੇ ਗਏ ਕਾਰੋਬਾਰ ਵਿੱਚ ਆਸਾਨੀ ਵਾਲੇ ਸੁਧਾਰਾਂ ਦੇ ਪ੍ਰਭਾਵ ਨੂੰ ਦਰਸਾਉਂਦੀ ਹੈ।

ਇਸ ਪ੍ਰਾਪਤੀ 'ਤੇ ਖੁਸ਼ੀ ਤੇ ਤਸੱਲੀ ਜ਼ਾਹਰ ਕਰਦਿਆਂ ਪੰਜਾਬ ਦੇ ਉਦਯੋਗ ਅਤੇ ਵਣਜ ਮੰਤਰੀ ਸੰਜੀਵ ਅਰੋੜਾ ਨੇ ਕਿਹਾ, "ਭਾਰਤ ਸਰਕਾਰ ਵੱਲੋਂ ਪੰਜਾਬ ਨੂੰ 'ਟਾਪ ਪਰਫਾਰਮਰ' ਵਜੋਂ ਇਹ ਲਗਾਤਾਰ ਮਾਨਤਾ ਦੇਣਾ ਉੱਦਮਤਾ ਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਦੀ ਦ੍ਰਿੜ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹੈ। ਮਾਣਯੋਗ ਮੁੱਖ ਮੰਤਰੀ ਦੀ ਦੂਰਦਰਸ਼ੀ ਅਗਵਾਈ ਹੇਠ ਪੰਜਾਬ ਨੇ ਸਟਾਰਟਅੱਪਸ ਲਈ ਵਿਸ਼ੇਸ਼ ਕਰਕੇ ਨੌਜਵਾਨਾਂ ਅਤੇ ਗ਼ੈਰ-ਕਾਰੋਬਾਰੀ ਪਿਛੋਕੜ ਵਾਲੇ ਉੱਦਮੀਆਂ ਲਈ ਇੱਕ ਢੁਕਵਾਂ ਮਾਹੌਲ ਬਣਾਇਆ ਹੈ। ਸਰਕਾਰ ਵੱਲੋਂ ਪੰਜਾਬ ਨੂੰ ਸਟਾਰਟਅੱਪਸ ਅਤੇ ਨਿਵੇਸ਼ਕਾਂ ਲਈ ਇੱਕ ਪਸੰਦੀਦਾ ਸਥਾਨ ਵਜੋਂ ਉਭਾਰਨ ਲਈ ਨੀਤੀਗਤ ਸਹਾਇਤਾ, ਇਨਕਿਊਬੇਸ਼ਨ ਬੁਨਿਆਦੀ ਢਾਂਚੇ ਅਤੇ ਮਾਰਕੀਟ ਪਹੁੰਚ ਨੂੰ ਮਜ਼ਬੂਤ ਕਰਨਾ ਜਾਰੀ ਰਹੇਗਾ।"

ਉਨ੍ਹਾਂ ਅੱਗੇ ਕਿਹਾ ਕਿ ਸਟਾਰਟਅੱਪ ਨੀਤੀ ਲਾਗੂਕਰਨ, ਸੰਸਥਾਗਤ ਸਹਾਇਤਾ ਪ੍ਰਣਾਲੀਆਂ, ਇਨਕਿਊਬੇਸ਼ਨ ਬੁਨਿਆਦੀ ਢਾਂਚਾ, ਫੰਡਿੰਗ ਵਿਧੀਆਂ, ਸਮਰੱਥਾ ਨਿਰਮਾਣ, ਸਲਾਹ-ਮਸ਼ਵਰਾ ਅਤੇ ਸੁਚੱਜੇ ਮੰਡੀਕਰਨ ਆਦਿ ਅਹਿਮ ਮਾਪਦੰਡਾਂ ਦੇ ਆਧਾਰ 'ਤੇ ਸੂਬੇ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਕੀਤਾ ਗਿਆ ਸੀ। ਸਰਕਾਰ ਦੀ ਵਚਨਬੱਧਤਾ ਦ੍ਰਿੜਾਉਂਦਿਆਂ ਮੰਤਰੀ ਸੰਜੀਵ ਅਰੋੜਾ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਨਵੀਨਤਾ-ਅਗਵਾਈ ਵਾਲੇ ਆਰਥਿਕ ਵਿਕਾਸ, ਰੁਜ਼ਗਾਰ ਉਤਪਤੀ ਅਤੇ ਤਕਨਾਲੋਜੀ-ਅਧਾਰਤ ਵਿਕਾਸ 'ਤੇ ਧਿਆਨ ਕੇਂਦਰਿਤ ਕਰਨਾ ਜਾਰੀ ਰੱਖੇਗਾ ਤਾਂ ਜੋ ਸਟਾਰਟਅੱਪਸ ਨੂੰ ਮੁੱਖ ਤਰਜੀਹ ਮੰਨਦਿਆਂ ਸੂਬੇ ਦੇ ਆਰਥਿਕ ਕਾਇਆ-ਕਲਪ ਨੂੰ ਯਕੀਨੀ ਬਣਾਇਆ ਜਾ ਸਕੇ।

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁ. ਦਮਦਮਾ ਸਾਹਿਬ ਨਿਜ਼ਾਮੂਦੀਨ ਵਿਖੇ ਕੀਰਤਨ ਸਮਾਗਮ ਅੱਜ : ਕਾਲਕਾ

ਨਵੀਂ ਦਿੱਲੀ 16 ਜਨਵਰੀ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਦੱਸਿਆ ਹੈ ਕਿ ਧਾਰਮਿਕ ਤੇ ਸੱਭਿਆਚਾਰਕ ਖੇਤਰ ਵਿੱਚ ਸਰਗਰਮ ਸੁਰ ਸੰਗਮ ਪਰਿਵਾਰ ਵੱਲੋਂ, ਦਿੱਲੀ ਸਿੱਖ ਗੁ ਰ ਦੁ ਆ ਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ, ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ



ਪਾਵਨ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਕ ਵਿਸ਼ਾਲ ਅਤੇ ਆਲੌਕਿਕ ਮਹਾਨ ਕੀਰਤਨ ਸਮਾਗਮ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਰੂਹਾਨੀ ਸਮਾਗਮ 17 ਜਨਵਰੀ ਦਿਨ ਸ਼ਨੀਵਾਰ ਨੂੰ ਗੁਰਦੁਆਰਾ ਦਮਦਮਾ ਸਾਹਿਬ, ਨਿਜ਼ਾਮੂਦੀਨ, ਨਵੀਂ ਦਿੱਲੀ ਵਿਖੇ ਦੋ ਸੈਸ਼ਨਾਂ ਵਿੱਚ ਕਰਵਾਇਆ ਜਾ ਰਿਹਾ ਹੈ । ਉਨ੍ਹਾਂ ਦੱਸਿਆ ਕਿ ਇਹ ਰੂਹਾਨੀ ਸਮਾਗਮ ਸਵੇਰੇ ਸਮਾਂ 6:15 ਵਜੇ ਤੋਂ 8:00 ਵਜੇ ਤੱਕ ਅਤੇ ਸ਼ਾਮ ਦਾ ਸਮਾਂ 5:45 ਵਜੇ ਤੋਂ ਰਾਤ 11:45 ਵਜੇ ਤੱਕ ਨਿਰਧਾਰਤ ਕੀਤਾ ਗਿਆ ਹੈ। ਸਮਾਗਮ ਦੌਰਾਨ ਪ੍ਰਸਿੱਧ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਜਾਵੇਗਾ। ਹਰਮੀਤ ਸਿੰਘ ਕਾਲਕਾ ਨੇ ਦਿੱਲੀ ਤੇ ਆਸ-ਪਾਸ ਇਲਾਕਿਆਂ ਵਿੱਚ ਦੀ ਸਮੂਹ ਸਾਧ ਸੰਗਤ ਨੂੰ ਅਪੀਲ ਕੀਤੀ ਕਿ ਉਹ ਇਸ ਪਾਵਨ ਅਵਸਰ 'ਤੇ ਆਪਣੇ ਪਰਿਵਾਰਾਂ ਸਮੇਤ ਹਾਜ਼ਰੀ ਭਰ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਤੇ ਸਮਾਗਮ ਦੀ ਸ਼ੋਭਾ ਵਧਾਉਣ।

## ਬਾਸਮਤੀ ਨਿਰਯਾਤਕਾਂ ਦੇ ਹਿੱਤਾਂ ਦੀ ਰਾਖੀ ਲਈ ਕੇਂਦਰ ਦੇ ਫੌਰੀ ਦਖ਼ਲ ਦੀ ਲੋੜ : ਸੰਧਵਾਂ

ਚੰਡੀਗੜ੍ਹ 16 ਜਨਵਰੀ (ਚ.ਨ.ਸ.): ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਬਾਸਮਤੀ ਚੌਲ ਨਿਰਯਾਤਕ ਸੰਕਟ ਵਿੱਚ ਹਨ ਅਤੇ ਈਰਾਨ ਵਿੱਚ ਵਧ ਰਹੀ ਅਨਿਸ਼ਚਿਤਤਾ ਕਾਰਨ ਉਨ੍ਹਾਂ ਦੀ 2,000ਕਰੋੜ ਰੁਪਏ ਤੋਂ ਵੱਧ ਦੀ ਬਰਾਮਦ ਰੁਕ ਗਈ ਹੈ ਅਤੇ ਭੁਗਤਾਨ ਵੀ ਸੁਚਾਰੂ ਨਹੀਂ ਹਨ। ਈਰਾਨ ਵਪਾਰ ਰੁਕਾਵਟ ਦੇ ਚਲਦਿਆਂ ਮੰਡੀਆਂ ਦੀਆਂ ਕੀਮਤਾਂ ਵਿਚ ਵੀ ਗਿਰਾਵਟ ਆਈ ਹੈ।

ਉਨ੍ਹਾਂ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਬੇਨਤੀ ਕੀਤੀ ਕਿ ਕਿਸਾਨਾਂ, ਮਿੱਲਰਾਂ ਤੇ ਨਿਰਯਾਤਕਾਂ ਦੇ ਹਿੱਤਾਂ ਦੀ ਰਾਖੀ ਲਈ ਕੇਂਦਰ ਦੇ ਤੁਰੰਤ ਦਖਲ ਦੀ ਲੋੜ ਹੈ। ਇਹ ਦੇਰੀ ਪੰਜਾਬ ਦੀ ਆਰਥਿਕਤਾ ਨੂੰ ਨੁਕਸਾਨ ਪਹੁੰਚਾ ਰਹੀ ਹੈ ਅਤੇ ਬਾਸਮਤੀ ਚੌਲ ਨਿਰਯਾਤਕਾਂ ਨੂੰ ਵੀ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

## ਮਾਤਾ ਵੈਸ਼ਨੋ ਦੇਵੀ ਇੰਸਟੀਚਿਊਟ ਆਫ਼ ਮੈਡੀਕਲ ਐਕਸੀਲੈਂਸ ਦੀ ਮਾਨਤਾ ਰੱਦ ਕਰਨ ਸੰਬੰਧੀ ਆਪਣੇ ਫ਼ੈਸਲੇ ਨੂੰ ਮੁੜ ਵਿਚਾਰ ਕੇਂਦਰ : ਸੰਧਵਾਂ

ਚੰਡੀਗੜ੍ਹ 16 ਜਨਵਰੀ (ਚ.ਨ.ਸ.): ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮਾਤਾ ਵੈਸ਼ਨੋ ਦੇਵੀ ਇੰਸਟੀਚਿਊਟ ਆਫ਼ ਮੈਡੀਕਲ ਐਕਸੀਲੈਂਸ, ਜੰਮੂ ਤੇ ਕਸ਼ਮੀਰ ਦੀ ਐਮ.ਬੀ.ਬੀ.ਐਸ. ਮਾਨਤਾ ਰੱਦ ਕਰਨ ਦਾ ਫੈਸਲਾ ਨਾ ਸਿਰਫ਼ ਵਿਦਿਆਰਥੀਆਂ ਦੇ ਭਵਿੱਖ ਨਾਲ ਬੇਇਨਸਾਫ਼ੀ ਹੈ, ਸਗੋਂ ਸਿੱਖਿਆ ਨੂੰ ਧਰਮ ਤੇ ਰਾਜਨੀਤੀ ਨਾਲ ਜੋੜਨ ਦੀ ਇੱਕ ਕੋਝੀ ਉਦਾਹਰਣ ਹੈ। ਇਸ ਮੈਡੀਕਲ ਕਾਲਜ ਵਿੱਚ ਦਾਖਲੇ ਕੇਂਦਰੀ ਪ੍ਰੀਖਿਆ ਐਨ.ਈ.ਈ.ਟੀ. , ਜੋ ਰਾਸ਼ਟਰੀ ਮੈਡੀਕਲ ਕਮਿਸ਼ਨ ਵੱਲੋਂ ਵੀ ਪ੍ਰਵਾਨਿਤ ਹੈ, ਦੀ ਮੈਰਿਟ ਅਨੁਸਾਰ ਪੂਰੀ ਤਰ੍ਹਾਂ ਕਾਨੂੰਨੀ ਤੇ ਪਾਰਦਰਸ਼ੀ ਢੰਗ ਨਾਲ ਕੀਤੇ ਗਏ ਸਨ। ਸਪੀਕਰ ਨੇ ਜ਼ੋਰ ਦੇ ਕੇ ਕਿਹਾ ਕਿ ਸੰਸਥਾ ਦਾ ਨਿਰੀਖਣ ਕਰਨ ਤੋਂ ਬਾਅਦ ਇਹ ਗੱਲ ਸਾਹਮਣੇ ਆਈ ਕਿ ਇੰਸਟੀਟਿਊਟ ਵਿੱਚ ਕਿਸੇ ਧਰਮ ਵਿਸ਼ੇਸ਼ ਦੇ ਵਿਦਿਆਰਥੀਆਂ ਦੀ ਬਹੁਗਿਣਤੀ ਹੋਣ ਕਰਕੇ , ਐਮ.ਬੀ.ਬੀ.ਐਸ. ਦੀ ਮਾਨਤਾ ਰੱਦ ਕਰਨਾ ਬਿਲਕੁਲ ਗ਼ੈਰ-ਵਾਜਿਬ,ਪੱਖਪਾਤੀ ਅਤੇ ਅਨਿਆਂਪੂਰਨ ਹੈ। ਉਨ੍ਹਾਂ ਸਵਾਲ ਉਠਾਇਆ, ਜੇਕਰ ਸੰਸਥਾ ਵਿੱਚ ਇੰਨੀਆਂ ਵੱਡੀਆਂ ਖਾਮੀਆਂ ਸਨ ਤਾਂ ਮਹਿਜ਼ ਚਾਰ ਮਹੀਨੇ ਪਹਿਲਾਂ ਮਾਨਤਾ ਕਿਸ ਆਧਾਰ 'ਤੇ ਦਿੱਤੀ ਗਈ ਸੀ? ਇਸਦਾ ਜਵਾਬ ਦੇਣਾ ਰਾਸ਼ਟਰੀ ਮੈਡੀਕਲ ਕਮਿਸ਼ਨ ਦੀ ਜ਼ਿੰਮੇਵਾਰੀ ਹੈ।

ਸਪੀਕਰ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਿਦਿਅਕ ਸੰਸਥਾ ਨੂੰ ਬੰਦ ਕਰਨ ਲਈ ਅੰਦੋਲਨ ਕਰਨਾ ਤੇ ਮਾਨਤਾ ਰੱਦ ਕਰਨ 'ਤੇ ਜਸ਼ਨ ਮਨਾਉਣਾ ਸਮਾਜਿਕ ਪਤਨ ਦੀ ਨਿਸ਼ਾਨੀ ਹੈ। ਸਿੱਖਿਆ ਦਾ ਉਦੇਸ਼ ਅਗਿਆਨਤਾ ਦੇ ਹਨੇਰੇ ਨੂੰ ਦੂਰ ਕਰਨਾ ਹੈ ਨਾ ਕਿ ਨਫ਼ਰਤ ਦੇ ਪਾੜ੍ਹੇ ਨੂੰ ਹੋਰ ਡੂੰਘਾ ਕਰਨਾ । ਮੈਡੀਕਲ ਕਾਲਜ ਵਰਗੀ ਪੇਸ਼ੇਵਰ ਸੰਸਥਾ ਨੂੰ ਸੁਧਾਰ ਦਾ ਮੌਕਾ ਦਿੱਤੇ ਬਿਨਾਂ ਬੰਦ ਕਰਨਾ ਬਹੁਤ ਹੀ ਮੰਦਭਾਗਾ ਤੇ ਗ਼ੈਰ-ਸੰਵਿਧਾਨਕ ਹੈ। ਸਪੀਕਰ ਨੇ ਮੰਗ ਕੀਤੀ ਕਿ ਇਸ ਫੈਸਲੇ ਦੀ ਤੁਰੰਤ ਸਮੀਖਿਆ ਕੀਤੀ ਜਾਵੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਵਿਦਿਆਰਥੀਆਂ ਦੇ ਹਿੱਤ ਸੁਰੱਖਿਅਤ ਰਹਿਣ ਅਤੇ ਸਿੱਖਿਆ ਨੂੰ ਧਾਰਮਿਕ ਜਾਂ ਰਾਜਨੀਤਿਕ ਏਜੰਡਿਆਂ ਤੋਂ ਦੂਰ ਰੱਖਿਆ ਜਾਵੇ।

## ਡਾ. ਬਲਬੀਰ ਸਿੰਘ ਵੱਲੋਂ ਤੰਬਾਕੂ ਵਿਰੁੱਧ ਇੱਕਜੁੱਟ ਹੋ ਕੇ ਮੁਹਿੰਮ ਸ਼ੁਰੂ ਕਰਨ ਦਾ ਸੱਦਾ

ਚੰਡੀਗੜ੍ਹ, 16 ਜਨਵਰੀ (ਚ.ਨ.ਸ.): ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਸੂਬੇ ਦੇ ਨੌਜਵਾਨਾਂ ਨੂੰ ਸਿਹਤਮੰਦ ਭਵਿੱਖ ਦੇ ਨਿਰਮਾਤਾ ਦੱਸਦਿਆਂ ਤੰਬਾਕੂ ਵਿਰੁੱਧ ਇੱਕਜੁੱਟ ਹੋਣ ਅਤੇ ਇਸ ਵਿਰੁੱਧ ਮੁਹਿੰਮ ਵਿੱਢਣ ਦਾ ਸੱਦਾ ਦਿੱਤਾ। ਪੰਜਾਬ ਯੂਨੀਵਰਸਿਟੀ ਵਿਖੇ "ਬਿਲਡਿੰਗ ਏ ਤੰਬਾਕੂ-ਫਰੀ ਜਨਰੇਸ਼ਨ ਥਰੋ ਪ੍ਰਮੋਸ਼ਨ, ਅਡੈਪਟੇਸ਼ਨ ਐਂਡ ਇੰਪਲੀਮੈਂਟੇਸ਼ਨ ਆਫ ਨਿਊ ਇੰਨੀਸ਼ੀਏਟਿਵ" ਸਿਰਲੇਖ ਹੇਠ ਕਰਵਾਏ ਯੂਥ ਕਨਕਲੇਵ ਦੀ ਪ੍ਰਧਾਨਗੀ ਕਰਦਿਆਂ, ਸਿਹਤ ਮੰਤਰੀ ਨੇ ਵਿਦਿਆਰਥੀਆਂ ਅਤੇ ਨੌਜਵਾਨ ਆਗੂਆਂ ਨੂੰ ਰੋਲ ਮਾਡਲ ਬਣਨ ਅਤੇ ਕੈਂਪਸਾਂ ਤੋਂ ਲੈ ਕੇ ਭਾਈਚਾਰਿਆਂ ਅਤੇ ਡਿਜੀਟਲ ਪਲੇਟਫਾਰਮਾਂ ਤੱਕ ਤੰਬਾਕੂ ਕੰਟਰੋਲ ਦੀ ਲਹਿਰ ਨੂੰ ਅੱਗੇ ਵਧਾਉਣ ਲਈ ਕਿਹਾ। ਉਨ੍ਹਾਂ ਕਿਹਾ, "ਪੰਜਾਬ ਦੀ ਤਾਕਤ ਇਸ ਦੀ ਜਵਾਨੀ ਵਿੱਚ ਹੈ। ਜਦੋਂ ਨੌਜਵਾਨ ਤੰਬਾਕੂ ਨੂੰ ਦਰਕਿਨਾਰ ਕਰਦੇ ਹਨ ਤਾਂ ਸੂਬੇ ਦਾ ਭਵਿੱਖ ਆਪਣੇ ਆਪ ਸਿਹਤਮੰਦ, ਮਜ਼ਬੂਤ ਅਤੇ ਵਧੇਰੇ ਉਸਾਰੂ ਬਣ ਜਾਂਦਾ ਹੈ।"

ਇਹ ਸੰਮੇਲਨ ਜਨਰੇਸ਼ਨ ਸੇਵੀਅਰ ਐਸੋਸੀਏਸ਼ਨ (ਜੀਐਸਏ) ਵੱਲੋਂ ਜਨਤਕ ਸਿਹਤ ਵਿਭਾਗ, ਪੰਜਾਬ ਯੂਨੀਵਰਸਿਟੀ, ਵਾਈਟਲ ਸਟ੍ਰੈਟਜੀਜ਼, ਐਸ.ਆਈ. ਪੀ.ਐਚ.ਈ.ਆਰ. ਤੇ ਆਰ.ਸੀ. ਟੀ.ਸੀ., ਪੀ.ਜੀ.ਆਈ.ਐਮ.ਈ.ਆਰ. ਦੇ ਸਹਿਯੋਗ ਨਾਲ ਕਰਵਾਇਆ ਗਿਆ ਅਤੇ ਇਸ ਵਿੱਚ ਵਿਦਿਆਰਥੀਆਂ, ਮਾਹਿਰਾਂ ਤੇ ਸਿਵਲ ਸੋਸਾਇਟੀ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ। ਡਾ. ਬਲਬੀਰ ਸਿੰਘ ਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਤੰਬਾਕੂ ਨਾ ਸਿਰਫ਼ ਮਨੁੱਖੀ ਸਰੀਰ ਨੂੰ ਪ੍ਰਭਾਵਿਤ ਕਰਦਾ ਹੈ, ਸਗੋਂ ਮਨੁੱਖੀ ਮਨ ਨੂੰ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਕਰਦਾ ਹੈ, ਜਿਸ ਨਾਲ ਵਿਅਕਤੀ ਮਾਨਸਿਕ ਤੌਰ 'ਤੇ ਬਿਮਾਰ ਹੋ ਜਾਂਦਾ ਹੈ ਅਤੇ ਉਸ ਨੂੰ ਖੁਦਕੁਸ਼ੀ ਦੀ ਪ੍ਰਵਿਰਤੀ ਸਮੇਤ ਕਈ ਮਾਨਸਿਕ ਸਿਹਤ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਅੱਗੇ ਕਿਹਾ, "ਤੰਬਾਕੂ ਦੀ ਵਰਤੋਂ ਨਸ਼ਿਆਂ ਦੇ ਆਦੀ ਹੋਣ ਦੇ ਨਾਲ-ਨਾਲ ਅਪਰਾਧਾਂ ਵੱਲ ਲੈ ਜਾਂਦੀ ਹੈ। ਇਸ ਲਈ ਸਾਨੂੰ ਸਾਰਿਆਂ ਨੂੰ ਇਸ ਲਾਹਨਤ ਨੂੰ ਜੜ੍ਹੋਂ ਖਤਮ ਕਰਨ ਤੇ ਆਪਣੇ ਸਮਾਜ ਨੂੰ ਬਚਾਉਣ ਲਈ ਅੱਗੇ ਆਉਣਾ ਚਾਹੀਦਾ ਹੈ।"

ਸਿਹਤ ਮੰਤਰੀ ਨੇ ਤੰਬਾਕੂ ਕੰਟਰੋਲ ਸਬੰਧੀ ਪੰਜਾਬ ਦੀਆਂ ਪ੍ਰਮੁੱਖ ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਰਾਸ਼ਟਰੀ ਪਰਿਵਾਰਕ ਸਿਹਤ ਸਰਵੇਖਣ (ਐਨਐਫਐਚਐਸ-5) ਮੁਤਾਬਕ, ਦੇਸ਼ ਭਰ ਦੇ ਮੁਕਾਬਲੇ ਸੂਬੇ ਵਿੱਚ ਤੰਬਾਕੂ ਦੀ ਵਰਤੋਂ ਸਭ ਤੋਂ ਘੱਟ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਹ ਸਫਲਤਾ ਸਿਗਰਟ ਅਤੇ ਹੋਰ ਤੰਬਾਕੂ ਉਤਪਾਦ ਐਕਟ (ਕੋਟਪਾ) ਨੂੰ ਸਖ਼ਤੀ ਨਾਲ ਲਾਗੂ ਕਰਨ, ਈ-ਸਿਗਰੇਟ ਵਿਰੁੱਧ ਤੁਰੰਤ ਕਾਰਵਾਈ ਕਰਨ, ਹੁੱਕਾ ਬਾਰਾਂ 'ਤੇ ਸਥਾਈ ਪਾਬੰਦੀ ਲਗਾਉਣ ਅਤੇ ਸਾਰੇ ਜ਼ਿਲ੍ਹਿਆਂ ਵਿੱਚ ਮੁਫਤ ਤੰਬਾਕੂ ਛੁਡਾਊ ਕੇਂਦਰ ਸਥਾਪਿਤ ਕਰਨ ਸਦਕਾ ਹਾਸਲ ਹੋਈ ਹੈ। ਡਾ. ਬਲਬੀਰ ਸਿੰਘ ਨੇ ਕਿਹਾ, "ਇਹ ਅੰਕੜੇ ਨੀਤੀਗਤ ਸਫਲਤਾ ਨੂੰ ਦਰਸਾਉਂਦੇ ਹਨ, ਪਰ ਅਸਲ ਜਿੱਤ ਉਦੋਂ ਹੋਵੇਗੀ ਜਦੋਂ ਤੰਬਾਕੂ ਦੀ ਵਰਤੋਂ ਨੂੰ ਸਮਾਜਿਕ ਤੌਰ 'ਤੇ ਨਕਾਰ ਦਿੱਤਾ ਜਾਵੇਗਾ। ਇਹ ਤਬਦੀਲੀ ਸਿਰਫ ਜਾਗਰੂਕ ਅਤੇ ਸਸ਼ਕਤ ਨੌਜਵਾਨਾਂ ਰਾਹੀਂ ਹੀ ਲਿਆਂਦੀ ਜਾ ਸਕਦੀ ਹੈ।" ਉਨ੍ਹਾਂ ਨੇ ਨੌਜਵਾਨ ਕੇਂਦ੍ਰਿਤ ਰਣਨੀਤੀਆਂ ਦੀ ਮਹੱਤਤਾ ਨੂੰ ਦਰਸਾਉਣ ਲਈ "ਭਾਰਤ ਵਿੱਚ ਤੰਬਾਕੂ-ਮੁਕਤ ਪੀੜ੍ਹੀ ਸਿਰਜਣ ਪ੍ਰਤੀ ਨੌਜਵਾਨਾਂ ਦੀ ਸੋਚ" ਸਿਰਲੇਖ ਹੇਠ 10 ਸੂਬਿਆਂ ਦੀ ਵਿਆਪਕ ਸਟੱਡੀ ਵੀ ਜਾਰੀ ਕੀਤੀ।

ਇਸ ਸਮਾਗਮ ਵਿੱਚ ਆਰ.ਸੀ. ਟੀ.ਸੀ.-ਪੀ.ਜੀ.ਆਈ.ਐਮ.ਈ.ਆਰ. ਦੀ ਮੁੱਖੀ ਡਾ. ਸੋਨੂੰ ਗੋਇਲ; ਐਸ.ਆਈ. ਪੀ.ਐਚ.ਈ.ਆਰ. ਦੇ ਪ੍ਰਧਾਨ ਡਾ. ਰਾਕੇਸ਼ ਗੁਪਤਾ; ਵਾਈਟਲ ਸਟ੍ਰੈਟਜੀਜ਼ ਦੇ ਰੀਜ਼ਨਲ ਡਾਇਰੈਕਟਰ ਡਾ. ਰਾਣਾ ਜੇ. ਸਿੰਘ; ਡਾ. ਮੀਰਾ ਆਗੀ; ਡਾਇਰੈਕਟਰ ਜੀ.ਐਸ.ਏ. ਸ੍ਰੀਮਤੀ ਓਪਿੰਦਰ ਪ੍ਰੀਤ ਕੌਰ ਗਿੱਲ; ਯੂ.ਪੀ.ਵੀ.ਐਚ.ਏ. ਦੇ ਕਾਰਜਕਾਰੀ ਡਾਇਰੈਕਟਰ ਸ੍ਰੀ ਵਿਵੇਕ ਅਵਸਥੀ ਅਤੇ ਐਮ.ਏ.ਐਨ.ਟੀ. ਸ੍ਰੀ ਸਪਤਰਿਸ਼ੀ ਬਾਸੂ ਰਾਏ ਮੌਜੂਦ ਸਨ।

### ਅਕਾਲੀ ਦਲ ਦੇ ਵਫ਼ਦ ਵੱਲੋਂ ਰਾਜਪਾਲ ਨਾਲ ਮੁਲਾਕਾਤ

## ਬਿਕਰਮ ਸਿੰਘ ਮਜੀਠੀਆ ਦੀ ਜਾਨ ਦੀ ਰਾਖੀ ਯਕੀਨੀ ਬਣਾਉਣ ਲਈ ਲੋੜੀਂਦੀਆਂ ਹਦਾਇਤਾਂ ਦੇਣ ਦੀ ਮੰਗ

ਚੰਡੀਗੜ੍ਹ, 16 ਜਨਵਰੀ (ਚ.ਨ.ਸ.): ਸ਼੍ਰੋਮਣੀ ਅਕਾਲੀ ਦਲ ਨੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਅਪੀਲ ਕੀਤੀ ਕਿ ਉਹ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਜਾਨ ਦੀ ਰਾਖੀ ਯਕੀਨੀ ਬਣਾਉਣ ਵਾਸਤੇ ਲੋੜੀਂਦੀਆਂ ਹਦਾਇਤਾਂ ਜਾਰੀ ਕਰਨ ਕਿਉਂਕਿ ਪਾਰਟੀ ਨੂੰ ਆਮ ਆਦਮੀ ਪਾਰਟੀ (ਆਪ) ਸਰਕਾਰ ਜਾਂ ਡੀ ਜੀ ਪੀ 'ਤੇ ਵਿਸ਼ਵਾਸ ਨਹੀਂ ਹੈ ਕਿ ਪੰਜਾਬ ਸਰਕਾਰ ਸੀਨੀਅ ਅਕਾਲੀ ਆਗੂ ਦੀ ਜਾਨਮਾਲ ਦੀ ਰਾਖੀ ਵਾਸਤੇ ਪ੍ਰਭਾਵਸ਼ਾਲੀ ਕਦਮ ਚੁੱਕੇਗੀ। ਅੱਜ ਦੇਰ ਸ਼ਾਮ ਇਥੇ ਲੋਕ ਭਵਨ ਵਿਖੇ ਰਾਜਪਾਲ ਨੂੰ ਸੌਂਪੇ ਮੰਗ ਪੱਤਰ ਵਿਚ ਅਕਾਲੀ ਦਲ ਦੇ ਵਫਦ ਵਿਚ ਸ਼ਾਮਲ ਅਕਾਲੀ ਆਗੂਆਂ ਨੇ ਰਾਜਪਾਲ ਨੂੰ ਬਿਕਰਮ ਸਿੰਘ ਮਜੀਠੀਆ ਦੀ ਜਾਨ ਨੂੰ ਦਰਪੇਸ਼ ਗੰਭੀਰ ਖ਼ਤਰੇ ਤੋਂ ਜਾਣੂ ਕਰਵਾਇਆ ਤੇ ਦੱਸਿਆ ਕਿ ਕਿਵੇਂ ਉਹਨਾਂ ਦੇ ਮੌਲਿਕ ਅਧਿਕਾਰਾਂ ਦੀ ਉਲੰਘਣਾ ਦੇ ਨਾਲ-ਨਾਲ ਆਪ ਸਰਕਾਰ ਦੇ ਇਸ਼ਾਰੇ 'ਤੇ ਉਹਨਾਂ ਨਾਲ ਗਲਤ ਵਿਹਾਰ ਹੋ ਰਿਹਾ ਹੈ। ਇਹਨਾਂ ਸੀਨੀਅਰ ਆਗੂਆਂ ਵਿਚ ਬਲਵਿੰਦਰ ਸਿੰਘ ਭੂੰਦੜ, ਮਹੇਸ਼ਇੰਦਰ ਸਿੰਘ ਗਰੇਵਾਲਡਾਕਟਰ ਦਲਜੀਤ ਸਿੰਘ ਚੀਮਾ, ਗਨੀਵ ਕੌਰ ਮਜੀਠੀਆ, ਐਡ. ਅਰਸ਼ਦੀਪ ਸਿੰਘ ਕਲੇਰ ਤੇ ਐਡ. ਦਮਨਬੀਰ ਸਿੰਘ ਸੋਬਤੀ, ਸ਼ਾਮਲ ਸਨ ਜਿਹਨਾਂ ਨੇ ਆਖਿਆ ਕਿ ਮਜੀਠੀਆ ਤੇ ਉਹਨਾਂ ਦੇ ਪਰਿਵਾਰਕ ਮੈਂਬਰਾਂ ਦੀ ਜਾਨ ਮਾਲ ਦੀ ਰਾਖੀ ਵਾਸਤੇ ਢੁਕਵੇਂ ਕਦਮ ਨਹੀਂ ਚੁੱਕੇ ਜਾ ਰਹੇ ਹਾਲਾਂਕਿ ਹਾਈ ਕੋਰਟ ਨੇ ਸਪਸ਼ਟ ਹਦਾਇਤਾਂ ਕੀਤੀਆਂ ਹਨ ਕਿ ਕੇਂਦਰੀ ਏਜੰਸੀਆਂ ਤੋਂ ਆਈ ਰਿਪੋਰਟ ਦੇ ਮੁਤਾਬਕ ਬੱਬਰ ਖਾਲਸਾ ਇੰਟਰਨੈਸ਼ਨਲ (ਬੀ ਕੇ ਆਈ) ਸਰਦਾਰ ਮਜੀਠੀਆ ਨੂੰ ਨਿਸ਼ਾਨਾ ਬਣਾਉਣਾ ਚਾਹੁੰਦੀ ਹੈ। ਇਹਨਾਂ ਆਗੂਆਂ ਨੇ ਜ਼ੋਰ ਦੇ ਕੇ ਕਿਹਾ ਕਿ ਅੱਖਾਂ ਪੂੰਝਣ ਦੇ ਮਾਰੇ ਤੇ ਅਕਾਲੀ ਆਗੂ ਦੇ ਮੌਲਿਕ ਅਧਿਕਾਰਾਂ ਦੀ ਉਲੰਘਣਾ ਕਰਦਿਆਂ ਨਾਭਾ ਜੇਲ੍ਹ ਵਿਚ ਜਿਸ ਸੈਲ ਵਿਚ ਉਹ ਬੰਦ ਹਨ, ਉਥੇ ਸੀ ਸੀ ਟੀ ਵੀ ਕੈਮਰੇ ਲਗਾਏ ਜਾ ਰਹੇ ਹਨ। ਉਹਨਾਂ ਕਿਹਾ ਕਿ ਇਹਨਾਂ ਵਾਧੂ ਕੈਮਰਿਆਂ ਦੀ ਜ਼ਰੂਰਤ ਨਹੀਂ ਹੈ ਕਿਉਂਕਿ ਪਹਿਲਾਂ ਹੀ ਮਜੀਠੀਆ ਦੇ ਹਰ ਵਕਤ ਦੀ ਵੀਡੀਓ ਰਿਕਾਰਡਿੰਗ ਵਾਸਤੇ ਕੈਮਰੇ ਲੱਗੇ ਹੋਏ ਹਨ। ਉਹਨਾਂ ਕਿਹਾ ਕਿ ਮਜੀਠੀਆ ਦੇ ਗੁਸਲਖਾਨੇ ਵੱਲ ਕੈਮਰਾ ਲਗਾਉਣ ਦਾ ਮਕਸਦ ਉਹਨਾਂ ਦੀ ਇਤਰਾਜ਼ਯੋਗ ਬਿਨਾਂ ਦਸਤਾਰ ਤੇ ਪਰਨੇ ਦੀ ਵੀਡੀਓ ਰਿਕਾਰਡ ਕਰਨਾ ਹੈ। ਇਹਨਾਂ ਆਗੂਆਂ ਨੇ ਕਿਹਾ ਕਿ ਇਸ ਸਭ ਦਾ ਮਕਸਦ ਅਕਾਲੀ ਆਗੂ ਦੀ ਨਿੱਜਤਾ 'ਤੇ ਹਮਲਾ ਤੇ ਉਹਨਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣਾ ਹੈ। ਸਾਰੇ ਕੇਸ ਦੀ ਜਾਣਕਾਰੀ ਸਾਂਝੀ ਕਰਦਿਆਂ ਇਹਨਾਂ ਆਗੂਆਂ ਨੇ ਦੱਸਿਆ ਕਿ ਮਜੀਠੀਆ ਦੀ ਸੁਰੱਖਿਆ ਨਾਲ ਸਮਝੌਤੇ ਦੀ ਸ਼ੁਰੂਆਤ 29 ਮਾਰਚ ਨੂੰ ਮੁੱਖ ਮੰਤਰੀ ਤੇ ਏ ਡੀ ਜੀ ਪੀ ਸੁਰੱਖਿਆ ਦੇ ਇਸ਼ਾਰੇ 'ਤੇ ਹੋਈ ਜਦੋਂ ਅਕਾਲੀ ਆਗੂ ਦੀ ਜ਼ੈਡ ਪਲੱਸ ਸੁਰੱਖਿਆ ਧੱਕੇ ਨਾਲ ਅਤੇ ਗੈਰ ਕਾਨੂੰਨੀ ਤਰੀਕੇ ਨਾਲ ਵਾਪਸ ਲੈ ਲਈ ਗਈ।

ਉਹਨਾਂ ਦੱਸਿਆ ਕਿ ਇਸ ਸਾਲ 1 ਜਨਵਰੀ ਨੂੰ ਦੋ ਡੀ ਆਈ ਜੀ ਜੇਲ੍ਹ ਵਿਚ ਮਜੀਠੀਆ ਨੂੰ ਮਿਲੇ ਤੇ ਉਹਨਾਂ ਨੂੰ ਦੱਸਿਆ ਕਿ ਉਹਨਾਂ ਦੀ ਜਾਨ ਨੂੰ ਬੀ ਕੇ ਆਈ ਤੋਂ ਖ਼ਤਰਾ ਹੈ। ਉਹਨਾਂ ਕਿਹਾ ਕਿ ਜਦੋਂ ਇਸ ਮਾਮਲੇ 'ਤੇ ਪੁੱਛੇ ਜਾਣ ਦੇ ਬਾਵਜੂਦ ਵੀ ਜੇਲ੍ਹ ਸੁਪਰਡੈਂਟ ਨੇ ਚੁੱਪੀ ਵੱਟੀ ਰੱਖੀ ਤਾਂ ਮਜੀਠੀਆ ਨੇ ਚੀਫ ਜੁਡੀਸ਼ੀਅਲ ਮੈਜਿਸਟਰੇਟ ਨੂੰ ਆਪਣੀ ਜਾਨ ਨੂੰ ਦਰਪੇਸ਼ ਖ਼ਤਰੇ ਤੋਂ ਜਾਣੂ ਕਰਵਾਇਆ। ਇਹ ਵੀ ਦੱਸਿਆ ਗਿਆ ਕਿ ਮਜੀਠੀਆ ਦੇ ਵਕੀਲ ਨੂੰ ਸੀਨੀਅਰ ਆਗੂ ਦੀ ਜਾਨ ਨੂੰ ਖ਼ਤਰੇ ਬਾਰੇ ਕੇਂਦਰੀ ਖੁਫੀਆ ਏਜੰਸੀਆਂ ਤੋਂ ਪ੍ਰਾਪਤ ਰਿਪੋਰਟਾਂ ਬਾਰੇ ਵੀ ਨਹੀਂ ਦੱਸਿਆ ਗਿਆ।

ਇਹ ਵੀ ਦੱਸਿਆ ਗਿਆ ਕਿ ਖੁਫੀਆ ਤੰਤਰ ਦੀਆਂ ਰਿਪੋਰਟਾਂ ਉਸੇ ਤਰੀਕੇ ਮੀਡੀਆ ਵਿਚ ਫੈਲਾ ਦਿੱਤੀਆਂ ਗਈਆਂ ਜਿਸ ਨਾਲ ਗੈਂਗਸਟਰਾਂ ਨੂੰ ਸਿੱਧੂ ਮੂਸੇਵਾਲਾ ਦੀ ਸੁਰੱਖਿਆ ਵਾਪਸ ਲੈਣ ਦਾ ਪਤਾ ਲੱਗਾ ਸੀ।



ਇਹ ਵੀ ਦੱਸਿਆ ਗਿਆ ਕਿ ਕਿਵੇਂ ਗਨੀਵ ਕੌਰ ਮਜੀਠੀਆ 15 ਜਨਵਰੀ ਨੂੰ ਨਾਭਾ ਜੇਲ੍ਹ ਵਿਚ ਆਪਣੇ ਪਤੀ ਨੂੰ ਮਿਲੀ ਤਾਂ ਉਸ ਵਾਸਤੇ ਸਪੈਸ਼ਲ ਕੈਮਰੇ ਲਗਾਏ ਗਏ ਸਨ। ਉਹਨਾਂ ਖਦਸ਼ਾ ਪ੍ਰਗਟ ਕੀਤਾ ਕਿ ਇਹਨਾਂ ਕੈਮਰਿਆਂ ਵਿਚ ਮਾਈਕ ਹੋ ਸਕਦੇ ਹਨ। ਇਹਨਾਂ ਆਗੂਆਂ ਨੇ ਰਾਜਪਾਲ ਨੂੰ ਅਪੀਲ ਕੀਤੀ ਕਿ ਉਹਨਾਂ ਨੂੰ ਰਾਜ ਸਰਕਾਰ ਜਾਂ ਡੀ ਜੀ ਪੀ ਪੰਜਾਬ ਵਿਚ ਕੋਈ ਵਿਸ਼ਵਾਸ ਨਹੀਂ ਹੈ ਤੇ ਮਜੀਠੀਆ ਦਾ ਕੋਈ ਨੁਕਸਾਨ ਹੋਣ ਦਾ ਡਰ ਹੈ ਤੇ ਜੇਕਰ ਅਜਿਹਾ ਹੁੰਦਾ ਹੈ ਤਾਂ ਇਸ ਲਈ ਮੁੱਖ ਮੰਤਰੀ ਤੇ ਡੀ ਜੀ ਪੀ ਦੀ ਗੰਢਤੁੱਪ ਹੀ ਜ਼ਿੰਮੇਵਾਰ ਹੋਵੇਗੀ। ਵਫਦ ਨੇ ਕਿਹਾ ਕਿ ਪੰਜਾਬ ਕੇਸਰੀ ਗਰੁੱਪ ਨੂੰ 21 ਅਕਤੂਬਰ 2015 ਨੂੰ ਉਦੋਂ ਤੋਂ ਹੀ ਡਰਾਇਆ ਜਾ ਰਿਹਾ ਹੈ ਜਦੋਂ ਤੋਂ ਇਸਨੇ ਆਪ ਦੇ ਕੌਮੀ ਕਨਵੀਨਰ ਖਿਲਾਫ ਵਿਰੋਧੀ ਧਿਰਾਂ ਵੱਲੋਂ ਲਗਾਏ ਦੋਸ਼ਾਂ ਦੀ ਖ਼ਬਰ ਪ੍ਰਕਾਸ਼ਤ ਕੀਤੀ ਹੈ। ਉਹਨਾਂ ਕਿਹਾ ਕਿ ਇਸ ਉਪਰੰਤ 2 ਨਵੰਬਰ ਤੋਂ ਪੰਜਾਬ ਕੇਸਰੀ ਗਰੁੱਪ ਦੇ ਸਾਰੇ ਸਰਕਾਰੀ ਇਸ਼ਤਿਹਾਰ ਰੋਕ ਦਿੱਤੇ ਗਏ ਤੇ ਜਨਵਰੀ ਵਿਚ ਇਸਦੀਆਂ ਪ੍ਰਿੰਟਿੰਗ ਪ੍ਰੈਸਾਂ ਦੇ ਨਾਲ-ਨਾਲ ਗਰੁੱਪ ਦੇ ਜਲੰਧਰ ਹੋਟਲ ਵਿਚ ਛਾਪੇਮਾਰੀ ਕੀਤੀ ਜਾ ਰਹੀ ਹੈ। ਵਫਦ ਨੇ ਦੱਸਿਆ ਕਿ ਹੋਟਲ ਦਾ ਬਿਜਲੀ ਕੁਨੈਕਸ਼ਨ ਕੱਟ ਦਿੱਤਾ ਗਿਆ ਹੈ ਤੇ ਪ੍ਰਵਾਨਗੀਆਂ ਰੱਦ ਕਰ ਦਿੱਤੀਆਂ ਗਈਆਂ ਹਨ।



## ਸੰਪਾਦਕੀ

# ਈਰਾਨ ਸੰਕਟ ਤੇ ਭਾਰਤ

ਈਰਾਨ ਸੰਕਟ ਹੋਰ ਡੂੰਘਾ ਹੋ ਗਿਆ ਹੈ। ਅਮਰੀਕਾ ਨਾਲ ਵਧਦੇ ਤਣਾਅ ਦੇ ਵਿਚਕਾਰ, ਈਰਾਨ ਨੇ ਵਪਾਰਕ ਉਡਾਣਾਂ ਲਈ ਆਪਣਾ ਹਵਾਈ ਖੇਤਰ ਬੰਦ ਕਰ ਦਿੱਤਾ ਹੈ। ਭਾਰਤ ਲਈ ਇਹ ਸੰਕਟ ਸਿਰਫ਼ ਇੱਕ ਦੂਰ ਦੀ ਅੰਦਰੂਨੀ ਉਥਲ-ਪੁਥਲ ਨਹੀਂ ਹੈ, ਸਗੋਂ ਪੱਛਮੀ ਅਤੇ ਮੱਧ ਏਸ਼ੀਆ ਵਿੱਚ ਰਣਨੀਤਕ, ਆਰਥਿਕ ਅਤੇ ਭੂ-ਰਾਜਨੀਤਿਕ ਹਿੱਤਾਂ ਨਾਲ ਸਿੱਧਾ ਜੁੜਿਆ ਹੋਇਆ ਹੈ। ਅਮਰੀਕਾ ਨਾਲ ਈਰਾਨ ਦੀ ਦੁਸ਼ਮਣੀ ਨੂੰ ਦੇਖਦੇ ਹੋਏ, ਉੱਥੇ ਸਥਿਤੀ ਸਪੱਸ਼ਟ ਤੌਰ 'ਤੇ ਵਿਗੜ ਗਈ ਹੈ। ਇਸ ਸੰਦਰਭ ਵਿੱਚ ਨਵੀਂ ਦਿੱਲੀ ਨੇ ਇੱਕ ਸਾਵਧਾਨ ਅਤੇ ਵਿਹਾਰਕ ਕੂਟਨੀਤਕ ਪਹੁੰਚ ਬਣਾਈ ਰੱਖੀ ਹੈ। ਭਾਰਤ ਨੇ ਰਣਨੀਤਕ ਸਹਿਯੋਗ ਵਿੱਚ ਥੋੜ੍ਹੇ ਸਮੇਂ ਦੇ ਵਿਘਨਾਂ ਨੂੰ ਰੋਕਣ ਲਈ ਈਰਾਨ ਦੀ ਰਾਜਨੀਤਿਕ ਲੀਡਰਸ਼ਿਪ ਨਾਲ ਸੰਪਰਕ ਬਣਾਈ ਰੱਖਿਆ ਹੈ। ਹੁਣ, ਜਿਵੇਂ-ਜਿਵੇਂ ਸਥਿਤੀ ਕਾਬੂ ਤੋਂ ਬਾਹਰ ਹੋ ਰਹੀ ਹੈ, ਉੱਥੇ ਫਸੇ ਹਜ਼ਾਰਾਂ ਭਾਰਤੀਆਂ ਦੀ ਸੁਰੱਖਿਆ ਬਾਰੇ ਸਵਾਲ ਉਠਾਏ ਜਾ ਰਹੇ ਹਨ। ਵਿਦੇਸ਼ ਮੰਤਰਾਲੇ ਦਾ ਕਹਿਣਾ ਹੈ ਕਿ ਉਸਦੇ ਅਧਿਕਾਰੀ ਵੱਖ-ਵੱਖ ਖੇਤਰਾਂ ਨਾਲ ਸੰਪਰਕ ਕਰ ਰਹੇ ਹਨ ਅਤੇ ਉਨ੍ਹਾਂ ਨੂੰ ਕੱਢਣ ਅਤੇ ਘਰ ਵਾਪਸ ਲਿਆਉਣ ਲਈ ਕੰਮ ਕਰ ਰਹੇ ਹਨ। ਤਹਿਰਾਨ ਵਿੱਚ ਭਾਰਤੀ ਦੂਤਾਵਾਸ ਨੇ ਕਿਹਾ ਹੈ ਕਿ ਉਸਦੇ ਨਾਗਰਿਕਾਂ ਨੂੰ ਕੱਢਣ ਲਈ ਤਿਆਰੀਆਂ ਪੂਰੀਆਂ ਹੋ ਗਈਆਂ ਹਨ ਅਤੇ ਪਹਿਲਾ ਜੱਥਾ ਸ਼ੁੱਕਰਵਾਰ ਨੂੰ ਭਾਰਤ ਪਹੁੰਚੇਗਾ। ਈਰਾਨ ਵਿੱਚ ਸੱਤਾਧਾਰੀ ਸੰਸਥਾ ਜਨਤਾ ਅਤੇ ਜਾਣਕਾਰੀ ਦੋਵਾਂ 'ਤੇ ਕੰਟਰੋਲ ਗੁਆਉਣ ਬਾਰੇ ਚਿੰਤਤ ਹੈ। ਇਹ ਸਿਰਫ਼ ਨਾਗਰਿਕਾਂ ਬਾਰੇ ਨਹੀਂ ਹੈ, ਉੱਥੇ ਦੀ ਪੂਰੀ ਸਥਿਤੀ ਨੇ ਹਰ ਤਰ੍ਹਾਂ ਨਾਲ ਭਾਰਤ ਦੀਆਂ ਚਿੰਤਾਵਾਂ ਨੂੰ ਵਧਾ ਦਿੱਤਾ ਹੈ। ਭਾਰਤ ਦੀ ਸਭ ਤੋਂ ਵੱਡੀ ਚਿੰਤਾ ਚਾਬਹਾਰ ਬੰਦਰਗਾਹ ਪ੍ਰੋਜੈਕਟ ਹੈ, ਜਿਸ ਵਿੱਚ ਇਸਨੇ ਅਰਬਾਂ ਡਾਲਰ ਦਾ ਨਿਵੇਸ਼ ਕੀਤਾ ਹੈ। ਇਹ ਪ੍ਰੋਜੈਕਟ ਪਾਕਿਸਤਾਨ ਨੂੰ ਬਾਈਪਾਸ ਕਰਕੇ ਅਫਗਾਨਿਸਤਾਨ, ਮੱਧ ਏਸ਼ੀਆ, ਰੂਸ ਅਤੇ ਯੂਰਪ ਲਈ ਇੱਕ ਰਣਨੀਤਕ ਗੇਟਵੇ ਵਜੋਂ ਕੰਮ ਕਰਦਾ ਹੈ। ਈਰਾਨ ਵਿੱਚ ਲੰਬੇ ਸਮੇਂ ਤੋਂ ਚੱਲ ਰਹੀ ਅਸਥਿਰਤਾ ਪ੍ਰੋਜੈਕਟ ਦੀ ਸਮਾਂਬੱਧਤਾ ਅਤੇ ਰਣਨੀਤਕ ਮਹੱਤਤਾ, ਖਾਸ ਕਰਕੇ ਚਾਬਹਾਰ-ਜ਼ਾਹਿਦਾਨ ਰੇਲਵੇ ਲਾਈਨ ਨੂੰ ਖ਼ਤਰਾ ਹੈ। ਅਸ਼ਾਂਤ ਵਾਤਾਵਰਣ ਚੀਨ ਨੂੰ ਆਪਣੇ ਪ੍ਰਭਾਵ ਨੂੰ ਵਧਾਉਣ ਦਾ ਮੌਕਾ ਵੀ ਪ੍ਰਦਾਨ ਕਰ ਸਕਦਾ ਹੈ, ਜਿਸ ਨਾਲ ਭਾਰਤ ਦੀ ਖੇਤਰੀ ਅਤੇ ਸਮੁੰਦਰੀ ਸਥਿਤੀ ਬਾਰੇ ਸਵਾਲ ਖੜ੍ਹੇ ਹੋ ਸਕਦੇ ਹਨ। ਖੇਤਰੀ ਗਤੀਸ਼ੀਲਤਾ ਤੋਂ ਪਰੇ, ਭਾਰਤ ਦੇ ਊਰਜਾ ਹਿੱਤ ਵੀ ਦਾਅ 'ਤੇ ਹਨ, ਕਿਉਂਕਿ ਈਰਾਨ ਵਿੱਚ ਰਾਜਨੀਤਿਕ ਉਥਲ-ਪੁਥਲ ਖੇਤਰੀ ਊਰਜਾ ਗਤੀਸ਼ੀਲਤਾ ਨੂੰ ਵਿਗਾੜ ਸਕਦੀ ਹੈ ਅਤੇ ਭਵਿੱਖ ਦੇ ਸਹਿਯੋਗ ਨੂੰ ਸੀਮਤ ਕਰ ਸਕਦੀ ਹੈ। ਇੱਕ ਨਵੀਂ ਚਿੰਤਾ ਟਰੰਪ ਪ੍ਰਸ਼ਾਸਨ ਦੇ ਈਰਾਨ ਨਾਲ ਵਪਾਰ ਕਰਨ ਵਾਲੇ ਦੇਸ਼ਾਂ 'ਤੇ 25 ਪ੍ਰਤੀਸ਼ਤ ਟੈਰਿਫ ਨਾਲ ਸਬੰਧਤ ਹੈ। ਇਸ ਸਾਲ ਭਾਰਤ ਬ੍ਰਿਕਸ ਦੀ ਪ੍ਰਧਾਨਗੀ ਕਰਦਾ ਹੈ ਅਤੇ ਲਗਾਤਾਰ ਗਲੋਬਲ ਦੱਖਣ ਦੀ ਆਵਾਜ਼ ਨੂੰ ਸਮਰਥਨ ਦਿੰਦਾ ਰਿਹਾ ਹੈ, ਜਿਸ ਨਾਲ ਇਸਦੀ ਭੂਮਿਕਾ ਮਹੱਤਵਪੂਰਨ ਬਣ ਗਈ ਹੈ। ਭਾਰਤ ਲਈ ਚੁਣੌਤੀ ਈਰਾਨ ਦੇ ਅੰਦਰੂਨੀ ਟਕਰਾਅ ਜਾਂ ਸੁਪਰਪਾਵਰ ਦੁਸ਼ਮਣੀ ਵਿੱਚ ਫਸੇ ਬਿਨਾਂ ਆਪਣੇ ਰਣਨੀਤਕ ਹਿੱਤਾਂ ਦੀ ਰੱਖਿਆ ਕਰਨਾ ਹੈ। ਤਹਿਰਾਨ ਵਿੱਚ ਸਥਿਤੀ ਗੁੰਝਲਦਾਰ ਜਾਪਦੀ ਹੈ। ਭਾਰਤ-ਈਰਾਨ ਸਬੰਧ ਕਦੇ ਵੀ ਵਿਚਾਰਧਾਰਾ ਦੁਆਰਾ ਸੰਚਾਲਿਤ ਨਹੀਂ ਹੋਏ ਹਨ। ਉਹ ਭੂਗੋਲ, ਪਹੁੰਚ ਅਤੇ ਖੇਤਰੀ ਸੰਤੁਲਨ ਦੀ ਜ਼ਰੂਰਤ ਦੁਆਰਾ ਆਕਾਰ ਦਿੱਤੇ ਜਾਂਦੇ ਹਨ। ਈਰਾਨ ਵਿੱਚ ਕੋਈ ਵੀ ਵੱਡਾ ਝਟਕਾ ਭਾਰਤ ਦੇ ਲੰਬੇ ਸਮੇਂ ਤੋਂ ਸਥਾਪਿਤ ਵਪਾਰਕ ਮਾਰਗਾਂ, ਕੂਟਨੀਤਕ ਗੱਠਜੋੜਾਂ ਅਤੇ ਸੁਰੱਖਿਆ ਗਣਨਾਵਾਂ ਨੂੰ ਵਿਗਾੜ ਸਕਦਾ ਹੈ। ਜੇਕਰ ਸਥਿਤੀ ਵਿਗੜਦੀ ਹੈ, ਤਾਂ ਇਹ ਤੇਲ ਬਾਜ਼ਾਰ ਵਿੱਚ ਅਸਥਿਰਤਾ, ਕੀਮਤਾਂ ਵਿੱਚ ਵਾਧਾ ਅਤੇ ਵਿਸ਼ਵ ਅਰਥਵਿਵਸਥਾ 'ਤੇ ਦਬਾਅ ਵਧਾਉਣ ਦਾ ਕਾਰਨ ਬਣਨਾ ਯਕੀਨੀ ਹੈ। ਇਸ ਤੋਂ ਇਲਾਵਾ ਸ਼ਰਨਾਰਥੀਆਂ ਦੀ ਅਚਾਨਕ ਆਮਦ ਅਤੇ ਖੇਤਰੀ ਸੁਰੱਖਿਆ ਗਤੀਸ਼ੀਲਤਾ ਵਿੱਚ ਤਬਦੀਲੀ ਦੀ ਸੰਭਾਵਨਾ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।

**-ਜਗਜੀਤ ਸਿੰਘ ਦਰਦੀ**

*2027 ਬੀਜੇਪੀ ਲਈ ਇਮਤਿਹਾਨ ਦੀ ਘੜੀ*

# ਦੂਜੀਆਂ ਪਾਰਟੀਆਂ ਦੇ ਛਿਟਕੇ ਤੇ ਥੱਕੇ ਹੋਏ ਚਿਹਰੇ ਤੇ ਬਿਨਾਂ ਕਿਸੇ ਨਵੇਂ ਏਜੰਡੇ ਤੋਂ ਪਾਰਟੀ ਦਾ ਭਵਿੱਖ ਖ਼ਤਰੇ ਵਿਚ ?



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਬੀਜੇਪੀ ਦੀ ਪੰਜਾਬ ਵਿੱਚ ਨਵੀਂ ਰਣਨੀਤੀ ਤਿਆਰ ਹੈ ਅਤੇ 2027 ਵਿਧਾਨ ਸਭਾ ਚੋਣਾਂ ਵਿੱਚ ਸੱਤਾ ਹਾਸਲ ਕਰਨ ਦੇ ਸੁਪਨੇ, ਚੁਣੌਤੀਆਂ ਅਤੇ ਨਵਾਂ ਏਜੰਡਾ ਪੰਜਾਬ ਦੀ ਰਾਜਨੀਤੀ ਵਿੱਚ ਬੀਜੇਪੀ (ਭਾਰਤੀ ਜਨਤਾ ਪਾਰਟੀ) ਨੂੰ ਲੰਮੇ ਸਮੇਂ ਤੋਂ ਇੱਕ ਸੀਮਤ ਖਿਡਾਰੀ ਵਜੋਂ ਵੇਖਿਆ ਜਾਂਦਾ ਰਿਹਾ ਹੈ। ਇਤਿਹਾਸਕ ਤੌਰ ਉੱਤੇ ਪੰਜਾਬ ਵਿੱਚ ਬੀਜੇਪੀ ਦਾ ਪ੍ਰਭਾਵ ਮੁੱਖ ਤੌਰ ਉੱਤੇ ਸ਼ਹਿਰੀ ਹਿੰਦੂ ਵੋਟਾਂ ਅਤੇ ਦੋਆਬਾ ਖੇਤਰ ਤੱਕ ਸੀਮਤ ਰਿਹਾ ਹੈ ਪਰ 2020 ਵਿੱਚ ਖੇਤੀ ਕਾਨੂੰਨਾਂ ਵਿਰੋਧੀ ਅੰਦੋਲਨ ਤੋਂ ਬਾਅਦ ਪਾਰਟੀ ਨੂੰ ਵੱਡਾ ਝਟਕਾ ਲੱਗਾ ਸੀ, ਜਿਸ ਨਾਲ ਉਸ ਨੂੰ ਸਿੱਖ ਕਿਸਾਨਾਂ ਅਤੇ ਗ੍ਰਾਮੀਣ ਇਲਾਕਿਆਂ ਵਿੱਚ ਵਿਰੋਧੀ ਭਾਵਨਾ ਦਾ ਸਾਹਮਣਾ ਕਰਨਾ ਪਿਆ।

ਹੁਣ, ਜਨਵਰੀ 2026 ਤੱਕ ਪਹੁੰਚ ਕੇ ਬੀਜੇਪੀ ਨੇ ਪੰਜਾਬ ਉੱਤੇ ਵਿਸ਼ੇਸ਼ ਧਿਆਨ ਕੇਂਦਰਿਤ ਕੀਤਾ ਹੈ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸੱਤਾ ਹਾਸਲ ਕਰਨ ਦਾ ਸੁਪਨਾ ਵੇਖ ਰਹੀ ਹੈ। ਪਾਰਟੀ ਦੀ ਰਣਨੀਤੀ ਵਿੱਚ ਦੋ ਮੁੱਖ ਪਹਿਲੂ ਹਨ। ਅੱਜ ਇੱਕ ਪਾਸੇ ਵਿਰੋਧੀ ਪਾਰਟੀਆਂ (ਮੁੱਖ ਤੌਰ ਉੱਤੇ ਕਾਂਗਰਸ ਅਤੇ ਅਕਾਲੀ ਦਲ) ਤੋਂ ਵੱਡੇ ਨੇਤਾਵਾਂ ਨੂੰ ਆਪਣੇ ਨਾਲ ਜੋੜਨਾ (ਐਲੀਟ ਇੰਡਕਸ਼ਨ) ਅਤੇ ਦੂਜੇ ਪਾਸੇ ਇਕੱਲੇ ਚੱਲ ਕੇ ਆਪਣੀ ਗ੍ਰਾਸਰੂਟ ਆਰਗੇਨਾਈਜ਼ੇਸ਼ਨ ਨੂੰ ਮਜ਼ਬੂਤ ਕਰਨਾ। ਖਾਸ ਕਰਕੇ ਮਾਲਵਾ ਬੈਲਟ (ਜਿੱਥੇ 69 ਵਿਧਾਨ ਸਭਾ ਸੀਟਾਂ ਹਨ) ਵਿੱਚ ਬੀਜੇਪੀ ਨੇ ਆਪਣਾ ਫੋਕਸ ਵਧਾਇਆ ਹੈ, ਜੋ ਅਕਾਲੀ ਦਲ ਅਤੇ ਕਾਂਗਰਸ ਦਾ ਪੁਰਾਣਾ ਗੜ੍ਹ ਰਿਹਾ ਹੈ। ਬੀਜੇਪੀ ਦਾ ਇਤਿਹਾਸਕ ਪਿਛੋਕੜ ਅਤੇ ਹਾਲੀਆ ਪ੍ਰਦਰਸ਼ਨ ਬੀਜੇਪੀ ਦੀ ਪੰਜਾਬ ਵਿੱਚ ਸ਼ੁਰੂਆਤ ਜਨ ਸੰਘ ਤੋਂ ਹੋਈ ਸੀ, ਜੋ ਮੁੱਖ ਤੌਰ ਉੱਤੇ ਹਿੰਦੂ ਵੋਟਾਂ ਉੱਤੇ ਨਿਰਭਰ ਸੀ।

1996 ਤੋਂ 2020 ਤੱਕ ਬੀਜੇਪੀ ਨੇ ਸ਼੍ਰੋਮਣੀ ਅਕਾਲੀ ਦਲ ਨਾਲ ਗਠਜੋੜ ਕੀਤਾ ਅਤੇ ਕਈ ਵਾਰ ਸੱਤਾ ਵਿੱਚ ਰਹੀ। ਪਰ 2020 ਵਿੱਚ ਖੇਤੀ ਕਾਨੂੰਨਾਂ ਕਾਰਨ ਗਠਜੋੜ ਟੁੱਟ ਗਿਆ। 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਬੀਜੇਪੀ ਨੂੰ ਸਿਰਫ਼ 2 ਸੀਟਾਂ ਮਿਲੀਆਂ ਅਤੇ ਵੋਟ ਸ਼ੇਅਰ ਘੱਟ ਰਿਹਾ। ਪਰ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਪਾਰਟੀ ਨੇ 18.5% ਵੋਟ ਸ਼ੇਅਰ ਹਾਸਲ ਕੀਤਾ, ਜੋ ਇਸ ਦਾ ਸਭ ਤੋਂ ਵੱਧ ਵੋਟ ਸ਼ੇਅਰ ਹੈ (ਗਠਜੋੜ ਨਾਲ ਜਾਂ ਬਿਨਾਂ)। ਪਾਰਟੀ ਨੇ 24 ਵਿਧਾਨ ਸਭਾ ਹਲਕਿਆਂ ਵਿੱਚ ਲੀਡ ਕੀਤੀ, ਜਿਸ ਵਿੱਚ ਮਾਲਵਾ ਦੇ ਕੁਝ ਖੇਤਰ ਵੀ ਸ਼ਾਮਲ ਸਨ ਜਿੱਥੇ ਖੇਤੀ ਅੰਦੋਲਨ ਦਾ ਪ੍ਰਭਾਵ ਵੱਧ ਸੀ। ਇਹ ਪ੍ਰਦਰਸ਼ਨ ਬੀਜੇਪੀ ਲਈ ਉਤਸ਼ਾਹ ਵਧਾਉਂਦਾ ਹੈ। ਪਾਰਟੀ ਨੇ ਆਪਣੇ ਆਪ ਨੂੰ ਰੀਬ੍ਰਾਂਡ ਕਰਨ ਦੀ ਕੋਸ਼ਿਸ਼ ਕੀਤੀ ਹੈ ਅਤੇ ਹੁਣ ਗ੍ਰਾਮੀਣ ਇਲਾਕਿਆਂ ਵਿੱਚ ਵਧੇਰੇ ਸਰਗਰਮ ਹੈ।

ਅੱਜ ਵੱਡੇ ਨੇਤਾਵਾਂ ਨੂੰ ਜੋੜਨ ਦੀ ਰਣਨੀਤੀ ਤਿਆਰ ਕਰ ਮਾਲਵਾ ਬੈਲਟ ਉੱਤੇ ਫੋਕਸ ਬੀਜੇਪੀ ਦੀ ਸਭ ਤੋਂ ਵੱਡੀ ਰਣਨੀਤੀ ਹੈ ਵਿਰੋਧੀ ਪਾਰਟੀਆਂ ਤੋਂ ਪ੍ਰਭਾਵਸ਼ਾਲੀ ਨੇਤਾਵਾਂ ਨੂੰ ਆਪਣੇ ਨਾਲ ਜੋੜਨਾ। ਇਸ ਨੂੰ 'ਐਲੀਟ ਇੰਡਕਸ਼ਨ' ਕਿਹਾ ਜਾ ਰਿਹਾ ਹੈ। ਪੰਜਾਬ ਵਿੱਚ ਬੀਜੇਪੀ ਦਾ ਗ੍ਰਾਸਰੂਟ ਕੇਡਰ ਕਮਜ਼ੋਰ ਹੈ, ਇਸ ਲਈ ਪਾਰਟੀ ਨੇ ਅਕਾਲੀ ਦਲ ਅਤੇ ਕਾਂਗਰਸ ਦੇ ਨੇਤਾਵਾਂ ਨੂੰ ਨਿਸ਼ਾਨਾ ਬਣਾਇਆ ਹੈ। ਉਦਾਹਰਣ ਵਜੋਂ ਕੈਪਟਨ ਅਮਰਿੰਦਰ ਸਿੰਘ (ਸਾਬਕਾ ਮੁੱਖ ਮੰਤਰੀ, ਕਾਂਗਰਸ ਤੋਂ ਬੀਜੇਪੀ ਵਿੱਚ ਆਏ)। ਸੁਨੀਲ ਜਾਖੜ (ਸਾਬਕਾ ਕਾਂਗਰਸ ਪ੍ਰਧਾਨ, ਹੁਣ ਪੰਜਾਬ ਬੀਜੇਪੀ ਪ੍ਰਧਾਨ)।

ਮਨਪ੍ਰੀਤ ਸਿੰਘ ਬਾਦਲ ਅਤੇ ਪ੍ਰਨੀਤ ਕੌਰ (ਬਾਦਲ ਪਰਿਵਾਰ ਨਾਲ ਜੁੜੇ, ਮਾਲਵਾ ਬੈਲਟ ਤੋਂ) ਆਏ ਹਨ।

ਹਾਲ ਹੀ ਵਿੱਚ (ਜਨਵਰੀ 2026) ਜਗਮੀਤ ਸਿੰਘ ਬਰਾੜ (ਸਾਬਕਾ ਐੱਮਪੀ), ਉਨ੍ਹਾਂ ਦੇ ਭਰਾ ਰਿਪਜੀਤ ਸਿੰਘ ਬਰਾੜ, ਓਂਕਾਰ ਸਿੰਘ ਸਿੱਧੂ (ਸੀਐੱਮ ਮੰਨ ਦੇ ਸਾਬਕਾ ਓਐੱਸਡੀ), ਅਤੇ ਚਰਨਜੀਤ ਸਿੰਘ ਬਰਾੜ (ਅਕਾਲੀ ਦਲ ਪੁਨਰਸੁਰਜੀਤ ਤੋਂ) ਵਰਗੇ ਨੇਤਾ ਬੀਜੇਪੀ ਵਿੱਚ ਸ਼ਾਮਲ ਹੋਏ। ਇਹ ਸਾਰੇ ਮਾਲਵਾ ਬੈਲਟ ਤੋਂ ਹਨ।

ਮਾਲਵਾ ਬੈਲਟ ਵਿੱਚ ਬੀਜੇਪੀ ਨੇ ਵੱਡੀਆਂ ਗਤੀਵਿਧੀਆਂ ਕੀਤੀਆਂ ਹਨ। ਜਨਵਰੀ 2026 ਵਿੱਚ ਸ੍ਰੀ ਮੁਕਤਸਰ ਸਾਹਿਬ ਵਿੱਚ ਮਾਘੀ ਮੇਲੇ ਵਿੱਚ ਪਹਿਲੀ ਵਾਰ ਵੱਡੀ ਰਾਜਨੀਤਕ ਕਾਨਫਰੰਸ ਕੀਤੀ ਗਈ, ਜਿੱਥੇ ਮਨਪ੍ਰੀਤ ਬਾਦਲ ਅਤੇ ਪ੍ਰਨੀਤ ਕੌਰ ਨੇ ਲੋਕਾਂ ਨੂੰ 2027 ਵਿੱਚ ਬੀਜੇਪੀ ਨੂੰ ਵੋਟ ਪਾਉਣ ਦੀ ਅਪੀਲ ਕੀਤੀ।

ਅੱਜ ਵੀ ਇਹ ਬਾਦਲ ਪਰਿਵਾਰ ਦਾ ਗੜ੍ਹ ਹੈ, ਜਿੱਥੇ ਬੀਜੇਪੀ ਨੇ ਆਪਣੀ ਮੌਜੂਦਗੀ ਵਧਾਈ ਹੈ। ਇਹ ਨੇਤਾ ਆਪਣੇ ਨਾਲ ਵੋਟ ਬੈਂਕ ਲਿਆ ਸਕਦੇ ਹਨ, ਪਰ ਚੁਣੌਤੀ ਇਹ ਹੈ ਕਿ ਇਹ ਬਹੁਤੇ ਨੇਤਾ ਆਪਣੀਆਂ ਪੁਰਾਣੀਆਂ ਪਾਰਟੀਆਂ ਵਿੱਚ 'ਧੱਕੇ ਹੋਏ' ਸਨ। ਕੈਪਟਨ ਨੂੰ ਕਾਂਗਰਸ ਨੇ ਹਟਾਇਆ ਸੀ, ਮਨਪ੍ਰੀਤ ਅਕਾਲੀ ਤੋਂ ਵੱਖ ਹੋਏ ਸਨ। ਕੀ ਇਹ ਚਿਹਰੇ ਨਵੇਂ ਵੋਟਰ ਲਿਆ ਸਕਣਗੇ ਜਾਂ ਸਿਰਫ਼ ਪੁਰਾਣੇ ਵੋਟਰਾਂ ਨੂੰ ਰੱਖਣਗੇ ? ਇਕੱਲੇ ਚੱਲਣ ਜਾਂ ਗਠਜੋੜ ?

ਅੱਜ ਅੰਦਰੂਨੀ ਬਹਿਸ ਬੀਜੇਪੀ ਦੇ ਕੇਂਦਰੀ ਨੇਤਾ ਅਤੇ ਪੰਜਾਬ ਇੰਚਾਰਜ ਨੇ ਕਿਹਾ ਹੈ ਕਿ ਪਾਰਟੀ 117 ਸੀਟਾਂ ਉੱਤੇ ਇਕੱਲੀ ਲੜੇਗੀ। ਰਵਨੀਤ ਬਿੱਟੂ ਵਰਗੇ ਨੇਤਾ ਵੀ ਇਸੇ ਰਾਏ ਵਿੱਚ ਹਨ। ਪਰ ਕੈਪਟਨ ਅਮਰਿੰਦਰ ਸਿੰਘ ਨੇ ਕਈ ਵਾਰ ਕਿਹਾ ਹੈ ਕਿ ਬੀਜੇਪੀ ਇਕੱਲੇ ਨਹੀਂ ਜਿੱਤ ਸਕਦੀ ਅਤੇ ਅਕਾਲੀ ਦਲ ਨਾਲ ਗਠਜੋੜ ਜ਼ਰੂਰੀ ਹੈ। ਉਹ ਕਹਿੰਦੇ ਹਨ ਕਿ ਬੀਜੇਪੀ ਨੂੰ ਪੰਜਾਬ ਨੂੰ ਸਮਝਣ ਵਾਲੇ ਕੇਡਰ ਬਣਾਉਣ ਲਈ ਕਈ ਚੋਣਾਂ ਲੱਗ ਜਾਣਗੀਆਂ। ਸੁਨੀਲ ਜਾਖੜ ਵੀ ਗਠਜੋੜ ਦੇ ਹੱਕ ਵਿੱਚ ਰਹੇ ਹਨ। ਪਰ ਅਕਾਲੀ ਦਲ ਵਿੱਚ ਅੰਦਰੂਨੀ ਵੰਡ ਹੈ - ਸੁਖਬੀਰ ਬਾਦਲ ਨੂੰ ਅਕਾਲ ਤਖ਼ਤ ਨੇ ਤਨਖਾਹ ਲਗਾਈ ਸੀ ਅਤੇ ਬੀਜੇਪੀ ਨੇ ਅਕਾਲੀ ਨੂੰ ਨਸ਼ੇ ਅਤੇ ਬੇਅਦਬੀ ਮਸਲੇ ਉੱਤੇ ਨਿਸ਼ਾਨਾ ਬਣਾਇਆ ਹੈ। ਇਸ ਲਈ ਗਠਜੋੜ ਮੁਸ਼ਕਲ ਲੱਗਦਾ ਹੈ।

ਅੱਜ ਨਵਾਂ ਏਜੰਡਾ ਅਤੇ ਚੁਣੌਤੀਆਂਪੰਜਾਬ ਨੂੰ ਨਸ਼ੇ, ਖੇਤੀ ਸੰਕਟ, ਨੌਜਵਾਨਾਂ ਦੀ ਵਿਦੇਸ਼ ਮਾਈਗ੍ਰੇਸ਼ਨ, ਬੇਰੁਜ਼ਗਾਰੀ ਅਤੇ ਆਰਥਿਕ ਵਿਕਾਸ ਵਰਗੇ ਮਸਲੇ ਚਿੰਤਾ ਦਾ ਵਿਸ਼ਾ ਹਨ। ਬੀਜੇਪੀ ਨੇ ਆਪ ਸਰਕਾਰ ਉੱਤੇ ਨਸ਼ੇ ਅਤੇ ਖੇਤੀ ਨੀਤੀਆਂ ਉੱਤੇ ਹਮਲੇ ਕੀਤੇ ਹਨ। ਪਾਰਟੀ ਨੇ ਆਪ ਨੂੰ ਖੇਤੀ ਬੋਝ, ਕਰਜ਼ੇ ਅਤੇ ਪ੍ਰਾਕਿਊਰਮੈਂਟ ਰਿਫਾਰਮਾਂ ਉੱਤੇ ਨਿਸ਼ਾਨਾ ਬਣਾਇਆ ਹੈ।

ਅੱਜ ਬੀਜੇਪੀ ਦਾ ਏਜੰਡਾ ਹੈ। ਕੇਂਦਰੀ ਯੋਜਨਾਵਾਂ ਰਾਹੀਂ ਆਰਥਿਕ ਵਿਕਾਸ (ਇੰਡਸਟਰੀਅਲ ਕੌਰੀਡੋਰ, ਸ਼ਹਿਰੀ ਵਿਕਾਸ)।

ਨਸ਼ਾ ਵਿਰੋਧੀ ਮੁਹਿੰਮ ਅਤੇ ਕਾਨੂੰਨ ਵਿਵਸਥਾ।

ਨੌਜਵਾਨਾਂ ਲਈ ਰੁਜ਼ਗਾਰ ਅਤੇ ਸਕਿੱਲ ਡਿਵੈਲਪਮੈਂਟ।

ਐੱਮਐੱਸਪੀ ਅਤੇ ਕਿਸਾਨਾਂ ਨੂੰ ਲਾਭ ਪਹੁੰਚਾਉਣ ਪੰਜਾਬ ਵਾਲੀਆਂ ਯੋਜਨਾਵਾਂ ਦਾ ਪ੍ਰਚਾਰ।

ਅੱਜ ਪੰਜਾਬ ਨੂੰ ਵਿਸ਼ੇਸ਼ ਪੈਕੇਜ, ਐੱਮਐੱਸਪੀ ਗਾਰੰਟੀ ਅਤੇ ਖੇਤੀ ਸੁਧਾਰਾਂ ਦੀ ਲੋੜ ਹੈ, ਜਿਨ੍ਹਾਂ ਉੱਤੇ ਬੀਜੇਪੀ ਅਜੇ ਵੀ ਚੁੱਪ ਜਾਂ ਅਸਪੱਸ਼ਟ ਹੈ। ਚੁਣੌਤੀਆਂ:ਸਿੱਖ ਵੋਟਾਂ ਦੀ ਘਾਟ ਅਤੇ ਖੇਤੀ ਅੰਦੋਲਨ ਦਾ ਵਿਰੋਧ।

ਜੱਟ ਸਿੱਖ ਵੋਟਰਾਂ ਦਾ ਪ੍ਰਭਾਵ ਮਾਲਵਾ ਵਿੱਚ।

ਆਪ ਅਤੇ ਕਾਂਗਰਸ ਦਾ ਮਜ਼ਬੂਤ ਗ੍ਰਾਸਰੂਟ।

ਅਕਾਲੀ ਦਲ ਦੀ ਵੰਡ ਅਤੇ ਬੀਜੇਪੀ ਦਾ ਗਠਜੋੜ ਨਾ ਕਰਨਾ।

ਬੀਜੇਪੀ ਨੇ ਹਿੰਦੂ ਵੋਟਾਂ ਵਿੱਚ ਵੱਧ ਸੰਧ ਲਗਾਈ ਹੈ ਅਤੇ ਸੋਸ਼ਲ ਇੰਜੀਨੀਅਰਿੰਗ (ਦਲਿਤ, ਸੈਣੀ ਜਾਤੀਆਂ) ਅਪਣਾਈ ਹੈ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਪੰਜਾਬ ਵਿੱਚ ਭੇਜ ਕੇ ਪਾਰਟੀ ਨੇ ਇਸ ਨੂੰ ਅਜ਼ਮਾਇਆ ਹੈ। ਸਿੱਟਾ ਜਨਵਰੀ 2026 ਤੱਕ ਬੀਜੇਪੀ ਨੇ ਪੰਜਾਬ ਵਿੱਚ ਆਪਣੀ ਮੌਜੂਦਗੀ ਵਧਾਈ ਹੈ। ਨਵੇਂ ਨੇਤਾਵਾਂ ਨੂੰ ਜੋੜਨ ਅਤੇ ਮਾਘੀ ਮੇਲੇ ਵਰਗੇ ਇਵੈਂਟ ਨਾਲ ਪਾਰਟੀ ਨੇ ਆਪਣੀ ਤਾਕਤ ਵਿਖਾਈ ਹੈ ਪਰ ਸੱਤਾ ਹਾਸਲ ਕਰਨ ਲਈ ਅਜੇ ਲੰਮਾ ਸਫ਼ਰ ਹੈ।

ਹੁਣ ਜੇ ਗਠਜੋੜ ਨਹੀਂ ਬਣਿਆ ਤਾਂ ਇਕੱਲੇ ਚੱਲਣਾ ਚੁਣੌਤੀ ਬਣੇਗਾ। ਨਵੇਂ ਏਜੰਡੇ ਨਾਲ ਪੰਜਾਬ ਦੇ ਮਸਲਿਆਂ ਨੂੰ ਹੱਲ ਕਰਨਾ ਅਤੇ ਵੋਟਰਾਂ ਨਾਲ ਜੁੜਨਾ ਜ਼ਰੂਰੀ ਹੈ। ਪੰਜਾਬ ਦੀ ਰਾਜਨੀਤੀ ਅਨਿਸ਼ਚਿਤ ਹੈ ਅਤੇ 2027 ਵਿੱਚ ਕੁਝ ਵੀ ਹੋ ਸਕਦਾ ਹੈ - ਪਰ ਬੀਜੇਪੀ ਦੀ ਮਿਹਨਤ ਅਤੇ ਰਣਨੀਤੀ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।

# ਭਾਜਪਾ ਨੇ ਦਿਲ ਤੇ ਦਰਵਾਜ਼ਾ ਦੋਵੇਂ ਵੱਡੇ ਕੀਤੇ

ਕਮਲਜੀਤ ਸਿੰਘ ਬਨਵੈਤ
98147 34035



- ਪੰਜਾਬ ਭਾਜਪਾ ਨੇ ਚਾਰ ਹੋਰਾਂ ਨੂੰ ਕੀਤਾ ਪਾਰਟੀ ਵਿੱਚ ਸ਼ਾਮਲ, ਪਹਿਲਾਂ-ਪਹਿਲਾਂ ਹੀ ਲਗਾ ਚੁੱਕੇ ਨੇ ਕਈ ਪਾਰਟੀਆਂ ਦਾ ਗੇੜਾ
- ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਮਾਲਵੇ ਦੇ ਤਿੰਨ ਬਰਾੜ ਅਤੇ ਇੱਕ ਸਿੱਧੂ
- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸ਼ਾਮਿਲ ਕਰਵਾਇਆ, ਆਪਣੇ ਸੂਬੇ ਦੀ ਸਟੇਜ ਛੱਡ ਰਹੇ ਨੇ ਖ਼ਾਲੀ
- ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸਾਰੀਆਂ ਪਾਰਟੀਆਂ ਦੂਜੀਆਂ ਧਿਰਾਂ 'ਚੋਂ ਨੇਤਾ ਪਟਣ ਉੱਤੇ ਲੱਗੀਆਂ

ਛੋਟੇ ਹੁੰਦਿਆਂ ਵੱਡੇ ਲੋਕਾਂ ਨਾਲ ਮੱਥਾ ਲਾਉਣ ਦੀ ਗੱਲ ਤੁਰਨੀ ਤਾਂ ਮੇਰੇ ਭਾਈਆ ਜੀ ਕਹਿ ਦਿਆ ਕਰਦੇ ਕਿ 'ਉੱਠਾਂ ਵਾਲਿਆਂ ਨਾਲ ਯਾਰੀਆਂ ਦਰਵਾਜ਼ੇ ਨੀਵੇਂ'। ਪਰ ਜਿਨ੍ਹਾਂ ਲੋਕਾਂ ਦੇ ਦਰਵਾਜ਼ੇ ਪਹਿਲਾਂ ਹੀ ਵੱਡੇ ਹੋਣ ਉਹਨਾਂ ਨੂੰ ਹੋਰ ਉੱਚੇ ਕਰਨ ਦੀ ਲੋੜ ਨਹੀਂ ਪੈਂਦੀ। ਨਾਲੇ ਭਾਰਤੀ ਜਨਤਾ ਪਾਰਟੀ ਦਾ ਦਲ ਤਾਂ ਹੈ ਹੀ ਦਰਿਆ। ਪੰਜਾਬ ਭਾਜਪਾ ਦੇ ਵਰਕਿੰਗ ਪ੍ਰਧਾਨ ਅਸ਼ਵਨੀ ਸ਼ਰਮਾ ਅੱਜ ਚੰਡੀਗੜ੍ਹ ਵਿੱਚ ਚਾਰ ਨੇਤਾਵਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਨ ਵੇਲੇ ਮੀਡੀਆ ਨਾਲ ਗੱਲ ਕਰਦਿਆਂ ਕਹਿੰਦੇ ਹਨ ਕਿ ਪਾਰਟੀ ਦਾ ਦਿਲ ਵੀ ਵੱਡਾ ਹੈ ਅਤੇ ਦਰਵਾਜ਼ੇ ਵੀ ਵੱਡੇ ਹਨ। ਮੇਰੇ ਮਨ 'ਚ ਤਦ ਹੀ ਖਿਆਲ ਆਇਆ ਕਿ ਭਾਜਪਾ ਨੇ ਤਾਂ ਕਦੇ ਅੰਦਰ ਵੜਨ ਵਾਲੇ ਨੂੰ ਟੋਕਿਆ ਨਹੀਂ ਨਾ ਹੀ ਛਾਨਣਾ ਨਾਲ ਆਇਆ ਹੈ। ਪੰਜਾਬ ਦੇ ਸਿੱਖ ਲੀਡਰਾਂ ਨੂੰ ਤਾਂ ਲੱਭ ਲੱਭ ਕੇ ਪਾਰਟੀ ਵਿੱਚ ਸ਼ਾਮਲ ਕੀਤਾ ਜਾ ਰਿਹਾ ਹੈ। ਵੈਸੇ ਦਰਵਾਜ਼ੇ ਤਾਂ ਸਾਰੀਆਂ ਪਾਰਟੀਆਂ ਦੇ ਖੁੱਲ੍ਹੇ ਵੀ ਹਨ ਅਤੇ ਵੱਡੇ ਵੀ ਕਰ ਰੱਖੇ ਹਨ। ਆਮ ਆਦਮੀ ਪਾਰਟੀ ਸ਼ੁਰੂ ਸ਼ੁਰੂ 'ਚ ਦਾਅਵਾ ਕਰਦੀ ਰਹੀ ਸੀ ਕਿ ਦੂਜੀਆਂ ਪਾਰਟੀਆਂ ਦੇ ਲੀਡਰਾਂ ਨੂੰ ਸ਼ਾਮਲ ਕਰਨ ਵੇਲੇ ਸੂਈ ਦੇ ਨੱਕੇ ਵਿੱਚ ਦੀ ਲੰਘਾਇਆ ਜਾਵੇਗਾ। ਆਮ ਆਦਮੀ ਪਾਰਟੀ ਸਣੇ ਸਾਰੀਆਂ ਸਿਆਸੀ ਪਾਰਟੀਆਂ ਦੂਜੀਆਂ ਪਾਰਟੀਆਂ ਦੇ ਨੇਤਾਵਾਂ ਨੂੰ ਘਰ ਦੇ ਬੂਹੇ ਦੀ ਭਿੱਤ 'ਤੇ ਖੜ੍ਹ ਕੇ ਇਵੇਂ ਅਵਾਜ਼ਾਂ ਲਗਾ ਰਹੀਆਂ ਹਨ, ਜਿਵੇਂ ਬਸ ਸਟੈਂਡ ਦੇ ਪ੍ਰਾਈਵੇਟ ਬੱਸਾਂ ਦੇ ਕੰਡਕਟਰ ਹਾਕਾਂ ਮਾਰਦੇ ਹੋਣ।

ਭਾਜਪਾ ਵੱਲੋਂ ਅੱਜ ਚੁਫੇਰਗੜੀਏ ਸਿਆਸੀ ਨੇਤਾਵਾਂ ਦੀ ਦਿਲ ਤੇ ਦਰਵਾਜ਼ਾ ਵੱਡਾ ਕਰਕੇ ਐਂਟਰੀ ਕਰਵਾਈ ਗਈ ਹੈ। ਇਹਨਾਂ ਵਿੱਚ ਜਗਮੀਤ ਸਿੰਘ ਬਰਾੜ, ਉਨ੍ਹਾਂ ਦੇ ਭਰਾ ਰਿਪਜੀਤ ਸਿੰਘ ਬਰਾੜ, ਸੀਨੀਅਰ ਅਕਾਲੀ ਨੇਤਾ ਚਰਨਜੀਤ ਸਿੰਘ ਬਰਾੜ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਰਹੇ ਉਂਕਾਰ ਸਿੰਘ ਸਿੱਧੂ ਦਾ ਨਾਂ ਸ਼ਾਮਿਲ ਹੈ। ਉਂਕਾਰ ਸਿੰਘ ਸਿੱਧੂ ਦੀ ਤਾਂ ਸਿਆਸਤ ਵਿੱਚ ਹੀ ਨਵੀਂ ਐਂਟਰੀ ਹੋਈ ਸੀ ਪਰ ਬਾਕੀ ਤਿੰਨ ਨੇਤਾ ਘਾਟ-ਘਾਟ ਦਾ ਪਾਣੀ ਪੀ ਚੁੱਕੇ ਹਨ। ਜਗਮੀਤ ਸਿੰਘ ਬਰਾੜ ਦੀ ਗੱਲ ਕਰੀਏ ਤਾਂ ਉਹਨਾਂ ਦਾ ਜੀਵਨ ਸੰਘਰਸ਼ ਨਹੀਂ ਰਿਹਾ ਹੈ ਅਤੇ ਉਹਨਾਂ ਨੇ ਕਿਸੇ ਵੇਲੇ ਸਿਆਸਤ ਵਿੱਚ ਆਪਣੀ ਪੈਂਠ ਵੀ ਜਮਾਈ ਸੀ। ਉਹ ਬੇਬਾਕ ਲੀਡਰ ਵਜੋਂ ਜਾਣੇ ਜਾਂਦੇ ਹਨ। ਉਹਨਾਂ ਨੇ ਪਹਿਲੀ ਵਾਰ 22 ਸਾਲ ਦੀ ਉਮਰ ਵਿੱਚ ਚੋਣ ਲੜੀ ਸੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਵੱਡੇ ਨੇਤਾ ਪ੍ਰਕਾਸ਼ ਸਿੰਘ ਬਾਦਲ ਨੂੰ ਹਰਾਇਆ ਸੀ। ਉਸ ਤੋਂ ਬਾਅਦ ਉਹਨਾਂ ਨੇ 1992 ਅਤੇ 1999 ਵਿੱਚ ਫਰੀਦਕੋਟ ਹਲਕੇ ਦੀ ਚੋਣ ਦੌਰਾਨ ਸੁਖਬੀਰ ਸਿੰਘ ਬਾਦਲ ਦੀ ਪਿੱਠ ਵੀ ਲਾਈ। ਪਰ ਉਹ ਕਿਸੀ ਪਾਰਟੀ ਵਿੱਚ ਟਿਕੇ ਨਹੀਂ। ਕਾਂਗਰਸ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋ ਗਏ। ਫਿਰ ਉਹਨਾਂ ਨੇ ਤ੍ਰਿਣਮੂਲ ਕਾਂਗਰਸ ਦਾ ਗੇੜਾ ਵੀ ਲਾਇਆ। ਹੁਣ ਕਈ ਚਿਰਾਂ ਤੋਂ ਘਰ ਬੈਠੇ ਸਨ ਤਾਂ ਭਾਰਤੀ ਜਨਤਾ ਪਾਰਟੀ ਦੇ ਬੇੜੇ ਵਿੱਚ ਸਵਾਰ ਹੋ ਗਏ। ਉਹਨਾਂ ਦੇ ਭਰਾ ਹਰਪ੍ਰੀਤ ਸਿੰਘ ਬਰਾੜ ਵੀ 2007 ਵਿੱਚ ਕੋਟਕਪੂਰਾ ਦੇ ਵਿਧਾਇਕ ਚੁਣੇ ਗਏ ਸਨ। ਉਹਨਾਂ ਨੇ ਵੀ ਭਾਜਪਾ ਤੱਕ ਦਾ ਸਫਰ ਕਾਂਗਰਸ ਤੋਂ ਸ਼ੁਰੂ ਕਰਕੇ ਵਰਾਸਤਾ ਸ਼੍ਰੋਮਣੀ ਅਕਾਲੀ ਦਲ ਤੈਅ ਕੀਤਾ ਹੈ।

ਚਰਨਜੀਤ ਸਿੰਘ ਬਰਾੜ ਦੀ ਗੱਲ ਕਰੀਏ ਤਾਂ ਉਹ ਸਰਕਾਰੀ ਨੌਕਰੀ ਤੋਂ ਪੂਰੀ ਰਿਟਾਇਰਮੈਂਟ ਲੈ ਕੇ ਸੱਤਾ ਹਾਸਲ ਕਰਨ ਲਈ ਪੀਪਲਜ਼ ਪਾਰਟੀ ਆਫ਼ ਪੰਜਾਬ ਦੇ ਬਾਨੀ ਪ੍ਰਧਾਨ ਮਨਪ੍ਰੀਤ ਸਿੰਘ ਬਾਦਲ ਦਾ ਹੱਥ ਫੜਦੇ ਹਨ। ਪੀਪਲਜ਼ ਪਾਰਟੀ ਆਫ਼ ਪੰਜਾਬ ਪੈਰਾਂ ਸਿਰ ਨਾ ਖੜੀ ਹੋਈ ਤਾਂ ਉਹਨਾਂ ਨੇ ਸੁਖਬੀਰ ਸਿੰਘ ਬਾਦਲ ਦਾ ਬੂਹਾ ਜਾ ਖੜਕਾਇਆ। ਉਹ ਲੰਮਾ ਸਮਾਂ ਸੁਖਬੀਰ ਸਿੰਘ ਬਾਦਲ ਦੇ ਸਿਆਸੀ ਸਲਾਹਕਾਰ ਰਹੇ। ਪਿੱਛੇ ਜਿਹੇ ਜਦੋਂ ਸ਼੍ਰੋਮਣੀ ਅਕਾਲੀ ਬਾਗ਼ੀ ਅਤੇ ਦਾਗ਼ੀ ਧੜੇ 'ਚ ਵੰਡਿਆ ਗਿਆ ਤਾਂ ਬਗ਼ਾਵਤ ਕਰਨ ਵਾਲਿਆਂ ਵਿੱਚ ਉਹਨਾਂ ਨੇ ਮੂਹਰਲੀ ਭੂਮਿਕਾ ਨਿਭਾਈ ਸੀ। ਉਹਨਾਂ ਨੇ ਨਵਾਂ ਅਕਾਲੀ ਦਲ ਖੜ੍ਹਾ ਕਰਨ ਲਈ ਪੂਰਾ ਤਾਣ ਵੀ ਲਾਇਆ ਪਰ ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨਾਲ ਖਟਪਟੀ ਦੇ ਚਲਦਿਆਂ ਉਹ ਘਰੇ ਬੈਠ ਗਏ। ਪਿਛਲੇ ਦਿਨਾਂ ਤੋਂ ਉਹਨਾਂ ਦੇ ਭਾਜਪਾ ਦੇ ਬੇੜੇ ਵਿੱਚ ਸਵਾਰ ਹੋਣ ਦੀ ਚਰਚਾ ਚੱਲ ਰਹੀ ਸੀ ਅਤੇ ਅੱਜ ਉਹਨਾਂ ਨੇ ਕਮਲ ਹੱਥ ਵਿੱਚ ਫੜ ਲਿਆ ਹੈ। ਉਂਕਾਰ ਸਿੰਘ ਸਿੱਧੂ ਦੀ ਗੱਲ ਕਰੀਏ ਤਾਂ ਭਗਵੰਤ ਸਿੰਘ ਮਾਨ ਦਾ ਓ ਐਸ ਡੀ ਬਣਨ ਦੇ ਨਾਲ ਹੀ ਉਹ ਚਰਚਿਤ ਸਿਆਸਤ ਵਿੱਚ ਸਾਹਮਣੇ ਆਏ। ਪਰ ਉਹਨਾਂ ਨੂੰ ਜਿਵੇਂ ਕਿ ਕਿਹਾ ਜਾਂਦਾ ਹੈ ਦਿੱਲੀ ਵਾਲਿਆਂ ਨੇ ਛੇਤੀ ਹੀ ਘਰੇ ਤੋਰ ਦਿੱਤਾ। ਮੁੱਖ ਮੰਤਰੀ ਮਾਨ ਦੇ ਅਫ਼ਸਰ ਆਨ ਸਪੈਸ਼ਲ ਡਿਊਟੀ ਲੱਗਣ ਤੋਂ ਪਹਿਲਾਂ ਉਹ ਮੰਡੀ ਬੋਰਡ ਵਿੱਚ ਠੇਕੇ ਉੱਤੇ ਨੌਕਰੀ ਕਰ ਰਹੇ ਸਨ। ਅੱਜ ਉਹਨਾਂ ਨੇ ਵੀ ਭਾਜਪਾ ਦਾ ਪੱਲਾ ਫੜ ਲਿਆ ਹੈ।

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੁੰਦੇ ਹਨ। ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਵੀ ਹਾਜ਼ਰ ਰਹੇ। ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਅਤੇ ਵਰਕਿੰਗ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਤਾਂ ਹਾਜ਼ਰ ਰਹਿਣਾ ਹੀ ਸੀ। ਨਾਇਬ ਸਿੰਘ ਸੈਣੀ ਪੰਜਾਬ ਅੰਦਰ ਹੁੰਦੇ ਸਮਾਗਮਾਂ ਵਿੱਚ ਹਮੇਸ਼ਾ ਦਸਤਾਰ ਸਜਾ ਕੇ ਸ਼ਿਰਕਤ ਕਰਦੇ ਹਨ। ਅੱਜ ਉਹਨਾਂ ਨੇ ਦਸਤਾਰ ਨਹੀਂ ਸੀ ਸਜਾਈ ਹੋਈ ਪਰ ਚੰਡੀਗੜ੍ਹ ਤੋਂ ਭਾਜਪਾ ਦੇ ਨੇਤਾ ਵਿਨੀਤ ਜੋਸ਼ੀ ਨੇ ਉਹਨਾਂ ਦੀ ਦਸਤਾਰ ਦੀ ਚਰਚਾ ਕੀਤੀ। ਨਿਰਸੰਦੇਹ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਇਹ ਕੁਰਸੀ ਲੰਮੇ ਸੰਘਰਸ਼ ਤੋਂ ਬਾਅਦ ਪ੍ਰਾਪਤ ਹੋਈ ਹੈ। ਪਰ ਆਪਣੀ ਸਟੇਜ ਤੋਂ ਗੈਰ ਹਾਜ਼ਰ ਰਹਿਣ ਵਾਲੇ ਅਦਾਕਾਰ ਨੂੰ ਭਲਾ ਕੌਣ ਕਹੂ ? ਉਹ ਆਪਣੇ ਸਿਆਸੀ ਗੁਰੂਆਂ ਦਾ ਹੁਕਮ ਵਜਾਉਂਦੇ ਹਨ ਜਾਂ ਉਹਨਾਂ ਨੂੰ ਜਾਣ ਬੁੱਝ ਕੇ ਹਰਿਆਣਾ ਵਿੱਚ ਪੂਰੀ ਤਰ੍ਹਾਂ ਖੁੱਲ ਕੇ ਖੇਡਣ ਹੀ ਦਿੱਤਾ ਜਾ ਰਿਹਾ ਹੈ ਇਹ ਉਹਨਾਂ ਵਾਸਤੇ ਸੋਚਣਾ ਬਣਦਾ ਹੈ। ਚਰਚਾ ਕਈ ਤਰ੍ਹਾਂ ਦੀਆਂ ਛਿੜ ਪਈਆਂ ਹਨ।

ਅਸਲ 'ਚ ਭਾਜਪਾ ਨੇ ਇਸ ਵਾਰ ਮਾਲਵੇ ਨੂੰ ਖੋਰਾ ਲਾਇਆ ਹੈ। ਸ਼ਾਇਦ ਭਾਜਪਾ ਮਹਿਸੂਸ ਕਰਨ ਲੱਗੀ ਹੈ ਕਿ ਮਾਲਵਾ ਜਿੱਤ ਹਾਰ ਦਾ ਫੈਸਲਾ ਕਰਦਾ ਹੈ। ਮਾਲਵੇ ਵਿੱਚ ਵਿਧਾਨ ਸਭਾ ਦੀਆਂ 69 ਸੀਟਾਂ ਹਨ ਜਦ ਕਿ ਮਾਝੇ ਵਿੱਚ 25 ਅਤੇ ਦੁਆਬੇ ਵਿੱਚ ਸਿਰਫ 23 ਸੀਟਾਂ ਹਨ। ਰਵਨੀਤ ਸਿੰਘ ਬਿੱਟੂ ਕਹਿੰਦੇ ਹਨ ਕਿ ਭਾਜਪਾ ਆਪਣੇ ਦਮ ਉੱਤੇ ਪੰਜਾਬ ਦੀਆਂ 117 ਸੀਟਾਂ ਉੱਤੇ ਚੋਣ ਲੜੇਗੀ।

ਪੰਜਾਬ ਭਾਜਪਾ ਨੇ 2022 ਦੀਆਂ ਚੋਣਾਂ ਨਾਲੋਂ 2024 ਦੀਆਂ ਚੋਣਾਂ ਵਿੱਚ ਬੇਹਤਰ ਕਾਰਗੁਜ਼ਾਰੀ ਦਿਖਾਈ ਸੀ। ਚਾਹੇ ਵਿਧਾਇਕ ਦੋ ਹੀ ਜਿੱਤੇ ਪਰ ਵੋਟ ਪ੍ਰਤੀਸ਼ਤਤਾ ਜ਼ਰੂਰ ਉੱਪਰ ਆ ਗਈ ਸੀ। ਜ਼ਿਲ੍ਹਾ ਪਰਿਸ਼ਦ ਅਤੇ ਪੰਚਾਇਤ ਸਮਿਤੀ ਦੀਆਂ ਚੋਣਾਂ ਵਿੱਚ ਵੀ ਕਾਰਗੁਜ਼ਾਰੀ ਪਿਛਲੀਆਂ ਵਾਰਾਂ ਨਾਲੋਂ ਚੰਗੀ ਰਹੀ ਹੈ। ਇਸ ਵਿੱਚ ਦੂਜੀਆਂ ਪਾਰਟੀਆਂ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਨੇਤਾਵਾਂ ਦਾ ਵੱਡਾ ਹਿੱਸਾ ਹੈ ਇਸ ਗੱਲ ਨੂੰ ਸ਼ਾਇਦ ਟਕਸਾਲੀ ਭਾਜਪਾਈ ਵੀ ਮੰਨਣ ਲਈ ਤਿਆਰ ਨਹੀਂ। ਗੱਲ ਤਾਂ ਇਹ ਵੀ ਕਿਸੇ ਤੋਂ ਲੁਕੀ ਹੋਈ ਨਹੀਂ ਕਿ ਪੰਜਾਬ ਭਾਜਪਾ ਦੇ ਲੀਡਰ ਦੂਜੀਆਂ ਪਾਰਟੀਆਂ ਦੇ ਨੇਤਾਵਾਂ ਨੂੰ ਸ਼ਾਮਲ ਤਾਂ ਜ਼ਰੂਰ ਕਰ ਰਹੇ ਹਨ ਪਰ ਉਹਨਾਂ ਵਿੱਚੋਂ ਜ਼ਿਆਦਾਤਰ ਫੁੱਟੀ ਅੱਖ ਨਹੀਂ ਭਾਉਂਦੇ ਹਨ। ਦੂਜੇ ਬੰਨੇ ਕਈ ਕਾਂਗਰਸੀਆਂ ਦਾ ਭਾਜਪਾ 'ਚ ਦਿਲ ਨਹੀਂ ਲੱਗਿਆ ਜਾਂ ਇਹ ਕਹਿ ਲਈਏ ਕਿ ਉਹ ਆਪਣੇ ਆਪ ਨੂੰ ਨਵੇਂ ਕਲਚਰ ਵਿੱਚ ਫਿੱਟ ਨਹੀਂ ਕਰ ਸਕੇ। ਸੁਨੀਲ ਜਾਖੜ ਵੀ ਜਾਂਦੇ ਜਾਂਦੇ ਰਹਿ ਗਏ ਸ਼ਾਇਦ ਇਸ ਕਰਕੇ ਕਿ ਉਹਨਾਂ ਨੂੰ ਹਾਈ ਕਮਾਂਡ ਵੱਲੋਂ ਟੁੱਕ ਦਿਖਾ ਦਿੱਤਾ ਗਿਆ ਹੈ।

ਸੁਣਨ ਨੂੰ ਸ਼ਾਇਦ ਇਹ ਗੱਲ ਕੌੜੀ ਲੱਗੇ ਪਰ ਜ਼ਿਆਦਾਤਰ ਨੇਤਾ ਭਾਜਪਾ ਵਿੱਚ ਉਹੀ ਸ਼ਾਮਿਲ ਹੋਏ ਹਨ ਜਾਂ ਤਾਂ ਜਿਨਾਂ ਨੂੰ ਇਨਫੋਰਸਮੈਂਟ ਡਾਇਰੈਕਟੋਰੇਟ ਦਾ ਡੰਡਾ ਦਿਸ ਰਿਹਾ ਸੀ ਜਾਂ ਫਿਰ ਆਪਣਾ ਜਾਂ ਆਪਣੀ ਪਾਰਟੀ ਦਾ ਭਵਿੱਖ ਉਜਲਾ ਦਿਸਣ ਤੋਂ ਹੱਟ ਗਿਆ ਸੀ। ਇੱਕ ਗੱਲ ਪੱਕੀ ਹੈ ਕਿ ਕਿਸੇ ਨੇ ਵੀ ਕਦੇ ਭੀੜ ਇਕੱਠੀ ਕਰਕੇ ਨਹੀਂ ਖੱਟਿਆ ਕਿਉਂਕਿ ਸਭ ਦੇ ਅਤੀਤ ਦਾ ਪਰਛਾਵਾਂ ਨਾਲੋਂ ਨਾਲ ਤੁਰਦਾ ਹੈ।

ਹੁਣ ਜਦੋਂ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਇੱਕ ਸਾਲ ਤੋਂ ਵੀ ਘੱਟ ਸਮਾਂ ਰਹਿ ਗਿਆ ਹੈ ਤਦ ਭਾਰਤੀ ਜਨਤਾ ਪਾਰਟੀ ਨੂੰ ਪੰਜਾਬ ਪ੍ਰਤੀ ਆਪਣੀ ਪਹੁੰਚ ਬਦਲਣ ਦੀ ਜ਼ਰੂਰਤ ਹੈ ਨਹੀਂ ਤਾਂ ਦੇਰ ਹੋ ਜਾਵੇਗੀ। ਭਾਜਪਾ ਨੂੰ ਇਹ ਗੱਲ ਸਮਝ ਲੈਣੀ ਚਾਹੀਦੀ ਹੈ ਕਿ ਦੂਜੀਆਂ ਪਾਰਟੀਆਂ ਵਿੱਚੋਂ ਲੱਭ ਲੱਭ ਕੇ ਲਿਆਂਦੇ ਹੀਰਿਆਂ ਨੇ ਕੁਝ ਖੱਟ ਕੇ ਨਹੀਂ ਦਿੱਤਾ ਨਾ ਹੀ ਪਾਰਟੀ ਇਹਨਾਂ ਦੇ ਸਿਰ ਉੱਤੇ ਉਡਾਣ ਭਰ ਸਕੀ ਹੈ।

ਇਹ ਵੀ ਜ਼ਰੂਰੀ ਨਹੀਂ ਕਿ ਸਿਆਸੀ ਬੰਦੇ ਹੀ ਹੋਣ ਭਾਜਪਾ ਲਈ ਸਿੱਖ ਪੰਜਾਬੀ ਪੱਤਰਕਾਰਾਂ, ਲੇਖਕਾਂ, ਬੁੱਧੀਜੀਵੀਆਂ ਹੋਰ ਖੇਤਰ ਦੇ ਮੋਹਰੀ ਹਸਤੀਆਂ ਦੀ ਸਲਾਹ ਨਾਲ ਅੱਗੇ ਵਧਣਾ ਲਾਹੇਵੰਦ ਰਹੇਗਾ। ਇਹ ਮੀਟਿੰਗਾਂ ਭੇੜ ਕੇ ਵੀ ਹੋ ਸਕਦੀਆਂ ਹਨ ਨਹੀਂ ਤਾਂ ਇਕੱਠਿਆਂ ਹੋ ਕੇ ਗੱਲਬਾਤ ਕਰਨ ਦੇ ਬੜੇ ਸਬੱਬ ਬਣ ਜਾਂਦੇ ਹਨ। ਕੇਂਦਰ ਦੀ ਭਾਜਪਾ ਸਰਕਾਰ ਲਈ ਪੂਰਾ ਭਾਰਤ ਉਹਨਾਂ ਦੀ ਸਲਤਨਤ ਹੈ। ਸਲਤਨਤ ਦੇ ਦਰਵਾਜ਼ੇ ਚਾਰੇ ਪਾਸੇ ਤੋਂ ਖੁੱਲੇ ਹੁੰਦੇ ਹਨ ਅਤੇ ਜੇ ਹਾਕਮ ਚਾਹੇ ਤਾਂ ਅੰਦਰ ਹਵਾ ਵੀ ਰੁਮਕਣ ਨਹੀਂ ਦਿੰਦੇ। ਭਾਜਪਾ ਲਈ ਪੰਜਾਬ ਦੀ ਧਰਤੀ ਉੱਤੇ ਪੈਰ ਟਿਕਾਉਣੇ ਪਹਿਲਾਂ ਜਿੰਨੇ ਮੁਸ਼ਕਿਲ ਨਹੀਂ ਰਹੇ ਹਨ ਪਰ ਲੋੜ ਪੰਜਾਬੀਆਂ ਵਿਸ਼ੇਸ਼ ਕਰਕੇ ਦੀ ਮਾਨਸਿਕਤਾ ਨੂੰ ਸਮਝਣ ਦੀ ਹੈ ਅਤੇ ਪੰਜਾਬੀਆਂ ਦੀ ਨਬਜ਼ ਉੱਤੇ ਹੱਥ ਧਰਨ ਦੀ ਵੀ ਹੈ।



ਡਾ. ਕੰਚੇਤੀ ਮ੍ਰਿਣਾਲਿਨੀ

# ਭਾਰਤੀ ਖੇਤੀਬਾੜੀ ਵਿਚ ਮਿੱਟੀ ਦੀ ਸਿਹਤ ਅਤੇ ਟਿਕਾਊ ਫਸਲ ਉਤਪਾਦਕਤਾ ਲਈ ਏਕੀਕ੍ਰਿਤ ਪੋਸ਼ਕ ਤੱਤ ਪ੍ਰਬੰਧਨ

## ਇੱਕ ਹਰੇ-ਭਰੇ ਭਵਿੱਖ ਦਾ ਨਿਰਮਾਣ: ਭਾਰਤ ਦੀ ਖੁਰਾਕ ਸੁਰੱਖਿਆ ਦੇ ਲਈ ਏਕੀਕ੍ਰਿਤ ਪੋਸ਼ਕ ਤੱਤ ਪ੍ਰਬੰਧਨ ਦੀ ਜ਼ਰੂਰਤ

ਦਹਾਕਿਆਂ ਤੋਂ ਭਾਰਤੀ ਖੇਤੀਬਾੜੀ ਦੀ ਕਹਾਣੀ ਜ਼ਬਰਦਸਤ ਵਿਕਾਸ ਦੀ ਰਹੀ ਹੈ। ਲੇਕਿਨ ਇਹ ਤਰੱਕੀ ਸਾਡੇ ਸਭ ਤੋਂ ਅਨਮੋਲ ਸੰਸਾਧਨ- ਮਿੱਟੀ- ਦੀ ਕੀਮਤ 'ਤੇ ਹੋਈ ਹੈ। ਅੱਜ ਜਦ ਅਸੀਂ ਵੱਧਦੀ ਆਬਾਦੀ ਅਤੇ ਬਦਲਦੇ ਮੌਸਮ ਦੀ ਦੋਹਰੀ ਚੁਣੌਤੀਆਂ ਨਾਲ ਜੂਝ ਰਹੇ ਹਾਂ, ਤਾਂ ਰਸਾਇਣਕ ਖਾਦਾਂ ਨੂੰ ਲੈ ਕੇ 'ਜ਼ਿਆਦਾ ਹੀ ਬਿਹਤਰ ਹੈ' ਵਾਲਾ ਦ੍ਰਿਸ਼ਟੀਕੋਣ ਕੰਮ ਨਹੀਂ ਆ ਰਿਹਾ ਹੈ। ਆਪਣੀ ਦੀਰਘਕਾਲੀ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ, ਭਾਰਤ ਨੂੰ ਏਕੀਕ੍ਰਿਤ ਪੋਸ਼ਕ ਤੱਤ ਪ੍ਰਬੰਧਨ (ਆਈਐੱਨਐੱਮ) ਦੀ ਦਿਸ਼ਾ ਵਿੱਚ ਅੱਗੇ ਵਧਣਾ ਹੋਵੇਗਾ। ਏਕੀਕ੍ਰਿਤ ਪੋਸ਼ਕ ਤੱਤ ਪ੍ਰਬੰਧਨ ਇੱਕ ਅਜਿਹੀ ਸਮੁੱਚੀ ਰਣਨੀਤੀ ਹੈ, ਜੋ ਸਾਡੀ ਜ਼ਮੀਨ ਦੀ ਖਾਦ ਵਾਪਸ ਲਿਆਉਣ ਲਈ ਆਧੁਨਿਕ ਵਿਗਿਆਨ ਨੂੰ ਰਵਾਇਤੀ ਗਿਆਨ ਦੇ ਨਾਲ ਜੋੜਦੀ ਹੈ।

**ਪੈਰਾਂ ਹੇਠਾਂ ਸੰਕਟ**: ਛੋਟੇ ਅਤੇ ਸੀਮਾਂਤ ਜੋਤਾਂ ਅਤੇ ਨਾਈਟਰੋਜਨ ਅਧਾਰਿਤ ਰਸਾਇਣਕ ਖਾਦਾਂ 'ਤੇ ਬਹੁਤ ਜ਼ਿਆਦਾ ਨਿਰਭਰਤਾ ਭਾਰਤੀ ਖੇਤੀਬਾੜੀ ਦੀ ਪਛਾਣ ਰਹੀ ਹੈ। ਵਰ੍ਹਿਆਂ ਤੱਕ ਅਸੰਤੁਲਿਤ ਵਰਤੋਂ ਅਤੇ ਲਗਾਤਾਰ ਇੱਕ ਹੀ ਫਸਲ ਉਗਾਉਣ ਨਾਲ ਮਿੱਟੀ ਦਾ ਕਾਫੀ ਨੁਕਸਾਨ ਹੋਇਆ ਹੈ। ਹੁਣ ਅਸੀਂ 'ਵੱਖ-ਵੱਖ ਪੋਸ਼ਕ ਤੱਤਾਂ ਦੀ ਕਮੀ' ਦੀ ਸਮੱਸਿਆ ਨਾਲ ਦੋ-ਚਾਰ ਹਾਂ ਅਤੇ ਇਸ ਦੀ ਵਜ੍ਹਾ ਨਾਲ ਮਿੱਟੀ ਵਿੱਚ ਗੰਧਕ (ਸਲਫਰ), ਜਸਤਾ (ਜਿੰਕ) ਅਤੇ ਬੋਰੋਨ ਜਿਹੇ ਸੈਕੰਡਰੀ ਅਤੇ ਸੂਖਮ ਪੋਸ਼ਕ ਤੱਤਾਂ ਦੀ ਬਹੁਤ ਜ਼ਿਆਦਾ ਘਾਟ ਹੋ ਗਈ ਹੈ।

ਜਦ ਮਿੱਟੀ ਦੀ ਸਿਹਤ ਖਰਾਬ ਹੁੰਦੀ ਹੈ, ਤਾਂ 'ਕਾਰਕ ਉਤਪਾਦਕਤਾ' ਵੀ ਘੱਟ ਹੋ ਜਾਂਦੀ ਹੈ- ਮਤਲਬ ਇਹ ਕਿ ਕਿਸਾਨਾਂ ਨੂੰ ਪੂਰਬ ਵਿੱਚ ਖਾਦਾਂ ਦੀ ਘੱਟ ਵਰਤੋਂ ਨਾਲ ਹਾਸਲ ਹੋਣ ਵਾਲੀ ਪੈਦਾਵਾਰ ਦੇ ਬਰਾਬਰ ਉਪਜ ਪਾਉਣ ਲਈ ਜ਼ਿਆਦਾ ਖਾਦ ਪਾਉਣਾ ਪੈਂਦਾ ਹੈ। ਖਾਦਾਂ ਦੀ ਵਰਤੋਂ ਦਾ ਇਹ ਚੱਕਰ ਉਤਪਾਦਨ ਦੀ ਲਾਗਤ ਵਧਾ ਦਿੰਦਾ ਹੈ ਅਤੇ ਭਾਰਤ ਦੀ ਜਲਵਾਯੂ ਵਿੱਚ ਬੇਹੱਦ ਆਮ ਹੁੰਦੇ ਜਾ ਰਹੇ ਅਨਿਯਮਿਤ ਵਰਖਾ ਅਤੇ ਸੋਕੇ ਦੀ ਸਥਿਤੀ ਵਿੱਚ ਫਸਲਾਂ ਨੂੰ ਹੋਰ ਜ਼ਿਆਦਾ ਨਾਜ਼ੁਕ ਬਣਾ ਦਿੰਦਾ ਹੈ।

ਏਕੀਕ੍ਰਿਤ ਪੋਸ਼ਕ ਤੱਤ ਪ੍ਰਬੰਧਨ ਕੀ ਹੈ ?

ਆਈਐੱਨਐੱਮ ਦਾ ਮਤਲਬ ਆਧੁਨਿਕ ਖਾਦਾਂ ਦੀ ਵਰਤੋਂ ਨੂੰ ਤਿਆਗਣਾ ਨਹੀਂ, ਸਗੋਂ ਜੈਵਿਕ ਅਤੇ ਜੀਵ ਵਿਗਿਆਨ ਸਬੰਧੀ ਸਰੋਤਾਂ ਦੇ ਨਾਲ ਮਿਲਾ ਕੇ ਉਨ੍ਹਾਂ ਦਾ ਜ਼ਿਆਦਾ ਸਮਝਦਾਰੀ ਨਾਲ ਇਸਤੇਮਾਲ ਕਰਨਾ ਹੈ। ਇਹ ਮਿੱਟੀ ਦੇ ਲਈ ਇੱਕ ਸੰਤੁਲਿਤ ਅਹਾਰ ਵਰਗਾ ਹੈ, ਜਿਸ ਵਿੱਚ ਸ਼ਾਮਲ ਹੁੰਦੇ ਹਨ:

**ਰਸਾਇਣਕ ਖਾਦ**: ਮਿੱਟੀ ਦੀ ਅਸਲ ਜ਼ਰੂਰਤਾਂ ਦੇ ਅਧਾਰ 'ਤੇ ਸਹੀ ਮਾਤਰਾ ਵਿੱਚ ਵਰਤੋਂ ਕੀਤੀਆਂ ਜਾਂਦੀਆਂ ਹਨ।

ਜੈਵਿਕ ਖਾਦ: ਖੇਤ ਦੀ ਖਾਦ (ਐੱਫਵਾਈਐੱਮ), ਕੰਪੋਸਟ, ਵਰਮੀਕੰਪੋਸਟ ਅਤੇ ਹਰੀ ਖਾਦ ਦੀ ਵਰਤੋਂ ਕਰਨਾ।

**ਜੈਵਿਕ ਖਾਦ (ਬਾਇਓ-ਫਰਟੀਲਾਈਜ਼ਰ)**: ਨਾਈਟਰੋਜਨ ਦੀ ਮਾਤਰਾ ਨੂੰ ਕੁਦਰਤੀ ਰੂਪ ਨਾਲ ਸਹੀ ਕਰਨ ਅਤੇ ਫਾਸਫੋਰਸ ਨੂੰ ਘੁਲਣਸ਼ੀਲ ਬਣਾਉਣ ਲਈ ਰਾਈਜੋਬਿਯਮ, ਏਜੋਟੋਬੈਕਟਰ ਅਤੇ ਮਾਈਕ੍ਰੋਇਜਾ ਜਿਹੇ ਲਾਭਦਾਇਕ ਕੀਟਾਣੂਆਂ ਦੀ ਵਰਤੋਂ ਕਰਨਾ।

**ਫਸਲਾਂ ਦੇ ਅਵਸ਼ੇਸ਼**: ਉਗਾਏ ਗਏ ਪਦਾਰਥਾਂ ਨੂੰ ਰੀਸਾਈਕਲਿੰਗ ਕਰਕੇ ਵਾਪਸ ਧਰਤੀ ਵਿੱਚ ਮਿਲਾ ਦੇਣਾ।

**ਮਿੱਟੀ ਦੀ ਸਿਹਤ ਦੇ ਅਧਾਰ**: ਆਈਐੱਨਐੱਮ ਦੇ ਪ੍ਰਭਾਵਸ਼ਾਲੀ ਹੋਣ ਦੀ ਵਜ੍ਹਾ ਨੂੰ ਸਮਝਣ ਦੇ ਲਈ ਸਾਨੂੰ ਮਿੱਟੀ ਦੀ ਸਿਹਤ ਦੇ ਤਿੰਨ ਮੁੱਖ ਅਧਾਰਾਂ- ਭੌਤਿਕ, ਰਸਾਇਣਕ ਅਤੇ ਜੈਵਿਕ- ਨੂੰ ਦੇਖਣਾ ਹੋਵੇਗਾ।

**ਭੌਤਿਕ**: ਆਈਐੱਨਐੱਸ ਮਿੱਟੀ ਦੀ ਬਣਾਵਟ ਅਤੇ ਪਾਣੀ ਰੋਕਣ ਦੀ ਸਮਰੱਥਾ ਨੂੰ ਬਿਹਤਰ ਬਣਾਉਂਦਾ ਹੈ। ਮੀਂਹ 'ਤੇ ਨਿਰਭਰ ਖੇਤੀਬਾੜੀ ਵਾਲੇ ਇਲਾਕਿਆਂ ਦੇ ਕਿਸਾਨਾਂ ਦੇ ਲਈ, ਇਸ ਦਾ ਮਤਲਬ ਇਹ ਹੈ ਕਿ ਮਿੱਟੀ ਸਪੰਜ ਦੀ ਤਰ੍ਹਾਂ ਕੰਮ ਕਰਦੀ ਹੈ ਅਤੇ ਸੋਕੇ ਦੇ ਸਮੇਂ ਵਿੱਚ ਜ਼ਿਆਦਾ ਸਮੇਂ ਤੱਕ ਨਮੀ ਬਣਾ ਕੇ ਰੱਖਦੀ ਹੈ।

**ਰਸਾਇਣਕ**: ਇਹ ਪੀਐੱਚ ਦੇ ਪੱਧਰ ਨੂੰ ਸੰਤੁਲਿਤ ਕਰਦਾ ਹੈ ਅਤੇ ਇਹ ਯਕੀਨੀ ਬਣਾਉਂਦਾ ਹੈ ਕਿ ਵੱਡਾ ਅਤੇ ਸੂਖਮ ਪੋਸ਼ਕ ਤੱਤ ਮਿੱਟੀ ਵਿੱਚ ਅਟਕੇ ਰਹਿਣ ਜਾਂ ਵਹਿ ਜਾਣ ਦੀ ਬਜਾਏ ਅਸਲ ਵਿੱਚ ਪੌਦਿਆਂ ਦੀ ਜੜ੍ਹਾਂ ਨੂੰ ਮਿਲਣ।

**ਜੈਵਿਕ**: ਸ਼ਾਇਦ ਸਭ ਤੋਂ ਜ਼ਰੂਰੀ ਗੱਲ ਇਹ ਹੈ ਕਿ ਆਈਐੱਨਐੱਮ ਸੂਖਮ ਜੀਵਾਂ ਦੀ ਵਿਭਿੰਨਤਾ ਅਤੇ ਕੇਂਚੂਆਂ ਦੀ ਅਬਾਦੀ ਨੂੰ ਵਧਾਉਂਦਾ ਹੈ। ਇਹ ਛੋਟੇ ਇੰਜੀਨੀਅਰ ਪੋਸ਼ਕ ਤੱਤਾਂ ਦੇ ਚੱਕ੍ਰਣ ਅਤੇ ਚੌਲ-ਕਣਕ ਜਾਂ ਗੰਨੇ ਬੈਲਟ ਜਿਹੀਆਂ ਗਹਿਣ ਪ੍ਰਣਾਲੀਆਂ ਵਿੱਚ ਉਤਪਾਦਕਤਾ ਨੂੰ ਬਣਾਏ ਰੱਖਣ ਦੇ ਲਈ ਬੇਹੱਦ ਜ਼ਰੂਰੀ ਹੁੰਦੇ ਹਨ।

**ਭਾਰਤੀ ਕਿਸਾਨਾਂ ਦੇ ਲਈ ਸ਼ਾਨਦਾਰ ਕਾਰਜ ਪ੍ਰਣਾਲੀ**: ਆਈਐੱਨਐੱਮ ਨੂੰ ਲੈਬ ਤੋਂ ਖੇਤ ਤੱਕ ਲੈ ਜਾਣ ਦੇ ਲਈ ਵਿਵਹਾਰਿਕ ਅਤੇ ਥਾਂ ਦੀਆਂ ਜ਼ਰੂਰਤਾਂ ਦੇ ਅਨੁਸਾਰ ਖਾਸ ਰਣਨੀਤੀਆਂ ਦੀ ਜ਼ਰੂਰਤ ਹੈ। ਸੋਇਲ ਹੈਲਥ ਕਾਰਡ ਯੋਜਨਾ ਜਿਹੀ ਰਾਸ਼ਟਰੀ ਪਹਿਲ ਪਹਿਲਾਂ ਤੋਂ ਹੀ ਅਨੁਮਾਨ ਦੀ ਬਜਾਏ ਮਿੱਟੀ ਦੀ ਅਸਲੀ ਜਾਂਚ ਦੇ ਅਧਾਰ 'ਤੇ ਖਾਦਾਂ ਦੀ ਵਰਤੋਂ ਦੀ ਸਲਾਹ ਦੇ ਕੇ ਇੱਕ ਰਸਤਾ ਦੱਸ ਰਹੀ ਹੈ।

ਪ੍ਰਬੰਧਨ ਦੇ ਮੁੱਖ ਤਰੀਕਿਆਂ ਵਿੱਚ ਫਸਲ ਦੇ ਵਿਕਾਸ ਦੇ ਅਹਿਮ ਪੜਾਅ ਦੇ ਹਿਸਾਬ ਨਾਲ ਨਾਈਟਰੋਜਨ ਨੂੰ ਵੰਡ ਕੇ ਪਾਉਣ ਅਤੇ ਨੀਮ-ਕੋਟੇਡ ਯੂਰੀਆ ਜਿਹੇ ਹੌਲੀ-ਹੌਲੀ ਛੱਡ ਜਾਣ ਵਾਲੇ ਵਿਕਲਪ ਦਾ ਇਸਤੇਮਾਲ ਸ਼ਾਮਲ ਹੈ। ਚੌਲ ਵਿੱਚ ਪੱਤੀਆਂ ਦੇ ਰੰਗ ਦੀ ਸਾਰਣੀ (ਐੱਲਸੀਸੀ) ਜਿਹੇ ਅਸਾਨ ਅਤੇ ਘੱਟ ਲਾਗਤ ਵਾਲੇ ਤਰੀਕੇ ਕਿਸਾਨਾਂ ਨੂੰ ਇਹ ਤੈਅ ਕਰਨ ਵਿੱਚ ਮਦਦ ਕਰਦੇ ਹਨ ਕਿ ਯੂਰੀਆ ਕਦੋਂ ਪਾਉਣਾ ਹੈ। ਇਸ ਨਾਲ ਬਰਬਾਦੀ ਅਤੇ ਵਾਤਾਵਰਣ ਵਿੱਚ ਮਾੜਾ ਪ੍ਰਭਾਵ ਘੱਟ ਹੁੰਦਾ ਹੈ। ਇਸ ਤੋਂ ਇਲਾਵਾ, ਫਸਲ ਪ੍ਰਣਾਲੀ ਵਿੱਚ ਫਲੀਆਂ ਨੂੰ ਸ਼ਾਮਲ ਕਰਨ ਨਾਲ ਨਾਈਟਰੋਜਨ ਸਥਿਰੀਕਰਣ ਸੁਭਾਵਿਕ ਤੌਰ 'ਤੇ ਵੱਧ ਸਕਦਾ ਹੈ, ਜਿਸ ਨਾਲ ਪੂਰੀ ਪ੍ਰਣਾਲੀ ਦੀ ਉਤਪਾਦਕਤਾ ਨੂੰ ਲਾਭ ਹੁੰਦਾ ਹੈ।

**ਖੇਤਰੀ ਪੱਧਰ 'ਤੇ ਪ੍ਰਭਾਵ ਅਤੇ ਆਰਥਿਕ ਲਾਭ**: ਆਈਐੱਨਐੱਮ ਦੀ ਅਹਿਮੀਅਤ ਖੇਤ ਦੇ ਪੱਧਰ 'ਤੇ ਸਭ ਤੋਂ ਜ਼ਿਆਦਾ ਦਿਖਾਈ ਦਿੰਦੀ ਹੈ। ਦੇਸ਼ ਭਰ ਵਿੱਚ ਕੀਤੇ ਗਏ ਦੀਰਘਕਾਲੀ ਖੇਤਰੀ ਪੱਧਰ ਦੇ ਪ੍ਰਯੋਗਾਂ ਤੋਂ ਪਤਾ ਚਲਦਾ ਹੈ ਕਿ ਖਾਦਾਂ ਅਤੇ ਜੈਵਿਕ ਪਦਾਰਥਾਂ ਦਾ ਤਾਲਮੇਲ ਇਸਤੇਮਾਲ ਰਸਾਇਣਕ ਖਾਦਾਂ ਦੀ ਤੁਲਨਾ ਵਿੱਚ ਜ਼ਿਆਦਾ ਪੈਦਾਵਾਰ ਦਿੰਦਾ ਹੈ।

**ਆਮ ਕਿਸਾਨਾਂ ਨੂੰ ਹੋਣ ਵਾਲੇ ਲਾਭ ਸਪੱਸ਼ਟ ਹਨ**:

**ਘੱਟ ਲਾਗਤ**: ਮਹਿੰਗੇ ਰਸਾਇਣਕਾਂ ਦੀ ਜਗ੍ਹਾ ਖੇਤ ਵਿੱਚ ਮਿਲਣ ਵਾਲੇ ਜੈਵਿਕ ਸੰਸਾਧਨਾਂ ਦੀ ਵਰਤੋਂ ਕਰਨ ਨਾਲ ਬਾਹਰੀ ਚੀਜ਼ਾਂ ਦੀ ਜ਼ਰੂਰਤ ਘੱਟ ਹੋ ਜਾਂਦੀ ਹੈ।

**ਮਜ਼ਬੂਤੀ**: ਜੜ੍ਹਾਂ ਦੇ ਬਿਹਤਰ ਵਾਧੇ ਅਤੇ ਮਿੱਟੀ ਦੀ ਚੰਗੀ ਗੁਣਵੱਤਾ ਫਸਲਾਂ ਨੂੰ "ਜਲਵਾਯੂ ਦੀ ਦ੍ਰਿਸ਼ਟੀ ਨਾਲ ਵਧੇਰੇ ਮਜ਼ਬੂਤ" ਬਣਾਉਂਦੀ ਹੈ, ਜਿਸ ਨਾਲ ਉਹ ਸੁਕੇ ਦੀ ਵਜ੍ਹਾ ਉਪਜੇ ਬੋਝ ਨੂੰ ਝੱਲ ਪਾਉਂਦੀਆਂ ਹਨ।

ਗੁਣਵੱਤਾ: ਜਸਤਾ (ਜਿੰਕ) ਅਤੇ ਆਇਰਨ ਤੱਤ ਜਿਹੇ ਸੂਖਮ ਪੋਸ਼ਕ ਤੱਤਾਂ ਨੂੰ ਸ਼ਾਮਲ ਕਰਨ ਨਾਲ ਫਸਲ ਦੀ ਪੈਦਾਵਾਰ ਅਤੇ ਉਪਜ ਦੀ ਗੁਣਵੱਤਾ, ਦੋਹਾਂ ਵਿੱਚ ਸਪੱਸ਼ਟ ਸੁਧਾਰ ਹੁੰਦਾ ਹੈ।

ਅੱਗੇ ਵਧਣ ਦੀ ਇੱਕ ਸਥਾਈ ਰਾਹ:

ਖੇਤ ਵਿਸ਼ੇਸ਼ ਤੋਂ ਪਰੇ, ਆਈਐੱਨਐੱਮ ਵਾਤਾਵਰਨਿਕ ਸਥਿਰਤਾ ਨਾਲ ਸਬੰਧਤ ਭਾਰਤ ਦੀ ਰਾਸ਼ਟਰੀ ਪ੍ਰਾਥਮਿਕਤਾਵਾਂ ਦੇ ਅਨੁਸਾਰ ਹੈ। ਲੀਚਿੰਗ ਅਤੇ ਇਵੈਪੋਰੇਸ਼ਨ ਦੀ ਪ੍ਰਕਿਰਿਆ ਦੇ ਜ਼ਰੀਏ ਪੋਸ਼ਕ ਤੱਤਾਂ ਦੀ ਹਾਨੀ ਨੂੰ ਘੱਟ ਕਰਕੇ, ਇਹ ਤਰੀਕਾ ਵਾਤਾਵਰਣਿਕ ਪ੍ਰਦੂਸ਼ਣ ਅਤੇ ਗ੍ਰੀਨ ਹਾਊਸ ਗੈਸਾਂ ਦੀ ਨਿਕਾਸੀ ਨੂੰ ਘੱਟ ਕਰਦਾ ਹੈ। ਜਦ ਅਸੀਂ ਭਾਰਤੀ ਖੇਤੀਬਾੜੀ ਦੇ ਭਵਿੱਖ ਵੱਲ ਦੇਖਦੇ ਹਾਂ, ਇਹ ਸਾਫ ਹੋ ਜਾਂਦਾ ਹੈ ਕਿ ਅਸੀਂ ਆਪਣੀ ਮਿੱਟੀ ਦਾ ਅਨਿਸ਼ਚਿਤ ਕਾਲ ਤੱਕ 'ਦੋਹਨ' ਕਦੇ ਨਹੀਂ ਕਰ ਸਕਦੇ। ਏਕੀਕ੍ਰਿਤ ਪੋਸ਼ਕ ਤੱਤ ਪ੍ਰਬੰਧਨ ਵੱਡੇ ਪੈਮਾਨੇ 'ਤੇ ਅਪਣਾਏ ਜਾਣ ਯੋਗ ਅਤੇ ਕਿਸਾਨਾਂ 'ਤੇ ਕੇਂਦ੍ਰਿਤ ਇੱਕ ਅਜਿਹਾ ਰਸਤਾ ਹੈ, ਜੋ ਸਾਡੀ ਖੇਤੀ ਦੀਆਂ ਪ੍ਰਣਾਲੀਆਂ ਦਾ ਆਉਣ ਵਾਲੀਆਂ ਪੀੜ੍ਹੀਆਂ ਤੱਕ ਪ੍ਰਾਸੰਗਿਕ ਬਣੇ ਰਹਿਣਾ ਯਕੀਨੀ ਕਰਦਾ ਹੈ। ਹੁਣ ਸਮਾਂ ਆ ਗਿਆ ਹੈ ਕਿ ਅਸੀਂ ਆਪਣੀ ਮਿੱਟੀ ਨੂੰ ਸਿਰਫ ਧੂੜ ਭਰ ਨਾ ਸਮਝੀਏ, ਸਗੋਂ ਇੱਕ ਅਜਿਹੀ ਜੀਵੰਤ ਪ੍ਰਣਾਲੀ ਸਮਝੀਏ, ਜਿਸ ਨੂੰ ਦੇਸ਼ ਦੇ ਲੋਕਾਂ ਦਾ ਪੇਟ ਭਰਨ ਦੇ ਲਈ ਸੰਤੁਲਿਤ ਅਤੇ ਟਿਕਾਊ ਪੋਸ਼ਣ ਦੀ ਜ਼ਰੂਰਤ ਹੈ।

**(ਲੇਖਿਕਾ ਆਈਸੀਏਆਰ-ਇੰਡੀਅਨ ਇੰਸਟੀਚਿਊਟ ਆਫ਼ ਪਲਸੇਸ ਰਿਸਰਚ, ਕਾਨਪੁਰ, ਉੱਤਰ ਪ੍ਰਦੇਸ਼ ਵਿੱਚ ਵਿਗਿਆਨਿਕ ਹਨ)**

# ਸਰਕਾਰੀ ਸਕੂਲ ਨੂੰ ਐਨ.ਆਰ.ਆਈ. ਨੇ ਦਿੱਤੇ 50 ਹਜ਼ਾਰ ਰੁਪਏ

ਗੜ੍ਹਦੀਵਾਲਾ, 16 ਜਨਵਰੀ (ਗੌਰਵ): ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੱਫਰ ਨੂੰ ਸ੍ਰੀ ਪ੍ਰਕਾਸ਼ ਸਿੰਘ ਬੱਧਣ ਨਿਊਜੀਲੈਂਡ ਵੱਲੋਂ ਸਕੂਲ



ਦੇ ਵਿਕਾਸ ਕਾਰਜਾਂ ਲਈ 50 ਹਜ਼ਾਰ ਦਾ ਚੈੱਕ ਭੇਟ ਕੀਤਾ ਗਿਆ। ਇਹ ਚੈੱਕ ਸ੍ਰੀਮਤੀ ਸਤਿਆ ਦੇਵੀ ਤੇ ਸ੍ਰੀ ਗੁਰਨਾਮ ਸਿੰਘ ਵੱਲੋਂ ਪਿੰਡ ਦੇ ਮੋਹਤਬਰ ਵਿਅਕਤੀਆਂ ਦੀ ਹਾਜ਼ਰੀ ਵਿੱਚ ਦਿੱਤਾ ਗਿਆ। ਸ੍ਰੀ ਗੁਰਨਾਮ ਸਿੰਘ ਨੇ ਦੱਸਿਆ ਕਿ ਸ੍ਰੀ ਪ੍ਰਕਾਸ਼ ਸਿੰਘ ਬੱਧਣ ਵੱਲੋਂ ਭੇਜੇ ਗਈ ਰਾਸੀ ਸਕੂਲ ਵਿੱਚ ਇੰਟਰਲੌਕ ਲਗਾਉਣ ਲਈ ਦਿੱਤੀ ਗਈ ਹੈ। ਉਹਨਾਂ ਨੇ ਅੱਗੇ ਤੋਂ ਸਕੂਲ ਨੂੰ ਹੋਰ ਮੱਦਦ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਸਕੂਲ ਇੰਚਾਰਜ ਦਿਨੇਸ਼ ਠਾਕੁਰ ਨੇ ਦਾਨੀ ਸੱਜਣਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸ੍ਰੀ ਗੁਰਨਾਮ ਸਿੰਘ ਅਕਾਊਂਟੈਂਟ, ਸ਼੍ਰੀਮਤੀ ਸੱਤਿਆ ਦੇਵੀ, ਸ੍ਰੀ ਨਿਰਮਲ ਸਿੰਘ ਬੱਧਣ, ਸ੍ਰੀ ਹਰਜੀਤ ਸਿੰਘ, ਸ਼੍ਰੀ ਨਿਰਮਲ ਸਿੰਘ ਭਾਟੀਆ, ਲੈਕ. ਦਿਨੇਸ਼ ਠਾਕੁਰ ਲੈਕ. ਦਲਜੀਤ ਸਿੰਘ ਪੰਜਾਬੀ, ਲੈਕ. ਉਮੇਸ਼ ਕੁਮਾਰ ਲੈਕ. ਇੰਦਰਜੀਤ, ਜਗਵਿੰਦਰ ਸਿੰਘ, ਜਗਮੋਹਨ ਸਿੰਘ ਹਰਪਾਲ ਸਿੰਘ, ਗੁਰਪ੍ਰੀਤ ਸਿੰਘ, ਅਨੁਰਾਗ ਠਾਕੁਰ, ਕਮਲਦੀਪ ਸਿੰਘ, ਰੇਖਾ ਦੇਵੀ, ਸਪਨਾ ਸਲਾਰੀਆ, ਅਮ੍ਰਿਤ ਜੋਤੀ, ਰਮਨਦੀਪ ਕੌਰ ਆਦਿ ਸਟਾਫ ਮੈਂਬਰ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚਾ, ਮਜ਼ਦੂਰ, ਮੁਲਾਜ਼ਮ,ਪੈਨਸ਼ਨਰਜ਼ ਜਥੇਬੰਦੀਆਂ ਵੱਲੋਂ ਡੀ ਸੀ ਦਫ਼ਤਰ ਅੱਗੇ ਧਰਨਾ

ਨਵਾਂਸ਼ਹਿਰ, 16 ਜਨਵਰੀ (ਸੁਖਦੇਵ ਸਿੰਘ ਉੜਾਪੜ) : ਅੱਜ ਸੰਯੁਕਤ ਕਿਸਾਨ ਮੋਰਚਾ, ਮਜ਼ਦੂਰ, ਮੁਲਾਜ਼ਮ ਅਤੇ ਪੈਨਸ਼ਨਰਜ਼ ਯੂਨੀਅਨਾਂ ਵੱਲੋਂ ਬਿਜਲੀ ਸੋਧ ਬਿੱਲ,ਬੀਜ ਸੋਧ ਬਿੱਲ, ਚਾਰ ਲੇਬਰ ਕੋਡ, ਜੀ ਰਾਮ ਜੀ, ਨਿੱਜੀਕਰਨ ਦੇ ਵਿਰੁੱਧ ਡੀ ਸੀ ਦਫ਼ਤਰ ਨਵਾਂਸ਼ਹਿਰ ਅੱਗੇ ਤਿੰਨ ਘੰਟੇ ਧਰਨਾ ਦਿੱਤਾ ਗਿਆ।ਇਸ ਮੌਕੇ ਇਫਟੂ ਦੇ ਸੂਬਾ ਪ੍ਰਧਾਨ ਕੁਲਵਿਦਰ ਸਿੰਘ ਵੜੈਚ, ਇਫਟੂ ਦੇ ਸੂਬਾ ਸਕੱਤਰ ਅਵਤਾਰ ਸਿੰਘ ਤਾਰੀ,ਸੀਟੂ ਦੇ ਸੂਬਾ ਜਨਰਲ ਸਕੱਤਰ ਮਹਾਂ ਸਿੰਘ ਰੌੜੀ,ਜਮਹੂਰੀ ਕਿਸਾਨ ਸਭਾ ਦੇ ਆਗੂ ਕੁਲਦੀਪ ਸਿੰਘ ਦੌੜਕਾ,



ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਭੁਪਿੰਦਰ ਸਿੰਘ ਵੜੈਚ,ਬੀ ਕੇ ਯੂ ਰਾਜੇਵਾਲ ਦੇ ਆਗੂ ਹਰਪ੍ਰਭ ਮਹਿਲ ਸਿੰਘ,ਆਂਗਨਵਾੜੀ ਵਰਕਰ ਯੂਨੀਅਨ ਦੇ ਆਗੂ ਕੁਲਵਿੰਦਰ ਕੌਰ, ਮੋਹਨ ਸਿੰਘ ਲੰਗੜੋਆ, ਪੈਨਸ਼ਨਰਜ਼ ਯੂਨੀਅਨ (ਬਿਜਲੀ ਬੋਰਡ)ਦੇ ਸਰਕਲ ਪ੍ਰਧਾਨ ਕੁਲਵਿੰਦਰ ਸਿੰਘ ਅਟਵਾਲ, ਅਸ਼ਵਨੀ ਕੁਮਾਰ, ਵਿਜੈ ਕੁਮਾਰ, ਬਲਵਿੰਦਰ ਪਾਲ, ਟੀਐਸਯੂ ਦੇ ਆਗੂ ਬਲਵਿੰਦਰ ਕੁਮਾਰ, ਜੁਝਾਰ ਸਿੰਘ, ਸੁਖਵਿੰਦਰ ਸਿੰਘ, ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਭੰਗਲ,ਖੇਤ ਮਜ਼ਦੂਰ ਸਭਾ ਦੇ ਨਿਰੰਜਣ ਦਾਸ ਮੇਹਲੀ, ਦਿਹਾਤੀ ਮਜ਼ਦੂਰ ਸਭਾ ਦੇ ਆਗੂ ਹਰਪਾਲ ਸਿੰਘ ਜਗਤ ਪੁਰ, ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਕਮਲਜੀਤ ਸਨਾਵਾ, ਟੀਐਸਯੂ (ਭੰਗਾਲ)ਦੇ ਸਰਕਲ ਪ੍ਰਧਾਨ ਨੰਦ ਲਾਲ ,ਬੀ ਕੇ ਯੂ ਕੌਮੀ ਦੇ ਆਗੂ ਨਿਰਮਲ ਸਿੰਘ, ਬੀ ਕੇ ਯੂ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਬੱਲੋਵਾਲ,ਪਾਵਰਕੌਮ ਐਂਡ ਟਰਾਂਸਕੋ ਐਕਸ਼ਨ ਯੂਨੀਅਨ ਪੰਜਾਬ ਦੇ ਸਰਕਲ ਪ੍ਰਧਾਨ ਹਸਮਤ ਅਲੀ, ਸੂਬਾ ਆਗੂ ਰਾਮ ਆਸਰਾ, ਇਸਤਰੀ ਜਾਗਰਤੀ ਮੰਚ ਦੇ ਜ਼ਿਲ੍ਹਾ ਸਕੱਤਰ ਰੁਪਿੰਦਰ ਕੌਰ ਦੁਰਗਾਪੁਰ,ਪਰਵਾਸੀ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪਰਵੀਨ ਕੁਮਾਰ ਨਿਰਾਲਾ, ਰੇਹੜੀ ਵਰਕਰ ਯੂਨੀਅਨ ਦੇ ਪ੍ਰਧਾਨ ਹਰੇ ਰਾਮ ਨੇ ਸੰਬੋਧਨ ਕੀਤਾ।

# ਜਤਿੰਦਰ ਕੌਰ ਰੰਧਾਵਾ ਨੇ ਨਿਸ਼ਕਾਮ ਸੇਵਾ ਗਰੁੱਪ ਦੇ ਮੈਂਬਰਾਂ ਨੂੰ ਦਿੱਤੀਆਂ ਵਧਾਈਆਂ

ਧਿਆਨਪੁਰ, 16 ਜਨਵਰੀ (ਹੈਪੀ ਕੋਟਲੀ) : ਪਿਛਲੇ ਦਿਨੀਂ ਨਿਸ਼ਕਾਮ ਸੇਵਾ ਗਰੁੱਪ ਵੱਲੋਂ ਸ੍ਰੀ ਬਾਵਾ ਲਾਲ ਦਿਆਲ ਮਹਾਰਾਜ ਜੀ ਦੇ 671ਵੇਂ ਜਨਮ ਦਿਹਾੜੇ ਮੌਕੇ ਨਿਊ ਬਾਵਾ ਲਾਲ ਹਸਪਤਾਲ ਧਿਆਨਪੁਰ 'ਚ ਬੇਸਹਾਰਾ ਅਤੇ ਗਰੀਬ 7 ਜੋੜਿਆਂ ਦੇ ਸਮੂਹਿਕ ਆਨੰਦ ਕਾਰਜ ਕਰਵਾ ਕੇ ਇੱਕ ਪੁੰਨ ਦਾ ਕੰਮ ਕੀਤਾ ਹੈ।ਇਹਨਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ



ਅਤੇ ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਦੇ ਧਰਮ ਪਤਨੀ ਮੈਡਮ ਜਤਿੰਦਰ ਕੌਰ ਰੰਧਾਵਾ ਨੇ ਗੱਲਬਾਤ ਕਰਦਿਆਂ ਕੀਤਾ ਉਨ੍ਹਾਂ ਕਿਹਾ ਕਿ ਮੈਂ ਇਸ ਸ਼ਲਾਘਾਯੋਗ ਕਾਰਜ ਵਾਸਤੇ ਸਮੂਹ ਨਿਸ਼ਕਾਮ ਸੇਵਾ ਗਰੁੱਪ ਦੇ ਮੈਂਬਰਾਂ ਅਤੇ ਨਿਸਕਾਮ ਸੇਵਾ ਗਰੁੱਪ ਦੇ ਚੇਅਰਮੈਨ ਡਾਕਟਰ ਸਿਮਰਨ ਕੌਰ ਨੂੰ ਵਧਾਈਆਂ ਦਿੰਦੀ ਹਾਂ।ਜਤਿੰਦਰ ਕੌਰ ਨੇ ਕਿਹਾ ਕਿ ਇਸ ਗਰੁੱਪ ਦਾ ਪਿਛਲੇ ਸਾਲ ਹੀ ਲਾਲ ਦਿਆਲ ਜੀ ਦੇ ਜਨਮ ਦਿਹਾੜੇ ਮੌਕੇ ਗਠਨ ਕੀਤਾ ਗਿਆ ਸੀ ਤੇ ਥੋੜ੍ਹੇ ਸਮੇਂ ਵਿੱਚ ਨਿਸਕਾਮ ਸੇਵਾ ਗਰੁੱਪ ਨੇ ਸਿਹਤ ਸਹੂਲਤਾਂ ਦੇਣ ਦੇ ਨਾਲ-ਨਾਲ ਪਿਛਲੀ ਸਾਲ ਸਰਹੱਦੀ ਇਲਾਕੇ ਡੇਰਾ ਬਾਬਾ ਨਾਨਕ 'ਚ ਆਏ ਹੜ੍ਹਾਂ 'ਚ ਲੋਕਾਂ ਦੇ ਘਰਾਂ ਤੱਕ ਪਹੁੰਚੇ ਕਰਕੇ ਲੋੜਵੰਦ ਲੋਕਾਂ ਦੀ ਬਾਂਹ ਫੜੀ ਹੈ।ਜਤਿੰਦਰ ਕੌਰ ਰੰਧਾਵਾ ਨੇ ਕਿਹਾ ਮਨੁੱਖਤਾ ਦੀ ਸੇਵਾ ਹੀ ਰੱਬ ਸੱਚੀ ਭਗਤੀ ਹੈ, ਅੰਤ 'ਚ ਮੈਡਮ ਜਤਿੰਦਰ ਕੌਰ ਰੰਧਾਵਾ ਨੇ 20 ਜਨਵਰੀ ਨੂੰ ਬਾਵਾ ਲਾਲ ਦਿਆਲ ਜੀ ਸਾਲਾਨਾ ਜੋੜ ਮੇਲੇ ਮੌਕੇ ਦੇਸ਼ ਵਿਦੇਸ਼ਾਂ ਤੋਂ ਮੰਦਿਰ ਸ੍ਰੀ ਬਾਵਾ ਲਾਲ ਦਿਆਲ ਜੀ ਧਿਆਨਪੁਰ ਵਿਖੇ ਪਹੁੰਚ ਰਹੀਆਂ ਸੰਗਤਾਂ ਨੂੰ ਜੀ ਆਇਆਂ ਅਤੇ ਸਮੂੰਹ ਸੰਗਤਾਂ ਨੂੰ ਬਾਵਾ ਲਾਲ ਦਿਆਲ ਜੀ ਦੇ 671ਵੇਂ ਜਨਮ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ ਗਈਆਂ।

# ਅੱਗ ਲੱਗਣ ਕਾਰਨ ਲੱਖਾਂ ਦਾ ਸਾਮਾਨ ਸੜ ਕੇ ਸੁਆਹ

ਟਾਂਡਾ ਉੜਮੁੜ 16 ਜਨਵਰੀ (ਅਰਜੁਨ ਜੈਨ) ਵੀਰਵਾਰ ਦੁਪਹਿਰ ਟਾਂਡਾ ਸ਼ਹਿਰ ਦੇ ਕਸਬਾ ਮਾਡਲ ਟਾਊਨ ਵਿਖੇ ਇੱਕ ਘਰ ਨੂੰ ਅੱਗ ਲੱਗਣ ਕਰ ਕੇ ਘਰ ਅੰਦਰ ਪਿਆ ਲੱਖਾਂ ਰੁਪਏ ਦਾ ਕੀਮਤੀ ਸਾਮਾਨ ਸੜ ਕੇ ਸੁਆਹ ਹੋ ਗਿਆ, ਜਦਕਿ ਮੁਹੱਲਾ ਵਾਸੀਆਂ ਵਲੋਂ ਕੀਤੀ ਮਦਦ ਦੇ ਚੱਲਦਿਆਂ ਘਰ ਅੰਦਰ ਬੈਠਾ ਬਜ਼ੁਰਗ ਵਿਅਕਤੀ ਤੇ ਦੋ ਕਾਰਾਂ ਨੂੰ ਜਾਨੀ-ਮਾਲੀ ਨੁਕਸਾਨ ਹੋਣ ਤੋਂ ਬਚਾ ਲਿਆ। ਇਸ ਮੌਕੇ ਫਾਇਰ ਬ੍ਰਿਗੇਡ ਤੇ ਮੁਹੱਲਾ ਵਾਸੀਆਂ ਵੱਲੋਂ ਕਰੀਬ ਢਾਈ ਘੰਟੇ ਦੀ ਲੰਮੀ ਮੁਸ਼ੱਕਤ ਤੋਂ ਬਾਅਦ ਅੱਗ @ਤੇ ਕਾਬੂ ਪਾਇਆ ਗਿਆ। ਇਸ ਸਬੰਧੀ ਘਰ ਦੇ ਮਾਲਕ ਬਜ਼ੁਰਗ ਹਰਭਜਨ ਸਿੰਘ ਨੇ ਦੱਸਿਆ ਕਿ ਉਨ੍ਹਾਂ ਕਰੀਬ 8 ਸਾਲ ਪਹਿਲਾਂ ਮਾਡਲ ਟਾਊਨ @ਚ ਆਪਣਾ ਮਕਾਨ ਖ਼ਰੀਦਿਆ ਸੀ।ਉਨ੍ਹਾਂ ਦੱਸਿਆ ਕਿ ਉਨ੍ਹਾਂ ਦਾ ਇੱਕ ਲੜਕਾ ਅਮਰੀਕਾ @ਚ ਰਹਿੰਦਾ ਹੈ ਤੇ ਇੱਕ ਲੜਕੀ ਤੇ ਪਤਨੀ ਨਾਲ ਉਹ ਇਸ ਘਰ ਵਿਚ ਰਹਿ ਰਹੇ ਹਨ। ਹਰਭਜਨ ਸਿੰਘ ਨੇ ਦੱਸਿਆ ਕਿ ਵੀਰਵਾਰ ਦੁਪਹਿਰ ਉਹ ਘਰ @ਚ ਹੀ ਸੀ ਤੇ ਉਸ ਦੀ ਪਤਨੀ ਉਸ ਦੀ ਲੜਕੀ ਨਾਲ ਘਰ ਬਾਹਰ ਤਾਲਾ ਲਾ ਕੇ ਕਿਸੇ ਧਾਰਮਿਕ ਸਥਾਨ 'ਤੇ ਮੱਥਾ ਟੇਕਣ ਗਏ ਸਨ। ਉਨ੍ਹਾਂ ਦੱਸਿਆ ਕਿ ਉਸ ਦੀ ਪਤਨੀ ਨੇ ਘਰ ਅੰਦਰ ਬਾਬਾ ਜੀ ਦੇ ਫੋਟੋ ਅੱਗੇ ਜੋਤ ਜਗਾਈ ਸੀ ਤੇ ਜੋਤ ਤੋਂ ਘਰ ਅੰਦਰ ਅੱਗ ਲੱਗ ਗਈ, ਜੋ ਵੇਖਦੇ-ਵੇਖਦੇ ਵਿਕਰਾਲ ਰੂਪ ਧਾਰਨ ਕਰ ਗਈ। ਹਰਭਜਨ ਸਿੰਘ ਵੱਲੋਂ ਰੌਲਾ ਪਾਉਣ ਤੇ ਮੁਹੱਲਾ ਵਾਸੀਆਂ ਇਕੱਠੇ ਹੋ ਕੇ ਪਹਿਲਾਂ ਹਰਭਜਨ ਸਿੰਘ ਤੇ ਫਿਰ ਘਰ ਅੰਦਰ ਖੜ੍ਹੀਆਂ ਕਾਰਾਂ ਟਰੈਕਟਰ ਨਾਲ ਟੋਚਨ ਪਾ ਕੇ ਬਾਹਰ ਕੱਢੀਆਂ। ਮੁਹੱਲਾ ਵਾਸੀਆਂ ਵੱਲੋਂ ਸੂਚਨਾ ਦੇਣ @ਤੇ ਫਾਇਰ ਬ੍ਰਿਗੇਡ ਤੇ ਟਾਂਡਾ ਪੁਲਿਸ ਮੌਕੇ @ਤੇ ਪਹੁੰਚ ਗਈ। ਉਸ ਤੋਂ ਬਾਅਦ ਬੜੀ ਮੁਸ਼ਕਲ ਨਾਲ ਕਰੀਬ ਢਾਈ ਘੰਟੇ ਦੀ ਮੁਸ਼ੱਕਤ ਤੋਂ ਬਾਅਦ ਅੱਗ @ਤੇ ਕਾਬੂ ਪਾਇਆ ਗਿਆ ਪਰ ਇਸ ਅੱਗ ਦੀ ਲਪੇਟ @ਚ ਆਉਣ ਕਰ ਕੇ ਘਰ ਅੰਦਰ ਪਿਆ ਲੱਖਾਂ ਰੁਪਏ ਦਾ ਕੀਮਤੀ ਸਾਮਾਨ ਸੜ ਕੇ ਸੁਆਹ ਹੋ ਗਿਆ ਤੇ ਘਰ ਦੀਆਂ ਕੰਧਾਂ @ਚ ਦਰਾਰਾਂ ਪੈ ਗਈਆਂ।

# ਬਾਲਕ ਨਾਥ ਜੀ ਦੀ ਚੌਂਕੀ 23 ਨੂੰ

ਗੜ੍ਹਦੀਵਾਲਾ, 16 ਜਨਵਰੀ (ਗੌਰਵ): ਸਰਬ ਧਰਮ ਦਰਬਾਰ ਪਿੰਡ ਗੋਬਿੰਦਪੁਰ ਖੁਣ ਖੁਣ ਵਿਖੇ ਦਰਬਾਰ ਦੇ ਸੇਵਾਦਾਰ ਡਾ. ਕੁਲਦੀਪ ਸਿੰਘ ਦੀ ਰਹਿਨੁਮਾਈ ਹੇਠ ਜੇਠੇ ਐਤਵਾਰ 23



ਤਰੀਕ ਨੂੰ ਬਾਬਾ ਬਾਲਕ ਨਾਥ ਜੀ ਦੀ ਚੌਂਕੀ ਲਗਾਈ ਜਾ ਰਹੀ ਹੈ, ਜਿਸ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਦਿੱਤੀਆਂ ਗਈਆਂ ਹਨ। ਮੁੱਖ ਸੇਵਾਦਾਰ ਡਾ. ਕੁਲਦੀਪ ਸਿੰਘ ਨੇ ਦੱਸਿਆ ਕਿ ਸਿੱਧ ਬਾਬਾ ਬਾਲਕ ਨਾਥ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਜਾਵੇਗਾ, ਉਪਰੰਤ ਸੋਢੀ ਐਂਡ ਪਾਰਟੀ ਸਲੇਮਪੁਰ ਵਾਲੇ ਆਪਣੀ ਹਾਜ਼ਰੀ ਲਗਵਾਉਣਗੇ। ਇਸ ਮੌਕੇ ਸਰਬ ਧਰਮ ਸੇਵਾ ਸੁਸਾਇਟੀ ਵੱਲੋਂ ਜ਼ਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਵੀ ਵੰਡਿਆ ਜਾਵੇਗਾ।

# ਸਤਿਸੰਗ ਘਰ ਜਾਂਗਲਾ ਵੱਲੋਂ ਮਾਘ ਦੀ ਸੰਗਰਾਂਦ ਦੇ ਦਿਹਾੜੇ 'ਤੇ ਲੰਗਰ ਲਗਾਇਆ

ਬਟਾਲਾ, 16 ਜਨਵਰੀ(ਸੁਖਦੇਵ ਸਿੰਘ ਰੰਧਾਵਾ, ਬਲਬੀਰ ਸੋਹਲ): ਸਤਸੰਗ ਘਰ ਜਾਂਗਲਾ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਮਾਘ ਮਹੀਨੇ ਦੀ ਸੰਗਰਾਂਦ ਦੇ ਦਿਹਾੜੇ ਤੇ ਬਟਾਲਾ ਵਿਖੇ ਲੰਗਰ ਦੀ ਸੇਵਾ ਕੀਤੀ ਗਈ। ਸਤਸੰਗ ਘਰ ਜਾਂਗਲਾ ਦੇ ਮੁੱਖ ਸੇਵਾਦਾਰ ਬਾਬਾ ਰਾਜਭੁਪਿੰਦਰ ਸਿੰਘ ਰਾਜੂ ਦੀ ਅਗਵਾਈ



ਹੇਠ ਬਟਾਲਾ ਅਲੀਵਾਲ ਰੋਡ ਫਲਾਈ ਓਵਰ ਪੁੱਲ ਦੇ ਹੇਠਾਂ ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ। ਸਾਰਾ ਦਿਨ ਆਏ ਗਏ ਰਾਹਗੀਰਾਂ ਨੂੰ ਬੜੀ ਸ਼ਰਧਾ ਭਾਵਨਾ ਨਾਲ ਅਨਿਕ ਪ੍ਰਕਾਰ ਦੇ ਲੰਗਰ ਛਕਾਏ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੇਵਾਦਾਰਾਂ 'ਚ ਅਮਰਜੀਤ ਸਿੰਘ ਰਾਜੂ ,ਮਾਸਟਰ ਜਰਨੈਲ ਸਿੰਘ ਬਟਾਲਾ, ਨੰਬਰਦਾਰ ਜਸਬੀਰ ਸਿੰਘ ਸੰਗਤਪੁਰਾ, ਹਰਜੀਤ ਸਿੰਘ ਕਾਹਨਾ ਰਣਜੀਤ ਸਿੰਘ ਸਰਪੰਚ,ਹਰਪ੍ਰੀਤ ਸਿੰਘ ਗੁੱਜਰਪੁਰਾ , ਹਰਜੀਤ ਸਿੰਘ ਬਟਾਲਾ, ਡਾਕਟਰ ਪ੍ਰਤਾਪ ਬਟਾਲਾ,ਰਣਜੀਤ ਸਿੰਘ ਬੁਲੋਵਾਲ, ਸਤਨਾਮ ਸਿੰਘ ਰਿਆਲੀ, ਜੋਗਿੰਦਰ ਸਿੰਘ ਥਾਣੇਦਾਰ,ਗੁਰਨਾਮ ਸਿੰਘ, ਰਣਜੀਤ ਸਿੰਘ ਸਰਪੰਚ, ਸਿਮਰਪ੍ਰੀਤ ਸਿੰਘ ਗੋਰਾ, ਸੁਖਬੀਰ ਸਿੰਘ,ਸੁਨੀਲ ਕੁਮਾਰ, ਰਾਜਬੀਰ ਸਿੰਘ, ਪ੍ਰਿੰਸ, ਸਰਵਣ ਸਿੰਘ, ਮੇਜਰ ਸਿੰਘ, ਜਗੀਰ ਸਿੰਘ, ਅੰਮ੍ਰਿਤ ਸਿੰਘ, ਰਾਜਵੀਰ ਸਿੰਘ ਆਦਿ ਨੇ ਸੇਵਾ ਨਿਭਾਈ।

# ਸਰਦੀ ਦੇ ਮੌਸਮ 'ਚ ਸਾਵਧਾਨ ਰਹਿਣ ਲਈ ਕੀਤਾ ਜਾਗਰੂਕ

ਦਸੂਹਾ, 16 ਜਨਵਰੀ (ਰਾਜਿੰਦਰ ਸਿੰਘ ਦਸੂਹਾ) : ਸੀਨੀਅਰ ਮੈਡੀਕਲ ਅਫ਼ਸਰ ਡਾ. ਮਨਮੋਹਨ ਸਿੰਘ ਸਿਵਲ ਹਸਪਤਾਲ ਦਸੂਹਾ ਨੇ ਲੋਕਾਂ ਨੂੰ ਸਕਦੀ ਦੇ ਮੌਸਮ ਵਿੱਚ ਸਾਵਧਾਨ ਰਹਿਣ ਲਈ ਕੀਤਾ ਗਿਆ ਜਾਗਰੂਕ । ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਮਨਮੋਹਨ ਸਿੰਘ ਨੇ ਦੱਸਿਆ ਕਿ ਸਰਦੀ ਦੀ ਤੇਜ਼ ਲਹਿਰ ਤੋਂ ਸੁਰੱਖਿਅਤ ਰਹਿਣ ਲਈ ਗਰਮ ਕੱਪੜੇ ਟੋਪੀ, ਜੁਰਾਬ, ਦਸਤਾਨੇ ਆਦਿ ਪਾਉਣੇ ਚਾਹੀਦੇ ਹਨ। ਗਰਮ ਖਾਣਾ ,ਪੀਣਾ ਚਾਹੀਦਾ ਹੈ। ਬੱਚਿਆਂ, ਬਜ਼ੁਰਗਾਂ ਅਤੇ ਬਿਮਾਰ ਲੋਕਾਂ ਦੀ ਵਿਸ਼ੇਸ਼ ਸੰਭਾਲ ਕਰਨੀ ਚਾਹੀਦੀ ਹੈ। ਸਰਦੀ ਦੇ ਮੌਸਮ ਵਿੱਚ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਣਾ ਚਾਹੀਦਾ ਹੈ।ਸਰਦੀ ਦੇ ਮੌਸਮ ਵਿੱਚ ਜ਼ਰੂਰਤ ਪੈਣ 'ਤੇ ਹੀ ਘਰੋ ਬਾਹਰ ਨਿਕਲਣਾ ਚਾਹੀਦਾ ਹੈ। ਅੱਗ ਉਨ੍ਹਾਂ ਦੱਸਿਆ ਕਿ ਸਾਨੂੰ ਸੱਭ ਨੂੰ ਸਰਦੀ ਦੇ ਮੌਸਮ ਵਿੱਚ ਸਾਵਧਾਨ ਰਹਿਣ ਦੀ ਅਪੀ ਕੀਤੀ। ਇਸ ਮੌਕੇ ਡਾਕਟਰ ਕੁਲਵਿੰਦਰ ਸਿੰਘ,ਡਾਕਟਰ ਕਰਨਜੀਤ ਸਿੰਘ, ਡਾਕਟਰ ਹਿਤੇਸ਼ ਭਾਟੀਆ,ਡਾਕਟਰ ਗੁਰਪ੍ਰੀਤ ਸਿੰਘ, ਡਾਕਟਰ ਪੁਸ਼ਪਿੰਦਰ ਸਿੰਘ,ਡਾਕਟਰ ਬਲਵਿੰਦਰ ਪਾਲ ਸਿੰਘ, ਅਪਥਲਮਿਕ ਅਫਸਰ ਰਣਜੀਤ ਸਿੰਘ ਭਾਰਤੀ,ਜਸਵਿੰਦਰ ਕੌਰ ਨਰਸਿੰਗ ਸਿਸਟਰ, ਐਲ ਐਚ ਵੀ ਕੁਲਜੀਤ ਕੌਰ,ਐਲ ਐਚ ਵੀ ਕੁਲਵਿੰਦਰ ਕੌਰ,ਸਿਹਤ ਕਰਮਚਾਰੀ ਗੁਰਨਾਮ ਸਿੰਘ, ਐਸ,ਪੀ,ਐਨ ਨਰਸਿੰਗ ਕਾਲਜ ਦੇ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਹੋਏ।

# ਕਾਹਨੂੰਵਾਨ ਰੋਡ ਦੇ ਵਾਸੀਆਂ ਦੀ ਚਿਰੋਕਣੀ ਮੰਗ ਪੂਰੀ ਕਰਦਿਆਂ ਗਲੀ ਦਾ ਨਿਰਮਾਣ ਕਾਰਜ ਸ਼ੁਰੂ

ਬਟਾਲਾ/ ਅੱਚਲ ਸਾਹਿਬ, 16 ਜਨਵਰੀ (ਬਲਵਿੰਦਰ ਸਿੰਘ ਪੰਜਗਰਾਈਂ/ਜੁਗਰਾਜ ਸਿੰਘ ਖਾਲਸਾ) : ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ



ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਲੋਕਾਂ ਦੀਆਂ ਮੰਗਾਂ ਪੂਰੀਆਂ ਕਰਨ ਦੀ ਲੜੀ ਤਹਿਤ ਕਾਹਨੂੰਵਾਨ ਰੋਡ ਦੇ ਵਾਸੀਆਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਗਲੀ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ।ਇਸ ਮੌਕੇ ਕਾਹਨੂੰਵਾਨ ਰੋਡ ਦੇ ਵਸਨੀਕਾਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਗਲੀ ਬਣਨ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਇੱਥੋਂ ਦੇ ਵਾਸੀਆਂ ਨੂੰ ਗਲੀ ਨਾ ਬਣਨ ਕਰਕੇ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਪਰ ਹੁਣ ਲੋਕਾਂ ਦੀ ਮੁਸ਼ਕਿਲ ਹੱਲ ਕਰਦਿਆਂ ਗਲੀ ਦਾ ਨਿਰਮਾਣ ਕੰਮ ਸ਼ੁਰੂ ਕਰਵਾਇਆ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਮੇਰੀ ਹਮੇਸ਼ਾਂ ਕੋਸ਼ਿਸ਼ ਹੁੰਦੀ ਹੈ ਕਿ ਹਲਕਾ ਵਾਸੀਆਂ ਦੀ ਮੁਸ਼ਕਿਲਾਂ ਪਹਿਲ ਦੇ ਆਧਾਰ 'ਤੇ ਹੱਲ ਕੀਤੀਆਂ ਜਾਣ, ਜਿਸ ਤਹਿਤ ਉਹ 24 ਘੰਟੇ ਲੋਕਾਂ ਦੇ ਸੰਪਰਕ ਵਿੱਚ ਰਹਿ ਕੇ ਉਨਾਂ ਦੀਆਂ ਸਮੱਸਿਆਵਾਂ ਦੂਰ ਕਰ ਰਹੇ ਹਨ। ਬਟਾਲਾ ਸ਼ਹਿਰ ਅੰਦਰ ਲੋਕਹਿੱਤ ਵਿੱਚ ਕਰਵਾਏ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਸ਼ੈਰੀ ਕਲਸੀ ਨੇ ਦੱਸਿਆ ਕਿ ਟਰੈਫਿਕ ਦੀ ਸਮੱਸਿਆ ਤੋਂ ਲੋਕਾਂ ਨੂੰ ਨਿਜਾਤ ਪਾਉਣ ਦੇ ਮੰਤਵ ਨਾਲ ਸੜਕਾਂ ਨੂੰ ਚੌੜੀਆਂ ਕਰਨ ਦੇ ਨਾਲ ਬਿਜਲੀ ਦੇ ਖੰਭਿਆਂ ਨੂੰ ਸੜਕਾਂ ਦੇ ਕਿਨਾਰਿਆਂ ਤੋਂ ਹਟਾਇਆ ਗਿਆ ਹੈ। ਸ਼ਹਿਰ ਵਿੱਚ ਖੂਬਸੂਰਤ ਪਾਰਕ ਉਸਾਰਨ ਦੇ ਨਾਲ ਚੌਕਾਂ ਨੂੰ ਚੌੜਿਆਂ ਕੀਤਾ ਗਿਆ ਹੈ। ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦੇਣ ਦੇ ਮੰਤਵ ਨਾਲ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ।

# 6 ਦਿਨਾਂ ਡਾਕਟਰੀ ਕੈਂਪ ਸ਼ੁਰੂ

ਡੇਰਾ ਬਾਬਾ ਨਾਨਕ, 16 ਜਨਵਰੀ (ਹੈਪੀ ਕੋਟਲੀ) : ਮਹਾਨ ਤਪੱਸਵੀ ਸ੍ਰੀ ਬਾਵਾ ਲਾਲ ਦਿਆਲ ਜੀ ਦੇ 671ਵੇਂ ਜਨਮ ਦਿਹਾੜੇ ਨੂੰ ਸਮਰਪਿਤ 6 ਦਿਨਾਂ ਮੈਡੀਕਲ ਕੈਂਪ 15 ਜਨਵਰੀ ਤੋਂ ਸ਼ੁਰੂ ਕੀਤਾ ਜਾਵੇਗਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਨਿਊ ਬਾਵਾ ਲਾਲ ਹਸਪਤਾਲ ਧਿਆਨਪੁਰ ਦੇ ਐੱਮ ਡੀ ਅਤੇ ਨਿਸ਼ਕਾਮ ਸੇਵਾ ਗਰੁੱਪ ਦੇ ਚੇਅਰਮੈਨ ਡਾ ਸਿਮਰਨ ਕੌਰ ਨੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਹ ਮੈਡੀਕਲ ਕੈਂਪ ਲਗਾਤਾਰ 6 ਦਿਨ ਜਾਰੀ ਰਹੇਗਾ ਇਲਾਕੇ ਦੇ ਲੋਕਾਂ ਨੂੰ ਰਿਆਤ 'ਚ ਸਿਹਤ ਸੇਵਾਵਾਂ ਦਿੱਤੀਆਂ ਜਾਣਗੀਆਂ।



ਇਸਦੇ ਨਾਲ ਡਾ ਸਿਮਰਨ ਕੌਰ ਨੇ ਇਹਨਾਂ ਨਿਵਾਸੀਆਂ ਨੂੰ ਅਪੀਲ ਕੀਤੀ ਇਸ 6 ਦਿਨਾਂ ਫ੍ਰੀ ਮੈਡੀਕਲ ਕੈਂਪ ਮੌਕੇ ਹਰ ਤਰ੍ਹਾਂ ਅਪਰੇਸ਼ਨ ਨਿਊ ਬਾਵਾ ਲਾਲ ਜੀ ਹਸਪਤਾਲ ਧਿਆਨਪੁਰ ਵੱਲੋਂ ਬਾਵਾ ਲਾਲ ਜੀ ਜਨਮ ਦਿਨ 'ਤੇ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ।ਕੈਂਪ 15-01-2026 ਤੋਂ 25-01-2026 ਤੱਕ ਲਗਾਇਆ ਜਾ ਰਿਹਾ ਹੈ ਕੈਂਪ 'ਚ (1) ਬੱਚੇਦਾਨੀ ਦਾ ਆਪ੍ਰੇਸ਼ਨ (2)ਪਿੱਤੇ ਦਾ ਆਪ੍ਰੇਸ਼ਨ (3)ਹਰਨੀਆਂ ਦਾ ਆਪ੍ਰੇਸ਼ਨ (4) ਬਾਸੀਰ ਦਾ ਆਪ੍ਰੇਸ਼ਨ ਸਿਜੇਰੀਅਨ. ਸਿਰਫ 13000 ਵਿਚ ਕੀਤੇ ਜਾਣਗੇ। ਨਾਰਮਲ ਡਲਿਵਰੀ 10000 ਵਿੱਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਇਸ 6 ਦਿਨਾਂ ਮੈਡੀਕਲ ਕੈਂਪ ਦੌਰਾਨ ਵੱਖ ਵੱਖ ਰੋਗਾਂ ਦੇ ਮਾਹਿਰ ਅਤੇ ਤਜਰਬੇਕਾਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦਾ ਚੈੱਕਅਪ ਕੀਤਾ ਜਾਵੇਗਾ।ਇਸ ਮੌਕੇ ਡਾ ਸਿਮਰਨ ਕੌਰ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਇਸ ਮੈਡੀਕਲ ਕੈਂਪ ਦਾ ਵੱਧ ਤੋਂ ਲਾਭ ਉਠਾਇਆ ਜਾਵੇ।

# ਫਤਿਹਗੜ੍ਹ ਚੂੜੀਆਂ ਵਿਖੇ ਚੋਰੀ ਨੂੰ ਅੰਜ਼ਾਮ ਦੇਣ ਵਾਲੇ ਕਾਬੂ

ਫਤਿਹਗੜ੍ਹ ਚੂੜੀਆਂ, 16 ਜਨਵਰੀ (ਰਾਜਨ ਸ਼ਰਮਾ) : ਫਤਿਹਗੜ੍ਹ ਚੂੜੀਆਂ ਕਿਲਾ ਕਲੋਨੀ ਵਿਖੇ ਪਿਛਲੇ ਦਿਨੀਂ ਇੱਕ ਕੋਠੀ ਵਿਖੇ ਚੋਰੀ ਹੋਈ ਸੀ। ਇਸ ਵਾਰਦਾਤ ਨੂੰ ਅੰਜ਼ਾਮ ਦੇਣ ਵਾਲੇ ਦੋਸ਼ੀਆਂ ਨੂੰ ਫਤਿਹਗੜ੍ਹ ਚੂੜੀਆਂ ਦੀ ਪੁਲਿਸ ਵੱਲੋਂ ਕਾਬੂ ਕੀਤਾ ਗਿਆ ਹੈ। ਜਾਣਕਾਰੀ ਮੁਤਾਬਕ



ਡੀ ਐਸ ਪੀ ਰਾਜੇਸ਼ ਕੱਕੜ ਫਤਿਹਗੜ੍ਹ ਚੂੜੀਆਂ ਵੱਲੋਂ ਦੱਸਿਆ ਗਿਆ ਕਿ ਇਹੋ ਜਿਹੇ ਭੈੜੇ ਅੰਸਰਾਂ ਵੱਲੋਂ ਜੋ ਚੋਰੀ ਦੀਆਂ ਵਾਰਦਾਤਾਂ ਨੂੰ ਅੰਜ਼ਾਮ ਦਿੰਦੇ ਜਾਂ ਕੋਈ ਹੋਰ ਕਰਾਈਮ ਕਰਦੇ ਹਨ, ਉਹਨਾਂ ਨੂੰ ਨੱਥ ਪਾਉਣ ਦੇ ਲਈ ਐਸ ਐਸ ਪੀ ਬਟਾਲਾ, ਅਤੇ ਐਸ ਪੀ ਡੀ ਜੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਇਸ ਚੋਰੀ ਨੂੰ ਅੰਜ਼ਾਮ ਦੇਣ ਵਾਲੇ ਪੰਜ ਦੋਸ਼ੀਆਂ ਨੂੰ ਹੁਣ ਤੱਕ ਗ੍ਰਿਫਤਾਰ ਕੀਤਾ ਗਿਆ ਹੈ। ਜਿਨ੍ਹਾਂ ਵਿੱਚ ਤਿੰਨ ਔਰਤਾਂ ਅਤੇ ਲੜਕੇ ਸ਼ਾਮਲ ਹਨ। ਅਤੇ ਬਾਕੀ ਦੇ ਤਿੰਨ ਦੋਸ਼ੀ ਫਰਾਰ ਨੇ ਅਤੇ ਉਨ੍ਹਾਂ ਦੋਸ਼ੀਆਂ ਦੀ ਭਾਲ ਜਾਰੀ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀ ਐਸ ਪੀ ਰਾਜੇਸ਼ ਕੱਕੜ ਨੇ ਕਿਹਾ ਕਿ ਇਹਨਾਂ ਦੋਸ਼ੀਆਂ ਪਾਸੋਂ ਚੋਰੀ ਕੀਤਾ ਗਿਆ। ਕਈ ਤੋਲੇ ਸੋਨਾ ਅਤੇ ਇੱਕ ਮੋਟਰਸਾਈਕਲ ਵੀ ਬਰਾਮਦ ਕੀਤਾ ਗਿਆ ਹੈ। ਗੱਲਬਾਤ ਦੌਰਾਨ ਡੀ ਐਸ ਪੀ ਰਾਜੇਸ਼ ਕੱਕੜ ਨੇ ਦੱਸਿਆ ਕਿ ਕੋਈ ਵੀ ਸ਼ਰਾਰਤੀ ਅਨਸਰ ਜਾਂ ਚੋਰੀਆਂ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲਾ ਕੋਈ ਵੀ ਵਿਅਕਤੀ ਬਖਸ਼ਿਆ ਨਹੀਂ ਜਾਵੇਗਾ। ਆਖਿਰ ਵਿੱਚ ਡੀ ਐਸ ਪੀ ਰਾਜੇਸ਼ ਕੱਕੜ ਨੇ ਥਾਣਾ ਫਤਿਹਗੜ੍ਹ ਚੂੜੀਆਂ ਦੇ ਐਸ ਐਚ ਓ ਸੁਰਿੰਦਰ ਪਾਲ ਸਿੰਘ ਅਤੇ ਆਪਣੀ ਸਾਰੀ ਹੀ ਪੰਜਾਬ ਪੁਲਿਸ ਟੀਮ ਦਾ ਵੀ ਧੰਨਵਾਦ ਕੀਤਾ। ਜਿਨ੍ਹਾਂ ਦੀ ਮਿਹਨਤ ਸਦਕਾ ਫਤਿਹਗੜ੍ਹ ਚੂੜੀਆਂ ਵਿਖੇ ਵੱਡਾ ਚੋਰ ਗਰੋਹ ਫੜਨ ਵਿੱਚ ਸਫਲਤਾ ਹਾਸਿਲ ਕੀਤੀ। ਉਸ ਮੌਕੇ ਡੀ ਐਸ ਪੀ ਰਾਜੇਸ਼ ਕੱਕੜ ਫਤਿਹਗੜ੍ਹ ਚੂੜੀਆਂ, ਐਸ ਐਚ ਓ ਸੁਰਿੰਦਰ ਪਾਲ ਸਿੰਘ ਫਤਿਹਗੜ੍ਹ ਚੂੜੀਆਂ, ਬੂਟਾ ਸਿੰਘ ਏ ਐਸ ਆਈ, ਐਚ ਸੀ ਅਮਰਜੀਤ ਸਿੰਘ, ਐਚ ਸੀ ਭੁਪਿੰਦਰ ਸਿੰਘ, ਵਰਿੰਦਰ ਸਿੰਘ ਏ ਐਸ ਆਈ, ਏ ਐਸ ਆਈ ਤਲਵਿੰਦਰ ਲਵਲੀ, ਤੋਂ ਇਲਾਵਾ ਵੱਡੀ ਗਿਣਤੀ ਵਿੱਚ ਫਤਿਹਗੜ੍ਹ ਚੂੜੀਆਂ ਦੇ ਪੁਲਿਸ ਮੁਲਾਜ਼ਮ ਹਾਜ਼ਰ ਸਨ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਗਰਾਈਆਂ ਨੇ ਬਿੱਲਾਂ ਦੀਆਂ ਕਾਪੀਆਂ ਸਾੜੀਆਂ

ਬਟਾਲਾ, 16 ਜਨਵਰੀ (ਬਲਵਿੰਦਰ ਸਿੰਘ ਪੰਜਗਰਾਈਂ) : ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੀ ਇਕਾਈ ਪਿੰਡ ਪੰਜਗਰਾਈਆਂ ਵਿਖੇ ਕਿਸਾਨ ਮਜ਼ਦੂਰ ਮੋਰਚਾ ਚੈਪਟਰ ਦੀ ਸਾਂਝੀ ਕਾਲ ਦੇ ਉੱਤੇ ਕਰਮੁਕਤ ਵਪਾਰ ਸੀਡ ਬਿਲ ਵੀ ਬੀ ਜੀ ਰਾਮ ਜੀ ਨੈਸ਼ਨਲ ਹਾਈਵੇਅ ਦੀਆਂ ਗਲਤ ਪਾਲਸੀਆਂ ਦੀਆਂ ਕਾਪੀਆਂ ਐਲਾਨ ਅਨੁਸਾਰ ਅੱਜ ਭੁੱਗਿਆਂ ਦੇ ਉੱਤੇ ਸਾੜੀਆਂ ਗਈਆਂ। ਇਸ ਮੌਕੇ ਸੂਬਾ ਸੀਨੀਅਰ ਮੀਤ ਪ੍ਰਧਾਨ ਹਰਵਿੰਦਰ ਸਿੰਘ ਮਸਾਣੀਆਂ ਨੇ ਆਪਣੇ ਪਿੰਡ ਪੰਜਗਰਾਈਆਂ ਵਿਖੇ ਬਿੱਲਾਂ ਦੀਆਂ ਕਾਪੀਆਂ ਸਾੜਦਿਆਂ ਪੂਰੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਸਮਾਂ ਰਹਿੰਦਿਆਂ ਜੇਕਰ ਪੰਜਾਬ ਦੇ ਲੋਕ ਨਾ ਜਾਗੇ ਤਾਂ ਆਉਣ ਵਾਲਾ ਸਮਾਂ ਪੰਜਾਬ ਦੀ ਜਰਖੇਜ਼ ਜ਼ਮੀਨ ਦੇ ਵਾਸਤੇ ਬਹੁਤ



ਘਾਤਕ ਹੋਵੇਗਾ। ਉਹਨਾਂ ਨੇ ਕਿਹਾ ਕਿ ਦੇਸ਼ ਦੀ ਸਰਕਾਰ ਵਿਦੇਸ਼ੀ ਸਰਕਾਰਾਂ ਦੇ ਨਾਲ ਲਗਾਤਾਰ ਉਹ ਸਮਝੌਤੇ ਕਰ ਰਹੀ ਹੈ। ਜਿਸ ਦੇ ਨਾਲ ਕਿਸਾਨ ਦੀ ਜ਼ਮੀਨ ਅਤੇ ਮਜ਼ਦੂਰ ਦੀ ਦਿਹਾੜੀ ਦੋਵੇਂ ਹੀ ਚੀਜ਼ਾਂ ਵੱਡੇ ਖਤਰੇ ਦੇ ਵਿੱਚ ਹਨ ਉਹਨਾਂ ਨੇ 2026 ਦੇ ਜਨਵਰੀ ਮਹੀਨੇ ਵਿੱਚ 28 ਜਨਵਰੀ ਨੂੰ ਕੇਂਦਰ ਸਰਕਾਰ ਵੱਲੋਂ ਸਦਨ ਦੇ ਵਿੱਚ ਲਿਆਂਦੇ ਜਾ ਰਹੇ ਬਿੱਲਾਂ ਦੀ ਵਿਰੋਧਤਾ ਕਰਦਿਆਂ ਕਿਹਾ ਕਿ ਹਰੇਕ ਪੰਜਾਬ ਵਾਸੀ ਦਾ ਫਰਜ ਬਣਦਾ ਹੈ ਕਿ ਉਹ ਉੱਠ ਕੇ ਇਹਨਾਂ ਲੋਕ ਵਿਰੋਧੀ ਬਿਲਾਂ ਦਾ ਵਿਰੋਧ ਕਰੇ। ਇਸ ਮੌਕੇ ਜ਼ੋਨ ਪ੍ਰਧਾਨ ਕੰਵਲਜੀਤ ਸਿੰਘ ਅਤੇ ਪ੍ਰਧਾਨ ਬਲਵੰਤ ਸਿੰਘ ਦੀ ਪ੍ਰਧਾਨਗੀ ਵਿੱਚ ਕਾਪੀਆਂ ਸਾੜੀਆਂ, ਖਜ਼ਾਨਚੀ ਬਲਵਿੰਦਰ ਸਿੰਘ, ਤਜਿੰਦਰ ਸਿੰਘ, ਸੁਖਵਿੰਦਰ ਸਿੰਘ, ਕਰਮਜੀਤ ਸਿੰਘ, ਕੁਲਵਿੰਦਰ ਸਿੰਘ, ਗੁਲਜ਼ਾਰ ਸਿੰਘ, ਰਣਜੋਧ ਸਿੰਘ, ਰਵਿੰਦਰ ਕੁਮਾਰ ਹਰਜਿੰਦਰ ਸਿੰਘ, ਜੁਗਰਾਜ ਬੀਰ ਸਿੰਘ, ਰਾਜਬੀਰ ਸਿੰਘ, ਜਗੀਰ ਸਿੰਘ ਉਕਤ ਅਕਾਈ ਆਗੂ ਹਾਜ਼ਰ ਸਨ।

# ਮਾਘੀ ਦਿਵਸ 'ਤੇ ਬਲਾਕ ਸੰਮਤੀ ਮੈਂਬਰ ਪਰਮਜੀਤ ਸਿੰਘ ਟੀਟਾ ਬਾਜਵਾ ਨੂੰ ਕੀਤਾ ਸਨਮਾਨਿਤ

ਬਟਾਲਾ, 16 ਜਨਵਰੀ (ਬਲਵਿੰਦਰ ਸਿੰਘ ਪੰਜਗਰਾਈਂ) : ਨਜ਼ਦੀਕੀ ਪਿੰਡ ਪੰਜ ਗਰਾਈਆਂ ਦੇ ਟਕਸਾਲੀ ਕਾਂਗਰਸੀ ਪਰਿਵਾਰ ਦੇ ਪਰਮਜੀਤ ਸਿੰਘ ਟੀਟਾ ਬਾਜਵਾ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ ਹੈ। ਜਾਨੀ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਰਣਧੀਰ ਸਿੰਘ ਫੌਜੀ ਨੇ ਦੱਸਿਆ ਕਿ ਲੰਬੇ ਸਮੇਂ ਤੋਂ ਬਾਜਵਾ ਪਰਿਵਾਰ, ਭਾਰਤੀ ਕਿਸਾਨ ਯੂਨੀਅਨ ਰਾਹੀਂ, ਸਿਆਸਤ ਰਾਹੀਂ ਆਪਣੇ ਨਗਰ ਦੀ, ਇਲਾਕੇ ਦੀ ਬਲਕਿ ਪੰਜਾਬ ਦੇ ਲੋਕਾਂ ਦੀ ਸਮਾਜ ਸੇਵਾ ਨੂੰ ਸਮਰਪਿਤ ਰਿਹਾ ਹੈ। ਉਹਨਾਂ ਟੀਟਾ ਬਾਜਵਾ ਦੀ ਗੱਲ ਕਰਦਿਆਂ ਕਿਹਾ ਕਿ ਉਹ ਮੂੰਹ ਦੇ ਜ਼ਰੂਰ ਕੌੜੇ ਹੋ ਸਕਦੇ ਹਨ, ਪਰ ਲੋਕਾਂ ਲਈ ਦਿਲ ਦੇ ਸ਼ੀਸ਼ੇ ਵਾਂਗ ਸਾਫ ਵਿਚਰਦੇ ਹਨ। ਜ਼ਿਕਰ ਯੋਗ ਹੈ ਕਿ ਪਰਮਜੀਤ ਸਿੰਘ ਟੀਟਾ ਬਾਜਵਾ ਦੇ ਪਿਤਾ ਗੁਰਬਚਨ ਸਿੰਘ ਬਾਜਵਾ ਲੰਬੇ ਸਮੇਂ ਤੋਂ ਸਿਆਸਤ ਦੇ ਬਾਬਾ ਬੋਹੜ ਵਜੋਂ ਜਾਣੇ ਜਾਂਦੇ ਹਨ। ਭਾਰਤੀ ਕਿਸਾਨ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਬਾਜਵਾ,ਪੰਜਾਬ ਦੇ ਕਈ ਗਹਿਰ ਗੰਭੀਰ ਮਸਲਿਆਂ ਉੱਪਰ ਬਹੁਤ ਵਾਰ ਉਹਨਾਂ ਦੀ ਸਮੇਂ ਸਮੇਂ ਦੇ ਮੁੱਖ ਮੰਤਰੀਆਂ ਨਾਲ ਗੱਲਬਾਤ ਵੀ ਹੁੰਦੀ ਰਹੀ ਹੈ ਅਤੇ ਉਹ ਬੜੇ ਸੌਖੇ, ਸਰਲ ਅਤੇ ਸਹਿਜਤਾ ਨਾਲ ਕਿਸਾਨੀ ਮੰਗਾਂ ਨੂੰ ਕਿਸਾਨੀ ਮਸਲਿਆਂ ਨੂੰ ਪ੍ਰਮੁੱਖਤਾ ਨਾਲ ਪੇਸ਼ ਕਰਦੇ ਰਹੇ ਹਨ। ਇਸ ਮੌਕੇ ਬੋਲਦਿਆਂ ਟੀਟਾ ਬਾਜਵਾ ਨੇ ਕਿਹਾ, ਕਿ ਮੈਂ 60 ਸਾਲ ਦੀ



ਜਿੰਦਗੀ ਵਿੱਚ, ਪਾਰਟੀ ਅੱਗੇ ਕਦੇ ਵੀ ਕਿਸੇ ਚੀਜ਼ ਦੀ ਮੰਗ ਨਹੀਂ ਰੱਖੀ ਸੀ, ਪਰ ਹੁਣ ਜੋ ਜਿੰਮੇਵਾਰੀ ਮੈਨੂੰ ਸੌਂਪੀ ਗਈ ਹੈ, ਮੈਂ ਆਪਣੇ ਸਾਰੇ ਸਹਿਯੋਗੀ ਸੱਜਣਾਂ ਨੂੰ ਨਾਲ ਲੈ ਕੇ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਇਸ ਜਿੰਮੇਵਾਰੀ ਨੂੰ ਨਿਭਾਉਣ ਦੀ ਕੋਸ਼ਿਸ਼ ਕਰਾਂਗਾ। ਇਸ ਮੌਕੇ ਜੁਗਰਾਜਬੀਰ ਸਿੰਘ ਪੰਨੂ, ਪ੍ਰਧਾਨ ਬਲਵੰਤ ਸਿੰਘ, ਪੋਰਸ ਪੰਜਾਬ ਸਿੰਘ, ਕਮਲਜੀਤ ਸਿੰਘ ਬਾਜਵਾ, ਨਿਰਮਲ ਸਿੰਘ ਪੁਰੇਵਾਲ, ਤਜਿੰਦਰ ਸਿੰਘ ਲਾਲੀ ਬਾਜਵਾ, ਸਤਨਾਮ ਸਿੰਘ ਪਡਾ, ਸੁਰਿੰਦਰ ਸਿੰਘ, ਨਿਰਮਲ ਸਿੰਘ ਸੂਬੇਦਾਰ, ਤਰਸੇਮ ਸਿੰਘ ਸੂਬੇਦਾਰ, ਹਰਜਿੰਦਰ ਸਿੰਘ ਸੰਧੂ, ਕਸ਼ਮੀਰ ਸਿੰਘ ਫੌਜੀ, ਹਜ਼ਾਰਾ ਲਾਲ, ਤਰਸੇਮ ਸਿੰਘ ਬੱਬੂ, ਸਾਬਕਾ ਪੰਚ ਪੱਪੂ, ਅਵਤਾਰ ਸਿੰਘ, ਬਲਕਾਰ ਸਿੰਘ, ਕਵਲਜੀਤ ਸਿੰਘ ਲਲੀ, ਪ੍ਰਗਟ ਸਿੰਘ, ਅਵਤਾਰ ਸਿੰਘ ਸੰਧੂ ਅਤੇ ਅਨੇਕਾਂ ਹੋਰ ਸੰਗਤਾਂ ਹਾਜ਼ਰ ਸਨ।

# ਨੈਸ਼ਨਲ ਐਵਾਰਡੀ ਰੋਮੇਸ਼ ਮਹਾਜਨ ਵੱਲੋਂ ਪਰਲਿਮੀਨਰੀ ਐਜੂਕੇਸ਼ਨ ਸਟੱਡੀ ਸੈਂਟਰ ਵਿੱਚ ਖੇਡ ਮੈਦਾਨ ਦਾ ਨੀਂਹ ਪੱਥਰ ਰੱਖਿਆ

ਗੁਰਦਾਸਪੁਰ, 16 ਜਨਵਰੀ (ਜਗੀਰ ਸਿੰਘ ਮੰਡ/ਨਾਹਰ) : ਪ੍ਰਸਿੱਧ ਸਮਾਜ ਸੇਵਕ ਅਤੇ ਨੈਸ਼ਨਲ ਅਵਾਰਡੀ ਰੋਮੇਸ਼ ਮਹਾਜਨ ਨੇ ਅੱਜ ਮਾਨ ਕੌਰ,



ਗੁਰਦਾਸਪੁਰ ਦੇ ਸਲਮ ਖੇਤਰ ਵਿੱਚ ਸਥਿਤ ਪਰਲਿਮੀਨਰੀ ਐਜੂਕੇਸ਼ਨ ਸਟੱਡੀ ਸੈਂਟਰ ਵਿੱਚ ਖੇਡ ਮੈਦਾਨ ਦਾ ਨੀਂਹ ਪੱਥਰ ਰੱਖਿਆ।ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਬੱਚਿਆਂ ਲਈ ਤਿਆਰ ਕੀਤਾ ਜਾ ਰਿਹਾ ਇਹ ਖੇਡ ਮੈਦਾਨ ਲਗਭਗ ਇੱਕ ਮਹੀਨੇ ਵਿੱਚ ਤਿਆਰ ਹੋਣ ਦੀ ਉਮੀਦ ਹੈ, ਜੋ ਬੱਚਿਆਂ ਦੇ ਸਰਬਪੱਖੀ ਵਿਕਾਸ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋਵੇਗਾ। ਇਹ ਅਧਿਐਨ ਕੇਂਦਰ ਸਲਮ ਖੇਤਰਾਂ ਵਿੱਚ ਰਹਿਣ ਵਾਲੇ ਬੱਚਿਆਂ ਲਈ ਆਸ ਦੀ ਇੱਕ ਕਿਰਣ ਬਣ ਕੇ ਉੱਭਰਿਆ ਹੈ। ਦਸ ਸਾਲ ਪਹਿਲਾਂ ਸਿਰਫ਼ ਤਿੰਨ ਬੱਚਿਆਂ ਨਾਲ ਇੱਕ ਟੈਂਟ ਵਿੱਚ ਸ਼ੁਰੂ ਹੋਇਆ ਇਹ ਸਫ਼ਰ ਅੱਜ ਇੱਕ ਸੁਵਿਧਾਵਾਂ ਨਾਲ ਲੈਸ ਆਧੁਨਿਕ ਸਿੱਖਿਆ ਕੇਂਦਰ ਦਾ ਰੂਪ ਧਾਰ ਚੁੱਕਾ ਹੈ। ਕੇਂਦਰ ਦੀ ਨਵੀਂ ਇਮਾਰਤ, ਜੋ ਆਧੁਨਿਕ ਸਹੂਲਤਾਂ ਨਾਲ ਸਜਜਿਤ ਹੈ, ਦਾ ਉਦਘਾਟਨ 26 ਅਪ੍ਰੈਲ 2023 ਨੂੰ ਉਸ ਸਮੇਂ ਦੇ ਡਿਪਟੀ ਕਮਿਸ਼ਨਰ ਸ਼੍ਰੀ ਹਿਮਾਂਸ਼ੂ ਅਗਰਵਾਲ ਵੱਲੋਂ ਕੀਤਾ ਗਿਆ ਸੀ।

ਮੌਜੂਦਾ ਸਮੇਂ ਵਿੱਚ ਇਸ ਕੇਂਦਰ ਵਿੱਚ 90 ਤੋਂ ਵੱਧ ਬੱਚੇ ਗੁਣਵੱਤਾਪੂਰਨ ਸਿੱਖਿਆ ਪ੍ਰਾਪਤ ਕਰ ਰਹੇ ਹਨ। ਵਿਸ਼ੇਸ਼ ਗੱਲ ਇਹ ਹੈ ਕਿ ਪਰਲੀਮੀਨਰੀ ਐਜੂਕੇਸ਼ਨ ਸਟੱਡੀ ਸੈਂਟਰ ਦੇ ਸਾਰੇ ਖਰਚੇ ਰੋਮੇਸ਼ ਮਹਾਜਨ ਆਪਣੇ ਨਿੱਜੀ ਸਾਧਨਾਂ ਨਾਲ ਭੁਗਤਾਨ ਕਰ ਰਹੇ ਹਨ, ਜੋ ਗਰੀਬ ਅਤੇ ਲੋੜਵੰਦ ਬੱਚਿਆਂ ਦੀ ਸਿੱਖਿਆ ਪ੍ਰਤੀ ਉਨ੍ਹਾਂ ਦੀ ਡੂੰਘੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਇਸ ਮੌਕੇ ਉਨ੍ਹਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਵਿੱਚ ਅਕਾਦਮਿਕ ਸਿੱਖਿਆ ਦੀ ਸੁਚੱਜੀ ਵਿਵਸਥਾ ਹੋਣ ਦੇ ਬਾਵਜੂਦ ਖੇਡ ਮੈਦਾਨ ਦੀ ਘਾਟ ਮਹਿਸੂਸ ਕੀਤੀ ਜਾ ਰਹੀ ਸੀ। ਉਨ੍ਹਾਂ ਕਿਹਾ, ਇਸ ਖੇਡ ਮੈਦਾਨ ਦੀ ਤਿਆਰੀ ਨਾਲ ਕੇਂਦਰ ਪੂਰਨ ਹੋ ਜਾਵੇਗਾ, ਜਿਸ ਨਾਲ ਬੱਚਿਆਂ ਦਾ ਸਿਰਫ਼ ਬੌਧਿਕ ਹੀ ਨਹੀਂ, ਸਗੋਂ ਸ਼ਾਰੀਰਿਕ ਅਤੇ ਮਾਨਸਿਕ ਵਿਕਾਸ ਵੀ ਯਕੀਨੀ ਬਣੇਗਾ। ਰੋਮੇਸ਼ ਮਹਾਜਨ ਨੇ ਆਪਣੀ ਟੀਮ ਸਮੇਤ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ।ਉਨ੍ਹਾਂ ਭਰੋਸਾ ਜਤਾਇਆ ਕਿ ਇਸ ਕੇਂਦਰ ਦੇ ਬੱਚੇ ਜੀਵਨ ਦੇ ਹਰ ਖੇਤਰ ਵਿੱਚ ਤਰੱਕੀ ਕਰਕੇ ਇਸ ਸੰਸਥਾ ਦਾ ਨਾਮ ਰੌਸ਼ਨ ਕਰਨਗੇ।

# ਪਿੰਡ ਕੋਟਲੀ ਸੂਰਤ ਮੱਲ੍ਹੀ 'ਚ ਯੁੱਧ ਨਸ਼ਿਆਂ ਵਿਰੁੱਧ ਪਹਿਰੇਦਾਰ ਯਾਤਰਾ ਕੱਢੀ

ਡੇਰਾ ਬਾਬਾ ਨਾਨਕ, 16 ਜਨਵਰੀ (ਹੈਪੀ ਕੋਟਲੀ) : ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅੱਜ ਯੁੱਧ ਨਸ਼ਿਆਂ ਵਿਰੁੱਧ ਦੂਜੇ ਗੇੜ ਤਹਿਤ ਹਲਕਾ ਡੇਰਾ ਬਾਬਾ ਨਾਨਕ ਗ੍ਰਾਮ ਪੰਚਾਇਤ ਕੋਟਲੀ ਸੂਰਤ ਮੱਲ੍ਹੀ ਦੇ ਨੌਜਵਾਨ ਸਰਪੰਚ ਸੁਖਵਿੰਦਰ ਸਿੰਘ ਧਾਲੀਵਾਲ ਤੇ ਗ੍ਰਾਮ ਪੰਚਾਇਤ ਕੋਟਲੀ ਭਿੱਟੇਵਾਡ ਦੇ ਗਿਆਨੀ ਰਛਪਾਲ ਦੀ ਅਗਵਾਈ ਹੇਠ ਯੁੱਧ ਨਸ਼ਿਆਂ ਵਿਰੁੱਧ ਤਹਿਤ ਪਿੰਡ ਦੇ ਪਹਿਰੇਦਾਰਾਂ ਵੱਲੋਂ ਪੈਦਲ ਯਾਤਰਾ ਦਾ ਆਗਾਜ ਕੀਤਾ ਗਿਆ।ਇਸ ਪਹਿਰੇਦਾਰ ਪੈਦਲ ਯਾਤਰਾ 'ਚ ਪਿੰਡ ਵਾਸੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਇਹ ਬੀ ਡੀ ਪੀ ਓ ਡੇਰਾ ਬਾਬਾ ਨਾਨਕ ਦੇ ਅਧਿਕਾਰੀਆਂ ਵੱਲੋਂ ਪੈਦਲ ਯਾਤਰਾ ਮੌਕੇ ਇਕੱਤਰ ਹੋਏ ਲੋਕਾਂ ਨੂੰ ਨਸਿਆਂ ਤੋਂ ਹੋਣ ਵਾਲੇ ਨੁਕਸਾਨ ਜਾਣੂੰ ਕਰਵਾਇਆ ਗਿਆ।ਉਹਨਾਂ ਕਿਹਾ ਕਿ ਨਸ਼ਾ ਸਾਡੇ ਬੱਚਿਆਂ ਪਰਿਵਾਰ ਅਤੇ ਪਿੰਡ ਵਾਸੀਆਂ ਦਾ ਸਭ ਤੋਂ ਵੱਡਾ ਦੁਸ਼ਮਣ ਹੈ।ਸਾਨੂੰ ਸਾਰਿਆਂ ਨੂੰ ਮਿਲ ਕੇ ਇਸ ਨਸ਼ੇ ਖਿਲਾਫ ਮਜਬੂਤੀ ਨਾਲ ਲੜਨਾ ਚਾਹੀਦਾ ਹੈ। ਘਰ ਦੀ ਹਰੇਕ ਮੈਂਬਰ ਨੂੰ ਇਸ ਨਸ਼ੇ ਵਿਰੁੱਧ ਖੜ੍ਹੇ ਹੋਣ ਦੀ ਮੁੱਖ ਲੋੜ ਹੈ। ਉਹਨਾਂ ਕਿਹਾ ਕਿ ਸਪੈਲਿੰਗ ਜਿਆਦਾ ਸਿਰਫ ਇੱਕ ਯਾਤਰਾ ਨਹੀਂ ਬਲਕਿ ਸਾਡੇ ਪਿੰਡਾਂ ਨੂੰ ਨਸਾ ਮੁਕਤ ਬਣਾਉਣ ਦਾ ਸੰਕਲਪ ਵੀ ਹੈ ਪਿੰਡ ਵਾਸੀਆਂ ਦੀ ਹਿੱਸੇਦਾਰੀ ਇਹਦੀ ਸਭ ਤੋਂ ਵੱਡੀ ਤਾਕਤ ਹੈ।ਪੰਚਾਇਤ ਸਕੱਤਰ ਰੋਸ਼ਨ ਲਾਲ,ਸਰਬਜੀਤ ਸਿੰਘ ਧਾਲੀਵਾਲ,ਕੁਲਵੰਤ ਸਿੰਘ, ਭਜਨ ਸਿੰਘ, ਪ੍ਰੀਤਮ ਸਿੰਘ ਮੈਂਬਰ ਪੰਚਾਇਤ,



ਸੁਖਦੇਵ ਸਿੰਘ ਮੈਂਬਰ ਪੰਚਾਇਤ,ਪ੍ਰਿੰਸ,ਫਰਜੰਦ ਸਿੰਘ, ਹਰਜੀਤ ਕੌਰ, ਬਲਵਿੰਦਰ ਕੌਰ, ਕੁਲਵੰਤ ਕੌਰ, ਦਿਲਾਵਰ ਸਿੰਘ, ਸੁਖਬਾਜ ਸਿੰਘ, ਮੱਖਣ ਸਿੰਘ ਹੋਰ ਪਿੰਡ ਵਾਸੀ ਹਾਜ਼ਰ ਸਨ।

# ਪਿੰਡ ਭੈਣੀ ਬਾਂਗਰ ਵਿਖੇ ਸੋਨਾ ਬਾਜਵਾ ਵੱਲੋਂ ਜਿੰਮ ਦਾ ਉਦਘਾਟਨ

ਕਾਹਨੂੰਵਾਨ, 16 ਜਨਵਰੀ (ਕੁਲਜੀਤ ਸਿੰਘ ਖੋਖਰ) : ਨਜ਼ਦੀਕੀ ਪਿੰਡ ਭੈਣੀ ਬਾਂਗਰ ਵਿਖੇ ਪਿਛਲੇ ਲੰਬੇ ਸਮੇਂ ਤੋਂ ਬੰਦ ਪਈ ਜਿੰਮ ਦਾ ਨਵੀਨੀਕਰਨ ਕਰਦਿਆਂ ਹੋਇਆਂ ਮੁੜ ਤੋਂ ਨੌਜਵਾਨਾਂ ਲਈ ਖੋਲ੍ਹ ਦਿੱਤੀ ਗਈ ਹੈ। ਇਸ ਮੌਕੇ 'ਤੇ ਗੱਲਬਾਤ ਕਰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਐਕਸ ਸਰਵਿਸਮੈਨ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਸੋਨਾ ਬਾਜਵਾ ਨੇ ਕਿਹਾ ਕਿ ਪਿੰਡ ਭੈਣੀ ਬਾਂਗਰ ਦੀ ਜਿੰਮ ਅੰਦਰ ਪਿਆ ਸਮਾਨ ਨਕਾਰਾ ਹੋ ਚੁੱਕਾ ਸੀ, ਲਈ ਵਚਨਬੱਧ ਹਾਂ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਇਸ ਜਿੰਮ ਦੀ ਸਾਂਭ ਸੰਭਾਲ ਦੀ ਜ਼ਿੰਮੇਵਾਰੀ ਹੁਣ ਨੌਜਵਾਨਾਂ ਦੀ ਹੈ । ਇਸ ਮੌਕੇ ਉਨ੍ਹਾਂ ਨੌਜਵਾਨਾਂ ਦੀ ਮੰਗ ਨੂੰ ਸਵੀਕਾਰ ਕਰਦਿਆਂ ਜਲਦੀ ਹੀ ਗਰਾਉਂਡ ਵਿਚ ਟੂਰਨਾਮੈਂਟ ਕਰਵਾਉਣ ਦਾ ਵਾਅਦਾ ਕੀਤਾ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਮਨਜੀਤ ਸਿੰਘ ਬੰਟੀ, ਕੈਪਟਨ ਜਨਕ ਸਿੰਘ ਸੋਹਲ, ਅੰਤਰਰਾਸ਼ਟਰੀ ਕਬੱਡੀ ਖਿਡਾਰੀ ( ਫਹੀਮ ਅਹਿਮਦ) ਖ਼ਾਨ ਭੈਣੀਆਂ ਵਾਲਾ, ਕਬੱਡੀ ਕੋਚ ਡਾਕਟਰ ਬਲਬੀਰ ਸਿੰਘ ਭੈਣੀ



ਜਿਸ ਨੂੰ ਪਿੰਡ ਦੇ ਨੌਜਵਾਨਾਂ ਦੀ ਮੰਗ ਨੂੰ ਮੁੱਖ ਰੱਖਦਿਆਂ ਜਿੰਮ ਅੰਦਰ ਨਵਾਂ ਸਮਾਨ ਰੱਖਵਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨੀ ਨੂੰ ਖੇਡਾਂ ਲਈ ਪ੍ਰੇਰਿਤ ਕਰਕੇ ਗਰਾਉਂਡ ਨਾਲ ਜੋੜਕੇ ਨਸ਼ਿਆਂ ਰੂਪੀ ਕੋਹੜ ਤੋਂ ਦੂਰ ਕੀਤਾ ਜਾ ਸਕਦਾ ਹੈ। ਇਸ ਮੌਕੇ ਤੇ ਉਨ੍ਹਾਂ ਪਿੰਡ ਦੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਗਰਾਉਂਡ ਨਾਲ ਜੁੜਕੇ ਜਿਥੇ ਆਪਣੇ ਮਾਤਾ ਪਿਤਾ, ਪਿੰਡ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨ, ਉੱਥੇ ਹੀ ਨਸ਼ਿਆਂ ਰੂਪੀ ਕੋਹੜ ਨੂੰ ਖਤਮ ਕਰਨ ਵਿੱਚ ਆਪਣੀ ਬਣਦੀ ਜ਼ਿੰਮੇਵਾਰੀ ਨਿਭਾਉਣ। ਉਨ੍ਹਾਂ ਕਿਹਾ ਕਿ ਮੈਂ ਤੁਹਾਡੇ ਲਈ ਜਿਨ੍ਹਾਂ ਹੋ ਸਕਦਾ ਖੇਡਾਂ ਲਈ ਵੱਧ ਤੋਂ ਵੱਧ ਮੱਦਦ ਕਰਨ ਬਾਂਗਰ,ਪੰਜਾਬੀ ਗਾਇਕ, ਰਾਜ ਸੋਹਲ ਭੈਣੀ ਬਾਂਗਰ, ਦਰਸ਼ਨ ਸਿੰਘ,ਸ਼ਮੀਮ ਅਹਿਮਦ, ਲੰਬੜਦਾਰ ਦਲਬੀਰ ਸਿੰਘ, ਅਸ਼ਵਨੀ ਵਿਰਦੀ, ਜ਼ੋਰਾਵਰ ਸਿੰਘ,ਤਕਰੀਮ ਅਹਿਮਦ, ਸ਼ਿਰਾਜ ਅਹਿਮਦ, ਸ਼ਬੀਰ ਅਹਿਮਦ, ਸ਼ਾਲੂ, ਸੁਖਜੀਤ ਸਿੰਘ, ਗੁਰਬਿੰਦਰ, ਧਿਆਨ ਸਿੰਘ,ਪੰਚ ਗੁਰਚਰਨ ਸਿੰਘ,ਨਿਰਮਲ ਸਿੰਘ ਫ਼ੌਜੀ, ਰਾਜਿੰਦਰ ਸਿੰਘ ਕਾਲੀ,ਰਮੇਸ਼ ਸਿੰਘ, ਹਰਬੰਸ ਸਿੰਘ, ਸੁਰਿੰਦਰ ਸਿੰਘ ਬਾਜਵਾ, ਦਵਿੰਦਰ ਸਿੰਘ ਫੌਜੀ, ਚਰਨਜੀਤ ਸਿੰਘ ਮੈਂਬਰ, ਨਰਿੰਦਰ ਸਿੰਘ ਪੰਚ, ਸੁਦਾਗਰ ਸਿੰਘ,ਪੰਚ ਜਨਕ ਰਾਜ, ਸਮੇਤ ਵੱਡੀ ਗਿਣਤੀ ਵਿੱਚ ਪਿੰਡ ਦੇ ਪਤਵੰਤੇ ਹਾਜ਼ਰ ਸਨ।

## ਸਮਾਜ ਸੇਵਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਸੋਸ਼ਲ ਵੈਲਫੇਅਰ ਸੁਸਾਇਟੀ : ਡਾ. ਕਸ਼ਿਤਿਜ, ਡਾ. ਕਾਜ਼ਮੀ ਧੂੜੀਆ

### ਸੋਸ਼ਲ ਵੈਲਫੇਅਰ ਸੁਸਾਇਟੀ ਨੇ ਵੰਡੀਆਂ 60 ਰਜਾਈਆਂ



ਫਾਜ਼ਿਲਕਾ 16 ਜਨਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਸ਼ਹਿਰ ਦੇ ਮਸ਼ਹੂਰ ਮਲਟੀ ਸਪੈਸ਼ਲਿਟੀ ਨਵਜੀਵਨ ਹਸਪਤਾਲ ਦੀ ਸੰਚਾਲਕ ਅਤੇ ਮੰਨੀ-ਪ੍ਰਮੰਨੀ ਪੈਥੋਲੋਜਿਸਟ ਡਾ. ਰੇਣੂ ਧੂੜੀਆ ਦੇ ਸਪੁੱਤਰ ਡਾ. ਕਸ਼ਿਤਿਜ ਧੂੜੀਆ (ਰੇਡੀਓਲੋਜਿਸਟ) ਅਤੇ ਉਨ੍ਹਾਂ ਦੀ ਪਤਨੀ ਡਾ. ਕਾਜ਼ਮੀ ਰੈਣਾ ਧੂੜੀਆ (ਬੱਚਿਆਂ ਦੇ ਮਾਹਰ) ਨੇ ਅੱਜ ਸੋਸ਼ਲ ਵੈਲਫੇਅਰ ਸੁਸਾਇਟੀ ਫਾਜ਼ਿਲਕਾ ਦੇ ਸੱਤਵੇਂ ਸਾਲ ਦੇ ਅੱਠਵੇਂ ਪੜਾਅ ਦੇ ਰਜਾਈ ਵੰਡ ਸਮਾਗਮ ਵਿੱਚ ਹਿੱਸਾ ਲਿਆ। ਇਹ ਪ੍ਰੋਗਰਾਮ ਸੁਤੰਤਰਤਾ ਸੈਨਾਨੀ ਲਾਲਾ ਸੁਨਾਮ ਰਾਏ ਐਮ.ਏ. ਮੈਮੋਰੀਅਲ ਸੈਂਟਰ ਸਥਿਤ ਦਫ਼ਤਰ ਵਿਖੇ ਆਯੋਜਿਤ ਕੀਤਾ ਗਿਆ ਸੀ। ਸਮਾਗਮ ਨੂੰ ਸੰਬੋਧਨ ਕਰਦਿਆਂ ਡਾ. ਕਸ਼ਿਤਿਜ ਅਤੇ ਡਾ. ਕਾਜ਼ਮੀ ਨੇ ਕਿਹਾ ਕਿ ਉਨ੍ਹਾਂ ਨੇ ਜਦੋਂ ਤੋਂ ਹੋਸ਼ ਸੰਭਾਲੀ ਹੈ, ਉਹ ਦੇਖ ਰਹੇ ਹਨ ਕਿ ਇਹ ਸੰਸਥਾ ਸਮਾਜ ਸੇਵਾ ਦੇ ਖੇਤਰ ਵਿੱਚ ਬਹੁਤ ਹੀ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ। ਉਨ੍ਹਾਂ ਨੇ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਭਵਿੱਖ ਵਿੱਚ ਵੀ ਅਜਿਹੇ ਨੇਕ ਕੰਮਾਂ ਵਿੱਚ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਸ਼ਹਿਰ ਦੀ ਪ੍ਰਸਿੱਧ ਮਹਿਲਾ ਰੋਗ ਮਾਹਰ ਡਾ. ਸਰਿਤਾ ਕਾਮਰਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸੁਸਾਇਟੀ ਦੇ ਪ੍ਰਧਾਨ ਸ਼ਸ਼ੀਕਾਂਤ ਅਤੇ ਜਨਰਲ ਸਕੱਤਰ ਰਾਕੇਸ਼ ਗਿਲਹੋਤਰਾ ਨੇ ਦੱਸਿਆ ਕਿ ਅੱਜ ਦਾ ਇਹ ਪ੍ਰੋਗਰਾਮ ਫਾਜ਼ਿਲਕਾ ਵਾਸੀ ਅਤੇ ਐਸ.ਵੀ.ਪੀ. ਕੈਨੇਡਾ ਦੇ ਸੰਚਾਲਕ ਮਧੂ ਸੂਦਨ ਸ਼ਰਮਾ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਊਸ਼ਾ ਰਾਣੀ ਸ਼ਰਮਾ ਅਤੇ ਦੀਪਕ ਸ਼ਰਮਾ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਦੇ ਨਾਲ ਹੀ ਇੰਜੀਨੀਅਰ ਬਾਬੂ ਲਾਲ ਅਰੋੜਾ, ਬਾਗਬਾਨੀ ਮਾਹਰ ਪ੍ਰੇਮ ਬੱਬਰ ਤੇ ਚਾਂਦ ਰਾਣੀ, ਅਤੇ ਗੁਰੂ ਹਰਕ੍ਰਿਸ਼ਨ ਆਈ.ਟੀ.ਆਈ. ਦੇ ਸੰਚਾਲਕ ਇੰਜੀਨੀਅਰ ਰਾਕੇਸ਼ ਭੂਸਰੀ ਨੇ ਵੀ ਆਪਣਾ ਵਡਮੁੱਲਾ ਯੋਗਦਾਨ ਪਾਇਆ। ਅੱਜ ਦੇ ਇਸ ਪੜਾਅ ਵਿੱਚ 60 ਲੋੜਵੰਦਾਂ ਨੂੰ ਰਜਾਈਆਂ ਵੰਡੀਆਂ ਗਈਆਂ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਸੁਸਾਇਟੀ ਵੱਲੋਂ 320 ਰਜਾਈਆਂ ਅਤੇ 20 ਕੰਬਲ ਵੰਡੇ ਜਾ ਚੁੱਕੇ ਹਨ। ਪ੍ਰੋਗਰਾਮ ਦੇ ਅਖੀਰ ਵਿੱਚ ਮੁੱਖ ਮਹਿਮਾਨਾਂ ਅਤੇ ਸਹਿਯੋਗੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਅਸ਼ੋਕ ਮੋਂਗਾ, ਨਰੇਸ਼ ਮਿੱਤਲ, ਸੁਭਾਸ਼ ਅਰੋੜਾ, ਨਰੇਸ਼ ਜੁਨੇਜਾ ਆਦਿ ਸੱਜਣ ਹਾਜ਼ਰ ਸਨ।

## ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ ਨੇ ਕਾਂਗਰਸ ਦੇ ਬਲਾਕ ਅਮਲੋਹ ਲਈ ਰੂਲਰ ਕਾਰਜਕਾਰੀ ਕਮੇਟੀ ਦਾ ਕੀਤਾ ਗਠਨ



ਅਮਲੋਹ, 16 ਜਨਵਰੀ (ਜਸਵੰਤ ਸਿੰਘ) : ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਰਣਦੀਪ ਸਿੰਘ ਨਾਭਾ ਨੇ ਇਥੇ ਬਲਾਕ ਪ੍ਰਧਾਨ ਜਗਵੀਰ ਸਿੰਘ ਸਲਾਣਾ ਦੀ ਪ੍ਰਧਾਨਗੀ ਹੇਠ ਕਾਂਗਰਸ ਵਰਕਰਾਂ ਨਾਲ ਇਕ ਮੀਟਿੰਗ ਉਪਰੰਤ ਬਲਾਕ ਅਮਲੋਹ ਲਈ 11 ਮੈਂਬਰੀ ਰੂਲਰ ਕਾਰਜਕਾਰੀ ਕਮੇਟੀ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਵਰਕਰਾਂ ਦੀ ਮਹਿਨਤ ਨੂੰ ਦੇਖਦੇ ਹੋਏ ਇਸ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਨਾਲ ਪਾਰਟੀ ਨੂੰ ਹੋਰ ਵਧੇਰੇ ਪਿੰਡਾਂ ਵਿਚ ਮਜਬੂਤੀ ਮਿਲੇਗੀ। ਉਨ੍ਹਾਂ ਦਸਿਆ ਕਿ ਇਸ ਕਮੇਟੀ ਵਿਚ ਗੁਰਪ੍ਰੀਤ ਸਿੰਘ ਗਰੇਵਾਲ, ਪ੍ਰਗਟ ਸਿੰਘ ਅੰਨੀਆਂ, ਹਰਪ੍ਰੀਤ ਸਿੰਘ ਗੁਰਧਨਪੁਰ, ਜਗਵਿੰਦਰ ਸਿੰਘ ਰਹਿਲ, ਬਿੱਕਰ ਸਿੰਘ ਦੀਵਾ, ਐਡਵੋਕੇਅ ਹਰਜਿੰਦਰ ਸਿੰਘ ਟਿੱਕਾ, ਗੁਰਚਰਨ ਸਿੰਘ ਤੰਦਾਬੱਧਾ ਖੁਰਦ, ਗੁਰਮੀਤ ਸਿੰਘ ਟਿੱਬੀ, ਹਰਦੀਪ ਸਿੰਘ ਦੀਪਾ ਮਹਿਮੂਦਪੁਰ, ਜਗਦੀਸ਼ ਸਿੰਘ ਦੀਸਾ ਸੌਂਟੀ ਅਤੇ ਰਾਜਵਿੰਦਰ ਸਿੰਘ ਘੁਟੀਂਡ ਨੂੰ ਸ਼ਾਮਲ ਕੀਤਾ ਗਿਆ ਹੈ ਜਦੋਂ ਕਿ ਗੁਰਮੁਖ ਸਿੰਘ ਨਰਾਇਣਗੜ੍ਹ ਨੂੰ ਬੀਸੀ ਵਿੰਗ ਬਲਾਕ ਅਮਲੋਹ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।

ਉਨ੍ਹਾਂ ਆਸ ਕੀਤੀ ਕਿ ਇਹ ਕਮੇਟੀ ਪਾਰਟੀ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ, ਇਮਾਨਦਾਰੀ ਅਤੇ ਵਫ਼ਾਦਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਵਲੋਂ ਕਰਵਾਏ ਜਾਣ ਵਾਲੇ ਹਰ ਪ੍ਰੋਗਰਾਮ ਵਿਚ ਸਰਗਰਮ ਭੂਮਿਕਾ ਅਦਾ ਕਰਨਗੇ। ਉਨ੍ਹਾਂ ਕਿਹਾ ਕਿ ਜਲਦ ਹੀ ਹੋਰ ਮਹਿਨਤੀ ਵਰਕਰਾਂ ਨੂੰ ਹੋਰ ਕਮੇਟੀਆਂ ਵਿਚ ਅੱਗੇ ਲਿਆਦਾ ਜਾਵੇਗਾ। ਇਸ ਮੌਕੇ ਬਲਾਕ ਪ੍ਰਧਾਨ ਜਗਬੀਰ ਸਿੰਘ ਸਲਾਣਾ, ਐਡਵੋਕੇਟ ਬਲਜਿੰਦਰ ਸਿੰਘ ਭੱਟੋ, ਗੁਰਬਚਨ ਸਿੰਘ ਕਾਹਨਪੁਰਾ, ਹਰਮਿੰਦਰਪਾਲ ਕੌਰ, ਬਲਵਿੰਦਰ ਕੌਰ, ਬਲਵੀਰ ਸਿੰਘ ਮਿੰਟੂ, ਸਿਵ ਕੁਮਾਰ ਗਰਗ, ਕੌਂਸਲਰ ਕੁਲਵਿੰਦਰ ਸਿੰਘ, ਜਸਵਿੰਦਰ ਸਿੰਘ ਬਿੰਦਰ, ਰੂਪ ਸਿੰਘ, ਪੰਮੀ ਜਿੰਦਲ, ਹਰਵਿੰਦਰ ਸਿੰਘ ਧੂਮੀ, ਹਰਦੀਪ ਸਿੰਘ ਸੌਂਟੀ, ਬਲਵਿੰਦਰ ਕੌਰ, ਜੱਗੀ ਬੜੈਚਾਂ ਅਤੇ ਪੀਏ ਮਨਪ੍ਰੀਤ ਸਿੰਘ ਮਿੰਟਾ ਆਦਿ ਹਾਜ਼ਰ ਸਨ।

## ਸੂਬਾ ਸਰਕਾਰ ਦੀਆਂ ਸਿਹਤ ਪੱਖੀ ਸਕੀਮਾਂ ਨੂੰ ਹੇਠਲੇ ਪੱਧਰ 'ਤੇ ਇੰਨ-ਬਿੰਨ ਲਾਗੂ ਕੀਤਾ ਜਾਵੇ : ਸਿਵਲ ਸਰਜਨ

### ਆਮ ਆਦਮੀ ਕਲੀਨਿਕਾਂ ਵਿੱਚ ਤਾਇਨਾਤ ਡਾਕਟਰਾਂ ਨਾਲ ਸਿਵਲ ਸਰਜਨ ਨੇ ਕੀਤੀ ਜ਼ੂਮ ਮੀਟਿੰਗ



ਫ਼ਿਰੋਜ਼ਪੁਰ, 16 ਜਨਵਰੀ (ਤਿਵਾੜੀ): ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਮਿਆਰੀ ਪੱਧਰ ਦੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਮੰਤਵ ਨੂੰ ਲੈ ਕੇ ਚਲਾਏ ਜਾ ਰਹੇ ਆਮ ਆਦਮੀ ਕਲੀਨਿਕ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਢੰਗ ਨਾਲ ਲਾਗੂ ਕਰਨ ਦੇ ਲਈ ਡਾ. ਰਾਜੀਵ ਪਰਾਸ਼ਰ ਸਿਵਲ ਸਰਜਨ ਫ਼ਿਰੋਜ਼ਪੁਰ ਵੱਲੋਂ ਇਹਨਾਂ ਆਮ ਆਦਮੀ ਕਲੀਨਿਕਾਂ ਵਿੱਚ ਤਾਇਨਾਤ ਮੈਡੀਕਲ ਅਫਸਰਾਂ ਨਾਲ ਜ਼ੂਮ ਮੀਟਿੰਗ ਕੀਤੀ ਗਈ।ਇਸ ਮੌਕੇ ਜਿੱਥੇ ਉਹਨਾਂ ਸੂਬਾ ਸਰਕਾਰ ਦੀਆਂ ਲੋਕ ਪੱਖੀ ਸਕੀਮਾਂ ਨੂੰ ਹੇਠਲੇ ਪੱਧਰ ਤੱਕ ਇੰਨ ਬਿੰਨ ਲਾਗੂ ਕਰਨ ਲਈ ਕਿਹਾ ਉੱਥੇ ਹੀ ਇਲਾਜ ਲਈ ਆਉਣ ਵਾਲੇ ਮਰੀਜ਼ਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਦਰਪੇਸ਼ ਨਾ ਆਵੇ ਇਸ ਦੀ ਵੀ ਹਦਾਇਤ ਕੀਤੀ। ਦੱਸਣਯੋਗ ਹੈ ਕਿ ਸਿਹਤ ਵਿਭਾਗ ਫ਼ਿਰੋਜ਼ਪੁਰ ਅਧੀਨ ਜ਼ਿਲ੍ਹੇ ਵਿੱਚ 28 ਆਮ ਆਦਮੀ ਕਲੀਨਿਕ ਚਲਾਏ ਜਾ ਰਹੇ ਹਨ ਜਿੱਥੇ ਵੱਡੀ ਗਿਣਤੀ ਵਿੱਚ ਮਰੀਜ਼ਾਂ ਵਲੋਂ ਇਲਾਜ ਕਰਵਾਇਆ ਜਾ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦਿਆ ਡਾ. ਰਾਜੀਵ ਪਰਾਸ਼ਰ ਸਿਵਲ ਸਰਜਨ ਨੇ ਦਸਿਆ ਕਿ ਆਮ ਆਦਮੀ ਕਲੀਨਿਕ ਸੂਬਾ ਸਰਕਾਰ ਦੀ ਮਹੱਤਵਕਾਂਸ਼ੀ ਯੋਜਨਾ ਹੈ, ਜਿਸਦਾ ਮੁੱਖ ਮਕਸਦ ਆਮ ਲੋਕਾਂ ਨੂੰ ਮੁਫ਼ਤ ਅਤੇ ਗੁਣਵੱਤਾ ਭਰੀ ਸਿਹਤ ਸੇਵਾਵਾਂ ਉਪਲਬਧ ਕਰਵਾਉਣਾ ਹੈ।

ਉਨ੍ਹਾਂ ਨੇ ਦੱਸਿਆ ਕਿ ਸਰਕਾਰ ਵਲੋ ਇਨ੍ਹਾਂ ਆਮ ਆਦਮੀ ਕਲੀਨਿਕਾਂ ਵਿੱਚ ਇਕ ਹੋਰ ਸਿਹਤ ਸਹੂਲਤ ਦਾ ਵਾਧਾ ਕੀਤਾ ਗਿਆ ਹੈ ਜਿਸ ਤਹਿਤ ਅਲਟਰਾ ਸਾਊਂਡ ਸੈਂਟਰਜ਼ ਨੂੰ ਸੂਚੀਬੱਧ ਕੀਤਾ ਗਿਆ ਹੈ ਜਿੱਥੇ ਡਾਕਟਰਾਂ ਦੀ ਸਲਾਹ ਤੇ ਇਹਨਾਂ ਕਲੀਨਿਕ ਰਾਹੀਂ ਗਰਭਵਤੀ ਔਰਤਾਂ ਦੇ *ਮੁਫ਼ਤ ਅਲਟਰਾ ਸਾਊਂਡ* ਕਰਵਾਏ ਜਾ ਰਹੇ ਹਨ, ਜਿਸ ਦਾ ਮਰੀਜ਼ਾ ਨੂੰ ਫਾਇਦਾ ਮਿਲ ਰਿਹਾ ਹੈ। ਡਾ. ਪਰਾਸ਼ਰ ਨੇ ਕਿਹਾ ਕਿ ਹੁਣ ਆਮ ਆਦਮੀ ਕਲੀਨਿਕ ਵਿੱਚ ਜੱਚਾ ਬੱਚਾ ਨੂੰ ਮਿਆਰੀ ਸਿਹਤ ਸੇਵਾਵਾ ਮਿਲ ਰਹੀਆ ਹਨ ਅਤੇ ਸਮੂਹ ਏ ਐਨ ਐਮ ਅਤੇ ਆਸ਼ਾ ਨੂੰ ਹਦਾਇਤ ਕੀਤੀ ਹੈ ਕਿ ਗਰਭਵਤੀ ਮਹਿਲਾਵਾਂ ਦੇ ਟੈਸਟ ਅਤੇ ਜਾਂਚ ਆਮ ਆਦਮੀ ਕਲੀਨਿਕ ਵਿੱਚ ਕਰਵਾਈ ਜਾਵੇ ਤਾਂ ਜੋ ਮੈਟਰਨਲ ਡੈਥ ਨੂੰ ਰੋਕਿਆ ਜਾ ਸਕੇ ।ਉਹਨਾਂ ਦੱਸਿਆ ਆਮ ਆਦਮੀ ਕਲੀਨਿਕਾਂ ਵਿੱਚ 40 ਦੇ ਕਰੀਬ ਮੈਡੀਕਲ ਲੈਬੋਰਟਰੀ ਟੈਸਟ ਕਰਵਾਉਣ ਦੀ ਸਹੂਲਤ ਦਿੱਤੀ ਜਾ ਰਹੀ ਹੈ ਅਤੇ ਨਾਲ ਹੀ ਐਂਟੀ ਰੇਬੀਜ਼ ਟੀਕੇ ਵੀ ਮਰੀਜ਼ਾਂ ਨੂੰ ਲੱਗ ਰਹੇ ਹਨ। ਇਸ ਮੌਕੇ ਡਾ. ਗੁਰਮੇਜ ਰਾਮ ਡੀ ਐਮ ਸੀ, ਹਰੀਸ਼ ਕਟਾਰੀਆ ਡੀ ਪੀ ਐਮ ਹਾਜ਼ਰ ਸਨ।

## ਪੋਸ਼ਣ, ਵੀ ਪੜ੍ਹਾਈ ਵੀ, ਤਹਿਤ ਆਂਗਣਵਾੜੀ ਵਰਕਰਾਂ ਦੀ 3 ਰੋਜ਼ਾ ਟ੍ਰੇਨਿੰਗ ਦੀ ਹੋਈ ਸ਼ੁਰੂਆਤ



ਫ਼ਿਰੋਜ਼ਪੁਰ, 16 ਜਨਵਰੀ (ਤਿਵਾੜੀ): ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਪੋਸ਼ਣ ਵੀ ਪੜਾਈ ਵੀ ਤਹਿਤ ਜ਼ਿਲ੍ਹਾ ਪੱਧਰ ਤੇ ਆਂਗਣਵਾੜੀ ਵਰਕਰਾ ਦੀ ਟ੍ਰੇਨਿੰਗ ਦੀ ਸ਼ੁਰੂਆਤ ਕਰਵਾਈ ਗਈ । ਇਹ ਜਾਣਕਾਰੀ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਰਿਚਿਕਾ ਨੰਦਾ ਨੇ ਦਿੱਤੀ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮੈਡਮ ਰਿਚਿਕਾ ਨੰਦਾ ਨੇ ਦੱਸਿਆ ਕਿ ਪੰਜਾਬ ਰਾਜ ਅਧੀਨ ਇਸ ਟ੍ਰੇਨਿੰਗ ਵਿੱਚ ਆਂਗਣਵਾੜੀ ਵਰਕਰਾਂ ਨੂੰ ਬੱਚਿਆ ਦੇ ਪੋਸ਼ਣ ਅਤੇ ਸ਼ੁਰੂਆਤੀ ਬਚਪਨ ਦੀ ਸਿੱਖਿਆ ਤੇ ਧਿਆਨ ਕੇਂਦਰਿਤ ਕਰਨ ਲਈ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਦੇਵ ਸਮਾਜ ਮਾਡਲ ਸਕੂਲ, ਪੰਚਵੱਟੀ ਹੋਟਲ ਅਤੇ ਬਲਾਕ ਗੁਰੂਹਰਸਹਾਏ ਵਿੱਖੇ ਐਚ ਕੇ ਐਲ ਕਾਲਜ ਵਿਖੇ ਟ੍ਰੇਨਿੰਗ ਦਿੱਤੀ ਗਈ । ਇਸ ਟ੍ਰੇਨਿੰਗ ਦਾ ਮੁੱਖ ਉਦੇਸ਼ ਬੱਚਿਆਂ ਨੂੰ ਗੱਲਬਾਤ ਕਰਵਾਉਣਾ, ਆਪਣਾ ਧਿਆਨ ਰੱਖਣ ਅਤੇ ਪੜ੍ਹਾਈ ਨੂੰ ਉਤਸ਼ਾਹਿਤ ਕਰਨਾ,ਆਂਗਣਵਾੜੀ ਵਰਕਰਾ ਨੂੰ ਵਿਕਾਸ ਦੇ ਵੱਖ-ਵੱਖ ਡੋਮੇਨਾ ਸਬੰਧੀ ਜਾਣਕਾਰੀ ਦੇਣਾ ਸੀ। ਪ੍ਰਥਮ ਟੀਮ ਵੱਲੋਂ ਵੱਖ-ਵੱਖ ਥਾਵਾ ਤੇ ਆਂਗਣਵਾੜੀ ਵਰਕਰਾਂ ਦੀ ਟ੍ਰੇਨਿੰਗ ਦੀ ਸ਼ੁਰੂਆਤ ਕਰਵਾਈ ਗਈ । ਇਸ ਮੌਕੇ ਡਾ. ਉਰਵਸ਼ੀ ਪ੍ਰਥਮ ਟੀਮ ਸਟੇਟ ਹੈੱਡ ਕੋਆਰਡੀਨੇਟਰ, ਸੁਪਰਵਾਈਜ਼ਰ, ਬਲਾਕ ਕੋਆਡੀਨੇਟਰ ਅਤੇ ਆਂਗਣਵਾੜੀ ਵਰਕਰਾਂ ਹਾਜ਼ਰ ਸਨ।

## ਸ਼ਹੀਦੀ ਸਭਾ 'ਤੇ ਸੇਵਾਵਾਂ ਨਿਭਾਉਣ ਵਾਲਿਆਂ ਦਾ ਬਾਬਾ ਮੋਤੀ ਰਾਮ ਮਹਿਰਾ ਟਰੱਸਟ ਵੱਲੋਂ ਸਨਮਾਨ

### 9 ਫਰਵਰੀ ਨੂੰ ਪੰਜੋਖਰਾ ਸਾਹਿਬ ਤੋਂ ਚੱਲਣ ਵਾਲੇ ਨਗਰ ਕੀਰਤਨ 'ਚ ਸਾਮਿਲ ਹੋਣ ਦੀ ਅਪੀਲ



ਫਤਹਿਗੜ੍ਹ ਸਾਹਿਬ, 16 ਜਨਵਰੀ (ਰੂਪਲ ਸੂਦ) : ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਮੈਮੋਰੀਅਲ ਚੈਰੀਟੇਬਲ ਟਰੱਸਟ ਵੱਲੋ ਗੁਰਦੁਆਰਾ ਯਾਦਗਾਰ ਬਾਬਾ ਮੋਤੀ ਰਾਮ ਮਹਿਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸੇਵਾ ਨੂੰ ਸਮਰਪਿਤ ਸੇਵਾ ਕਰਨ ਵਾਲੀਆਂ ਸਖਸ਼ੀਅਤਾਂ ਦਾ ਚੇਅਰਮੈਨ ਨਿਰਮਲ ਸਿੰਘ ਐਸ ਐਸ ਵੱਲੋਂ ਸਨਮਾਨ ਕੀਤਾ ਗਿਆ। ਚੇਅਰਮੈਨ ਨਿਰਮਲ ਸਿੰਘ ਅਤੇ ਟਰੱਸਟੀਆਂ ਨੇ ਕਿਹਾ ਕਿ ਬਾਕੀ ਸਖਸ਼ੀਅਤਾਂ ਦਾ ਬਾਅਦ ਵਿਚ ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਦਸਿਆ ਕਿ 22 ਦਸੰਬਰ ਤੋਂ 29 ਦਸੰਬਰ ਤੱਕ ਦਿਨ ਰਾਤ ਰਾਗੀ, ਢਾਡੀ ਅਤੇ ਕੀਰਤਨੀਏ ਜਥਿਆਂ ਨੇ ਸੰਗਤਾਂ ਨੂੰ ਸਹੀਦੀ ਸਾਕੇ ਨਾਲ ਜੋੜਿਆ ਉਥੇ ਲੱਖਾਂ ਦੀ ਗਿਣਤੀ ਸੰਗਤਾਂ ਨੇ ਉਨ੍ਹਾਂ ਪਵਿੱਤਰ ਗਲਾਸਾਂ ਦੇ ਦਰਸ਼ਨ ਵੀ ਕੀਤੇ ਜਿਨ੍ਹਾਂ ਵਿੱਚ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਜੀ ਨੇ ਛੋਟੇ ਸਾਹਿਬਜਾਂਦਿਆਂ ਤੇ ਮਾਤਾ ਗੁਜਰੀ ਜੀ ਨੂੰ ਗਰਮ ਦੁੱਧ ਛਕਾਇਆ ਸੀ। ਉਨ੍ਹਾਂ ਟਰੱਸਟੀ, ਸੇਵਾਦਾਰ ਅਤੇ ਸੰਗਤਾਂ ਦਾ ਵੀ ਧੰਨਵਾਦ ਕੀਤਾ ਜਿਨ੍ਹਾਂ ਨੇ ਦੁੱਧ ਦੇ ਲੰਗਰ ਲਾਏ ਅਤੇ ਗੁਰਦੁਆਰਾ ਸਾਹਿਬ ਨੱਤਮਸਤਕ ਹੋਣ ਵਾਲੀਆਂ ਸੰਗਤਾਂ ਦੀ ਨਿਸ਼ਕਾਮ ਸੇਵਾ ਕੀਤੀ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ 9 ਫਰਵਰੀ ਨੂੰ ਇੱਕ ਵਿਸ਼ਾਲ ਨਗਰ ਕੀਰਤਨ ਪੰਜੋਖਰਾ ਸਾਹਿਬ (ਅੰਬਾਲਾ ਹਰਿਆਣਾ) ਤੋ ਸਵੇਰੇ 9 ਵਜੇ ਚੱਲ ਕੇ ਸ਼ਾਮੀ ਯਾਦਗਾਰ ਗੁਰੂਦੁਆਰਾ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਪਹੁੰਚੇਗਾ ਜਿਸ ਵਿੱਚ ਸੰਗਤਾਂ ਨੂੰ ਵੱਧ ਚੜ੍ਹ ਕੇ ਸਾਮਲ ਹੋਣ ਦੀ ਅਪੀਲ ਕੀਤੀ।

ਸਨਮਾਨਿਤ ਸਖ਼ਸ਼ੀਅਤਾਂ ਵਿੱਚ ਸੁਖਦੇਵ ਸਿੰਘ ਰਾਜ, ਬਲਦੇਵ ਸਿੰਘ ਦੁਸਾਂਝ, ਰਾਜਕੁਮਾਰ ਪਾਤੜਾਂ, ਅਮੀ ਚੰਦ ਮਾਛੀਵਾੜਾ, ਗੁਰਚਰਨ ਸਿੰਘ ਧਨੌਲਾ, ਕੈਪਟਨ ਤਰਸੇਮ ਸਿੰਘ ਅਲੂਨਾ ਮਿਆਨਾ, ਮਹਿੰਦਰ ਸਿੰਘ ਮੋਰਿੰਡਾ, ਬਲਦੇਵ ਸਿੰਘ ਲੁਹਾਰਾ, ਪਰਮਜੀਤ ਸਿੰਘ ਖੰਨਾ, ਮਹਿੰਦਰ ਸਿੰਘ ਖੰਨਾ, ਸੰਦੀਪ ਕੌਰ ਚੰਡੀਗੜ੍ਹ, ਜੋਗਿੰਦਰਪਾਲ ਸਿੰਘ, ਕੁਲਦੀਪ ਸਿੰਘ ਜੇਈ, ਬੀਰਦੇਵਿੰਦਰ ਸਿੰਘ, ਸੁੱਚਾ ਸਿੰਘ ਮਡੌਲੀ, ਰਾਮ ਸਿੰਘ ਨੰਡਿਆਲੀ, ਕਰਮ ਸਿੰਘ, ਮੈਨੇਜਰ ਨਵਜੋਤ ਸਿੰਘ, ਜਸਬੀਰ ਸਿੰਘ ਜੱਸੀ, ਤਰਸੇਮ ਸਿੰਘ, ਜਗਜੀਤ ਸਿੰਘ ਲੁਹਾਰਾ ਅਤੇ ਜ਼ੋਗਾ ਸਿੰਘ ਆਦਿ ਸਾਮਲ ਹਨ।

## ਪਿੰਡ ਕੋਟਲੀ ਸੂਰਤ ਮੱਲ੍ਹੀ 'ਚ ਯੁੱਧ ਨਸ਼ਿਆਂ ਵਿਰੁੱਧ ਪਹਿਰੇਦਾਰ ਯਾਤਰਾ ਕੱਢੀ

ਡੇਰਾ ਬਾਬਾ ਨਾਨਕ, 16 ਜਨਵਰੀ (ਹੈਪੀ ਕੋਟਲੀ) : ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅੱਜ ਯੁੱਧ ਨਸ਼ਿਆਂ ਵਿਰੁੱਧ ਦੂਜੇ ਗੇੜ ਤਹਿਤ ਹਲਕਾ ਡੇਰਾ ਬਾਬਾ ਨਾਨਕ ਗ੍ਰਾਮ ਪੰਚਾਇਤ ਕੋਟਲੀ ਸੂਰਤ ਮੱਲੀ ਦੇ ਨੌਜਵਾਨ ਸਰਪੰਚ ਸੁਖਵਿੰਦਰ ਸਿੰਘ ਧਾਲੀਵਾਲ ਤੇ ਗ੍ਰਾਮ ਪੰਚਾਇਤ ਕੋਟਲੀ ਭਿੱਟੇਵਾਡ ਦੇ ਗਿਆਨੀ ਰਛਪਾਲ ਦੀ ਅਗਵਾਈ ਹੇਠ ਯੁੱਧ ਨਸ਼ਿਆਂ ਵਿਰੁੱਧ ਤਹਿਤ ਪਿੰਡ ਦੇ ਪਹਿਰੇਦਾਰਾਂ ਵੱਲੋਂ ਪੈਦਲ ਯਾਤਰਾ ਦਾ ਆਗਾਜ ਕੀਤਾ ਗਿਆ।ਇਸ ਪਹਿਰੇਦਾਰ ਪੈਦਲ ਯਾਤਰਾ ਚ ਪਿੰਡ ਵਾਸੀਆਂ ਨੇ ਵੱਧ ਚੜ ਕੇ ਹਿੱਸਾ ਲਿਆ।ਇਹ ਬੀ ਡੀ ਪੀ ਓ ਡੇਰਾ ਬਾਬਾ ਨਾਨਕ ਦੇ ਅਧਿਕਾਰੀਆਂ ਵੱਲੋਂ ਪੈਦਲ ਯਾਤਰਾ ਮੌਕੇ ਇਕੱਤਰ ਹੋਏ ਲੋਕਾਂ ਨੂੰ ਨਸਿਆਂ ਤੋਂ ਹੋਣ ਵਾਲੇ ਨੁਕਸਾਨ ਜਾਣੂ ਕਰਵਾਇਆ ਗਿਆ।ਉਹਨਾਂ ਕਿਹਾ ਕਿ ਨਸ਼ਾ ਸਾਡੇ ਬੱਚਿਆਂ ਪਰਿਵਾਰ ਅਤੇ ਪਿੰਡ ਵਾਸੀਆਂ ਦਾ ਸਭ ਤੋਂ ਵੱਡਾ ਦੁਸ਼ਮਣ ਹੈ।ਸਾਨੂੰ ਸਾਰਿਆਂ ਨੂੰ ਮਿਲ ਕੇ ਇਸ ਨਸ਼ੇ ਖਿਲਾਫ ਮਜਬੂਤੀ ਨਾਲ ਲੜਨਾ ਚਾਹੀਦਾ ਹੈ। ਘਰ ਦੀ ਹਰੇਕ ਮੈਂਬਰ ਨੂੰ ਇਸ ਨਸ਼ੇ ਵਿਰੁੱਧ ਖੜੇ ਹੋਣ ਦੀ ਮੁੱਖ ਲੋੜ ਹੈ। ਉਹਨਾਂ ਕਿਹਾ ਕਿ ਸਪੈਲਿੰਗ ਜਿਆਦਾ ਸਿਰਫ ਇੱਕ ਯਾਤਰਾ ਨਹੀਂ ਬਲਕਿ ਸਾਡੇ ਪਿੰਡਾਂ ਨੂੰ ਨਸਾ ਮੁਕਤ ਬਣਾਉਣ ਦਾ ਸੰਕਲਪ ਵੀ ਹੈ ਪਿੰਡ ਵਾਸੀਆਂ ਦੀ ਹਿੱਸੇਦਾਰੀ ਇਹਦੀ ਸਭ ਤੋਂ ਵੱਡੀ ਤਾਕਤ ਹੈ।

## ਮਾਘੀ ਦੀ ਸੰਗਰਾਂਦ ਮੌਕੇ ਇਲਾਕਾ ਨਿਵਾਸੀਆਂ ਨੇ ਲੰਗਰ ਲਗਾਇਆ



ਫਤਹਿਗੜ੍ਹ ਸਾਹਿਬ, 16 ਜਨਵਰੀ (ਰੂਪਲ ਸੂਦ) : ਪੰਜਾਬ ਦੀ ਵਿਰਾਸਤ ਤਿਉਹਾਰਾਂ, ਗੁਰਪੁਰਬਾਂ ਆਦਿ ਨਾਲ ਭਰਪੂਰ ਹੈ, ਇੱਥੇ ਰੁੱਤਾਂ ਅਤੇ ਮਹੀਨਿਆਂ ਮੁਤਾਬਿਕ ਤਿਉਹਾਰ ਮਨਾਏ ਜਾਂਦੇ ਹਨ। ਇਸੇ ਤਰ੍ਹਾਂ ਲੋਹੜੀ ਦੇ ਅਗਲੇ ਦਿਨ ਮਾਘੀ ਦਾ ਤਿਉਹਾਰ ਮੌਕੇ ਅਤੇ ਸਰਹਿੰਦ ਬਸੀ ਰੋਡ ਸ਼ਹਿਰ ਨਿਵਾਸੀਆਂ ਵੱਲੋਂ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸਮੁੱਚੀ ਮਾਨਵਤਾ ਦੀ ਭਲਾਈ ਅਤੇ ਖੁਸ਼ਹਾਲੀ ਲਈ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਅਤੇ ਜ਼ਿਲ੍ਹਾ ਪਰਿਸ਼ਦ ਦੇ ਸਾਬਕਾ ਚੇਅਰਮੈਨ ਬਲਜੀਤ ਸਿੰਘ ਭੁੱਟਾ ਨੇ ਕਿਹਾ ਕਿ ਇਹ ਲੰਗਰ ਪਹਿਲੇ ਸਿੱਖ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫ਼ਲਸਫ਼ੇ 'ਕਿਰਤ ਕਰੋ, ਨਾਮ ਜਪੋ, ਵੰਡ ਛਕੋ' ਤਹਿਤ ਲਗਾਇਆ ਗਿਆ। ਗੁਰੂ ਸਾਹਿਬ ਦਾ ਫ਼ਲਸਫ਼ਾ ਨਿਰਸਵਾਰਥ ਸੇਵਾ ਅਤੇ ਲੋਕ ਭਲਾਈ ਦਾ ਸੁਨੇਹਾ ਦਿੰਦਾ ਹੈ।

ਸਿੱਖ ਧਰਮ 'ਚ ਮਾਘੀ ਦਾ ਇਤਿਹਾਸਕ ਮਹੱਤਵ ਬਹੁਤ ਹੀ ਵਿਲੱਖਣ ਹੈ। ਇਸ ਦਾ ਪਿਛੋਕੜ ਸ੍ਰੀ ਮੁਕਤਸਰ ਸਾਹਿਬ ਵਿਖੇ ਗੁਰੂ ਗੋਬਿੰਦ ਸਿੰਘ ਜੀ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਬੇਦਾਵਾ ਦੇਣ ਵਾਲੇ ਚਾਲੀ ਸਿੰਘਾਂ ਵੱਲੋਂ ਇੱਥੇ ਮੁਗ਼ਲ ਫ਼ੌਜ ਦਾ ਟਾਕਰਾ ਕਰਨ ਉਪਰੰਤ ਬੇਦਾਵਾ ਪੜਵਾ ਕੇ ਟੁਟੀ ਗੰਢਾਉਣ ਦੀ ਇਤਿਹਾਸਕ ਘਟਨਾ ਤੋਂ ਸ਼ੁਰੂ ਹੁੰਦਾ ਹੈ। ਵੈਸਾਖ ਸੰਮਤ 1762 (1705 ਈ.) ਨੂੰ ਸਰਹੰਦ ਦਾ ਸੂਬਾ ਵਜ਼ੀਰ ਖ਼ਾਂ ਜਦ ਗੁਰੂ ਗੋਬਿੰਦ ਸਿੰਘ ਜੀ ਦਾ ਪਿੱਛਾ ਕਰਦਾ ਮਾਲਵੇ ਆਇਆ ਤਦ ਸਿੰਘਾਂ ਨੇ ਖਿਦਰਾਣੇ ਦੇ ਤਾਲ (ਢਾਬ) ਨੂੰ ਕਬਜ਼ੇ 'ਚ ਲੈ ਕੇ ਦੁਸ਼ਮਣਾਂ ਦਾ ਮੁਕਾਬਲਾ ਕੀਤਾ ਸੀ।

ਮਾਈ ਭਾਗੋ ਤੇ ਉਨ੍ਹਾਂ ਦੇ ਸਾਥੀ ਸਿੰਘਾਂ ਨੇ ਇਸ ਮੁਕਾਬਲੇ 'ਚ ਵੱਡੀ ਸੂਰਬੀਰਤਾ ਨਾਲ ਸ਼ਹੀਦੀ ਪਾਈ ਸੀ। ਇਸ ਮੌਕੇ ਸੁਰਿੰਦਰ ਸਿੰਘ ਬਿੰਬਰਾ, ਹਰਮਨ ਸਿੰਘ ਸਰਹਿੰਦ, ਨਿਰਭੈ ਸਿੰਘ ਸਾਬਕਾ ਮੈਨੇਜਰ, ਮਲਕੀਤ ਸਿੰਘ ਮਠਾੜੂ, ਬਲਜੀਤ ਸਿੰਘ ਦਿਓਲ, ਪਲਵਿੰਦਰ ਸਿੰਘ ਚੀਮਾ, ਪਲਵਿੰਦਰ ਸਿੰਘ ਨਬੀਪੁਰ, ਜਰਨੈਲ ਸਿੰਘ ਸਾਨੀਪੁਰ, ਲਖਵਿੰਦਰ ਸਿੰਘ ਜਲਵੇੜੀ ਧੁੰਮੀ ਅਤੇ ਮਨਜੀਤ ਸਿੰਘ ਅੰਬਾਲਾ ਆਦਿ ਸ਼ਾਮਿਲ ਸਨ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਵੱਲੋਂ ਤਿਮਾਹੀ ਮੀਟਿੰਗ

### ਨੈਸ਼ਨਲ ਲੋਕ ਅਦਾਲਤ 14 ਮਾਰਚ ਨੂੰ ਲਗੇਗੀ

ਫਾਜ਼ਿਲਕਾ 16 ਜਨਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਮਾਣਯੋਗ ਜਸਟਿਸ ਸ੍ਰੀ ਅਸ਼ਵਨੀ ਕੁਮਾਰ ਮਿਸ਼ਰਾ, ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ (ਮੋਹਾਲੀ), ਮਾਣਯੋਗ ਮੈਡਮ ਜਸਟਿਸ ਲਪਿਤਾ ਬੈਨਰਜੀ, ਪ੍ਰਬੰਧਕੀ ਜੱਜ ਅਤੇ ਸ੍ਰੀਮਤੀ ਨਵਜੋਤ ਕੌਰ, ਮਾਣਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ (ਮੋਹਾਲੀ) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ , ਫਾਜ਼ਿਲਕਾ ਦੀ ਤਿਮਾਹੀ ਮੀਟਿੰਗ ਸ੍ਰੀ ਧਰਮਿੰਦਰ ਪਾਲ ਸਿੰਗਲਾ, ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਦੀ ਰਹਿਨੁਮਾਈ ਹੇਠ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਸ੍ਰੀ ਗੁਰਮੀਤ ਸਿੰਘ, ਐੱਸ.ਐੱਸ.ਪੀ., ਫਾਜ਼ਿਲਕਾ; ਸ੍ਰੀ ਕੇ.ਕੇ. ਸਿੰਗਲਾ, ਮਾਣਯੋਗ ਅਡੀਸ਼ਨਲ ਜ਼ਿਲ੍ਹਾ ਅਤੇ ਸੈਸ਼ਨ ਜੱਜ, ਫਾਜ਼ਿਲਕਾ; ਸ੍ਰੀ ਸੁਭਾਸ਼ ਚੰਦਰ, ਏ.ਡੀ.ਸੀ. (ਡੀ), ਫਾਜ਼ਿਲਕਾ; ਮੈਡਮ ਹਿਮਾਂਸ਼ੀ ਗਲਹੋਤਰਾ, ਮਾਣਯੋਗ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ, ਫਾਜ਼ਿਲਕਾ; ਮੈਡਮ ਰੂਚੀ ਸਵਪਨ ਸ਼ਰਮਾ, ਮਾਣਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ; ਸ੍ਰੀ ਵਜ਼ੀਰ ਕੰਬੋਜ, ਜ਼ਿਲ੍ਹਾ ਅਟਾਰਨੀ, ਫਾਜ਼ਿਲਕਾ; ਸ੍ਰੀ ਸੁਤੰਤਰਜੋਤ ਸਿੰਘ ਗਿੱਲ, ਪ੍ਰਧਾਨ, ਬਾਰ ਐਸੋਸੀਏਸ਼ਨ, ਫਾਜ਼ਿਲਕਾ ਅਤੇ ਹੋਰ ਅਧਿਕਾਰੀ ਮੌਜੂਦ ਰਹੇ।

ਮੀਟਿੰਗ ਦੌਰਾਨ ਜ਼ਿਲ੍ਹੇ ਵਿੱਚ ਮੁਫ਼ਤ ਕਾਨੂੰਨੀ ਸਹਾਇਤਾ ਦੀ ਪ੍ਰਦਾਨਗੀ, ਲੋਕ ਅਦਾਲਤਾਂ ਦੇ ਆਯੋਜਨ, ਪੈਰਾ ਲੀਗਲ ਵਲੰਟੀਅਰਾਂ ਦੀ ਕਾਰਗੁਜ਼ਾਰੀ, ਜਾਗਰੂਕਤਾ ਪ੍ਰੋਗਰਾਮਾਂ ਅਤੇ ਹੋਰ ਕਾਨੂੰਨੀ ਸੇਵਾਵਾਂ ਨਾਲ ਸੰਬੰਧਿਤ ਵਿਸ਼ਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮਾਣਯੋਗ ਚੇਅਰਮੈਨ ਵੱਲੋਂ ਸੰਬੰਧਿਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਕਿ ਜ਼ਰੂਰਤਮੰਦ ਅਤੇ ਯੋਗ ਵਿਅਕਤੀਆਂ ਤੱਕ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਭਾਵਸ਼ਾਲੀ ਅਤੇ ਸਮੇਂ-ਸਿਰ ਪਹੁੰਚਾਈ ਜਾਵੇ। ਅੰਤ ਵਿੱਚ ਇਹ ਜਾਣਕਾਰੀ ਵੀ ਦਿੱਤੀ ਗਈ ਕਿ ਅਗਲੀ ਨੈਸ਼ਨਲ ਲੋਕ ਅਦਾਲਤ 14 ਮਾਰਚ 2026 ਨੂੰ ਜ਼ਿਲ੍ਹਾ ਫਾਜ਼ਿਲਕਾ ਵਿੱਚ ਆਯੋਜਿਤ ਕੀਤੀ ਜਾਵੇਗੀ, ਜਿਸ ਵਿੱਚ ਵੱਖ-ਵੱਖ ਕਿਸਮ ਦੇ ਮਾਮਲਿਆਂ ਨੂੰ ਆਪਸੀ ਸਹਿਮਤੀ ਨਾਲ ਨਿਪਟਾਇਆ ਜਾਵੇਗਾ।

## ਦੋ ਹਫ਼ਤੇ ਦਾ ਡੇਅਰੀ ਸਿਖਲਾਈ ਕੋਰਸ 19 ਤੋਂ

ਫਤਹਿਗੜ੍ਹ ਸਾਹਿਬ, 16 ਜਨਵਰੀ (ਰੂਪਲ ਸੂਦ): ਡੇਅਰੀ ਵਿਕਾਸ ਵਿਭਾਗ ਵੱਲੋਂ ਬੇਰੋਜ਼ਗਾਰਾਂ ਨੂੰ 2 ਹਫਤੇ ਦੀ ਡੇਅਰੀ ਸਿਖਲਾਈ ਦਿੱਤੀ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਡਾਇਰੈਕਟਰ (ਡੇਅਰੀ ਵਿਕਾਸ) ਦਲਵੀਰ ਕੁਮਾਰ ਨੇ ਦੱਸਿਆ ਕਿ ਇਸ ਸਿਖਲਾਈ ਦਾ ਮੁੱਖ ਮੰਤਵ ਪੇਂਡੂ ਬੇਰੋਜ਼ਗਾਰ ਨੌਜਵਾਨਾਂ ਅਤੇ ਮਹਿਲਾਵਾਂ ਨੂੰ ਡੇਅਰੀ ਦਾ ਕਿੱਤਾ ਅਪਨਾਉਣ ਲਈ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਹ ਸਿਖਲਾਈ ਕੈਂਪ 19 ਜਨਵਰੀ ਨੂੰ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ ਚਤਾਮਲੀ (ਰੋਪੜ) ਅਤੇ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ ਬੀਜਾ (ਲੁਧਿਆਣਾ) ਵਿਖੇ ਸੁਰੂ ਹੋਵੇਗਾ, ਉਮੀਦਵਾਰ ਦੀ ਉਮਰ 18 ਤੋਂ 55 ਸਾਲ, ਉਹ ਘੱਟੋ ਘੱਟ ਪੰਜਵੀ ਪਾਸ ਅਤੇ ਪੇਂਡੂ ਇਲਾਕੇ ਨਾਲ ਸਬੰਧਤ ਹੋਵੇ। ਉਨ੍ਹਾਂ ਦੱਸਿਆ ਕਿ ਚਾਹਵਾਨ ਸਿਖਿਆਰਥੀ ਆਪਣੇ ਦਸਤਾਵੇਜ ਜਿਵੇਂ ਯੋਗਤਾ ਸਰਟੀਫਿਕੇਟ, ਅਧਾਰ ਕਾਰਡ, ਜਾਤੀ ਸਰਟੀਫਿਕੇਟ ਅਤੇ 1 ਪਾਸਪੋਰਟ ਸਾਈਜ ਫੋਟੋ ਲੈ ਕੇ ਦਫਤਰ ਚ ਆਉਣ।



ਉਨ੍ਹਾਂ ਹੋਰ ਦੱਸਿਆ ਕਿ ਇਸ ਟਰੇਨਿੰਗ ਵਿਚ ਦੁਧਾਰੂ ਪਸ਼ੂਆਂ ਦੀ ਖਰੀਦ ਲੈ ਕੇ ਰੱਖ-ਰਖਾਵ ਖਾਦ ਖੁਰਾਕ, ਨਸਲ ਸੁਧਾਰ, ਸਾਂਭ ਸੰਭਾਗਲ ਅਚੇ ਸੁਚੱਜੇ ਮੰਡੀਕਰਨ ਆਦਿ ਨਵੀਨਤਮ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਸ ਸਿਖਲਾਈ ਲਈ ਫਾਰਮ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਕਮਰਾ ਨੰ. 406, ਤੀਜੀ ਮੰਜਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਫਤਹਿਗੜ੍ਹ ਸਾਹਿਬ ਵਿਖੇ ਭਰੇ ਜਾਣਗੇ।

## ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਫਤਹਿਗੜ੍ਹ ਸਾਹਿਬ ਅੱਗੇ ਕਿਸਾਨ ਜਥੇਬੰਦੀਆਂ ਵੱਲੋਂ ਰੋਸ ਪ੍ਰਦਰਸ਼ਨ

### ਮੰਗਾਂ ਨੂੰ ਲੈ ਕੇ ਦੇਸ਼ ਦੇ ਪ੍ਰਧਾਨ ਮੰਤਰੀ ਦੇ ਨਾਂ ਡਿਪਟੀ ਕਮਿਸ਼ਨਰ ਨੂੰ ਸੌਂਪਿਆ ਮੰਗ ਪੱਤਰ




ਫਤਹਿਗੜ੍ਹ ਸਾਹਿਬ, 16 ਜਨਵਰੀ (ਹਰਪ੍ਰੀਤ ਕੌਰ ਟਿਵਾਣਾ) : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੀਆਂ ਕਿਸਾਨ ਜਥੇਬੰਦੀਆਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਫਤਹਗੜ੍ਹ ਸਾਹਿਬ ਅੱਗੇ ਜੰਮ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਰੋਸ ਪ੍ਰਦਰਸ਼ਨ ਕਰਨ ਉਪਰੰਤ ਕਿਸਾਨ ਜਥੇਬੰਦੀਆਂ ਦੇ ਆਗੂਆਂ ਵੱਲੋਂ ਦੇਸ਼ ਦੇ ਪ੍ਰਧਾਨ ਮੰਤਰੀ ਦੇ ਨਾਂ ਡੀਸੀ ਸਾਹਿਬ ਨੂੰ ਮੰਗ ਪੱਤਰ ਸੌਂਪਿਆ ਗਿਆ। ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਹਰਿੰਦਰ ਸਿੰਘ ਚਨਾਰਥਲ ਨੇ ਦੱਸਿਆ ਕਿ ਅੱਜ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਜ਼ਿਲਾ ਫਤਿਹਗੜ੍ਹ ਸਾਹਿਬ ਦੀਆਂ ਜਥੇਬੰਦੀਆਂ ਨੇ ਪ੍ਰਦਰਸ਼ਨ ਕਰਕੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਂ ਡੀਸੀ ਸਾਹਿਬ ਨੂੰ ਮੰਗ ਪੱਤਰ ਸੌਂਪਿਆ । ਉਹਨਾਂ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚਾ ਮੰਗ ਕਰਦਾ ਹੈ ਕਿ ਬਿਜਲੀ ਸੋਧ ਬਿੱਲ 2025 ਰਾਜਾਂ ਦੇ ਅਧਿਕਾਰਾਂ ਤੇ ਸਿੱਧਾ ਡਾਕਾ ਹੈ।

ਬਿਜਲੀ ਦੇ ਵੰਡ ਖੇਤਰ ਦੇ ਨਿੱਜੀਕਰਨ ਦੀ ਨੀਤੀ ਹੈ ਸਰਕਾਰ ਇਸ ਬਿਜਲੀ ਬਿਲ ਨੂੰ ਰੱਦ ਕਰੇ ਅਤੇ ਜੋ ਸਮਾਰਟ ਮੀਟਰ ਹਨ ਇਹਨਾਂ ਨੂੰ ਲਾਉਣਾ ਬੰਦ ਕਰੇ ।

ਚਨਾਰਥਲ ਨੇ ਕਿਹਾ ਕਿ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਰੱਦ ਕੀਤੇ ਜਾਣ, ਜਨਤਕ ਅਦਾਰਿਆਂ ਦਾ ਨਿੱਜੀਕਰਨ ਬੰਦ ਕੀਤਾ ਜਾਵੇ, ਸਾਰੇ ਅਦਾਰਿਆਂ ਵਿੱਚੋਂ ਮੁਲਾਜ਼ਮਾਂ ਦੀ ਪੱਕੀ ਭਰਤੀ ਕੀਤੀ ਜਾਵੇ, ਨਵਾਂ ਵੀਬੀ ਜੀ ਰਾਮ ਜੀ ਐਕਟਰ ਰੱਦ ਕਰਕੇ ਮਨਰੇਗਾ ਕਾਨੂੰਨ ਮੁੜ ਬਹਾਲ ਕੀਤਾ ਜਾਵੇ, 200 ਦਿਨ ਪੱਕਾ ਕੀਤਾ ਜਾਵੇ, ਦਿਹਾੜੀ 700 ਰੁਪਏ ਪ੍ਰਤੀ ਦਿਨ ਕੀਤੀ ਜਾਵੇ, ਪੰਜ ਏਕੜ ਤੋਂ ਘੱਟ ਵਾਲੇ ਕਿਸਾਨਾਂ ਨੂੰ ਜੋ ਮਨਰੇਗਾ ਸਕੀਮ ਹੈ ਉਸ ਨੂੰ ਅਮਲੀ ਤੌਰ ਤੇ ਲਾਗੂ ਕੀਤਾ ਜਾਵੇ। ਚਨਾਰਥਲ ਨੇ ਦੱਸਿਆ ਕੀ ਸੰਯੁਕਤ ਕਿਸਾਨ ਮੋਰਚਾ ਮੰਗ ਕਰਦਾ ਹੈ ਕਿ ਜਨਤਕ ਖੇਤਰ ਦੀਆਂ ਜਾਇਦਾਤਾਂ ਨਿੱਜੀ ਕੰਪਨੀਆਂ ਨੂੰ ਵੇਚਣਾ ਸਰਕਾਰ ਵੱਲੋ ਬੰਦ ਕੀਤਾ ਜਾਵੇ। ਕਾਰਪੋਰੇਟ ਪੱਖੀ ਬੀਜ ਬਿੱਲ ਰੱਦ ਕੀਤਾ ਜਾਵੇ ਵੱਖ-ਵੱਖ ਦੇਸ਼ਾਂ ਨਾਲ ਕੀਤੇ ਜਾ ਰਹੇ ਟੈਕਸ ਮੁਕਤ ਵਪਾਰ ਸਮਝੌਤਿਆਂ ਵਿੱਚੋਂ ਖੇਤੀ ਅਤੇ ਖੇਤੀ ਨਾਲ ਸੰਬੰਧਿਤ ਖੇਤਰਾਂ ਨੂੰ ਬਾਹਰ ਰੱਖਿਆ ਜਾਵੇ। ਦੇਸ਼ ਦੇ ਕਿਸਾਨਾਂ ਅਤੇ ਮਜ਼ਦੂਰਾਂ ਦੇ ਸਿਰ ਚੜ੍ਹਿਆ ਕਰਜਾ ਕੇਂਦਰ ਸਰਕਾਰ ਮਾਫ ਕਰੇ ਕਿਸਾਨਾਂ ਮਜ਼ਦੂਰਾਂ ਨੂੰ 60 ਸਾਲ ਦੀ ਉਮਰ ਦੇ ਹੋਣ ਤੇ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾਵੇ ਹੜਾਂ ਨੂੰ ਰੋਕਣ ਲਈ ਪੁਖਤਾ ਪ੍ਰਬੰਧ ਕੀਤੇ ਜਾਣ ਤਾਂ ਜੋ ਹਰ ਸਾਲ ਆਉਣ ਵਾਲੇ ਹੜਾਂ ਨਾਲ ਜੋ ਕਿਸਾਨਾਂ ਦਾ ਨੁਕਸਾਨ ਹੁੰਦਾ ਹੈ ਉਹ ਨਾ ਹੋਵੇ ਦਿੱਲੀ ਅੰਦੋਲਨ ਦੀਆਂ ਰਹਿੰਦੀਆਂ ਮੰਗਾਂ ਨੂੰ ਪੂਰਾ ਕੀਤਾ ਜਾਵੇ। ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਸਤਬੀਰ ਸਿੰਘ ਗੜਹੇੜਾ , ਕ੍ਰਾਂਤੀਕਾਰੀ ਕਿਸਾਨ ਯੂਨੀਅਨ ਜ਼ਿਲ੍ਹਾ ਪ੍ਰਧਾਨ ਹਰਨੇਕ ਸਿੰਘ ਭੱਲਮਾਜਰਾ, ਸੂਬਾ ਖਜਾਨਚੀ ਰਣਜੀਤ ਸਿੰਘ ਚਨਾਰਥਲ, ਜਸਵੀਰ ਸਿੰਘ, ਬਲਦੀਪ ਸਿੰਘ,ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਸੀਨੀਅਰ ਮੀਤ ਪ੍ਰਧਾਨ ਮੇਜਰ ਸਿੰਘ ਬਰਵਾਲੀ ਕਲਾਂ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਹਰਮੇਲ ਸਿੰਘ ਭਟੇੜੀ, ਪੰਜਾਬ ਸਰਵਿਸਿਜ਼ ਫੈਡਰੇਸ਼ਨ ਪ੍ਰਧਾਨ ਰਣਦੀਪ ਸਿੰਘ ਸ਼੍ਰੀ ਫਤਿਹਗੜ੍ਹ ਸਾਹਿਬ ਅਵਤਾਰ ਸਿੰਘ ਚੀਮਾ ਦੀ ਕਲਾਸ ਫ਼ੋਰਥ ਇੰਪਲਾਈਜ ਯੂਨੀਅਨ, ਵੇਰਕਾ ਮਿਲਕ ਪਲਾਂਟ ਆਊਟਸੋਰਸ਼ ਯੂਨੀਅਨ, ਪੀ ਸੀ ਐਸ ਔਲ ਪੈਨਸ਼ਨ ਯੂਨੀਅਨ (ਏਟਕ)ਅਜਮੀਲ ਖ਼ਾਨ, ਡੈਮੋਕ੍ਰੇਟਿਕ ਮਨਰੇਗਾ ਫਰੰਟ, ਲਾਲ ਝੰਡਾ ਪੈਂਡੂ ਚੌਂਕੀਦਾਰ ਯੂਨੀਅਨ ਮਾਘੀਂ ਖਾਂ ਸ਼ਾਮਿਲ ਹੋਏ।

## ਦੇਸ਼ ਭਗਤ ਯੂਨੀਵਰਸਿਟੀ ਵਿਖੇ ਫੈਸ਼ੀਅਲ ਡਿਸਟੌਰਸ਼ਨ ਮਾਡਲ 'ਤੇ ਓਰੀਐਂਟੇਸ਼ਨ ਪ੍ਰੋਗਰਾਮ



ਮੰਡੀ ਗੋਬਿੰਦਗੜ੍ਹ, 16 ਜਨਵਰੀ (ਸੂਦ) : ਦੇਸ਼ ਭਗਤ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਦੇ ਫਿਜ਼ੀਓਥੈਰੇਪੀ ਵਿਭਾਗ ਵੱਲੋਂ ਪਿੱਲਈ ਹਿਊਮਨ ਸੁਸਾਇਟੀ ਪਟਿਆਲਾ ਦੇ ਸਹਿਯੋਗ ਨਾਲ ਫੈਸ਼ੀਅਲ ਡਿਸਟੌਰਸ਼ਨ ਮਾਡਲ 'ਤੇ ਇੱਕ-ਰੋਜ਼ਾ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ ਜਿਸਦਾ ਉਦੇਸ਼ ਆਧੁਨਿਕ ਫੈਸ਼ੀਅਲ ਇਲਾਜ ਪਹੁੰਚਾਂ ਦੀ ਅਕਾਦਮਿਕ ਅਤੇ ਕਲੀਨਿਕਲ ਸਮਝ ਨੂੰ ਵਧਾਉਣਾ ਸੀ। ਪ੍ਰੋਗਰਾਮ ਵਿੱਚ ਸ਼੍ਰੀ ਥੌਰਸਟਨ ਫਿਸ਼ਰ, ਸੰਸਥਾਪਕ ਅਤੇ ਸੀਈਓ, ਸੈਂਟਰ ਆਫ਼ ਐਫਡੀਐਮ ਐਂਡ ਫਿਜ਼ੀਓਥੈਰੇਪੀ, ਹੈਨੋਵਰ, ਜਰਮਨੀ ਰਿਸੋਰਸ ਪਰਸਨ ਵਜੋਂ ਜਦੋਂ ਕਿ ਡਾ. ਨਰਕੇਸ਼ ਅਰੁਮੁਗਮ, ਪ੍ਰੋਫੈਸਰ ਅਤੇ ਸਾਬਕਾ ਐਚਓਡੀ, ਫਿਜ਼ੀਓਥੈਰੇਪੀ ਵਿਭਾਗ, ਪੰਜਾਬੀ ਯੂਨੀਵਰਸਿਟੀ ਨੇ ਮੁੱਖ-ਮਹਿਮਾਨ ਵਜੋਂ ਸ਼ਿਰਕਤ ਕੀਤੀ। ਵਿਭਾਗ ਮੁੱਖੀ ਡਾ. ਦਿੱਵਿਆ ਮਿੱਢਾ ਨੇ ਮੁੱਖ-ਮਹਿਮਾਨ ਅਤੇ ਪਤਵੰਤਿਆਂ ਦਾ ਸਵਾਗਤ ਕੀਤਾ। ਇਸ ਮੌਕੇ ਰਿਸੋਰਸ ਪਰਸਨ ਫਿਸ਼ਰ ਨੇ ਐਫਡੀਐਮ 'ਤੇ ਡੂੰਘਾਈ ਨਾਲ ਸਿਧਾਂਤਕ ਸੈਸ਼ਨ ਦਿੱਤਾ ਜਿਸ ਵਿੱਚ ਇਸਦੇ ਸਿਧਾਂਤਾਂ, ਕਲੀਨਿਕਲ ਸਾਰਥਕਤਾ ਅਤੇ ਮਾਸਪੇਸ਼ੀਆਂ ਦੇ ਵਿਕਾਰ ਦੇ ਪ੍ਰਬੰਧਨ ਵਿੱਚ ਉਪਯੋਗ ਬਾਰੇ ਦੱਸਿਆ। ਡਾ. ਨਰਕੇਸ਼ ਅਰੁਮੁਗਮ ਨੇ ਅਕਾਦਮਿਕ ਅਤੇ ਕਲੀਨਿਕਲ ਸੂਝਾਂ ਸਾਂਝੀਆਂ ਕੀਤੀਆਂ। ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ, ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਅਤੇ ਹੋਰ ਸੀਨੀਅਰ ਅਧਿਕਾਰੀਆਂ ਸਮੇਤ ਵੱਡੀ ਗਿਣਤੀ 'ਚ ਫ਼ੈਕਲਟੀ ਨੇ ਇਸ ਮੌਕੇ ਸਿਰਕਤ ਕੀਤੀ। ਇਸ ਵਿਹਾਰਕ ਸੈਸ਼ਨ ਨੇ ਭਾਗੀਦਾਰਾਂ ਨੂੰ ਅਸਲ-ਸਮੇਂ ਦੇ ਕਲੀਨਿਕਲ ਨੁਕਤੇ ਸਾਂਝੇ ਕਰਨ ਤੋਂ ਬਾਅਦ ਸਰਟੀਫਿਕੇਟ ਵੰਡੇ ਗਏ। ਅੰਤ ਵਿੱਚ ਡਾ. ਜਸਪ੍ਰੀਤ ਕੌਰ ਨੇ ਧੰਨਵਾਦ ਕੀਤਾ।

## ਨਗਰ ਕੌਂਸਲ ਵਿੱਚ ਵੱਡੀ ਪੱਧਰ 'ਤੇ ਗੜਬੜੀ ਹੋਣ ਦੀਆਂ ਚਰਚਾਵਾਂ ਨੇ ਤੂਲ ਫੜਿਆ



ਧਾਰੀਵਾਲ, 16 ਜਨਵਰੀ (ਅਸ਼ੋਕ ਕੁਮਾਰ) : ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਕੱਚੇ ਕੋਠਿਆਂ ਦੀ ਗਰਾਂਟ ਜਾਰੀ ਕਰਨ ਸਮੇਂ ਨਗਰ ਕੌਂਸਲ ਧਾਰੀਵਾਲ ਵਿੱਚ ਵੱਡੀ ਪੱਧਰ 'ਤੇ ਗੜਬੜੀ ਹੋਣ ਦੀਆਂ ਚਰਚਾਵਾਂ ਨੇ ਤੂਲ ਫੜ ਲਿਆ ਹੈ। ਇਸ ਮਾਮਲੇ ਨੂੰ ਲੈ ਕੇ ਕ੍ਰਿਸਚਨ ਨੈਸ਼ਨਲ ਫਰੰਟ ਯੂਥ ਪੰਜਾਬ ਦੇ ਪ੍ਰਧਾਨ ਬੱਬਾ ਗਿੱਲ ਵੱਲੋਂ ਸਖ਼ਤ ਰੁਖ ਅਪਣਾਇਆ ਗਿਆ ਹੈ। ਉਨ੍ਹਾਂ ਨੇ ਸੰਬੰਧਤ ਅਧਿਕਾਰੀਆਂ ਨੂੰ ਮੰਗ ਪੱਤਰ ਸੌਂਪਦੇ ਹੋਏ ਇਸ ਪੂਰੇ ਮਾਮਲੇ ਦੀ ਨਿਰਪੱਖ ਅਤੇ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ ਹੈ।ਪ੍ਰਧਾਨ ਬੱਬਾ ਗਿੱਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ ਗਰੀਬ ਅਤੇ ਬੇਘਰ ਲੋਕਾਂ ਲਈ ਬਣਾਈ ਗਈ ਇੱਕ ਮਹੱਤਵਪੂਰਨ ਸਕੀਮ ਹੈ, ਪਰ ਨਗਰ ਕੌਂਸਲ ਧਾਰੀਵਾਲ ਵਿੱਚ ਇਸ ਸਕੀਮ ਦੇ ਅਧੀਨ ਆਉਂਦੇ ਹੱਕਦਾਰ ਲੋਕਾਂ ਨਾਲ ਬੇਇਨਸਾਫ਼ੀ ਕੀਤੀ ਗਈ ਹੈ। ਉਨ੍ਹਾਂ ਦਾ ਦੋਸ਼ ਹੈ ਕਿ ਕਈ ਅਜਿਹੇ ਲੋਕਾਂ ਨੂੰ ਗਰਾਂਟ ਦਿੱਤੀ ਗਈ ਜੋ ਇਸ ਦੇ ਹੱਕਦਾਰ ਨਹੀਂ ਸਨ, ਜਦਕਿ ਅਸਲ ਲੋੜਵੰਦ ਲੋਕ ਅਜੇ ਵੀ ਸਰਕਾਰੀ ਮਦਦ ਤੋਂ ਵਾਂਜੇ ਹਨ । ਉਨ੍ਹਾਂ ਨੇ ਇਹ ਵੀ ਕਿਹਾ ਕਿ ਜੇਕਰ ਨਗਰ ਕੌਂਸਲ ਧਾਰੀਵਾਲ ਵੱਲੋਂ ਇਸ ਧਾਂਧਲੀ ਵਿੱਚ ਸ਼ਾਮਿਲ ਕਿਸੇ ਵੀ ਅਨਸਰ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਗਈ ਤਾਂ ਕ੍ਰਿਸਚਨ ਨੈਸ਼ਨਲ ਫਰੰਟ ਪੰਜਾਬ ਵੱਲੋਂ ਪੂਰੇ ਸੂਬੇ ਵਿੱਚ ਤਿੱਖਾ ਸੰਘਰਸ਼ ਛੇੜਿਆ ਜਾਵੇਗਾ। ਬੱਬਾ ਗਿੱਲ ਨੇ ਸਪਸ਼ਟ ਕੀਤਾ ਕਿ ਸੰਸਥਾ ਗਰੀਬਾਂ ਦੇ ਹੱਕਾਂ ਦੀ ਰਾਖੀ ਲਈ ਹਰ ਪੱਧਰ 'ਤੇ ਲੜਾਈ ਲੜਨ ਲਈ ਤਿਆਰ ਹੈ। ਅੰਤ ਵਿੱਚ ਉਨ੍ਹਾਂ ਸਰਕਾਰ ਅਤੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਕੇ ਪਾਰਦਰਸ਼ੀ ਪ੍ਰਣਾਲੀ ਨੂੰ ਯਕੀਨੀ ਬਣਾਇਆ ਜਾਵੇ, ਤਾਂ ਜੋ ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਗੜਬੜੀਆਂ ਦੁਬਾਰਾ ਨਾ ਹੋਣ।

## ਦਵਾਈਆਂ ਦੀ ਖਰੀਦ ਤੇ ਵੇਚ ਸਬੰਧੀ ਰੱਖਿਆ ਜਾਵੇ ਸਾਰਾ ਰਿਕਾਰਡ : ਡਾ. ਰਾਜੀਵ ਪਰਾਸ਼ਰ

### ਸਿਵਲ ਸਰਜਨ ਵੱਲੋਂ ਗਰਭ ਸਮਾਪਤੀ ਦਵਾਈ ਕਿੱਟਾਂ ਅਤੇ ਨਸ਼ੇ ਲਈ ਵਰਤੋਂ ਆਉਣ ਵਾਲੀਆਂ ਦਵਾਈਆਂ ਲਈ ਦਿਸ਼ਾ ਨਿਰਦੇਸ਼ ਜਾਰੀ

ਫਿਰੋਜ਼ਪੁਰ, 16 ਜਨਵਰੀ (ਤਿਵਾੜੀ) : ਸਿਵਲ ਸਰਜਨ ਫਿਰੋਜ਼ਪੁਰ ਡਾ. ਰਾਜੀਵ ਪਰਾਸ਼ਰ ਵੱਲੋਂ ਜ਼ਿਲ੍ਹਾ ਡਰੱਗ ਇੰਸਪੈਕਟਰ ਅਤੇ ਕੈਮਿਸਟ ਐਸੋਸੀਏਸ਼ਨ ਦੇ ਅਹੁਦੇਦਾਰਾਂ ਨਾਲ ਮੀਟਿੰਗ ਕੀਤੀ ਗਈ। ਇਸ ਦੌਰਾਨ ਡਾ. ਸੁਸ਼ਮਾ ਠੱਕਰ ਸਹਾਇਕ ਸਿਵਲ ਸਰਜਨ, ਡਾ. ਮੀਨਾਕਸ਼ੀ ਢੀਂਗਰਾ ਜ਼ਿਲ੍ਹਾ ਟੀਕਾਕਰਨ ਆਫਸਰ, ਸੋਨੀਆ ਗੁਪਤਾ ਡਰੱਗ ਇੰਸਪੈਕਟਰ, ਸੁਬੋਧ ਕੱਕੜ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ, ਅੰਕੁਸ਼ ਭੰਡਾਰੀ ਡਿਪਟੀ ਮਾਸ ਮੀਡੀਆ ਅਫ਼ਸਰ, ਵਿਕਾਸ ਕਾਲੜਾ ਪੀਏ ਸਮੇਤ ਐਸੋਸੀਏਸ਼ਨ ਦੇ ਅਹੁਦੇਦਾਰ ਸ਼ਾਮਲ ਸਨ। ਮੀਟਿੰਗ ਦੌਰਾਨ ਕੈਮਿਸਟਾਂ ਨੂੰ ਐਮਟੀਪੀ ਕਿੱਟਾਂ ਅਤੇ ਨਸ਼ੇ ਲਈ ਵਰਤੋਂ ਵਿੱਚ ਆਉਣ ਵਾਲੀ ਦਵਾਈਆਂ ਸਬੰਧੀ ਜਰੂਰੀ ਹਦਾਇਤਾਂ ਦਿੱਤੀਆਂ ਗਈਆਂ ਕਿ ਕੋਈ ਵੀ ਕੈਮਿਸਟ ਐਮਟੀਪੀ ਕਿੱਟਾਂ ਅਤੇ ਦਵਾਈਆਂ ਦੀ ਦੁਰਵਰਤੋਂ ਕਰਦਾ ਨਾ ਪਾਇਆ ਜਾਵੇ। ਬਿਨ੍ਹਾਂ ਬਿੱਲ ਅਤੇ ਡਾਕਟਰ ਦੀ ਪਰਚੀ ਤੋਂ ਇਨ੍ਹਾਂ ਦੀ ਵਿਕਰੀ ਗੈਰ ਕਾਨੂੰਨੀ ਮੰਨੀ ਜਾਵੇਗੀ ਅਤੇ ਵੇਚਣ ਵਾਲੇ ਦੇ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਨੇ ਨਸ਼ਿਆਂ ਦੇ ਖਿਲਾਫ ਸਖ਼ਤ ਰੁੱਖ ਅਪਣਾਇਆ ਹੈ।

ਉਹਨਾਂ ਕਿਹਾ ਕਿ ਸਰਕਾਰ ਦੀਆਂ ਹਦਾਇਤਾਂ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਵੇ। ਜੇਕਰ ਕੋਈ ਗਲਤ ਦਵਾਈ ਵੇਚਦਾ ਹੈ ਤਾਂ ਉਸਦੀ ਸੂਚਨਾ ਦਿੱਤੀ ਜਾਵੇ। ਡਾ. ਰਾਜੀਵ ਪਰਾਸ਼ਰ ਨੇ ਕਿਹਾ ਕਿ ਡਾਕਟਰ ਵੱਲੋਂ ਜਿੰਨੇ ਦਿਨਾਂ ਦੀ ਦਵਾਈ ਲਿਖੀ ਜਾਵੇ, ਮਰੀਜ ਨੂੰ ਉਨੇ ਦਿਨਾਂ ਦੀ ਹੀ ਮੈਡੀਸਿਨ ਦੇਣਾ ਯਕੀਨੀ ਬਣਾਇਆ ਜਾਵੇ ਅਤੇ ਪਰਚੀ ਤੇ ਦਿੱਤੀ ਗਈ ਦਵਾਈ ਦਾ ਵੇਰਵਾ ਜ਼ਰੂਰ ਪਾਇਆ ਜਾਵੇ। ਸਮੂਹ ਕੈਮਿਸਟ ਇਸ ਗੱਲ ਨੂੰ ਸੁਨਿਸ਼ਚਿਤ ਕਰਨ ਕਿ ਦਵਾਈਆਂ ਦੀ ਖਰੀਦ ਅਤੇ ਵੇਚ ਡਰੱਗ ਅਤੇ ਕਾਸਮੈਟਿਕ ਐਕਟ ਦੇ ਨਿਯਮਾਂ ਤਹਿਤ ਕਰਨਾ ਯਕੀਨੀ ਬਣਾਉਣ ਅਤੇ ਨਸ਼ੇ ਦੇ ਤੌਰ 'ਤੇ ਦੁਰਵਰਤੋਂ ਹੋਣ ਵਾਲੀਆਂ ਦਵਾਈਆਂ ਦੀ ਖਰੀਦ ਅਤੇ ਵੇਚ ਪੂਰੀ ਜ਼ਿੰਮੇਵਾਰੀ ਨਾਲ ਕੀਤੀ ਜਾਵੇ ਅਤੇ ਨਿਯਮਾਂ ਮੁਤਾਬਿਕ ਸਾਰਾ ਰਿਕਾਰਡ ਰੱਖਿਆ ਜਾਵੇ। ਜੇਕਰ ਕੋਈ ਇਨ੍ਹਾਂ ਨਿਯਮਾਂ ਤੋਂ ਉਲਟ ਦਵਾਈ ਵੇਚੇਗਾ ਅਤੇ ਕਾਨੂੰਨ ਦੀ ਉਲੰਘਣਾ ਕਰੇਗਾ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਕੈਮੀਸਟ ਐਸੋਸੀਏਸ਼ਨ ਵੱਲੋਂ ਸਿਹਤ ਸਟਾਫ ਦਾ ਪੂਰਾ ਸਹਿਯੋਗ ਕਰਨ ਦਾ ਭਰੋਸਾ ਦਿੱਤਾ ਗਿਆ।

## ਅਮਲੋਹ ਕੰਨਿਆ ਸਕੂਲ 'ਚ ਵਿਦਿਆਰਥਣ ਅਤੇ ਉਸ ਦੇ ਗਾਈਡ ਦਾ ਸਨਮਾਨ



ਅਮਲੋਹ, 16 ਜਨਵਰੀ (ਜਸਵੰਤ ਸਿੰਘ) : ਪੀਐਮ ਸ਼੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਅਮਲੋਹ ਵਿਖੇ ਪ੍ਰਿੰਸੀਪਲ ਰਜੇਸ਼ ਕੁਮਾਰ ਸ਼ਰਮਾ ਅਤੇ ਇੰਚਾਰਜ ਪ੍ਰੇਮ ਲਤਾ ਦੀ ਅਗਵਾਈ ਵਿੱਚ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਅੰਤਰਰਾਸ਼ਟਰੀ ਪੰਜਾਬੀ ਓਲੰਪੀਕ ਆਡ ਵਿੱਚੋਂ ਤੀਜਾ ਰੈਂਕ ਪ੍ਰਾਪਤ ਕਰਨ ਵਾਲੀ ਬਾਰਵੀਂ ਜਮਾਤ ਦੀ ਵਿਦਿਆਰਥਣ ਅੰਮ੍ਰਿਤਾ ਪੁੱਤਰੀ ਹਰਵਿੰਦਰ ਸਿੰਘ ਅਤੇ ਉਸਦੇ ਗਾਈਡ ਅਧਿਆਪਕ ਲੈਕਚਰਾਰ ਮੀਨੂ ਬਾਲਾ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਲੈਕਚਰਾਰ ਮੀਨੂ ਬਾਲਾ, ਲੈਕਚਰਾਰ ਕੁਲਦੀਪ ਸਿੰਘ ਫਤਿਹਪੁਰ, ਲੈਕਚਰਾਰ ਬਲਜੀਤ ਸਿੰਘ, ਲੈਕਚਰਾਰ ਸੁਪਿੰਦਰ ਸਿੰਘ, ਬਲਵਿੰਦਰ ਸਿੰਘ, ਕੁਲਬੀਰ ਸਿੰਘ ਸੁਖਚੈਨ ਸਿੰਘ ਪ੍ਰਦੀਪ ਕੁਮਾਰ ਗੌਰਵ ਸ਼ਰਮਾ ਦਲੀਪ ਕੁਮਾਰ, ਤ੍ਰਿਪਤਾ ਰਾਣੀ, ਕਿਰਨਜੀਤ ਕੌਰ, ਗੁਰਜੀਤ ਕੌਰ,ਪਵਿੱਤਬੀਰ ਕੌਰ, ਕੁਲਦੀਪ ਕੌਰ, ਅਮਨਦੀਪ ਕੌਰ , ਰਾਜਵਿੰਦਰ ਕੌਰ, ਆਦਰਸ਼ ਬਾਲਾ ਨੀਰੂ ਬਾਲਾ, ਮੋਨਿਕਾ, ਨੀਤੂ ਅਰੋੜਾ, ਨੀਤਿਕਾ, ਕਵਿਤਾ, ਮਨਦੀਪ ਕੌਰ, ਦੀਪਿਕਾ, ਸੁਖਵਿੰਦਰ ਕੌਰ, ਮਨਪ੍ਰੀਤ ਕੌਰ, ਰਣਜੀਤ ਕੌਰ, ਸੁਖਜਿੰਦਰ ਕੌਰ, ਰਾਜਵੰਤ ਕੌਰ ਅਤੇ ਸੁਖਬੀਰ ਪਾਲ ਸਿੰਘ ਆਦਿ ਨੇ ਸੰਬੋਧਨ ਕਰਦਿਆ ਵਧਾਈ ਦਿਤੀ।

# ਭਾਰਤ ਸਰਕਾਰ ਦੀਆਂ ਮਜ਼ਦੂਰ, ਕਿਸਾਨ ਤੇ ਮੁਲਾਜ਼ਮ ਵਿਰੋਧੀ ਨੀਤੀਆਂ ਦੇ ਵਿਰੁੱਧ ਵਿਸ਼ਾਲ ਪ੍ਰਦਰਸ਼ਨ

ਲੁਧਿਆਣਾ, 16 ਜਨਵਰੀ (ਰਵਿੰਦਰ ਸਿੰਘ ਨਿੱਝਰ): ਟਰੇਡ ਯੂਨੀਅਨਾਂ, ਸੰਯੁਕਤ ਕਿਸਾਨ ਮੋਰਚਾ ਅਤੇ ਜਨਤਕ



ਜਮਹੂਰੀ ਜਥੇਬੰਦੀਆਂ ਦੇ ਸੱਦੇ ਤੇ ਮਿੰਨੀ ਸਕੱਤਰੇਤ ਦੇ ਸਾਹਮਣੇ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾ ਤੇ ਆਮ ਲੋਕਾਂ ਵੱਲੋਂ ਕੇਂਦਰ ਸਰਕਾਰ ਦੀਆਂ ਮਿਹਨਤਕਸ਼ ਲੋਕਾਂ ਤੇ ਕਿਸਾਨ ਵਿਰੋਧੀ ਨੀਤੀਆਂ ਦੇ ਵਿਰੁੱਧ ਵਿਸ਼ਾਲ ਪ੍ਰਦਰਸ਼ਨ ਕੀਤਾ ਗਿਆ। ਇਸ ਪ੍ਰਦਰਸ਼ਨ ਵਿੱਚ ਜ਼ਿਲ੍ਹੇ ਭਰ ਤੋਂ ਕਿਸਾਨ, ਮਜ਼ਦੂਰ, ਮੁਲਾਜ਼ਮ ਅਤੇ ਜਮਹੂਰੀ ਜਨਤਕ ਜਥੇਬੰਦੀਆਂ ਜਿਨਾਂ ਵਿੱਚ ਆਲ ਇੰਡੀਆ ਕਿਸਾਨ ਸਭਾ 1936, ਜਮਹੂਰੀ ਕਿਸਾਨ ਸਭਾ , ਆਲ ਇੰਡੀਆ ਕਿਸਾਨ ਸਭਾ (ਹੰਨਨ ਮੁੱਲਾ), ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) , ਏਟਕ, ਸੀਟੂ, ਇੰਟਕ, ਸੀਟੀਯੂ ਪੰਜਾਬ, ਨਾਲ ਸੰਬੰਧਿਤ ਜਥੇਬੰਦੀਆਂ ਦੇ ਮੁਲਾਜ਼ਮਾਂ, ਮਜ਼ਦੂਰਾਂ, ਕਿਸਾਨਾਂ,ਮੋਲਡਰ ਯੂਨੀਅਨ, ਜਮਹੂਰੀ ਅਧਿਕਾਰ ਸਭਾ, ਤਰਕਸ਼ੀਲ ਸੁਸਾਇਟੀ, ਔਰਤਾਂ, ਵਿਦਿਆਰਥੀਆਂ, ਨੌਜਵਾਨਾਂ ਸਮੇਤ ਹਜ਼ਾਰਾਂ ਦੀ ਗਿਣਤੀ ਵਿੱਚ ਲੋਕਾਂ ਨੇ ਭਾਗ ਲਿਆ। ਇਸ ਕਿਸਮ ਦਾ ਪ੍ਰਦਰਸ਼ਨ ਸਾਰੇ ਦੇਸ਼ ਦੇ ਜ਼ਿਲ੍ਹਾ ਹੈਡ ਕੁਆਰਟਰਾਂ ਤੇ ਕੀਤਾ ਜਾ ਰਿਹਾ ਹੈ।

ਇਸ ਮੌਕੇ ਤੇ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਮੋਦੀ ਸਰਕਾਰ ਦੁਆਰਾ ਮਨਰੇਗਾ ਖਤਮ ਕਰਕੇ ਉਸ ਦੀ ਜਗ੍ਹਾ ਨਵਾਂ ਬਿਲ ਲਿਆਉਣ, ਨਵਾਂ ਬਿਜਲੀ ਬਿੱਲ ਲਿਆਉਣ, ਨਵੇਂ ਚਾਰ ਬਿਜਲੀ ਮਜ਼ਦੂਰ ਕੋਡ ਲਾਗੂ ਕਰਨ, ਨਵੇਂ ਪਰਮਾਣੂ ਬਿੱਲ ਰਾਹੀਂ ਪਰਮਾਣੂ ਉਰਜਾ ਨਿਜੀ ਹੱਥਾਂ ਵਿੱਚ ਸੌਂਪਣ ਅਤੇ ਨਵਾਂ ਬੀਜ ਬਿੱਲ ਲੈ ਕੇ ਆਉਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ। ਬੁਲਾਰਿਆਂ ਨੇ ਔਂ ਕਿਸਾਨਾਂ ਦੇ ਸਾਰੇ ਕਰਜ਼ੇ ਮਾਫ ਕਰਨ ਅਤੇ ਨਗਰ ਨਿਗਮ ਵੱਲੋਂ ਵੈਂਡਿੰਗ ਜੋਨ ਬਣਾਏ ਜਾਣ ਦੀ ਮੰਗ ਕੀਤੀ। ਇਸ ਮੌਕੇ ਤੇ ਸੰਬੋਧਨ ਕਰਨ ਵਾਲਿਆਂ ਵਿੱਚ ਕਾਮਰੇਡ ਮੰਗਤ ਰਾਮ ਪਾਸਲਾ, ਡੀ ਪੀ ਮੌੜ, ਰਘਬੀਰ ਸਿੰਘ ਬੈਨੀਪਾਲ, ਐਮ ਐਸ ਭਾਟੀਆ, ਗੁਰਜੀਤ ਸਿੰਘ ਜਗਪਾਲ, ਸਰਬਜੀਤ ਸਿੰਘ ਸਰਹਾਲੀ, ਜਗਦੀਸ਼ ਚੰਦ, ਚਮਕੌਰ ਸਿੰਘ ਬਰਮੀ, ਜਸਵੀਰ ਝੱਜ, ਹਰਨੇਕ ਸਿੰਘ ਗੁੱਜਰਵਾਲ, ਸੁਖਵਿੰਦਰ ਸਿੰਘ ਲੋਟੇ, ਵਿਜੇ ਕੁਮਾਰ, ਕੇਵਲ ਸਿੰਘ ਬਨਵੈਤ, ਹਰਜਿੰਦਰ ਸਿੰਘ, ਲਖਵਿੰਦਰ ਸਿੰਘ, ਸੌਦਾਗਰ ਸਿੰਘ ਘੁਢਾਣੀ, ਬਲਜੀਤ ਸਿੰਘ, ਦਲਜੀਤ ਸਿੰਘ ਗੋਰਾ, ਹਰਦੀਪ ਸਿੰਘ ਗਿਆਸਪੁਰਾ, ਜਗਤਾਰ ਸਿੰਘ ਦੇਹੜਕਾ, ਹਰਦੇਵ ਸਿੰਘ ਸੰਧੂ, ਸ਼ਮਸ਼ੇਰ ਸਿੰਘ ਆਸੀ, ਰਾਜਵੀਰ ਸਿੰਘ, ਬਲਦੇਵ ਸਿੰਘ ਲਤਾਲਾ, ਪ੍ਰਕਾਸ਼ ਸਿੰਘ ਬਰਮੀ, ਚਮਕੌਰ ਸਿੰਘ ਟੀਐਸਯੂ ਭੰਗਲ, ਨਰੇਸ਼ ਗੌੜ, ਦੇਵਰਾਜ, ਬੀਕੇਯੂ ਲੱਖੋਵਾਲ, ਬੀਕੇਯੂ ਰਾਜੇਵਾਲ, ਬੀਕੇਯੂ ਕਾਦੀਆਂ, ਕਿਰਤੀ ਕਿਸਾਨ ਯੂਨੀਅਨ, ਬੀਕੇਯੂ ਡਕੌਂਦਾ ਧਨੇਰ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਬੁਰਜ ਗਿੱਲ, ਪੰਜਾਬ ਕਿਸਾਨ ਯੂਨੀਅਨ, ਪਨਬਸ ਕੰਟਰੈਕਟਰ ਵਰਕਰ ਯੂਨੀਅਨ, ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਆਗੂ ਸ਼ਾਮਲ ਸਨ।

# ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਕੀਰਤਨ ਸਮਾਗਮ ਕਰਵਾਇਆ

ਲੁਧਿਆਣਾ, 16 ਜਨਵਰੀ (ਰਵਿੰਦਰ ਸਿੰਘ ਨਿੱਝਰ): ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਸ਼ਨ ਦੀ ਪ੍ਰਬੰਧਕ ਕਮੇਟੀ ਵੱਲੋਂ ਬੀਤੀ ਰਾਤ ਗੁਰਦੁਆਰਾ ਸਾਹਿਬ ਵਿਖੇ ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦੀ ਯਾਦ ਨੂੰ ਸਮਰਪਿਤ ਚਲ ਰਹੀ ਹਫਤਾਵਾਰੀ ਕੀਰਤਨ ਸਮਾਗਮ ਲੜੀ ਅੰਦਰ ਪੰਥ ਪ੍ਰਸਿੱਧ ਕੀਰਤਨੀਏ ਭਾਈ ਸੌਕੀਨ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆ ਦੇ ਕੀਰਤਨੀ ਜੱਥੇ ਨੇ



ਆਪਣੀਆਂ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕੀਤਾ । ਕੀਰਤਨ ਸਮਾਗਮ ਅੰਦਰ ਇਕੱਤਰ ਹੋਈਆਂ ਸੰਗਤਾਂ ਦੇ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆ ਭਾਈ ਸੌਕੀਨ ਸਿੰਘ ਨੇ ਕਿਹਾ ਕਿ ਸ਼ਬਦ ਗੁਰੂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੰਦਰ ਦਰਜ ਗੁਰੂ ਸਾਹਿਬਾਨ ਤੇ ਭਗਤਾਂ ਦੀ ਬਾਣੀ ਸਾਨੂੰ ਜਿੱਥੇ ਸਾਨੂੰ ਅਧਿਆਤਮਕ ਤੇ ਰੂਹਾਨੀਅਤ ਦਾ ਸਕੂਨ ਪ੍ਰਦਾਨ ਕਰਦੀ ਹੈ, ਉੱਥੇ ਨਾਲ ਹੀ ਅਕਾਲ ਪੁਰਖ ਦੀ ਬੰਦਗੀ ਕਰਨ ਦਾ ਸ਼ੰਦੇਸ਼ ਵੀ ਦੇਦੀ ਹੈ। ਸਮਾਗਮ ਦੀ ਸਮਾਪਤੀ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਮੈਬਰਾਂ ਵੱਲੋਂ ਕੀਰਤਨੀ ਜੱਥੇ ਦੇ ਮੈਬਰਾਂ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਕੀਰਤਨ ਸਮਾਗਮ ਅੰਦਰ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਮੁੱਖ ਅਹੁਦੇਦਾਰ ਮਹਿੰਦਰ ਡੰਗ, ਅਤੱਰ ਸਿੰਘ ਮਕੱੜ ਰਜਿੰਦਰ ਸਿੰਘ ਡੰਗ,ਬਲਬੀਰ ਸਿੰਘ ਭਾਟੀਆ,ਹਰਪਾਲ ਸਿੰਘ ਖਾਲਸਾ , ਹਰਮੀਤ ਸਿੰਘ ਡੰਗ, ਸੁਖਵਿੰਦਰ ਸਿੰਘ ਹੈਪੀ ਕੋਚਰ,ਸਤਨਾਮ ਸਿੰਘ,ਹਰਵਿੰਦਰ ਸਿੰਘ ਕੋਹਲੀ, ਸੁਰਿੰਦਰਪਾਲ ਸਿੰਘ ਭੁਟੀਆਨੀ ,ਗੁਰਦੀਪ ਸਿੰਘ ਡੀਮਾਰਟੇ, ਨਰਿੰਦਰਪਾਲ ਸਿੰਘ ਕਥੂਰੀਆ, ਭੁਪਿੰਦਰ ਸਿੰਘ ਜੁਨੇਜਾ, ਪ੍ਰੇਮ ਸਿੰਘ ,ਅਵਤਾਰ ਸਿੰਘ ਬੀ.ਕੇ, ,ਅਵਤਾਰ ਸਿੰਘ ਮਿੱਡਾ, ਮਨਮੋਹਨ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ ।

# ਲੋਹੜੀ ਮੇਲੇ ਵਿੱਚ ਭਲਕੇ 101 ਧੀਆਂ ਦਾ ਸਨਮਾਨ ਕੀਤਾ ਜਾਵੇਗਾ : ਗੋਗਾ



ਲੁਧਿਆਣਾ 16 ਜਨਵਰੀ (ਰਵਿੰਦਰ ਸਿੰਘ ਨਿੱਝਰ) ਨਾਰੀ ਏਕਤਾ ਆਸਰਾ ਸੰਸਥਾ ਵਲੋ 101 ਧੀਆ ਦੀ ਲੋਹੜੀ 18 ਜਨਵਰੀ ਨੂੰ ਸਾਮ ਤਿੰਨ ਵਜੇ ਮੰਦਿਰ ਐਸ ਏ ਐਸ ਨਜਰ ਵਿਖੇ ਅਰੰਭ ਹੋਵੇਗੀ ਜਿਸ ਦੀਆ ਤਿਆਰੀਆ ਜੋਰਾ ਤੇਚੱਲ ਰਹੀਆ ਹਨ ਸ ਸੋਹਣ। ਸਿੰਘ ਗੋਗਾ ਚੇਅਰਮੈਨ ਦੀ ਦੀ ਨਿਗਰਾਨੀ ਵਿੱਚ ਮਨਾਈ ਜਾਵੇਗੀ ਲੜਕੀਆ ਵਲੋ ਕਈ ਰੋਜ ਤੋ ਤਿਆਰੀ ਕੀਤੀ ਜਾ ਰਹੀ ਹੈ ਆਖਰੀ ਛੋਹਾ ਦੇਦੇ ਹੋਏ ਚੇਅਰਮੈਨ ਸ ਗੋਗਾ ਬੀਬੀ ਕੁਲਵਿੰਦਰ ਕੌਰ , ਬਲਜੀਤ ਕੌਰ ਇਕਬਾਲ ਕੌਰ ਅਵਨੀਤ ਕੌਰ ਪਰੀਤੀ ਕੌਰ ਅਕਾਸ ਵਰਮਾ ਸਾਗਰ ਤੁੱਲੀ ਆਦਿ ਨਵਜੰਮੀਆ ਬੱਚੀਆ ਨੂੰ ਸ਼ਗਨ ਤੋਹਫੇ ਲੋਹੜੀ ਆਯਅਤੇ ਮਾਵਾ ਨੂੰ ਵੀ ਗਿਫਟ ਦਿੱਤੇ ਜਾਣਗੇ ਭਾਰੀ ਸੱਭਿਆ ਚਾਰਕ ਪ੍ਰੋਗਰਾਮ ਲੜਕੀਆ ਵਲੋ ਪੇਸ ਕੀਤਾ ਜਾਵੇਗਾ ।

# ਮੀਡੀਆ ਸੰਗਠਨਾਂ ਨੂੰ ਦਬਾਉਣ ਦੀ ਕੋਸ਼ਿਸ਼ ਬਹੁਤ ਨਿੰਦਣਯੋਗ : ਧੀਮਾਨ, ਡਾ. ਸਤੀਸ਼

ਲੁਧਿਆਣਾ, 16 ਜਨਵਰੀ (ਰਵਿੰਦਰ ਸਿੰਘ ਨਿੱਝਰ): ਆਪਣੀ ਸੱਤਾ ਦੀ ਦੁਰਵਰਤੋਂ ਕਰਕੇ, ਵੱਕਾਰੀ ਗਰੁੱਪ 'ਤੇ ਛਾਪਾਮਾਰੀ ਅਤੇ ਘੇਰਾਬੰਦੀ ਕਰਨਾ ਸਰਕਾਰ ਦੀ ਬਹੁਤ ਨਿੰਦਣਯੋਗ ਕਾਰਵਾਈ ਹੈ ਜੋ ਕਿ ਪ੍ਰੈਸ ਦੀ ਆਜ਼ਾਦੀ ਤੇ ਸਿੱਧਾ ਹਮਲਾ ਹੈ। ਇਹ ਸ਼ਬਦ ਜ਼ਿਲ੍ਹਾ ਭਾਜਪਾ ਪ੍ਰਧਾਨ ਰਜਨੀਸ਼ ਧੀਮਾਨ ਅਤੇ ਪ੍ਰੈਸ ਸਕੱਤਰ ਡਾ. ਸਤੀਸ਼ ਕੁਮਾਰ ਨੇ



ਮੀਡੀਆ ਗਰੁੱਪ ਵਿਰੁੱਧ ਕਾਰਵਾਈਆਂ ਲਈ 'ਆਪ' ਸਰਕਾਰ 'ਤੇ ਵਰ੍ਹਦਿਆਂ ਕਹੇ। ਧੀਮਾਨ ਨੇ ਕਿਹਾ ਕਿ ਰਾਜ ਦੀਆਂ ਏਜੰਸੀਆਂ ਦੀ ਵਰਤੋਂ ਕਰਕੇ, ਆਪ ਸਰਕਾਰ ਦੀ ਇਹ ਕਾਰਵਾਈ ਹੰਕਾਰ ਅਤੇ ਤਾਨਾਸ਼ਾਹੀ ਨਾਲ ਭਰੀ ਹੋਈ ਹੈ। ਧੀਮਾਨ ਨੇ ਕਿਹਾ ਕਿ ਦਿੱਲੀ ਤੋਂ ਬਾਅਦ, ਪੰਜਾਬ ਦੇ ਲੋਕਾਂ ਨੇ ਹੁਣ 'ਆਪ' ਨੂੰ ਬਾਹਰ ਕੱਢਣ ਦਾ ਫੈਸਲਾ ਕਰ ਲਿਆ ਹੈ। ਇਸੇ ਕਰਕੇ, ਸੱਤਾ ਗੁਆਉਣ ਦੇ ਡਰੋਂ, ਪੰਜਾਬ ਵਿੱਚ 'ਆਪ' ਸਰਕਾਰ ਤਾਨਾਸ਼ਾਹੀ ਪਹੁੰਚ ਅਪਣਾ ਰਹੀ ਹੈ। ਪਰ ਇਤਿਹਾਸ ਗਵਾਹ ਹੈ ਕਿ ਕੋਈ ਵੀ ਸਰਕਾਰ ਜੋ ਪ੍ਰਗਟਾਵੇ ਦੀ ਆਜ਼ਾਦੀ ਨੂੰ ਦਬਾਉਂਦੀ ਹੈ, ਉਸਦਾ ਡਿੱਗਣਾ ਤੈਅ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ 'ਆਪ' ਸਰਕਾਰ ਚੁੱਪ-ਚਾਪ ਉਨ੍ਹਾਂ ਮੀਡੀਆ ਆਊਟਲੇਟਾਂ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ ਜੋ ਸਰਕਾਰ ਲਈ "ਅਸੁਵਿਧਾਜਨਕ" ਸਵਾਲ ਉਠਾਉਂਦੇ ਹਨ, "ਜਿਨ੍ਹਾਂ ਦੇ ਸਰਕਾਰ ਕੋਲ ਕੋਈ ਜਵਾਬ ਨਹੀਂ ਹਨ।" ਪ੍ਰੈਸ ਸਕੱਤਰ ਡਾ. ਸਤੀਸ਼ ਕੁਮਾਰ ਨੇ ਕਿਹਾ ਕਿ ਮੀਡੀਆ ਲੋਕਤੰਤਰ ਦਾ ਆਖਰੀ ਗੜ੍ਹ ਹੈ। ਜਦੋਂ ਇਸ 'ਤੇ ਹਮਲਾ ਹੁੰਦਾ ਹੈ, ਤਾਂ ਇਹ ਸਮਝਣਾ ਚਾਹੀਦਾ ਹੈ ਕਿ ਲੋਕਤੰਤਰ ਖੁਦ ਖ਼ਤਰੇ ਵਿੱਚ ਹੈ।

# ਸੁਵਿਧਾ ਕੇਂਦਰ 'ਚ ਇੱਕ ਮਹੀਨੇ ਅੰਦਰ ਤੀਜੀ ਵਾਰ ਹੋਈ ਚੋਰੀ

ਮੁੱਲਾਂਪੁਰ ਦਾਖਾ, 16 ਜਨਵਰੀ (ਦਵਿੰਦਰ ਸਿੰਘ ਲੰਮੇਂ): ਲੁਧਿਆਣਾ-ਫਿਰੋਜ਼ਪੁਰ ਮੁੱਖ ਮਾਰਗ 'ਤੇ ਸਥਿਤ ਸੁਵਿਧਾ ਕੇਂਦਰ ਮੁੱਲਾਂਪੁਰ ਦਾਖਾ ਨੂੰ ਚੋਰਾਂ ਨੇ ਤੀਜੀ ਵਾਰ ਨਿਸ਼ਾਨਾ ਬਣਾਉਂਦਿਆਂ ਚੋਰੀ ਦੀ ਵਾਰਦਾਤ ਨੂੰ ਅੰਜਾਮ ਦੇ ਦਿੱਤਾ। ਲਗਾਤਾਰ ਹੋ ਰਹੀਆਂ ਚੋਰੀਆਂ ਕਾਰਨ ਸੁਵਿਧਾ ਕੇਂਦਰ ਦੀ ਬਿਜਲੀ ਵਿਵਸਥਾ ਠੱਪ ਹੋ ਜਾਂਦੀ ਹੈ, ਜਿਸ ਨਾਲ ਜ਼ਿਆਦਾਤਰ ਸੇਵਾਵਾਂ ਬੰਦ ਰਹਿੰਦੀਆਂ ਹਨ। ਇਸਦਾ ਸਿੱਧਾ ਖਾਮਿਆਜ਼ਾ ਆਮ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ, ਜਿਹਨਾਂ ਨੂੰ ਆਪਣੇ ਜ਼ਰੂਰੀ ਕੰਮਾਂ ਲਈ ਵਾਰ-ਵਾਰ ਖਾਲੀ ਹੱਥ ਪਰਤਣਾ ਪੈਂਦਾ ਹੈ।

ਚੋਰੀ ਦੀ ਘਟਨਾ ਬਾਰੇ ਜਾਣਕਾਰੀ ਦਿੰਦਿਆਂ ਸੁਵਿਧਾ ਕੇਂਦਰ ਇੰਚਾਰਜ ਰਣਜੀਤ ਸਿੰਘ ਨੇ ਦੱਸਿਆ ਕੇ ਇੱਕ ਮਹੀਨੇ ਵਿੱਚ ਚੋਰੀ ਦੀ ਇਹ ਤੀਜੀ ਘਟਨਾ ਹੈ। ਇਸ ਵਾਰ ਚੋਰ ਐਲਈਡੀ, ਹੀਟਰ, ਟੁੱਲੂ ਪੰਪ, ਟੂਟੀਆਂ ਅਤੇ ਜਨਰੇਟਰ ਤੋਂ ਇਲਾਵਾ ਜ਼ਰੂਰੀ ਸਾਮਾਨ ਚੋਰੀ ਕਰ ਕੇ ਲੈ ਗਏ ਹਨ। ਉਨ੍ਹਾਂ ਸ਼ੱਕ ਜਾਹਿਰ ਕਰਦਿਆਂ ਦੱਸਿਆ ਕਿ ਇਸ ਵਾਰ ਚੋਰ ਪੂਰੀ ਤਿਆਰੀ ਨਾਲ ਆਏ ਲੱਗਦੇ ਸਨ , ਜਿਹੜੇ ਲਗਭਗ ਦੋ ਘੰਟੇ ਤੱਕ ਬੇਖੌਫ਼ ਹੋਕੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੰਦੇ ਰਹੇ। ਰਣਜੀਤ ਸਿੰਘ ਨੇ ਪੁਲਿਸ ਦੀ ਕਾਰਜਸ਼ੈਲੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਜੇਕਰ ਰਾਤ ਸਮੇਂ ਪੁਲਿਸ ਵੱਲੋਂ ਨਿਯਮਿਤ ਗਸ਼ਤ ਕੀਤੀ ਜਾਂਦੀ, ਤਾਂ ਇਹ ਚੋਰੀ ਸ਼ਾਇਦ ਨਾ ਹੁੰਦੀ । ਵਾਰ-ਵਾਰ ਹੋ ਰਹੀਆਂ ਚੋਰੀਆਂ ਤੋਂ ਲੱਗਦਾ ਹੈ ਕਿ ਚੋਰਾਂ ਨੂੰ ਪੁਲਿਸ ਦਾ ਕੋਈ ਡਰ ਭੈਅ ਨਹੀਂ ਰਿਹਾ। ਉਹਨਾਂ ਮੰਗ ਕੀਤੀ ਹੈ ਕਿ ਚੋਰਾਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਸੁਵਿਧਾ ਕੇਂਦਰ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ ।

# ਕੈਬਨਿਟ ਮੰਤਰੀ ਮੁੰਡੀਆਂ ਵੱਲੋਂ ਪਾਰਕ ਦੇ ਸੁੰਦਰੀਕਰਨ ਕਾਰਜਾਂ ਦਾ ਉਦਘਾਟਨ

ਲੁਧਿਆਣਾ, 16 ਜਨਵਰੀ (ਰਵਿੰਦਰ ਸਿੰਘ ਨਿੱਝਰ/ਵਿਸ਼ਾਲ ਸ਼ਰਮਾ): ਵਸਨੀਕਾਂ ਨੂੰ ਸਾਫ ਸੁਥਰਾ ਤੇ ਹਰਿਆਵਲ ਭਰਿਆ ਵਾਤਾਵਰਣ ਮੁਹੱਈਆ ਕਰਾਉਣ ਦੇ ਮੰਤਵ ਨਾਲ, ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਹਲਕਾ ਸਾਹਨੇਵਾਲ ਅਧੀਨ ਅਰਬਨ ਅਸਟੇਟ, ਫੇਸ-2 ਵਿੱਚ ਪੈਂਦੇ ਪਾਰਕ ਦੇ ਨਵੀਨੀਕਰਣ ਤੇ ਸੁੰਦਰੀਕਰਨ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਨਗਰ ਨਿਗਮ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਕੌਂਸਲਰ ਅਨੀਤਾ ਨਨਚਾਹਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਵੀ ਮੌਜੂਦ ਸਨ।

ਕੈਬਨਿਟ ਮੰਤਰੀ ਮੁੰਡੀਆਂ ਨੇ ਕਿਹਾ ਕਿ ਇਲਾਕਾ ਨਿਵਾਸੀਆਂ ਦੀ ਚਿਰੋਕਣੀ ਮੰਗ ਨੂੰ ਬੂਰ ਪਿਆ ਹੈ ਕਿਉਂਕਿ ਲੰਮੇ ਸਮੇਂ ਤੋਂ ਕਿਸੇ ਨੇ ਇਸ ਪਾਰਕ ਦੀ ਸਾਰ ਨਹੀਂ ਲਈ। ਉਨ੍ਹਾਂ ਕਿਹਾ ਕਿ ਇਸ ਪਾਰਕ ਦੇ ਨਵੀਨੀਕਰਣ ਪ੍ਰੋਜੈਕਟ ਤਹਿਤ ਕਰੀਬ 1.7 ਕਰੋੜ ਰੁਪਏ ਖਰਚ ਕੀਤੇ ਜਾਣਗੇ ਜਿਸ ਵਿੱਚ ਪਾਰਕ ਦੇ ਸੁੰਦਰੀਕਰਨ ਲਈ ਨਵੇਂ ਫੁੱਲਾਂ ਦੇ ਬੂਟੇ, ਬੱਚਿਆਂ ਲਈ ਝੂਲੇ, ਬੱਚਿਆਂ ਲਈ ਸਵਿੰਗਜ਼, ਨੌਜਵਾਨਾਂ ਨੂੰ ਕਸਰਤ ਕਰਨ ਲਈ ਓਪਨ ਜਿੰਮ,



ਪਾਰਕ ਦੀ ਚਾਰ ਦਿਵਾਰੀ ਦੀ ਮੁਰੰਮਤ, ਗ੍ਰਿੱਲਾਂ ਲਗਾਉਣਾ, ਛਾਂਦਾਰ ਰੁੱਖਾਂ ਦੇ ਬੂਟੇ ਲਗਾਉਣਾ, ਬਜ਼ੁਰਗਾਂ ਨੂੰ ਸਵੇਰ-ਸ਼ਾਮ ਦੀ ਸੈਰ ਲਈ ਸਮਰਪਿਤ ਫੁੱਟਪਾਥ ਆਦਿ ਸ਼ਾਮਲ ਹਨ। ਇਸ ਚਿਰੋਕਣੀ ਮੰਗ ਨੂੰ ਬੂਰ ਪੈਣ ਤੋਂ ਬਾਅਦ ਸਥਾਨਕ ਵਸਨੀਕਾਂ ਵਲੋਂ ਆਪਣੇ ਹਰਮਨ ਪਿਆਰੇ ਕੈਬਨਿਟ ਮੰਤਰੀ ਦਾ ਤਹਿਦਿਲੋਂ ਧੰਨਵਾਦ ਵੀ ਕੀਤਾ ਗਿਆ।

ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਪਣੇ ਵਸਨੀਕਾਂ ਨੂੰ ਸਾਫ-ਸੁੱਥਰਾ ਤੇ ਹਰਿਆ ਭਰਿਆ ਵਾਤਾਵਰਨ ਪ੍ਰਦਾਨ ਕਰਨ ਲਈ ਵਚਨਬੱਧ ਹੈ।

# ਸਾਂਸਦ ਰਾਜਾ ਵੜਿੰਗ ਨੇ ਕੇਂਦਰੀ ਸਕੀਮਾਂ ਦੀ ਪ੍ਰਗਤੀ ਦਾ ਲਿਆ ਜਾਇਜ਼ਾ

ਲੁਧਿਆਣਾ, 16 ਜਨਵਰੀ (ਵਿਸ਼ਾਲ ਸ਼ਰਮਾ) ਜ਼ਿਲ੍ਹਾ ਵਿਕਾਸ ਤਾਲਮੇਲ ਅਤੇ ਨਿਗਰਾਨ ਕਮੇਟੀ (ਦਿਸ਼ਾ) ਤੇ ਐਮ.ਪੀ ਲੈਡ ਸਕੀਮ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਮੀਟਿੰਗ ਸ਼ੁੱਕਰਵਾਰ ਨੂੰ ਬੱਚਤ ਭਵਨ ਲੁਧਿਆਣਾ ਵਿਖੇ ਦਿਸ਼ਾ ਕਮੇਟੀ ਦੇ ਚੇਅਰਮੈਨ ਅਤੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਉਨ੍ਹਾਂ ਦੇ ਨਾਲ ਫਤਹਿਗੜ੍ਹ ਸਾਹਿਬ ਦੇ ਸੰਸਦ ਮੈਂਬਰ ਡਾ. ਅਮਰ ਸਿੰਘ, ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ, ਵਧੀਕ ਡਿਪਟੀ ਕਮਿਸ਼ਨਰ (ਜ) ਰਾਕੇਸ਼ ਕੁਮਾਰ, ਵਧੀਕ ਡਿਪਟੀ ਕਮਿਸ਼ਨਰ ਜਗਰਾਉਂ ਕੁਲਪ੍ਰੀਤ ਸਿੰਘ, ਨਗਰ ਨਿਗਮ ਦੇ ਵਧੀਕ ਕਮਿਸ਼ਨਰ ਪਰਮਦੀਪ ਸਿੰਘ, ਸਹਾਇਕ ਕਮਿਸ਼ਨਰ (ਜਨਰਲ) ਪਾਇਲ ਗੋਇਲ, ਉਪ ਮੰਡਲ ਮੈਜਿਸਟਰੇਟ (ਲੁਧਿਆਣਾ ਪੂਰਬੀ) ਜਸਲੀਨ ਕੌਰ, ਉਪ ਮੰਡਲ ਮੈਜਿਸਟਰੇਟ (ਲੁਧਿਆਣਾ ਪੱਛਮੀ) ਪੂਨਮਪ੍ਰੀਤ ਕੌਰ, ਉਪ ਮੰਡਲ ਮੈਜਿਸਟਰੇਟ ਸਮਰਾਲਾ ਰਜਨੀਸ਼ ਅਰੋੜਾ, ਉਪ ਮੰਡਲ ਮੈਜਿਸਟਰੇਟ ਜਗਰਾਓਂ ਉਪਿੰਦਰਜੀਤ ਕੌਰ ਬਰਾੜ, ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰ ਸਰਤਾਜ ਸਿੰਘ, ਨੈਸ਼ਨਲ ਹਾਈਵੇਅ ਅਥਾਰਟੀ ਆਫ ਇੰਡੀਆ (ਐਨ.ਐਚ.ਏ.ਆਈ) ਦੇ ਪ੍ਰੋਜੈਕਟ ਡਾਇਰੈਕਟਰ ਪ੍ਰਿਅੰਕਾ ਮੀਨਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ। ਐਮ.ਪੀ ਰਾਜਾ ਵੜਿੰਗ ਵੱਲੋਂ ਇਸ ਮੀਟਿੰਗ ਵਿੱਚ ਵੱਖ-ਵੱਖ ਕੇਂਦਰੀ ਸਕੀਮਾਂ ਜਿਵੇਂ ਕਿ ਮਹਾਤਮਾ ਗਾਂਧੀ ਰਾਸ਼ਟਰੀ ਪੇਂਡੂ ਰੁਜ਼ਗਾਰ ਗਰੰਟੀ ਯੋਜਨਾ (ਮਗਨਰੇਗਾ), ਦੀਨ ਦਿਆਲ ਅੰਨਤੋਦਿਆ ਯੋਜਨਾ, ਦੀਨ ਦਿਆਲ ਉਪਾਧਿਆ ਯੋਜਨਾ, ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ, ਪ੍ਰਧਾਨ



ਮੰਤਰੀ ਆਵਾਸ ਯੋਜਨਾ, ਸਵੱਛ ਭਾਰਤ ਮਿਸ਼ਨ, ਨੈਸ਼ਨਲ ਰੂਰਲ ਡਰਿੰਕਿੰਗ ਵਾਟਰ ਪ੍ਰੋਗਰਾਮ, ਪ੍ਰਧਾਨ ਮੰਤਰੀ ਕ੍ਰਿਸ਼ੀ ਸਿੰਚਾਈ ਯੋਜਨਾ, ਨੈਸ਼ਨਲ ਹੈਲਥ ਮਿਸ਼ਨ, ਸਰਵ ਸਿੱਖਿਆ ਅਭਿਆਨ, ਮਿਡ-ਡੇ ਮੀਲ ਸਕੀਮ, ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ, ਪ੍ਰਧਾਨ ਮੰਤਰੀ ਉਜਵਲ ਯੋਜਨਾ ਆਦਿ ਦਾ ਰੀਵਿਊ ਕੀਤਾ ਗਿਆ। ਸੰਸਦ ਮੈਂਬਰ ਰਾਜਾ ਵੜਿੰਗ ਨੇ ਸਮਾਰਟ ਸਿਟੀ ਅਧੀਨ ਚੱਲ ਕੰਮਾਂ ਅਤੇ ਬੁੱਢਾ ਦਰਿਆ ਤੇ ਚੱਲ ਰਹੇ ਵਿਕਾਸ ਕਾਰਜਾਂ ਦਾ ਵੀ ਰਿਵਿਊ ਕੀਤਾ। ਸਮਾਰਟ ਸਿਟੀ ਅਤੇ ਬੁੱਢਾ ਦਰਿਆ ਦੇ ਕੰਮਾਂ ਸਬੰਧੀ ਨਗਰ ਨਿਗਮ ਲੁਧਿਆਣਾ ਦੇ ਅਧਿਕਾਰੀਆਂ ਨੇ ਸੰਸਦ ਮੈਂਬਰ ਨੂੰ ਵਿਸਥਾਰ ਪੂਰਵਕ ਜਾਣਕਾਰੀ ਮੁਹੱਈਆ ਕਰਵਾਈ। ਪ੍ਰਧਾਨ ਮੰਤਰੀ ਉਜਵਲ ਯੋਜਨਾ ਸਬੰਧੀ ਵੀ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਰਿਵਿਊ ਕੀਤਾ। ਇਸ ਤੋਂ ਇਲਾਵਾ ਸੰਸਦ ਮੈਂਬਰਾਂ ਨੇ ਹੋਰ ਵੀ ਵੱਖ-ਵੱਖ ਵਿਭਾਗਾਂ ਅਧੀਨ ਚੱਲ ਰਹੀਆਂ ਕੇਂਦਰੀ ਸਕੀਮਾਂ ਦੀ ਸਮੀਖਿਆ ਵੀ ਕੀਤੀ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਲੋਕ ਸਭਾ ਮੈਂਬਰਾਂ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਲੁਧਿਆਣਾ ਵਿੱਚ ਹਰੇਕ ਯੋਗ ਵਿਅਕਤੀ ਨੂੰ ਸਰਕਾਰੀ ਸਕੀਮਾਂ ਦਾ ਲਾਭ ਦਿਵਾਇਆ ਜਾਵੇਗਾ। ਉਹਨਾਂ ਵੱਖ-ਵੱਖ ਵਿਭਾਗਾਂ ਨੂੰ ਇਨ੍ਹਾਂ ਸਕੀਮਾਂ ਤਹਿਤ ਪੈਂਡਿੰਗ ਪਏ ਵਿਕਾਸ ਕਾਰਜਾਂ ਨੂੰ ਘੱਟ ਤੋਂ ਘੱਟ ਸਮੇਂ ਵਿੱਚ ਪੂਰਾ ਕਰਕੇ ਰਿਪੋਰਟ ਦਫ਼ਤਰ ਨੂੰ ਪੇਸ਼ ਕਰਨ ਦੇ ਆਦੇਸ਼ ਵੀ ਜਾਰੀ ਕੀਤੇ। ਮੀਟਿੰਗ ਦੇ ਅੰਤ ਵਿੱਚ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਸੰਸਦ ਮੈਂਬਰ ਡਾ. ਅਮਰ ਸਿੰਘ ਨੇ ਕੇਂਦਰ ਸਰਕਾਰ ਵੱਲੋਂ ਮਗਨਰੇਗਾ ਸਕੀਮ ਵਿੱਚ ਕੀਤੇ ਗਏ ਬਦਲਾਅ ਦੇ ਵਿਰੋਧ ਵਿੱਚ ਇੱਕ ਮਤਾ ਕੇਂਦਰ ਸਰਕਾਰ ਨੂੰ ਭੇਜਣ ਲਈ ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ ਨੂੰ ਦਿੱਤਾ ਗਿਆ।

# ਫਿਕੋ ਨੇ ਕਮਿਸ਼ਨ ਵੱਲੋਂ ਬਿਜਲੀ ਦਰਾਂ 'ਚ ਵਾਧੇ ਦਾ ਸਖ਼ਤ ਵਿਰੋਧ

ਲੁਧਿਆਣਾ, 16 ਜਨਵਰੀ (ਜਤਿੰਦਰਪਾਲ ਸਿੰਘ ਛਾਬੜਾ): ਫੈਡਰੇਸ਼ਨ ਆਫ ਇੰਡਸਟਰੀਅਲ ਐਂਡ ਕਮਰਸ਼ੀਅਲ ਆਰਗੇਨਾਈਜ਼ੇਸ਼ਨ (ਫਿਕੋ) ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪਟੀਸ਼ਨ ਨੰਬਰ 70/2025) ਅਤੇ ਪੰਜਾਬ ਸਟੇਟ ਟ੍ਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ (ਪਟੀਸ਼ਨ ਨੰਬਰ 71/2025) ਦੁਆਰਾ ਦਾਇਰ ਪਟੀਸ਼ਨਾਂ 'ਤੇ ਪੰਜਾਬ ਸਟੇਟ ਇਲੈਕਟ੍ਰੀਸਿਟੀ ਰੈਗੂਲੇਟਰੀ ਕਮਿਸ਼ਨ (ਪੀਐਸਈਆਰਸੀ) ਦੁਆਰਾ ਕੀਤੀ ਗਈ ਜਨਤਕ ਸੁਣਵਾਈ ਦੌਰਾਨ ਬਿਜਲੀ ਦਰਾਂ ਵਿੱਚ ਕਿਸੇ ਵੀ ਪ੍ਰਸਤਾਵਿਤ ਵਾਧੇ ਦਾ ਸਖ਼ਤ ਵਿਰੋਧ ਕੀਤਾ। ਫਿਕੋ ਦੇ ਪ੍ਰਧਾਨ ਸ. ਗੁਰਮੀਤ ਸਿੰਘ ਕੁਲਾਰ ਨੇ ਪੀਐਸਈਆਰਸੀ ਦੇ ਚੇਅਰਮੈਨ ਵਿਸ਼ਵਜੀਤ ਖੰਨਾ, ਆਈਏਐਸ ਨੂੰ ਇੱਕ ਵਿਸਤ੍ਰਿਤ ਮੈਮੋਰੰਡਮ ਸੌਂਪਿਆ। ਜਿਸ ਵਿੱਚ ਬਿਜਲੀ ਦਰਾਂ ਵਿੱਚ ਕੋਈ ਵਾਧਾ ਨਹੀ। ਮੈਮੋਰੰਡਮ ਵਿੱਚ ਪਹਿਲਾਂ ਹੀ ਉੱਚ ਬਿਜਲੀ ਦਰਾਂ ਕਾਰਨ ਉਦਯੋਗਾਂ ਨੂੰ ਦਰਪੇਸ਼ ਗੰਭੀਰ ਵਿੱਤੀ ਤਣਾਅ ਨੂੰ ਉਜਾਗਰ ਕੀਤਾ ਗਿਆ ਸੀ ਅਤੇ ਜ਼ੋਰਦਾਰ ਢੰਗ ਨਾਲ ਦੱਸਿਆ ਗਿਆ ਸੀ ਕਿ ਕੋਈ ਵੀ ਹੋਰ ਵਾਧਾ ਪੰਜਾਬ ਵਿੱਚ ਉਦਯੋਗਿਕ ਵਿਵਹਾਰਕਤਾ, ਮੁਕਾਬਲੇਬਾਜ਼ੀ ਅਤੇ ਰੁਜ਼ਗਾਰ 'ਤੇ ਮਾੜਾ ਪ੍ਰਭਾਵ ਪਾਵੇਗਾ। ਫਿਕੋ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਇੱਕ ਬਿਜਲੀ-ਸਰਪਲੱਸ ਰਾਜ ਹੈ, ਫਿਰ ਵੀ ਉਦਯੋਗਾਂ 'ਤੇ ਦੇਸ਼ ਦੇ ਸਭ ਤੋਂ ਵੱਧ ਬਿਜਲੀ ਦਰਾਂ ਵਿੱਚੋਂ ਇੱਕ ਦਾ ਬੋਝ ਹੈ। ਫਿਕੋ ਨੇ ਮਾਨਯੋਗ ਕਮਿਸ਼ਨ ਨੂੰ ਟੈਰਿਫ ਵਾਧੇ ਦੇ ਕਿਸੇ ਵੀ ਪ੍ਰਸਤਾਵ ਨੂੰ ਰੱਦ ਕਰਕੇ ਖਪਤਕਾਰਾਂ ਅਤੇ ਉਦਯੋਗਿਕ ਹਿੱਤਾਂ ਦੀ ਰੱਖਿਆ ਕਰਨ ਦੀ ਅਪੀਲ ਕੀਤੀ ਅਤੇ ਇਸ ਦੀ ਬਜਾਏ ਕੁਸ਼ਲਤਾ ਵਿੱਚ ਸੁਧਾਰ,




ਖਰਚਿਆਂ ਨੂੰ ਤਰਕਸੰਗਤ ਬਣਾਉਣ ਅਤੇ ਬੁਨਿਆਦੀ ਢਾਂਚੇ ਦੇ ਅਪਗ੍ਰੇਡੇਸ਼ਨ 'ਤੇ ਧਿਆਨ ਕੇਂਦਰਿਤ ਕਰਨ ਦੀ ਅਪੀਲ ਕੀਤੀ।ਉਦਯੋਗਾਂ ਲਈ ਸੂਰਜੀ ਊਰਜਾ ਉਨ੍ਹਾਂ ਕਿਹਾ ਕਿ ਪੀਐਸਈਆਰਸੀ ਨੂੰ ਅਪੀਲ ਕਰਦੇ ਕੀਤੀ ਕਿ ਉਹ ਉਦਯੋਗਾਂ ਲਈ ਸੂਰਜੀ ਊਰਜਾ ਨੂੰ ਉਤਸ਼ਾਹਿਤ ਕਰਨ ਲਈ ਉੱਚ ਸੂਰਜੀ ਸਥਾਪਨਾ ਸੀਮਾਵਾਂ ਦੀ ਆਗਿਆ ਦੇ ਕੇ, ਹੋਰ ਪ੍ਰਗਤੀਸ਼ੀਲ ਰਾਜਾਂ ਦੇ ਅਨੁਸਾਰ ਜਿੱਥੇ ਉਦਯੋਗਾਂ ਨੂੰ ਪੰਜਾਬ ਵਿੱਚ ਮੌਜੂਦਾ 63% ਸੀਮਾ ਦੇ ਮੁਕਾਬਲੇ, ਉਨ੍ਹਾਂ ਦੀ ਇਕਰਾਰਨਾਮੇ ਦੀ ਮੰਗ ਦੇ 95-100% ਤੱਕ ਸੂਰਜੀ ਸਮਰੱਥਾ ਸਥਾਪਤ ਕਰਨ ਦੀ ਆਗਿਆ ਹੈ। ਫਿਕੋ ਨੇ ਕਿਹਾ ਕਿ ਇਹ ਕਦਮ ਬਿਜਲੀ ਦੀਆਂ ਲਾਗਤਾਂ ਨੂੰ ਘਟਾਏਗਾ, ਗਰਿੱਡ ਲੋਡ ਨੂੰ ਸੌਖਾ ਬਣਾਏਗਾ, ਅਤੇ ਰਾਜ ਦੇ ਨਵਿਆਉਣਯੋਗ ਊਰਜਾ ਅਤੇ ਸਥਿਰਤਾ ਉਦੇਸ਼ਾਂ ਦਾ ਸਮਰਥਨ ਕਰੇਗਾ। ਵੱਧ ਤੋਂ ਵੱਧ ਸਮੁੱਚੀ ਦਰ

ਉਨ੍ਹਾਂ ਕਿਹਾ ਕਿ ਇਹ ਦੇਖਿਆ ਗਿਆ ਹੈ ਕਿ ਘੱਟ ਬਿਜਲੀ ਦੀ ਖਪਤ ਵਾਲੀਆਂ ਉਦਯੋਗਿਕ ਇਕਾਈਆਂ ਤੋਂ ਪ੍ਰਤੀ ਯੂਨਿਟ 16-17 ਰੁਪਏ ਤੱਕ ਵੱਧ ਵਸੂਲੀ ਜਾ ਰਹੀ ਹੈ, ਜਦੋਂ ਕਿ ਮੂਲ ਊਰਜਾ ਦਰ 5.50 ਰੁਪਏ ਪ੍ਰਤੀ ਯੂਨਿਟ ਨਿਰਧਾਰਤ ਕੀਤੀ ਗਈ ਹੈ। ਇਸ ਸੰਦਰਭ ਵਿੱਚ, ਅਸੀਂ ਇਹ ਬੇਨਤੀ ਕਰਦੇ ਹਾਂ ਕਿ ਵੱਧ ਤੋਂ ਵੱਧ ਸਮੁੱਚੀ ਦਰ 7 ਰੁਪਏ ਪ੍ਰਤੀ ਯੂਨਿਟ ਤੱਕ ਸੀਮਤ ਕੀਤੀ ਜਾਣੀ ਚਾਹੀਦੀ ਹੈ, ਤਾਂ ਜੋ ਅਨੁਪਾਤ ਤੋਂ ਵੱਧ ਬਿਲਿੰਗ ਨੂੰ ਰੋਕਿਆ ਜਾ ਸਕੇ ਅਤੇ ਉਦਯੋਗਿਕ ਖਪਤਕਾਰਾਂ ਲਈ ਨਿਰਪੱਖਤਾ ਨੂੰ ਯਕੀਨੀ ਬਣਾਇਆ ਜਾ ਸਕੇ। ਬਿਜਲੀ ਬਿੱਲਾਂ 'ਤੇ ਮੌਜੂਦਾ ਸਮੇਂ ਵਿੱਚ ਲਗਾਈ ਗਈ ਐਕਸਾਈਜ਼ ਡਿਊਟੀ ਨੂੰ ਜੀਐਸਟੀ ਢਾਂਚੇ ਦੇ ਅਧੀਨ ਲਿਆਂਦਾ ਜਾਣਾ ਚਾਹੀਦਾ ਹੈ, ਜਿਸ ਨਾਲ ਉਦਯੋਗਿਕ ਖਪਤਕਾਰ ਇਨਪੁਟ ਟੈਕਸ ਕ੍ਰੈਡਿਟ ਦਾ ਲਾਭ ਲੈ ਸਕਣ। ਅਜਿਹੇ ਬੰਦ ਹੋਣ ਦੌਰਾਨ, ਉਦਯੋਗਾਂ ਨੂੰ ਜਨਰੇਟਰ ਸੈੱਟਾਂ 'ਤੇ ਕੰਮ ਕਰਨ ਲਈ ਮਜਬੂਰ ਕੀਤਾ ਜਾਂਦਾ ਹੈ, ਜਦੋਂ ਕਿ ਟ੍ਰਾਂਸਮਿਸ਼ਨ ਅਤੇ ਵੰਡ ਦੀਆਂ ਰੁਕਾਵਟਾਂ ਕਾਰਨ ਉਪਲਬਧ ਗਰਿੱਡ ਬਿਜਲੀ ਦੀ ਵਰਤੋਂ ਨਹੀਂ ਕੀਤੀ ਜਾਂਦੀ। ਬਿਜਲੀ ਵੰਡ ਪ੍ਰਣਾਲੀ ਦੇ ਅਪਗ੍ਰੇਡੇਸ਼ਨ ਨਾਲ ਭਰੋਸੇਯੋਗ ਸਪਲਾਈ ਯਕੀਨੀ ਹੋਵੇਗੀ, ਮਹਿੰਗੇ ਕੈਪਟਿਵ ਜਨਰੇਸ਼ਨ 'ਤੇ ਨਿਰਭਰਤਾ ਘਟੇਗੀ, ਅਤੇ ਉਦਯੋਗ ਅਤੇ ਬਿਜਲੀ ਵਿਭਾਗ ਦੋਵਾਂ ਲਈ ਜਿੱਤ-ਜਿੱਤ ਦਾ ਨਤੀਜਾ ਹੋਵੇਗਾ। ਫਿਕੋ ਨੇ ਦੁਹਰਾਇਆ ਕਿ ਉਦਯੋਗਿਕ ਵਿਕਾਸ ਲਈ ਕਿਫਾਇਤੀ, ਭਰੋਸੇਮੰਦ ਅਤੇ ਸਾਫ਼ ਬਿਜਲੀ ਜ਼ਰੂਰੀ ਹੈ, ਅਤੇ ਮੌਜੂਦਾ ਉਦਯੋਗਾਂ ਨੂੰ ਬਰਕਰਾਰ ਰੱਖਣ ਅਤੇ ਪੰਜਾਬ ਵਿੱਚ ਨਵੇਂ ਨਿਵੇਸ਼ ਨੂੰ ਆਕਰਸ਼ਿਤ ਕਰਨ ਲਈ ਇੱਕ ਸਹਾਇਕ ਬਿਜਲੀ ਨੀਤੀ ਬਹੁਤ ਜ਼ਰੂਰੀ ਹੈ। ਇਸ ਮੌਕੇ ਪੰਕਜ ਸ਼ਰਮਾ, ਪ੍ਰਧਾਨ, ਐਸੋਸੀਏਸ਼ਨ ਆਫ ਇੰਡਸਟਰੀਅਲ ਐਂਡ ਟ੍ਰੇਡ ਅੰਡਰਟੇਕਿੰਗਜ਼, ਸਤਨਾਮ ਸਿੰਘ ਮੱਕੜ ਪ੍ਰਚਾਰ ਸਕੱਤਰ ਫਿਕੋ, ਗੁਰਮੁਖ ਸਿੰਘ ਰੁਪਾਲ ਹੈੱਡ ਸਿਲਾਈ ਮਸ਼ੀਨ ਡਿਵੀਜ਼ਨ ਫਿਕੋ ਸ਼ਾਮਲ ਸਨ।

# ਵਿਧਾਇਕ ਸਿੱਧੂ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ ਦੀ ਅਗਵਾਈ

ਲੁਧਿਆਣਾ, 16 ਜਨਵਰੀ (ਵਿਸ਼ਾਲ ਸ਼ਰਮਾ): ਪੰਜਾਬ ਸੂਬੇ ਨੂੰ ਨਸ਼ਾ ਮੁਕਤ ਕਰਨਾ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮੁੱਖ ਟੀਚਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕ ਕੁਲਵੰਤ ਸਿੰਘ ਸਿੱਧੂ ਵੱਲੋਂ ਸਥਾਨਕ ਵਾਰਡ ਨੰਬਰ 51 ਵਿਖੇ ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ ਦੀ ਅਗਵਾਈ ਕਰਦਿਆਂ ਕੀਤਾ। ਇਸੇ ਲੜੀ ਤਹਿਤ ਵਾਰਡ ਨੰ. 51 ਵਿਖੇ ਤਿਰਕੋਣਾ ਪਾਰਕ ਨੇੜੇ ਗੁਰਦੁਆਰਾ ਬਾਬਾ ਦੀਪ ਸਿੰਘ ਮਾਡਲ ਟਾਊਨ ਤੋਂ ਇੱਕ ਪੈਦਲ ਮਾਰਚ ਕੱਢਿਆ ਗਿਆ ਜੋ ਸਕੂਟਰ ਮਾਰਕੀਟ ਤੱਕ ਗਿਆ। ਵਿਧਾਇਕ ਸਿੱਧੂ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਵਰਗੇ ਕੋਹੜ ਤੋਂ ਦੂਰ ਕਰਕੇ ਖੇਡਾਂ ਵੱਲ ਉਤਸ਼ਾਹਤ ਸਰਕਾਰ ਦਾ ਮੁੱਖ ਟੀਚਾ ਹੈ। ਵਿਧਾਇਕ ਸਿੱਧੂ ਵੱਲੋਂ ਹਲਕੇ ਦੇ ਅਹੁਦੇਦਾਰਾਂ ਤੇ ਵਰਕਰਾਂ ਨੂੰ ਲੋਕਾਂ ਦੇ ਘਰੇ ਘਰ ਜਾ ਕੇ ਨਸ਼ੇ ਖਿਲਾਫ ਚੇਤਨਾ ਪੈਦਾ ਕਰਨ ਦੀਆਂ ਡਿਊਟੀਆਂ ਲਗਾਈਆਂ ਗਈਆਂ। ਇਸ ਮੌਕੇ ਉਹਨਾਂ ਨਾਲ ਗੁਰਪਾਲ ਸਿੰਘ ਜੋਨਲ ਕਮਿਸ਼ਨਰ, ਕੰਵਲਜੀਤ ਸਿੰਘ, ਮੌਂਟੀ ਸਚਦੇਵਾ, ਮਹਿੰਦਰ ਪਾਲ ਸਿੰਘ, ਬੌਬੀ ਆਰ.ਕੇ., ਗੁਰਪ੍ਰੀਤ ਸਿੰਘ ਰਾਜਾ, ਮਨਪ੍ਰੀਤ ਸਿੰਘ ਟਰੇਡ ਵਿੰਗ, ਦੀਪਕ ਅਰੋੜਾ,ਅਸ਼ੋਕ ਪੁਰੀ, ਕਮਲਦੀਪ ਕਪੂਰ, ਗੁਰਪ੍ਰੀਤ ਸਿੰਘ ਈਲੂ, ਬਲਾਕ ਇੰਚਾਰਜ ਮਹਿਲਾ ਵਿੰਗ ਸੁਖਪ੍ਰੀਤ ਕੌਰ, ਸੁਖਵਿੰਦਰ ਕੌਰ ਗਿੱਲ, ਸੀਮਾ ਗਰੇਵਾਲ, ਨੀਲਮ, ਦਵਿੰਦਰ ਕੌਰ, ਜਸਵਿਕਰਮ ਸਿੰਘ, ਕਮਲਦੀਪ ਸਿੰਘ, ਜਸਵੀਰ ਸਿੰਘ ਤੇ ਅਮਰਜੀਤ ਸਿੰਘ ਲਾਡੀ ਵਿਸ਼ੇਸ਼ ਰੂਪ ਵਿੱਚ ਹਾਜ਼ਰ ਹੋਏ।

# ਵਿਧਾਇਕ ਬੱਗਾ ਵੱਲੋਂ ਭੌਰਾ ਸਮਸ਼ਾਨਘਾਟ ਨੂੰ ਨਵੀਂ ਮੌਰਚਰੀ ਵੈਨ ਸਪੁਰਦ

ਲੁਧਿਆਣਾ, 16 ਜਨਵਰੀ (ਵਿਸ਼ਾਲ ਸ਼ਰਮਾ): ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵੱਲੋਂ ਵਾਰਡ ਨੰਬਰ 1 ਅਧੀਨ ਭੌਰਾ ਸਮਸ਼ਾਨਘਾਟ ਲਈ ਨਵੀਂ ਮੌਰਚਰੀ ਵੈਨ ਦੀਆਂ ਚਾਬੀਆਂ ਸਪੁਰਦ ਕੀਤੀਆਂ। ਵਿਧਾਇਕ ਬੱਗਾ ਨੇ ਦੱਸਿਆ ਕਿ ਭੌਰਾ ਸ਼ਮਸ਼ਾਨਘਾਟ ਕਮੇਟੀ ਕੋਲ ਕੋਈ ਵੀ ਮੌਰਚਰੀ ਵੈਨ ਨਹੀਂ ਸੀ ਅਤੇ ਮ੍ਰਿਤਕ ਦੇਹਾਂ ਦੀਆਂ ਅੰਤਿਮ ਰਸਮਾਂ ਲਈ ਵਾਹਨ ਦਾ ਦੂਸਰੇ ਸ਼ਮਸ਼ਾਨਘਾਟਾਂ ਤੋਂ ਪ੍ਰਬੰਧ ਕਰਵਾਉਣਾ ਪੈਂਦਾ ਸੀ। ਵਿਧਾਇਕ ਬੱਗਾ ਨੇ ਦੱਸਿਆ ਮੌਰਚਰੀ ਵੈਨ ਲਈ ਘੰਟਿਆਂ ਬੱਧੀ ਲੋਕਾਂ ਨੂੰ ਇੰਤਜ਼ਾਰ ਕਰਨਾ ਪੈਂਦਾ ਸੀ ਜਿਸ ਕਾਰਨ ਸਸਕਾਰ ਮੌਕੇ ਦੂਰ-ਦੁਰਾਡੇ ਤੋਂ ਆਏ ਰਿਸ਼ਤੇਦਾਰਾਂ ਲਈ ਬੜੀ ਮੁਸ਼ਕਿਲ ਪੇਸ਼ ਆਉਂਦੀ ਸੀ। ਵਿਧਾਇਕ ਮਦਨ ਲਾਲ ਬੱਗਾ ਨੇ ਦੱਸਿਆ ਕਿ ਇਲਾਕਾ ਨਿਵਾਸੀਆਂ ਦੀ ਮੰਗ ਅਨੁਸਾਰ, ਕਰੀਬ 24 ਲੱਖ ਰੁਪਏ ਦੀ ਲਾਗਤ ਨਾਲ ਮੌਰਚਰੀ ਵੈਨ ਤਿਆਰ ਕਰਵਾਕੇ,



ਸਮਸ਼ਾਨਘਾਟ ਨੂੰ ਸੌਂਪੀ ਗਈ ਹੈ ਤਾਂ ਜੋ ਪੂਰੇ ਸਨਮਾਨ ਅਤੇ ਰੀਤੀ ਰਿਵਾਜਾਂ ਅਨੁਸਾਰ ਸਮੇਂ ਸਿਰ ਸਸਕਾਰ ਕੀਤੇ ਜਾ ਸਕਣ।

ਇਸ ਮੌਕੇ ਭੌਰਾ ਸਮਸ਼ਾਨਘਾਟ ਕਮੇਟੀ ਦੇ ਨੁਮਾਇੰਦਿਆਂ ਤੋਂ ਇਲਾਵਾ ਇਲਾਕਾ ਨਿਵਾਸੀ ਵੀ ਮੌਜੂਦ ਸਨ।

# ਡੀ.ਐਸ.ਪੀ ਦਾਖਾ ਨੇ ਚਾਈਨਾ ਡੋਰ ਦੀ ਰੋਕਥਾਮ ਲਈ ਕੀਤੇ ਵਿਸ਼ੇਸ਼ ਉਪਰਾਲੇ

ਜਗਰਾਓਂ, 16 ਜਨਵਰੀ (ਦਵਿੰਦਰ ਜੈਨ): ਵਰਿੰਦਰ ਸਿੰਘ ਖੋਸਾ, ਡੀ.ਐਸ.ਪੀ, ਸਬ-ਡਵੀਜ਼ਨ ਦਾਖਾ ਵੱਲੋਂ ਮੇਨ ਚੌਂਕ ਮੰਡੀ ਮੁੱਲਾਂਪੁਰ ਵਿਖੇ ਟੂ ਵੀਲਰ ਸਵਾਰ ਚਾਲਕਾਂ ਦੇ ਚਾਈਨਾ ਡੋਰ ਤੋਂ ਬਚਾਅ ਲਈ ਵਿਸ਼ੇਸ਼ ਤਰ੍ਹਾ ਦੀਆਂ ਤਿਆਰ ਕੀਤੀਆਂ ਗਈਆਂ ਲੋਹੇ ਦੀ ਤਾਰਾਂ ਦੀਆਂ ਸ਼ੀਲਡਾਂ ਲਗਾਈਆਂ ਗਈਆਂ। ਡੀ.ਐਸ.ਪੀ ਦਾਖਾ ਵੱਲੋਂ ਦੱਸਿਆ ਗਿਆ ਕਿ ਜੇਕਰ ਕੋਈ ਵਿਅਕਤੀ ਚਾਈਨਾ ਡੋਰ ਨਾਲ ਉਲਝਦਾ ਹੈ



ਤਾਂ ਇਸ ਨਾਲ ਉਸਦਾ ਬਚਾਅ ਹੋ ਸਕਦਾ ਹੈ। ਇਸਤੋ ਇਲਾਵਾ ਡੀ.ਐਸ.ਪੀ ਦਾਖਾ ਵੱਲੋਂ ਦੱਸਿਆ ਗਿਆ ਕਿ ਥਾਣਾ ਦਾਖਾ, ਥਾਣਾ ਜੋਧਾਂ ਅਤੇ ਥਾਣਾ ਸੁਧਾਰ ਦੇ ਏਰੀਆ ਵਿੱਚ ਪਤੰਗ ਵੇਚਣ ਵਾਲੇ ਦੁਕਾਨਦਾਰਾਂ ਨਾਲ ਮੀਟਿੰਗ ਕਰਕੇ ਉਹਨਾਂ ਨੂੰ ਚਾਈਨਾ ਡੋਰ ਵੇਚਣ ਤੇ ਵਰਜਿਆ ਗਿਆ ਹੈ ਅਤੇ ਸਮੇਂ- ਸਮੇਂ ਪਰ ਪਤੰਗ ਵੇਚਣ ਵਾਲਿਆਂ ਦੀ ਦੁਕਾਨਾਂ ਪਰ ਚਾਈਨਾ ਡੋਰ ਦੀ ਵਿਕਰੀ ਨੂੰ ਲੈ ਕੇ ਅਚਨਚੇਤੀ ਚੈਕਿੰਗ ਕਰਵਾਈ ਜਾ ਰਹੀ ਹੈ। ਇਲਾਕੇ ਦੇ ਪਿੰਡਾਂ/ਕਸਬਿਆਂ ਵਿੱਚ ਜਾਕੇ ਸਰਪੰਚਾਂ, ਪੰਚਾਂ ਅਤੇ ਮੋਹਤਬਰ ਵਿਅਕਤੀਆਂ ਦੀ ਹਾਜ਼ਰੀ ਵਿੱਚ ਬੱਚਿਆਂ ਨੂੰ ਇਕੱਠੇ ਕਰਕੇ ਚਾਈਨਾ ਡੋਰ ਦੀ ਨੁਕਸਾਨ ਦੱਸੇ ਜਾ ਰਹੇ ਹਨ ਅਤੇ ਬੱਚਿਆਂ ਦੇ ਮਾਪਿਆਂ ਨੂੰ ਵੀ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਆਪਣੇ ਬੱਚੇ ਨੂੰ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਦੇਣ ਅਤੇ ਜੇਕਰ ਉਹਨਾਂ ਦੀ ਏਰੀਆ ਵਿੱਚ ਕੋਈ ਚਾਈਨਾ ਡੋਰ ਵੇਚਦਾ ਹੈ ਤਾਂ ਉਸਦੀ ਤੁਰੰਤ ਸੂਚਨਾ ਪੁਲਿਸ ਪਾਸ ਦੇਣ, ਸੂਚਨਾ ਦੇਣ ਵਾਲੇ ਦਾ ਨਾਮ, ਪਤਾ ਗੁਪਤ ਰੱਖਿਆ ਜਾਵੇਗਾ।

ਡੀ.ਐਸ.ਪੀ ਦਾਖਾ ਨੇ ਦੱਸਿਆ ਕਿ ਚਾਈਨਾ ਡੋਰ ਦੀ ਵਰਤੋਂ ਨਾਲ ਇਨਸਾਨਾਂ ਨੂੰ ਤਾਂ ਖਤਰਾ ਹੁੰਦਾ ਹੀ ਹੈ, ਇਸਦੇ ਨਾਲ-2 ਇਹ ਪੰਛੀਆਂ ਲਈ ਵੀ ਬਹੁਤ ਘਾਤਕ ਹੈ। ਮੰਡੀ ਮੁੱਲਾਂਪੁਰ ਵਿੱਚ ਚਾਈਨਾ ਡੋਰ ਵੇਚਣ ਵਾਲੇ ਵਿਅਕਤੀ ਖਿਲਾਫ ਮੁਕੱਦਮਾ ਦਰਜ ਕਰਕੇ 10 ਪਲਾਸਟਿਕ ਦੀ ਡੋਰ ਦੇ ਗੱਟੂ ਬਰਾਮਦ ਕਰਵਾਏ ਗਏ ਹਨ। ਨਗਰ ਕੌਂਸਲ, ਮੰਡੀ ਮੁੱਲਾਂਪੁਰ ਦੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਹਦਾਇਤ ਕੀਤੀ ਗਈ ਹੈ ਕਿ ਜੇਕਰ ਮੇਨ ਚੌਂਕ ਮੰਡੀ ਮੁੱਲਾਂਪੁਰ ਫਲਾਈਓਵਰ, ਰਾਏਕੋਟ ਰੋਡ ਫਲਾਈਓਵਰ ਜਾਂ ਹੋਰ ਸ਼ਹਿਰ ਏਰੀਆ ਵਿੱਚ ਉੱਚੀਆਂ ਥਾਵਾਂ ਪਰ ਡੋਰ ਫਸੀ ਹੋਈ ਤਾਂ ਤੁਰੰਤ ਉਸਨੂੰ ਉਤਾਰਿਆ ਜਾਵੇ।

ਡੀ.ਐਸ.ਪੀ ਦਾਖਾ ਵੱਲੋਂ ਲੋਕਾਂ ਨੂੰ ਲੋਹੜੀ ਦੇ ਤਿਉਹਾਰ ਸਬੰਧੀ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਅਪੀਲ ਕੀਤੀ ਗਈ ਕਿ ਚਾਈਨਾ ਡੋਰ ਦੀ ਵਰਤੋਂ ਨਾ ਕੀਤੀ ਜਾਵੇ ਤਾਂ ਜੋ ਲੋਕਾਂ ਦੀ ਜਾਨ ਜਾਂ ਪੰਛੀਆਂ ਦੀ ਜਾਨ ਨਾਲ ਖਿਲਵਾੜ ਨਾ ਹੋ ਸਕੇ।

# ਐੱਸ.ਐੱਸ.ਪੀ ਵੱਲੋਂ ਪੈਰਵੀ ਸੈੱਲ ਤੇ ਅਦਾਲਤੀ ਅਮਲੇ ਨਾਲ ਮੀਟਿੰਗ

ਲੁਧਿਆਣਾ, 16 ਜਨਵਰੀ (ਵਿਸ਼ਾਲ ਸ਼ਰਮਾ): ਜ਼ਿਲ੍ਹੇ ਵਿੱਚ ਅਦਾਲਤੀ ਕਾਰਵਾਈਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਅਤੇ ਕੇਸਾਂ ਦੀ ਸਮੇਂ-ਸਿਰ ਪੈਰਵੀ ਯਕੀਨੀ ਬਣਾਉਣ ਲਈ ਸੀਨੀਅਰ ਪੁਲਿਸ ਕਪਤਾਨ (ਐੱਸ.ਐੱਸ.ਪੀ) ਖੰਨਾ ਡਾ. ਦਰਪਣ ਆਹਲੂਵਾਲੀਆ ਨੇ ਇੱਕ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਐਸ.ਪੀ (ਡੀ) ਪਵਨਜੀਤ ਚੌਧਰੀ, ਡੀ.ਐਸ.ਪੀ (ਡੀ) ਮੋਹਿਤ ਸਿੰਗਲਾ, ਪੈਰਵੀ ਸੈੱਲ ਦੇ ਇੰਚਾਰਜ, ਸਾਰੇ ਸਹਾਇਕ ਐਮਐਚਸੀ ਅਤੇ ਨਾਇਬ ਅਦਾਲਤਾਂ ਨੇ ਭਾਗ ਲਿਆ। ਮੀਟਿੰਗ ਦੌਰਾਨ ਐੱਸ.ਐੱਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਸੰਮਨ ਜਾਰੀ ਕਰਨ ਦੀ ਪ੍ਰਕਿਰਿਆ ਨੂੰ ਸਮੇਂ-ਸਿਰ ਅਤੇ ਨਿਯਮਾਂ ਅਨੁਸਾਰ ਪੂਰਾ ਕਰਨ 'ਤੇ ਖ਼ਾਸ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸੰਮਨਾਂ ਦੀ ਡਿਲਿਵਰੀ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਅਦਾਲਤੀ ਕਾਰਵਾਈ ਨੂੰ ਪ੍ਰਭਾਵਿਤ ਕਰਦੀ ਹੈ, ਜਿਸ ਨਾਲ ਕੇਸਾਂ ਵਿੱਚ ਦੇਰੀ ਹੁੰਦੀ ਹੈ। ਇਸ ਲਈ ਹਰ ਕਰਮਚਾਰੀ ਆਪਣੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਨਾਲ ਨਿਭਾਏ। ਐੱਸ.ਐੱਸ.ਪੀ ਨੇ ਪੀ.ਓ ਵਜੋਂ ਘੋਸ਼ਿਤ ਮੁਲਜ਼ਮਾਂ ਦਾ ਸਹੀ ਅਤੇ ਅਪਡੇਟ ਰਿਕਾਰਡ ਤਿਆਰ ਰੱਖਣ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਕਿਹਾ ਕਿ ਅਦਾਲਤੀ ਅਮਲਾ ਫੀਲਡ ਯੂਨਿਟਾਂ ਨੂੰ ਕਿਸੇ ਵੀ ਕਿਸਮ ਦੀ ਲੋੜੀਂਦੀ ਜਾਣਕਾਰੀ ਤੁਰੰਤ ਉਪਲਬਧ ਕਰਵਾਉਣ। ਇਸ ਨਾਲ ਕੇਸਾਂ ਦੀ ਜਾਂਚ ਅਤੇ ਅਦਾਲਤੀ ਪੇਸ਼ੀ ਨੂੰ



ਪੀਓ ਮਾਮਲਿਆਂ ਵਿੱਚ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਅਜਿਹੇ ਵਿਅਕਤੀਆਂ ਦੀ ਗ੍ਰਿਫ਼ਤਾਰੀ ਲਈ ਫੀਲਡ ਯੂਨਿਟਾਂ ਨਾਲ ਪੂਰਾ ਤਾਲਮੇਲ ਬਣਾਇਆ ਜਾਵੇ। ਮੀਟਿੰਗ ਵਿੱਚ ਇਹ ਵੀ ਹਦਾਇਤਾਂ ਦਿੱਤੀਆਂ ਗਈਆਂ ਕਿ ਪੈਰਵੀ ਸੈੱਲ ਅਤੇ ਮਜ਼ਬੂਤੀ ਮਿਲੇਗੀ। ਅੰਤ ਵਿੱਚ ਐੱਸ.ਐੱਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਕਿਹਾ ਕਿ ਪੁਲਿਸ ਅਤੇ ਅਦਾਲਤਾਂ ਦੇ ਆਪਸੀ ਸਹਿਯੋਗ ਨਾਲ ਹੀ ਨਿਆਂ ਪ੍ਰਣਾਲੀ ਮਜ਼ਬੂਤ ਹੁੰਦੀ ਹੈ ਅਤੇ ਖੰਨਾ ਪੁਲਿਸ ਇਸ ਦਿਸ਼ਾ ਵਿੱਚ ਪੂਰੀ ਗੰਭੀਰਤਾ ਨਾਲ ਕੰਮ ਕਰੇਗੀ।

# ਰਵੀ ਭਾਟੀਆ ਦੀ ਮਾਤਾ ਨਮਿਤ ਪਾਠ ਦਾ ਭੋਗ 21 ਨੂੰ

ਲੁਧਿਆਣਾ/ਸਾਹਨੇਵਾਲ, 16 ਜਨਵਰੀ (ਰਵਿੰਦਰ ਨਿੱਝਰ, ਕੁਲਦੀਪ ਕੋਹਾੜਾ) :



ਪੱਤਰਕਾਰ ਰਵੀ ਭਾਟੀਆ ਅਤੇ ਮਨੀਸ਼ ਭਾਟੀਆ ਦੇ ਮਾਤਾ ਸੁਦੇਸ਼ ਰਾਣੀ ਭਾਟੀਆ (72) ਧਰਮਪਤਨੀ ਸਵ: ਗੁਰਚਰਨ ਦਾਸ ਭਾਟੀਆ ਜੋ ਕਿ ਸੰਖੇਪ ਬੀਮਾਰੀ ਦੇ ਚਲਦੇ ਅਕਾਲ ਚਲਾਣਾ ਕਰ ਗਏ ਸਨ ਉਨਾਂ ਨਮਿਤ ਰੱਖੇ ਪਾਠ ਦਾ ਭੋਗ 21 ਜਨਵਰੀ ਦਿਨ ਬੁੱਧਵਾਰ ਨੂੰ ਗੁਰਦੁਆਰਾ ਰੇਰੂ ਸਾਹਿਬ, ਪਾਤਸ਼ਾਹੀ ਦਸਵੀਂ, ਅਨੰਦਪੁਰ ਨੇੜੇ ਸਾਨੇਵਾਲ ਵਿਖੇ ਬਾਅਦ ਦੁਪਹਿਰ ਸਾਢੇ ਤੋਂ ਡੇਢ ਵਜੇ ਤੱਕ ਪਵੇਗਾ।

# ਮਾਲਵਿੰਦਰ ਸਿੰਘ ਜੱਗੀ ਦੀ ਪੰਜਾਬੀ ਸਾਹਿਤ ਅਕਾਡਮੀ, ਪੰਜਾਬੀ ਭਵਨ ਲੁਧਿਆਣਾ ਵਿਖੇ ਫੇਰੀ

ਲੁਧਿਆਣਾ, 16 ਜਨਵਰੀ (ਜਤਿੰਦਰਪਾਲ ਸਿੰਘ ਛਾਬੜਾ): ਪ੍ਰਸਿੱਧ ਵਿਦਵਾਨ ਪਦਮਸ੍ਰੀ ਸਵ. ਡਾ. ਰਤਨ ਸਿੰਘ ਜੱਗੀ ਅਤੇ ਡਾ. ਗੁਰਸ਼ਰਨ ਕੌਰ ਜੱਗੀ ਦੇ ਹੋਣਹਾਰ ਸਪੁੱਤਰ ਮਾਲਵਿੰਦਰ ਸਿੰਘ ਜੱਗੀ, ਸਾਬਕਾ ਆਈ.ਏ.ਐਸ ਪੰਜਾਬੀ ਸਾਹਿਤ ਅਕਾਡਮੀ ਪੰਜਾਬੀ ਭਵਨ ਲੁਧਿਆਣਾ ਵਿਖੇ ਪਹੁੰਚੇ। ਅਕੈਡਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ, ਵਿੱਤ ਪ੍ਰਬੰਧਕ ਸੁਰਿੰਦਰ ਕੈਲੇ, ਸਕੱਤਰ ਸਾਹਿਤਕ ਸਰਗਰਮੀਆਂ ਡਾ. ਹਰੀ ਸਿੰਘ ਜਾਚਕ ਤੇ ਦਫ਼ਤਰ ਇੰਜਾਰਜ ਸੁਰਿੰਦਰ ਦੀਪ ਨੇ ਉਨ੍ਹਾਂ ਨੂੰ ਜੀ ਆਇਆਂ ਨੂੰ ਕਿਹਾ। ਉਪਰੰਤ ਮਾਲਵਿੰਦਰ ਸਿੰਘ ਨੂੰ ਅਕਾਡਮੀ ਦਾ ਦਫ਼ਤਰ, ਰੈਫ਼ਰੈਂਸ ਲਾਇਬ੍ਰੇਰੀ ਡਾ. ਮਹਿੰਦਰ ਸਿੰਘ ਰੰਧਾਵਾ ਹਾਲ, ਡਾ. ਪਰਮਿੰਦਰ ਸਿੰਘ ਹਾਲ, ਡਾ. ਦਲਜੀਤ ਸਿੰਘ ਹਾਲ, ਬਲਰਾਜ ਸਾਹਨੀ ਖੁੱਲ੍ਹਾ ਰੰਗਮੰਚ ਅਤੇ ਪੁਸਤਕ ਬਾਜ਼ਾਰ 'ਚ ਫੇਰੀ ਪਵਾਈ ਤੇ ਅਕਾਡਮੀ ਵਲੋਂ ਕੀਤੀਆਂ ਜਾ ਰਹੀਆਂ ਗਤੀਆਂ ਵਿਧੀਆਂ ਤੇ ਇਤਿਹਾਸ ਬਾਰੇ ਸੰਖੇਪ ਜਾਣਕਾਰੀ ਦਿੱਤੀ। ਉਨ੍ਹਾਂ ਆਪਣੇ ਪਿਤਾ ਜੀ ਦੀ ਯਾਦ ਵਿਚ ਮਾਲਵਿੰਦਰ ਸਿੰਘ ਜੱਗੀ ਨੇ ਆਪਣੇ ਪਿਤਾ ਪਦਮਸ੍ਰੀ ਡਾ. ਰਤਨ ਸਿੰਘ ਜੱਗੀ ਦੀ ਯਾਦ ਵਿਚ ਲਾਇਬ੍ਰੇਰੀ ਦੇ ਨਾਲ ਰੀਡਿੰਗ ਰੂਮ ਦੀ ਉਸਾਰੀ ਕਰਨ, ਯਾਦਗਾਰੀ ਸਨਮਾਨ ਸਥਾਪਤ ਕਰਨ ਤੇ ਲਾਇਬ੍ਰੇਰੀ ਵਿਖੇ ਉਨ੍ਹਾਂ ਦੀਆਂ ਸਮੁੱਚੀਆਂ ਪੁਸਤਕਾਂ ਦਾ ਕਾਰਨਰ ਸਥਾਪਤ ਕਰਨ ਦੀ ਇੱਛਾ ਜ਼ਾਹਰ ਕੀਤੀ ਜਿਸ ਦਾ ਅਕਾਡਮੀ ਵਲੋਂ ਭਰਵਾਂ ਸਵਾਗਤ ਕੀਤਾ ਗਿਆ। ਪੰਜਾਬੀ ਭਵਨ ਪਹੁੰਚਣ ਤੋਂ ਪਹਿਲਾਂ ਉਹ ਪੰਜਾਬੀ ਸਾਹਿਤ ਅਕੈਡਮੀ ਲੁਧਿਆਣਾ ਦੇ ਪ੍ਰਧਾਨ ਸਰਬਜੀਤ ਸਿੰਘ ਨੂੰ ਚੰਡੀਗੜ੍ਹ ਵਿਖੇ ਮਿਲ ਕੇ ਉਪਰੋਕਤ ਪ੍ਰੋਜੈਕਟ ਬਾਰੇ ਤੇ ਆਪਣੇ ਪਿਤਾ ਜੀ ਦੀ ਯਾਦ ਵਿਚ ਇਕ ਸਨਮਾਨ ਸਥਾਪਤ ਕਰਨ ਬਾਰੇ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕੀਤਾ।

# ਸ਼ੂਗਰਕੇਨ ਹਾਰਵੈਸਟਰ ਨਾਲ ਕਟਾਈ ਕਰਨ ਲਈ ਚੌੜੀ ਵਿੱਥ ਵਿਧੀ ਨਾਲ ਗੰਨੇ ਦੀ ਬਿਜਾਈ ਕਰਨ ਦੀ ਜ਼ਰੂਰਤ ਕੇਨ ਕਮਿਸ਼ਨਰ

ਲੁਧਿਆਣਾ,16 ਜਨਵਰੀ (ਵਿਸ਼ਾਲ ਸ਼ਰਮਾ) ਗੰਨੇ ਦੀ ਚੌੜੀ ਵਿੱਥ ਤੇ ਬਿਜਾਈ ਕਰਨ ਨਾਲ ਪੌਦਿਆਂ ਨੂੰ ਵਧੇਰੇ ਹਵਾ, ਸੂਰਜ ਦੀ ਰੌਸ਼ਨੀ ਮਿਲਦੀ ਹੈ ਜਿਸ ਨਾਲ ਗੰਨੇ ਦੀ ਮੋਟਾਈ ਅਤੇ ਲੰਬਾਈ ਵਿਚ ਵਾਧਾ ਹੁੰਦਾ ਹੈ ਜਿਸ ਨਾਲ ਪ੍ਰਤੀ ਹੈਕਟੇਅਰ ਪੈਦਾਵਾਰ ਵਿੱਚ ਵਾਧਾ ਹੋਣ ਕਾਰਨ ਵਾਧੂ ਆਮਦਨ ਹੁੰਦੀ ਹੈ । ਜ਼ਿਲਾ ਲੁਧਿਆਣਾ ਦੇ ਪਿੰਡ ਮੱਲ ਮਾਜਰਾ ਵਿਚ ਗੰਨੇ ਦੀ ਫ਼ਸਲ ਜਾਇਜ਼ਾ ਲੈਂਦਿਆਂ ਡਾਕਟਰ ਅਮਰੀਕ ਸਿੰਘ ਕੇਨ ਕਮਿਸ਼ਨਰ ਪੰਜਾਬ ਨੇ ਦੱਸਿਆ ਕਿ ਮਜ਼ਦੂਰਾਂ ਦੀ ਘਾਟ ਕਾਰਨ ,ਗੰਨਾ ਕੱਟਣ ਵਾਲੀ ਮਸ਼ੀਨ ਦੀ ਮੰਗ ਵਧ ਰਹੀ ਹੈ । ਉਨ੍ਹਾਂ ਦੱਸਿਆ ਕਿ ਇਸ ਸਮੇਂ ਪੰਜਾਬ ਵਿੱਚ ਤਕਰੀਬਨ 30 ਮਸ਼ੀਨਾਂ ਗੰਨੇ ਦੀ ਕਟਾਈ ਕਰ ਰਹੀਆਂ ਹਨ । ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਗੰਨਾ ਕਾਸ਼ਤਕਾਰਾਂ ਦੀ ਮਜ਼ਦੂਰਾਂ ਦੀ ਘਾਟ ਦੀ ਸਮੱਸਿਆ ਨੂੰ ਮੁੱਖ ਰੱਖਦਿਆਂ ਗੰਨੇ ਦੀ ਖੇਤੀ ਦਾ ਮਸ਼ੀਨੀਕਰਨ ਕਰਨ ਲਈ 4 ਦਸੰਬਰ 2025 ਤੱਕ ਆਨਲਾਈਨ ਅਰਜੀਆਂ ਦੀ ਮੰਗ ਕੀਤੀ ਗਈ ਸੀ ,ਜਿਸ ਤੇ ਕਰੀਬ



60 ਗੰਨਾ ਕਾਸ਼ਤਕਾਰਾਂ ਨੇ ਸ਼ੂਗਰਕੇਨ ਹਾਰਵੈਸਟਰ ਮਸ਼ੀਨ ਸਬਸਿਡੀ ਤੇ ਲੈਣ ਲਈ ਅਰਜੀਆਂ ਦਿੱਤੀਆਂ ਹਨ। ਉਨ੍ਹਾਂ ਦੱਸਿਆ ਕਿ ਅਜੋਕੇ ਸਮੇਂ ਵਿਚ ਆਮ ਕਰਕੇ ਗੰਨੇ ਦੀ ਕਾਸ਼ਤ ਢਾਈ ਤੋਂ ਤਿੰਨ ਫੁੱਟ ਦੀ ਦੂਰੀ ਦੀਆਂ ਕਤਾਰਾਂ ਤੇ ਕੀਤੀ ਜਾਂਦੀ ਹੈ ਜੋ ਮਸ਼ੀਨ ਨਾਲ ਕਟਾਈ ਕਰਨ ਦੇ ਅਨਕੂਲ ਨਹੀਂ ਹੈ। ਉਨ੍ਹਾਂ ਦੱਸਿਆ ਕਿ ਢਾਈ ਫੁੱਟ ਤੇ ਬਿਜਾਈ ਕੀਤੀ ਗੰਨੇ ਦੀ ਫ਼ਸਲ ਦੀ ਕਟਾਈ , ਮਸ਼ੀਨ ਨਾਲ ਕਰਨ ਨਾਲ ਗੰਨੇ ਦਾ ਨੁਕਸਾਨ ਨੁਕਸਾਨ ਹੁੰਦਾ ਹੈ ਜਿਸ ਨਾਲ ਗੰਨਾ ਕਾਸ਼ਤਕਾਰਾਂ ਅਤੇ ਖੰਡ ਮਿੱਲ ਪ੍ਰਬੰਧਕਾਂ ਨੂੰ ਆਰਥਿਕ ਨੁਕਸਾਨ ਹੁੰਦਾ ਹੈ ਜਦ ਕਿ ਚੌੜੀ ਵਿੱਥ ਵਿਧੀ ਨਾਲ ਬੀਜੇ ਗੰਨੇ ਦੀ ਕਟਾਈ ,ਮਸ਼ੀਨ ਨਾਲ ਕਰਨ ਤੇ ਕੋਈ ਨੁਕਸਾਨ ਨਹੀਂ ਹੁੰਦਾ । ਉਨ੍ਹਾਂ ਦੱਸਿਆ ਕਿ ਸ਼ੂਗਰਕੇਨ ਹਾਰਵੈਸਟਰ ਤੋਂ ਪੂਰਾ ਫਾਇਦਾ ਲੈਣ ਲਈ ਗੰਨੇ ਦੀ ਬਿਜਾਈ 4-5 ਫੁੱਟ ਦੀਆਂ ਕਤਾਰਾਂ ਦੀ ਦੂਰੀ ਤੇ ਇਕਹਿਰੀ ਜਾਂ ਦੋ ਖਾਲੀ ਵਿਧੀ ਨਾਲ ਕਰਨੀ ਚਾਹੀਦੀ ਹੈ ਉਨ੍ਹਾਂ ਦੱਸਿਆ ਕਿ ਚੌੜੀ ਵਿੱਥ ਦੀਆਂ ਲਾਈਨਾਂ ਤੇ ਬਿਜਾਈ ਕਰਨ ਨਾਲ ਗੰਨੇ ਦੀ ਫ਼ਸਲ ਨੂੰ ਵਧੇਰੇ ਮਾਤਰਾ ਵਿਚ ਸੂਰਜ ਦੀ ਰੌਸ਼ਨੀ ਅਤੇ ਹਵਾ ਮਿਲਦੀ ਹੈ ਜਿਸ ਨਾਲ ਗੰਨੇ ਦਾ ਭਾਰ ਅਤੇ ਲੰਬਾਈ ਵਧਦੀ ਹੈ ਜੋਂ ਗੰਨੇ ਦੀ ਪੈਦਾਵਾਰ ਅਤੇ ਖੰਡ ਦੀ ਪੈਦਾਵਾਰ ਨੂੰ ਵਧਾਉਣ ਵਿਚ ਸਹਾਇਕ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਚੌੜੀ ਵਿੱਥ ਵਿਧੀ ਨਾਲ ਬਿਜਾਈ ਕੀਤੀ ਗੰਨੇ ਦੀ ਫ਼ਸਲ ਉੱਪਰ ਕੀੜੇ ਤੇ ਬਿਮਾਰੀਆਂ ਦਾ ਹਮਲਾ ਵੀ ਘੱਟ ਹੁੰਦਾ ਹੈ ਅਤੇ ਜੇਕਰ ਕੋਈ ਸਮੱਸਿਆ ਆ ਜਾਵੇ ਤਾਂ ਕੀਟਨਾਸ਼ਕ ,ਉੱਲੀ ਨਾਸ਼ਕ ਅਤੇ ਖਾਦਾਂ ਦਾ ਛਿੜਕਾਅ ਕਰਨਾ ਸੌਖਾ ਹੁੰਦਾ ਹੈ।

ਉਨ੍ਹਾਂ ਕਿਹਾ ਕਿ ਬਹਾਰ ਰੁੱਤ ਦੇ ਗੰਨੇ ਦੀ ਫ਼ਸਲ ਦੀਆਂ ਦੋ ਕਤਾਰਾਂ ਵਿਚਕਾਰ ਜਗ੍ਹਾ ਨੂੰ ਥੋੜ੍ਹੇ ਸਮੇਂ ਦੀਆਂ ਫਸਲਾਂ (ਜਿਵੇਂ ਗਰਮੀ ਰੁੱਤ ਦੀ ਮੂੰਗੀ,ਮਾਂਹ, ਭਿੰਡੀ , ਚਾਰੇ ਲਈ ਮੱਕੀ ਜਾਂ ਮੈਂਥਾ,) ਲੈਣ ਲਈ ਵਰਤਿਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਦਾਲਾਂ ਵਾਲੀਆਂ ਫ਼ਸਲਾਂ ਦੀ ਖੇਤੀ ਕਰਨ ਨਾਲ ਮਿੱਟੀ ਵਿੱਚ ਨਾਈਟ੍ਰੋਜਨ ਖੁਰਾਕੀ ਨੂੰ ਠੀਕ ਕਰਨ ਵਿੱਚ ਮਦਦ ਕਰਦੀ ਹੈ ਜਿਸ ਨਾਲ ਯੂਰੀਆ ਖਾਦ ਦੀ ਵਰਤੋਂ ਘਟਦੀ ਹੈ। ਇਸ ਮੌਕੇ ਮੌਜੂਦ ਅਗਾਂਹਵਧੂ ਕਿਸਾਨ ਆਲਮ ਦੀਪ ਸਿੰਘ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜਿਸ ਤਰਾਂ ਝੋਨੇ ਦੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500/- ਰੁਪਏ ਪ੍ਰਤੀ ਏਕੜ ਦਿੱਤੇ ਜਾਂਦੇ ਹਨ , ਉਸੇ ਤਰਾਂ ਚੌੜੀ ਵਿੱਥ ਵਿਧੀ ਨਾਲ ਗੰਨੇ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਵੀ ਪ੍ਰੋਤਸ਼ਾਹਨ ਰਾਸ਼ੀ ਦਿੱਤੀ ਜਾਵੇ ਤਾਂ ਜੋਂ ਗੰਨੇ ਦੀ ਫ਼ਸਲ ਹੇਠ ਰਕਬਾ ਵਧਾਉਣ ਲਈ ਕਿਸਾਨ ਉਤਸ਼ਾਹਿਤ ਹੋ ਸਕਣ। ਹੋਰਨਾਂ ਤੋਂ ਇਲਾਵਾ ਡਾਕਟਰ ਰਾਜੇਸ਼ ਗੋਇਲ ਪ੍ਰਿੰਸੀਪਲ ਸਾਇੰਟਿਸਟ, ਡਾਕਟਰ ਰਜਿੰਦਰ ਕੁਮਾਰ ਕੀਟ ਪ੍ਰਬੰਧ ਮਾਹਿਰ,ਵਾਈਸ ਪ੍ਰੈਜ਼ੀਡੈਂਟ ਸੁਧੀਰ ਬਾਲੀਆਨ,ਗੰਨਾ ਇੰਸਪੈਕਟਰ ਮੋਹਨ ਸਿੰਘ ਹਾਜ਼ਰ ਸਨ।

# ਲੋਕਤੰਤਰੀ ਸੰਸਥਾਵਾਂ ਤਾਂ ਹੀ ਮਜ਼ਬੂਤ ਅਤੇ ਪ੍ਰਸੰਗਿਕ ਹੋਣਗੀਆਂ ਜੇਕਰ ਉਹ ਪਾਰਦਰਸ਼ੀ, ਸਮਾਵੇਸ਼ੀ ਅਤੇ ਜਨਤਾ ਪ੍ਰਤੀ ਜਵਾਬਦੇਹ ਹੋਣ : ਲੋਕ ਸਭਾ ਸਪੀਕਰ ਬਿਰਲਾ



ਨਵੀਂ ਦਿੱਲੀ, 16 ਜਨਵਰੀ, (ਅੰਮ੍ਰਿਤਪਾਲ ਸਿੰਘ):: ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੁਆਰਾ ਵੀਰਵਾਰ ਨੂੰ ਉਦਘਾਟਨ ਕੀਤਾ ਗਿਆ 28ਵਾਂ ਰਾਸ਼ਟਰਮੰਡਲ ਸਪੀਕਰਾਂ ਅਤੇ ਪ੍ਰਧਾਨਗੀ ਅਧਿਕਾਰੀਆਂ ਦਾ ਸੰਮੇਲਨ (CSPOC) ਅੱਜ ਲੋਕਤੰਤਰੀ ਸੰਸਥਾਵਾਂ ਨੂੰ ਹੋਰ ਲੋਕ-ਕੇਂਦ੍ਰਿਤ ਬਣਾਉਣ ਦੀ ਨਵੀਂ ਵਚਨਬੱਧਤਾ ਨਾਲ ਸਮਾਪਤ ਹੋਇਆ। ਲੋਕ ਸਭਾ ਸਪੀਕਰ ਸ਼੍ਰੀ ਓਮ ਬਿਰਲਾ ਨੇ ਦੋ-ਰੋਜ਼ਾ ਕਾਨਫਰੰਸ ਵਿੱਚ ਸਮਾਪਤੀ ਭਾਸ਼ਣ ਦਿੱਤਾ। ਸਮਾਪਤੀ ਸੈਸ਼ਨ ਦੌਰਾਨ, ਲੋਕ ਸਭਾ ਸਪੀਕਰ ਨੇ 29ਵੇਂ CSPOC ਦੀ ਪ੍ਰਧਾਨਗੀ ਯੂਨਾਈਟਿਡ ਕਿੰਗਡਮ ਦੇ ਹਾਊਸ ਆਫ਼ ਕਾਮਨਜ਼ ਦੇ ਸਪੀਕਰ ਮਾਨਯੋਗ ਸਰ ਲਿੰਡਸੇ ਹੋਇਲ ਨੂੰ ਸੌਂਪੀ, ਅਤੇ ਲੰਡਨ ਵਿੱਚ ਹੋਣ ਵਾਲੇ ਅਗਲੇ CSPOC ਵਿੱਚ ਉਨ੍ਹਾਂ ਦੀ ਸਫਲਤਾ ਦੀ ਕਾਮਨਾ ਕੀਤੀ।

ਇਸ ਮੌਕੇ ਤੇ, ਸ਼੍ਰੀ ਬਿਰਲਾ ਨੇ ਕਿਹਾ ਕਿ ਲੋਕਤੰਤਰੀ ਸੰਸਥਾਵਾਂ ਤਾਂ ਹੀ ਮਜ਼ਬੂਤ ਅਤੇ ਪ੍ਰਸੰਗਿਕ ਰਹਿ ਸਕਦੀਆਂ ਹਨ ਜੇਕਰ ਉਹ ਪਾਰਦਰਸ਼ੀ, ਸਮਾਵੇਸ਼ੀ, ਜਵਾਬਦੇਹ ਅਤੇ ਜਨਤਾ ਪ੍ਰਤੀ ਜਵਾਬਦੇਹ ਹੋਣ। ਉਨ੍ਹਾਂ ਕਿਹਾ ਕਿ ਪਾਰਦਰਸ਼ਤਾ ਫੈਸਲੇ ਲੈਣ ਵਿੱਚ ਖੁੱਲ੍ਹੇਪਣ ਨੂੰ ਯਕੀਨੀ ਬਣਾ ਕੇ ਜਨਤਾ ਦੇ ਵਿਸ਼ਵਾਸ ਨੂੰ ਵਧਾਉਂਦੀ ਹੈ, ਜਦੋਂ ਕਿ ਸਮਾਵੇਸ਼ ਇਹ ਯਕੀਨੀ ਬਣਾਉਂਦਾ ਹੈ ਕਿ ਹਰ ਆਵਾਜ਼, ਖਾਸ ਕਰਕੇ ਸਮਾਜ ਦੇ ਹਾਸ਼ੀਏ ਤੇ ਰਹਿਣ ਵਾਲੇ, ਨੂੰ ਲੋਕਤੰਤਰੀ ਪ੍ਰਕਿਰਿਆ ਵਿੱਚ ਸੁਣਿਆ ਅਤੇ ਸਤਿਕਾਰਿਆ ਜਾਵੇ। ਉਨ੍ਹਾਂ ਦੇ ਅਨੁਸਾਰ, ਇਹ ਸਿਧਾਂਤ ਇਕੱਠੇ ਲੋਕਤੰਤਰੀ ਸੰਸਥਾਵਾਂ ਦੀ ਜਾਇਜ਼ਤਾ ਨੂੰ ਬਣਾਈ ਰੱਖਦੇ ਹਨ ਅਤੇ ਨਾਗਰਿਕਾਂ ਅਤੇ ਰਾਜ ਵਿਚਕਾਰ ਸਥਾਈ ਸਬੰਧਾਂ ਨੂੰ ਮਜ਼ਬੂਤ ਕਰਦੇ ਹਨ।

56 ਸਾਲ ਪਹਿਲਾਂ CSPOC ਦੀ ਸਥਾਪਨਾ ਦੇ ਪਿੱਛੇ ਦੇ ਦ੍ਰਿਸ਼ਟੀਕੋਣ ਨੂੰ ਯਾਦ ਕਰਦੇ ਹੋਏ, ਸ਼੍ਰੀ ਬਿਰਲਾ ਨੇ ਕਿਹਾ ਕਿ ਕਾਨਫਰੰਸ ਦੀ ਸਥਾਪਨਾ ਰਾਸ਼ਟਰਮੰਡਲ ਦੇ ਲੋਕਤੰਤਰੀ ਵਿਧਾਨ ਸਭਾਵਾਂ ਵਿੱਚ ਨਿਰੰਤਰ ਸੰਵਾਦ ਨੂੰ ਯਕੀਨੀ ਬਣਾਉਣ ਅਤੇ ਸੰਸਦੀ ਕੁਸ਼ਲਤਾ ਅਤੇ ਜਵਾਬਦੇਹੀ ਨੂੰ ਵਧਾਉਣ ਦੇ ਨਵੇਂ ਤਰੀਕਿਆਂ ਦੀ ਖੋਜ ਕਰਨ ਦੇ ਉਦੇਸ਼ ਨਾਲ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ 28ਵੇਂ ਸੀਐਸਪੀਓਸੀ ਨੇ ਇਸ ਵਿਰਾਸਤ ਨੂੰ ਨਵੀਂ ਊਰਜਾ ਅਤੇ ਮਹੱਤਵ ਨਾਲ ਅੱਗੇ ਵਧਾਇਆ ਹੈ। ਸਪੀਕਰ ਨੇ ਸੀਐਸਪੀਓਸੀ ਦੇ ਇਤਿਹਾਸ ਵਿੱਚ ਸਭ ਤੋਂ ਵੱਧ ਦੇਸ਼ਾਂ ਦੀ ਬੇਮਿਸਾਲ ਭਾਗੀਦਾਰੀ ਨੂੰ ਇਸ ਕਾਨਫਰੰਸ ਦੀ ਇੱਕ ਵਿਲੱਖਣ ਵਿਸ਼ੇਸ਼ਤਾ ਵਜੋਂ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਇਹ ਵਿਆਪਕ ਅਤੇ ਸਮਾਵੇਸ਼ੀ ਪ੍ਰਤੀਨਿਧਤਾ ਇਹ ਯਕੀਨੀ ਬਣਾਏਗੀ ਕਿ ਨਵੀਂ ਦਿੱਲੀ ਕਾਨਫਰੰਸ ਨੂੰ ਰਾਸ਼ਟਰਮੰਡਲ ਸੰਸਦੀ ਸਹਿਯੋਗ ਦੇ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਵਜੋਂ ਯਾਦ ਕੀਤਾ ਜਾਵੇ।

ਸ਼੍ਰੀ ਬਿਰਲਾ ਨੇ ਸਾਰੇ ਪ੍ਰਤੀਨਿਧੀਆਂ ਦੀ ਸਰਗਰਮ ਭਾਗੀਦਾਰੀ, ਉਤਸ਼ਾਹ ਅਤੇ ਸਿਰਜਣਾਤਮਕ ਭਾਵਨਾ ਲਈ ਡੂੰਘੀ ਪ੍ਰਸ਼ੰਸਾ ਪ੍ਰਗਟ ਕੀਤੀ, ਜਿਸ ਨੇ ਕਾਨਫਰੰਸ ਨੂੰ ਸਾਰਥਕ ਅਤੇ ਯਾਦਗਾਰੀ ਬਣਾਇਆ। ਉਨ੍ਹਾਂ ਕਿਹਾ ਕਿ ਵਿਚਾਰ-ਵਟਾਂਦਰੇ ਨੇ ਇਹ ਸਪੱਸ਼ਟ ਕਰ ਦਿੱਤਾ ਕਿ ਸੀਐਸਪੀਓਸੀ ਅੱਜ ਵੀ ਸੰਸਦਾਂ ਨੂੰ ਵਧੇਰੇ ਲੋਕ-ਕੇਂਦ੍ਰਿਤ, ਜਵਾਬਦੇਹ ਅਤੇ ਪ੍ਰਭਾਵਸ਼ਾਲੀ ਬਣਾਉਣ 'ਤੇ ਸਮੂਹਿਕ ਪ੍ਰਤੀਬਿੰਬ ਲਈ ਇੱਕ ਵਿਲੱਖਣ ਪਲੇਟਫਾਰਮ ਵਜੋਂ ਪ੍ਰਸੰਗਿਕ ਹੈ। ਉਨ੍ਹਾਂ ਨੇ ਇਤਿਹਾਸਕ ਸੰਵਿਧਾਨ ਭਵਨ ਵਿਖੇ ਕਾਨਫਰੰਸ ਦਾ ਉਦਘਾਟਨ ਕਰਨ ਅਤੇ ਉਨ੍ਹਾਂ ਦੇ ਪ੍ਰੇਰਨਾਦਾਇਕ ਭਾਸ਼ਣ ਲਈ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦਾ ਦਿਲੋਂ ਧੰਨਵਾਦ ਕੀਤਾ, ਜਿਸ ਨੇ ਭਾਰਤ ਦੀ ਅਮੀਰ ਲੋਕਤੰਤਰੀ ਵਿਰਾਸਤ ਅਤੇ ਚੁਣੌਤੀ ਦੇ ਸਮੇਂ ਵਿੱਚ ਵਿਸ਼ਵ ਭਾਈਚਾਰੇ ਦੇ ਨਾਲ ਖੜ੍ਹੇ ਹੋਣ ਦੀ ਮਜ਼ਬੂਤ ਵਚਨਬੱਧਤਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਜਾਗਰ ਕੀਤਾ। ਉਨ੍ਹਾਂ ਨੇ ਅੰਤਰ-ਸੰਸਦੀ ਯੂਨੀਅਨ ਦੇ ਪ੍ਰਧਾਨ ਅਤੇ ਰਾਸ਼ਟਰਮੰਡਲ ਸੰਸਦੀ ਐਸੋਸੀਏਸ਼ਨ ਦੇ ਪ੍ਰਧਾਨ ਦੀ ਮੌਜੂਦਗੀ ਅਤੇ ਯੋਗਦਾਨ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਦੀ ਭਾਗੀਦਾਰੀ ਨੇ ਚਰਚਾਵਾਂ ਨੂੰ ਹੋਰ ਅਮੀਰ ਬਣਾਇਆ। ਉਨ੍ਹਾਂ ਨੇ ਕਾਨਫਰੰਸ ਵਿੱਚ ਸ਼ਾਮਲ ਹੋਣ ਵਾਲੇ ਪ੍ਰੀਜ਼ਾਈਡਿੰਗ ਅਫਸਰਾਂ ਨਾਲ ਗੱਲਬਾਤ ਕਰਨ ਲਈ ਸਮਾਂ ਕੱਢਣ ਲਈ ਭਾਰਤ ਦੇ ਮਾਣਯੋਗ ਉਪ ਰਾਸ਼ਟਰਪਤੀ ਦਾ ਵੀ ਧੰਨਵਾਦ ਕੀਤਾ। ਸਪੀਕਰ ਨੇ ਯੂਨਾਈਟਿਡ ਕਿੰਗਡਮ ਦੇ ਹਾਊਸ ਆਫ ਕਾਮਨਜ਼ ਦੇ ਸਪੀਕਰ, ਸੱਜੇ ਮਾਣਯੋਗ ਸਰ ਲਿੰਡਸੇ ਹੋਇਲ ਨੂੰ ਅਗਲੀ ਸੀਐਸਪੀਓਸੀ ਦੀ ਸਫਲਤਾ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਆਉਣ ਵਾਲੀਆਂ ਸਥਾਈ ਕਮੇਟੀ ਮੀਟਿੰਗਾਂ ਦੇ ਮੇਜ਼ਬਾਨ ਪ੍ਰੀਜ਼ਾਈਡਿੰਗ ਅਫਸਰਾਂ ਨੂੰ ਵੀ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

28ਵੀਂ ਰਾਸ਼ਟਰਮੰਡਲ ਸਪੀਕਰਾਂ ਅਤੇ ਪ੍ਰੀਜ਼ਾਈਡਿੰਗ ਅਫਸਰਾਂ ਦੀ ਕਾਨਫਰੰਸ (CSPOC) ਨਵੀਂ ਦਿੱਲੀ ਵਿੱਚ ਆਸ਼ਾਵਾਦ, ਏਕਤਾ ਅਤੇ ਗੱਲਬਾਤ, ਸਹਿਯੋਗ ਅਤੇ ਨਵੀਨਤਾ ਰਾਹੀਂ ਸੰਸਦੀ ਲੋਕਤੰਤਰ ਨੂੰ ਮਜ਼ਬੂਤ ਕਰਨ ਦੇ ਨਵੇਂ ਸੰਕਲਪ ਨਾਲ ਸਮਾਪਤ ਹੋਈ। ਦੋ-ਰੋਜ਼ਾ ਕਾਨਫਰੰਸ ਆਪਸੀ ਸਤਿਕਾਰ, ਸਾਂਝੇ ਲੋਕਤੰਤਰੀ ਮੁੱਲਾਂ ਅਤੇ ਸਕਾਰਾਤਮਕ ਸ਼ਮੂਲੀਅਤ ਦੇ ਮਾਹੌਲ ਵਿੱਚ ਹੋਈ ਮਜ਼ਬੂਤ, ਦੂਰਦਰਸ਼ੀ ਵਿਚਾਰ-ਵਟਾਂਦਰੇ ਦੁਆਰਾ ਚਿੰਨ੍ਹਿਤ ਕੀਤੀ ਗਈ।

# ਰਣਨੀਤਕ ਨਿਵੇਸ਼ ਅਤੇ ਨਵੀਆਂ ਕਲੈਕਸ਼ਨਾਂ ਨਾਲ ਟ੍ਰਾਈਡੈਂਟ ਨੇ ਯੂਰਪ ਵਿੱਚ ਹੋਮ ਟੈਕਸਟਾਈਲ ਵਿਸਤਾਰ ਨੂੰ ਦਿੱਤੀ ਤੇਜ਼ੀ



ਪੰਜਾਬ/ ਚੰਡੀਗੜ੍ਹ , 16 ਜਨਵਰੀ, (ਚ.ਨ.ਸ.): ਭਾਰਤ ਦੀਆਂ ਅਗੇਤਰੀ ਇੰਟੀਗ੍ਰੇਟਿਡ ਹੋਮ ਟੈਕਸਟਾਈਲ ਨਿਰਮਾਤਾ ਕੰਪਨੀਆਂ ਵਿੱਚ ਸ਼ਾਮਲ ਟ੍ਰਾਈਡੈਂਟ ਗਰੁੱਪ ਨੇ ਯੂਰਪ ਵਿੱਚ ਆਪਣੀ ਮੌਜੂਦਗੀ ਹੋਰ ਮਜ਼ਬੂਤ ਕਰਦੇ ਹੋਏ ਹੇਮਟੈਕਸਟਾਈਲ 2026 ਵਿੱਚ ਆਪਣੇ ਨਵੇਂ ਕਲੈਕਸ਼ਨ ਪੇਸ਼ ਕੀਤੇ। ਦੁਨੀਆ ਦਾ ਸਭ ਤੋਂ ਵੱਡੇ ਹੋਮ ਅਤੇ ਕਾਂਟ੍ਰੈਕਟ ਟੈਕਸਟਾਈਲ ਟਰੇਡ ਫੇਅਰ 'ਹੇਮਟੈਕਸਟਾਈਲ' ਦਾ ਆਯੋਜਨ 13 ਤੋਂ 16 ਜਨਵਰੀ 2026 ਤੱਕ ਜਰਮਨੀ ਦੇ ਮੈਸੇ ਫ੍ਰੈਂਕਫਰਟ ਵਿੱਚ ਕੀਤਾ ਗਿਆ।ਇਸ ਭਾਗੀਦਾਰੀ ਰਾਹੀਂ ਟ੍ਰਾਈਡੈਂਟ ਨੇ ਯੂਰਪ ਵਿੱਚ ਆਪਣੇ ਵਿਸਤਾਰ 'ਤੇ ਧਿਆਨ ਕੇਂਦਰਿਤ ਕਰਦਿਆਂ ਇਹ ਦਰਸਾਇਆ ਕਿ ਭਾਰਤ, ਯੂਕੇ ਅਤੇ ਯੂਰਪੀ ਯੂਨੀਅਨ ਦਰਮਿਆਨ ਪ੍ਰਸਤਾਵਿਤ ਮੁਫ਼ਤ ਵਪਾਰ ਸਮਝੌਤਿਆਂ (ਐਫਟੀਏ) ਨਾਲ ਬਣ ਰਹੀਆਂ ਅਨੁਕੂਲ ਵਪਾਰਕ ਸੰਭਾਵਨਾਵਾਂ ਨੂੰ ਧਿਆਨ ਵਿੱਚ ਰੱਖ ਕੇ ਕੰਪਨੀ ਅੱਗੇ ਵਧ ਰਹੀ ਹੈ।

ਹੇਮਟੈਕਸਟਾਈਲ ਵਿੱਚ ਟ੍ਰਾਈਡੈਂਟ ਨੇ ਆਪਣੀ 'ਟੀਜੀ ਕਲੈਕਸ਼ਨ' ਨੂੰ ਪੇਸ਼ ਕੀਤਾ, ਜੋ 'ਵਿਜ਼ੀਬਲ ਇਨਵਿਜ਼ੀਬਲ' ਥੀਮ 'ਤੇ ਆਧਾਰਿਤ ਹੈ। ਇਹ ਕਲੈਕਸ਼ਨ ਆਧੁਨਿਕ ਡਿਜ਼ਾਈਨ, ਸਸਟੇਨੇਬਿਲਿਟੀ ਅਤੇ ਨਵੀਨਤਾ ਦਾ ਮੇਲ ਹੈ, ਜੋ ਇਹ ਦਰਸਾਉਂਦਾ ਹੈ ਕਿ ਸੋਚ-ਵਿਚਾਰ ਨਾਲ ਕੀਤੀਆਂ ਡਿਜ਼ਾਈਨ ਚੋਣਾਂ, ਜ਼ਿੰਮੇਵਾਰ ਸੋਰਸਿੰਗ ਅਤੇ ਉੱਨਤ ਮੈਨੂਫੈਕਚਰਿੰਗ ਰਾਹੀਂ ਰੋਜ਼ਾਨਾ ਵਰਤੋਂ ਵਾਲੇ ਹੋਮ ਟੈਕਸਟਾਈਲ ਉਤਪਾਦ ਕਿਵੇਂ ਤਿਆਰ ਹੁੰਦੇ ਹਨ। ਇਹ ਸਭ ਕੁਝ ਯੂਰਪੀ ਉਪਭੋਗਤਾਵਾਂ ਦੀਆਂ ਬਦਲਦੀਆਂ ਉਮੀਦਾਂ ਦੇ ਅਨੁਕੂਲ ਹੈ। ਇਸ ਸਾਲ ਹੇਮਟੈਕਸਟਾਈਲ ਵਿੱਚ ਖ਼ਾਸ ਤੌਰ 'ਤੇ ਸਸਟੇਨੇਬਿਲਿਟੀ ਅਤੇ ਹੋਮ ਟੈਕਸਟਾਈਲ ਵਿੱਚ ਆਰਟੀਫੀਸ਼ਲ ਇੰਟੈਲੀਜੈਂਸ 'ਤੇ ਧਿਆਨ ਕੇਂਦਰਿਤ ਕੀਤਾ।

ਕੰਪਨੀ ਦੀ ਯੂਰਪੀ ਰਣਨੀਤੀ 'ਤੇ ਟਿੱਪਣੀ ਕਰਦਿਆਂ ਟ੍ਰਾਈਡੈਂਟ ਗਰੁੱਪ ਦੇ ਸੀਈਓ, ਸਟ੍ਰੈਟਜੀ ਐਂਡ ਮਾਰਕੀਟਿੰਗ, ਅਭਿਸ਼ੇਕ ਗੁਪਤਾ ਨੇ ਕਿਹਾ,ਯੂਰਪ ਸਾਡੇ ਹੋਮ ਟੈਕਸਟਾਈਲ ਕਾਰੋਬਾਰ ਲਈ ਇੱਕ ਰਣਨੀਤਕ ਬਾਜ਼ਾਰ ਹੈ। ਅਨੁਕੂਲ ਵਪਾਰਕ ਵਿਕਾਸ ਦੀਆਂ ਸੰਭਾਵਨਾਵਾਂ ਨੂੰ ਵੇਖਦੇ ਹੋਏ ਅਸੀਂ ਸਥਾਨਕ ਨੇਤ੍ਰਿਤਵ ਵਿੱਚ ਨਿਵੇਸ਼ ਕਰ ਰਹੇ ਹਾਂ ਅਤੇ ਅਜਿਹੀਆਂ ਕਲੈਕਸ਼ਨਾਂ ਪੇਸ਼ ਕਰ ਰਹੇ ਹਾਂ ਜੋ ਸਸਟੇਨੇਬਿਲਿਟੀ, ਗੁਣਵੱਤਾ ਅਤੇ ਡਿਜ਼ਾਈਨ ਸੰਬੰਧੀ ਯੂਰਪੀ ਪਸੰਦਾਂ ਨੂੰ ਦਰਸਾਉਂਦੀਆਂ ਹਨ। ਗਲੋਬਲ ਹੋਮ ਟੈਕਸਟਾਈਲ ਬਾਜ਼ਾਰ ਦਾ ਆਕਾਰ ਲਗਭਗ 136-140 ਅਰਬ ਅਮਰੀਕੀ ਡਾਲਰ ਅੰਕਲਨ ਕੀਤਾ ਗਿਆ ਹੈ ਅਤੇ ਆਉਣ ਵਾਲੇ ਸਾਲਾਂ ਵਿੱਚ ਇਸ ਵਿੱਚ ਸਥਿਰ ਵਾਧੇ ਦੀ ਉਮੀਦ ਹੈ। ਇਸ ਪ੍ਰਸੰਗ ਵਿੱਚ ਟ੍ਰਾਈਡੈਂਟ ਯੂਰਪੀ ਰਿਟੇਲਰਾਂ ਨਾਲ ਸਾਂਝੇਦਾਰੀਆਂ ਨੂੰ ਹੋਰ ਮਜ਼ਬੂਤ ਕਰਨ ਅਤੇ ਜ਼ਿੰਮੇਵਾਰੀ ਨਾਲ ਕਾਰੋਬਾਰ ਵਧਾਉਣ ਵੱਲ ਅੱਗੇ ਵਧ ਰਿਹਾ ਹੈ।

ਇਸ ਵਿਸਤਾਰ ਨੂੰ ਸਮਰਥਨ ਦੇਣ ਲਈ ਟ੍ਰਾਈਡੈਂਟ ਨੇ ਜਰਮਨੀ ਅਤੇ ਫ਼ਰਾਂਸ ਲਈ ਸਮਰਪਿਤ ਡਾਇਰੈਕਟਰ ਨਿਯੁਕਤ ਕਰਕੇ ਆਪਣੀ ਸਥਾਨਕ ਮੌਜੂਦਗੀ ਨੂੰ ਹੋਰ ਮਜ਼ਬੂਤ ਕੀਤਾ ਹੈ। ਇਸ ਨਾਲ ਗਾਹਕਾਂ ਨਾਲ ਨੇੜਲਾ ਸੰਪਰਕ, ਤੇਜ਼ ਪ੍ਰਤਿਕਿਰਿਆ ਅਤੇ ਮੁੱਖ ਬਾਜ਼ਾਰਾਂ ਵਿੱਚ ਮਜ਼ਬੂਤ ਜ਼ਮੀਨੀ ਸੰਬੰਧ ਬਣਾਉਣ ਵਿੱਚ ਮਦਦ ਮਿਲੇਗੀ।

ਹੇਮਟੈਕਸਟਾਈਲ ਵਿੱਚ ਟ੍ਰਾਈਡੈਂਟ ਦੀ ਪ੍ਰਸਤੁਤੀ ਭਾਰਤੀ ਸੱਭਿਆਚਾਰਕ ਸ਼ਾਸਤਰ ਤੋਂ ਪ੍ਰੇਰਿਤ ਹੈ, ਜਿਸ ਵਿੱਚ ਆਰਾਮ, ਖ਼ੁਸ਼ੀ ਅਤੇ ਮਜ਼ਬੂਤੀ ਵਰਗੀਆਂ ਭਾਵਨਾਵਾਂ ਨੂੰ ਬਾਥ ਅਤੇ ਬੈੱਡ ਲਿਨਨ ਕਲੈਕਸ਼ਨਾਂ ਰਾਹੀਂ ਦਰਸਾਇਆ ਗਿਆ ਹੈ। ਟੀਜੀ ਰੇਂਜ ਵਿੱਚ ਜ਼ਿੰਮੇਵਾਰੀ ਨਾਲ ਸਰੋਤ ਕੀਤਾ ਕਪਾਹ, ਪਰਫਾਰਮੈਂਸ-ਅਧਾਰਿਤ ਫਿਨਿਸ਼ ਅਤੇ ਆਧੁਨਿਕ ਰੰਗ ਸੰਯੋਜਨ ਸ਼ਾਮਲ ਹਨ। ਇਸ ਕਲੈਕਸ਼ਨ ਨੂੰ ਹੇਮਟੈਕਸਟਾਈਲ ਦੌਰਾਨ ਜਰਮਨੀ, ਫ਼ਰਾਂਸ, ਯੂਕੇ ਸਮੇਤ ਹੋਰ ਯੂਰਪੀ ਬਾਜ਼ਾਰਾਂ ਦੇ ਖਰੀਦਦਾਰਾਂ ਵੱਲੋਂ ਉਤਸ਼ਾਹਜਨਕ ਪ੍ਰਤਿਕਿਰਿਆ ਮਿਲੀ।

# ਇੱਛਾਵਾਂ ਤੋਂ ਰੁਜ਼ਗਾਰ ਤੱਕ: ਰਾਸ਼ਟਰੀ ਯੁਵਾ ਦਿਵਸ ਵੱਲੋਂ ਸਾਂਸਦ ਸਾਹਨੀ ਦੀ ਨੌਜਵਾਨਾਂ ਨਾਲ ਗੱਲਬਾਤ




ਨਵੀਂ ਦਿੱਲੀ, 16 ਜਨਵਰੀ, (ਅੰਮ੍ਰਿਤਪਾਲ ਸਿੰਘ) : ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਅੱਜ ਰਾਸ਼ਟਰੀ ਯੁਵਾ ਦਿਵਸ ਦੇ ਮੌਕੇ ਤੇ ਨਵੀਂ ਦਿੱਲੀ ਦੇ ਵਿਸ਼ਵ ਪੱਧਰੀ ਹੁਨਰ ਕੇਂਦਰ ਵਿਖੇ ਇੱਕ ਯੂਥ ਟਾਊਨਹਾਲ ਦਾ ਆਯੋਜਨ ਕੀਤਾ। ਇਸ ਸਮਾਗਮ ਦੌਰਾਨ, ਉਨ੍ਹਾਂ ਨੇ ਨੌਜਵਾਨਾਂ ਨਾਲ ਉਨ੍ਹਾਂ ਦੀਆਂ ਇੱਛਾਵਾਂ, ਚੁਣੌਤੀਆਂ ਅਤੇ ਭਵਿੱਖ ਦੀਆਂ ਇੱਛਾਵਾਂ ਬਾਰੇ ਇੱਕ ਖੁੱਲ੍ਹੀ ਅਤੇ ਇੰਟਰਐਕਟਿਵ ਚਰਚਾ ਕੀਤੀ। ਨੌਜਵਾਨਾਂ ਨੇ ਟਾਊਨਹਾਲ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਰੁਜ਼ਗਾਰ, ਹੁਨਰ, ਆਰਥਿਕ ਸੁਰੱਖਿਆ ਅਤੇ ਮਾਨਸਿਕ ਸਿਹਤ ਨਾਲ ਸਬੰਧਤ ਮੁੱਦਿਆਂ ਤੇ ਉਸਾਰੂ ਗੱਲਬਾਤ ਵਿੱਚ ਹਿੱਸਾ ਲਿਆ।

ਡਾ. ਸਾਹਨੀ ਨੇ ਕਿਹਾ ਕਿ ਰਾਸ਼ਟਰੀ ਯੁਵਾ ਦਿਵਸ ਸਿਰਫ਼ ਇੱਕ ਯਾਦਗਾਰੀ ਦਿਨ ਨਹੀਂ ਹੈ, ਬਲਕਿ ਇਹ ਯਾਦ ਦਿਵਾਉਂਦਾ ਹੈ ਕਿ ਨੌਜਵਾਨਾਂ ਨਾਲ ਜੁੜਨਾ, ਉਨ੍ਹਾਂ ਨੂੰ ਸੁਣਨਾ ਅਤੇ ਸਮਝਣਾ, ਉਨ੍ਹਾਂ ਨੂੰ ਸਸ਼ਕਤ ਬਣਾਉਣ ਵੱਲ ਪਹਿਲਾ ਕਦਮ ਹੈ।

ਡਾ. ਸਾਹਨੀ ਨੇ ਕਿਹਾ ਕਿ ਇਸ ਸੰਵਾਦ ਦੌਰਾਨ, ਵਿਦਿਆਰਥੀਆਂ ਨੇ ਮੁੱਖ ਤੌਰ ਤੇ ਰੁਜ਼ਗਾਰ ਦੇ ਮੌਕੇ, ਕਰੀਅਰ ਦੀ ਅਨਿਸ਼ਚਿਤਤਾ ਅਤੇ ਵਧਦੇ ਤਣਾਅ ਵਰਗੇ ਮੁੱਦਿਆਂ ਬਾਰੇ ਗੱਲਬਾਤ ਕੀਤਾ।

ਸਿੱਖਿਆ ਅਤੇ ਰੁਜ਼ਗਾਰ ਵਿਚਲੇ ਪਾੜੇ ਨੂੰ ਪੂਰਾ ਕਰਨ ਦੀ ਲੋੜ ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਭਾਰਤ ਹੁਨਰ-ਅਧਾਰਤ ਸਿੱਖਿਆ, ਅਪ੍ਰੈਂਟਿਸਸ਼ਿਪਾਂ ਅਤੇ ਯਕੀਨੀ ਰੁਜ਼ਗਾਰ ਦੇ ਰਾਹ ਨੂੰ ਵਿਕਸਤ ਕੀਤੇ ਬਿਨਾਂ ਆਪਣੀ ਜਨਸੰਖਿਆ ਦੇ ਫ਼ਾਇਦਿਆਂ ਦੀ ਪੂਰੀ ਵਰਤੋਂ ਨਹੀਂ ਕਰ ਸਕਦਾ।

ਸਵਾਮੀ ਵਿਵੇਕਾਨੰਦ ਦੀਆਂ ਸਿੱਖਿਆਵਾਂ ਦਾ ਹਵਾਲਾ ਦਿੰਦੇ ਹੋਏ, ਡਾ. ਸਾਹਨੀ ਨੇ ਕਿਹਾ ਕਿ ਮਾਨਸਿਕ ਤਾਕਤ ਅਤੇ ਚਰਿੱਤਰ ਨਿਰਮਾਣ ਨੌਜਵਾਨ ਸਸ਼ਕਤੀਕਰਨ ਦੀ ਨੀਂਹ ਹਨ, ਅਤੇ ਇਹ ਕਦਰਾਂ-ਕੀਮਤਾਂ ਰਾਸ਼ਟਰ ਨਿਰਮਾਣ ਦੀ ਦਿਸ਼ਾ ਨੂੰ ਮਜ਼ਬੂਤ ਕਰਦੀਆਂ ਹਨ।

# ਕੈਨੇਡਾ ਅਤੇ ਚੀਨ ਦੇ ਰਿਸ਼ਤੇ 'ਨਵੇਂ ਦੌਰ' 'ਚ ਦਾਖ਼ਲ : ਕਾਰਨੀ



ਬੀਜਿੰਗ, 16 ਜਨਵਰੀ , (ਚ.ਨ.ਸ.) : ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਬੀਜਿੰਗ ਵਿੱਚ ਕਿਹਾ ਕਿ ਕੈਨੇਡਾ ਅਤੇ ਚੀਨ ਦੇ ਰਿਸ਼ਤੇ ਹੁਣ ਨਵੇਂ ਦੌਰ ਵਿੱਚ ਦਾਖ਼ਲ ਹੋ ਰਹੇ ਹਨ ਅਤੇ ਦੋਵੇਂ ਦੇਸ਼ ਰਣਨੀਤਿਕ ਸਾਂਝੇਦਾਰ ਬਣਨ ਦੀ ਦਿਸ਼ਾ ਵੱਲ ਵਧ ਰਹੇ ਹਨ। ਉਨ੍ਹਾਂ ਨੇ ਇਹ ਟਿੱਪਣੀ ਉਸ ਸਮੇਂ ਕੀਤੀ ਜਦੋਂ ਉਨ੍ਹਾਂ ਦਾ ਚੀਨ ਦੇ ਪ੍ਰੀਮੀਅਰ ਲੀ ਕਿਅੰਗ ਅਤੇ ਨੈਸ਼ਨਲ ਪੀਪਲਜ਼ ਕਾਂਗਰਸ ਦੀ ਸਟੈਂਡਿੰਗ ਕਮੇਟੀ ਦੇ ਚੇਅਰਮੈਨ ਝਾਓ ਲੇਜੀ ਵੱਲੋਂ ਸਵਾਗਤ ਕੀਤਾ ਗਿਆ। ਕਾਰਨੀ ਨੇ ਕਿਹਾ ਕਿ ਊਰਜਾ, ਖੇਤੀਬਾੜੀ, ਲੋਕ-ਤੋਂ-ਲੋਕ ਸੰਪਰਕ, ਬਹੁਪੱਖੀ ਸਹਿਯੋਗ ਅਤੇ ਸੁਰੱਖਿਆ ਵਰਗੇ ਖੇਤਰਾਂ ਵਿੱਚ ਸਾਂਝੀਦਾਰੀ ਦੋਵੇਂ ਦੇਸ਼ਾਂ ਦੇ ਲੋਕਾਂ ਲਈ ਲਾਭਦਾਇਕ ਹੋਵੇਗੀ। ਉਨ੍ਹਾਂ ਨੇ ਉਮੀਦ ਜਤਾਈ ਕਿ ਇਹ ਸਹਿਯੋਗ ਦੁਨੀਆਂ ਲਈ ਇਕ ਉਦਾਹਰਨ ਬਣੇਗਾ। ਇਸ ਦੌਰੇ ਦੌਰਾਨ ਕੈਨੇਡਾ ਅਤੇ ਚੀਨ ਦੇ ਅਧਿਕਾਰੀਆਂ ਵਿਚਕਾਰ ਕਈ ਸਮਝੌਤਾ ਯਾਦਦਾਸ਼ਤਾਂ ▾ਤੇ ਦਸਤਖ਼ਤ ਕੀਤੇ ਗਏ, ਜਿਨ੍ਹਾਂ ਵਿੱਚ ਪਸ਼ੂ-ਸਿਹਤ ਅਤੇ ਪੈੱਟ ਫੂਡ ਦੀ ਸਫ਼ਾਈ ਮਾਨੀਟਰਿੰਗ ਸ਼ਾਮਿਲ ਹੈ। ਚੀਨ ਦੇ ਪ੍ਰੀਮੀਅਰ ਲੀ ਕਿਅੰਗ ਨੇ ਦੋਪੱਖੀ ਰਿਸ਼ਤਿਆਂ ਵਿੱਚ ਨਵੀਂ ਸ਼ੁਰੂਆਤ ਦੀ ਗੱਲ ਕੀਤੀ। ਪ੍ਰਧਾਨ ਮੰਤਰੀ ਕਾਰਨੀ ਨੇ ਕਿਹਾ ਕਿ ਰਿਸ਼ਤਿਆਂ ਵਿੱਚ ਆਈ ਤੇਜ਼ੀ ਅਤੇ ਰਾਸ਼ਟਰਪਤੀ ਸੀ ਜਿਨਪਿੰਗ ਦੀ ਅਗਵਾਈ ਤੋਂ ਉਹ ਉਤਸ਼ਾਹਿਤ ਹੋ ਰਹੇ ਹਨ। ਇਹ ਦੌਰਾ ਦੋਵੇਂ ਦੇਸ਼ਾਂ ਵਿਚਕਾਰ ਵਪਾਰਕ ਅਤੇ ਆਰਥਿਕ ਸਬੰਧਾਂ ਦੇ ਮੁੜ ਮਜ਼ਬੂਤ ਹੋਣ ਦਾ ਸੰਕੇਤ ਦਿੰਦਾ ਹੈ।

# ਟਰੰਪ ਦੀਆਂ ਧਮਕੀਆਂ ਨੇ ਹਿਲਾਇਆ ਯੂਪੀ ਦਾ ਮੇਂਥਾ ਕਾਰੋਬਾਰ

ਰਾਮਪੁਰ, 16 ਜਨਵਰੀ , (ਚ.ਨ.ਸ.): ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਇਨ੍ਹੀਂ ਦਿਨੀਂ ਟੈਰਿਫ (ਟੈਕਸ) ਨੂੰ ਲੈ ਕੇ ਆਏ ਦਿਨ ਨਵੀਆਂ-ਨਵੀਆਂ ਧਮਕੀਆਂ ਦੇ ਰਹੇ ਹਨ। ਪਹਿਲਾਂ 50 ਫੀਸਦੀ ਟੈਰਿਫ ਲਗਾਇਆ, ਫਿਰ ਰੂਸ ਤੋਂ ਤੇਲ ਖਰੀਦਣ ਦੇ ਨਾਮ ਤੇ 25 ਫੀਸਦੀ ਪੈਨਲਟੀ ਲਗਾਈ। ਪਿਛਲੇ ਦਿਨੀਂ ਭਾਰਤ ਤੇ 500 ਫੀਸਦੀ ਟੈਰਿਫ ਲਗਾਉਣ ਦੀ ਧਮਕੀ ਵੀ ਦੇ ਦਿੱਤੀ ਅਤੇ ਜੇਕਰ ਉਸ ਨਾਲ ਵੀ ਗੱਲ ਨਹੀਂ ਬਣੀ ਤਾਂ ਈਰਾਨ ਨਾਲ ਵਪਾਰ ਕਰਨ ਤੇ 25 ਫੀਸਦੀ ਵਾਧੂ ਟੈਰਿਫ ਲਗਾਉਣ ਦੀ ਚਿਤਾਵਨੀ ਦੇ ਦਿੱਤੀ ਹੈ।ਰਾਮਪੁਰ ਜ਼ਿਲ੍ਹੇ ਤੋਂ ਅਮਰੀਕਾ ਨੂੰ ਸਭ ਤੋਂ ਵੱਧ ਨਿਰਯਾਤ ਮੇਂਥਾ ਤੇਲ (Mentha Oil) ਅਤੇ ਉਸ ਤੋਂ ਬਣੇ ਉਤਪਾਦਾਂ ਦਾ ਹੁੰਦਾ ਹੈ। ਇਸ ਤੋਂ ਇਲਾਵਾ ਸਪੇਨ, ਬ੍ਰਿਟੇਨ, ਕੋਰੀਆ, ਤਾਈਵਾਨ ਆਦਿ ਦੇਸ਼ਾਂ ਨੂੰ ਵੀ ਨਿਰਯਾਤ ਹੁੰਦਾ ਹੈ, ਪਰ ਸਭ ਤੋਂ ਵੱਧ ਕਰੀਬ 400 ਕਰੋੜ ਰੁਪਏ ਦਾ ਮੇਂਥਾ ਅਮਰੀਕਾ ਨੂੰ ਭੇਜਿਆ ਜਾਂਦਾ ਹੈ। ਅਮਰੀਕਾ ਵੱਲੋਂ ਟੈਰਿਫ ਲਗਾਏ ਜਾਣ ਤੋਂ ਬਾਅਦ ਇਹ ਨਿਰਯਾਤ ਹੁਣ ਅੱਧਾ ਰਹਿ ਗਿਆ ਹੈ। ਡੋਨਾਲਡ ਟਰੰਪ ਦੀਆਂ ਵਾਰ-ਵਾਰ ਧਮਕੀਆਂ ਤੋਂ ਬਾਅਦ ਹੁਣ ਨਿਰਯਾਤਕ ਨਵੇਂ ਵਿਕਲਪਾਂ ਦੀ ਭਾਲ ਕਰ ਰਹੇ ਹਨ ਅਤੇ ਅਮਰੀਕਾ ਤੋਂ ਇਲਾਵਾ ਹੋਰ ਦੇਸ਼ਾਂ ਵਿੱਚ ਖਰੀਦਦਾਰ ਲੱਭ ਰਹੇ ਹਨ।

# ਵਾਸ਼ਿੰਗਟਨ ਸਟੇਟ ਪੈਟਰੋਲ ਪੁਲਿਸ ਵਿੱਚ ਬਤੌਰ ਦਸਤਾਰਧਾਰੀ ਸਿੱਖ ਸਤਨਾਮ ਸਿੰਘ ਤਾਇਨਾਤ ਅਫ਼ਸਰ ਪਹਿਲਾ

## ਜਲੰਧਰ ਜ਼ਿਲ੍ਹੇ ਦੇ ਆਦਮਪੁਰ ਇਲਾਕੇ ਦੇ ਕਾਲੜਾ ਪਿੰਡ ਨਾਲ ਸੰਬੰਧਿਤ ਹੈ



ਸਿਆਟਲ, 16 ਜਨਵਰੀ , (ਚ.ਨ.ਸ.) :ਸਿਆਟਲ ਅਤੇ ਪੂਰੀ ਵਾਸ਼ਿੰਗਟਨ ਸਟੇਟ ਦੇ ਸਿੱਖ ਭਾਈਚਾਰੇ ਲਈ ਅੱਜ ਇਕ ਵੱਡੀ ਖੁਸ਼ਖ਼ਬਰੀ ਸਾਹਮਣੇ ਆਈ ਜਦੋਂ ਇਕ ਪਹਿਲੇ ਦਸਤਾਰਧਾਰੀ ਸਿੱਖ ਸਤਨਾਮ ਸਿੰਘ ਨੇ ਵਾਸ਼ਿੰਗਟਨ ਸਟੇਟ ਪੈਟਰੋਲ ਪੁਲਿਸ ਵਿਚ ਆਪਣੀ ਨੌਕਰੀ ਜੁਆਇਨ ਕੀਤੀ। ਸਤਨਾਮ ਸਿੰਘ ਜੋਕਿ ਪੰਜਾਬ ਦੇ ਜਲੰਧਰ ਜ਼ਿਲ੍ਹੇ ਦੇ ਆਦਮਪੁਰ ਇਲਾਕੇ ਦੇ ਕਾਲੜਾ ਪਿੰਡ ਨਾਲ ਸੰਬੰਧਿਤ ਹੈ। ਉਨ੍ਹਾਂ ਨੇ ਦੱਸਿਆ ਕਿ ਉਸਨੂੰ ਮਾਣ ਤੇ ਫ਼ਖ਼ਰ ਮਹਿਸੂਸ ਹੋ ਰਿਹਾ ਹੈ ਕਿ ਮੈਂ 24 ਹਫ਼ਤਿਆਂ ਦੀ ਸਖ਼ਤ ਟ੍ਰੇਨਿੰਗ ਤੋਂ ਬਾਅਦ ਆਪਣੀ ਡਿਊਟੀ ਜੁਆਇਨ ਕੀਤੀ ਹੈ।ਸਤਨਾਮ ਸਿੰਘ ਨੇ ਪਰਮਾਤਮਾ ਦਾ ਹੁੰਦਿਆਂ ਕਿਹਾ ਉਹ ਪੂਰੀ ਵਾਸ਼ਿੰਗਟਨ ਸਟੇਟ ਵਿਚ ਸਟੇਟ ਪੈਟਰੋਲ ਵਿਚ ਪਹਿਲਾ ਦਸਤਾਰਧਾਰੀ ਸਿੱਖ ਅਫ਼ਸਰ ਬਣਿਆ ਹੈ। ਸਤਨਾਮ ਸਿੰਘ ਨੇ ਹੋਰ ਵੀ ਸਿੱਖ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸੁਰੱਖਿਆ ਏਜੰਸੀਆਂ ਵਿਚ ਸ਼ਾਮਿਲ ਹੋਣ ਲਈ ਕੋਸ਼ਿਸ਼ ਕਰਨ।ਸਤਨਾਮ ਸਿੰਘ ਦੀ ਨਿਯੁਕਤੀ ਦੀ ਖ਼ਬਰ ਨਾਲ ਇਥੇ ਪੰਜਾਬੀ ਸਿੱਖ ਭਾਈਚਾਰੇ ਪੁਲਿਸ ਅਫ਼ਸਰ ਸਤਨਾਮ ਸਿੰਘ ਵਿਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਸਤਨਾਮ ਸਿੰਘ ਨੂੰ ਸ਼ੁਭਕਾਮਨਾਵਾਂ ਦੇਣ ਵਾਲਿਆਂ ਵਿਚ ਗੁਰਦੁਆਰਾ ਗੁਰੂ ਨਾਨਕ ਸਿੱਖ ਟੈਂਪਲ ਮੈਰਿਸਵੈਲ ਦੇ ਪ੍ਰਧਾਨ ਤੇ ਸਿਆਟਲ ਦੇ ਧਨਾਢ ਕਾਰੋਬਾਰੀ ਬਲਬੀਰ ਸਿੰਘ ਉਸਮਾਨਪੁਰ, ਗੁਰਦੁਆਰਾ ਸੱਚਾ ਮਾਰਗ ਦੇ ਪ੍ਰਧਾਨ ਹਰਸ਼ਿੰਦਰ ਸਿੰਘ ਸੰਧੂ, ਗੁਰਦੁਆਰਾ ਰੈਂਟਨ ਕਮੇਟੀ ਦੇ ਮੈਂਬਰ ਤਾਰਾ ਸਿੰਘ ਤੰਬੜ, ਜਗਮੋਹਰ ਸਿੰਘ ਵਿਰਕ, ਸਿਆਟਲ ਦੇ ਧਨਾਢ ਕਿਸਾਨ ਆਗੂ ਚੇਤ ਸਿੰਘ ਸਿੱਧੂ, ਨੌਜਵਾਨ ਅਕਾਲੀ ਆਗੂ ਗੁਰਬਿੰਦਰ ਸਿੰਘ , ਇੰਦਰਜੀਤ ਗਿੱਲ, ਸਿੱਖ ਪ੍ਰਚਾਰਕ ਇੰਦਰਜੀਤ ਸਿੰਘ ਬੱਲੋਵਾਲ, ਹਰਨੇਕ ਸਿੰਘ ਪਾਬਲਾ, ਮਨਜੀਤ ਸਿੰਘ ਥਿੰਦ, ਹਰਦੀਪ ਸਿੰਘ ਗਿੱਲ, ਗੁਰਲਾਲ ਸਿੰਘ ਬਰਾੜ, ਕੈਂਟ ਸਿਟੀ ਕੌਂਸਲ ਮੈਂਬਰ ਸਤਵਿੰਦਰ ਕੌਰ, ਚਰਨਜੀਤ ਸਿੰਘ ਫਗਵਾੜਾ ਆਦਿ ਸ਼ਾਮਿਲ ਹਨ।

# ਏਅਰ ਇੰਡੀਆ ਦੀ ਸਿੰਗਾਪੁਰ ਜਾਣ ਵਾਲੀ ਉਡਾਣ ਤਕਨੀਕੀ ਸਮੱਸਿਆ ਕਾਰਨ ਪਰਤੀ

ਨਵੀਂ ਦਿੱਲੀ, 16 ਜਨਵਰੀ , (ਚ.ਨ.ਸ.) : ਸਿੰਗਾਪੁਰ ਜਾਣ ਵਾਲੀ ਏਅਰ ਇੰਡੀਆ ਦੀ ਉਡਾਣ ਅੱਜ ਤਕਨੀਕੀ ਸਮੱਸਿਆ ਕਾਰਨ ਸਵੇਰੇ ਕੌਮੀ ਰਾਜਧਾਨੀ ਪਰਤ ਆਈ।ਸੂਤਰਾਂ ਨੇ ਦੱਸਿਆ ਕਿ ਏ.ਪੀ.ਯੂ. (ਸਹਾਇਕ ਪਾਵਰ ਯੂਨਿਟ) ਵਿਚ ਤਕਨੀਕੀ ਸਮੱਸਿਆ ਆਈ ਜਿਸ ਤੋਂ ਬਾਅਦ ਜਹਾਜ਼ ਲਗਪਗ ਇੱਕ ਘੰਟੇ ਤੱਕ ਹਵਾ ਵਿੱਚ ਰਹਿਣ ਤੋਂ ਬਾਅਦ ਦਿੱਲੀ ਵਾਪਸ ਆ ਗਿਆ। ਇਸ ਉਡਾਣ ਵਿਚ 190 ਯਾਤਰੀ ਸਵਾਰ ਸਨ। ਇਸ ਤੋਂ ਬਾਅਦ ਯਾਤਰੀਆਂ ਨੂੰ ਦੂਜੇ ਜਹਾਜ਼ ਵਿੱਚ ਸਿੰਗਾਪੁਰ ਭੇਜਿਆ ਗਿਆ।ਏਅਰ ਇੰਡੀਆ ਦੇ ਬੁਲਾਰੇ ਨੇ ਕਿਹਾ ਕਿ 14 ਜਨਵਰੀ ਨੂੰ ਦਿੱਲੀ ਤੋਂ ਸਿੰਗਾਪੁਰ ਜਾਣ ਵਾਲੀ ਫਲਾਈਟ ਏ.ਆਈ. 2380 ਦੇ ਅਮਲੇ ਨੇ ਤਕਨੀਕੀ ਸਮੱਸਿਆ ਦੀ ਜਾਣਕਾਰੀ ਦਿੱਤੀ ਜਿਸ ਕਾਰਨ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਇਹ ਜਹਾਜ਼ ਦਿੱਲੀ ਵਾਪਸ ਆ ਗਿਆ।

# ਜਲੰਧਰ ਦੇ ਜੈਮਲ ਨਗਰ ਵਿਖੇ 7 ਫਰਵਰੀ ਨੂੰ ਸਜਾਇਆ ਜਾਵੇਗਾ 18ਵਾਂ ਮਹਾਨ ਕੀਰਤਨ ਸਮਾਗਮ

ਜਲੰਧਰ, 16 ਜਨਵਰੀ, (ਚ.ਨ.ਸ.) : ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਜੈਮਲ ਨਗਰ (ਨੇੜੇ ਲੰਮਾ ਪਿੰਡ) ਵਿਖੇ ਸਿੱਖ ਕੌਮ ਦੇ ਮਹਾਨ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ 18ਵਾਂ ਮਹਾਨ ਕੀਰਤਨ ਸਮਾਗਮ ਬੜੀ ਸ਼ਰਧਾ ਅਤੇ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।

ਸ੍ਰੀ ਗੁਰੂ ਤੇਗ ਬਹਾਦਰ ਸੇਵਕ ਦਲ (ਰਜਿ.) ਦੇ ਪ੍ਰਬੰਧਕਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਸਮਾਗਮ 7 ਫਰਵਰੀ, 2026 ਦਿਨ ਸ਼ਨੀਵਾਰ ਨੂੰ ਸ਼ਾਮ 6:00 ਵਜੇ ਤੋਂ ਦੇਰ ਰਾਤ 11:00 ਵਜੇ ਤੱਕ ਚੱਲੇਗਾ। ਸਮਾਗਮ ਦੌਰਾਨ ਪੰਥ ਦੇ ਪ੍ਰਸਿੱਧ ਕੀਰਤਨੀ ਜਥੇ ਹਾਜ਼ਰੀ ਭਰਨਗੇ, ਜਿਨ੍ਹਾਂ ਵਿੱਚ ਡਾ. ਜਤਿੰਦਰ ਸਿੰਘ ਜੀ (ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ), ਭਾਈ ਪਰਮਿੰਦਰ ਸਿੰਘ ਜੀ (ਬਾਬਾ ਬਕਾਲੇ ਵਾਲੇ) ਅਤੇ ਬਾਬਾ ਮਨਮੋਹਨ ਸਿੰਘ ਜੀ (ਵਾਰਨੇ ਵਾਲੇ) ਵਿਸ਼ੇਸ਼ ਤੌਰ ਤੇ ਪਹੁੰਚ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਕਥਾ ਵਿਚਾਰਾਂ ਰਾਹੀਂ ਨਿਹਾਲ ਕਰਨਗੇ।

ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਪ੍ਰਬੰਧਕਾਂ ਨੇ ਦੱਸਿਆ ਕਿ ਜੋ ਸੰਗਤਾਂ ਸਮਾਗਮ ਵਿੱਚ ਨਿੱਜੀ ਤੌਰ ਤੇ ਹਾਜ਼ਰ ਨਹੀਂ ਹੋ ਸਕਦੀਆਂ, ਉਹਨਾਂ ਲਈ 'GUR FATEH LIVE' ਚੈਨਲ ਰਾਹੀਂ ਸਿੱਧਾ ਪ੍ਰਸਾਰਣ ਦਿਖਾਇਆ ਜਾਵੇਗਾ। ਸੇਵਕ ਦਲ ਵੱਲੋਂ ਸਮੂਹ ਇਲਾਕਾ ਨਿਵਾਸੀਆਂ ਅਤੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਇਸ ਪਵਿੱਤਰ ਸਮਾਗਮ ਵਿੱਚ ਹੁੰਮ-ਹੁਮਾ ਕੇ ਪਹੁੰਚਣ ਦੀ ਨਿਮਰਤਾ ਸਹਿਤ ਬੇਨਤੀ ਕੀਤੀ ਗਈ ਹੈ।

# ਸਕੂਲ ਬੱਸ ਬੇਕਾਬੂ ਹੋ ਕੇ ਪਲਟੀ; ਡਰਾਈਵਰ ਤੇ 14 ਵਿਦਿਆਰਥੀ ਜ਼ਖ਼ਮੀ

## ਚਾਰ ਗੰਭੀਰ ਜ਼ਖ਼ਮੀਆਂ ਨੂੰ ਏਅਰ ਲਿਫ਼ਟ ਕਰਦਿਆਂ ਵਿਨੀਪੈਗ ਦੇ ਹਸਪਤਾਲ ਦਾਖਲ ਕਰਵਾਇਆ

ਵਿਨੀਪੈਗ, 16 ਜਨਵਰੀ , (ਚ.ਨ.ਸ.) : ਕੈਨੇਡਾ ਵਿਚ ਇਕ ਸਕੂਲ ਬੱਸ ਬੇਕਾਬੂ ਹੋ ਕੇ ਪਲਟ ਗਈ ਜਿਸ ਕਾਰਨ ਡਰਾਈਵਰ ਤੇ 14 ਵਿਦਿਆਰਥੀ ਜ਼ਖ਼ਮੀ ਹੋ ਗਏ ਜਿਨ੍ਹਾਂ ਵਿਚੋਂ ਚਾਰ ਜਣਿਆਂ ਦੀ ਗੰਭੀਰ ਹਾਲਤ ਨੂੰ ਵੇਖਦਿਆਂ ਹੈਲੀਕਾਪਟਰ ਰਾਹੀਂ ਵਿਨੀਪੈਗ ਦੇ ਹਸਪਤਾਲ ਲਿਜਾਇਆ ਗਿਆ। ਇਹ ਹਾਦਸਾ ਮੈਨੀਟੋਬਾ ਸੂਬੇ ਦੇ ਹਾਈਵੇਅ 10'ਤੇ ਮੈਫ਼ੇਕਿੰਗ ਕਸਬੇ ਤੋਂ 13 ਕਿਲੋਮੀਟਰ ਦੱਖਣ ਵੱਲ ਉਸ ਵੇਲੇ ਵਾਪਰਿਆ ਜਦੋਂ ਸਕੂਲ ਬੱਸ ਦੇ ਡਰਾਈਵਰ ਨੇ ਇਕ ਹੋਰ ਬੱਸ ਨੂੰ ਓਵਰਟੇਕ ਕਰਨ ਦਾ ਯਤਨ ਕੀਤਾ ਪਰ ਰਫ਼ਤਾਰ ਜ਼ਿਆਦਾ ਹੋਣ ਕਰ ਕੇ ਇਹ ਬੱਸ ਬੇਕਾਬੂ ਹੋ ਗਈ ਅਤੇ ਖਤਾਨਾਂ ਵਿਚ ਪਲਟ ਗਈ। ਬੱਸ ਵਿਚ ਸਵਾਰ ਬੱਚੇ ਸਕੂਲ ਜਾ ਰਹੇ ਸਨ।ਸਵੈਨ ਵੈਲੀ ਸਕੂਲ ਡਿਵੀਜ਼ਨ ਨੇ ਦੱਸਿਆ ਕਿ ਹਾਦਸੇ ਵੇਲੇ ਬੱਸ ਵਿਚ 16 ਸਾਲ ਤੋਂ 18 ਸਾਲ ਉਮਰ ਦੇ 14 ਵਿਦਿਆਰਥੀ ਅਤੇ ਡਰਾਈਵਰ ਸਵਾਰ ਸੀ।ਸਿਹਤ ਵਿਭਾਗ ਨੇ ਦੱਸਿਆ ਕਿ 15 ਜ਼ਖ਼ਮੀਆਂ ਨੂੰ ਸਵੈਨ ਵੈਲੀ ਹੈਲਥ ਸੈਂਟਰ ਭੇਜਿਆ ਗਿਆ ਅਤੇ ਇਨ੍ਹਾਂ ਵਿਚੋਂ ਚਾਰ ਜਣਿਆਂ ਨੂੰ ਏਅਰ ਲਿਫ਼ਟ ਕਰਦਿਆਂ ਵਿਨੀਪੈਗ ਦੇ ਚਿਲਡਰਨ ਹਸਪਤਾਲ ਅਤੇ ਐਡਲਟ ਐਮਰਜੈਂਸੀ ਸੈਂਟਰ ਵਿਚ ਦਾਖਲ ਕਰਵਾਇਆ ਗਿਆ। ਕਈ ਵਿਦਿਆਰਥੀਆਂ ਦੇ ਟਾਂਕੇ ਲੱਗੇ ਅਤੇ ਕਈ ਦੇ ਮੋਢੇ ਦੀ ਹੱਡੀ ਟੁੱਟ ਗਈ। ਹਾਦਸੇ ਬਾਰੇ ਪਤਾ ਲਗਦਿਆਂ ਹੀ ਮਾਪਿਆਂ ਵਿਚ ਘਬਰਾਹਟ ਪੈਦਾ ਹੋ ਗਈ ਅਤੇ ਉਹ ਆਪਣੇ ਬੱਚਿਆਂ ਨਾਲ ਮੁਲਾਕਾਤ ਕਰਨ ਪੁੱਜੇ। ਹਾਦਸੇ ਨੂੰ ਵੇਖਦਿਆਂ ਸਕੂਲ ਬੱਸਾਂ ਵਿਚ ਵੀ ਸੀਟ ਬੈਲਟ ਲਾਜ਼ਮੀ ਕੀਤੇ ਜਾਣ ਦੀ ਮੰਗ ਉੱਠ ਰਹੀ ਹੈ।ਦੱਸ ਦੇਈਏ ਕਿ ਮੈਫ਼ੇਕਿੰਗ ਕਸਬਾ ਵਿਨੀਪੈਗ ਤੋਂ 541 ਕਿੱਲੋਮੀਟਰ ਉਤਰ ਪੱਛਮ ਵੱਲ ਹੈ ਅਤੇ ਆਰ.ਸੀ.ਐੱਮ.ਪੀ. ਦੇ ਫੋਰੈਂਸਿਕ ਮਾਹਿਰ ਹਾਦਸੇ ਦੀ ਡੂੰਘਾਈ ਨਾਲ ਪੜਤਾਲ ਕਰ ਰਹੇ ਹਨ।

## ਸ੍ਰੀ ਮੁਕਤਸਰ ਸਾਹਿਬ ਦੇ ਸ਼ਹੀਦ ਸਿੰਘਾਂ ਨੂੰ ਸਮਰਪਿਤ

# ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ ਮੁਖੀ ਬੁੱਢਾ ਦਲ ਦੀ ਅਗਵਾਈ ਵਿੱਚ ਨਿਹੰਗ ਸਿੰਘ ਦਲਾਂ ਨੇ ਖ਼ਾਲਸਾਈ ਜਾਹੋ-ਜਲਾਲ ਨਾਲ ਮਹੱਲਾ ਕੱਢਿਆ



ਸ੍ਰੀ ਮੁਕਤਸਰ ਸਾਹਿਬ 16 ਜਨਵਰੀ ( ਐਚ ਐਸ ਕਪੂਰ )ਸ੍ਰੀ ਮੁਕਤਸਰ ਸਾਹਿਬ ਦੇ 40(ਮੁਕਤਿਆਂ) ਸ਼ਹੀਦ ਸਿੰਘਾਂ ਦੀ ਯਾਦ ਨੂੰ ਸਮਰਪਿਤ ਸਮੂੰਹ ਨਿਹੰਗ ਸਿੰਘ ਜਥੇਬੰਦੀਆਂ ਵਲੋਂ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਅਗਵਾਈ ਵਿੱਚ ਦਸਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਵਲੋਂ ਬੁੱਢਾ ਦਲ ਨੂੰ ਬਖਸ਼ਿਸ਼ ਨਿਸ਼ਾਨ ਸਾਹਿਬ ਤੇ ਨਿਗਾਰਿਆਂ ਦੀ ਛਤਰ ਛਾਇਆ ਹੇਠ ਗੁਰਦੁਆਰਾ ਬਾਬਾ ਨੈਣਾ ਸਿੰਘ ਜੀ ਛਾਉਣੀ ਬੁੱਢਾ ਦਲ ਨੇੜੇ ਗੁਰਦੁਆਰਾ ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ ਤੋਂ ਮਹੱਲਾ ਦੀ ਆਰੰਭਤਾ ਹੋਈ।ਇਸ ਤੋਂ ਪਹਿਲਾਂ ਗੁਰਦੁਆਰਾ ਬਾਬਾ ਨੈਣਾ ਸਿੰਘ ਜੀ ਛਾਉਣੀ ਬੁੱਢਾ ਦਲ ਨੇੜੇ ਗੁਰਦੁਆਰਾ ਤੰਬੂ ਸਾਹਿਬ ਵਿਖੇ ਆਖੰਡ ਪਾਠਾਂ ਦੇ ਭੋਗ ਨਿਹੰਗ ਸਿੰਘਾਂ ਦੀ ਚਲੀ ਆਉਂਦੀ ਮਰਿਯਾਦਾ ਅਨੁਸਾਰ ਪਾਏ ਗਏ।ਬੁੱਢਾ ਦਲ ਦੇ ਹੈੱਡ ਗ੍ਰੰਥੀ ਬਾਬਾ ਮੱਘਰ ਸਿੰਘ ਅਤੇ ਵੱਖ-ਵੱਖ ਰਾਗੀ ਜਥਿਆਂ ਨੇ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ।

ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਮਾਘੀ ਦੇ ਪਾਵਨ ਦਿਹਾੜੇ ਤੇ ਸ਼ਹੀਦਾਂ ਨੂੰ ਪ੍ਰਣਾਮ ਕਰਨ ਪੁੱਜੀਆਂ ਸੰਗਤਾਂ ਅਤੇ ਉਨ੍ਹਾਂ ਦੀ ਟਹਿਲ ਸੇਵਾ ਕਰਨ 'ਚ ਲੱਗੇ ਸਭ ਸੇਵਾ ਦਲਾਂ ਦਾ ਦਿਲੋਂ ਧੰਨਵਾਦ ਕੀਤਾ।ਉਹਨਾਂ ਕਿਹਾ ਕਿ ਇਹ ਸ੍ਰੀ ਮੁਕਤਸਰ ਸਾਹਿਬ ਦਾ ਜੋੜ ਮੇਲਾ ਭੁੱਲਾਂ ਬਖਸ਼ਾਉਣ ਵਾਲਾ ਹੈ। ਬੇਦਾਵਾ ਦੇਣ ਵਾਲੇ ਸਿੰਘਾਂ ਨੇ ਕੁਰਬਾਨੀ ਦੇ ਕੇ ਆਪਣੀ ਭੁੱਲ ਗੁਰੂ ਜੀ ਤੋਂ ਬਖ਼ਸ਼ਾ ਕੇ ਵੱਖ-ਵੱਖ ਖਿਤਾਬਾਂ ਦੇ ਰੂਪ 'ਚ ਅਸੀਸਾਂ ਪ੍ਰਾਪਤ ਕੀਤੀਆਂ।ਉਨ੍ਹਾਂ ਕਿਹਾ ਕਿ ਸਿੱਖ ਕੌਮ ਦਾ ਇਤਿਹਾਸ ਸੰਘਰਸ਼ ਪੂਰਨ ਅਤੇ ਸ਼ਾਨਾਮਤਾ ਹੈ।ਹਰ ਸਿੱਖ ਨੂੰ ਹਰ ਸਮੇ ਚੜਦੀਕਲਾ 'ਚ ਰਹਿੰਦਿਆ ਕੌਮ ਦੀ ਬੇਹਤਰੀ ਲਈ ਤੱਤਪਰ ਰਹਿਣਾ ਚਾਹੀਦਾ ਹੈ। ਉਪਰੰਤ ਗੁਰਦੁਆਰਾ ਬਾਬਾ ਨੈਣਾ ਸਿੰਘ ਜੀ ਤੋਂ ਬੁੱਢਾ ਦਲ ਦੀ ਅਗਵਾਈ ਵਿੱਚ ਵੱਖ-ਵੱਖ ਤਰਨਾ ਦਲਾਂ ਦੇ ਮੁਖੀ ਨਿਹੰਗ ਸਿੰਘਾਂ ਦਾ ਇੱਕ ਵਿਸ਼ਾਲ ਕਾਫਲਾ ਹਾਥੀਆਂ, ਊਠਾਂ, ਘੋੜਿਆਂ, ਗੱਡੀਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪੈਦਲ ਯਾਤਰਾ ਕਰਦੇ ਨਿਹੰਗ ਸਿੰਘ ਗੁਰੂ ਦੀਆਂ ਲਾਡਲੀਆਂ ਫੌਜਾਂ ਦਾ ਮਹੱਲਾ ਖਾਲਸਾਈ ਜੈਕਾਰਿਆਂ ਨਾਲ ਆਰੰਭ ਹੋ ਕੇ ਗੁਰਦੁਆਰਾ ਤੰਬੂ ਸਾਹਿਬ ਤੋਂ ਬਜ਼ਾਰ ਰਾਂਹੀ ਗੁਰਦੁਆਰਾ ਟਿੱਬੀ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਖੁਲ੍ਹੇ ਮੈਦਾਨ ਵਿੱਚ ਵਾਜਿਆਂ, ਗਾਜਿਆਂ ਸਮੇਤ ਪੁੱਜਾ।ਬੈਂਡ ਵਾਜਿਆਂ ਦੀਆਂ ਸੁੰਦਰ ਧੁੰਨਾਂ, ਢੋਲਾਂ ਤੇ ਡਗੇ ਨਗਾਰਿਆਂ ਤੇ ਚੋਟਾਂ ਲਗਾਉਂਦੇ, ਨਰਸਿੰਙੇ ਵਜਾਉਂਦਿਆਂ ਨਿਹੰਗ ਸਿੰਘਾਂ ਨੂੰ ਦੇਖਣ ਲਈ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਹਾਜ਼ਰ ਹੋਏ।ਉਪਰੰਤ ਘੋੜ ਦੌੜਾਂ ਹੋਈਆਂ।ਨਿਹੰਗ ਸਿੰਘ ਇੱਕ ਤੋਂ ਦੋ, ਦੋ ਤੋਂ ਚਾਰ ਅਤੇ ਚਾਰ ਤੋਂ ਛੇ, ਛੇ ਘੋੜਿਆਂ ਤੇ ਖਲੋ ਕੇ ਨਿਹੰਗ ਸਿੰਘਾਂ ਨੇ ਘੋੜਿਆਂ ਨੂੰ ਦੌੜਾਇਆ ਅਤੇ ਵੱਧ ਤੋਂ ਵੱਧ ਕਿੱਲੇ ਪੁੱਟ ਕੇ ਇਨਾਮ ਪ੍ਰਾਪਤ ਕੀਤੇ।ਗੱਤਕੇ ਦੇ ਖੁਲੇ ਪਰਦਰਸ਼ਨ ਰਾਹੀਂ ਨਿਹੰਗ ਸਿੰਘਾਂ ਨੇ ਗਤਕੇ ਦੇ ਜੋਹਰ ਵਿਖਾਏ। ਮਹੱਲੇ ਵਿੱਚ ਨਿਹੰਗ ਦਲਾਂ ਦੇ ਮੁਖੀ ਤੇ ਵੱਡੀ ਗਿਣਤੀ ਵਿੱਚ ਨਿਹੰਗ ਸਿੰਘਾਂ ਨੇ ਤਿਆਰ ਬਰ ਤਿਆਰ ਸ਼ਸਤਰਧਾਰੀ ਹੋ ਕੇ ਸ਼ਮੂਲੀਅਤ ਕੀਤੀ।ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ ਨੇ ਮਹੱਲੇ 'ਚ ਸ਼ਾਮਲ ਹੋਏ ਸਮੂਹ ਜਥੇਦਾਰਾਂ, 'ਤੇ ਲਾਡਲੀਆਂ ਫੌਜਾਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ।

ਇਸ ਸਮੇਂ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ 96 ਕਰੋੜੀ ਜਥੇਦਾਰ ਪੰਜਵਾਂ ਤਖ਼ਤ, ਤੋਂ ਇਲਾਵਾ ਬਾਬਾ ਮੇਜਰ ਸਿੰਘ ਸੋਢੀ ਦਸ਼ਮੇਸ਼ ਤਰਨਾ ਦਲ ਲੁਧਿਆਣਾ, ਬਾਬਾ ਤਾਰਾ ਸਿੰਘ ਝਾੜ ਸਾਹਿਬ ਵਾਲੇ, ਬਾਬਾ ਰਘੁਬੀਰ ਸਿੰਘ ਖਿਆਲੇ ਵਾਲੇ, ਬਾਬਾ ਜੋਗਾ ਸਿੰਘ ਕਰਨਾਲ ਵਾਲੇ, ਬਾਬਾ ਬਲਵਿੰਦਰ ਸਿੰਘ ਮਹਿਤਾ ਚੌਕ, ਬਾਬਾ ਬਲਦੇਵ ਸਿੰਘ ਮੁਸਤਰਾਬਾਦ, ਬਾਬਾ ਗੁਰਪਿੰਦਰ ਸਿੰਘ ਵਡਾਲਾ ਸਤਲਾਣੀ ਸਾਹਿਬ ਵਾਲੇ, ਬਾਬਾ ਪ੍ਰਗਟ ਸਿੰਘ ਮਜੀਠਾ ਰੋਡ, ਬਾਬਾ ਜਗਤਾਰ ਸਿੰਘ ਠੱਠੇ ਵਾਲੇ, ਬਾਬਾ ਸਤਨਾਮ ਸਿੰਘ ਸ੍ਰੀ ਮੁਕਤਸਰ ਸਾਹਿਬ ਵਾਲੇ,ਬਾਬਾ ਢੂੰਡਾ ਸਿੰਘ ਮਿਸ਼ਲ ਭਾਈ ਬਚਿੱਤਰ ਸਿੰਘ, ਬਾਬਾ ਰਾਜਾਰਾਜ ਸਿੰਘ, ਬਾਬਾ ਕੁਲਵਿੰਦਰ ਸਿੰਘ ਤਰਨਾ ਦਲ ਚਮਕੌਰ ਸਾਹਿਬ, ਬਾਬਾ ਛਿੰਦਾ ਸਿੰਘ ਭਿੱਖੀਵਿੰਡ, ਬਾਬਾ ਜੱਸਾ ਸਿੰਘ ਤਲਵੰਡੀ ਸਾਬੋ, ਬਾਬਾ ਜਗਸੀਰ ਸਿੰਘ ਮਾਂਗੇਆਣਾ, ਬਾਬਾ ਸਰਵਣ ਸਿੰਘ ਮਝੈਲ ਰਾਜਪੁਰਾ, ਬਾਬਾ ਸੁਖਾ ਸਿੰਘ, ਬਾਬਾ ਮੇਜਰ ਸਿੰਘ ਮੁਖਤਾਰੇਆਮ, ਬਾਬਾ ਬਲਦੇਵ ਸਿੰਘ ਢੋਡੀਵਿੰਡ, ਬਾਬਾ ਬਲਦੇਵ ਸਿੰਘ ਤਰਨਾ ਦਲ ਵੱਲਾ, ਬਾਬਾ ਹਰਪ੍ਰੀਤ ਸਿੰਘ ਹੈਪੀ, ਬਾਬਾ ਮਹਿਤਾਬ ਸਿੰਘ, ਬਾਬਾ ਰਣਯੋਧ ਸਿੰਘ, ਬਾਬਾ ਲੱਖਾ ਸਿੰਘ ਬਠਿੰਡਾ, ਬਾਬਾ ਭਗਤ ਸਿੰਘ ਬਹਾਦਰਗੜ੍ਹ, ਬਾਬਾ ਪਰਮਜੀਤ ਸਿੰਘ ਮੈਨੇਜਰ ਬੁੱਢਾ ਦਲ, ਬਾਬਾ ਜਰਨੈਲ ਸਿੰਘ ਬੱਗਸਰ, ਬਾਬਾ ਸੁੱਖਾ ਸਿੰਘ ਖਿਆਲਾ, ਬਾਬਾ ਮਾਨ ਸਿੰਘ, ਬਾਬਾ ਸ਼ਮਸ਼ੇਰ ਸਿੰਘ, ਬਾਬਾ ਭੁਪਿੰਦਰ ਸਿੰਘ ਲੱਖੀ ਜੰਗਲ, ਬਾਬਾ ਦਲੇਰ ਸਿੰਘ, ਬਾਬਾ ਜਗਬੀਰ ਸਿੰਘ, ਬਾਬਾ ਕੁਲਦੀਪ ਸਿੰਘ, ਬਾਬਾ ਲਖਬੀਰ ਸਿੰਘ, ਬਾਬਾ ਕਰਮ ਸਿੰਘ, ਬਾਬਾ ਗਗਨਦੀਪ ਸਿੰਘ ਆਦਿ ਹਾਜ਼ਰ ਸਨ।

# ਆਸਟ੍ਰੇਲੀਆ 'ਚ ਇੰਟਰਨੈੱਟ ਮੀਡੀਆ ਕੰਪਨੀਆਂ ਨੇ 47 ਲੱਖ ਬੱਚਿਆਂ ਦੇ ਅਕਾਊਂਟ ਕੀਤੇ ਬੰਦ



ਸਿਡਨੀ, 16 ਜਨਵਰੀ , (ਚ.ਨ.ਸ.) : ਆਸਟ੍ਰੇਲੀਆ ਵਿੱਚ ਇੰਟਰਨੈੱਟ ਮੀਡੀਆ ਕੰਪਨੀਆਂ ਨੇ 47 ਲੱਖ ਬੱਚਿਆਂ ਦੇ ਅਕਾਊਂਟ ਬੰਦ ਕਰ ਦਿੱਤੇ ਹਨ। ਆਸਟ੍ਰੇਲੀਆ ਵਿੱਚ ਬੱਚਿਆਂ ਦੇ ਇੰਟਰਨੈੱਟ ਮੀਡੀਆ ਦੀ ਵਰਤੋਂ ਕਰਨ ਤੇ ਪਾਬੰਦੀ ਲਗਾਈ ਗਈ ਹੈ।ਸਰਕਾਰ ਨੇ ਪਹਿਲੀ ਵਾਰ ਇਸ ਕਾਨੂੰਨ ਦੀ ਪਾਲਣਾ ਬਾਰੇ ਜਾਣਕਾਰੀ ਸਾਂਝੀ ਕੀਤੀ ਹੈ। ਇਸ ਕਾਨੂੰਨ ਨੂੰ ਲਾਗੂ ਕਰਨ ਅਤੇ ਉਸ ਤੇ ਨਜ਼ਰ ਰੱਖਣ ਲਈ ਗਠਿਤ ਰੈਗੂਲੇਟਰੀ ਈ-ਸੇਫਟੀ ਕਮਿਸ਼ਨਰ ਨੇ ਵੀਰਵਾਰ ਨੂੰ ਦੱਸਿਆ ਕਿ 10 ਦਸੰਬਰ ਨੂੰ ਲਾਗੂ ਹੋਏ ਇਸ ਕਾਨੂੰਨ ਦੀ ਪਾਲਣਾ ਕਰਨ ਲਈ ਇੰਟਰਨੈੱਟ ਮੀਡੀਆ ਪਲੇਟਫਾਰਮਾਂ ਨੇ 16 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੇ ਲਗਭਗ 47 ਲੱਖ ਅਕਾਊਂਟ ਬੰਦ ਕੀਤੇ ਹਨ।ਇਸ ਘੋਸ਼ਣਾ ਤੋਂ ਇਲਾਵਾ ਹੋਰ ਕੋਈ ਵੇਰਵੇ ਜਾਰੀ ਨਹੀਂ ਕੀਤੇ ਗਏ। ਕਾਨੂੰਨ ਦੇ ਤਹਿਤ ਇੰਸਟਾਗ੍ਰਾਮ, ਫੇਸਬੁੱਕ, ਸਨੈਪਚੈਟ ਅਤੇ ਰੈਡਿਟ ਸਮੇਤ 10 ਇੰਟਰਨੈੱਟ ਮੀਡੀਆ ਪਲੇਟਫਾਰਮ ਬੱਚਿਆਂ ਲਈ ਵਰਜਿਤ ਹਨ। ਜੋ ਕੰਪਨੀ ਆਪਣੇ ਪਲੇਟਫਾਰਮ ਤੇ ਬਾਲ ਉਪਭੋਗਤਾਵਾਂ ਦੀ ਪਹੁੰਚ ਨੂੰ ਨਹੀਂ ਰੋਕੇਗੀ, ਉਸ ਨੂੰ 3 ਕਰੋੜ 30 ਲੱਖ ਡਾਲਰ ਤੱਕ ਦਾ ਜੁਰਮਾਨਾ ਭਰਨਾ ਪਵੇਗਾ।

ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ

# ਜੇ ਵੱਧ ਗਿਆ ਹੈ ਯੂਰਿਕ ਐਸਿਡ ਤਾਂ ਇਨ੍ਹਾਂ ਚੀਜ਼ਾਂ ਤੋਂ ਕਰੋ ਪਰਹੇਜ਼



ਸਰੀਰ ਵਿੱਚ ਯੂਰਿਕ ਐਸਿਡ ਦਾ ਵਧਣਾ ਅੱਜਕੱਲ੍ਹ ਇੱਕ ਆਮ ਸਿਹਤ ਸਮੱਸਿਆ ਬਣ ਗਈ ਹੈ। ਯੂਰਿਕ ਐਸਿਡ ਵਧਣ ਕਾਰਨ ਜੋੜਾਂ ਵਿੱਚ ਦਰਦ, ਸੋਜ, ਕਿਡਨੀ ਸਟੋਨ ਅਤੇ ਗਾਊਟ ਦੀ ਸਮੱਸਿਆ ਹੋ ਸਕਦੀ ਹੈ। ਇਸ ਲਈ ਇਸ ਨੂੰ ਕੰਟਰੋਲ ਕਰਨਾ ਬਹੁਤ ਜ਼ਰੂਰੀ ਹੈ।ਕੁਝ ਖਾਸ ਚੀਜ਼ਾਂ ਨੂੰ ਆਪਣੀ ਡਾਈਟ ਵਿੱਚੋਂ ਬਾਹਰ ਕੱਢ ਕੇ ਤੁਸੀਂ ਯੂਰਿਕ ਐਸਿਡ ਨੂੰ ਆਸਾਨੀ ਨਾਲ ਕੰਟਰੋਲ ਕਰ ਸਕਦੇ ਹੋ।

ਰੈੱਡ ਮੀਟ ਅਤੇ ਆਰਗਨ ਮੀਟ; ਯੂਰਿਕ ਐਸਿਡ ਦੇ ਮਰੀਜ਼ਾਂ ਲਈ ਮਾਸਾਹਾਰੀ ਭੋਜਨ, ਖਾਸ ਕਰਕੇ ਰੈੱਡ ਮੀਟ (ਜਿਵੇਂ ਮਟਨ) ਅਤੇ ਆਰਗਨ ਮੀਟ (ਜਿਵੇਂ ਲਿਵਰ, ਕਿਡਨੀ), ਸਭ ਤੋਂ ਵੱਧ ਨੁਕਸਾਨਦੇਹ ਹੁੰਦੇ ਹਨ। ਇਨ੍ਹਾਂ ਵਿੱਚ ਪਿਊਰੀਨ ਦੀ ਮਾਤਰਾ ਬਹੁਤ ਜ਼ਿਆਦਾ ਹੁੰਦੀ ਹੈ। ਜਦੋਂ ਸਰੀਰ ਇਨ੍ਹਾਂ ਨੂੰ ਪਚਾਉਂਦਾ ਹੈ, ਤਾਂ ਯੂਰਿਕ ਐਸਿਡ ਦਾ ਪੱਧਰ ਅਚਾਨਕ ਵਧ ਜਾਂਦਾ ਹੈ।

ਮਿੱਠੇ ਡਰਿੰਕਸ ਅਤੇ ਫਰੁਕਟੋਜ਼; ਬਾਜ਼ਾਰ ਵਿੱਚ ਮਿਲਣ ਵਾਲੇ ਕੋਲਡ ਡਰਿੰਕਸ, ਪੈਕ ਕੀਤੇ ਜੂਸ ਅਤੇ ਸੋਡਾ ਯੂਰਿਕ ਐਸਿਡ ਦੇ ਵੱਡੇ ਦੁਸ਼ਮਣ ਹਨ। ਇਨ੍ਹਾਂ ਡਰਿੰਕਸ ਵਿੱਚ ਫਰੁਕਟੋਜ਼ ਹੁੰਦਾ ਹੈ, ਜੋ ਸਰੀਰ ਵਿੱਚ ਯੂਰਿਕ ਐਸਿਡ ਦੇ ਉਤਪਾਦਨ ਨੂੰ ਤੇਜ਼ ਕਰਦਾ ਹੈ

ਸ਼ਰਾਬ; ਸ਼ਰਾਬ ਦਾ ਸੇਵਨ ਯੂਰਿਕ ਐਸਿਡ ਦੀ ਸਮੱਸਿਆ ਨੂੰ ਕਈ ਗੁਣਾ ਵਧਾ ਦਿੰਦਾ ਹੈ। ਇਸ ਵਿੱਚ ਵੀ ਬੀਅਰ ਸਭ ਤੋਂ ਵੱਧ ਖ਼ਤਰਨਾਕ ਮੰਨੀ ਜਾਂਦੀ ਹੈ ਕਿਉਂਕਿ ਇਸ ਵਿੱਚ ਪਿਊਰੀਨ ਅਤੇ ਖਮੀਰ ਦੀ ਮਾਤਰਾ ਜ਼ਿਆਦਾ ਹੁੰਦੀ ਹੈ। ਇਸ ਤੋਂ ਇਲਾਵਾ, ਸ਼ਰਾਬ ਸਰੀਰ ਨੂੰ ਡੀਹਾਈਡ੍ਰੇਟ ਕਰਦੀ ਹੈ, ਜਿਸ ਨਾਲ ਕਿਡਨੀ ਯੂਰਿਕ ਐਸਿਡ ਨੂੰ ਬਾਹਰ ਕੱਢਣ ਵਿੱਚ ਅਸਮਰੱਥ ਹੋ ਜਾਂਦੀ ਹੈ।

ਸੀ-ਫੂਡ; ਹਾਲਾਂਕਿ ਮੱਛੀ ਸਿਹਤ ਲਈ ਚੰਗੀ ਮੰਨੀ ਜਾਂਦੀ ਹੈ, ਪਰ ਯੂਰਿਕ ਐਸਿਡ ਵਧਣ ਤੇ ਕੁਝ ਖਾਸ ਮੱਛੀਆਂ ਜਿਵੇਂ ਕਿ ਮੈਕਰੇਲ, ਸਾਰਡਿਨ ਅਤੇ ਝੀਂਗਾ ਤੋਂ ਬਚਣਾ ਚਾਹੀਦਾ ਹੈ। ਇਨ੍ਹਾਂ ਵਿੱਚ ਪਿਊਰੀਨ ਦਾ ਪੱਧਰ ਜ਼ਿਆਦਾ ਹੁੰਦਾ ਹੈ ਜੋ ਜੋੜਾਂ ਦੇ ਦਰਦ ਨੂੰ ਵਧਾ ਸਕਦਾ ਹੈ।

ਦਾਲਾਂ ਅਤੇ ਕੁਝ ਸਬਜ਼ੀਆਂ; ਸ਼ਾਕਾਹਾਰੀ ਖਾਣੇ ਵਿੱਚ ਵੀ ਕੁਝ ਅਜਿਹੀਆਂ ਚੀਜ਼ਾਂ ਹਨ ਜੋ ਯੂਰਿਕ ਐਸਿਡ ਵਧਾ ਸਕਦੀਆਂ ਹਨ। ਇਨ੍ਹਾਂ ਵਿੱਚ ਸਾਬਤ ਦਾਲਾਂ ਜਿਵੇਂ—ਰਾਜਮਾ, ਛੋਲੇ, ਉੜਦ ਅਤੇ ਸਬਜ਼ੀਆਂ ਵਿੱਚ ਫੁੱਲਗੋਭੀ, ਪਾਲਕ ਅਤੇ ਮਸ਼ਰੂਮ ਸ਼ਾਮਲ ਹਨ। ਇਨ੍ਹਾਂ ਵਿੱਚ ਪਿਊਰੀਨ ਦੀ ਮਾਤਰਾ ਦਰਮਿਆਨੀ ਹੁੰਦੀ ਹੈ, ਪਰ ਯੂਰਿਕ ਐਸਿਡ ਵਧਿਆ ਹੋਣ 'ਤੇ ਇਨ੍ਹਾਂ ਦਾ ਸੇਵਨ ਸੀਮਤ ਕਰਨਾ ਚਾਹੀਦਾ ਹੈ।

# ਕੈਨੇਡਾ ਸਰਕਾਰ ਵੱਲੋਂ 20 ਦੇਸ਼ਾਂ ਵਿੱਚ ਸਫ਼ਰ ਨਾ ਕਰਨ ਦੀ ਸਲਾਹ ਭਾਰਤ ਨੂੰ 'ਬਹੁਤ ਜ਼ਿਆਦਾ ਸਾਵਧਾਨੀ ਦੀ ਲੋੜ ਵਾਲੀਆਂ ਥਾਵਾਂ' ਸ਼ਾਮਲ ਕੀਤਾ



ਵਿਨੀਪੈੱਗ, 16 ਜਨਵਰੀ , (ਚ.ਨ.ਸ.) : ਕੈਨੇਡਾ ਨੇ ਆਪਣੀ ਅੰਤਰਰਾਸ਼ਟਰੀ ਯਾਤਰਾ ਐਡਵਾਈਜ਼ਰੀ ਨੂੰ ਅੱਪਡੇਟ ਕੀਤਾ ਹੈ, ਜਿਸ ਵਿੱਚ ਕੁਝ ਦੇਸ਼ਾਂ ਨੂੰ ਬਹੁਤ ਖ਼ਤਰਨਾਕ ਦੱਸਿਆ ਗਿਆ ਹੈ ਅਤੇ ਕੈਨੇਡੀਅਨ ਨਾਗਰਿਕਾਂ ਨੂੰ ਉਨ੍ਹਾਂ ਦੀ ਯਾਤਰਾ ਕਰਨ ਤੋਂ ਬਚਣ ਦੀ ਸਲਾਹ ਦਿੱਤੀ ਗਈ ਹੈ। ਨਵੀਂ ਐਡਵਾਈਜ਼ਰੀ ਵਿੱਚ ਕੈਨੇਡੀਅਨ ਨਾਗਰਿਕਾਂ ਨੂੰ ਇਰਾਨ ਅਤੇ ਵੈਨੇਜ਼ੁਏਲਾ ਸਮੇਤ ਕਈ ਦੇਸ਼ਾਂ ਦੀ ਯਾਤਰਾ ਤੋਂ ਬਚਣ ਦੀ ਅਪੀਲ ਕੀਤੀ ਗਈ ਹੈ।ਇਸ ਸੂਚੀ ਵਿੱਚ ਇਰਾਨ ਵੈਨੇਜ਼ੁਏਲਾ ਰੂਸ ਉੱਤਰੀ ਕੋਰੀਆ ਇਰਾਕ ਲਿਬੀਆ ਅਫ਼ਗਾਨਿਸਤਾਨ ਬੇਲਾ ਰੂਸ ਬੁਰਕੀਨਾ ਫਾਸੋ ਮੱਧ ਅਫ਼ਰੀਕੀ ਗਣਰਾਜ ਹੈਤੀ ਮਾਲੀ ਦੱਖਣੀ ਸੁਡਾਨ ਮਿਆਂਮਾਰ ਨਾਈਜਰ ਸੋਮਾਲੀਆ ਸੁਡਾਨ ਸੀਰੀਆ ਯੁਕਰੇਨ ਯਮਨ ਦੇਸ਼ ਸ਼ਾਮਲ ਹਨ। ਇਸ ਤੋਂ ਇਲਾਵਾ ਭਾਰਤ ਲਈ ਐਡਵਾਈਜ਼ਰੀ ਵਿੱਚ ਵੀ ਕੈਨੇਡਾ ਨੇ ਆਪਣੀ ਯਾਤਰਾ ਦੌਰਾਨ ਬਹੁਤ ਜ਼ਿਆਦਾ ਸਾਵਧਾਨੀ ਦੀ ਲੋੜ ਵਾਲੀਆਂ ਥਾਵਾਂ ਨੂੰ ਵੀ ਸ਼ਾਮਲ ਕੀਤਾ ਹੈ।ਭਾਰਤ ਬਾਰੇ ਦਸੰਬਰ ਵਿੱਚ ਜਾਰੀ ਕੀਤੀ ਗਈ ਇੱਕ ਯਾਤਰਾ ਐਡਵਾਈਜ਼ਰੀ ਵਿੱਚ, ਕੈਨੇਡਾ ਨੇ ਪੂਰੇ ਦੇਸ਼ ਵਿੱਚ ਅਤਿਵਾਦੀ ਹਮਲਿਆਂ ਦੇ ਜੋਖ਼ਮ ਦਾ ਹਵਾਲਾ ਦਿੰਦੇ ਹੋਏ, ਭਾਰਤ ਨੂੰ ਸਭ ਤੋਂ ਵੱਧ ਸਾਵਧਾਨੀ ਸ਼੍ਰੇਣੀ ਵਿੱਚ ਰੱਖਿਆ। ਕੈਨੇਡੀਅਨ ਅਧਿਕਾਰੀਆਂ ਨੇ ਜੰਮੂ ਅਤੇ ਕਸ਼ਮੀਰ ਦੇ ਨਾਲ-ਨਾਲ ਗੁਜਰਾਤ, ਪੰਜਾਬ ਅਤੇ ਰਾਜਸਥਾਨ ਦੇ ਪਾਕਿਸਤਾਨ ਨਾਲ ਲੱਗਦੇ ਸਰਹੱਦੀ ਖੇਤਰਾਂ ਦੀ ਯਾਤਰਾ ਨਾ ਕਰਨ ਦੀ ਸਲਾਹ ਦਿੱਤੀ। ਇਸ ਤੋਂ ਇਲਾਵਾ ਯਾਤਰੀਆਂ ਨੂੰ ਕ੍ਰੈਡਿਟ ਕਾਰਡ ਅਤੇ ਏਟੀਐਮ ਧੋਖਾਧੜੀ ਬਾਬਤ ਡੈਬਿਟ ਜਾਂ ਕਰੈਡਿਟ ਕਾਰਡਾਂ ਦੀ ਵਰਤੋਂ ਕਰਦੇ ਸਮੇਂ ਸਾਵਧਾਨ ਰਹਿਣ , ਸੈਰ-ਸਪਾਟਾ ਖੇਤਰਾਂ ਅਤੇ ਹਵਾਈ ਅੱਡਿਆਂ ਤੇ ਸਾਵਧਾਨੀ ਵਰਤਣ ਵਾਸਤੇ ਅਤੇ ਔਰਤਾਂ ਨੂੰ ਵਿਸ਼ੇਸ਼ ਤੌਰ ਤੇ ਚੌਕਸ ਰਹਿਣਾ ਲਈ ਕਿਹਾ ਹੈ।ਇਸ ਤੋਂ ਬਿਨਾਂ ਗੋਆ, ਦਿੱਲੀ ਵਿੱਚ ਜਨਤਕ ਆਵਾਜਾਈ ਦੇ ਸਾਰੇ ਰੂਟਾਂ, ਯੋਗ ਕੇਂਦਰਾਂ, ਆਸ਼ਰਮਾਂ ਅਤੇ ਅਧਿਆਤਮਿਕ ਆਰਾਮ ਦੇ ਹੋਰ ਸਥਾਨਾਂ ਸਬੰਧੀ ਚੌਕਸ ਰਹਿਣ ਲਾਈ ਕਿਹਾ ਹੈ। ਅਸਾਮ ਅਤੇ ਮਨੀਪੁਰ ਦੇ ਉੱਤਰ-ਪੂਰਬੀ ਰਾਜਾਂ ਦੀ ਗੈਰ-ਜ਼ਰੂਰੀ ਯਾਤਰਾ ਤੋਂ ਬਚਣ ਦੀ ਵੀ ਸਲਾਹ ਦਿੱਤੀ ਗਈ ਹੈ। ਇਸ ਸੂਚੀ ਵਿੱਚ ਹੋਰ ਸ਼ਾਮਲ ਦੇਸ਼ ਚੀਨ, ਮੈਕਸੀਕੋ, ਬ੍ਰਾਜ਼ੀਲ, ਫਰਾਂਸ, ਜਰਮਨੀ, ਇਟਲੀ, ਸਪੇਨ, ਸੰਯੁਕਤ ਅਰਬ ਅਮੀਰਾਤ, ਦੱਖਣੀ ਅਫ਼ਰੀਕਾ ਤੇ ਯੂ ਕੇ ਹਨ।

# ਵਿਕਸਿਤ ਭਾਰਤ-ਜੀ ਰਾਮ ਜੀ ਐਕਟ-ਵਿਕਸਿਤ ਭਾਰਤ ਦੇ ਸੁਪਨੇ ਨੂੰ ਪੂਰਾ ਕਰਨ ਵੱਲ ਇੱਕ ਮਹੱਤਵਪੂਰਨ ਕਦਮ : ਰਾਜੇਂਦਰ ਚੌਧਰੀ



ਚੰਡੀਗੜ੍ਹ/ਅੰਬਾਲਾ: 16 ਜਨਵਰੀ, (ਚ.ਨ.ਸ.) : ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਪ੍ਰੈੱਸ ਇਨਫਰਮੇਸ਼ਨ ਬਿਊਰੋ ਦੇ ਐਡੀਸ਼ਨਲ ਡਾਇਰੈਕਟਰ ਜਨਰਲ (ਗ੍ਰਾਮੀਣ ਵਿਕਾਸ) ਸ਼੍ਰੀ ਰਾਜੇਂਦਰ ਚੌਧਰੀ ਨੇ ਕਿਹਾ ਕਿ ਵਿਕਸਿਤ ਭਾਰਤ- ਜੀ ਰਾਮ ਜੀ' ਕਾਨੂੰਨ ਵਿਕਸਿਤ ਭਾਰਤ ਦੇ ਸੁਪਨਾ ਨੂੰ ਪੂਰਾ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਭਾਰਤ ਵਿੱਚ ਆਤਮਨਿਰਭਰ ਪਿੰਡਾਂ ਦੇ ਨਿਰਮਾਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਹਰਿਆਣਾ ਦੇ ਅੰਬਾਲਾ ਵਿੱਚ ਵਿਕਸਿਤ ਭਾਰਤ-ਜੀ ਰਾਮ ਜੀ ਐਕਟ 2025 'ਤੇ ਆਯੋਜਿਤ ਵਾਰਤਾਲਾਪ ਨੂੰ ਸੰਬੋਧਨ ਕਰਦੇ ਹੋਏ ਪੱਤਰ ਸੂਚਨਾ ਦਫ਼ਤਰ, ਦਿੱਲੀ ਵਿੱਚ ਐਡੀਸ਼ਨਲ ਡਾਇਰੈਕਟਰ ਜਨਰਲ ਸ਼੍ਰੀ ਰਾਜੇਂਦਰ ਚੌਧਰੀ ਨੇ ਇਸ ਮਹੱਤਵਅਕਾਂਖੀ ਪਹਿਲ ਦੇ ਵੱਖ-ਵੱਖ ਪ੍ਰਾਵਧਾਨਾਂ ਦੀ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕਰਦੇ ਹੋਏ ਕਿਹਾ ਕਿ ਇਹ ਕਾਨੂੰਨ ਰੁਜ਼ਗਾਰ ਸਿਰਜਣ ਨੂੰ ਮਜ਼ਬੂਤੀ ਦੇਣ, ਬੁਨਿਆਦੀ ਸੁਵਿਧਾਵਾਂ ਦਾ ਵਿਸਤਾਰ ਕਰਨ ਅਤੇ ਪਿੰਡਾਂ ਵਿੱਚ ਆਤਮਨਿਰਭਰਤਾ ਨੂੰ ਹੁਲਾਰਾ ਦੇਣ ਲਈ ਇੱਕ ਠੋਸ ਯਤਨ ਹੈ।

ਉਨ੍ਹਾਂ ਨੇ ਕਿਹਾ ਕਿ ਪਹਿਲੇ ਦੀ ਵਿਵਸਥਾ ਵਿੱਚ ਮਨਰੇਗਾ ਦੇ ਤਹਿਤ 100 ਦਿਨਾਂ ਦੇ ਰੁਜ਼ਗਾਰ ਦੀ ਗਰੰਟੀ ਤਾਂ ਸੀ, ਲੇਕਿਨ ਕਈ ਸਥਾਨਾਂ 'ਤੇ ਨਾ ਤਾਂ ਸਮੇਂ 'ਤੇ ਕੰਮ ਮਿਲ ਪਾਉਂਦਾ ਸੀ ਅਤੇ ਨਾ ਹੀ ਮਜ਼ਦੂਰੀ ਦਾ ਭੁਗਤਾਨ ਸਮੇਂ 'ਤੇ ਹੋ ਪਾਉਂਦਾ ਸੀ। ਇਸ ਨੂੰ ਗੰਭੀਰ ਚਿੰਤਾ ਦਾ ਵਿਸ਼ਾ ਦੱਸਦੇ ਹੋਏ ਉਨ੍ਹਾਂ ਨੇ ਕਿਹਾ ਕਿ ਅਜਿਹੀਆਂ ਕਮੀਆਂ ਨੂੰ ਦੂਰ ਕਰਨ ਅਤੇ ਭ੍ਰਿਸ਼ਟਾਚਾਰ ਸਮਾਪਤ ਕਰਨ ਲਈ ਸਰਕਾਰ ਨੇ 'ਵਿਕਸਿਤ ਭਾਰਤ-ਜੀ ਰਾਮ ਜੀ' ਕਾਨੂੰਨ ਰਾਹੀਂ ਸੁਧਾਰ ਕੀਤੇ ਹਨ।

ਉਨ੍ਹਾਂ ਨੇ ਦੱਸਿਆ ਕਿ ਨਵੇਂ ਕਾਨੂੰਨ ਦੇ ਤਹਿਤ ਰੁਜ਼ਗਾਰ ਗਰੰਟੀ 100 ਦਿਨਾਂ ਤੋਂ ਵਧਾ ਕੇ 125 ਦਿਨ ਕਰ ਦਿੱਤੀ ਗਈ ਹੈ। ਜੇਕਰ ਨਿਰਧਾਰਿਤ ਮਿਆਦ ਦੇ ਅੰਦਰ ਕੰਮ ਉਪਲਬਧ ਨਹੀਂ ਕਰਵਾਇਆ ਜਾਂਦਾ ਹੈ, ਤਾਂ ਮਜ਼ਦੂਰਾਂ ਨੂੰ ਬੇਰੁਜ਼ਗਾਰੀ ਭੱਤਾ ਦਿੱਤਾ ਜਾਵੇਗਾ। ਇਸੇ ਤਰ੍ਹਾਂ, ਜੇਕਰ ਮਜ਼ਦੂਰੀ ਦੇ ਭੁਗਤਾਨ ਵਿੱਚ 15 ਦਿਨਾਂ ਤੋਂ ਵੱਧ ਦੀ ਦੇਰੀ ਹੁੰਦੀ ਹੈ, ਤਾਂ ਉਸ 'ਤੇ ਵਿਆਜ ਵੀ ਦਿੱਤਾ ਜਾਵੇਗਾ।

ਸ਼੍ਰੀ ਚੌਧਰੀ ਨੇ ਕਿਹਾ ਕਿ ਨਵੇਂ ਕਾਨੂੰਨ ਦੇ ਤਹਿਤ ਗ੍ਰਾਮ ਪੰਚਾਇਤ ਨੂੰ ਸਸ਼ਕਤ ਬਣਾਇਆ ਗਿਆ ਹੈ, ਅਤੇ ਹੁਣ ਪਿੰਡ ਦੀਆਂ ਸਭਾਵਾਂ ਖੁਦ ਤੈਅ ਕਰਨਗੀਆਂ ਕਿ ਉਨ੍ਹਾਂ ਦੇ ਪਿੰਡ ਵਿੱਚ ਕਿਹੜੇ ਵਿਕਾਸ ਕਾਰਜ ਕਰਵਾਏ ਜਾਣ। ਉਨ੍ਹਾਂ ਨੇ ਕਿਹਾ ਕਿ ਵਿਕਾਸ ਨਾਲ ਸਬੰਧਿਤ ਫੈਸਲੇ ਹੁਣ ਪਿੰਡ ਪੱਧਰ 'ਤੇ ਹੀ ਲਏ ਜਾਣਗੇ।

ਸ਼੍ਰੀ ਚੌਧਰੀ ਨੇ ਕਿਹਾ ਕਿ ਵਿਕਸਿਤ ਭਾਰਤ-ਰੁਜ਼ਗਾਰ ਗਰੰਟੀ ਅਤੇ ਆਜੀਵਿਕਾ ਮਿਸ਼ਨ (ਗ੍ਰਾਮੀਣ) ਕਾਨੂੰਨ, 2025, ਭਾਰਤ ਦੀ ਗ੍ਰਾਮੀਣ ਰੁਜ਼ਗਾਰ ਨੀਤੀ ਵਿੱਚ ਇੱਕ ਨਿਰਣਾਇਕ ਬਦਲਾਅ ਦੀ ਪ੍ਰਤੀਨਿਧਤਾ ਕਰਦਾ ਹੈ। ਨਵਾਂ ਕਾਨੂੰਨ ਇੱਕ ਆਧੁਨਿਕ, ਜਵਾਬਦੇਹੀ ਅਤੇ ਬੁਨਿਆਦੀ ਢਾਂਚਾ-ਕੇਂਦ੍ਰਿਤ ਢਾਂਚੇ ਨੂੰ ਮਜ਼ਬੂਤੀ ਪ੍ਰਦਾਨ ਕਰਦਾ ਹੈ।

ਇਸ ਮੌਕੇ 'ਤੇ ਅੰਬਾਲਾ ਦੇ ਡਿਪਟੀ ਕਮਿਸ਼ਨਰ ਅਤੇ ਪ੍ਰੋਗਰਾਮ ਦੇ ਮੁੱਖ ਮਹਿਮਾਨ ਸ਼੍ਰੀ ਅਜੈ ਸਿੰਘ ਤੋਮਰ ਨੇ ਕਿਹਾ ਕਿ ਨਵਾਂ ਕਾਨੂੰਨ ਇੱਕ ਆਧੁਨਿਕ, ਜਵਾਬਦੇਹੀ ਅਤੇ ਬੁਨਿਆਦੀ ਢਾਂਚਾ-ਕੇਂਦ੍ਰਿਤ ਢਾਂਚੇ ਰਾਹੀਂ ਉਨ੍ਹਾਂ ਦੀਆਂ ਕਮੀਆਂ ਨੂੰ ਦੂਰ ਕਰਦੇ ਹੋਏ ਪਿਛਲੇ ਸੁਧਾਰਾਂ 'ਤੇ ਅਧਾਰਿਤ ਹੈ। ਉਨ੍ਹਾਂ ਨੇ ਕਿਹਾ ਕਿ ਗਰੰਟੀਕ੍ਰਿਤ ਰੁਜ਼ਗਾਰ ਦਾ ਵਿਸਤਾਰ ਕਰਕੇ, ਰਾਸ਼ਟਰੀ ਵਿਕਾਸ ਦੀਆਂ ਤਰਜੀਹਾਂ ਅਤੇ ਕਾਰਜਾਂ ਦੇ ਦਰਮਿਆਨ ਤਾਲਮੇਲ ਬਿਠਾਉਂਦੇ ਹੋਏ ਮਜ਼ਬੂਤ ਡਿਜੀਟਲ ਸ਼ਾਸਨ ਨੂੰ ਸ਼ਾਮਲ ਕਰਕੇ, ਇਹ ਕਾਨੂੰਨ ਗ੍ਰਾਮੀਣ ਰੁਜ਼ਗਾਰ ਨੂੰ ਟਿਕਾਊ ਵਿਕਾਸ ਅਤੇ ਆਜੀਵਿਕਾ ਲਈ ਇੱਕ ਕਾਰਜਨੀਤਕ ਸਾਧਨ ਦੇ ਰੂਪ ਵਿੱਚ ਸਥਾਪਿਤ ਕਰਦਾ ਹੈ, ਜੋ ਪੂਰੀ ਤਰ੍ਹਾਂ ਨਾਲ ਵਿਕਸਿਤ ਭਾਰਤ 2047 ਦੇ ਵਿਜਨ ਦੇ ਨਾਲ ਜੁੜਿਆ ਹੋਇਆ ਹੈ।

ਸ਼੍ਰੀ ਤੋਮਰ ਨੇ ਦੱਸਿਆ ਕਿ 125 ਦਿਨਾਂ ਦੇ ਰੁਜ਼ਗਾਰ ਦੀ ਗਰੰਟੀ ਘਰੇਲੂ ਆਮਦਨ ਨੂੰ ਵਧਾਉਂਦੀ ਹੈ, ਗ੍ਰਾਮ-ਪੱਧਰ ਦੀ ਖਪਤ ਨੂੰ ਪ੍ਰੋਤਸਾਹਿਤ ਕਰਦੀ ਹੈ, ਅਤੇ ਡਿਜੀਟਲ ਮੌਜੂਦਗੀ, ਮਜ਼ਦੂਰੀ ਭੁਗਤਾਨ ਅਤੇ ਡੇਟਾ-ਸੰਚਾਲਿਤ ਯੋਜਨਾ ਰਾਹੀਂ ਪ੍ਰਵਾਸਨ ਨੂੰ ਘੱਟ ਕਰਨ ਵਿੱਚ ਮਦਦ ਮਿਲੇਗੀ।

ਉਨ੍ਹਾਂ ਨੇ ਮੀਡੀਆ ਨੂੰ ਸੱਦਾ ਦਿੱਤਾ ਕਿ ਇਸ ਕਾਨੂੰਨ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਅਤੇ ਜੇਕਰ ਕੋਈ ਵੀ ਵਿਅਕਤੀ ਇਸ ਕਾਨੂੰਨ ਬਾਰੇ ਗਲਤ ਧਾਰਨਾਵਾਂ ਫੈਲਾਉਂਦਾ ਹੈ ਤਾਂ ਮੀਡੀਆ ਤੱਥਾਂ 'ਤੇ ਅਧਾਰਿਤ ਉਸ ਦਾ ਸਕਾਰਾਤਮਕ ਜਵਾਬ ਪੇਸ਼ ਕਰਨ।

ਇਸ ਤੋਂ ਪਹਿਲਾਂ ਵਰਕਸ਼ਾਪ ਦੀ ਸ਼ੁਰੂਆਤ ਕਰਦੇ ਹੋਏ ਪੀਆਈਬੀ ਚੰਡੀਗੜ੍ਹ ਦੇ ਮੀਡੀਆ ਅਤੇ ਸੰਚਾਰ ਅਧਿਕਾਰੀ ਨੇ ਵਾਰਤਾਲਾਪ ਪ੍ਰੋਗਰਾਮ ਦੇ ਉਦੇਸ਼ਾਂ ਨੂੰ ਉਜਾਗਰ ਕਰਦੇ ਹੋਏ ਕਿਹਾ ਕਿ ਇਹ ਵਰਕਸ਼ਾਪ ਮੀਡੀਆ ਅਤੇ ਸਰਕਾਰ ਦਰਮਿਆਨ ਪੁਲ ਦਾ ਕੰਮ ਕਰਦੀ ਹੈ। ਇਸ ਮੌਕੇ 'ਤੇ ਸੂਚਨਾ ਪ੍ਰਸਾਰਣ ਮੰਤਰਾਲੇ ਦੀਆਂ ਵੱਖ-ਵੱਖ ਯੂਨਿਟਾਂ ਦੀ ਕਾਰਜ ਪ੍ਰਣਾਲੀ ਨੂੰ ਉਜਾਗਰ ਕੀਤਾ। ਉਨ੍ਹਾਂ ਨੇ ਪੀਆਈਬੀ ਦੀ ਖੋਜ ਇਕਾਈ ਦੁਆਰਾ ਵੱਖ-ਵੱਖ ਵਿਸ਼ਿਆਂ 'ਤੇ ਕੀਤੇ ਜਾ ਰਹੇ ਵਿਸ਼ਲੇਸ਼ਣ ਅਤੇ ਤੱਥ ਪੂਰਕ ਸੂਚਨਾਵਾਂ ਬਾਰੇ ਵੀ ਜਾਣਕਾਰੀ ਦਿੱਤੀ।

ਉਨ੍ਹਾਂ ਨੇ ਇਨ੍ਹਾਂ ਵਿਸ਼ਲੇਸ਼ਕਾਂ ਨਾਲ ਜੀ ਰਾਮ ਜੀ ਐਕਟ 'ਤੇ ਮਹੱਤਵਪੂਰਨ ਭਰੋਸੇਯੋਗ ਅੰਕੜਿਆਂ ਅਤੇ ਜਾਣਕਾਰੀਆਂ ਦੀ ਵਰਤੋਂ ਆਪਣੇ ਲੇਖ ਅਤੇ ਸਮਾਚਾਰ ਲਿਖਣ ਵਿੱਚ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।

ਇਸ ਮੌਕੇ 'ਤੇ ਸ਼੍ਰੀ ਵਿਰਾਟ, ਐਡੀਸ਼ਨਲ ਡਿਪਟੀ ਕਮਿਸ਼ਨਰ, ਅੰਬਾਲਾ ਨੇ ਯੋਜਨਾ ਦੇ ਵੱਖ-ਵੱਖ ਪ੍ਰਾਵਧਾਨਾਂ ਅਤੇ ਵਿਕਸਿਤ ਭਾਰਤ ਦੇ ਟੀਚੇ ਵਿੱਚ ਗ੍ਰਾਮੀਣ ਵਿਕਾਸ ਦੀ ਅਹਿਮ ਭੂਮਿਕਾ ਨੂੰ ਉਜਾਗਰ ਕੀਤਾ। ਉਨ੍ਹਾਂ ਨੇ ਕਿਹਾ ਕਿ ਮਜ਼ਬੂਤ ਗ੍ਰਾਮੀਣ ਅਰਥਵਿਵਸਥਾ ਹੀ ਸਮਾਵੇਸ਼ੀ ਅਤੇ ਟਿਕਾਊ ਵਿਕਾਸ ਵਿਕਸਿਤ ਰਾਸ਼ਟਰ ਦੀ ਨੀਂਹ ਹੈ।

ਇਸ ਮੌਕੇ 'ਤੇ ਜ਼ਿਲ੍ਹਾ ਪਰਿਸ਼ਦ ਦੇ ਸੀਈਓ ਸ਼੍ਰੀ ਗਗਨਦੀਪ ਸਿੰਘ ਨੇ ਵੀ ਵਿਕਸਿਤ ਭਾਰਤ ਜੀ ਰਾਮ ਜੀ ਕਾਨੂੰਨ 2025 ਦੇ ਤਹਿਤ ਮਹੱਤਵਪੂਰਨ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਇਸ ਕਾਨੂੰਨ ਦੇ ਲਾਗੂ ਹੋਣ ਨਾਲ ਕਿਸਾਨ ਅਤੇ ਮਜ਼ਦੂਰ ਨੂੰ ਲਾਭ ਹੋਵੇਗਾ, ਦੋਵੇਂ ਸਸ਼ਕਤ ਅਤੇ ਮਜ਼ਬੂਤ ਵੀ ਹੋਣਗੇ।

ਇਸ ਮੌਕੇ 'ਤੇ ਅੰਬਾਲਾ ਦੇ ਲੋਕ ਸੰਪਰਕ ਅਧਿਕਾਰੀ ਸ਼੍ਰੀ ਧਰਮੇਂਦਰ ਕੁਮਾਰ ਨੇ ਕਿਹਾ ਕਿ ਗ੍ਰਾਮੀਣ ਵਿਕਾਸ ਵਿੱਚ ਮੀਡੀਆ ਅਹਿਮ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਨੇ ਮੀਡੀਆ ਕਰਮਚਾਰੀਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਸ਼੍ਰੀ ਅਹਿਮਦ ਖਾਨ ਮੀਡੀਆ ਅਤੇ ਸੰਚਾਰ ਅਧਿਕਾਰੀ ਪੀਆਈਬੀ ਚੰਡੀਗੜ੍ਹ ,ਸਹਾਇਕ ਨਿਦੇਸ਼ਕ, ਯੂਟੀ ਸ਼੍ਰੀ ਰਾਹੁਲ ਕਨਵਰੀਆ ਅਤੇ ਜ਼ਿਲ੍ਹੇ ਦੇ ਹੋਰ ਅਧਿਕਾਰੀ ਮੌਜੂਦ ਸਨ।

# ਕੈਨੇਡਾ: ਭਾਰਤੀ ਹਾਈ ਕਮਿਸ਼ਨਰ ਨੇ ਨਿੱਝਰ ਦੀ ਹੱਤਿਆ ਦੇ ਦੋਸ਼ ਨਕਾਰੇ

ਓਟਵਾ, 16 ਜਨਵਰੀ , (ਚ.ਨ.ਸ.) : ਕੈਨੇਡਾ ਵਿਚ ਭਾਰਤ ਦੇ ਹਾਈ ਕਮਿਸ਼ਨਰ ਦਿਨੇਸ਼ ਕੇ. ਪਟਨਾਇਕ ਨੇ ਸਿੱਖ ਵੱਖਵਾਦੀ ਆਗੂ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਨਾਲ ਸਬੰਧਤ ਕੈਨੇਡਾ ਵੱਲੋਂ ਲਾਏ ਜਾਂਦੇ ਦੋਸ਼ਾਂ ਨੂੰ ਖਾਰਜ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ 'ਚ ਭਾਰਤ ਸਰਕਾਰ ਖ਼ਿਲਾਫ਼ ਨਹੀਂ ਸਗੋਂ ਚਾਰ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਹੋਇਆ ਹੈ, ਜੇ ਭਾਰਤ ਸਰਕਾਰ ਨਾਲ ਸਬੰਧਤ ਕਿਸੇ ਨੇ ਇਹ ਕਾਰਾ ਕੀਤਾ ਹੈ ਤਾਂ ਉਸ ਦੇ ਸਬੂਤ ਦਿੱਤੇ ਜਾਣ, ਭਾਰਤ ਸਰਕਾਰ ਕਾਰਵਾਈ ਕਰੇਗੀ। ਸੀਬੀਸੀ ਨਿਊਜ਼ ਨੂੰ ਦਿੱਤੇ ਇੰਟਰਵਿਊ ਵਿਚ ਪਟਨਾਇਕ ਨੇ ਕਿਹਾ ਕਿ ਏਅਰ ਇੰਡੀਆ ਬੰਬ ਕਾਂਡ ਦੀ ਜਾਂਚ ਦਾ ਹਾਲੇ ਤੱਕ ਕੋਈ ਨਤੀਜਾ ਨਹੀਂ ਨਿਕਲਿਆ ਹੈ ਅਤੇ ਕਿਸੇ ਇਕ ਵੀ ਵਿਅਕਤੀ ਨੂੰ ਸਜ਼ਾ ਨਹੀਂ ਹੋਈ ਹੈ ਜਦਕਿ ਭਾਰਤ ਬੀਤੇ 40 ਸਾਲਾਂ ਤੋਂ ਕੈਨੇਡਾ 'ਚ ਅਤਿਵਾਦ ਦੀ ਗੱਲ ਕਰ ਰਿਹਾ ਹੈ।ਬੀਤੇ ਸਾਲ ਸਤੰਬਰ 'ਚ ਹਾਈ ਕਮਿਸ਼ਨਰ ਦਾ ਅਹੁਦਾ ਸੰਭਾਲਣ ਵਾਲੇ ਪਟਨਾਇਕ ਦਾ ਇਹ ਬਿਆਨ ਅਜਿਹੇ ਮੌਕੇ ਆਇਆ ਹੈ ਜਦੋਂ ਬ੍ਰਿਟਿਸ਼ ਕੋਲੰਬੀਆ ਦੇ ਪ੍ਰੀਮੀਅਰ ਡੇਵਿਡ ਐਬੀ ਵਪਾਰਕ ਮਿਸ਼ਨ ਲਈ ਭਾਰਤ ਦੌਰੇ 'ਤੇ ਹਨ। ਭਾਰਤੀ ਸਫ਼ੀਰ ਨੇ ਕਿਹਾ, "ਸਿੱਖ ਵੱਖਵਾਦੀ ਆਗੂ ਦੀ ਹੱਤਿਆ ਦੇ ਸਬੂਤ ਕਿੱਥੇ ਹਨ? ਹਰ ਵਾਰ ਤੁਸੀਂ ਆਖਦੇ ਹੋ ਕਿ ਭਰੋਸੇਯੋਗ ਸੂਚਨਾ ਹੈ। ਅਸੀਂ ਹਰ ਵਾਰ ਆਖਿਆ ਹੈ ਕਿ ਇਹ ਬੇਤੁਕੇ ਦੋਸ਼ ਹਨ। ਅਸੀਂ ਇਹੋ ਜਿਹੇ ਕਾਰੇ ਨਹੀਂ ਕਰਦੇ ਹਾਂ। ਦੋਸ਼ ਲਾਉਣੇ ਹਮੇਸ਼ਾ ਸੌਖੇ ਹੁੰਦੇ ਹਨ ਪਰ ਉਸ ਦਾ ਸਬੂਤ ਵੀ ਹੋਣਾ ਚਾਹੀਦਾ ਹੈ।"

# ਪਾਕਿਸਤਾਨੀ ਨੌਜਵਾਨ ਨਾਲ ਨਿਕਾਹ ਕਰਨ ਵਾਲੀ ਭਾਰਤੀ ਸਿੱਖ ਔਰਤ ਗ੍ਰਿਫ਼ਤਾਰ, ਭਾਰਤ ਭੇਜਣ ਦੀ ਤਿਆਰੀ 'ਚ ਪ੍ਰਸ਼ਾਸਨ

ਲਾਹੌਰ, 16 ਜਨਵਰੀ , (ਚ.ਨ.ਸ.) : ਪਾਕਿਸਤਾਨ ਦੇ ਪੰਜਾਬ ਸੂਬੇ ਦੀ ਪੁਲਿਸ ਨੇ ਸਥਾਨਕ ਮੁਸਲਿਮ ਨੌਜਵਾਨ ਨਾਲ ਵਿਆਹ ਕਰਨ ਵਾਲੀ ਭਾਰਤੀ ਸਿੱਖ ਔਰਤ ਸਰਬਜੀਤ ਕੌਰ (48) ਨੂੰ ਗ੍ਰਿਫ਼ਤਾਰ ਕਰ ਕੇ ਲਾਹੌਰ ਦੇ ਸਰਕਾਰੀ ਪਨਾਹ ਘਰ ਭੇਜ ਦਿੱਤਾ ਹੈ। ਪੰਜਾਬ ਸੂਬਾਈ ਸਰਕਾਰ ਦੇ ਸੂਤਰਾਂ ਮੁਤਾਬਕ, ਪ੍ਰਸ਼ਾਸਨ ਉਨ੍ਹਾਂ ਨੂੰ ਭਾਰਤ ਹਵਾਲਗੀ ਦੀ ਪ੍ਰਕਿਰਿਆ 'ਤੇ ਵਿਚਾਰ ਕਰ ਰਿਹਾ ਹੈ, ਜਦਕਿ ਉਨ੍ਹਾਂ ਦੇ ਪਤੀ ਨਸੀਰ ਹੁਸੈਨ ਪੁਲਿਸ ਹਿਰਾਸਤ 'ਚ ਹਨ। ਸਰਬਜੀਤ ਕੌਰ ਨਵੰਬਰ 'ਚ ਭਾਰਤ ਤੋਂ ਲਗਪਗ ਦੋ ਹਜ਼ਾਰ ਸਿੱਖ ਸ਼ਰਧਾਲੂਆਂ ਦੇ ਨਾਲ ਗੁਰੂ ਨਾਨਕ ਜੈਅੰਤੀ ਦੇ ਮੌਕੇ 'ਤੇ ਪਾਕਿਸਤਾਨ ਆਈ ਸੀ। ਜ਼ਿਆਦਾਤਰ ਸ਼ਰਧਾਲੂ ਕੁਝ ਦਿਨਾਂ ਬਾਅਦ ਮੁੜ ਗਏ, ਪਰ ਸਰਬਜੀਤ ਭਾਰਤ ਨਹੀਂ ਮੁੜੀ ਤੇ ਬਾਅਦ 'ਚ ਉਨ੍ਹਾਂ ਦੇ ਲਾਪਤਾ ਹੋਣ ਦੀ ਜਾਣਕਾਰੀ ਸਾਹਮਣੇ ਆਈ। ਲਾਹੌਰ ਪੁਲਿਸ ਦੇ ਇਕ ਸੀਨੀਅਰ ਅਧਿਕਾਰੀ ਮੁਤਾਬਕ, ਸਰਬਜੀਤ ਨੇ ਪਾਕਿਸਤਾਨ ਪੁੱਜਣ ਦੇ ਇਕ ਦਿਨ ਬਾਅਦ ਸ਼ੇਖ਼ੂਪੁਰਾ ਜ਼ਿਲ੍ਹੇ ਦੇ ਨਿਵਾਸੀ ਨਸੀਰ ਹੁਸੈਨ ਨਾਲ ਨਿਕਾਹ ਕੀਤਾ। ਨਿਕਾਹ ਤੋਂ ਪਹਿਲਾਂ ਉਸ ਨੂੰ ਮੁਸਲਿਮ ਨਾਂ 'ਨੂਰ' ਦਿੱਤਾ ਗਿਆ। ਇਕ ਵੀਡੀਓ ਸੁਨੇਹੇ 'ਚ ਸਰਬਜੀਤ ਨੇ ਕਿਹਾ ਸੀ ਕਿ ਉਹ ਤਲਾਕਸ਼ੁਦਾ ਹੈ ਤੇ ਆਪਣੀ ਇੱਛਾ ਨਾਲ ਵਿਆਹ ਕਰਨ ਪਾਕਿਸਤਾਨ ਆਈ ਸੀ। ਉਸ ਨੇ ਵੀਜ਼ਾ ਸਮਾਂ ਵਧਾਉਣ ਤੇ ਪਾਕਿਸਤਾਨੀ ਨਾਗਰਿਕਤਾ ਲਈ ਅਰਜ਼ੀ ਦੇਣ ਦੀ ਗੱਲ ਵੀ ਕਹੀ।

# ਆਖਿਰਕਾਰ ਟਰੰਪ ਨੇ ਲੈ ਹੀ ਲਿਆ ਨੋਬਲ ਪੁਰਸਕਾਰ, ਚਾਹੇ ਦੂਜੇ ਦਾ ਹੀ ਸਹੀ..



ਵਾਸ਼ਿੰਗਟਨ, 16 ਜਨਵਰੀ , (ਚ.ਨ.ਸ.) : ਵੈਨੇਜ਼ੁਏਲਾ ਦੀ ਵਿਰੋਧੀ ਧਿਰ ਦੀ ਪ੍ਰਮੁੱਖ ਆਗੂ ਮਾਰੀਆ ਕੋਰੀਨਾ ਮਚਾਡੋ ਨੇ ਵੀਰਵਾਰ ਨੂੰ ਵ੍ਹਾਈਟ ਹਾਊਸ ਵਿਖੇ ਰਾਸ਼ਟਰਪਤੀ ਡੋਨਲਡ ਟਰੰਪ ਨਾਲ ਇੱਕ ਬੇਹੱਦ ਅਹਿਮ ਅਤੇ ਇਤਿਹਾਸਕ ਮੁਲਾਕਾਤ ਕੀਤੀ, ਜਿਸ ਦੌਰਾਨ ਉਨ੍ਹਾਂ ਨੇ ਆਪਣਾ ਨੋਬਲ ਸ਼ਾਂਤੀ ਪੁਰਸਕਾਰ ਮੈਡਲ ਟਰੰਪ ਨੂੰ ਭੇਂਟ ਕਰਕੇ ਸਭ ਨੂੰ ਹੈਰਾਨ ਕਰ ਦਿੱਤਾਇਹ ਘਟਨਾ ਉਸ ਸਮੇਂ ਵਾਪਰੀ ਹੈ ਜਦੋਂ ਟਰੰਪ ਨੇ ਅਮਰੀਕੀ ਫੌਜਾਂ ਦੁਆਰਾ ਨਿਕੋਲਸ ਮਾਦੁਰੋ ਨੂੰ ਸੱਤਾ ਤੋਂ ਲਾਂਭੇ ਕੀਤੇ ਜਾਣ ਤੋਂ ਬਾਅਦ ਵੈਨੇਜ਼ੁਏਲਾ ਦੀ ਸੱਤਾ ਸੰਭਾਲਣ ਲਈ ਮਚਾਡੋ ਦੀ ਯੋਗਤਾ ਅਤੇ ਭਰੋਸੇਯੋਗਤਾ 'ਤੇ ਜਨਤਕ ਤੌਰ ਤੇ ਸਵਾਲ ਚੁੱਕੇ ਹਨ। ਹਾਲਾਂਕਿ ਨੋਬਲ ਇੰਸਟੀਚਿਊਟ ਨੇ ਸਪੱਸ਼ਟ ਤੌਰ ਤੇ ਕਿਹਾ ਹੈ ਕਿ ਮਚਾਡੋ ਨਿਯਮਾਂ ਅਨੁਸਾਰ ਆਪਣਾ ਪੁਰਸਕਾਰ ਕਿਸੇ ਹੋਰ ਨੂੰ ਨਹੀਂ ਦੇ ਸਕਦੀ, ਪਰ ਇਸ ਸੰਕੇਤਕ ਕਦਮ ਨੂੰ ਕੂਟਨੀਤਕ ਹਲਕਿਆਂ ਵਿੱਚ ਬੇਹੱਦ ਅਸਧਾਰਨ ਮੰਨਿਆ ਜਾ ਰਿਹਾ ਹੈ, ਖਾਸ ਕਰਕੇ ਇਸ ਲਈ ਕਿਉਂਕਿ ਟਰੰਪ ਨੇ ਮਚਾਡੋ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪਾਸੇ ਕਰ ਦਿੱਤਾ ਹੈ, ਜੋ ਲੰਬੇ ਸਮੇਂ ਤੋਂ ਵੈਨੇਜ਼ੁਏਲਾ ਵਿੱਚ ਤਾਨਾਸ਼ਾਹੀ ਵਿਰੁੱਧ ਸੰਘਰਸ਼ ਦਾ ਮੁੱਖ ਚਿਹਰਾ ਰਹੀ ਹੈ।ਟਰੰਪ ਨੇ ਮਾਦੁਰੋ ਦੀ ਸਾਬਕਾ ਸਹਿਯੋਗੀ ਅਤੇ ਮੌਜੂਦਾ ਕਾਰਜਕਾਰੀ ਰਾਸ਼ਟਰਪਤੀ ਡੈਲਸੀ ਰੋਡਰਿਗਜ਼ ਨਾਲ ਮਿਲ ਕੇ ਕੰਮ ਕਰਨ ਦੇ ਸੰਕੇਤ ਦਿੱਤੇ ਹਨ, ਜੋ ਕਿ ਮਾਦੁਰੋ ਦੇ ਸ਼ਾਸਨ ਵਿੱਚ ਦੂਜੇ ਨੰਬਰ ਤੇ ਸੀ। ਮਚਾਡੋ ਨੇ ਵ੍ਹਾਈਟ ਹਾਊਸ ਤੋਂ ਬਾਹਰ ਨਿਕਲਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਇਹ ਸਨਮਾਨ ਟਰੰਪ ਦੀ ਆਜ਼ਾਦੀ ਪ੍ਰਤੀ ਵਿਲੱਖਣ ਵਚਨਬੱਧਤਾ ਦੇ ਸਤਿਕਾਰ ਵਜੋਂ ਉਨ੍ਹਾਂ ਨੂੰ ਸੌਂਪਿਆ ਹੈ। ਟਰੰਪ ਨੇ ਬਾਅਦ ਵਿੱਚ ਸੋਸ਼ਲ ਮੀਡੀਆ ਤੇ ਇਸ ਦੀ ਪੁਸ਼ਟੀ ਕਰਦਿਆਂ ਲਿਖਿਆ ਕਿ ਮਚਾਡੋ ਨੇ ਮੈਡਲ ਉਨ੍ਹਾਂ ਕੋਲ ਰੱਖਣ ਲਈ ਛੱਡ ਦਿੱਤਾ ਹੈ ਅਤੇ ਉਨ੍ਹਾਂ ਨੇ ਮਚਾਡੋ ਨੂੰ ਇੱਕ ਸ਼ਾਨਦਾਰ ਔਰਤ ਦੱਸਦੇ ਹੋਏ ਇਸ ਨੂੰ ਆਪਸੀ ਸਤਿਕਾਰ ਦਾ ਪ੍ਰਤੀਕ ਦੱਸਿਆ।ਪਰ ਇਸ ਦੇ ਬਾਵਜੂਦ, ਰਾਸ਼ਟਰਪਤੀ ਟਰੰਪ ਨੇ ਵੈਨੇਜ਼ੁਏਲਾ ਵਿੱਚ ਲੋਕਤੰਤਰੀ ਚੋਣਾਂ ਕਰਵਾਉਣ ਬਾਰੇ ਕੋਈ ਸਪੱਸ਼ਟ ਸਮਾਂ ਸੀਮਾ ਨਹੀਂ ਦਿੱਤੀ ਅਤੇ ਮਚਾਡੋ ਦੀ ਲੀਡਰਸ਼ਿਪ 'ਤੇ ਮੁੜ ਸ਼ੱਕ ਜ਼ਾਹਰ ਕਰਦਿਆਂ ਕਿਹਾ ਕਿ ਸ਼ਾਇਦ ਉਨ੍ਹਾਂ ਕੋਲ ਦੇਸ਼ ਦੇ ਅੰਦਰ ਲੋੜੀਂਦਾ ਸਨਮਾਨ ਜਾਂ ਸਮਰਥਨ ਨਹੀਂ ਹੈ

# ਟੀਮ ਇੰਡੀਆ ਨੂੰ ਵੱਡਾ ਝਟਕਾ

## ਟੀ20 ਸੀਰੀਜ਼ ਤੋਂ ਵੀ ਬਾਹਰ ਹੋਇਆ ਵਾਸ਼ਿੰਗਟਨ ਸੁੰਦਰ

ਵਡੋਦਰਾ, 16 ਜਨਵਰੀ , (ਚ.ਨ.ਸ.) : ਭਾਰਤੀ ਕ੍ਰਿਕਟ ਟੀਮ ਨੂੰ ਨਿਊਜ਼ੀਲੈਂਡ ਵਿਰੁੱਧ ਜਾਰੀ ਵਨਡੇ ਲੜੀ ਦੇ ਵਿਚਕਾਰ ਇੱਕ ਹੋਰ ਮਾੜੀ ਖ਼ਬਰ ਮਿਲੀ ਹੈ। ਸਟਾਰ ਆਲਰਾਊਂਡਰ ਵਾਸ਼ਿੰਗਟਨ ਸੁੰਦਰ ਸਾਈਡ ਸਟ੍ਰੇਨ (ਮਾਸਪੇਸ਼ੀਆਂ ਵਿੱਚ ਖਿਚਾਅ) ਕਾਰਨ 21 ਜਨਵਰੀ ਤੋਂ ਨਾਗਪੁਰ ਵਿੱਚ ਸ਼ੁਰੂ ਹੋਣ ਵਾਲੀ 5 ਮੈਚਾਂ ਦੀ ਟੀ-20 ਸੀਰੀਜ਼ ਤੋਂ ਪੂਰੀ ਤਰ੍ਹਾਂ ਬਾਹਰ ਹੋ ਗਏ ਹਨ। ਸੁੰਦਰ ਨੂੰ ਇਹ ਪਰੇਸ਼ਾਨੀ ਵਡੋਦਰਾ ਵਿੱਚ ਖੇਡੇ ਗਏ ਪਹਿਲੇ ਵਨਡੇ ਮੈਚ ਦੌਰਾਨ ਗੇਂਦਬਾਜ਼ੀ ਕਰਦੇ ਸਮੇਂ ਮਹਿਸੂਸ ਹੋਈ ਸੀ, ਜਿਸ ਤੋਂ ਬਾਅਦ ਉਨ੍ਹਾਂ ਨੂੰ ਵਨਡੇ ਸੀਰੀਜ਼ ਤੋਂ ਵੀ ਬਾਹਰ ਕਰ ਦਿੱਤਾ ਗਿਆ ਸੀ। ਬੀ.ਸੀ.ਸੀ.ਆਈ. (2339) ਅਨੁਸਾਰ, ਸੁੰਦਰ ਦੀ ਇਹ ਸੱਟ ਹੁਣ 7 ਫਰਵਰੀ ਤੋਂ ਸ਼ੁਰੂ ਹੋਣ ਵਾਲੇ ਟੀ-20 ਵਿਸ਼ਵ ਕੱਪ ਲਈ ਵੀ ਚਿੰਤਾ ਦਾ ਵਿਸ਼ਾ ਬਣ ਗਈ ਹੈ।ਭਾਰਤੀ ਟੀਮ ਇਸ ਸਮੇਂ ਖਿਡਾਰੀਆਂ ਦੀਆਂ ਸੱਟਾਂ ਨਾਲ ਜੂਝ ਰਹੀ ਹੈ, ਕਿਉਂਕਿ ਨੌਜਵਾਨ ਬੱਲੇਬਾਜ਼ ਤਿਲਕ ਵਰਮਾ ਵੀ ਸਰਜਰੀ ਕਾਰਨ ਟੀ-20 ਸੀਰੀਜ਼ ਦੇ ਪਹਿਲੇ ਤਿੰਨ ਮੈਚਾਂ ਵਿੱਚ ਹਿੱਸਾ ਨਹੀਂ ਲੈ ਸਕਣਗੇ

# ਐਂਡਰਸ ਐਂਟੋਨਸਨ ਨੇ ਦਿੱਲੀ ਦੀ ਜ਼ਹਿਰੀਲੀ ਹਵਾ ਕਾਰਨ ਇੰਡੀਆ ਓਪਨ ਤੋਂ ਨਾਂ ਲਿਆ ਵਾਪਸ

ਨਵੀਂ ਦਿੱਲੀ, 16 ਜਨਵਰੀ , (ਚ.ਨ.ਸ.) : ਵਿਸ਼ਵ ਦੇ ਤੀਜੇ ਨੰਬਰ ਦੇ ਦਿੱਗਜ ਬੈਡਮਿੰਟਨ ਖਿਡਾਰੀ ਐਂਡਰਸ ਐਂਟੋਨਸਨ ਨੇ ਦਿੱਲੀ ਵਿੱਚ ਹਵਾ ਪ੍ਰਦੂਸ਼ਣ ਦੇ ਬਹੁਤ ਜ਼ਿਆਦਾ ਪੱਧਰ ਦਾ ਹਵਾਲਾ ਦਿੰਦੇ ਹੋਏ ਇੰਡੀਆ ਓਪਨ ਵਿੱਚੋਂ ਆਪਣਾ ਨਾਮ ਵਾਪਸ ਲੈ ਲਿਆ ਹੈ। ਵਿਸ਼ਵ ਚੈਂਪੀਅਨਸ਼ਿਪ ਦੇ ਚਾਰ ਵਾਰ ਦੇ ਤਮਗਾ ਜੇਤੂ ਐਂਟੋਨਸਨ ਨੇ ਟੂਰਨਾਮੈਂਟ ਤੋਂ ਹਟਣ ਦੇ ਆਪਣੇ ਇਸ ਫੈਸਲੇ ਕਾਰਨ ਬੈਡਮਿੰਟਨ ਵਰਲਡ ਫੈਡਰੇਸ਼ਨ (2⇨6) ਨੂੰ 5,000 ਅਮਰੀਕੀ ਡਾਲਰ ਦਾ ਜੁਰਮਾਨਾ ਅਦਾ ਕੀਤਾ ਹੈ। ਇਹ ਘਟਨਾ 14 ਜਨਵਰੀ 2026 ਦੀ ਹੈ, ਜਿਸ ਨੇ ਖੇਡ ਜਗਤ ਵਿੱਚ ਦਿੱਲੀ ਦੇ ਵਾਤਾਵਰਣ ਸਬੰਧੀ ਚਿੰਤਾਵਾਂ ਨੂੰ ਮੁੜ ਸੁਰਖੀਆਂ ਵਿੱਚ ਲਿਆ ਦਿੱਤਾ ਹੈ।ਐਂਟੋਨਸਨ ਦਾ ਇਹ ਕਦਮ ਉਸ ਖਤਰੇ ਦੀ ਘੰਟੀ ਵਾਂਗ ਹੈ, ਜੋ ਇਹ ਦਰਸਾਉਂਦਾ ਹੈ ਕਿ ਵਾਤਾਵਰਣ ਦੀਆਂ ਮਾੜੀਆਂ ਸਥਿਤੀਆਂ ਹੁਣ ਸਿਰਫ਼ ਆਮ ਜੀਵਨ ਨੂੰ ਹੀ ਨਹੀਂ, ਸਗੋਂ ਅੰਤਰਰਾਸ਼ਟਰੀ ਖੇਡ ਮੁਕਾਬਲਿਆਂ ਅਤੇ ਦੁਨੀਆ ਦੇ ਚੋਟੀ ਦੇ ਖਿਡਾਰੀਆਂ ਦੇ ਫੈਸਲਿਆਂ ਨੂੰ ਵੀ ਪ੍ਰਭਾਵਿਤ ਕਰ ਰਹੀਆਂ ਹਨ।

# 7 ਤੀਵੀਆਂ, 134 ਬੱਚੇ ਤੇ 110 ਸਾਲ ਦੀ ਉਮਰ 'ਚ ਆਖ਼ਰੀ ਵਿਆਹ, ਨਹੀਂ ਰਹੇ ਸਾਊਦੀ ਦੇ ਸਭ ਤੋਂ ਉਮਰਦਰਾਜ਼ ਵਿਅਕਤੀ

ਰਿਆਦ, 16 ਜਨਵਰੀ , (ਚ.ਨ.ਸ.) : ਸਾਊਦੀ ਅਰਬ ਤੋਂ ਇਕ ਹੈਰਾਨ ਕਰਨ ਵਾਲੀ ਖ਼ਬਰ ਸਾਹਮਣੇ ਆਈ ਹੈ, ਜਿੱਥੋਂ ਦੇ ਸਭ ਤੋਂ ਬਜ਼ੁਰਗ ਮੰਨੇ ਜਾਣ ਵਾਲੇ ਵਿਅਕਤੀ, ਨਾਸਿਰ ਬਿਨ ਰਦਾਨ ਅਲ ਰਾਸ਼ਿਦ ਅਲ ਵਦਾਈ, ਦਾ 11 ਜਨਵਰੀ, 2026 ਨੂੰ ਰਿਆਦ ਵਿੱਚ ਦਿਹਾਂਤ ਹੋ ਗਿਆ। ਉਨ੍ਹਾਂ ਦੀ ਉਮਰ 142 ਸਾਲ ਦੱਸੀ ਜਾਂਦੀ ਹੈ, ਜਿਸ ਤੋਂ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਉਨ੍ਹਾਂ ਦਾ ਜਨਮ 1800 ਦੇ ਅਖੀਰ ਵਿੱਚ ਹੋਇਆ ਸੀ, ਜਦੋਂ ਅਜੋਕੇ ਸਾਊਦੀ ਅਰਬ ਦਾ ਵਜੂਦ ਵੀ ਨਹੀਂ ਸੀ।ਅਲ ਵਦਾਈ ਨੇ ਸਾਊਦੀ ਅਰਬ ਨੂੰ ਰੇਗਿਸਤਾਨੀ ਬਸਤੀਆਂ ਤੋਂ ਇੱਕ ਆਧੁਨਿਕ ਦੇਸ਼ ਵਿੱਚ ਬਦਲਦਿਆਂ ਦੇਖਿਆ। ਉਨ੍ਹਾਂ ਨੇ ਦੇਸ਼ ਦੇ ਸੰਸਥਾਪਕ ਕਿੰਗ ਅਬਦੁਲਅਜ਼ੀਜ਼ ਤੋਂ ਲੈ ਕੇ ਮੌਜੂਦਾ ਕਿੰਗ ਸਲਮਾਨ ਤੱਕ, ਹਰ ਸਾਊਦੀ ਰਾਜੇ ਦਾ ਸ਼ਾਸਨ ਆਪਣੀਆਂ ਅੱਖਾਂ ਨਾਲ ਦੇਖਿਆ। ਉਨ੍ਹਾਂ ਦੇ ਜੀਵਨ ਕਾਲ ਦੌਰਾਨ ਕੱਚੇ ਰਸਤਿਆਂ ਦੀ ਜਗ੍ਹਾ ਸੜਕਾਂ, ਬਿਜਲੀ, ਹਸਪਤਾਲ ਅਤੇ ਤੇਲ ਦੀ ਦੌਲਤ ਨੇ ਦੇਸ਼ ਦੀ ਨੁਹਾਰ ਬਦਲ ਦਿੱਤੀ।ਉਨ੍ਹਾਂ ਨੇ ਆਪਣੀ ਜ਼ਿੰਦਗੀ 'ਚ 7 ਵਾਰ ਵਿਆਹ ਕਰਵਾਇਆ ਤੇ ਦਿਹਾਂਤ ਮਗਰੋਂ ਉਹ ਆਪਣੇ ਪਿੱਛੇ 134 ਬੱਚਿਆਂ ਅਤੇ ਪੋਤੇ-ਪੋਤੀਆਂ ਦਾ ਇੱਕ ਵੱਡਾ ਪਰਿਵਾਰ ਛੱਡ ਗਏ ਹਨ। ਹੈਰਾਨੀਜਨਕ ਗੱਲ ਇਹ ਹੈ ਕਿ ਉਨ੍ਹਾਂ ਨੇ ਆਪਣਾ ਆਖਰੀ ਵਿਆਹ 110 ਸਾਲ ਦੀ ਉਮਰ ਵਿੱਚ ਕੀਤਾ ਸੀ। ਉਨ੍ਹਾਂ ਦੇ 3 ਪੁੱਤਰਾਂ ਵਿੱਚੋਂ 2 ਅਜੇ ਵੀ ਜ਼ਿੰਦਾ ਹਨ ਅਤੇ ਉਨ੍ਹਾਂ ਦੀ ਇੱਕ ਧੀ 90 ਸਾਲ ਦੀ ਉਮਰ ਤੱਕ ਜਿਉਂਦੀ ਰਹੀ ਸੀ।

# ਦੱਖਣੀ ਕੋਰੀਆ : ਸਾਬਕਾ ਰਾਸ਼ਟਰਪਤੀ ਯੂਨ ਨੂੰ 5 ਸਾਲ ਕੈਦ ਦੀ ਸਜ਼ਾ



ਸਿਓਲ, 16 ਜਨਵਰੀ , (ਚ.ਨ.ਸ.) : ਦੱਖਣੀ ਕੋਰੀਆ ਦੀ ਇੱਕ ਅਦਾਲਤ ਨੇ ਅੱਜ ਸਾਬਕਾ ਰਾਸ਼ਟਰਪਤੀ ਯੂਨ ਸੁਕ ਯਿਓਲ ਨੂੰ ਮਾਰਸ਼ਲ ਲਾਅ ਲਗਾਉਣ ਨਾਲ ਸਬੰਧਤ ਤੇ ਕਈ ਹੋਰ ਦੋਸ਼ਾਂ ਵਿੱਚ ਪੰਜ ਸਾਲ ਕੈਦ ਦੀ ਸਜ਼ਾ ਸੁਣਾਈ ਹੈ। ਇਹ ਮਾਮਲਾ ਸਾਲ 2024 ਦੇ ਅਖੀਰ ਵਿੱਚ ਜਾਰੀ ਕੀਤੇ ਗਏ ਫ਼ਰਮਾਨ ਅਤੇ ਹੋਰ ਦੋਸ਼ਾਂ ਨਾਲ ਸਬੰਧਤ ਹੈ ਜਿਸ ਨੂੰ ਲੈ ਕੇ ਯੂਨ ਖ਼ਿਲਾਫ਼ ਅੱਠ ਅਪਰਾਧਿਕ ਮੁਕੱਦਮੇ ਚਲ ਰਹੇ ਹਨ ਤੇ ਇਹ ਯੂਨ ਖ਼ਿਲਾਫ਼ ਪਹਿਲਾ ਫੈਸਲਾ ਹੈ।ਉਸ ਖ਼ਿਲਾਫ਼ ਸਭ ਤੋਂ ਅਹਿਮ ਦੋਸ਼ ਇਹ ਹੈ ਕਿ ਉਸ ਨੇ ਮਾਰਸ਼ਲ ਲਾਅ ਲਾਗੂ ਕਰਨ ਸਬੰਧੀ ਬਗਾਵਤ ਦੀ ਅਗਵਾਈ ਕੀਤੀ ਅਤੇ ਇਸ ਵਿੱਚ ਸੰਭਾਵੀ ਮੌਤ ਦੀ ਸਜ਼ਾ ਹੈ।ਸਿਓਲ ਸੈਂਟਰਲ ਜ਼ਿਲ੍ਹਾ ਅਦਾਲਤ ਨੇ ਸ਼ੁੱਕਰਵਾਰ ਨੂੰ ਇਸ ਮਾਮਲੇ ਵਿੱਚ ਉਸ ਨੂੰ ਹੋਰ ਦੋਸ਼ਾਂ ਲਈ ਸਜ਼ਾ ਸੁਣਾਈ।ਯੂਨ ਨੇ ਤੁਰੰਤ ਇਸ ਫੈਸਲੇ 'ਤੇ ਕੋਈ ਟਿੱਪਣੀ ਨਹੀਂ ਕੀਤੀ ਪਰ ਜਦੋਂ ਪਹਿਲਾਂ ਇੱਕ ਵਕੀਲ ਨੇ ਯੂਨ ਲਈ 10 ਸਾਲ ਦੀ ਕੈਦ ਦੀ ਮੰਗ ਕੀਤੀ ਸੀ ਤਾਂ ਯੂਨ ਦੀ ਬਚਾਅ ਟੀਮ ਨੇ ਇਹ ਦੋਸ਼ ਰਾਜਨੀਤੀ ਤੋਂ ਪ੍ਰੇਰਿਤ ਹੋਣ ਦੇ ਲਾਏ ਸਨ।ਦਸੰਬਰ 2024 ਵਿੱਚ ਥੋੜ੍ਹੇ ਸਮੇਂ ਲਈ ਮਾਰਸ਼ਲ ਲਾਅ ਲਾਗੂ ਕਰਨ ਤੋਂ ਬਾਅਦ ਯੂਨ ਨੂੰ ਰਾਸ਼ਟਰਪਤੀ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ। ਇਸ ਤੋਂ ਬਾਅਦ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਬਰਖਾਸਤ ਕਰ ਦਿੱਤਾ ਗਿਆ

# ਉਪ-ਰਾਸ਼ਟਰਪਤੀ ਅਤੇ ਰਾਜ ਸਭਾ ਦੇ ਚੇਅਰਮੈਨ ਸ੍ਰੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਰਾਸ਼ਟਰਮੰਡਲ ਦੇਸ਼ਾਂ ਦੇ ਸਪੀਕਰਾਂ ਅਤੇ ਪ੍ਰਧਾਨ ਅਧਿਕਾਰੀਆਂ ਦੇ ਸਨਮਾਨ ਵਿੱਚ ਦੁਪਹਿਰ ਦਾ ਖਾਣਾ ਦਿੱਤਾ



ਨਵੀਂ ਦਿੱਲੀ, 16 ਜਨਵਰੀ, (ਅੰਮ੍ਰਿਤਪਾਲ ਸਿੰਘ) : ਰਾਜ ਸਭਾ ਦੇ ਮਾਣਯੋਗ ਚੇਅਰਮੈਨ ਅਤੇ ਭਾਰਤ ਦੇ ਉਪ-ਰਾਸ਼ਟਰਪਤੀ ਨੇ ਅੱਜ ਨਵੀਂ ਦਿੱਲੀ ਦੇ ਸੰਵਿਧਾਨ ਸਦਨ ਵਿਖੇ ਰਾਸ਼ਟਰਮੰਡਲ ਸੰਸਦਾਂ ਦੇ ਸਪੀਕਰਾਂ ਅਤੇ ਪ੍ਰਧਾਨ ਅਧਿਕਾਰੀਆਂ ਦੇ ਸਨਮਾਨ ਵਿੱਚ ਦੁਪਹਿਰ ਦਾ ਖਾਣਾ ਦਿੱਤਾ। ਇਹ ਦੁਪਹਿਰ ਦਾ ਖਾਣਾ 14 ਤੋਂ 16 ਜਨਵਰੀ, 2026 ਤੱਕ ਭਾਰਤ ਵਿੱਚ ਹੋ ਰਹੀ ਰਾਸ਼ਟਰਮੰਡਲ ਦੇ ਸਪੀਕਰਾਂ ਅਤੇ ਪ੍ਰੀਜ਼ਾਈਡਿੰਗ ਅਫਸਰਾਂ ਦੀ 28ਵੀਂ ਕਾਨਫਰੰਸ (CSPOC) ਦੇ ਮੌਕੇ ਤੇ ਆਯੋਜਿਤ ਕੀਤਾ ਗਿਆ ਸੀ।

ਆਉਣ ਵਾਲੇ ਪਤਵੰਤਿਆਂ ਦਾ ਸਵਾਗਤ ਕਰਦੇ ਹੋਏ, ਮਾਣਯੋਗ ਚੇਅਰਮੈਨ ਨੇ ਭਾਰਤ ਦੀ ਇਤਿਹਾਸਕ ਸੰਸਦ ਇਮਾਰਤ, ਸੰਵਿਧਾਨ ਸਦਨ ਵਿਖੇ ਪ੍ਰੀਜ਼ਾਈਡਿੰਗ ਅਫਸਰਾਂ ਅਤੇ ਸੰਸਦੀ ਨੇਤਾਵਾਂ ਦੇ ਇੱਕ ਵਿਸ਼ੇਸ਼ ਇਕੱਠ ਦੀ ਮੇਜ਼ਬਾਨੀ ਕਰਨ ਤੇ ਖੁਸ਼ੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਇਹ ਇਮਾਰਤ ਸਾਢੇ ਸੱਤ ਦਹਾਕਿਆਂ ਤੋਂ ਵੱਧ ਸਮੇਂ ਤੋਂ ਭਾਰਤ ਦੇ ਜੀਵੰਤ ਅਤੇ ਵਧਦੇ-ਫੁੱਲਦੇ ਸੰਸਦੀ ਲੋਕਤੰਤਰ ਦੇ ਪ੍ਰਤੀਕ ਵਜੋਂ ਖੜ੍ਹੀ ਹੈ।

ਮਾਣਯੋਗ ਚੇਅਰਮੈਨ ਨੇ ਦੇਖਿਆ ਕਿ ਇਹ ਇਕੱਠ ਸਮੂਹਿਕ ਸਦਭਾਵਨਾ ਅਤੇ ਸਾਂਝੇ ਉਦੇਸ਼ ਦੀ ਭਾਵਨਾ ਨੂੰ ਦਰਸਾਉਂਦਾ ਹੈ ਜੋ ਰਾਸ਼ਟਰਮੰਡਲ ਲੋਕਤੰਤਰਾਂ ਨੂੰ ਇਕਜੁੱਟ ਕਰਦਾ ਹੈ। ਭਾਰਤ ਦੇ ਸੱਭਿਅਕ ਸਿਧਾਂਤਾਂ ਤੋਂ ਲੈ ਕੇ, ਉਨ੍ਹਾਂ ਨੇ ਗੱਲਬਾਤ, ਸਹਿਯੋਗ ਅਤੇ ਆਪਸੀ ਸਤਿਕਾਰ ਰਾਹੀਂ ਇਕੱਠੇ ਅੱਗੇ ਵਧਣ ਦੀ ਮਹੱਤਤਾ ਤੇ ਜ਼ੋਰ ਦਿੱਤਾ।

ਪ੍ਰਧਾਨ ਅਧਿਕਾਰੀਆਂ ਦੀ ਭੂਮਿਕਾ ਦਾ ਹਵਾਲਾ ਦਿੰਦੇ ਹੋਏ, ਮਾਣਯੋਗ ਚੇਅਰਮੈਨ ਨੇ ਜ਼ੋਰ ਦਿੱਤਾ ਕਿ ਵਿਚਾਰਾਂ ਦੀ ਵਿਭਿੰਨਤਾ ਦੇ ਵਿਚਕਾਰ, ਸਜਾਵਟ ਅਤੇ ਮਾਣ ਨਾਲ ਬਹਿਸ, ਸੰਵਾਦ ਅਤੇ ਚਰਚਾ ਨੂੰ ਸੁਵਿਧਾਜਨਕ ਬਣਾਉਣਾ ਇੱਕ ਸਾਂਝੀ ਅਤੇ ਮੁੱਖ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਜਦੋਂ ਕਿ ਰਾਸ਼ਟਰਮੰਡਲ ਦੇਸ਼ ਭੂਗੋਲ, ਸੱਭਿਆਚਾਰ ਅਤੇ ਇਤਿਹਾਸਕ ਅਨੁਭਵ ਵਿੱਚ ਭਿੰਨ ਹੁੰਦੇ ਹਨ, ਉਹ ਸਾਂਝੇ ਸੰਸਦੀ ਸਿਧਾਂਤਾਂ ਅਤੇ ਲੋਕਤੰਤਰੀ ਸਿਧਾਂਤਾਂ ਅਤੇ ਕਦਰਾਂ-ਕੀਮਤਾਂ ਪ੍ਰਤੀ ਸਮੂਹਿਕ ਵਚਨਬੱਧਤਾ ਨਾਲ ਬੱਝੇ ਰਹਿੰਦੇ ਹਨ।

ਮਾਣਯੋਗ ਚੇਅਰਮੈਨ ਨੇ ਕਿਹਾ ਕਿ ਪ੍ਰੀਜ਼ਾਈਡਿੰਗ ਅਫਸਰ ਵਿਧਾਨ ਸਭਾਵਾਂ ਦੀ ਸ਼ਾਨ ਅਤੇ ਲੋਕਾਂ ਦੀ ਆਵਾਜ਼ ਦੇ ਅੰਤਮ ਰੱਖਿਅਕ ਵਜੋਂ ਕੰਮ ਕਰਦੇ ਹਨ, ਜਿਨ੍ਹਾਂ ਨੂੰ ਪਵਿੱਤਰ ਚੈਂਬਰਾਂ ਵਿੱਚ ਪ੍ਰਗਟਾਵੇ ਦੀ ਆਜ਼ਾਦੀ ਅਤੇ ਵਿਵਸਥਿਤ ਆਚਰਣ ਵਿਚਕਾਰ ਸਾਵਧਾਨੀਪੂਰਵਕ ਸੰਤੁਲਨ ਬਣਾਈ ਰੱਖਣ ਦਾ ਕੰਮ ਸੌਂਪਿਆ ਜਾਂਦਾ ਹੈ।

ਭਾਰਤ ਦੀ ਲੋਕਤੰਤਰੀ ਵਿਰਾਸਤ ਨੂੰ ਉਜਾਗਰ ਕਰਦੇ ਹੋਏ, ਮਾਣਯੋਗ ਚੇਅਰਮੈਨ ਨੇ ਭਾਰਤ ਨੂੰ ਲੋਕਤੰਤਰ ਦੀ ਮਾਂ ਵਜੋਂ ਦਰਸਾਇਆ ਅਤੇ ਕਿਹਾ ਕਿ ਭਾਰਤ ਰਾਸ਼ਟਰਮੰਡਲ ਨੂੰ ਸਿਰਫ਼ ਇੱਕ ਇਤਿਹਾਸਕ ਸੰਗਠਨ ਵਜੋਂ ਹੀ ਨਹੀਂ, ਸਗੋਂ ਬਰਾਬਰ ਭਾਈਵਾਲਾਂ ਵਿਚਕਾਰ ਸਹਿਯੋਗ ਲਈ ਇੱਕ ਮਹੱਤਵਪੂਰਨ ਅਤੇ ਅਗਾਂਹਵਧੂ ਪਲੇਟਫਾਰਮ ਵਜੋਂ ਦੇਖਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ CSPOC ਵਰਗੇ ਮੰਚ ਸੰਸਥਾਗਤ ਬੁੱਧੀ, ਸਭ ਤੋਂ ਵਧੀਆ ਅਭਿਆਸਾਂ ਅਤੇ ਅਨੁਭਵਾਂ ਨੂੰ ਸਾਂਝਾ ਕਰਨ ਲਈ ਕੀਮਤੀ ਮੌਕੇ ਪ੍ਰਦਾਨ ਕਰਦੇ ਹਨ।

ਮਾਣਯੋਗ ਚੇਅਰਮੈਨ ਨੇ ਨੋਟ ਕੀਤਾ ਕਿ ਅਜਿਹੇ ਆਦਾਨ-ਪ੍ਰਦਾਨ ਵਿਧਾਨ ਸਭਾਵਾਂ ਨੂੰ ਉਨ੍ਹਾਂ ਦੀ ਲਚਕਤਾ, ਪਾਰਦਰਸ਼ਤਾ ਅਤੇ ਸਮਾਵੇਸ਼ ਨੂੰ ਵਧਾ ਕੇ ਮਜ਼ਬੂਤ ਕਰਨ ਵਿੱਚ ਯੋਗਦਾਨ ਪਾਉਂਦੇ ਹਨ।

ਸਹਿਭੋਜਨ ਜਾਂ ਭਾਈਚਾਰਕ ਭੋਜਨ ਦੀ ਪਰੰਪਰਾ ਦਾ ਹਵਾਲਾ ਦਿੰਦੇ ਹੋਏ, ਮਾਣਯੋਗ ਚੇਅਰਮੈਨ ਨੇ ਸਮਾਨਤਾ, ਭਾਈਚਾਰਾ ਅਤੇ ਰਿਸ਼ਤੇਦਾਰੀ ਨੂੰ ਉਤਸ਼ਾਹਿਤ ਕਰਨ ਵਿੱਚ ਇਸਦੇ ਪ੍ਰਤੀਕਾਤਮਕ ਮਹੱਤਵ ਨੂੰ ਉਜਾਗਰ ਕੀਤਾ।

ਸੰਸਕ੍ਰਿਤ ਪ੍ਰਾਰਥਨਾ ਸਮਸਥ ਲੋਕਾ ਸੁਖਿਨੋ ਭਵਨਤੁ - ਸਾਰੇ ਜੀਵ ਹਰ ਜਗ੍ਹਾ ਖੁਸ਼ ਅਤੇ ਆਜ਼ਾਦ ਹੋਣ - ਨੂੰ ਦੁਹਰਾਉਂਦੇ ਹੋਏ, ਮਾਣਯੋਗ ਚੇਅਰਮੈਨ ਨੇ ਰਾਸ਼ਟਰਮੰਡਲ ਵਿਧਾਨ ਸਭਾਵਾਂ ਦੀ ਸਮੂਹਿਕ ਵਚਨਬੱਧਤਾ ਦੀ ਪੁਸ਼ਟੀ ਕੀਤੀ ਕਿ ਉਹ ਸਾਂਝੇ ਯਤਨਾਂ ਰਾਹੀਂ ਆਪਣੇ ਲੋਕਾਂ ਦੀ ਭਲਾਈ ਅਤੇ ਭਲਾਈ ਲਈ ਅਣਥੱਕ ਕੰਮ ਕਰਨਗੇ।

ਮਾਣਯੋਗ ਚੇਅਰਮੈਨ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ CSPOC 2026 ਦੌਰਾਨ ਗੱਲਬਾਤ, ਰਾਸ਼ਟਰਮੰਡਲ ਦੇਸ਼ਾਂ ਵਿਚਕਾਰ ਸੰਸਦੀ ਸਬੰਧਾਂ, ਆਪਸੀ ਸਮਝ ਅਤੇ ਸਹਿਯੋਗ ਨੂੰ ਹੋਰ ਮਜ਼ਬੂਤ ਕਰੇਗੀ।

ਆਪਣੇ ਭਾਸ਼ਣ ਦੀ ਸਮਾਪਤੀ ਕਰਦੇ ਹੋਏ, ਮਾਣਯੋਗ ਚੇਅਰਮੈਨ ਨੇ ਆਉਣ ਵਾਲੇ ਪਤਵੰਤਿਆਂ ਨੂੰ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਮੀਦ ਪ੍ਰਗਟ ਕੀਤੀ ਕਿ ਉਨ੍ਹਾਂ ਦੀ ਭਾਰਤ ਫੇਰੀ ਲਾਭਕਾਰੀ ਅਤੇ ਯਾਦਗਾਰੀ ਰਹੇਗੀ।

ਇਸ ਸਮਾਗਮ ਵਿੱਚ ਲੋਕ ਸਭਾ ਦੇ ਮਾਨਯੋਗ ਸਪੀਕਰ ਸ਼੍ਰੀ ਓਮ ਬਿਰਲਾ, ਮਾਨਯੋਗ ਕੇਂਦਰੀ ਮੰਤਰੀ, ਰਾਜ ਸਭਾ ਦੇ ਮਾਨਯੋਗ ਡਿਪਟੀ ਚੇਅਰਮੈਨ ਸ਼੍ਰੀ ਹਰੀਵੰਸ਼, ਅੰਤਰ-ਸੰਸਦੀ ਸੰਘ ਦੇ ਮਾਨਯੋਗ ਪ੍ਰਧਾਨ ਡਾ. ਤੁਲੀਆ ਐਕਸਨ, ਰਾਸ਼ਟਰਮੰਡਲ ਸੰਸਦੀ ਐਸੋਸੀਏਸ਼ਨ ਦੇ ਮਾਨਯੋਗ ਚੇਅਰਪਰਸਨ ਡਾ. ਕ੍ਰਿਸਟੋਫਰ ਕਲੀਲਾ, ਰਾਜ ਸਭਾ ਅਤੇ ਲੋਕ ਸਭਾ ਦੇ ਸਕੱਤਰ-ਜਨਰਲ ਅਤੇ ਰਾਸ਼ਟਰਮੰਡਲ ਭਰ ਦੇ ਪ੍ਰਸਿੱਧ ਸਪੀਕਰ ਅਤੇ ਪ੍ਰਧਾਨ ਅਧਿਕਾਰੀ ਸ਼ਾਮਲ ਹੋਏ।

# ਨਗਰ ਨਿਗਮ ਬਰਨਾਲਾ ਸਦਰ ਬਾਜ਼ਾਰ ਦੀਆਂ ਸੜਕਾਂ ਦਾ ਕਰੇ ਸੁਧਾਰ



ਬਰਨਾਲਾ, 16 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) ਨਗਰ ਨਿਗਮ ਵੱਲੋਂ ਪਿਛਲੇ ਕੁਝ ਦਿਨਾਂ ਤੋਂ ਕੀਤੀ ਜਾ ਰਹੀ ਸਖ਼ਤਾਈ ਤੋਂ ਔਖੇ ਹੋਏ ਵਪਾਰੀਆਂ ਵਿਸ਼ੇਸ਼ ਤੌਰ ਤੇ ਫ਼ੜੀ ਲਾਉਣ ਵਾਲੇ ਗਰੀਬ ਵਪਾਰੀਆਂ ਨੇ ਵਪਾਰ ਮੰਡਲ ਬਰਨਾਲਾ ਕੋਲ ਆਪਣੀਆਂ ਮੁਸ਼ਕਿਲਾਂ ਰੱਖੀਆਂ। ਇਸ ਮੌਕੇ ਤੇ ਵਪਾਰ ਮੰਡਲ ਦੇ ਵਾਈਸ ਪ੍ਰਧਾਨ ਮੋਨੂ ਗੋਇਲ ਨੇ ਬੋਲਦਿਆਂ ਕਿਹਾ ਕਿ ਨਗਰ ਨਿਗਮ ਵੱਲੋਂ ਸ਼ਹਿਰ ਦੀਆਂ ਬਹੁਤ ਸਾਰੀਆਂ ਸਮੱਸਿਆਵਾਂ ਦਾ ਕੋਈ ਹੱਲ ਨਹੀਂ ਕੀਤਾ ਜਾ ਰਿਹਾ ਜਿਵੇਂ ਕਿ ਪਿਛਲੇ ਸਮਿਆਂ ਦੇ ਵਿੱਚ ਬਹੁਤ ਬਰਸਾਤਾਂ ਹੋਣ ਤੋਂ ਬਾਅਦ ਸਦਰ ਬਾਜ਼ਾਰ ਦੀਆਂ ਸੜਕਾਂ ਦੀ ਹਾਲਤ ਬਹੁਤ ਤਰਸਯੋਗ ਹੋਈ ਪਈ ਹੈ, ਨਗਰ ਨਿਗਮ ਵੱਲੋਂ ਸੜਕਾਂ ਨੂੰ ਨਵੀਆਂ ਬਣਾਉਣ ਜਾਂ ਪੈਚ ਵਰਕ ਕਰਨ ਲਈ ਲਈ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਬਾਜ਼ਾਰਾਂ ਦੇ ਵਿੱਚ ਟਰੈਫਿਕ ਇਨਾ ਜਿਆਦਾ ਵੱਧ ਚੁੱਕਾ ਹੈ ਕਿ ਆਮ ਲੋਕਾਂ ਦਾ ਬਾਜ਼ਾਰਾਂ ਚੋਂ ਲੰਘਣਾ ਔਖਾ ਹੋਇਆ ਪਿਆ, ਜਿਸ ਦਾ ਮੇਨ ਕਾਰਨ ਪਾਰਕਿੰਗ ਦੀ ਸਮੱਸਿਆ ਹੈ, ਜਿਸਨੂੰ ਸਹੀ ਢੰਗ ਨਾਲ ਲਾਗੂ ਨਹੀਂ ਕੀਤਾ ਜਾ ਰਿਹਾ। ਸ਼ਹਿਰ ਦੇ ਵਿੱਚ ਵੱਖ-ਵੱਖ ਸਥਾਨਾਂ ਤੇ ਪਾਰਕਿੰਗ ਦਾ ਏਰੀਆ ਬਣਾਇਆ ਗਿਆ ਹੈ। ਲੇਕਿਨ ਉੱਥੇ ਕੋਈ ਵੀ ਵਿਵਸਥਾ ਪੂਰਵਕ ਕੰਮ ਨਹੀਂ ਕੀਤਾ ਜਾ ਰਿਹਾ । ਜੌੜੇ ਪੈਟਰੋਲ ਪੰਪਾਂ ਕੋਲੇ ਇੰਨੀ ਕ ਪਰੇਸ਼ਾਨੀ ਹੋ ਰਹੀ ਹੈ ਹਰ ਟਾਈਮ ਉੱਥੇ ਜਾਮ ਲੱਗਿਆ ਰਹਿੰਦਾ ਹੈ। ਇਸ ਦੇ ਉਲਟ ਨਗਰ ਨਿਗਮ ਵੱਲੋਂ ਵਪਾਰੀ ਭਰਾਵਾਂ ਨੂੰ ਦੁਖੀ ਕੀਤਾ ਜਾ ਰਿਹਾ ਹੈ, ਇਨ੍ਹਾਂ ਸਮੱਸਿਆਵਾਂ ਨੂੰ ਦੇਖਦੇ ਹੋਏ ਵਪਾਰ ਮੰਡਲ ਦੇ ਵਾਈਸ ਪ੍ਰਧਾਨ ਮੋਨੂੰ ਗੋਇਲ ਨੇ ਕਿਹਾ ਕਿ ਨਗਰ ਨਿਗਮ ਨੂੰ ਆਪਣਾ ਧਿਆਨ ਹੋਰ ਕੰਮਾਂ ਵੱਲ ਵੀ ਦੇਣਾ ਚਾਹੀਦਾ ਤਾਂ ਕਿ ਸ਼ਹਿਰ ਦਾ ਪੂਰਨ ਵਿਕਾਸ ਹੋਵੇ ਅਤੇ ਸ਼ਹਿਰ ਦੇ ਲੋਕਾਂ ਨੂੰ ਕਿਸੇ ਵੀ ਪ੍ਰਕਾਰ ਦੀ ਕੋਈ ਵੀ ਸਮੱਸਿਆ ਨਾ ਹੋਵੇ। ਇਸ ਮੌਕੇ ਤੇ ਮੋਨੂ ਗੋਇਲ ਦੇ ਨਾਲ ਵਪਾਰ ਮੰਡਲ ਦੇ ਪ੍ਰਧਾਨ ਅਨਿਲ ਬਾਂਸਲ ਨਾਨਾ ਤੇ ਗੋਬਿੰਦ ਬਾਂਸਲ ਅਤੇ ਅਨੇਕਾਂ ਹੋਰ ਵਪਾਰੀ ਨਾਲ ਸਨ।

# ਸਰਦੀਆਂ ਵਿੱਚ ਬੱਚਿਆਂ ਨੂੰ ਨਮੂਨੀਆ ਤੋਂ ਬਚਾਉਣਾ ਜ਼ਰੂਰੀ : ਸਿਵਲ ਸਰਜਨ

## ਮਾਂ ਤੇ ਨਵਜੰਮੇ ਬੱਚੇ ਦੀ ਸਾਂਭ-ਸੰਭਾਲ ਸਬੰਧੀ ਜਾਗਰੂਕਤਾ ਸੈਸ਼ਨ ਕਰਵਾਇਆ



ਬਠਿੰਡਾ, 16 ਜਨਵਰੀ (ਦੀਪਕ ਸ਼ਰਮਾ )ਸਰਦੀ ਦੇ ਵਧ ਰਹੇ ਪ੍ਰਕੋਪ ਨੂੰ ਮੁੱਖ ਰੱਖਦਿਆਂ ਜੱਚਾ-ਬੱਚਾ ਹਸਪਤਾਲ ਬਠਿੰਡਾ ਵਿਖੇ ਜਣੇਪੇ ਤੋਂ ਬਾਅਦ ਮਾਂ ਅਤੇ ਨਵਜੰਮੇ ਬੱਚੇ ਦੀ ਸੁਚੱਜੀ ਸਾਂਭ-ਸੰਭਾਲ ਨੂੰ ਯਕੀਨੀ ਬਣਾਉਣ ਲਈ ਇੱਕ ਵਿਸ਼ੇਸ਼ ਜਾਗਰੂਕਤਾ ਸੈਸ਼ਨ ਆਯੋਜਿਤ ਕੀਤਾ ਗਿਆ। ਸਿਵਲ ਸਰਜਨ ਡਾ. ਤਪਿੰਦਰਜੋਤ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪ੍ਰੀਤਮਨਿੰਦਰ ਦੀ ਅਗਵਾਈ ਹੇਠ ਹੋਏ ਇਸ ਪ੍ਰੋਗਰਾਮ ਦੌਰਾਨ ਗਰਭਵਤੀ ਔਰਤਾਂ ਅਤੇ ਨਵੀਆਂ ਬਣੀਆਂ ਮਾਵਾਂ ਨੂੰ ਠੰਢ ਦੇ ਮੌਸਮ ਵਿੱਚ ਸਿਹਤ ਸੰਬੰਧੀ ਸਾਵਧਾਨੀਆਂ ਵਰਤਣ ਦੇ ਨੁਕਤੇ ਸਾਂਝੇ ਕੀਤੇ ਗਏ।ਸੈਸ਼ਨ ਦੌਰਾਨ ਬੱਚਿਆਂ ਦੇ ਮਾਹਿਰ ਡਾਕਟਰ ਅੰਕੁਸ਼ ਨੇ ਨਮੂਨੀਆ ਵਰਗੀ ਘਾਤਕ ਬਿਮਾਰੀ ਪ੍ਰਤੀ ਸੁਚੇਤ ਕਰਦਿਆਂ ਕਿਹਾ ਕਿ ਜੇਕਰ ਸਮੇਂ ਸਿਰ ਇਸ ਦੀ ਪਛਾਣ ਨਾ ਹੋਵੇ ਤਾਂ ਇਹ ਜਾਨਲੇਵਾ ਸਾਬਤ ਹੋ ਸਕਦੀ ਹੈ। ਉਨ੍ਹਾਂ ਦੱਸਿਆ ਕਿ ਪੰਜ ਸਾਲ ਤੱਕ ਦੀ ਉਮਰ ਦੇ ਬੱਚਿਆਂ ਵਿੱਚ ਹੋਣ ਵਾਲੀਆਂ ਮੌਤਾਂ ਦਾ ਮੁੱਖ ਕਾਰਨ ਨਮੂਨੀਆ ਹੀ ਹੈ, ਜੋ ਕਿ ਫੇਫੜਿਆਂ ਵਿੱਚ ਰੋਗਾਣੂਆਂ ਦੀ ਲਾਗ ਕਾਰਨ ਹੁੰਦਾ ਹੈ। ਉਨ੍ਹਾਂ ਸਲਾਹ ਦਿੱਤੀ ਕਿ ਨਮੂਨੀਆ ਦੇ ਲੱਛਣ ਦਿਖਣ ਤੇ ਘਰੇਲੂ ਇਲਾਜ ਵਿੱਚ ਸਮਾਂ ਗਵਾਉਣ ਦੀ ਬਜਾਏ ਤੁਰੰਤ ਮਾਹਿਰ ਡਾਕਟਰ ਨਾਲ ਸੰਪਰਕ ਕਰਨਾ ਚਾਹੀਦਾ ਹੈ।ਡਾਕਟਰ ਅੰਕੁਸ਼ ਨੇ ਬਚਾਅ ਦੇ ਤਰੀਕੇ ਦੱਸਦਿਆਂ ਕਿਹਾ ਕਿ ਬੱਚਿਆਂ ਨੂੰ ਬਿਮਾਰੀਆਂ ਤੋਂ ਦੂਰ ਰੱਖਣ ਲਈ ਮਾਂ ਦਾ ਪਹਿਲਾ ਗਾੜ੍ਹਾ ਦੁੱਧ ਬੇਹੱਦ ਜ਼ਰੂਰੀ ਹੈ ਅਤੇ ਛੇ ਮਹੀਨਿਆਂ ਤੱਕ ਬੱਚੇ ਨੂੰ ਸਿਰਫ਼ ਮਾਂ ਦਾ ਦੁੱਧ ਹੀ ਪਿਲਾਉਣਾ ਚਾਹੀਦਾ ਹੈ। ਇਸ ਤੋਂ ਇਲਾਵਾ ਬੱਚਿਆਂ ਦੇ ਹੱਥ ਵਾਰ-ਵਾਰ ਧੋਣੇ, ਉਨ੍ਹਾਂ ਨੂੰ ਗਰਮ ਕੱਪੜਿਆਂ ਵਿੱਚ ਰੱਖਣਾ, ਨੰਗੇ ਪੈਰ ਜ਼ਮੀਨ ਤੇ ਨਾ ਤੁਰਨ ਦੇਣਾ ਅਤੇ ਧੂੰਏਂ ਤੋਂ ਬਚਾਉਣਾ ਅਹਿਮ ਨੁਕਤੇ ਹਨ। ਉਨ੍ਹਾਂ ਬੱਚਿਆਂ ਦੇ ਸੰਪੂਰਣ ਟੀਕਾਕਰਨ ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ।ਇਸ ਮੌਕੇ ਬਲਾਕ ਐਜੂਕੇਟਰ ਪਵਨਜੀਤ ਕੌਰ, ਕਾਊਂਸਲਰ ਚਰਨਪਾਲ ਕੌਰ ਅਤੇ ਸਿਹਤ ਸੁਪਰਵਾਈਜ਼ਰ ਗੁਰਜਿੰਦਰ ਕੌਰ ਨੇ ਮਾਂ ਦੀ ਸਿਹਤ ਸੰਭਾਲ, ਪੌਸ਼ਟਿਕ ਆਹਾਰ, ਸਾਫ਼-ਸਫਾਈ ਅਤੇ ਜਣੇਪੇ ਮਗਰੋਂ ਆਉਣ ਵਾਲੀਆਂ ਸਰੀਰਕ ਸਮੱਸਿਆਵਾਂ ਬਾਰੇ ਜਾਣਕਾਰੀ ਦਿੱਤੀ। ਮਾਹਿਰਾਂ ਨੇ ਅਪੀਲ ਕੀਤੀ ਕਿ ਜਣੇਪੇ ਤੋਂ ਬਾਅਦ ਨਿਯਮਿਤ ਚੈੱਕਅੱਪ ਕਰਵਾਉਂਦੇ ਰਹਿਣਾ ਚਾਹੀਦਾ ਹੈ। ਇਸ ਮੌਕੇ ਨਰਸਿੰਗ ਸਟਾਫ਼ ਸਵਰਨ ਕੌਰ, ਏ.ਐਨ.ਐਮ ਦਿਵਿਆ ਅਤੇ ਨਰਸਿੰਗ ਸਟੂਡੈਂਟ ਵੀ ਹਾਜ਼ਰ ਸਨ।

# ਸੇਂਟ ਬਚਨਪੁਰੀ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀ ਐੱਸਓਐੱਫ ਦੀ ਪ੍ਰੀਖਿਆ 'ਚ ਚਮਕੇ



ਬਰਨਾਲਾ, 16 ਜਨਵਰੀ (ਇਸੇਨ ਕੰਗ)ਇਲਾਕੇ ਭਰ ਦੇ ਬੱਚਿਆਂ ਨੂੰ ਅੰਤਰਰਾਸ਼ਟਰੀ ਪੱਧਰ ਦੀ ਪੜ੍ਹਾਈ ਮਹੁੱਈਆ ਕਰਵਾ ਰਹੀ ਨਾਮਵਰ ਵਿੱਦਿਅਕ ਸੰਸਥਾ ਸੇਂਟ ਬਚਨਪੁਰੀ ਇੰਟਰਨੈਸ਼ਨਲ ਸਕੂਲ ਪੱਖੋ ਕਲਾਂ ਵਿਦਿਆਰਥੀਆਂ ਨੂੰ ਹਰ ਖੇਤਰ 'ਚ ਮੋਹਰੀ ਬਣਾਉਣ ਦੇ ਮਕਸਦ ਨਾਲ ਭਰਪੂਰ ਸਮਰੱਥਾ,ਪ੍ਰਤਿਭਾ,ਕਾਰਗੁਜ਼ਾਰੀ,ਆਈਕਿਊ ਵਾਲੇ ਬੇਮਿਸਾਲ ਵਿਦਿਆਰਥੀਆਂ ਲਈ ਪ੍ਰਤੀਯੋਗਤਾਵਾਂ, ਮੁਕਾਬਲਿਆਂ ਵਰਗੇ ਪਲੇਟਫਾਰਮ ਮਹੁੱਈਆ ਕਰਵਾ ਕੇ ਬੌਧਿਕ ਵਿਕਾਸ ਅਤੇ ਆਤਮਵਿਸ਼ਵਾਸ਼ ਦੇ ਕੱਦ ਨੂੰ ਹੋਰ ਉੱਚਾ ਕਰਨ ਲਈ ਸੰਸਥਾ ਚੇਅਰਮੈਨ ਰਵਿੰਦਰਜੀਤ ਸਿੰਘ ਬਿੰਦੀ, ਸਾਗਰਜੀਤ ਸਿੰਘ ਖੀਪਲ (ਡਾਇਰੈਕਟਰ)ਦੀ ਰਹਿਨੁਮਾਈ ਹੇਠ ਅਧਿਆਪਕ ਸਾਹਿਬਾਨ ਦੁਆਰਾ ਬੱਚਿਆਂ ਦਾ ਮਾਰਗ ਦਰਸ਼ਨ ਕੀਤਾ ਜਾਂਦਾ ਹੈ। ਇਸੇ ਲੜੀ ਤਹਿਤ ਪਿਛਲੇ ਦਿਨੀਂ ਸਾਇੰਸ ਉਲੰਪਾਇਡ ਫਾਊਡੇਸ਼ਨ ਗੁੜਗਾਂਓ ਵੱਲੋਂ ਦੇਸ਼ ਭਰ ਦੇ ਸਕੂਲਾਂ 'ਚ ਕਰਵਾਈ ਗਈ ਅੰਤਰਰਾਸ਼ਟਰੀ ਇੰਗਲਿਸ਼ ਓਲੰਪਾਇਡ 2025 26 ਦੀ ਪਹਿਲੇ ਲੈਵਲ ਦੀ ਪ੍ਰਤੀਯੋਗਤਾ 'ਚ ਦੇਸ਼ ਭਰ ਅਤੇ ਜਸਨ ਪੱਧਰ ਤੇ ਸ਼ਾਨਦਾਰ ਪੁਜ਼ੀਸ਼ਨਾਂ ਪ੍ਰਾਪਤ ਕਰਕੇ ਸੰਸਥਾ ਦੇ 18 ਵਿਦਿਆਰਥੀ ਦੂਸਰੇ ਲੈਵਲ ਦੀ ਪ੍ਰੀਖਿਆ ਲਈ ਚੁਣੇ ਗਏ ਹਨ,ਇਸ ਤੋਂ ਇਲਾਵਾ ਤੀਜੀ ਤੋਂ ਲੈ ਕੇ ਅੱਠਵੀਂ ਕਲਾਸ ਦੇ 18 ਹੋਣਹਾਰ ਵਿਦਿਆਰਥੀਆਂ ਨੇ ਸੋਨੇ ਦੇ ਤਗਮੇ,ਜੇਤੂ ਸਰਟੀਫਿਕੇਟ ਹਾਸਿਲ ਕਰਕੇ ਫਿਰ ਤੋਂ ਐੱਸਐਫਓ ਪ੍ਰੀਖਿਆ 'ਚ ਆਪਣਾ ਝੰਡਾ ਲਹਿਰਾਇਆ ਹੈ।। ਸੰਸਥਾ ਚੇਅਰਮੈਨ ਰਵਿੰਦਰਜੀਤ ਸਿੰਘ ਬਿੰਦੀ, ਸਾਗਰਜੀਤ ਸਿੰਘ ਖੀਪਲ(ਡਾਇਰੈਕਟਰ) ਨੇ ਐਸਐਫਓ ਦੁਆਰਾ ਕਰਵਾਈ ਗਈ ਇੰਟਰਨੈਸ਼ਨਲ ਇੰਗਲਿਸ਼ ਓਲੰਪਾਇਡ 2025 26 ਪ੍ਰੀਖਿਆ ਦੇ ਪਹਿਲੇ ਲੈਵਲ ਨੂੰ ਪਾਸ ਕਰਨ ਅਤੇ ਸੋਨੇ ਦੇ ਤਗਮੇ ਪ੍ਰਾਪਤ ਕਰਨ ਦੀ ਕਾਮਯਾਬੀ ਤੇ ਬੱਚਿਆਂ,ਮਾਪੇ ਅਤੇ ਅਧਿਆਪਕ ਸਾਹਿਬਾਨ ਨੂੰ ਕਾਬਲੇ ਤਾਰੀਫ਼ ਉਪਲਬਧੀ ਲਈ ਵਧਾਈ ਦਿੰਦੇ ਹੋਏ ਦੂਸਰੇ ਰਾਊਂਡ ਦੀ ਪ੍ਰੀਖਿਆ 'ਚ ਵੀ ਸ਼ਾਨਦਾਰ ਪੁਜੀਸ਼ਨਾਂ ਪ੍ਰਾਪਤ ਕਰਕੇ ਸੰਸਥਾ ਅਤੇ ਆਪਣੇ ਮਾਪਿਆਂ ਦਾ ਨਾਮ ਰੋਸ਼ਨ ਕਰਨ ਦੀ ਕਾਮਨਾ ਕੀਤੀ।

# ਯੁੱਧ ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ



ਧਰਮਗੜ੍ਹ 16 ਜਨਵਰੀ (ਗੁਰਪ੍ਰੀਤ ਸਿੰਘ ਲਿੱਟ):- ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਯੁੱਧ ਨਸ਼ਿਆਂ ਵਿਰੁੱਧ ਪਿੰਡ ਫਲੇੜਾ ਅਤੇ ਫਤਿਹਗੜ੍ਹ ਵਿਖੇ ਜਾਗਰੂਕਤਾ ਰੈਲੀ ਕੱਢੀ ਗਈ ਜਿਸ ਵਿੱਚ ਸਿਹਤ ਵਿਭਾਗ ਦੇ ਮੁਲਾਜ਼ਮਾ ਵੱਲੋਂ ਅਤੇ ਆਂਗਣਵਾੜੀ ਵਰਕਰਾਂ ਅਤੇ ਪੰਜਾਬ ਪੁਲਿਸ ਦੇ ਮੁਲਾਜ਼ਮ, ਸਰਕਾਰੀ ਹਾਈ ਅਤੇ ਪ੍ਰਾਇਮਰੀ ਸਕੂਲ ਦੇ ਬੱਚਿਆਂ ਵੱਲੋਂ ਪਿੰਡ ਵਿਖੇ ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ ਕੱਢੀ ਗਈ। ਅਧਿਕਾਰਤ ਸਰਪੰਚ ਤਰਸੇਮ ਸਿੰਘ ਵੱਲੋਂ ਸਮੂਹ ਗ੍ਰਾਮ ਪੰਚਾਇਤ ਦਾ ਪੂਰਾ ਸਹਿਯੋਗ ਦਿੱਤਾ ਗਿਆ। ਬੱਚਿਆਂ ਅਤੇ ਪੰਚਾਇਤ ਮੈਂਬਰਾਂ ਵੱਲੋਂ ਹੱਥਾ ਵਿੱਚ ਯੁੱਧ ਨਸ਼ਿਆਂ ਵਿਰੁੱਧ ਦੀਆਂ ਤਖ਼ਤੀਆਂ ਫੜਕੇ ਪੂਰੇ ਪਿੰਡ ਵਿੱਚ ਮਾਰਚ ਕੀਤਾ ਗਿਆ ਅਤੇ ਪਿੰਡ ਦੇ ਵੱਖ ਵੱਖ ਚੌਂਕਾ ਵਿੱਚ ਹਾਈ ਸਕੂਲ ਮੁਖੀ ਵੱਲੋਂ ਲੋਕਾਂ ਨੂੰ ਆਪਣੇ ਸੰਬੋਧਨ ਵਿੱਚ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਸਿਹਤ ਵਿਭਾਗ ਦੇ ਮੁਲਾਜ਼ਮ ਅਵਤਾਰ ਸਿੰਘ ਗੰਢੂਆਂ ਵੱਲੋਂ ਵੀ ਨਗਰ ਨਿਵਾਸੀਆਂ ਨਸ਼ਿਆਂ ਵਿਰੁੱਧ ਲਾਮਬੰਦ ਕੀਤਾ ਗਿਆ।ਬਲਾਕ ਸੰਮਤੀ ਮੈਂਬਰ ਰਿਸ਼ੀ ਸਤੌਜ ਵੱਲੋਂ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ ਗਈ ਅਤੇ ਨੋਜਵਾਨਾਂ ਅਤੇ ਨਗਰ ਨਿਵਾਸੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ।ਲਹਿਰਾ ਥਾਣਾ ਦੇ ਮੁਖੀ ਸ੍. ਮਨਪ੍ਰੀਤ ਸਿੰਘ ਵੱਲੋਂ ਨੌਜਵਾਨਾਂ ਨੂੰ ਇਸ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਤੇ ਬਲਾਕ ਸੰਮਤੀ ਮੈਂਬਰ ਸਤੌਜ ਹਰਵਿੰਦਰ ਸਿੰਘ ਰਿਸ਼ੀ, ਦਰਸ਼ਨ ਸਿੰਘ ਸੋਹੀ,ਅਧਿਕਾਰਤ ਸਰਪੰਚ ਤਰਸੇਮ ਸਿੰਘ ਫਲੇੜਾ, ਸਕੂਲ ਮੁਖੀ ਕੁਲਵਿੰਦਰ ਸਿੰਘ ਸੁਨਾਮ,ਪੰਚਾਇਤ ਮੈਂਬਰ ਬਿੰਦਰ ਸਿੰਘ,ਨਿਰਮਲ ਸਿੰਘ,ਕਾਲਾ ਸਿੰਘ,ਨਰੈਣ ਸਿੰਘ ਨੰਬਰਦਾਰ ਅਤੇ ਸਮੂਹ ਗ੍ਰਾਮ ਪੰਚਾਇਤ ਅਤੇ ਨਗਰ ਨਿਵਾਸੀ ਹਾਜ਼ਰ ਸਨ।

# ਪੰਜਾਬ ਵਿੱਚ ਸੁਨਿਆਰੇ ਸੁਰੱਖਿਅਤ ਨਹੀਂ : ਪੰਜਾਬ ਗੋਲਡ ਸਮਿਥ ਐਸੋਸੀਏਸ਼ਨ

ਬਠਿੰਡਾ 16 ਜਨਵਰੀ (ਇੰਦਰਪਾਲ ਬਾਂਸਲ):- ਪੰਜਾਬ ਗੋਲਡ ਸਮਿਥ ਐਸੋਸੀਏਸ਼ਨ ਨੇ ਪ੍ਰਤਾਪ ਨਗਰ ਵਿੱਚ ਇੱਕ ਜਿਊਲਰ ਦੀ ਦੁਕਾਨ ਤੋਂ 4.5 ਮਿਲੀਅਨ ਰੁਪਏ ਦੀ ਚੋਰੀ ਦੀ ਸਖ਼ਤ ਨਿੰਦਾ ਕੀਤੀ ਹੈ। ਪੰਜਾਬ ਪ੍ਰਧਾਨ ਕਰਤਾਰ ਸਿੰਘ ਜੋਧਾ, ਸੂਬਾ ਸਕੱਤਰ ਰਾਜਿੰਦਰ ਸਿੰਘ ਖੁਰਮੀ, ਜ਼ਿਲ੍ਹਾ ਪ੍ਰਧਾਨ ਮਨਮੋਹਨ ਸਿੰਘ ਕੁੱਕੂ, ਸ਼ਹਿਰੀ ਪ੍ਰਧਾਨ ਭੋਲਾ ਸਿੰਘ, ਸ਼ਹਿਰੀ ਉਪ ਪ੍ਰਧਾਨ ਰੇਸ਼ਮ ਸਿੰਘ ਨੰਬਰਦਾਰ, ਜਨਰਲ ਸਕੱਤਰ ਸੰਜੇ ਭੋਲਾ, ਉਪ ਪ੍ਰਧਾਨ ਰਣਜੀਤ ਸਿੰਘ ਜੋਧਾ, ਖਜ਼ਾਨਚੀ ਗਗਨ, ਸਕੱਤਰ ਗੁਰਮੇਲ ਸਿੰਘ ਖੁਰਮੀ ਅਤੇ ਰਾਜੀਵ ਵਰਮਾ ਮੌਕੇ ਤੇ ਪਹੁੰਚੇ ਅਤੇ ਸ਼ੋਅਰੂਮ ਮਾਲਕ ਨਾਲ ਮੁਲਾਕਾਤ ਕੀਤੀ। ਕਰਤਾਰ ਸਿੰਘ ਨੇ ਕਿਹਾ ਕਿ ਪੰਜ ਤਾਲੇ ਤੋੜਨ ਵਾਲੀ ਇਸ ਬੇਰਹਿਮੀ ਨਾਲ ਕੀਤੀ ਗਈ ਚੋਰੀ ਨੇ ਨਾ ਸਿਰਫ਼ ਪੁਲਿਸ ਸੁਰੱਖਿਆ ਨੂੰ ਚੁਣੌਤੀ ਦਿੱਤੀ ਹੈ, ਸਗੋਂ ਪੂਰੇ ਇਲਾਕੇ ਵਿੱਚ ਵਪਾਰੀਆਂ ਨੂੰ ਵੀ ਡਰਾਇਆ ਹੋਇਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਡਿੱਗ ਗਈ ਹੈ, ਪੁਲਿਸ ਪ੍ਰਸ਼ਾਸਨ ਆਮ ਨਾਗਰਿਕਾਂ ਨੂੰ ਚਲਾਨ ਜਾਰੀ ਕਰਨ ਤੱਕ ਸੀਮਤ ਹੈ, ਜਦੋਂ ਕਿ ਵਪਾਰੀ ਆਪਣੇ ਆਪ ਨੂੰ ਬਚਾਉਣ ਲਈ ਛੱਡ ਦਿੱਤੇ ਗਏ ਹਨ।ਉਹ ਜਾਨ-ਮਾਲ ਦੀ ਸੁਰੱਖਿਆ ਪ੍ਰਤੀ ਬਿਲਕੁਲ ਵੀ ਗੰਭੀਰ ਨਹੀਂ ਹੈ। ਵਪਾਰੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਚੋਰਾਂ ਨੂੰ 72 ਘੰਟਿਆਂ ਦੇ ਅੰਦਰ-ਅੰਦਰ ਨਾ ਫੜਿਆ ਗਿਆ ਅਤੇ ਚੋਰੀ ਕੀਤਾ ਸਾਮਾਨ ਬਰਾਮਦ ਨਾ ਕੀਤਾ ਗਿਆ ਤਾਂ ਪੰਜਾਬ ਸੁਨਿਆਰਾ ਐਸੋਸੀਏਸ਼ਨ ਵੱਡਾ ਅੰਦੋਲਨ ਸ਼ੁਰੂ ਕਰੇਗੀ। ਇਸ ਦੌਰਾਨ ਜ਼ਿਲ੍ਹਾ ਕੈਮਿਸਟ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਅਸ਼ੋਕ ਬਾਲਿਆਂਵਾਲੀ ਨੇ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਤੇ ਤਿੱਖਾ ਹਮਲਾ ਬੋਲਿਆ। ਇਸ ਘਟਨਾ ਨੂੰ ਪੰਜਾਬ ਸਰਕਾਰ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਅਸਫਲਤਾ ਦੱਸਦੇ ਹੋਏ ਉਨ੍ਹਾਂ ਕਿਹਾ ਕਿ ਸੂਬੇ ਵਿੱਚ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਢਹਿ ਗਈ ਹੈ, ਅਤੇ ਆਮ ਆਦਮੀ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ। ਅਸ਼ੋਕ ਬਾਲਿਆਂਵਾਲੀ ਨੇ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਵਿੱਚ ਆਈ ਹੈ, ਲੁੱਟ-ਖੋਹ, ਚੋਰੀ, ਗੁੰਡਾਗਰਦੀ, ਕਤਲ ਅਤੇ ਗੈਂਗਵਾਰ ਵਰਗੀਆਂ ਘਟਨਾਵਾਂ ਵਧ ਗਈਆਂ ਹਨ। ਅਪਰਾਧੀਆਂ ਦਾ ਮਨੋਬਲ ਇੰਨਾ ਉੱਚਾ ਹੋ ਗਿਆ ਹੈ ਕਿ ਉਹ ਨਾ ਤਾਂ ਕਾਨੂੰਨ ਤੋਂ ਡਰਦੇ ਹਨ ਅਤੇ ਨਾ ਹੀ ਪੁਲਿਸ ਪ੍ਰਸ਼ਾਸਨ ਤੋਂ।

# ਐਨ.ਡੀ.ਆਰ.ਐਫ. 7ਵੀਂ ਬਟਾਲੀਅਨ ਵੱਲੋਂ ਸਕੂਲ ਸੁਰੱਖਿਆ ਪ੍ਰੋਗਰਾਮ ਕਰਵਾਇਆ ਗਿਆ




ਬਰਨਾਲਾ, 16 ਜਨਵਰੀ (ਬਘੇਲ ਸਿੰਘ ਧਾਲੀਵਾਲ)7ਵੀਂ ਬਟਾਲੀਅਨ ਰਾਸ਼ਟਰੀ ਆਪਦਾ ਪ੍ਰਤੀਕ੍ਰਿਆ ਬਲ (ਐਨ. ਡੀ. ਆਰ. ਐੱਫ਼) ਬਠਿੰਡਾ ਦੀ ਟੀਮ ਵੱਲੋਂ ਹੰਡਿਆਇਆ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਕੂਲ ਸੁਰੱਖਿਆ ਪ੍ਰੋਗਰਾਮ ਕਰਵਾਇਆ ਗਿਆ।
ਇਸ ਪ੍ਰੋਗਰਾਮ ਦਾ ਉਦੇਸ਼ ਸਕੂਲ ਦੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਵੱਖ-ਵੱਖ ਕਿਸਮਾਂ ਦੀਆਂ ਆਫ਼ਤਾਂ ਤੋਂ ਬਚਾਅ, ਸੁਰੱਖਿਆ ਦੇ ਤਰੀਕਿਆਂ, ਮੁੱਢਲੀ ਡਾਕਟਰੀ ਸਹਾਇਤਾ ਅਤੇ ਜੀਵਨ ਬਚਾਉਣ ਦੀਆਂ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਦੀ ਅਗਵਾਈ ਸਬ-ਇੰਸਪੈਕਟਰ ਰੇਖ ਸਿੰਘ ਮੀਨਾ ਨੇ ਕੀਤੀ। ਇਸ ਦੌਰਾਨ ਐਨ.ਡੀ.ਆਰ.ਐਫ. ਟੀਮ ਨੇ ਵਿਦਿਆਰਥੀਆਂ ਅਤੇ ਸਕੂਲ ਸਟਾਫ਼ ਨੂੰ ਭੂਚਾਲ ਤੋਂ ਬਚਾਅ, ਅੱਗ ਲੱਗਣ ਤੇ ਪ੍ਰਤੀਕ੍ਰਿਆ, ਬਲੀਡਿੰਗ ਕੰਟਰੋਲ, ਸੀ.ਪੀ. ਆਰ, ਐਫ਼. ਬੀ.ਏ.ਓ ਅਤੇ ਹੜ੍ਹਾਂ ਦੇ ਸਮੇਂ ਵਰਤੋਂ ਵਿੱਚ ਆਉਣ ਵਾਲੇ ਇੰਪ੍ਰੋਵਾਈਜ਼ਡ ਫ਼ਲੋਟਿੰਗ ਡਿਵਾਈਸ (ਆਈਐੱਫਡੀ) ਬਾਰੇ ਵਿਸਥਾਰ ਨਾਲ ਦੱਸਿਆ। ਟੀਮ ਵੱਲੋਂ ਪ੍ਰਦਰਸ਼ਨ ਰਾਹੀਂ ਵਿਦਿਆਰਥੀਆਂ ਅਤੇ ਸਕੂਲ ਸਟਾਫ਼ ਨੂੰ ਫ਼ਸਟ ਏਡ, ਸੁਰੱਖਿਅਤ ਨਿਕਾਸੀ ਪ੍ਰਕਿਰਿਆ (ਇਵੈਕੂਏਸ਼ਨ ਡ੍ਰਿਲ) ਅਤੇ ਆਪਦਾ ਦੇ ਸਮੇਂ ਜ਼ਰੂਰੀ ਸਾਵਧਾਨੀਆਂ ਦੀ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਟੀਮ ਵੱਲੋਂ ਐਨ. ਡੀ. ਆਰ. ਐੱਫ਼. ਦੇ ਮੋਬਾਈਲ ਐਪਸ — ਸਚੇਤ, ਮੇਘਦੂਤ, ਦਾਮਿਨੀ ਅਤੇ ਭੂਕੰਪ — ਦੇ ਵਰਤੋਂ ਬਾਰੇ ਵੀ ਜਾਗਰੂਕ ਕੀਤਾ ਗਿਆ। ਤਾਂ ਜੋ ਇਨ੍ਹਾਂ ਤਕਨੀਕਾਂ ਦੀ ਮਦਦ ਨਾਲ ਸਮੇਂ ਸਿਰ ਆਪਦਾ ਦੀ ਚੇਤਾਵਨੀ ਪ੍ਰਾਪਤ ਕਰਕੇ ਜਨ-ਧਨ ਦੇ ਨੁਕਸਾਨ ਨੂੰ ਘੱਟ ਕੀਤਾ ਜਾ ਸਕੇ। ਸਕੂਲ ਦੇ ਪ੍ਰਿੰਸੀਪਲ, ਸਟਾਫ਼ ਅਤੇ ਵਿਦਿਆਰਥੀਆਂ ਨੇ ਐਨ. ਡੀ. ਆਰ. ਐੱਫ਼. ਟੀਮ ਦੀ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਆਮ ਜਨਤਾ ਵਿੱਚ ਆਤਮਵਿਸ਼ਵਾਸ ਵਧਾਉਣ ਅਤੇ ਆਪਦਾ ਪ੍ਰਬੰਧਨ ਹੁਨਰ ਵਿਕਸਿਤ ਕਰਨ ਵਿੱਚ ਸਹਾਈ ਹਨ।

# ਬੀਵੀਐਮ ਇੰਟਰਨੈਸ਼ਨਲ ਸਕੂਲ ਵਿਖੇ ਅਕਾਦਮਿਕ ਉੱਤਮਤਾ ਦਾ ਜਸ਼ਨ:



NAVREET KAUR



GURSIRAT KAUR

ਬਰਨਾਲਾ, 16 ਜਨਵਰੀ (ਇਸੇਨ ਕੰਗ)ਬੀਵੀਐਮ ਇੰਟਰਨੈਸ਼ਨਲ ਸਕੂਲ, ਬਰਨਾਲਾ ਨੇ ਇੱਕ ਵਾਰ ਫਿਰ ਐਸਓਐਫ (ਸਾਇੰਸ ਓਲੰਪੀਆਡ ਫਾਊਂਡੇਸ਼ਨ) ਦੁਆਰਾ ਆਯੋਜਿਤ ਅੰਤਰਰਾਸ਼ਟਰੀ ਪੱਧਰ ਦੀਆਂ ਪ੍ਰੀਖਿਆਵਾਂ ਲਈ ਸਫਲਤਾਪੂਰਵਕ ਯੋਗਤਾ ਪ੍ਰਾਪਤ ਕਰਕੇ ਅਕਾਦਮਿਕ ਜਗਤ ਵਿੱਚ ਆਪਣੀ ਮਜ਼ਬੂਤ ਮੌਜੂਦਗੀ ਦਰਜ ਕਰਵਾਈ ਹੈ —95® (ਇੰਟਰਨੈਸ਼ਨਲ ਇੰਗਲਿਸ਼ ਓਲੰਪੀਆਡ) ਅਤੇ 97™® (ਇੰਟਰਨੈਸ਼ਨਲ ਜਨਰਲ ਨਾਲੇਜ ਓਲੰਪੀਆਡ) ਵਿੱਚ ਸ਼ਾਨਦਾਰ ਸਫਲਤਾ ਪ੍ਰਾਪਤ ਕੀਤੀ ਹੈ। ਸਕੂਲ ਦੇ ਨੌਜਵਾਨ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੇ ਸੋਨੇ ਦੇ ਤਗਮੇ ਜਿੱਤ ਕੇ ਨਾ ਸਿਰਫ਼ ਆਪਣੇ ਮਾਪਿਆਂ, ਅਧਿਆਪਕਾਂ ਅਤੇ ਸਹਿਪਾਠੀਆਂ ਦਾ ਮਾਣ ਵਧਾਇਆ, ਸਗੋਂ ਪੂਰੇ ਸਕੂਲ ਦਾ ਵੀ ਮਾਣ ਵਧਾਇਆ। ਪਹਿਲੀ ਜਮਾਤ ਦੀ ਵਿਦਿਆਰਥਣ ਨਵਰੀਤ ਕੌਰ ਨੇ 97™® ਵਿੱਚ ਸੋਨ ਤਗਮਾ ਜਿੱਤ ਕੇ ਸਾਬਤ ਕਰ ਦਿੱਤਾ ਕਿ ਉਮਰ ਪ੍ਰਤਿਭਾ ਲਈ ਕੋਈ ਸੀਮਾ ਨਹੀਂ ਹੁੰਦੀ। ਦੂਜੀ ਜਮਾਤ ਦੀ ਵਿਦਿਆਰਥਣ ਗੁਰਸੀਰਤ ਕੌਰ ਨੇ 95® ਵਿੱਚ ਸੋਨ ਤਗਮਾ ਜਿੱਤ ਕੇ ਆਪਣੀ ਭਾਸ਼ਾ ਦੀ ਮੁਹਾਰਤ ਅਤੇ ਬੌਧਿਕ ਯੋਗਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਕੂਲ ਦੇ ਚੇਅਰਮੈਨ ਸ਼੍ਰੀ ਪ੍ਰਮੋਦ ਅਰੋੜਾ, ਡਾਇਰੈਕਟਰ ਸ਼੍ਰੀਮਤੀ ਗੀਤਾ ਅਰੋੜਾ, ਸ਼੍ਰੀ ਨਿਖਿਲ ਅਰੋੜਾ ਅਤੇ ਸ਼੍ਰੀਮਤੀ ਨੇਹੁਲ ਅਰੋੜਾ ਨੇ ਵਿਦਿਆਰਥੀਆਂ ਨੂੰ ਇਸ ਮਾਣਮੱਤੇ ਮੌਕੇ ਤੇ ਵਧਾਈ ਦਿੱਤੀ ਅਤੇ ਕਿਹਾ, ਬੀਵੀਐਮ ਦਾ ਉਦੇਸ਼ ਸਿਰਫ਼ ਚੰਗੇ ਅੰਕ ਪ੍ਰਾਪਤ ਕਰਨਾ ਨਹੀਂ ਹੈ, ਸਗੋਂ ਬੱਚਿਆਂ ਵਿੱਚ ਆਤਮਵਿਸ਼ਵਾਸ, ਸੋਚਣ ਦੀ ਸਮਰੱਥਾ ਅਤੇ ਹਿੰਮਤ ਪੈਦਾ ਕਰਨਾ ਹੈ ਤਾਂ ਜੋ ਉਹ ਵਿਸ਼ਵ ਪੱਧਰ ਤੇ ਆਪਣੇ ਆਪ ਨੂੰ ਸਾਬਤ ਕਰ ਸਕਣ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਮਨਿੰਦਰਜੀਤ ਕੌਰ ਧਾਲੀਵਾਲ ਨੇ ਵੀ ਇਸ ਸਫਲਤਾ ਤੇ ਖੁਸ਼ੀ ਪ੍ਰਗਟ ਕੀਤੀ। ਇੱਕ ਸੰਦੇਸ਼ ਵਿੱਚ, ਪ੍ਰਬੰਧਨ ਨੇ ਕਿਹਾ, ਸਾਡਾ ਮੰਨਣਾ ਹੈ ਕਿ ਸਿੱਖਿਆ ਉਹ ਦੀਵਾ ਹੈ ਜੋ ਹਰ ਬੱਚੇ ਦੇ ਭਵਿੱਖ ਨੂੰ ਰੌਸ਼ਨ ਕਰਦਾ ਹੈ। ਨਵਰੀਤ ਕੌਰ ਅਤੇ ਗੁਰਸੀਰਤ ਕੌਰ ਦੀ ਇਹ ਸਫਲਤਾ ਨਾ ਸਿਰਫ਼ ਇੱਕ ਨਿੱਜੀ ਪ੍ਰਾਪਤੀ ਹੈ ਬਲਕਿ ਬੀਵੀਐਮ ਪਰਿਵਾਰ ਦੀ ਸਮੂਹਿਕ ਜਿੱਤ ਵੀ ਹੈ। ਇਸ ਪ੍ਰਾਪਤੀ ਨੂੰ ਲੈ ਕੇ ਸਕੂਲ ਕੈਂਪਸ ਵਿੱਚ ਉਤਸ਼ਾਹ ਦਾ ਮਾਹੌਲ ਹੈ। ਬੀਵੀਐਮ ਇੰਟਰਨੈਸ਼ਨਲ ਸਕੂਲ ਇਹ ਯਕੀਨੀ ਬਣਾਉਣ ਲਈ ਯਤਨਸ਼ੀਲ ਰਹੇਗਾ ਕਿ ਹਰੇਕ ਵਿਦਿਆਰਥੀ ਨੂੰ ਆਪਣੀ ਪ੍ਰਤਿਭਾ ਨੂੰ ਪਛਾਨਣ ਅਤੇ ਨਿਖਾਰਨ ਦਾ ਮੌਕਾ ਮਿਲੇ।

# ਮੇਲੇ ਮੌਕੇ ਸਵਰਨਕਾਰ ਸੰਘ ਵੱਲੋਂ ਵਿਸ਼ਾਲ ਲੰਗਰ



ਮਲੋਟ , 16 ਜਨਵਰੀ (ਅਮਨਦੀਪ ਸਿੰਘ ਮਹਿਰਾ)ਸ੍ਰੀ ਮੁਕਤਸਰ ਸਾਹਿਬ ਦੀ ਪਾਵਨ ਧਰਤੀ 'ਤੇ ਮਨਾਏ ਜਾਂਦੇ ਇਤਿਹਾਸਕ ਮਾਘੀ ਮੇਲੇ ਨੂੰ ਮੁੱਖ ਰੱਖਦਿਆਂ ਅੱਜ ਮਲੋਟ ਸ਼ਹਿਰ ਦੀ ਇੰਦਰਾ ਰੋਡ 'ਤੇ ਸਵਰਨਕਾਰ ਸੰਘ ਵੱਲੋਂ ਵਿਸ਼ਾਲ ਲੰਗਰ ਦਾ ਆਯੋਜਨ ਕੀਤਾ ਗਿਆ। ਇਸ ਲੰਗਰ ਵਿੱਚ ਸਵਰਨਕਾਰ ਸੰਘ ਨਾਲ ਸੰਬੰਧਤ ਦੁਕਾਨਦਾਰ ਭਰਾਵਾਂ ਅਤੇ ਸ਼ਹਿਰ ਦੇ ਸੇਵਾਦਾਰਾਂ ਵੱਲੋਂ ਵਧ-ਚੜ੍ਹ ਕੇ ਸੇਵਾ ਕੀਤੀ ਗਈ।ਇਸ ਮੌਕੇ ਪ੍ਰਧਾਨ ਰਾਜਾ ਸਿੰਘ ਨੇ ਸਵਰਨਕਾਰ ਦੁਕਾਨਦਾਰ ਭਰਾਵਾਂ ਨਾਲ ਮਿਲ ਕੇ ਖੁਦ ਲੰਗਰ ਵਰਤਾਇਆ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਇਹ ਪਾਵਨ ਧਰਤੀ ਸਿੱਖ ਇਤਿਹਾਸ ਦੀ ਮਹਾਨ ਕੁਰਬਾਨੀ ਨਾਲ ਜੁੜੀ ਹੋਈ ਹੈ, ਜਿੱਥੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਚਮਕੌਰ ਦੀ ਜੰਗ ਤੋਂ ਬਾਅਦ ਬੇਦਾਵਾ ਪਾੜ ਕੇ 40 ਸਿੰਘਾਂ ਨੂੰ ਚਾਲੀ ਮੁਕਤੇ ਦਾ ਦਰਜਾ ਬਖ਼ਸ਼ਿਆ।ਰਾਜਾ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਿੱਖ ਕੌਮ ਨੂੰ ਨਿਰਭੀਕਤਾ, ਤਿਆਗ, ਧਰਮ ਦੀ ਰੱਖਿਆ ਅਤੇ ਇਨਸਾਨੀਅਤ ਦੀ ਸੇਵਾ ਦਾ ਰਾਹ ਦਿਖਾਇਆ। ਉਨ੍ਹਾਂ ਦੀ ਸੋਚ ਅਨੁਸਾਰ ਲੰਗਰ ਸਿਰਫ਼ ਭੋਜਨ ਨਹੀਂ, ਸਗੋਂ ਬਰਾਬਰੀ, ਭਾਈਚਾਰੇ ਅਤੇ ਸਾਂਝ ਦੀ ਸਭ ਤੋਂ ਵੱਡੀ ਨਿਸ਼ਾਨੀ ਹੈ। ਮਾਘੀ ਦੇ ਪਾਵਨ ਦਿਹਾੜੇ 'ਤੇ ਲੱਖਾਂ ਦੀ ਗਿਣਤੀ 'ਚ ਸ਼ਰਧਾਲੂ ਸ੍ਰੀ ਮੁਕਤਸਰ ਸਾਹਿਬ ਨਮਸਤਕ ਹੋਣ ਆਉਂਦੇ ਹਨ ਅਤੇ ਹਰ ਕਿਸੇ ਨੂੰ ਲੰਗਰ ਛਕਾਉਣਾ ਗੁਰੂ ਸਾਹਿਬ ਦੀ ਸਿੱਖਿਆ 'ਤੇ ਚੱਲਣ ਦੇ ਬਰਾਬਰ ਹੈ।ਇਸ ਲੰਗਰ ਸੇਵਾ ਦੌਰਾਨ ਅਸ਼ੋਕ ਕੁਮਾਰ ਵਰਮਾ, ਕ੍ਰਿਸ਼ਨ ਕੁਮਾਰ, ਸੋਨੂ ਵਰਮਾ, ਅਮਨ ਸਵਰਨ, ਸਿੰਘ ਮੱਕੜ, ਸੰਦੀਪ ਕੁਮਾਰ ਅਤੇ ਸੰਜੀਵ ਬਾਂਸਲ ਸਮੇਤ ਹੋਰ ਸਵਰਨਕਾਰ ਦੁਕਾਨਦਾਰਾਂ ਵੱਲੋਂ ਸੇਵਾ ਨਿਭਾਈ ਗਈ। ਲੰਗਰ ਵਿੱਚ ਹਰ ਵਰਗ ਦੇ ਲੋਕਾਂ ਨੇ ਬਿਨਾਂ ਕਿਸੇ ਭੇਦਭਾਵ ਦੇ ਇਕੱਠੇ ਬੈਠ ਕੇ ਪ੍ਰਸਾਦ ਛਕਿਆ।ਅੰਤ ਵਿੱਚ ਸਵਰਨਕਾਰ ਸੰਘ ਵੱਲੋਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਧਾਰਮਿਕ ਅਤੇ ਸਮਾਜਿਕ ਕਾਰਜ ਲਗਾਤਾਰ ਜਾਰੀ ਰੱਖੇ ਜਾਣਗੇ, ਤਾਂ ਜੋ ਨੌਜਵਾਨ ਪੀੜ੍ਹੀ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਹਾਨ ਆਦਰਸ਼ਾਂ ਨਾਲ ਜੋੜਿਆ ਜਾ ਸਕੇ।

# ਝੂਠੀਆਂ ਅਫਵਾਹਾਂ ਫਲਾਉਣ ਵਾਲੇ ਖਿਲਾਫ ਹੋਵੇਗੀ ਸਖਤ ਕਾਰਵਾਈ : ਡੀ.ਸੀ

ਸ੍ਰੀ ਮੁਕਤਸਰ ਸਾਹਿਬ, 16 ਜਨਵਰੀ ( ਐਚ ਐਸ ਕਪੂਰ )ਅੱਜ ਤੜਕਸਾਰ ਇੱਕ ਈਮੇਲ ਰਾਹੀਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦੇਣ ਵਾਲੇ ਖਿਲਾਫ ਉੱਚ ਪੱਧਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਨੇ ਕਿਹਾ ਕਿ ਇੱਕ ਧਮਕੀ ਭਰੀ ਈਮੇਲ ਪ੍ਰਾਪਤ ਹੋਣ ਉਪਰੰਤ ਸਾਰੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਐਂਟੀ ਸਾਬੋਟਾਜ ਟੀਮ ਵੱਲੋਂ ਚੈਕਿੰਗ ਕੀਤੀ ਗਈ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਦੁਰਾਨੇ ਤਫਤੀਸ਼ ਅਜਿਹੀ ਕੋਈ ਵੀ ਵਿਸਫੋਟਕ ਸਮਗਰੀ/ਪਦਾਰਥ/ਵਸਤੂ ਬਰਾਮਦ ਨਹੀਂ ਹੋਈ। ਉਹਨਾਂ ਕਿਹਾ ਕਿ ਅਜਿਹੀਆਂ ਅਫਵਾਹਾਂ ਫੈਲਾਉਣ ਵਾਲਿਆਂ ਖਿਲਾਫ਼ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਇਸ ਸਬੰਧੀ ਪੰਜਾਬ ਸਰਕਾਰ ਨੇ ਗੰਭੀਰ ਨੋਟਿਸ ਲਿਆ ਹੈ ਅਤੇ ਇਸ ਅਫਵਾਹ ਨੂੰ ਫੈਲਾਉਣ ਵਾਲੇ ਦੀ ਜਲਦ ਹੀ ਧਰ ਪਕੜ ਕੀਤੀ ਜਾਵੇਗੀ।

# ਗੁਰੂਸਰ ਵਿਖੇ ਮਾਘੀ ਮੇਲਾ ਪੂਰੀ ਸ਼ਰਧਾ ਭਾਵਨਾ ਨਾਲ ਮਨਾਇਆ



ਭਗਤਾ ਭਾਈ ਕਾ 16 ਜਨਵਰੀ (ਸਵਰਨ ਸਿੰਘ ਭਗਤਾ)ਇਥੋਂ ਨੇੜਲੇ ਇਤਿਹਾਸਿਕ ਪਿੰਡ ਗੁਰੂਸਰ ਵਿਖੇ ਬੀਤੇ ਦਿਨੀਂ ਚਾਲੀ ਮੁਕਤਿਆਂ ਦੀ ਯਾਦ ਵਿੱਚ ਸਲਾਨਾ ਮਾਘੀ ਮੇਲਾ ਪੂਰੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਗੁਰੁਦੁਆਰਾ ਸ਼੍ਰੀ ਗੁਰੂਸਰ ਸਾਹਿਬ ਪਾਤਸ਼ਾਹੀ ਦਸਵੀਂ ਵਿਖੇ ਮਾਘੀ ਮੇਲੇ ਨੂੰ ਲੈਕੇ ਦੂਰੋਂ ਨੇੜਿਓਂ ਸੰਗਤਾਂ ਵੱਲੋਂ ਚੜਦੀ ਸਵੇਰ ਹੀ ਗੁਰੂਘਰ ਵਿਖੇ ਸਰੋਵਰ ਚ ਇਸ਼ਨਾਨ ਕਰਨ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲਿਆ ਗਿਆ ਅਤੇ ਸਰਬੱਤ ਦੇ ਭਲੇ ਦੀ ਖ਼ਾਤਰ ਅਰਦਾਸ ਬੇਨਤੀ ਕੀਤੀ ਗਈ। ਇਸ ਮੌਕੇ ਕਾਰ ਸੇਵਾ ਖਡੂਰ ਸਾਹਿਬ ਵੱਲੋਂ ਮਾਘੀ ਮੌਕੇ ਗੁਰੂਘਰ ਵਿਖੇ ਨਤਮਸਤਕ ਹੋਣ ਆਈਆਂ ਸੰਗਤਾਂ ਲਈ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਚਾਹ ਪਕੌੜੇ, ਜਲੇਬੀਆਂ ਦੇ ਲੰਗਰ ਲਗਾਏ ਗਏ ਜਿਸ ਵਿਚ ਸੇਵਾਦਾਰਾਂ ਵੱਲੋਂ ਵਧਚੜਕੇ ਗੁਰੂ ਕੇ ਲੰਗਰਾਂ ਵਿੱਚ ਸੇਵਾ ਕੀਤੀ ਗਈ। ਇਸ ਮੌਕੇ ਮਾਘੀ ਮੇਲੇ ਦੌਰਾਨ ਸ਼ੋ੍ਮਣੀ ਗੁਰੂਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਕੀਰਤਨ ਸਮਾਗਮਾਂ ਦਾ ਪ੍ਰਬੰਧ ਕੀਤਾ ਗਿਆ ਜਿਸ ਵਿਚ ਪਹੁੰਚੇ ਹੋਏ ਢਾਡੀ ਜੱਥਿਆਂ ਅਤੇ ਕੀਰਤਨੀ ਜੱਥਿਆਂ ਵੱਲੋਂ ਗੁਰੂ ਇਤਿਹਾਸ ਦੇ ਲੜ ਲਾਇਆ ਗਿਆ। ਇਸ ਮੌਕੇ ਬੁੱਢਾ ਦਲ ਵੱਲੋਂ ਵੀ ਛਾਉਣੀ ਵਿਖੇ ਜਲੇਬੀਆਂ ਦਾ ਲੰਗਰ ਲਗਾਇਆ ਗਿਆ ਜਿਸ ਵਿਚ ਸੰਗਤਾਂ ਨੇ ਵਧ ਚੜਕੇ ਸੇਵਾ ਕੀਤੀ। ਇਸ ਮੌਕੇ ਮਾਘੀ ਮੇਲੇ ਨੂੰ ਮੁੱਖ ਰੱਖਦਿਆਂ ਸਥਾਨਕ ਸ਼ਹਿਰ ਭਗਤਾ ਤੋਂ ਗੁਰੂ ਨਾਨਕ ਮਲਟੀਸਪੈਸ਼ਲਿਟੀ ਹਸਪਤਾਲ ਵੱਲੋਂ ਗ੍ਰਾਮ ਪੰਚਾਇਤ ਗੁਰੂਸਰ ਅਤੇ ਯੂਥ ਕਲੱਬ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਇਆ ਗਿਆ ਜਿਸਦਾ ਉਦਘਾਟਨ ਕਾਰ ਸੇਵਾ ਖਡੂਰ ਸਾਹਿਬ ਤੋਂ ਮੁੱਖ ਸੇਵਾਦਾਰ ਬਾਬਾ ਸੇਵਾ ਸਿੰਘ ਅਤੇ ਵਿਵੇਕ ਆਸ਼ਰਮ ਗੁਰੂਸਰ ਤੋਂ ਬਾਬਾ ਗੰਗਾਰਾਮਨੇ ਕੀਤਾ ਜਦਕਿ ਕੈਂਪ ਦੌਰਾਨ ਗੁਰੂ ਨਾਨਕ ਦੇਵ ਮਲਟੀਸਪੈਸ਼ਲਿਟੀ ਹਸਪਤਾਲ ਦੀ ਟੀਮ ਵੱਲੋਂ 71 ਯੂਨਿਟ ਖੂਨ ਇਕੱਤਰ ਕੀਤਾ ਗਿਆ।

# ਬ੍ਰਹਮਾ ਕੁਮਾਰੀ ਰਾਜਯੋਗ ਸੈਂਟਰ ਵਿਖੇ ਮਨਾਇਆ ਜਾਵੇਗਾ ਵਿਸ਼ਵ ਸ਼ਾਂਤੀ ਦਿਵਸ : ਮੀਰਾ ਭੈਣ



ਸੁਨਾਮ 16 (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ) ਬ੍ਰਹਮਾ ਕੁਮਾਰੀ ਰਾਜਯੋਗ ਸੈਂਟਰ ਇੰਦਰਾ ਮਾਰਗ ਵਿਖੇ ਪਿਤਾਸ੍ਰੀ ਪ੍ਰਜਾਪਤੀ ਬ੍ਰਹਮਾ ਸਾਰਕਾਰ ਸੰਸਥਾਪਕ ਬ੍ਰਹਮਾਕੁਮਾਰੀ ਦੇ 57ਵੇਂ ਪੂਨਇਆ ਦਿਵਸ਼ ਮੌਕੇ ਵਿਸਵ ਸ਼ਾਂਤੀ ਦਿਵਸ਼ 18 ਜਨਵਰੀ ਦਿਨ ਐਤਵਾਰ ਨੂੰ ਮਨਾਇਆ ਜਾਵੇਗਾ ਇਸ ਸਬੰਧੀ ਜਾਣਕਾਰੀ ਦਿੰਦਿਆਂ ਬ੍ਰਹਮਾ ਕੁਮਾਰੀ ਆਸ਼ਰਮ ਦੀ ਮੁੱਖ ਸੰਚਾਲਕਾਂ ਮੀਰਾਂ ਦੀਦੀ ਨੇ ਦੱਸਿਆ ਕਿ ਵਿਸਵ ਸ਼ਾਂਤੀ ਦਿਵਸ਼ ਸਵੇਰੇ ਦੱਸ ਵਜੇ ਤੋ ਦੁਪਹਿਰ ਇੱਕ ਵਜੇ ਤੱਕ ਮਨਾਇਆ ਜਾਵੇਗਾ ਇਸ ਮੌਕੇ ਮੁੱਖ ਮਹਿਮਾਨ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ ਅਤੇ ਇਸ ਪ੍ਰੋਗਰਾਮ ਦੀ ਮੁੱਖ ਬੁਲਾਰੇ ਦੀਦੀ ਬੀ ਕੇ ਸੁਮਨ ਸੀਨੀਅਰ ਰਾਜਯੋਗ ਟੀਚਰ ਅਤੇ ਮੋਟਿਵੇਸਨਲ ਸਪੀਕਰ ਹੋਣਗੇ ਉਹਨਾਂ ਸਾਰੇ ਸਾਰੇ ਸ਼ਹਿਰ ਨਿਵਾਸੀਆਂ ਨੂੰ ਇਸ ਮੌਕੇ ਤੇ ਪਹੁੰਚ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਨ ਇਸ ਮੌਕੇ ਦੁਪਹਿਰ ਨੂੰ ਬ੍ਰਹਮ ਭੋਜਨ ਵੀ ਅਟੁੱਟ ਵਰਤੇਗਾ ਇਸ ਮੌਕੇ ਤੇ ਰਾਜਯੋਗ ਸੈਂਟਰ ਦੀ ਕਵਿਤਾ ਭੈਣ ਕੰਚਨ ਭੈਣ ਰੀਤੂ ਭੈਣ ਆਦਿ ਹਾਜ਼ਰ ਸਨ ਇਸ ਮੌਕੇ ਪਹੁੰਚ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕਰੋ

# ਆਰ.ਟੀ.ਓ ਬਠਿੰਡਾ ਨੇ ਸੀ-ਪਾਈਟ ਕੈਂਪ ਦਾ ਦੌਰਾ ਕਰਕੇ ਲਿਆ ਜਾਇਜ਼ਾ




ਬਠਿੰਡਾ, 16 ਜਨਵਰੀ ਜਗਸੀਰ ਭੁੱਲਰ : ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ ਦੇ ਅਨੁਸਾਰ ਰਿਜਨਲ ਟਰਾਂਸਪੋਰਟ ਅਫਸਰ ਬਠਿੰਡਾ ਸ੍ਰੀ ਪੁਨੀਤ ਸ਼ਰਮਾ ਨੇ ਕੈਂਪ ਕਾਲਝਰਾਣੀ ਦਾ ਦੌਰਾ ਕਰਕੇ ਜਾਇਜਾ ਲਿਆ। ਇਸ ਮੌਕੇ ਉਹਨਾਂ ਦੇ ਨਾਲ ਕੈਂਪ ਇਨਚਾਰਜ ਕੈਪਟਨ ਲਖਵਿੰਦਰ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ।ਇਸ ਮੌਕੇ ਸ਼੍ਰੀ ਪੁਨੀਤ ਸ਼ਰਮਾ ਵੱਲੋਂ ਕੈਂਪ ਕਾਲਝਰਾਣੀ ਵਿਖੇ ਸਕਿਊਰਟੀ ਗਾਰਡ ਦਾ ਟ੍ਰੇਨਿੰਗ ਕੋਰਸ ਕਰ ਰਹੇ ਨੌਜਵਾਨਾਂ ਨਾਲ ਗੱਲਬਾਤ ਕਰਦਿਆਂ ਆਪਣੇ ਵਿਚਾਂਰ ਸਾਝੇਂ ਕੀਤੇ ਗਏ। ਇਸ ਦੌਰਾਨ ਉਹਨਾਂ ਪਰੋਟਾਟੈਕ ਕੰਪਨੀ ਵੱਲੋਂ ਤਿਆਰ ਕਰਵਾਈਆਂ ਕਿੱਟਾਂ ਵੀ ਨੌਜਵਾਨਾਂ ਨੂੰ ਵੰਡੀਆਂ।ਇਸ ਮੌਕੇ ਸ੍ਰੀ ਪੁਨੀਤ ਸ਼ਰਮਾਂ ਨੇ ਸਕਿਊਰਿਟੀ ਗਾਰਡ ਦਾ ਟ੍ਰੇਨਿੰਗ ਕੋਰਸ ਕਰ ਰਹੇ ਨੌਜਵਾਨਾਂ ਨੂੰ ਕੋਰਸ ਦੀ ਮਹੱਤਤਾ ਦੱਸਦੇ ਹੋਏ ਕਿਹਾ ਕਿ ਸਰਕਾਰੀ/ਪ੍ਰਾਈਵੇਟ ਸੈਕਟਰ ਵਿੱਚ ਸਕਿਊਰਿਟੀ ਗਾਰਡ ਅਸਾਮੀ ਦੀ ਬਹੁਤ ਜ਼ਰੂਰਤ ਹੈ, ਜਿੱਥੇ ਵੀ ਨੌਕਰੀ ਦੀ ਆਫਰ ਆਉਦੀ ਹੈ ਜੁਆਇੰਨ ਕਰਕੇ ਆਪਣੇ ਭਵਿੱਖ ਨੂੰ ਸੁਨਿਹਰੀ ਬਣਾ ਕੇ ਅੱਗੇ ਹੋਰ ਮਿਹਨਤ ਕਰੋ।ਇਸ ਮੌਕੇ ਕੈਪਟਨ ਲਖਵਿੰਦਰ ਸਿੰਘ ਨੇ ਆਰਟੀਓ ਜਾਣੂ ਕਰਵਾਉਂਦਿਆਂ ਕਿਹਾ ਕਿ ਸਕਿਊਰਿਟੀ ਗਾਰਡ ਟ੍ਰੇਨਿੰਗ ਕੋਰਸ ਦਾ ਨਵਾਂ ਬੈਚ ਮਿਤੀ 27 ਜਨਵਰੀ 2026 ਤੋਂ ਸੀ-ਪਾਈਟ ਕੈਂਪ, ਕਾਲਝਰਾਣੀ ਵਿਖੇ ਸ਼ੁਰੂ ਹੋ ਰਿਹਾ ਹੈ ਅਤੇ ਕੋਰਸ ਦੀ ਰਜਿਸਟ੍ਰੇਸ਼ਨ ਕੈਂਪ ਵਿਖੇ ਚੱਲ ਰਹੀ ਹੈ। ਇਹ ਟ੍ਰੇਨਿੰਗ ਕੋਰਸ ਕਰਨ ਵਾਸਤੇ ਉਮੀਦਵਾਰ ਨੇ ਘੱਟੋਂ ਘੱਟ 10ਵੀਂ ਜਮਾਤ ਪਾਸ ਅਤੇ ਉਮਰ ਸੀਮਾਂ 21 ਤੋਂ 29 ਸਾਲ ਹੋਵੇਗੀ। ਇਸ ਤੋ ਇਲਾਵਾ ਕੈਂਪ ਵਿਖੇ ਲਿਖਤੀ ਪੇਪਰ ਦੀ ਵੀ ਤਿਆਰੀ ਚੱਲ ਰਹੀ ਹੈ, ਜਿਨ੍ਹਾਂ ਯੁਵਕਾਂ ਦਾ ਅਪਲਾਈ ਕੀਤਾ ਹੋਇਆ ਹੈ, ਉਹ ਵੀ ਕੈਂਪ ਆ ਕੇ ਲਿਖਤੀ ਪੇਪਰ ਦੀ ਤਿਆਰੀ ਕਰ ਸਕਦੇ ਹਨ। ਇਸ ਮੌਕੇ ਕੈਂਪ ਕਾਲਝਰਾਣੀ ਵੱਲੋਂ ਸ੍ਰੀ ਪੁਨੀਤ ਸ਼ਰਮਾਂ ਨੂੰ ਸਨਮਾਨ ਚਿੰਨ੍ਹ ਦੇ ਸਨਮਾਨਿਤ ਵੀ ਕੀਤਾ। ਉਹਨਾਂ ਕੋਰਸ ਕਰਨ ਵਾਲੇ ਚਾਹਵਾਨ ਨੌਜਵਾਨਾ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਉਹ ਵਧੇਰੇ ਜਾਣਕਾਰੀ ਲਈ 94641-52013 ਜਾਂ 94638-31615 ਤੇ ਸੰਪਰਕ ਕਰ ਸਕਦੇ ਹਨ।

# ਡਾ. ਕਵਿਤਾ ਸਿੰਘ ਵਲੋਂ ਆਮ ਆਦਮੀ ਕਲੀਨਿਕ ਪੰਜਕੋਸੀ, ਖੇਓ ਵਾਲੀ ਢਾਬ ਅਤੇ ਲੇਬਰ ਰੂਮ ਦਾ ਦੌਰਾ



ਫਾਜ਼ਿਲਕਾ 16 ਜਨਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਸਿਵਲ ਸਰਜਨ ਫਾਜ਼ਿਲਕਾ ਡਾ. ਕਵਿਤਾ ਸਿੰਘ ਵਲੋਂ ਜ਼ਿਲ੍ਹੇ ਵਿੱਚ ਚੱਲ ਰਹੀਆਂ ਸਿਹਤ ਸੇਵਾਵਾਂ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ ਦੇ ਮਕਸਦ ਨਾਲ ਆਮ ਆਦਮੀ ਕਲੀਨਿਕ ਪੰਜਕੋਸੀ, ਖੇਓ ਵਾਲੀ ਢਾਬ ਅਤੇ ਲੇਬਰ ਰੂਮ ਦਾ ਦੌਰਾ ਕੀਤਾ ਗਿਆ। ਇਸ ਦੌਰੇ ਦਾ ਮੁੱਖ ਉਦੇਸ਼ ਲੋਕਾਂ ਨੂੰ ਮਿਲ ਰਹੀਆਂ ਸਿਹਤ ਸਹੂਲਤਾਂ ਦੀ ਜਾਂਚ ਕਰਨਾ ਅਤੇ ਸਿਹਤ ਕਰਮਚਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦੇਣਾ ਸੀ। ਡਾ. ਕਵਿਤਾ ਸਿੰਘ ਨੇ ਆਮ ਆਦਮੀ ਕਲੀਨਿਕ ਪੰਜਕੋਸੀ ਅਤੇ ਖੇਓ ਵਾਲੀ ਢਾਬ ਵਿਖੇ ਮੌਜੂਦ ਮੈਡੀਕਲ ਸਟਾਫ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ ਘਰ ਦੇ ਨੇੜੇ ਮੁਫ਼ਤ ਅਤੇ ਗੁਣਵੱਤਾ ਭਰੀ ਸਿਹਤ ਸੇਵਾ ਮੁਹੱਈਆ ਕਰਵਾਉਣ ਲਈ ਆਮ ਆਦਮੀ ਕਲੀਨਿਕ ਇੱਕ ਮਹੱਤਵਪੂਰਨ ਕੜੀ ਹਨ। ਉਨ੍ਹਾਂ ਨੇ ਕਲੀਨਿਕਾਂ ਵਿੱਚ ਦਵਾਈਆਂ ਦੀ ਉਪਲਬਧਤਾ, ਲੈਬ ਟੈਸਟਾਂ, ਮਰੀਜ਼ਾਂ ਦੀ ਹਾਜ਼ਰੀ ਰਜਿਸਟਰ ਅਤੇ ਸਾਫ਼-ਸੁਥਰੇ ਪ੍ਰਬੰਧਾਂ ਦੀ ਜਾਂਚ ਕੀਤੀ।ਉਨ੍ਹਾਂ ਨੇ ਮੈਡੀਕਲ ਅਫ਼ਸਰਾਂ ਅਤੇ ਸਟਾਫ ਨੂੰ ਹਦਾਇਤ ਦਿੱਤੀ ਕਿ ਮਰੀਜ਼ਾਂ ਨਾਲ ਸਹੀ ਵਰਤਾਓ ਕੀਤਾ ਜਾਵੇ ਅਤੇ ਹਰ ਵਿਅਕਤੀ ਨੂੰ ਸਮੇਂ ਸਿਰ ਇਲਾਜ ਮਿਲੇ। ਡਾ. ਕਵਿਤਾ ਸਿੰਘ ਨੇ ਇਹ ਵੀ ਕਿਹਾ ਕਿ ਸਰਕਾਰ ਦੀ ਮਨਸ਼ਾ ਹੈ ਕਿ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਦਾ ਵੱਡੇ ਹਸਪਤਾਲਾਂ 'ਤੇ ਭਾਰ ਘਟਾਇਆ ਜਾਵੇ। ਇਸ ਦੇ ਨਾਲ ਲੇਬਰ ਰੂਮ ਦਾ ਦੌਰਾ ਕਰਦਿਆਂ ਡਾ. ਕਵਿਤਾ ਸਿੰਘ ਨੇ ਮਾਤਾ ਅਤੇ ਨਵਜੰਮੇ ਬੱਚੇ ਦੀ ਸੁਰੱਖਿਆ ਸਬੰਧੀ ਪ੍ਰਬੰਧਾਂ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਡਿਲਿਵਰੀ ਰੂਮ ਦੀ ਸਾਫ਼-ਸੁਥਰਾਈ, ਉਪਕਰਨਾਂ ਦੀ ਕਾਰਗੁਜ਼ਾਰੀ ਅਤੇ ਡਿਊਟੀ 'ਤੇ ਤਾਇਨਾਤ ਸਟਾਫ ਦੀ ਮੌਜੂਦਗੀ ਦੀ ਜਾਂਚ ਕੀਤੀ। ਉਨ੍ਹਾਂ ਨੇ ਜ਼ੋਰ ਦਿੱਤਾ ਕਿ ਜਨਨੀ ਸੁਰੱਖਿਆ ਯੋਜਨਾ ਅਤੇ ਹੋਰ ਮਾਤਾ-ਬੱਚਾ ਸਿਹਤ ਸਕੀਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇ। ਅੰਤ ਵਿੱਚ ਡਾ. ਕਵਿਤਾ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਲਈ ਅਜਿਹੇ ਦੌਰੇ ਲਗਾਤਾਰ ਜਾਰੀ ਰਹਿਣਗੇ ਤਾਂ ਜੋ ਹਰ ਨਾਗਰਿਕ ਨੂੰ ਬਿਹਤਰ ਸਿਹਤ ਸਹੂਲਤਾਂ ਮਿਲ ਸਕਣ।ਇਸ ਦੌਰਾਨ ਸਟਾਫ ਅਤੇ ਅਤਿੰਦਰਪਾਲ ਸਿੰਘ ਹਾਜਰ ਸੀ।

# ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਖੂਹ/ਬੋਰ ਪੁੱਟਣ ਸਬੰਧੀ ਦਿਸ਼ਾ-ਨਿਰਦੇਸ਼ ਜਾਰੀ



ਬਰਨਾਲਾ, 16 ਜਨਵਰੀ (ਚਮਕੌਰ ਸਿੰਘ ਗੱਗੀ )ਜ਼ਿਲ੍ਹਾ ਮੈਜਿਸਟਰੇਟ ਬਰਨਾਲਾ ਸ੍ਰੀ ਟੀ ਬੈਨਿਥ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਘਤਾ, 2023 ਦੀ ਧਾਰਾ 163 ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਿਹਾ ਕਿ ਜ਼ਮੀਨ ਮਾਲਕਾਂ ਨੂੰ ਖੂਹ/ਬੋਰ ਲਗਾਉਣ ਲਈ 15 ਦਿਨ ਪਹਿਲਾਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਬਰਨਾਲਾ ਤੋਂ ਲਿਖਤੀ ਪ੍ਰਵਾਨਗੀ ਲੈਣੀ ਲਾਜ਼ਮੀ ਹੋਵੇਗੀ। ਖੂਹ ਬੋਰ ਲਗਾਉਣ, ਮੁਰੰਮਤ ਕਰਨ ਵਾਲੀਆਂ ਸਾਰੀਆਂ ਏਜੰਸੀਆਂ ਜਿਵੇਂ ਸਰਕਾਰੀ/ਅਰਧ—ਸਰਕਾਰੀ/ਪ੍ਰਾਈਵੇਟ ਵਗੈਰਾ, ਪੇਂਡੂ ਖੇਤਰ ਲਈ ਕਾਰਜਕਾਰੀ ਇੰਜੀਨੀਅਰ, ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਸ਼ਹਿਰੀ ਖੇਤਰਾਂ ਵਿੱਚ ਕਾਰਜਕਾਰੀ ਇੰਜੀਨੀਅਰ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਕੋਲੋਂ ਰਜਿਸਟਰੇਸ਼ਨ ਕਰਵਾਉਣੀ ਜ਼ਰੂਰੀ ਹੋਵੇਗੀ ਅਤੇ ਕੋਈ ਏਜੰਸੀ ਬਿਨਾਂ ਰਜਿਸਟਰੇਸ਼ਨ/ਲਿਖਤੀ ਪ੍ਰਵਾਨਗੀ ਤੋਂ ਬਗੈਰ ਖੂਹ ਬੋਰ ਨਹੀਂ ਲਗਾਵੇਗੀ। ਜੇਕਰ ਪੰਪ ਦੀ ਮੁਰੰਮਤ ਕਰਨੀ ਹੈ ਤਾਂ ਖੂਹ ਜਾਂ ਬੋਰ ਖੁੱਲ੍ਹਾ ਨਹੀ ਛੱਡਿਆ ਜਾਵੇਗਾ। ਖੂਹ/ਬੋਰ ਦਾ ਢੱਕਣ ਕੇਸਿੰਗ ਪਾਈਪ ਨਾਲ ਨਟ—ਬੋਲਟਾਂ ਨਾਲ ਫਿਕਸ ਹੋਣਾ ਚਾਹੀਦਾ ਹੈ। ਬੋਰ ਦੀ ਖੁਦਾਈ ਦਾ ਕੰਮ ਮੁਕੰਮਲ ਹੋਣ 'ਤੇ ਜ਼ਮੀਨ ਦੀ ਸਥਿਤੀ ਪਹਿਲਾ ਵਾਲੀ ਬਹਾਲ ਹੋਣੀ ਜ਼ਰੂਰੀ ਹੋਵੇਗੀ। ਉਨ੍ਹਾਂ ਕਿਹਾ ਡੀ.ਡੀ.ਪੀ.ਓ ਬਰਨਾਲਾ ਸਾਰੇ ਜ਼ਿਲ੍ਹੇ ਦੇ ਬੋਰ/ਖੂਹ ਦੀ ਸੂਚਨਾ ਸਰਪੰਚਾਂ ਕੋਲੋ ਇਕੱਤਰ ਕਰਕੇ ਆਪਣੇ ਦਫ਼ਤਰ ਵਿੱਚ ਤਿਆਰ ਰੱਖਣਗੇ। ਇਕ ਹੋਰ ਹੁਕਮ ਅਨੁਸਾਰ ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਦੇ ਸਾਈਬਰ ਕੈਫੇ ਮਾਲਕਾਂ ਲਈ ਹੁਕਮ ਜਾਰੀ ਕਰਦਿਆਂ ਹਦਾਇਤ ਕੀਤੀ ਹੈ ਕਿ ਅਣਜਾਣ ਵਿਅਕਤੀ ਨੂੰ ਬਿਨਾਂ ਪਛਾਣ ਪੱਤਰ ਦੇ ਸਾਈਬਰ ਕੈਫੇ ਵਰਤਣ ਦੀ ਇਜਾਜ਼ਤ ਨਾ ਦਿੱਤੀ ਜਾਵੇ। ਉਨ੍ਹਾਂ ਹਦਾਇਤ ਕੀਤੀ ਕਿ ਸਾਇਬਰ ਕੈਫੇ ਦੀ ਵਰਤੋਂ ਕਰਨ ਵਾਲੇ ਹਰੇਕ ਵਿਅਕਤੀ ਦਾ ਰਿਕਾਰਡ ਰੱਖਣ ਲਈ ਵਿਸ਼ੇਸ਼ ਰਜਿਸਟਰ ਲਗਾਇਆ ਜਾਵੇ ਅਤੇ ਹਰੇਕ ਆਉਣ ਵਾਲੇ ਵਿਅਕਤੀ ਲਈ ਜ਼ਰੂਰੀ ਹੋਵੇਗਾ ਕਿ ਉਹ ਆਪਣਾ ਨਾਮ, ਪਤਾ, ਟੈਲੀਫੋਨ ਨੰਬਰ ਸਮੇਤ ਮੰਤਵ ਰਜਿਸਟਰ ਵਿੱਚ ਆਪਣੇ ਹੱਥ ਨਾਲ ਇੰਦਰਾਜ ਕਰੇਗਾ ਅਤੇ ਹਸਤਾਖਰ ਕਰਨੇ ਵੀ ਲਾਜ਼ਮੀ ਹੋਣਗੇ। ਕੈਫੇ ਦੀ ਵਰਤੋਂ ਕਰਨ ਵਾਲੇ ਵਿਅਕਤੀ ਦੀ ਪਛਾਣ ਕੈਫੇ ਮਾਲਕ ਵੱਲੋਂ ਉਸਦੇ ਪਹਿਚਾਣ ਪੱਤਰ, ਵੋਟਰ ਕਾਰਡ, ਡਰਾਈਵਿੰਗ ਲਾਇਸੈਂਸ, ਪਾਸਪੋਰਟ ਅਤੇ ਫੋਟੋ ਕਰੈਡਿਟ ਕਾਰਡ ਨਾਲ ਕੀਤੀ ਜਾਵੇਗੀ। ਐਕਟੀਵਿਟੀ ਸਰਵਰ ਦਾ ਮੁੱਖ ਸਰਵਰ ਵਿੱਚ ਰਿਕਾਰਡ ਘੱਟੋ-ਘੱਟ ਛੇ ਮਹੀਨੇ ਲਈ ਰੱਖਿਆ ਜਾਵੇਗਾ। ਕੈਫੇ ਵਿੱਚ ਆਉਣ ਵਾਲੇ ਕਿਸੇ ਵਿਅਕਤੀ 'ਤੇ ਸ਼ੱਕ ਹੋਣ 'ਤੇ ਕੈਫੇ ਮਾਲਕ ਤੁਰੰਤ ਪੁਲਿਸ ਨੂੰ ਸੂਚਿਤ ਕਰੇਗਾ। ਕਿਸੇ ਵੀ ਵਿਅਕਤੀ ਵੱਲੋਂ ਵਰਤੇ ਗਏ ਵਿਸ਼ੇਸ਼ ਕੰਪਿਊਟਰ ਬਾਰੇ ਰਿਕਾਰਡ ਨੂੰ ਸੰਭਾਲ ਕੇ ਰੱਖਣਾ ਲਾਜ਼ਮੀ ਹੋਵੇਗਾ। ਉਪਰੋਕਤ ਹੁਕਮ 14 ਮਾਰਚ 2026 ਤੱਕ ਲਾਗੂ ਰਹਿਣਗੇ।ਐਕਟੀਵਿਟੀ ਸਰਵਰ ਦਾ ਮੁੱਖ ਸਰਵਰ ਵਿੱਚ ਰਿਕਾਰਡ ਘੱਟੋ-ਘੱਟ ਛੇ ਮਹੀਨੇ ਲਈ ਰੱਖਿਆ ਜਾਵੇਗਾ। ਕੈਫੇ ਵਿੱਚ ਆਉਣ ਵਾਲੇ ਕਿਸੇ ਵਿਅਕਤੀ 'ਤੇ ਸ਼ੱਕ ਹੋਣ 'ਤੇ ਕੈਫੇ ਮਾਲਕ ਤੁਰੰਤ ਪੁਲਿਸ ਨੂੰ ਸੂਚਿਤ ਕਰੇਗਾ। ਕਿਸੇ ਵੀ ਵਿਅਕਤੀ ਵੱਲੋਂ ਵਰਤੇ ਗਏ ਵਿਸ਼ੇਸ਼ ਕੰਪਿਊਟਰ ਬਾਰੇ ਰਿਕਾਰਡ ਨੂੰ ਸੰਭਾਲ ਕੇ ਰੱਖਣਾ ਲਾਜ਼ਮੀ ਹੋਵੇਗਾ। ਉਪਰੋਕਤ ਹੁਕਮ 14 ਮਾਰਚ 2026 ਤੱਕ ਲਾਗੂ ਰਹਿਣਗੇ।

## ਜਲ ਸ਼ਕਤੀ ਅਭਿਆਨ ਕੇਂਦਰੀ ਟੀਮ ਵੱਲੋਂ ਜਲ ਭੰਡਾਰਨ, ਜਨ ਭਾਗੀਦਾਰੀ ਸਬੰਧੀ ਕੀਤੀ ਗਈ ਮੀਟਿੰਗ



ਬਰਨਾਲਾ, 16 ਜਨਵਰੀ (ਬਘੇਲ ਸਿੰਘ ਧਾਲੀਵਾਲ):ਜਲ ਸ਼ਕਤੀ ਅਭਿਆਨ 2026 ਤਹਿਤ ਪਾਣੀ ਬਚਾਓ ਕਾਰਜਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਅੱਜ ਵਧੀਕ ਡਿਪਟੀ ਕਮਿਸ਼ਨਰ (ਜ) ਬਰਨਾਲਾ ਸ੍ਰੀ ਅਮਿਤ ਬੈਂਬੀ ਦੀ ਪ੍ਰਧਾਨਗੀ ਹੇਠ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸ ਅਭਿਆਨ ਵਿਚ ਤਕਨੀਕੀ ਸਹਾਇਤਾ ਲਈ ਕੇਂਦਰੀ ਨੋਡਲ ਅਫ਼ਸਰ ਸ੍ਰੀ ਰਿਸ਼ੀ ਰਾਜ ਨੂੰ ਨਿਯੁਕਤ ਕੀਤਾ ਗਿਆ ਹੈ। ਇਸ ਮੀਟਿੰਗ ਵਿਚ ਮੁੱਖ ਤੌਰ 'ਤੇ ਜਲ ਸੰਚੇ ਜਨ ਭਾਗੀਦਾਰੀ ਅਤੇ ਮਗਨਰੇਗਾ ਸਕੀਮ ਅਧੀਨ ਕਰਵਾਏ ਜਾਣ ਵਾਲੇ ਕੰਮਾਂ ਲਈ ਤਕਨੀਕੀ ਸਹਾਇਤਾ ਮੁਹੱਈਆ ਕਰਵਾਉਣ ਲਈ ਵਿਚਾਰ ਚਰਚਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਬਰਨਾਲਾ 'ਚ ਪ੍ਰਾਇਮਰੀ ਅਤੇ ਸੈਕੰਡਰੀ ਸਕੂਲਾਂ ਚ 100 ਦੇ ਕਰੀਬ ਮੀਂਹ ਦੇ ਪਾਣੀ ਦੀ ਸੰਭਾਲ ਸਬੰਧੀ ਰੇਨ ਵਾਟਰ ਹਾਰਵੈਸਟਿੰਗ ਸਟਰਕਚਰ ਬਣਾਏ ਗਏ ਹਨ। ਇਸ ਤੋਂ ਇਲਾਵਾ ਜ਼ਿਲ੍ਹਾ ਬਰਨਾਲਾ ਚ ਸੋਕ ਪਿੱਟ ਬਣਾਉਣ ਦਾ ਕੰਮ ਕੀਤਾ ਜਾਵੇਗਾ ਤਾਂ ਜੋ ਰਸੋਈ ਦੇ ਪਾਣੀ ਨੂੰ ਸਾਫ ਕਰਕੇ ਧਰਤੀ ਹੇਠਾਂ ਪਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਇਸ ਵਿੱਤੀ ਸਾਲ ਦੌਰਾਨ 125 ਛੱਪੜਾਂ ਦੀ ਸਫਾਈ ਕੀਤੀ ਗਈ ਹੈ ਅਤੇ ਹੋਰਨਾਂ ਛੱਪੜਾਂ ਦੀ ਸਫਾਈ ਸਬੰਧੀ ਕੰਮ ਕੀਤਾ ਜਾ ਰਿਹਾ ਹੈ। ਇਸ ਮੌਕੇ ਕੇਂਦਰੀ ਭੂਮੀ ਜਲ ਬੋਰਡ ਚੰਡੀਗੜ੍ਹ ਤੋਂ ਕੇਂਦਰੀ ਨੋਡਲ ਅਫ਼ਸਰ ਸ੍ਰੀ ਰਿਸ਼ੀ ਰਾਜ ਵਿਸ਼ੇਸ਼ ਤੌਰ ਤੇ ਹਾਜ਼ਰ ਹੋ ਏ। ਉਨ੍ਹਾਂ ਨੇ ਸਮੂਹ ਵਿਭਾਗਾਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਅਤੇ ਪਾਣੀ ਦੀ ਸੰਭਾਲ ਲਈ ਤਕਨੀਕੀ ਪਹਿਲੂਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਮਗਨਰੇਗਾ ਤਹਿਤ ਹੋਣ ਵਾਲੇ ਜਲ ਸੰਭਾਲ ਦੇ ਕੰਮਾਂ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਵਧੀਕ ਡਿਪਟੀ ਕਮਿਸ਼ਨਰ (ਜ) ਨੇ ਸਮੂਹ ਵਿਭਾਗਾਂ ਨੂੰ ਕੇਂਦਰੀ ਟੀਮ ਵੱਲੋਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਕਿਹਾ ਗਿਆ। ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਮੁੱਖੀ ਹਾਜ਼ਰ ਸਨ।

## ਕੇਂਦਰ ਦੀਆਂ 'ਲੋਕ ਵਿਰੋਧੀ' ਨੀਤੀਆਂ ਖ਼ਿਲਾਫ਼ ਬਠਿੰਡਾ 'ਚ ਵਿਸ਼ਾਲ ਰੋਸ ਪ੍ਰਦਰਸ਼ਨ

# ਪੁਲਿਸ ਵੱਲੋਂ ਸੈਕਟਰੀਏਟ ਦੇ ਗੇਟ ਬੰਦ ਕਰਨ 'ਤੇ ਭੜਕੇ ਕਿਸਾਨ



ਬਠਿੰਡਾ, 16 ਜਨਵਰੀ (ਦੀਪਕ ਸ਼ਰਮਾ):ਕੇਂਦਰ ਦੀ ਮੋਦੀ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਕਾਰਪੋਰੇਟ ਪੱਖੀ ਨੀਤੀਆਂ ਅਤੇ ਜਨਤਕ ਅਦਾਰਿਆਂ ਦੇ ਨਿੱਜੀਕਰਨ ਵਿਰੁੱਧ ਬਠਿੰਡਾ ਵਿਖੇ ਸਾਂਝੇ ਕਿਸਾਨ ਮੋਰਚੇ ਦੇ ਸੱਦੇ ਤੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ। ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਨੌਜਵਾਨਾਂ ਅਤੇ ਵਿਦਿਆਰਥੀ ਜਥੇਬੰਦੀਆਂ ਨੇ ਇਕਜੁੱਟ ਹੋ ਕੇ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਧਰਨਾ ਦਿੱਤਾ ਅਤੇ ਡੀਸੀ ਰਾਹੀਂ ਪ੍ਰਧਾਨ ਮੰਤਰੀ ਦੇ ਨਾਂ ਮੰਗ ਪੱਤਰ ਸੌਂਪਿਆ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਸ਼ਹਿਰ ਦੇ ਹਨੂੰਮਾਨ ਚੌਕ ਤੱਕ ਰੋਸ ਮਾਰਚ ਕੱਢਦਿਆਂ ਕੇਂਦਰ ਅਤੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਧਰਨੇ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਆਗੂਆਂ ਨੇ ਦੋਸ਼ ਲਾਇਆ ਕਿ ਬਿਜਲੀ ਸੋਧ ਬਿੱਲ 2025 ਅਤੇ ਪ੍ਰਸਤਾਵਿਤ ਬੀਜ ਬਿੱਲ 2025 ਰਾਹੀਂ ਖੇਤੀਬਾੜੀ ਅਤੇ ਬਿਜਲੀ ਖੇਤਰ ਨੂੰ ਪੂਰੀ ਤਰ੍ਹਾਂ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਦੀ ਤਿਆਰੀ ਹੈ। ਉਨ੍ਹਾਂ ਕਿਹਾ ਕਿ ਸਮਾਰਟ ਮੀਟਰ ਲਗਾਉਣ ਦੀ ਪ੍ਰਕਿਰਿਆ ਅਤੇ ਲੇਬਰ ਕੋਡਾਂ ਵਿੱਚ ਬਦਲਾਅ ਮਜ਼ਦੂਰਾਂ ਤੇ ਆਮ ਲੋਕਾਂ ਦੇ ਹੱਕਾਂ ਤੇ ਸਿੱਧਾ ਡਾਕਾ ਹੈ। ਬੁਲਾਰਿਆਂ ਨੇ ਮੰਗ ਕੀਤੀ ਕਿ ਸਾਰੀਆਂ ਫ਼ਸਲਾਂ ਦੀ ਐਮ.ਐਸ.ਪੀ. ਤੇ ਖਰੀਦ ਦੀ ਗਾਰੰਟੀ ਵਾਲਾ ਕਾਨੂੰਨ ਬਣਾਇਆ ਜਾਵੇ, ਸਵਾਮੀਨਾਥਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਲਾਗੂ ਕੀਤੀਆਂ ਜਾਣ ਅਤੇ ਮਨਰੇਗਾ ਤਹਿਤ ਸਾਲ ਵਿੱਚ 200 ਦਿਨ ਦਾ ਰੁਜ਼ਗਾਰ ਤੇ 700 ਰੁਪਏ ਦਿਹਾੜੀ ਦਿੱਤੀ ਜਾਵੇ।ਜ਼ਿਕਰਯੋਗ ਹੈ ਕਿ ਪ੍ਰਦਰਸ਼ਨ ਦੌਰਾਨ ਉਸ ਸਮੇਂ ਸਥਿਤੀ ਨਾਜ਼ੁਕ ਹੋ ਗਈ ਜਦੋਂ ਪੁਲਿਸ ਪ੍ਰਸ਼ਾਸਨ ਨੇ ਕੰਪਲੈਕਸ ਦੇ ਅੰਦਰ ਬਣੇ ਪਖਾਨਿਆਂ ਨੂੰ ਜਿੰਦਰੇ ਮਾਰ ਦਿੱਤੇ। ਹੱਦ ਤਾਂ ਉਦੋਂ ਹੋ ਗਈ ਜਦੋਂ ਇੱਕ ਥਾਣੇਦਾਰ ਨੇ ਪ੍ਰਸ਼ਾਸਨਿਕ ਕੰਪਲੈਕਸ ਦਾ ਮੁੱਖ ਗੇਟ ਵੀ ਬੰਦ ਕਰ ਦਿੱਤਾ, ਜਿਸ ਕਾਰਨ ਅੰਦਰ ਗਈਆਂ ਕਿਸਾਨ ਬੀਬੀਆਂ ਉੱਥੇ ਹੀ ਫਸ ਗਈਆਂ। ਇਸ ਗੱਲ ਦਾ ਪਤਾ ਲੱਗਦਿਆਂ ਹੀ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੇ ਜ਼ਿਲ੍ਹਾ ਪ੍ਰਧਾਨ ਸ਼ਿੰਗਾਰਾ ਸਿੰਘ ਮਾਨ ਦੀ ਅਗਵਾਈ ਵਿੱਚ ਕਿਸਾਨਾਂ ਦਾ ਵੱਡਾ ਹਜ਼ੂਮ ਗੇਟ ਤੇ ਪਹੁੰਚ ਗਿਆ।ਕਿਸਾਨਾਂ ਨੇ ਪੁਲਿਸ ਦੀ ਇਸ ਕਾਰਵਾਈ ਨੂੰ ਤਾਨਾਸ਼ਾਹੀ ਕਰਾਰ ਦਿੰਦਿਆਂ ਜ਼ੋਰਦਾਰ ਵਿਰੋਧ ਕੀਤਾ ਅਤੇ ਸਖ਼ਤ ਮੁਸ਼ੱਕਤ ਤੋਂ ਬਾਅਦ ਜਬਰੀ ਗੇਟ ਖੁਲ੍ਹਵਾ ਕੇ ਬੰਦ ਹੋਈਆਂ ਮਹਿਲਾਵਾਂ ਨੂੰ ਬਾਹਰ ਕੱਢਿਆ। ਪੁਲਿਸ ਅਤੇ ਕਿਸਾਨਾਂ ਵਿਚਾਲੇ ਹੋਈ ਇਸ ਤਿੱਖੀ ਤਕਰਾਰ ਕਾਰਨ ਕਾਫੀ ਦੇਰ ਮਾਹੌਲ ਗਰਮ ਰਿਹਾ, ਪਰ ਬਾਅਦ ਵਿੱਚ ਉੱਚ ਅਧਿਕਾਰੀਆਂ ਦੇ ਦਖ਼ਲ ਮਗਰੋਂ ਮਾਮਲਾ ਸ਼ਾਂਤ ਹੋਇਆ। ਕਿਸਾਨ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਸੰਘਰਸ਼ ਨੂੰ ਹੋਰ ਪ੍ਰਚੰਡ ਕੀਤਾ ਜਾਵੇਗਾ।

## ਸਕੂਲ ਬੱਸਾਂ ਦੀ ਕੀਤੀ ਚੈਕਿੰਗ; 4 ਦੇ ਕੱਟੇ ਚਲਾਨ




ਦਿੜ੍ਹਬਾ, 16 ਜਨਵਰੀ (ਹੈਪੀ): ਜ਼ਿਲ੍ਹੇ ਵਿੱਚ ਸਕੂਲੀ ਬੱਚਿਆਂ ਦੀ ਸੁਰੱਖਿਆ ਅਤੇ ਸੁਰੱਖਿਅਤ ਆਵਾਜਾਈ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ.ਪ੍ਰਦੀਪ ਸਿੰਘ ਗਿੱਲ ਦੀ ਅਗਵਾਈ ਹੇਠ ਦਿੜ੍ਹਬਾ ਖੇਤਰ ਦੇ ਵੱਖ-ਵੱਖ ਸਕੂਲਾਂ ਵਿੱਚ ਸਕੂਲ ਬੱਸਾਂ ਦੀ ਵਿਸਤ੍ਰਿਤ ਚੈਕਿੰਗ ਕੀਤੀ ਗਈ। ਇਸ ਦੌਰਾਨ ਸਕੂਲ ਬੱਸਾਂ ਵਿੱਚ ਸਰਕਾਰ ਵੱਲੋਂ ਨਿਰਧਾਰਤ ਸਾਰੇ ਲਾਜ਼ਮੀ ਸੁਰੱਖਿਆ ਮਾਪਦੰਡਾਂ ਜਿਵੇਂ ਕਿ ਲੇਡੀ ਅਟੈਂਡੈਂਟ ਦੀ ਉਪਲੱਬਧਤਾ, ਫਸਟ ਏਡ ਬਾਕਸ, ਡਰਾਈਵਰ ਦੀ ਯੂਨੀਫਾਰਮ, ਅਤੇ ਬੱਸਾਂ ਦੀ ਸਮੁੱਚੀ ਸੁਰੱਖਿਆ ਸਥਿਤੀ ਦੀ ਜਾਂਚ ਕੀਤੀ ਗਈ।ਚੈਕਿੰਗ ਦੌਰਾਨ ਕੁਝ ਸਕੂਲ ਬੱਸਾਂ ਵਿੱਚ ਨਿਯਮਾਂ ਦੀ ਉਲੰਘਣਾ ਸਾਹਮਣੇ ਆਈ। ਇਸ ਮੌਕੇ ਕੁੱਲ ਚਾਰ ਸਕੂਲ ਬੱਸਾਂ ਦੇ ਚਲਾਨ ਕੀਤੇ ਗਏ, ਜਿਨ੍ਹਾਂ ਵਿੱਚੋਂ ਇੱਕ ਬੱਸ ਵਿੱਚ ਡਰਾਈਵਰ ਵੱਲੋਂ ਨਿਰਧਾਰਤ ਯੂਨੀਫਾਰਮ ਨਾ ਪਹਿਨਣ, ਇੱਕ ਬੱਸ ਵਿੱਚ ਲੇਡੀ ਅਟੈਂਡੈਂਟ ਦੀ ਗੈਰਹਾਜ਼ਰੀ, ਅਤੇ ਦੋ ਬੱਸਾਂ ਵਿੱਚ ਫਸਟ ਏਡ ਬਾਕਸ ਮੌਜੂਦ ਨਾ ਹੋਣ ਕਾਰਨ ਚਲਾਨ ਕੀਤੇ ਗਏ। ਇਸ ਦੇ ਨਾਲ ਹੀ ਸਕੂਲ ਪ੍ਰਬੰਧਨਾਂ ਨੂੰ ਪਾਈਆਂ ਗਈਆਂ ਘਾਟਾਂ ਨੂੰ ਤੁਰੰਤ ਪੂਰਾ ਕਰਨ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਅਤੇ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਨਾ ਵਰਤਣ ਦੀ ਚੇਤਾਵਨੀ ਦਿੱਤੀ ਗਈ।ਇਸ ਮੌਕੇ ਵੱਖ ਵੱਖ ਅਧਿਕਾਰੀਆਂ ਵੱਲੋਂ ਕਿਹਾ ਗਿਆ ਕਿ ਸਕੂਲ ਬੱਸਾਂ ਦੀ ਨਿਯਮਤ ਚੈਕਿੰਗ ਨਾਲ ਨਾ ਸਿਰਫ਼ ਬੱਚਿਆਂ ਦੀ ਸੁਰੱਖਿਆ ਨੂੰ ਮਜ਼ਬੂਤੀ ਮਿਲਦੀ ਹੈ, ਸਗੋਂ ਸਕੂਲ ਪ੍ਰਬੰਧਕਾਂ ਵਿੱਚ ਵੀ ਹੋਰ ਜ਼ਿੰਮੇਵਾਰੀ ਦੀ ਭਾਵਨਾ ਵਿਕਸਿਤ ਹੁੰਦੀ ਹੈ। ਪ੍ਰਸ਼ਾਸਨ ਵੱਲੋਂ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਚੈਕਿੰਗ ਮੁਹਿੰਮਾਂ ਜਾਰੀ ਰੱਖੀਆਂ ਜਾਣਗੀਆਂ, ਤਾਂ ਜੋ ਹਰ ਬੱਚਾ ਸੁਰੱਖਿਅਤ ਮਾਹੌਲ ਵਿੱਚ ਸਕੂਲ ਆਉਣ-ਜਾਣ ਕਰ ਸਕੇ।ਇਸ ਚੈਕਿੰਗ ਮੁਹਿੰਮ ਵਿੱਚ ਸਿੱਖਿਆ ਵਿਭਾਗ, ਪੁਲਿਸ ਵਿਭਾਗ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਸੰਗਰੂਰ ਦੀ ਸਾਂਝੀ ਟੀਮ ਵੱਲੋਂ ਸਰਗਰਮ ਭੂਮਿਕਾ ਨਿਭਾਈ ਗਈ। ਟੀਮ ਵਿੱਚ ਰਿਸ਼ਭ ਨਾਗਪਾਲ (ਸਿੱਖਿਆ ਵਿਭਾਗ), ਉਪ-ਨਿਰੀਖਕ ਜਸਵਿੰਦਰ ਸਿੰਘ ਅਤੇ ਸਹਾਇਕ ਉਪ-ਨਿਰੀਖਕ ਸਰਵਣ ਸਿੰਘ (ਪੁਲਿਸ ਵਿਭਾਗ), ਗਗਨਦੀਪ ਗਰਗ (ਸੋਸ਼ਲ ਵਰਕਰ) ਅਤੇ ਰੁਪਿੰਦਰ ਸਿੰਘ (ਆਊਟਰੀਚ ਵਰਕਰ), ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਸੰਗਰੂਰ ਸ਼ਾਮਲ ਸਨ।

## ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸ਼ਹਿਰ ਅਤੇ ਪਿੰਡਾਂ ਵਿਚ ਕੱਢੀ ਗਈ ਪਦ ਯਾਤਰਾ



ਬਰਨਾਲਾ, 16 ਜਨਵਰੀ (ਚਮਕੌਰ ਸਿੰਘ ਗੱਗੀ): ਪੰਜਾਬ ਸਰਕਾਰ ਦੀ ਮੁਹਿਮ ਯੁੱਧ ਨਸ਼ਿਆਂ ਵਿਰੁੱਧ ਦੇ ਦੂਜੇ ਪੜਾਅ ਨੂੰ ਅੱਗੇ ਵਧਾਉਂਦਿਆਂ ਜ਼ਿਲ੍ਹਾ ਬਰਨਾਲਾ ਵਿੱਚ ਪਦ ਯਾਤਰਾ ਕੱਢੀ ਗਈ। ਇਸ ਯਾਤਰਾ ਸਬੰਧੀ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਠੱਲ ਪਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ ਜਿਸ ਤਹਿਤ ਜ਼ਿਲ੍ਹਾ ਬਰਨਾਲਾ ਦੇ ਸ਼ਹਿਰੀ ਇਲਾਕਿਆਂ ਅਤੇ ਪਿੰਡ ਸੁੱਖਪੁਰਾ ਮੌੜ, ਕੋਠੇ ਰਜਿੰਦਰਪੁਰਾ, ਕੋਠੇ ਚੂੰਗਾਂ, ਦਾਨਗੜ੍ਹ, ਕਲਾਲਾ, ਮੱਲੀਆਂ, ਦੀਵਾਨਾ, ਗੁਮਟੀ, ਲੋਹਗੜ੍ਹ, ਪੱਖੋ ਕਲਾਂ, ਕ੍ਰਿਪਾਲ ਸਿੰਘ ਵਾਲਾ, ਢਿੱਲਵਾਂ ਪਟਿਆਲਾ, ਨਾਈਵਾਲਾ ਅਤੇ ਬਰਨਾਲਾ ਦੇ ਵਾਰਡ ਨੰਬਰ 4 ਵਿਚ ਜ਼ਿਲ੍ਹਾ ਪ੍ਰਸ਼ਾਸ਼ਨ ਅਤੇ ਨਸ਼ਿਆਂ ਖਿਲਾਫ਼ ਪਿੰਡ ਦੇ ਪਹਿਰੇਦਾਰ ਵਜੋਂ ਕੰਮ ਕਰ ਰਹੇ ਪਿੰਡ ਵਾਸੀਆਂ ਨੇ ਇਸ਼ਤਿਹਾਰ, ਝੰਡੇ, ਝੰਡੀਆਂ ਅਤੇ ਹੱਥ ਤਖਤੀਆਂ ਰਾਹੀਂ ਨਸ਼ਿਆਂ ਦੀ ਰੋਕਥਾਮ ਅਤੇ ਇਸ ਤੋਂ ਬਚਾਅ ਲਈ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਜਿੱਥੇ ਨਸ਼ਿਆਂ ਦੇ ਸੁਦਾਗਰਾਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਤੇ ਉਨ੍ਹਾਂ ਦੀਆਂ ਜਾਇਦਾਦਾਂ ਵੀ ਜ਼ਬਤ ਕੀਤੀਆਂ ਜਾ ਰਹੀਆਂ ਹਨ, ਉੱਥੇ ਹੀ ਇਸ ਦੇ ਮਾੜੇ ਪ੍ਰਭਾਵਾਂ ਪ੍ਰਤੀ ਲੋਕਾਂ ਨੂੰ ਵੱਡੇ ਪੱਧਰ ਤੇ ਜਾਗਰੂਕ ਵੀ ਕੀਤਾ ਜਾ ਰਿਹਾ ਹੈ ਤਾਂ ਜੋ ਨਸ਼ਿਆਂ ਦੇ ਸ਼ਿਕਾਰ ਲੋਕਾਂ ਦਾ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਇਲਾਜ ਕਰਵਾ ਕੇ ਉਨ੍ਹਾਂ ਨੂੰ ਮੁੜ ਤੋਂ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਂਦਾ ਜਾ ਸਕੇ ਅਤੇ ਉਨ੍ਹਾਂ ਨੂੰ ਰੁਜ਼ਗਾਰ ਦੇ ਕਾਬਲ ਬਣਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਨਸ਼ਾ ਮੁਕਤੀ ਯਾਤਰਾ ਵਿਚ ਲੋਕਾਂ ਨੇ ਭਰਪੂਰ ਉਤਸ਼ਾਹ ਨਾਲ ਹਿੱਸਾ ਲਿਆ।ਇਸ ਯਾਤਰਾ ਦਾ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ, ਜਨਤਾ ਵਿਚ ਜਾਗਰੂਕਤਾ ਫੈਲਾਉਣੀ ਅਤੇ ਇਕ ਨਸ਼ਾ ਮੁਕਤ ਸਮਾਜ ਦੀ ਨੀਂਹ ਰਖਣੀ ਹੈ।

## ਫਰੀਦਕੋਟ ਪੁਲਿਸ ਵੱਲੋਂ ਕੇਂਦਰੀ ਮਾਡਰਨ ਜੇਲ੍ਹ ਦੀ ਅਚਨਚੇਤ ਚੈਕਿੰਗ, ਜੇਲ ਦੇ ਹਰ ਹਿੱਸੇ ਦੀ ਕੀਤੀ ਗਈ ਗਹਿਰਾਈ ਨਾਲ ਜਾਂਚ




ਫਰੀਦਕੋਟ, 16 ਜਨਵਰੀ (ਅਵਤਾਰ ਸਿੰਘ ਮੱਲਾ ) :ਡਾ. ਪ੍ਰਗਿਆ ਜੈਨ ਐਸ.ਐਸ.ਪੀ ਫਰੀਦਕੋਟ ਦੀ ਅਗਵਾਈ ਹੇਠ ਫਰੀਦਕੋਟ ਪੁਲਿਸ ਵੱਲੋਂ ਜੇਲ ਪ੍ਰਸ਼ਾਸਨ ਦੇ ਸਹਿਯੋਗ ਨਾਲ ਕੇਂਦਰੀ ਮਾਡਰਨ ਜੇਲ, ਫਰੀਦਕੋਟ 'ਚ ਅਚਾਨਕ ਅਤੇ ਵਿਸਤ੍ਰਿਤ ਚੈਕਿੰਗ ਮੁਹਿੰਮ ਚਲਾਈ ਗਈ। ਇਹ ਚੈਕਿੰਗ ਮੁਹਿੰਮ ਸ਼ੁੱਕਰਵਾਰ ਨੂੰ ਲਗਭਗ 100 ਪੁਲਿਸ ਮੁਲਾਜ਼ਮਾਂ ਦੀਆਂ ਅਲੱਗ-ਅਲੱਗ ਟੀਮਾਂ ਬਣਾ ਕੇ ਕੀਤੀ ਗਈ।ਇਹ ਸਰਚ ਆਪਰੇਸ਼ਨ ਸ਼੍ਰੀ ਰਮਨਦੀਪ ਸਿੰਘ ਐਸ.ਪੀ (ਐਨ.ਡੀ.ਪੀ.ਐਸ) ਫਰੀਦਕੋਟ ਦੀ ਨਿਗਰਾਨੀ ਹੇਠ ਚਲਾਇਆ ਗਿਆ, ਜਿਸ ਦੌਰਾਨ ਉਹਨਾ ਨਾਲ ਸ੍ਰੀ ਤਰਲੋਚਨ ਸਿੰਘ, ਡੀ.ਐਸ.ਪੀ (ਸਬ-ਡਵੀਜਨ) ਫਰੀਦਕੋਟ ਸਮੇਤ ਜੇਲ੍ਹ ਪ੍ਰਸ਼ਾਸ਼ਨ ਦੇ ਅਧਿਕਾਰੀ ਵੀ ਮੌਜੂਦ ਸਨ। ਜਿਸ ਦੌਰਾਨ ਪੁਲਿਸ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਜੇਲ ਦੇ ਹਰ ਹਿੱਸੇ ਦੀ ਜਾਂਚ ਕੀਤੀ ਗਈ, ਜਿਸ ਵਿੱਚ ਕੈਦੀਆਂ ਦੇ ਬੈਰਕ, ਕੰਟੀਨ, ਬਾਥਰੂਮ, ਚਾਰਦੀਵਾਰੀ, ਨਿਗਰਾਨੀ ਕੈਮਰੇ ਅਤੇ ਹੋਰ ਸੁਰੱਖਿਆ ਪ੍ਰਣਾਲੀਆਂ ਦੀ ਗਹਿਰੀ ਜਾਂਚ ਕੀਤੀ ਗਈ।ਇਸ ਸਬੰਧੀ ਸ਼੍ਰੀ ਰਮਨਦੀਪ ਸਿੰਘ ਐਸ.ਪੀ (ਐਨ.ਡੀ.ਪੀ.ਐਸ) ਫਰੀਦਕੋਟ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਫਰੀਦਕੋਟ ਪੁਲਿਸ ਵੱਲੋਂ ਇਹ ਚੈਕਿੰਗ ਡੀ.ਐਸ.ਪੀ ਰੈਂਕ ਦੇ ਅਧਿਕਾਰੀਆਂ ਦੀ ਨਿਗਰਾਨੀ ਹੇਠ ਜੇਲ ਪ੍ਰਸ਼ਾਸ਼ਨ ਦੇ ਅਧਿਕਾਰੀਆਂ ਦੇ ਨਾਲ ਮਿਲ ਕੇ ਪੁਲਿਸ ਕਰਮਚਾਰੀਆਂ ਦੀਆਂ ਅਲੱਗ-ਅਲੱਗ ਟੀਮਾਂ ਬਣਾ ਕੇ ਕੀਤੀ ਗਈ ਹੈ।ਉਹਨਾ ਦੱਸਿਆ ਕਿ ਇਸ ਦੌਰਾਨ ਪੁਲਿਸ ਟੀਮਾਂ ਪੁਲਿਸ ਦੀਆਂ ਵੱਖ-ਵੱਖ ਟੀਮਾਂ ਨੇ ਜੇਲ ਦੇ ਹਰ ਹਿੱਸੇ ਦੀ ਵਧੀਆ ਤਰੀਕੇ ਨਾਲ ਜਾਂਚ ਕੀਤੀ, ਜਿਸ ਵਿੱਚ ਬੈਰਕਾਂ, ਕੰਟੀਨ, ਬਾਥਰੂਮ, ਚਾਰਦੀਵਾਰੀ ਅਤੇ ਨਿਗਰਾਨੀ ਕੈਮਰਿਆਂ ਦੀ ਜਾਂਚ ਵੀ ਸ਼ਾਮਲ ਸੀ। ਉਨ੍ਹਾਂ ਕਿਹਾ ਕਿ ਮਹਿਲਾ ਬੈਰਕਾਂ ਦੀ ਜਾਂਚ ਮਹਿਲਾ ਪੁਲਿਸ ਮੁਲਾਜ਼ਮਾਂ ਵੱਲੋਂ ਵਿਸ਼ੇਸ਼ ਸੰਵੇਦਨਸ਼ੀਲਤਾ ਅਤੇ ਸੁਰੱਖਿਆ ਨਿਯਮਾਂ ਦੇ ਤਹਿਤ ਕੀਤੀ ਗਈ, ਜਿਸ ਦੌਰਾਨ ਮਹਿਲਾ ਕੈਦੀਆਂ ਦੀ ਪ੍ਰਾਈਵੇਸੀ ਨੂੰ ਪੂਰਾ ਸਨਮਾਨ ਦਿੱਤਾ ਗਿਆ।ਇਸ ਸਬੰਧੀ ਐਸ.ਐਸ.ਪੀ ਫਰੀਦਕੋਟ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਪੁਲਿਸ ਟੀਮਾਂ ਵੱਲੋਂ ਇਹ ਚੈਕਿੰਗ ਕਿਸੇ ਵੀ ਗੈਰਕਾਨੂੰਨੀ ਚੀਜ਼ ਜਾਂ ਨਸ਼ੀਲੇ ਪਦਾਰਥ ਦੀ ਚੈਕਿੰਗ ਅਤੇ ਜੇਲ ਦੇ ਅੰਦਰ ਸੁਰੱਖਿਆ ਪ੍ਰਬੰਧਾ ਦੀ ਜਾਂਚ ਲਈ ਕੀਤੀ ਗਈ। ਇਹ ਮੁਹਿੰਮ ਗੁਪਤ ਰੱਖੀ ਗਈ ਤਾਂ ਜੋ ਕੋਈ ਸ਼ਰਾਰਤੀ ਤੱਤ ਇਸ ਦੀ ਜਾਣਕਾਰੀ ਲੈ ਕੇ ਬਚ ਨਾ ਸਕਣ।ਉਹਨਾ ਕਿਹਾ ਕਿ ਅਜਿਹੀਆਂ ਅਚਾਨਕ ਚੈਕਿੰਗਾ ਨਾਲ ਜੇਲ ਅੰਦਰ ਬੰਦ ਬੁਰੇ ਰੁਝਾਨ ਵਾਲੇ ਕੈਦੀਆਂ ਵਿੱਚ ਡਰ ਪੈਦਾ ਕਰਦੀਆਂ ਹਨ ਅਤੇ ਅਜਿਹੀਆਂ ਜਾਂਚਾਂ ਆਉਣ ਵਾਲੇ ਸਮੇਂ ਵਿੱਚ ਨਿਯਮਤ ਤੌਰ ਤੇ ਜਾਰੀ ਰਹਿਣਗੀਆਂ। ਇਸ ਦੇ ਨਾਲ ਹੀ ਉਹਨਾ ਦੱਸਿਆ ਕਿ ਥਾਣਾ ਇੰਚਾਰਜ ਅਤੇ ਹੋਰ ਸਬੰਧਤ ਪੁਲਿਸ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਗਏ ਹਨ ਕਿ ਉਹ ਜੇਲ ਦੇ ਆਲੇ ਦੁਆਲੇ ਰਹਿਣ ਵਾਲੇ ਨਿਵਾਸੀਆਂ ਦਾ ਰਿਕਾਰਡ ਰੱਖਿਆ ਜਾਵੇ ਤਾਂ ਜੋ ਉਹ ਕੈਦੀਆਂ ਜਾਂ ਉਨ੍ਹਾਂ ਦੇ ਸਾਥੀਆਂ ਨਾਲ ਮਿਲਕੇ ਜੇਲ ਵਿੱਚ ਨਸ਼ਾ ਜਾਂ ਹੋਰ ਗੈਰਕਾਨੂੰਨੀ ਚੀਜ਼ਾਂ ਅੰਦਰ ਸੁੱਟਣ ਵਿੱਚ ਸ਼ਾਮਿਲ ਨਾ ਹੋਣ। ਇਸ ਦੇ ਨਾਲ ਹੀ ਉਹਨਾ ਸਥਾਨਿਕ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਜੇ ਉਹ ਕਿਸੇ ਨੂੰ ਘਰ ਕਿਰਾਏ ਤੇ ਦੇਣ, ਤਾਂ ਪੁਲਿਸ ਨੂੰ ਸੂਚਨਾ ਦੇਣ ਕਿਉਂਕਿ ਕੋਈ ਅਪਰਾਧੀ ਤੱਤ ਅਜਿਹੀ ਗਤੀਵਿਧੀ ਵਿੱਚ ਸ਼ਾਮਿਲ ਹੋ ਸਕਦੇ ਹਨ।

## ਬੀ.ਕਾਮ-ਦੂਜੇ ਸਾਲ (ਸਮੈਸਟਰ ਚੌਥਾ) ਵਿੱਚ ਸ਼ਾਨਦਾਰ ਨਤੀਜ

ਬਰਨਾਲਾ, 16 ਜਨਵਰੀ (ਇਸ਼ੇਨ ਕੰਗ) :ਸ਼੍ਰੀ ਲਾਲ ਬਹਾਦਰ ਸ਼ਾਸਤਰੀ ਆਰੀਆ ਮਹਿਲਾ ਕਾਲਜ, ਬਰਨਾਲਾ ਦੀਆਂ ਵਿਦਿਆਰਥਣਾਂ ਨੇ ਬੀ.ਕਾਮ-ਦੂਜੇ ਸਾਲ (ਸਮੈਸਟਰ ਚੌਥਾ) ਵਿੱਚ ਸ਼ਾਨਦਾਰ ਨਤੀਜੇ ਪ੍ਰਾਪਤ ਕਰਕੇ ਕਾਲਜ ਦਾ ਮਾਣ ਵਧਾਇਆ ਹੈ। ਰਿਚਾ ਸ਼ਰਮਾ ਨੇ 85% ਨਾਲ ਪਹਿਲਾ ਸਥਾਨ, ਕੋਮਲ ਸ਼ਰਮਾ ਨੇ 82.8% ਨਾਲ ਦੂਜਾ ਸਥਾਨ ਅਤੇ ਹਰਮਨਦੀਪ ਕੌਰ ਨੇ 82.4% ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਕਾਰਜਕਾਰੀ ਪ੍ਰਿੰਸੀਪਲ ਡਾ. (ਸ਼੍ਰੀਮਤੀ) ਸੁਸ਼ੀਲ ਬਾਲਾ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਸੁਹਿਰਦ ਯਤਨਾਂ ਅਤੇ ਸਮਰਪਣ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਨਤੀਜਾ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਅਤੇ ਕਾਮਰਸ ਫੈਕਲਟੀ ਦੇ ਮਾਰਗਦਰਸ਼ਨ ਨੂੰ ਦਰਸਾਉਂਦਾ ਹੈ। ਕਾਮਰਸ ਵਿਭਾਗ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਅਤੇ ਨਿਰੰਤਰ ਸਫਲਤਾ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਗੁਰਦੁਆਰਾ ਤਪਿਆਣਾ ਸਾਹਿਬ ਘੁਮਾਣ ਤੋਂ ਸੰਗਤਾਂ ਦਾ ਜਥਾ ਵਾਪਿਸ ਆਇਆ



ਬਰਨਾਲਾ, 16 ਜਨਵਰੀ (ਬਘੇਲ ਸਿੰਘ ਧਾਲੀਵਾਲ):ਯਾਤਰਾ ਸ੍ਰੀ ਘੁਮਾਣ ਸਾਹਿਬ ਗੁਰਦਾਸਪੁਰ ਵਿਖੇ ਗੁਰਦੁਆਰਾ ਤਪਿਆਣਾ ਸਾਹਿਬ ਘੁਮਾਣ ਵਿਖੇ ਭਗਤ ਨਾਮਦੇਵ ਜੀ ਦੇ 676 ਵਾ ਜੋਤੀ ਜੋਤ ਦਿਵਸ ਨੂੰ ਸਮਰਪਿਤ ਅਤੇ ਲੋਹੜੀ ਦੇ ਤਿਉਹਾਰ ਦੇ ਸਬੰਧ ਵਿਚ ਦੋ ਦਿਨਾਂ ਦੀ ਧਾਰਮਿਕ ਯਾਤਰਾ ਵਾਪਿਸ ਆਈ ਇਸ ਦੀ ਜਾਣਕਾਰੀ ਦਿੰਦਿਆਂ ਬੱਸ ਇਨਚਾਰਜ ਗੁਰਜੰਟ ਸਿੰਘ ਸੋਨਾ ਤੇ ਕੁਲਵਿੰਦਰ ਸਿੰਘ ਕਾਲਾ ਨੇ ਦੱਸਿਆ ਕਿ ਇਹ ਯਾਤਰਾ ਹਰ ਸਾਲ ਗੁਰਦੁਆਰਾ ਭਗਤ ਨਾਮਦੇਵ ਜੀ ਬਰਨਾਲਾ ਤੋਂ ਸਵੇਰੇ ਚੱਲ ਕੇ ਗੁਰਦੁਆਰਾ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਗੁਰਦੁਆਰਾ ਤਪਿਆਣਾ ਸਾਹਿਬ,ਘੁਮਾਣ ਗੁਰਦੁਆਰਾ ਚਰਨ ਕਮਲ ਸਾਹਿਬ,ਗੁਰਦੁਆਰਾ ਭਗਤ ਨਾਮਦੇਵ ਦਰਬਾਰ ਕਮੇਟੀ ,ਗੁਰਦੁਆਰਾ ਖੂਹ ਸਾਹਿਬ,ਗੁਰਦੁਆਰਾ ਕੁੱਪਾ ਸਾਹਿਬ,ਗੁਰਦੁਆਰਾ ਬੇਰ ਸਾਹਿਬ,ਗੁਰਦੁਆਰਾ ਭੁੱਟੀਆਣਾ ਸਾਹਿਬ ਤੋਂ ਘੁਮਾਣ ਸਾਹਿਬ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਤੋ ਗੁਰਦੁਆਰਾ ਗੋਇੰਦਵਾਲ ਸਾਹਿਬ ਤੋ ਜਥਾ ਵਾਪਿਸ ਬਰਨਾਲਾ ਆਇਆ ਅਤੇ ਹਰ ਸਾਲ ਗੁਰਦੁਆਰਾ ਬਾਬਾ ਨਾਮਦੇਵ ਜੀ ਬਰਨਾਲਾ ਵੱਲੋ ਗੁਰਦੁਆਰਾ ਤਪਿਆਣਾ ਸਾਹਿਬ ਵਿਖੇ ਸੰਗਤਾ ਲਈ ਚਾਹ ਪਕੌੜੇ ਆਦਿ ਦਾ ਲੰਗਰ ਲਗਾਇਆ ਜਾਂਦਾ ਹੈ ਜੀ ਇਸ ਮੌਕੇ ਭਾਈ ਸਤਪਾਲ ਸਿੰਘ ਫਰਵਾਹੀ ਸ੍ਰੀ ਦਰਬਾਰ ਸਾਹਿਬ ਚੋਰ ਬਰਦਾਰ ਗੁਰਜੰਟ ਸਿੰਘ ਸੋਨਾ ਅਤੇ ਕੁਲਵਿੰਦਰ ਸਿੰਘ ਕਾਲਾ ,ਅਰਜਨ ਸਿੰਘ ਬਿੱਟੂ ਡਾ ਭਰਪੂਰ ਸਿੰਘ ਬੇਦੀ ਯਾਦਵਿੰਦਰ ਸਿੰਘ ਦਲਬਾਰਾ ਸਿੰਘ ਮਨਜੀਤ ਸਿੰਘ ਮਲਕੀਤ ਸਿੰਘ ਮੋਹਨਜੀਤ ਸਿੰਘ ਗੋਰਾ ਛਿੰਦਰ ਕੋਰ ਮਨਪ੍ਰੀਤ ਕੌਰ ਮਨੀ ਅਕਾਸਦੀਪ ਸਿੰਘ ਬਲਜੀਤ ਕੌਰ ਸੁਖਵਿੰਦਰ ਸਿੰਘ ਮਿੱਠਾ ਕੋਰ ਸਿੰਘ ਉਪਲੀ ਕੇਵਲ ਸਿੰਘ ਵੀਨਸ ਰਵਿੰਦਰ ਸਿੰਘ ਵਰਨ ਧਰਮਿੰਦਰ ਸਿੰਘ ਬਿੱਟੂ ਨਰਿੰਦਰ ਸਿੰਘ ਜੱਸਲ ਆਦਿ ਹਾਜ਼ਰ ਸਨ।

## ਸਰਕਾਰ ਨੇ ਸੂਬੇ ਦੇ ਲੋਕਾਂ ਲਈਇਤਿਹਾਸਿਕ ਫੈਸਲੇ ਲਏ: 'ਆਪ' ਆਗੂ



ਤਪਾ ਮੰਡੀ,16 ਜਨਵਰੀ (ਰਾਜੂ ਮਹਿਰਾ):ਪੰਜਾਬ ਦੇ ਮੁੱਖ ਮੰਤਰੀ ਦੀ ਅਗਵਾਈ ਹੇਠਲੀ ਸਰਕਾਰ ਨੇ ਸੂਬੇ ਦੇ ਲੋਕਾਂ ਲਈ ਅਹਿਮ ਤੇ ਇਤਿਹਾਸਿਕ ਫੈਸਲੇ ਲਏ ਹਨ, ਜਿਸ ਤੋਂ ਪੰਜਾਬ ਦੇ ਲੋਕ ਖੁਸ਼ ਨਜ਼ਰ ਆ ਰਹੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਨੌਜਵਾਨ ਆਗੂ ਜਸਵਿੰਦਰ ਸਿੰਘ ਚੱਠਾ, ਬਲਜੀਤ ਸਿੰਘ ਬਾਸੀ, ਕੌਂਸਲਰ ਧਰਮਪਾਲ ਸ਼ਰਮਾ ਅਤੇ ਕਿਸ਼ੋਰ ਬਾਵਾ ਨੇ ਸਾਂਝੇ ਤੌਰ 'ਤੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਚ ਪੰਜਾਬ ਦੇ ਲੋਕ ਮੁੜ ਆਮ ਆਦਮੀ ਪਾਰਟੀ ਦੇ ਹੱਕ ਵਿਚ ਫ਼ਤਵਾ ਦੇਣ ਲਈ ਉਤਾਵਲੇ ਹਨ। ਕਿਉਂ ਕਿ ਸਰਕਾਰ ਨੇ ਆਪਣੇ ਕਾਰਜਕਾਲ ਚ ਕਿਸਾਨਾਂ ਨੂੰ ਨਹਿਰੀ ਪਾਣੀ, ਫ਼ਸਲਾਂ ਦੀ ਨਿਰਵਿਘਨ ਖਰੀਦ ਅਤੇ ਅਦਾਇਗੀ, ਮੁਫ਼ਤ ਬਿਜਲੀ, ਬੇਰੁਜ਼ਗਾਰਾਂ ਨੂੰ ਰੁਜ਼ਗਾਰ ਤੇ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕ ਭਲਾਈ ਲਈ ਅਜਿਹੇ ਕੰਮ ਕੀਤੇ ਹਨ, ਜਿਹੜੇ ਕਿ ਆਜ਼ਾਦੀ ਤੋਂ ਬਾਅਦ ਅੱਜ ਤੱਕ ਕੋਈ ਵੀ ਸਰਕਾਰ ਨਹੀਂ ਕਰ ਸਕੀ।

## ਤਿੰਨ ਸਾਲਾਂ ਵਿੱਚ ਬਾਰ੍ਹਵੀਂ ਕਲਾਸ ਤੱਕ ਦੀ ਮਾਨਤਾ - ਇੱਕ ਇਤਿਹਾਸਕ ਉਪਲੱਬਧੀ ਹੈ :ਸ਼ਿਵ ਸਿੰਗਲਾ

### ਸ.ਫਲਤਾ ਸਕੂਲ ਦੀ ਮਿਹਨਤੀ ਟੀਚਿੰਗ ਸਟਾ.ਫ, ਵਿਦਿਆਰਥੀਆਂ ਦੀ ਲਗਨ ਅਤੇ ਮਾਪਿਆਂ ਦੇ ਭਰੋਸੇ ਦਾ ਨਤੀਜਾ



ਬਰਨਾਲਾ, 16 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) : ਇਲਾਕੇ ਦੀ ਪ੍ਰਸਿੱਧ ਸੰਸਥਾ ਟੰਡਨ ਇੰਟਰਨੈਸ਼ਨਲ ਸਕੂਲ ਨੂੰ ਆਈ ਸੀ ਐਸ ਈ ਬੋਰਡ ਵੱਲੋਂ ਅਧਿਕਾਰਿਕ ਮਾਨਤਾ ਮਿਲਣ ਦੀ ਖੁਸ਼ਖਬਰੀ ਨਾਲ ਪੂਰੇ ਸਕੂਲ ਪਰਿਵਾਰ ਵਿੱਚ ਖੁਸ਼ੀ ਦੀ ਲਹਿਰ ਦੌੜ ਪਈ। ਇਸ ਮੌਕੇ 'ਤੇ ਸਕੂਲ ਦੀ ਪ੍ਰਿੰਸੀਪਲ ਸ਼ਾਲਿਨੀ ਕੌਸ਼ਲ ਨੇ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ ਬਹੁਤ ਹੀ ਘੱਟ ਸਮੇਂ ਵਿੱਚ ਇਹ ਵੱਡੀ ਕਾਮਯਾਬੀ ਹਾਸਲ ਹੋਈ ਹੈ। ਉਨ੍ਹਾਂ ਦੱਸਿਆ ਕਿ ਸਕੂਲ ਨੇ ਕੇਵਲ ਤਿੰਨ ਸਾਲਾਂ ਦੇ ਅੰਦਰ ਹੀ ਬਾਰ੍ਹਵੀਂ ਕਲਾਸ ਤੱਕ ਦੀ ਬੋਰਡ ਮਾਨਤਾ ਪ੍ਰਾਪਤ ਕਰ ਲਈ ਹੈ, ਜੋ ਕਿ ਆਪਣੇ ਆਪ ਵਿੱਚ ਇੱਕ ਇਤਿਹਾਸਕ ਉਪਲਬਧੀ ਹੈ। ਇਹ ਸਫ਼ਲਤਾ ਸਕੂਲ ਦੀ ਮਿਹਨਤੀ ਟੀਚਿੰਗ ਸਟਾਫ਼, ਵਿਦਿਆਰਥੀਆਂ ਦੀ ਲਗਨ ਅਤੇ ਮਾਪਿਆਂ ਦੇ ਭਰੋਸੇ ਦਾ ਨਤੀਜਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਬੋਰਡ ਮਾਨਤਾ ਨਾਲ ਹੁਣ ਵਿਦਿਆਰਥੀਆਂ ਨੂੰ ਉੱਚ-ਮਿਆਰੀ ਸਿੱਖਿਆ, ਬਿਹਤਰ ਅਕਾਦਮਿਕ ਸਹੂਲਤਾਂ ਅਤੇ ਭਵਿੱਖ ਲਈ ਹੋਰ ਮੌਕੇ ਪ੍ਰਾਪਤ ਹੋਣਗੇ। ਪ੍ਰਿੰਸੀਪਲ ਸ਼ਾਲਿਨੀ ਕੌਸ਼ਲ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਬੋਰਡ ਦੀ ਮਾਨਤਾ ਮਿਲਣ ਤੋਂ ਬਾਅਦ ਹੁਣ ਸਕੂਲ ਵਿੱਚ ਗਿਆਰਵੀਂ ਕਲਾਸ ਲਈ ਤਿੰਨ ਮੁੱਖ ਸਟਰੀਮਾਂ ਵਿੱਚ ਦਾਖ਼ਲੇ ਸ਼ੁਰੂ ਕੀਤੇ ਜਾਣਗੇ। ਉਨ੍ਹਾਂ ਇਹ ਦੱਸਿਆ ਕਿ ਸਕੂਲ ਵੱਲੋਂ ਆਧੁਨਿਕ ਸਿੱਖਿਆ ਪ੍ਰਣਾਲੀ ਅਪਣਾਈ ਜਾਵੇਗੀ, ਜਿਸ ਵਿੱਚ ਸਮਾਰਟ ਕਲਾਸਰੂਮ, ਪ੍ਰੈਕਟੀਕਲ ਲੈਬਾਂ, ਡਿਜ਼ੀਟਲ ਸਾਧਨਾਂ ਅਤੇ ਨਵੀਂ ਤਕਨਾਲੋਜੀ ਦਾ ਭਰਪੂਰ ਇਸਤੇਮਾਲ ਕੀਤਾ ਜਾਵੇਗਾ। ਇਸ ਮੌਕੇ 'ਤੇ ਸਕੂਲ ਦੇ ਐਮ.ਡੀ. ਸ਼ਿਵ ਸਿੰਗਲਾ ਨੇ ਵੀ ਆਪਣੀ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਸਕੂਲ ਦੀ ਆਈ ਸੀ ਐਸ ਈ ਬੋਰਡ ਤੋਂ ਮਾਨਤਾ ਸਾਡੀ ਸਾਂਝੀ ਮਿਹਨਤ ਦਾ ਸਫਲ ਨਤੀਜਾ ਹੈ। ਉਨ੍ਹਾਂ ਕਿਹਾ ਕਿ ਤਿੰਨ ਸਾਲਾਂ ਵਿੱਚ ਬਾਰ੍ਹਵੀਂ ਕਲਾਸ ਤੱਕ ਦੀ ਮਾਨਤਾ ਹਾਸਲ ਕਰਨਾ ਆਸਾਨ ਕੰਮ ਨਹੀਂ ਸੀ, ਇਹ ਇੱਕ ਇਤਿਹਾਸਕ ਉਪਲਬਧੀ ਹੈ, ਨਾਲ ਹੀ ਟੀਮ ਵਰਕ, ਸਪਸ਼ਟ ਦ੍ਰਿਸ਼ਟੀ ਅਤੇ ਮਜ਼ਬੂਤ ਇਰਾਦਿਆਂ ਨਾਲ ਇਹ ਮੰਜ਼ਿਲ ਹਾਸਲ ਕੀਤੀ ਗਈ। ਉਨ੍ਹਾਂ ਕਿਹਾ ਕਿ ਸਕੂਲ ਵਿਦਿਆਰਥੀਆਂ ਨੂੰ ਸਿਰਫ਼ ਕਿਤਾਬੀ ਗਿਆਨ ਹੀ ਨਹੀਂ, ਸਗੋਂ ਪ੍ਰੈਕਟੀਕਲ ਨੋਲੇਜ, ਮੁਕਾਬਲੇ ਦੀ ਤਿਆਰੀ ਅਤੇ ਭਵਿੱਖ ਦੇ ਕਰੀਅਰ ਲਈ ਪੂਰੀ ਤਰ੍ਹਾਂ ਤਿਆਰ ਕਰੇਗਾ ਅਤੇ ਵਿਸ਼ਵਾਸ ਜਤਾਇਆ ਕਿ ਵਧੀਆ ਸਟਾਫ਼ ਅਤੇ ਆਧੁਨਿਕ ਸਿੱਖਿਆ ਦੇ ਨਾਲ ਸਕੂਲ ਦੇ ਵਿਦਿਆਰਥੀ ਹਰ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨਗੇ ਅਤੇ ਸਕੂਲ ਦਾ ਨਾਮ ਰੌਸ਼ਨ ਕਰਨਗੇ। ਐਮ.ਡੀ. ਨੇ ਕਿਹਾ ਕਿ ਸਕੂਲ ਵਿਦਿਆਰਥੀਆਂ ਨੂੰ ਗੁਣਵੱਤਾ-ਭਰੀ ਸਿੱਖਿਆ ਦੇਣ, ਆਧੁਨਿਕ ਸਹੂਲਤਾਂ ਉਪਲਬਧ ਕਰਵਾਉਣ ਅਤੇ ਉਨ੍ਹਾਂ ਦੇ ਸਰਬੰਗੀ ਵਿਕਾਸ ਲਈ ਲਗਾਤਾਰ ਯਤਨ ਕਰਦਾ ਰਹੇਗਾ। ਉਨ੍ਹਾਂ ਸਟਾਫ਼, ਮਾਪਿਆਂ ਅਤੇ ਵਿਦਿਆਰਥੀਆਂ ਨੂੰ ਇਸ ਵੱਡੀ ਉਪਲਬਧੀ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਸਫ਼ਲਤਾ ਸਕੂਲ ਲਈ ਨਵੇਂ ਮੀਲ ਪੱਥਰ ਸਾਬਤ ਹੋਵੇਗੀ।

## ਸੜਕ ਸੁਰੱਖਿਆ ਦਿਵਸ ਮਨਾਇਆ

ਧਨੌਲਾ, 16 ਜਨਵਰੀ (ਚਮਕੌਰ ਸਿੰਘ ਗੱਗੀ ):ਗਰੀਨ ਫ਼ੀਲਡ ਕਾਨਵੈਂਟ (ਸੀਨੀਅਰ ਸੈਕੰਡਰੀ) ਸਕੂਲ ਦਾਨਗੜ੍ਹ ਵਿਖੇ ਮੈਡਮ ਜਸ਼ਨਪ੍ਰੀਤ ਦੀ ਅਗਵਾਈ ਹੇਠ ਰਾਸ਼ਟਰੀ ਸੜਕ ਸੁਰੱਖਿਆ ਮਹੀਨਾ ਟਰੈਫਿਕ ਦੇ ਨਿਯਮਾਂ ਬਾਰੇ ਬੱਚਿਆਂ ਨੂੰ ਜਾਗਰੂਕ ਕਰਕੇ ਮਨਾਇਆ ਗਿਆ। ਇਸ ਮੌਕੇ ਉਨ੍ਹਾਂ ਨੇ ਸਭ ਤੋਂ ਪਹਿਲਾਂ ਸੰਕੇਤ ਦੇਣ ਵਾਲੀਆਂ ਬੱਤੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਲਾਲ ਬੱਤੀ ਜਗਣ ਨਾਲ ਸਾਨੂੰ ਰੁਕਣਾ ਪੈਂਦਾ ਹੈ, ਹਰੀ ਬੱਤੀ ਜਗਣ ਨਾਲ ਸਭ ਨੂੰ ਚੱਲਣਾ ਪੈਂਦਾ ਹੈ ਅਤੇ ਪੀਲੀ ਬੱਤੀ ਦਾ ਭਾਵ ਹੈ ਕਿ ਹੁਣ ਲਾਲ ਬੱਤੀ ਹੋਣ ਵਾਲੀ ਹੈ। ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਸੜਕ ਉੱਤੇ ਦੁਰਘਟਨਾ ਦੇ ਕਈ ਕਾਰਨ ਹੋ ਸਕਦੇ ਜਿਵੇਂ ਸ਼ਰਾਬ ਜਾਂ ਨਸ਼ੇ ਦੇ ਪ੍ਰਭਾਵ ਹੇਠ ਡਰਾਇਵਿੰਗ, ਇੱਕ ਦੂਜੇ ਤੋਂ ਉਲੰਘਣ ਦੀ ਕੋਸ਼ਿਸ਼ ਜਾਂ ਫਿਰ ਤੰਗ ਸੜਕਾਂ ਉੱਤੇ ਵਾਹਨਾਂ ਦੀ ਗਿਣਤੀ ਵਿੱਚ ਅਥਾਹ ਵਾਧਾ ਅਤੇ ਖ਼ਰਾਬ ਮੌਸਮ ਦੇ ਕਾਰਨ ਜਿਵੇਂ ਧੁੰਦ ਵਿੱਚ ਸਾਹਮਣੇ ਆ ਰਿਹਾ ਵਾਹਨ ਦਾ ਦਿਖਾਈ ਨਾ ਦੇਣਾ। ਮੈਡਮ ਨੇ ਬੱਚਿਆਂ ਨੂੰ ਸੜਕ ਤੇ ਨਿਯਮਾਂ ਅਨੁਸਾਰ ਚੱਲਣ ਦੇ ਬਾਰੇ ਵੀ ਦੱਸਿਆ। ਉਹਨਾਂ ਦੱਸਿਆ ਕਿ ਹਮੇਸ਼ਾ ਸੜਕ ਦੇ ਖੱਬੇ ਪਾਸੇ ਚੱਲਣਾ ਚਾਹੀਦਾ ਹੈ। ਸੜਕ ਪਾਰ ਕਰਨ ਵੇਲੇ ਪਹਿਲਾਂ ਸੱਜੇ, ਫਿਰ ਖੱਬੇ ਅਤੇ ਫਿਰ ਸੱਜੇ ਪਾਸੇ ਵੇਖ ਕੇ ਹੀ ਸੜਕ ਪਾਰ ਕਰਨੀ ਚਾਹੀਦੀ ਹੈ।

## ਕਿਸਾਨ,ਮਜ਼ਦੂਰ,ਮੁਲਾਜ਼ਮ ਇੱਕ ਮੰਚ 'ਤੇ ਹੋਏ ਇੱਕਠੇ ਕੇਂਦਰ ਤੇ ਪੰਜਾਬ ਸਰਕਾਰ ਵਿਰੁੱਧ ਫੁਟਿਆ ਲਾਵਾ



ਬਰਨਾਲਾ 16 ਜਨਵਰੀ, (ਬਘੇਲ ਸਿੰਘ ਧਾਲੀਵਾਲ):ਕਿਸਾਨ,ਮਜ਼ਦੂਰ ਮੁਲਾਜ਼ਮ ਜੱਥੇਬੰਦੀਆਂ ਦੇ ਸਾਂਝੇ ਫਰੰਟ ਨੇ ਉਲੀਕੇ ਪੰਜਾਬ ਪੱਧਰੀ ਡੀ.ਸੀ. ਦਫਤਰਾਂ ਅੱਗੇ ਧਰਨਿਆਂ ਦੀ ਲੜੀ ਤਹਿਤ ਬਰਨਾਲਾ ਡੀ.ਸੀ. ਦਫ਼ਤਰ ਵਿੱਖੇ ਕਿਸਾਨ ,ਮਜ਼ਦੂਰਾਂ,ਮੁਲਾਜ਼ਮਾਂ ਨੇ ਵੱਡੀ ਲਾਮਬੰਦੀ ਕਰ ਰੋਸ਼ ਪ੍ਰਦਰਸ਼ਨ ਕੀਤਾ। ਆਗੂਆਂ ਅੱਗੇ ਕਿਹਾ ਕੀ ਕੁੱਲ ਵਰਗ ਤੇ ਕਾਰਪੋਰੇਟ ਘਰਾਣਿਆਂ ਪੱਖੀ ਸਰਕਾਰਾਂ ਵੱਲੋਂ ਵੱਡਾ ਹੱਲਾਂ ਬੋਲ ਕੇਂਦਰ ਦੀ ਮੋਦੀ ਸਰਕਾਰ ਸਾਮਰਾਜੀ ਮੁਲਕਾਂ ਤੇ ਸੰਸਥਾਵਾਂ ਦੇ ਨਿਰਦੇਸ਼ਾਂ ਤਹਿਤ ਜਨਤਕ ਅਦਾਰਿਆਂ ਨੂੰ ਨਿੱਜੀ ਹੱਥਾਂ 'ਚ ਦੇਣ ਅਤੇ ਲੋਕ ਭਲਾਈ ਸਕੀਮਾਂ ਤੇ ਸਬਸਿਡੀਆਂ ਛਾਂਗਣ ਵਾਲੀਆਂ ਲੋਕ ਵਿਰੋਧੀ ਨੀਤੀਆਂ ਲਾਗੂ ਕਰ ਰਹੀ ਹੈ। ਇਹਨਾਂ ਨੀਤੀਆਂ ਤਹਿਤ ਹੀ ਮਨਰੇਗਾ ਨੂੰ ਖਤਮ ਕਰਨ, ਲੇਬਰ ਕੋਡ ਲਿਆਉਣ ,ਬਿਜਲੀ ਸੋਧ ਬਿੱਲ 2025 ਅਤੇ ਬੀਜ ਸੋਧ ਬਿੱਲ,ਮੁਕਤ ਵਪਾਰ ਸਮਝੌਤੇ ਚੋ ਖੇਤੀ ਅਤੇ ਸਹਾਇਕ ਧੰਦੇ ਬਾਹਰ ਨਾ ਰੱਖਣ, ਨਿੱਜੀਕਰਨ ਨੂੰ ਬੜਾਵਾ,ਸਰਕਾਰੀ ਜਾਇਦਾਦਾਂ ਵੇਚਣ ਜਾ ਰਹੀ ਹੈ। ਬਿਜਲੀ ਦੇ ਮੁਕੰਮਲ ਨਿੱਜੀਕਰਨ ਕਰਨ ਰਾਹੀਂ ਸਰਕਾਰ ਮਜ਼ਦੂਰਾਂ ਕਿਸਾਨਾਂ ਤੇ ਗਰੀਬ ਲੋਕਾਂ ਦੇ ਘਰਾਂ ਚ ਹਨੇਰਾ ਕਰਨ ਜਾ ਰਹੀ ਹੈ ਅਤੇ ਬੀਜ ਸੋਧ ਬਿੱਲ ਰਾਹੀਂ ਬੀਜਾਂ ਦੇ ਉਤੇ ਕੰਪਨੀਆਂ ਦਾ ਮੁਕੰਮਲ ਕੰਟਰੋਲ ਕਰਨ ਰਾਹੀਂ ਕਿਸਾਨਾਂ ਨੂੰ ਹੋਰ ਵੀ ਉਜਾੜੇ ਦੇ ਮੂੰਹ ਧੱਕ ਕੇ ਜ਼ਮੀਨਾਂ ਖੋਹਣ ਦਾ ਰਾਹ ਪੱਧਰਾ ਕਰ ਰਹੀ ਹੈ। ਉਹਨਾਂ ਦੋਸ਼ ਲਾਇਆ ਕਿ ਮਨਰੇਗਾ ਨੂੰ ਖਤਮ ਕਰਕੇ ਲਿਆਂਦੇ ਜੀ ਰਾਮ ਜੀ ਕਾਨੂੰਨ ਲਿਆਉਣ ਰਾਹੀਂ ਕੇਂਦਰ ਦੀ ਮੋਦੀ ਸਰਕਾਰ ਜਿੱਥੇ ਫਿਰਕੂ ਵੰਡੀਆਂ ਦੀ ਸਿਆਸਤ ਨੂੰ ਤੇਜ਼ ਕਰ ਰਹੀ ਹੈ। ਉਹਨਾਂ ਆਖਿਆ ਕਿ ਕੇਂਦਰ ਸਰਕਾਰ ਹਰੀ ਕ੍ਰਾਂਤੀ ਕਾਰਨ ਪਹਿਲਾਂ ਹੀ ਬੇਰੁਜ਼ਗਾਰ ਹੋਏ ਪੇਂਡੂ ਤੇ ਖੇਤ ਮਜ਼ਦੂਰਾਂ ਨੂੰ ਮਨਰੇਗਾ ਰਾਹੀਂ ਮਿਲ਼ਦੇ ਨਾ ਮਾਤਰ ਰੁਜ਼ਗਾਰ ਨੂੰ ਖੋਰ ਕੇ ਬੇਰੁਜ਼ਗਾਰਾਂ ਦੀ ਫੌਜ਼ ਹੋਰ ਵੱਡੀ ਰਹੀ ਹੈ ਤਾਂ ਜੋ ਕਾਰਪੋਰੇਟ ਘਰਾਣਿਆਂ, ਸਰਮਾਏਦਾਰਾਂ ਅਤੇ ਜਗੀਰਦਾਰਾਂ ਨੂੰ ਸਸਤੀ ਲੇਬਰ ਮੁਹੱਈਆ ਕਰਵਾਈ ਜਾ ਸਕੇ। ਸੂਬੇ ਦੀ ਭਗਵੰਤ ਮਾਨ ਸਰਕਾਰ ਵੀ ਕੇਂਦਰ ਸਰਕਾਰ ਨਾਲ਼ ਕਦਮ ਤਾਲ ਕਰਦੀ ਹੋਈ ਜਨਤਕ ਅਦਾਰਿਆਂ ਦੀ ਜਾਇਦਾਦਾਂ ਵੇਚਣ ਅਤੇ ਸਰਕਾਰੀ ਮਹਿਕਮਿਆਂ ਚ ਪੱਕੀ ਭਰਤੀ ਦੀ ਥਾਂ ਨਿਗੁਣੀਆਂ ਤਨਖਾਹਾਂ ਤੇ ਠੇਕਾ ਭਰਤੀ ਦੀ ਨੀਤੀ ਲਾਗੂ ਕਰ ਰਹੀ ਹੈ। ਉਹਨਾਂ ਬਿਜਲੀ ਦੇ ਨਿੱਜੀਕਰਨ ਬਾਰੇ ਸਰਕਾਰਾਂ ਵੱਲੋਂ ਮਹਿਕਮੇ ਨੂੰ ਘਾਟੇ ਦੀ ਪਾਈ ਜਾ ਰਹੀ ਬੂ ਦੁਹਾਈ ਨੂੰ ਝੂਠ ਦਾ ਪੁਲੰਦਾ ਕਰਾਰ ਦਿੰਦਿਆਂ ਆਖਿਆ ਕਿ ਇਹ ਘਾਟਾ ਪ੍ਰਾਈਵੇਟ ਕੰਪਨੀਆਂ ਤੋਂ ਮਹਿੰਗੇ ਭਾਅ ਬਿਜਲੀ ਖਰੀਦਣ ਅਤੇ ਬਿਨਾਂ ਵਰਤਿਆਂ ਬਿਜਲੀ ਦੇ ਕਰੋੜਾਂ ਰੁਪਏ ਕੰਪਨੀਆਂ ਨੂੰ ਦੇਣ ਅਤੇ ਵੱਡੇ ਪੱਧਰ ਤੇ ਫੈਲੇ ਭਿਰਸ਼ਟਾਚਾਰ ਦਾ ਸਿੱਟਾ ਹੈ। ਧਰਨੇ ਨੂੰ ਵੱਖ ਵੱਖ ਆਗੂਆਂ ਨੇ ਸੰਬੋਧਨ ਕੀਤਾ। ਜੋਗਿੰਦਰ ਸਿੰਘ ਉਗਰਾਹਾਂ ਬੂਟਾ ਸਿੰਘ ਬੁਰਜਗਿਲ ਮਨਜੀਤ ਸਿੰਘ ਧਨੇਰ ਰਜਿੰਦਰ ਸਿੰਘ ਪਵਿੱਤਰ ਸਿੰਘ ਲਾਲੀ ਮਨਜੀਤ ਰਾਜ ਖੁਸੀਆ ਸਿੰਘ ਕੁਲਦੀਪ ਸਿੰਘ ਬਰਨਾਲਾ ਲਾਭ ਸਿੰਘ ਅਕਲੀਆ ਬੁੱਕਣ ਸਿੰਘ ਸ਼ਿੰਦਰ ਸਿੰਘ ਧੌਲਾ ਗੁਰਪ੍ਰੀਤ ਸਿੰਘ ਰੂੜੇਕੇ ਮੋਹਨ ਸਿੰਘ ਰੂੜੇਕੇ ਜੱਗਾ ਸਿੰਘ ਸਟੇਜ ਦੀ ਕਾਰਵਾਈ ਜਰਨੈਲ ਸਿੰਘ ਜਵੰਦਾ ਵਲੋਂ ਨਿਭਾਈ ਗਈ।

## ਬਾਲ ਵਿਆਹ ਦੀ ਰੋਕਥਾਮ ਲਈ ਸਮਾਜ ਨੂੰ ਕੀਤਾ ਜਾਗਰੂਕ

ਬਰਨਾਲਾ, 16 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ): ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਵਿਖੇ ਬਾਲ ਵਿਆਹ ਵਰਗੀ ਗੰਭੀਰ ਸਮਾਜਿਕ ਬੁਰਾਈ ਨੂੰ ਰੋਕਣ ਅਤੇ ਸਮਾਜ ਨੂੰ ਸੁਚੇਤ ਕਰਨ ਲਈ ਇੱਕ ਵਿਆਪਕ ਜਾਗਰੂਕਤਾ ਅਭਿਆਨ ਜਾਰੀ ਹੈ। ਇਹ ਅਭਿਆਨ ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਅਤੇ ਪਿੰਡ ਦੇ ਆਂਗਣਵਾੜੀ ਸੈਂਟਰਾਂ ਦੇ ਸਾਂਝੇ ਉਪਰਾਲੇ ਨਾਲ ਚਲਾਇਆ ਜਾ ਰਿਹਾ ਹੈ, ਜਿਸਦਾ ਮੁੱਖ ਉਦੇਸ਼ ਲੋਕਾਂ ਨੂੰ ਬਾਲ ਵਿਆਹ ਦੇ ਨੁਕਸਾਨਾਂ ਅਤੇ ਇਸ ਨਾਲ ਜੁੜੇ ਕਾਨੂੰਨਾਂ ਬਾਰੇ ਜਾਣੂ ਕਰਵਾਉਣਾ ਹੈ। ਇਸ ਅਭਿਆਨ ਵਿੱਚ ਸਕੂਲ ਦੇ ਹੈਡ ਟੀਚਰ ਅਸ਼ਵਨੀ ਕੁਮਾਰ ਨੇ ਅਗਵਾਈ ਕਰਦਿਆਂ ਦੱਸਿਆ ਕਿ ਬਾਲ ਵਿਆਹ ਬੱਚਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਵਿਕਾਸ ਵਿੱਚ ਵੱਡੀ ਰੁਕਾਵਟ ਬਣਦਾ ਹੈ। ਉਨ੍ਹਾਂ ਨੇ ਕਿਹਾ ਕਿ ਬੱਚਿਆਂ ਨੂੰ ਸਿੱਖਿਆ ਦਾ ਪੂਰਾ ਹੱਕ ਮਿਲਣਾ ਚਾਹੀਦਾ ਹੈ, ਤਾਂ ਜੋ ਉਹ ਆਪਣੇ ਪੈਰਾਂ 'ਤੇ ਖੜ੍ਹੇ ਹੋ ਸਕਣ। ਇਸ ਮੌਕੇ ਗੁਰਦੀਪ ਸਿੰਘ, ਸਕੂਲ ਚੇਅਰਮੈਨ ਹਰਦੀਪ ਸਿੰਘ, ਮੈਡਮ ਸਰਬਜੀਤ ਕੌਰ ਅਤੇ ਮੈਡਮ ਜਸਪ੍ਰੀਤ ਕੌਰ ਨੇ ਵੀ ਲੋਕਾਂ ਨਾਲ ਗੱਲ ਬਾਤ ਕੀਤੀ ਅਤੇ ਬਾਲ ਵਿਆਹ ਰੋਕਣ ਲਈ ਸਮਾਜਿਕ ਜ਼ਿੰਮੇਵਾਰੀ 'ਤੇ ਜ਼ੋਰ ਦਿੱਤਾ। ਆਂਗਣਵਾੜੀ ਵਰਕਰਾਂ ਗੁਰਜੀਤ ਕੌਰ, ਸੁਖਵਿੰਦਰ ਕੌਰ, ਕੁਲਵੀਰ ਕੌਰ ਅਤੇ ਹੈਲਪਰ ਬੇਅੰਤ ਕੌਰ, ਸਲਮਾ ਹਾਜ਼ਰ ਸਨ। ਗੁਰਦੀਪ ਸਿੰਘ ਨੇ ਪਿੰਡ ਵਾਸੀਆਂ ਨੂੰ ਬਾਲ ਵਿਆਹ ਰੋਕਥਾਮ ਕਾਨੂੰਨ ਬਾਰੇ ਵਿਸਤਾਰ ਨਾਲ ਜਾਣਕਾਰੀ ਦਿੱਤੀ।

## ਹਲਕਾ ਧੂਰੀ ਦੀ ਸਿਆਸਤ 'ਚ ਸਰਗਰਮ ਹੋਣਗੇ ਸਾਬਕਾ ਓ.ਐਸ.ਡੀ. ਉਂਕਾਰ ਸਿੱਧੂ

# ਧੂਰੀ ਵਿੱਚ ਹੁਣ ਦੇਖਣ ਨੂੰ ਮਿਲ ਸਕਦੀ ਹੈ ਭਗਵੰਤ ਮਾਨ ਬਨਾਮ ਉਂਕਾਰ ਸਿੱਧੂ ਦੀ ਜੰਗ




ਧੂਰੀ, 16 ਜਨਵਰੀ (ਰਾਜੇਸ਼ਵਰ ਪਿੰਟੂ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਸਭ ਤੋਂ ਨਜ਼ਦੀਕੀ ਰਹੇ ਅਤੇ ਹਲਕਾ ਧੂਰੀ ਦੀ ਵਾਗਡੋਰ ਸੰਭਾਲਣ ਵਾਲੇ ਸਾਬਕਾ ਓ.ਐਸ.ਡੀ. ਪ੍ਰੋਫੈਸਰ ਉਂਕਾਰ ਸਿੰਘ ਸਿੱਧੂ ਨੇ ਅੱਜ ਰਸਮੀ ਤੌਰ 'ਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਦਾ ਪੱਲਾ ਫੜ ਲਿਆ ਹੈ। ਇਸ ਘਟਨਾਕ੍ਰਮ ਨਾਲ ਹਲਕਾ ਧੂਰੀ ਦੀ ਸਿਆਸਤ ਵਿੱਚ ਇੱਕ ਨਵਾਂ ਮੋੜ ਆ ਗਿਆ ਹੈ ਅਤੇ ਆਮ ਆਦਮੀ ਪਾਰਟੀ ਲਈ ਇਸ ਨੂੰ ਇੱਕ ਵੱਡੇ ਝਟਕੇ ਵਜੋਂ ਦੇਖਿਆ ਜਾ ਰਿਹਾ ਹੈ ਅਤੇ ਚੰਡੀਗੜ੍ਹ ਵਿਖੇ ਹੋਏ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਉਨ੍ਹਾਂ ਦੀ ਸ਼ਮੂਲੀਅਤ ਨੇ ਸੂਬੇ ਦੇ ਸਿਆਸੀ ਸਮੀਕਰਨਾਂ ਨੂੰ ਪੂਰੀ ਤਰ੍ਹਾਂ ਬਦਲ ਕੇ ਰੱਖ ਦਿੱਤਾ ਹੈ।ਪ੍ਰੋ. ਉਂਕਾਰ ਸਿੰਘ ਸਿੱਧੂ ਅੱਜ ਚੰਡੀਗੜ੍ਹ ਵਿਖੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ, ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਅਤੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਦੀ ਮੌਜੂਦਗੀ ਵਿੱਚ ਭਾਜਪਾ ਵਿੱਚ ਸ਼ਾਮਲ ਹੋਏ।ਪ੍ਰੋ. ਉਂਕਾਰ ਸਿੰਘ ਸਿੱਧੂ ਕਿਸੇ ਸਮੇਂ ਮੁੱਖ ਮੰਤਰੀ ਭਗਵੰਤ ਮਾਨ ਦੇ ਸੱਜੇ ਹੱਥ ਵਜੋਂ ਜਾਣੇ ਜਾਂਦੇ ਸਨ। ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅਕਾਦਮਿਕ ਪਿਛੋਕੜ ਵਾਲੇ ਸਿੱਧੂ ਨੂੰ ਭਗਵੰਤ ਮਾਨ ਨੇ ਖੁਦ ਸਿਆਸਤ ਵਿੱਚ ਲਿਆਂਦਾ ਸੀ ਅਤੇ ਆਪਣੇ ਹਲਕੇ ਧੂਰੀ ਦੀ ਪੂਰੀ ਵਾਗਡੋਰ ਉਨ੍ਹਾਂ ਦੇ ਹੱਥਾਂ ਵਿੱਚ ਸੌਂਪੀ ਸੀ। ਹਾਲਾਂਕਿ, ਕੁਝ ਸਮਾਂ ਪਹਿਲਾਂ ਅਚਾਨਕ ਉਨ੍ਹਾਂ ਨੂੰ ਅਹੁਦੇ ਤੋਂ ਫਾਰਗ ਕਰ ਦਿੱਤਾ ਗਿਆ, ਜਿਸ ਨਾਲ ਪਾਰਟੀ ਅੰਦਰੂਨੀ ਖਿੱਚੋਤਾਣ ਜਗ-ਜ਼ਾਹਿਰ ਹੋ ਗਈ ਸੀ। ਪਿਛਲੇ ਕਈ ਹਫ਼ਤਿਆਂ ਤੋਂ ਪ੍ਰੋ. ਸਿੱਧੂ ਹਲਕੇ ਵਿੱਚ ਲਗਾਤਾਰ ਜਨਤਕ ਮੀਟਿੰਗਾਂ ਕਰ ਰਹੇ ਸਨ, ਜਿਸ ਨੂੰ ਲੋਕ ਭਲਵਾਨੀ ਗੇੜੀਆਂ ਵਜੋਂ ਦੇਖ ਰਹੇ ਸਨ। ਅੱਜ ਉਨ੍ਹਾਂ ਨੇ ਭਾਜਪਾ ਵਿੱਚ ਸ਼ਾਮਲ ਹੋ ਕੇ ਸਾਰੀਆਂ ਕਿਆਸਅਰਾਈਆਂ 'ਤੇ ਵਿਰਾਮ ਲਗਾ ਦਿੱਤਾ ਹੈ।ਸੂਤਰਾਂ ਮੁਤਾਬਕ ਭਾਜਪਾ ਵੱਲੋਂ ਪ੍ਰੋ. ਉਂਕਾਰ ਸਿੰਘ ਨੂੰ ਹਲਕਾ ਧੂਰੀ ਦੀ ਕਮਾਨ ਸੌਂਪੀ ਜਾ ਸਕਦੀ ਹੈ। ਇਹ ਵੀ ਚਰਚਾ ਹੈ ਕਿ ਆਉਣ ਵਾਲੀਆਂ ਚੋਣਾਂ ਵਿੱਚ ਉਨ੍ਹਾਂ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੇ ਮੁਕਾਬਲੇ ਇੱਕ ਮਜ਼ਬੂਤ ਚਿਹਰੇ ਵਜੋਂ ਉਤਾਰਿਆ ਜਾਵੇਗਾ। ਪ੍ਰੋ. ਸਿੱਧੂ ਦੀ ਇਲਾਕੇ ਵਿੱਚ ਪਕੜ ਅਤੇ ਪ੍ਰਸ਼ਾਸਨਿਕ ਤਜ਼ਰਬਾ ਭਾਜਪਾ ਲਈ ਧੂਰੀ ਵਿੱਚ ਲਾਹੇਵੰਦ ਸਾਬਤ ਹੋ ਸਕਦਾ ਹੈ, ਕਿਉਂਕਿ ਪ੍ਰੋ. ਉਂਕਾਰ ਸਿੰਘ ਸਿੱਧੂ ਨੇ ਮੁੱਖ ਮੰਤਰੀ ਦੇ ਓ.ਐਸ.ਡੀ. ਵਜੋਂ ਸੇਵਾਵਾਂ ਨਿਭਾਈਆਂ ਸਨ। ਭਾਜਪਾ ਵਿੱਚ ਸ਼ਾਮਲ ਹੋਣ ਨਾਲ ਧੂਰੀ ਵਿੱਚ ਹੁਣ ਭਗਵੰਤ ਮਾਨ ਬਨਾਮ ਉਂਕਾਰ ਸਿੱਧੂ ਦੀ ਜੰਗ ਦੇਖਣ ਨੂੰ ਮਿਲ ਸਕਦੀ ਹੈ।ਪ੍ਰੋ. ਸਿੱਧੂ ਦਾ ਜਾਣਾ ਆਪ ਲਈ ਸਿਰਫ਼ ਇੱਕ ਆਗੂ ਦਾ ਜਾਣਾ ਨਹੀਂ, ਸਗੋਂ ਧੂਰੀ ਵਿੱਚ ਪਾਰਟੀ ਦੇ ਮਜ਼ਬੂਤ ਕਿਲ੍ਹੇ ਵਿੱਚ ਸੰਨ੍ਹ ਲੱਗਣ ਵਾਂਗ ਹੈ। ਕਿਉਂਕਿ ਉਨ੍ਹਾਂ ਕੋਲ ਪ੍ਰਸ਼ਾਸਨਿਕ ਤਜ਼ਰਬਾ ਹੈ ਅਤੇ ਉਹ ਹਲਕੇ ਦੀ ਨਬਜ਼ ਤੋਂ ਚੰਗੀ ਤਰ੍ਹਾਂ ਵਾਕਫ਼ ਹਨ।ਪ੍ਰੋ. ਉਂਕਾਰ ਸਿੰਘ ਸਿੱਧੂ ਨੇ ਧੂਰੀ ਦੇ ਪਿੰਡ-ਪਿੰਡ ਵਿੱਚ ਆਪਣੀ ਪਛਾਣ ਬਣਾਈ ਹੈ। ਉਨ੍ਹਾਂ ਦੇ ਜਾਣ ਨਾਲ ਧੂਰੀ ਵਿੱਚ ਹੁਣ ਮੁੱਖ ਮੰਤਰੀ ਬਨਾਮ ਉਨ੍ਹਾਂ ਦੇ ਹੀ ਸਾਬਕਾ ਸਾਰਥੀ ਵਿਚਾਲੇ ਸਿੱਧੀ ਜੰਗ ਹੋਣ ਦੇ ਆਸਾਰ ਬਣ ਗਏ ਹਨ। ਇਸ ਘਟਨਾਕ੍ਰਮ ਤੋਂ ਬਾਅਦ ਹੁਣ ਸਾਰਿਆਂ ਦੀਆਂ ਨਜ਼ਰਾਂ ਇਸ ਗੱਲ ਤੇ ਟਿਕੀਆਂ ਹੋਈਆਂ ਹਨ ਕਿ ਭਾਜਪਾ ਉਨ੍ਹਾਂ ਨੂੰ ਸੰਗਠਨ ਵਿੱਚ ਕੀ ਅਹੁਦਾ ਦਿੰਦੀ ਹੈ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਧੂਰੀ ਦੀ ਸਿਆਸਤ ਕੀ ਨਵਾਂ ਮੋੜ ਲੈਂਦੀ ਹੈ।

## ਮਗਨਰੇਗਾ ਕਾਨੂੰਨ ਬਦਲਕੇ ਵੀ ਬੀ-ਜੀ ਰਾਮ ਜੀ ਕਾਨੂੰਨਾਂ ਖਿਲਾਫ਼ 19 ਨੂੰ ਡੀਸੀ ਦਫ਼ਤਰ ਵਿਖੇ ਧਰਨਾ : ਖੇੜੀ



ਊਧਮ ਸਿੰਘ ਵਾਲਾ ਸੁਨਾਮ, 16 ਜਨਵਰੀ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ): ਸਥਾਨਕ ਘੁੰਮਣ ਭਵਨ ਸੀਪੀਆਈ ਐਮ ਦਫਤਰ ਸੁਨਾਮ ਵਿਖੇ ਪਾਰਟੀ ਦੀ ਜਨਰਲ ਬਾਡੀ ਮੀਟਿੰਗ ਕਾਮਰੇਡ ਨਛੱਤਰ ਸਿੰਘ ਗੰਢੂਆਂ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਕਾਮਰੇਡ ਚਮਕੌਰ ਸਿੰਘ ਖੇੜੀ ਜ਼ਿਲ੍ਹਾ ਸਕੱਤਰ ਸੀਪੀਆਈ (ਐਮ) ਸੰਗਰੂਰ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਹੋਇਆਂ ਜ਼ਿਲ੍ਹਾ ਸਕੱਤਰ ਕਾਮਰੇਡ ਖੇੜੀ ਨੇ ਕਿਹਾ ਕਿ 19 ਜਨਵਰੀ ਨੂੰ ਡਿਪਟੀ ਕਮਿਸ਼ਨਰ ਦਫਤਰ ਸੰਗਰੂਰ ਵਿਖੇ ਵੀਬੀ- ਜੀ ਰਾਮ -ਜੀ ਕਾਨੂੰਨਾਂ ਖਿਲਾਫ ਅਨੇਕਾਂ ਮੁਸ਼ਕਿਲਾਂ, ਸਮੱਸਿਆਵਾਂ, ਮਗਨਰੇਗਾ ਦਾ ਨਵਾਂ ਕਾਨੂੰਨ, ਨਾਮ ਬਦਲ ਕੇ ਤੇ ਹੋਰ ਮੱਦਾਂ ਬਜਟ 60-40 ਅਨੁਪਾਤ, ਇੱਕ ਸਾਲ ਵਿੱਚ 60 ਦਿਨਾਂ ਦੀ ਵੱਡੀ ਬਰੇਕ ਤੇ ਹੋਰ ਜੋ ਮੁਸ਼ਕਿਲਾਂ ਆਉਣਗੀਆਂ ਦਾ ਵੀ ਜ਼ਿਕਰ ਕੀਤਾ ਗਿਆ। ਬਿਜਲੀ ਬਿੱਲ 2025, ਬੀਜ ਬਿੱਲ 2025, 29 ਲੇਬਰ ਕਾਨੂੰਨਾਂ ਨੂੰ ਚਾਰ ਕੋਡਾਂ ਵਿੱਚ ਬਦਲਣ ਸਬੰਧੀ ਦੱਸਿਆ ਗਿਆ। ਇਸ ਸਮੇਂ ਕਾਮਰੇਡ ਹੰਗੀ ਖਾਂ,ਕਾਮਰੇਡ ਮੱਖਣ ਸਿੰਘ ਜਖੇਪਲ , ਕਾਮਰੇਡ ਮਾਸਟਰ ਦਰਸ਼ਨ ਸਿੰਘ ਮੱਟੂ, ਕਾਮਰੇਡ ਜੋਗਿੰਦਰ ਸਿੰਘ ਵੱਧਣ, ਸੀਤਾ ਸਿੰਘ, ਲਾਲਾ ਸਿੰਘ, ਗੁਰਚਰਨ ਸਿੰਘ, ਭੋਲਾ ਸਿੰਘ, ਬੰਤਾ ਸਿੰਘ, ਅਸ਼ੋਕ ਕੁਮਾਰ, ਕਾਲੂ ਸੁਨਾਮ, ਵਰਿੰਦਰ ਕੌਸਿਕ ਮੀਟਿੰਗ ਵਿੱਚ ਸ਼ਾਮਿਲ ਹੋਏ। ਅਖੀਰ ਵਿੱਚ ਆਏ ਮੀਟਿੰਗ ਵਿੱਚ ਪਹੁੰਚੇ ਸਾਥੀਆਂ ਦਾ ਕਾਮਰੇਡ ਨਛੱਤਰ ਸਿੰਘ ਗੰਢੂਆਂ ਨੇ ਧੰਨਵਾਦ ਕੀਤਾ ਅਤੇ ਕਿਹਾ ਕਿ ਤਹਿਸੀਲ ਸੁਨਾਮ ਦੇ ਸਾਥੀ ਵੱਧ ਤੋਂ ਵੱਧ ਆਪਣੇ ਵਹੀਕਲਾਂ ਦੇ ਨਾਲ ਡਿਪਟੀ ਕਮਿਸ਼ਨਰ ਦਫਤਰ ਸੰਗਰੂਰ ਵਿਖੇ ਪਹੁੰਚਣਗੇ।

# ਮਹਿਲਾ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਕੌਰ ਜੌਹਰ ਵੱਲੋਂ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ



ਮੌੜ ਮੰਡੀ, 16 ਜਨਵਰੀ (ਭੋਲਾ ਸਿੰਘ ਮਾਨ): 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਮਹਿਲਾ ਕਾਂਗਰਸ ਵੱਲੋਂ ਸਰਗਰਮੀਆਂ ਤੇਜ ਕਰ ਦਿੱਤੀਆਂ ਹਨ। ਇਸੇ ਲੜੀ ਦੇ ਤਹਿਤ ਬਠਿੰਡਾ ਦਿਹਾਤੀ ਮਹਿਲਾ ਕਾਂਗਰਸ ਦੇ ਪ੍ਰਧਾਨ ਜਸਵਿੰਦਰ ਕੌਰ ਜੌਹਰ ਵੱਲੋਂ ਕਾਂਗਰਸ ਪਾਰਟੀ ਤੇ ਸ਼੍ਰੀ ਰਾਹੁਲ ਗਾਂਧੀ ਦੀਆਂ ਲੋਕ ਪੱਖੀ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਦੇ ਤਹਿਤ ਜਸਵਿੰਦਰ ਕੌਰ ਜੌਹਰ ਵੱਲੋਂ ਵਿਧਾਨ ਸਭਾ ਹਲਕਾ ਮੌੜ ਦੇ ਪਿੰਡ ਝੰਡੂਕੇ ਵਿਖੇ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਕਿਰਨਦੀਪ ਕੌਰ ਨੂੰ ਮਹਿਲਾ ਕਾਂਗਰਸ ਪਾਰਟੀ ਦੇ ਐਸਸੀ ਵਿੰਗ ਦੇ ਜ਼ਿਲ੍ਹਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਪਿੰਡ ਝੰਡੂਕੇ ਵਿਖੇ ਮਹਿਲਾ ਕਾਂਗਰਸ ਦੀ11 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਕੌਰ ਜੌਹਰ ਨੇ ਬੋਲਦੇ ਹੋਏ ਕਿਹਾ ਕਿ ਮਹਿਲਾ ਕਾਂਗਰਸ ਪਾਰਟੀ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ ਲਈ ਲਗਾਤਾਰ ਪਿੰਡਾਂ ਅੰਦਰ ਲੋਕਾਂ ਨਾਲ ਰਾਬਤਾ ਬਣਾਇਆ ਜਾ ਰਿਹਾ ਹੈ। ਉਹਨਾਂ ਅੱਗੇ ਬੋਲਦੇ ਹੋਏ ਕਿਹਾ ਕਿ ਕਾਂਗਰਸ ਪਾਰਟੀ ਦੀ ਹਮੇਸ਼ਾ ਹੀ ਸੋਚ ਲੋਕ ਪੱਖੀ ਨੀਤੀਆਂ ਨੂੰ ਲਾਗੂ ਕਰਨਾ ਹੈ, ਜਿੱਥੇ ਦੇਸ਼ ਦੇ ਪ੍ਰਧਾਨ ਮੰਤਰੀ ਡਾਕਟਰ ਮਨਮੋਹਨ ਸਿੰਘ ਵੱਲੋਂ ਗਰੀਬ ਵਰਗ ਨੂੰ ਰੁਜ਼ਗਾਰ ਦੇਣ ਦੇ ਮੰਤਵ ਲਈ ਮਨਰੇਗਾ ਸਕੀਮ ਸ਼ੁਰੂ ਕੀਤੀ ਗਈ ਸੀ, ਜਿਸ ਕਾਰਨ ਦੇਸ਼ ਅੰਦਰ ਗਰੀਬ ਲੋਕਾਂ ਨੂੰ ਰੁਜ਼ਗਾਰ ਦੀ ਗਰੰਟੀ ਮਿਲੀ ਸੀ, ਪ੍ਰੰਤੂ ਹੁਣ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਗਰੀਬਾਂ ਦੇ ਰੁਜ਼ਗਾਰਾਂ 'ਤੇ ਡਾਕਾ ਮਾਰਿਆ ਜਾ ਰਿਹਾ ਹੈ ਅਤੇ ਮਨਰੇਗਾ ਵਰਗੇ ਕਾਨੂੰਨ ਨੂੰ ਤੋੜ ਮਰੋੜ ਕੇ ਗਰੀਬ ਵਰਗ ਤੋਂ ਰੁਜ਼ਗਾਰ ਖੋਹਿਆ ਜਾ ਰਿਹਾ ਹੈ। ਇਸ ਮੌਕੇ ਉਨ੍ਹਾਂ ਕਾਂਗਰਸ ਪਾਰਟੀ 'ਚ ਸ਼ਾਮਿਲ ਹੋਣ ਵਾਲੇ 10 ਪਰਿਵਾਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹਨਾਂ ਦਾ ਪਾਰਟੀ ਅੰਦਰ ਪੂਰਾ ਮਾਣ ਸਨਮਾਨ ਹੋਵੇਗਾ, ਉਹਨਾਂ ਅਪੀਲ ਕੀਤੀ ਕਿ ਉਹ ਇੱਕ ਜੁੱਟ ਹੋ ਕੇ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਪਿੰਡਾਂ ਅੰਦਰ ਜ਼ੋਰਦਾਰ ਮੁਹਿੰਮ ਚਲਾਉਣ, ਤਾ ਜੋ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਹੂੰਝਾ ਫੇਰ ਜਿੱਤ ਪ੍ਰਾਪਤ ਕਰਕੇ ਸੂਬੇ ਅੰਦਰ ਬੇਰੁਜ਼ਗਾਰੀ ਖ਼ਤਮ ਕਰਕੇ ਅਤੇ ਲੋਕਾਂ ਨੂੰ ਗੈਂਗਸਟਰਵਾਦ ਤੋਂ ਨਿਜ਼ਾਤ ਦਿਵਾਈ ਜਾ ਸਕੇ। ਇਸ ਮੌਕੇ ਭਾਰੀ ਗਿਣਤੀ ਵਿੱਚ ਮਹਿਲਾ ਕਾਂਗਰਸ ਦੇ ਵਰਕਰ ਅਤੇ ਪਿੰਡ ਵਾਸੀ ਮੌਜੂਦ ਸਨ।

# ਮਕਰ ਸੰਕ੍ਰਾਂਤੀ ਦਾ ਦਿਹਾੜਾ ਸ਼ਰਧਾ ਨਾਲ ਮਨਾਇਆ, ਕਈ ਥਾਵਾਂ 'ਤੇ ਲੱਗੇ ਲੰਗਰ



ਮੂਨਕ, 16 ਜਨਵਰੀ(ਸਮਸ਼ੇਰ ਸਿੰਘ ਭੁਟਾਲ): ਸਥਾਨਕ ਸ਼ਹਿਰ ਵਿੱਚ ਮਕਰ ਸੰਕ੍ਰਾਂਤੀ ਦਾ ਤਿਉਹਾਰ ਬਹੁਤ ਸ਼ਰਧਾ ਨਾਲ ਮਨਾਇਆ ਗਿਆ, ਜਿੱਥੇ ਲੋਕਾਂ ਨੇ ਮੰਦਰਾਂ ਅਤੇ ਗੁਰਦੁਆਰਿਆਂ ਵਿੱਚ ਜਾ ਕੇ ਅਰਦਾਸ ਕੀਤੀ,। ਇਸ ਦੌਰਾਨ ਮੌਜੂਦਾ ਵਜੀਰ ਐਡਵੋਕੇਟ ਬਰਿੰਦਰ ਕੁਮਾਰ ਗੋਇਲ, , ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਨੇ ਹਲਕੇ ਦੇ ਵਸਨੀਕਾਂ ਨੂੰ ਮਕਰ ਸੰਕ੍ਰਾਂਤੀ ਦੀ ਵਧਾਈ ਦਿੱਤੀ। ਉੱਥੇ ਹੀ ਸਥਾਨਕ ਸ਼ਹਿਰ ਦੇ ਕਈ ਸਮਾਜ ਸੇਵਕਾਂ ਨੇ ਲੰਗਰ ਦਾ ਪ੍ਰਬੰਧ ਕੀਤਾ। ਪੁਰਾਣੇ ਬੱਸ ਸਟੈਂਡ ਨੇੜੇ ਮੁੱਖ ਬਾਜ਼ਾਰ ਵਿੱਚ ਦੁਕਾਨਦਾਰਾਂ ਨੇ ਮਿਲ ਕੇ ਪੂਰੀ ਆਲੂ ਜਲੇਬੀ, ਸ੍ਰੀ ਰਾਮ ਮੰਦਿਰ ਵਿੱਚ ਮੱਕੀ ਦੀ ਰੋਟੀ ਸਰਸੋਂ ਦਾ ਸਾਗ ਗਜਰੇਲਾ, ਹੈਪੀ ਪਬਲਿਕ ਸਕੂਲ ਦੇ ਸਾਹਮਣੇ, ਪ੍ਰਭੂ ਦਰਸ਼ਨ ਧੂਪ ਫੈਕਟਰੀ ਵਿੱਚ ਅਤੇ ਕਈ ਹੋਰ ਥਾਵਾਂ 'ਤੇ ਲੰਗਰ ਵਰਤਾਇਆ ਗਿਆ। ਮੇਨ ਬਾਜ਼ਾਰ ਵਿੱਚ ਲੰਗਰ ਦੀ ਸੇਵਾ ਨੀਰਜ ਗਰਗ, ਪ੍ਰਦੀਪ ਮੁੰਜਾਲ, ਦੀਪੂ ਅਰੋੜਾ, ਮੁਕੇਸ਼ ਮੰਗਲ , ਗੌਰਵ ਆਸ਼ਟਾ, ਸੰਜੇ ਕਪੂਰ, ਰਜੇਸ਼ ਮੋਦੀ, ਸੰਜੀਵ ਮਦਾਨ, ਰਾਜੂ ਗੁਲਸ਼ਨ ਮਦਾਨ, ਭਗਵੰਤ ਆਸ਼ਟਾ , ਕ੍ਰਿਸ਼ਨ ਸਿੰਗਲਾ ਕਰਮ ਚੰਦ ਸਿੰਗਲਾ, ਰਾਮ ਨਿਵਾਸ, ਪਿਆਰਾ ਰਾਮ, ਰਾਜੂ ਤਨੇਜਾ, ਸਚਿਨ, ਰਿੰਕੂ ਸੈਣੀ , ਮਹਾਵੀਰ ਸੈਣੀ, ਜੀਵਨ ਸਿੰਗਲਾ, ਸ਼ੇਰੀ ਛਾਬੜਾ, ਭੀਮ ਮੋਦੀ ਮਿੰਟੂ ਜੈਨ , ਸੁਨੀਲ ਸਿੰਗਲਾ, ਕਾਲਾ ਸਿੰਗਲਾ, ਦੀਪੂ ਸੀਤੂ ਆਸ਼ਟਾ, ਗਗਨ ਸਿੰਘ, ਸੋਨੀ ਸਿੰਘ, ਤੋਂ ਇਲਾਵਾ ਸਮੂਹ ਦੁਕਾਨਦਾਰਾਂ ਨੇ ਸੇਵਾ ਨਿਭਾਈ।

# ਕੈਂਸਰ ਨੂੰ ਮਾਤ ਦੇਣ ਲਈ ਸਿਹਤ ਵਿਭਾਗ ਦੀ ਵੱਡੀ ਪਹਿਲ
# ਸ਼ਹਿਰ 'ਚ ਵੱਖ-ਵੱਖ ਥਾਵਾਂ 'ਤੇ ਲੱਗਣਗੇ ਮੁਫ਼ਤ ਜਾਂਚ ਕੈਂਪ

ਬਠਿੰਡਾ, 16 ਜਨਵਰੀ (ਚ.ਨ.ਸ.):ਕੈਂਸਰ ਵਰਗੀ ਨਾਮੁਰਾਦ ਬਿਮਾਰੀ ਦੇ ਜਲਦੀ ਨਿਪਟਾਰੇ ਅਤੇ ਲੋਕਾਂ ਨੂੰ ਜਾਗਰੂਕ ਕਰਨ ਦੇ ਮਕਸਦ ਨਾਲ ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਵਿੱਚ ਵਿਸ਼ੇਸ਼ ਮੁਫ਼ਤ ਜਾਂਚ ਕੈਂਪਾਂ ਦੀ ਲੜੀ ਸ਼ੁਰੂ ਕੀਤੀ ਜਾ ਰਹੀ ਹੈ। ਸਿਵਲ ਸਰਜਨ ਡਾ. ਤਪਿੰਦਰਜੋਤ ਦੀ ਰਹਿਨੁਮਾਈ ਹੇਠ ਕੈਪਡ ਟਰੱਸਟ ਦੇ ਸਹਿਯੋਗ ਨਾਲ ਲਗਾਏ ਜਾ ਰਹੇ ਇਨ੍ਹਾਂ ਕੈਂਪਾਂ ਵਿੱਚ ਬੱਚੇਦਾਨੀ ਦੇ ਮੂੰਹ , ਬ੍ਰੈਸਟ ਅਤੇ ਮੂੰਹ ਦੇ ਕੈਂਸਰ ਦੀ ਸਕ੍ਰੀਨਿੰਗ ਕੀਤੀ ਜਾਵੇਗੀ। ਸਿਹਤ ਵਿਭਾਗ ਦਾ ਮੁੱਖ ਟੀਚਾ ਬਿਮਾਰੀ ਦੀ ਸ਼ੁਰੂਆਤੀ ਪਛਾਣ ਕਰਕੇ ਮਰੀਜ਼ ਦਾ ਸਮੇਂ ਸਿਰ ਇਲਾਜ ਯਕੀਨੀ ਬਣਾਉਣਾ ਹੈ।ਕੈਂਪਾਂ ਦੇ ਸ਼ਡਿਊਲ ਬਾਰੇ ਜਾਣਕਾਰੀ ਦਿੰਦਿਆਂ ਡਾ. ਤਪਿੰਦਰਜੋਤ ਨੇ ਦੱਸਿਆ ਕਿ 17, 19 ਅਤੇ 24 ਜਨਵਰੀ ਨੂੰ ਯੂ.ਪੀ.ਐਚ.ਸੀ ਪਰਸਰਾਮ ਨਗਰ ਵਿਖੇ ਜਾਂਚ ਕੈਂਪ ਲਗਾਏ ਜਾਣਗੇ। ਇਸੇ ਤਰ੍ਹਾਂ 20 ਜਨਵਰੀ ਨੂੰ ਉਡਾਨ ਪਲੇਅ-ਵੇ ਸਕੂਲ (ਗੁਰੂ ਗੋਬਿੰਦ ਸਿੰਘ ਨਗਰ) ਅਤੇ 22 ਜਨਵਰੀ ਨੂੰ ਰੇਲਵੇ ਹਸਪਤਾਲ ਪ੍ਰਤਾਪ ਨਗਰ ਵਿਖੇ ਮਾਹਿਰ ਡਾਕਟਰਾਂ ਦੀਆਂ ਟੀਮਾਂ ਮੌਜੂਦ ਰਹਿਣਗੀਆਂ। ਉਨ੍ਹਾਂ ਜ਼ਿਲ੍ਹਾ ਵਾਸੀਆਂ, ਖ਼ਾਸ ਕਰਕੇ ਮਹਿਲਾਵਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਸਿਹਤ ਪ੍ਰਤੀ ਸੁਚੇਤ ਹੋ ਕੇ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਹਾ ਲੈਣ।ਸਿਹਤ ਮਾਹਿਰਾਂ ਮੁਤਾਬਕ ਜੇਕਰ ਮਹਿਲਾਵਾਂ ਵਿੱਚ ਅਸਧਾਰਨ ਖ਼ੂਨ ਵਗਣਾ, ਬਦਬੂਦਾਰ ਸਫ਼ੈਦ ਪਾਣੀ ਆਉਣਾ ਜਾਂ ਛਾਤੀ ਵਿੱਚ ਕਿਸੇ ਕਿਸਮ ਦੀ ਗੱਠ ਮਹਿਸੂਸ ਹੋਵੇ, ਤਾਂ ਇਸ ਨੂੰ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ। ਇਸੇ ਤਰ੍ਹਾਂ ਮੂੰਹ ਵਿੱਚ ਨਾ ਭਰਨ ਵਾਲੇ ਜ਼ਖ਼ਮ, ਚਿੱਟੇ ਜਾਂ ਲਾਲ ਧੱਬੇ ਅਤੇ ਨਿਗਲਣ ਵਿੱਚ ਮੁਸ਼ਕਲ ਮੂੰਹ ਦੇ ਕੈਂਸਰ ਦੇ ਲੱਛਣ ਹੋ ਸਕਦੇ ਹਨ। ਸਿਵਲ ਸਰਜਨ ਨੇ ਸਪੱਸ਼ਟ ਕੀਤਾ ਕਿ ਕੈਂਸਰ ਦੀ ਸਮੇਂ ਸਿਰ ਪਛਾਣ ਹੀ ਜਾਨ ਬਚਾਉਣ ਦਾ ਸਭ ਤੋਂ ਕਾਰਗਰ ਤਰੀਕਾ ਹੈ। ਇਨ੍ਹਾਂ ਕੈਂਪਾਂ ਦੌਰਾਨ ਨਾ ਸਿਰਫ਼ ਜਾਂਚ ਹੋਵੇਗੀ, ਸਗੋਂ ਮਾਹਿਰਾਂ ਵੱਲੋਂ ਲੋੜੀਂਦੀ ਡਾਕਟਰੀ ਸਲਾਹ ਵੀ ਮੁਫ਼ਤ ਦਿੱਤੀ ਜਾਵੇਗੀ।

# ਭਾਰਤੀ ਕਿਸਾਨ ਯੂਨੀਅਨ ਆਜ਼ਾਦ ਦੀ ਮੀਟਿੰਗ ਹੋਈ



ਦਿੜ੍ਹਬਾ ਮੰਡੀ, 16 ਜਨਵਰੀ (ਸੁਖਵਿੰਦਰ ਸਿੰਘ ਵਿਰਕ): ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਬਲਾਕ ਦਿੜ੍ਹਬਾ ਦੀ ਮੀਟਿੰਗ ਬਲਾਕ ਪ੍ਰਧਾਨ ਬਲਵਿੰਦਰ ਸਿੰਘ (ਬਿੰਦਰ) ਦਿੜ੍ਹਬਾ ਦੀ ਅਗਵਾਈ ਹੇਠ ਸ੍ਰੀ ਗੁਰਦੁਆਰਾ ਬਾਬਾ ਬੈਰਸੀਆਣਾ ਸਾਹਿਬ ਵਿਖੇ ਕੀਤੀ ਗਈ,ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਆਗੂ ਸੁਖਦੇਵ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ,ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿੜ੍ਹਬਾ ਬਲਾਕ ਦੇ ਆਗੂਆਂ ਨੇ ਕਿਹਾ ਕਿ ਬਿਜਲੀ ਬਿੱਲ 2025,ਸੀਡ ਬਿੱਲ 2025 ਅਤੇ ਮਨਰੇਗਾ ਕਾਨੂੰਨ ਵਿੱਚ 200 ਦਿਨ ਵਾਲੀ ਮੰਗ ਨੂੰ ਛੱਡ ਕੇ ਸਰਕਾਰ ਵੱਲੋਂ ਕੀਤੀਆਂ ਗਈਆਂ ਤਬਦੀਲੀਆਂ ਦਾ ਸਖ਼ਤ ਵਿਰੋਧ ਕਰਦੇ ਹੋਏ ਜ਼ਿਲ੍ਹਾ ਮੀਟਿੰਗ ਵਿੱਚ ਮਤਾ ਪਾਸ ਕੀਤਾ ਗਿਆ ਕਿ ਕਿਸਾਨ ਮਜ਼ਦੂਰ ਮੋਰਚੇ ਵੱਲੋਂ 21 ਅਤੇ 22 ਜਨਵਰੀ ਨੂੰ ਪਿੰਡਾਂ ਵਿੱਚੋਂ ਸਮਾਰਟ ਮੀਟਰ ਉਤਾਰ ਕੇ ਬਿਜਲੀ ਬੋਰਡ ਦੇ ਦਫ਼ਤਰ ਜਮ੍ਹਾਂ ਕਰਵਾਏ ਜਾਣਗੇ ਅਤੇ ਆਗੂਆਂ ਵੱਲੋਂ ਪਿੰਡਾਂ ਵਿੱਚੋਂ ਵੱਡੀ ਗਿਣਤੀ ਵਿੱਚ ਕਿਸਾਨਾਂ ਨੂੰ ਜਥੇਬੰਦੀ ਨਾਲ ਜੁੜਨ ਦਾ ਸੱਦਾ ਦਿੱਤਾ ਗਿਆ। ਇਸ ਤੋਂ ਇਲਾਵਾ ਮੀਟਿੰਗ ਵਿੱਚ ਪਿਛਲੇ ਦਿਨੀਂ ਲੋਹੜੀ ਵਾਲੇ ਦਿਨ ਕੇ. ਐਮ.ਐਮ ਦੇ ਸੱਦੇ ਤਹਿਤ ਸੂਬੇ ਭਰ 'ਚ ਸਾਰੇ ਪਿੰਡਾਂ, ਸ਼ਹਿਰਾਂ ਵਿੱਚ ਬਿਜਲੀ ਐਕਟ 2025 ਤੇ ਸੀਡ ਬਿਲ ਐਕਟ 2025 ਦੀਆਂ ਕਾਪੀਆਂ ਸਾੜਨ ਦਾ ਜੋ ਪ੍ਰੋਗਰਾਮ ਦਿੱਤਾ ਗਿਆ ਸੀ ਉਸ ਤਹਿਤ ਹੀ ਪਿੰਡ ਹਰੀਗੜ੍ਹ ਵਿੱਚ ਯੂਨੀਅਨ ਦੇ ਆਗੂ ਪਿੰਡ ਦੀ ਸੱਥ ਵਿੱਚ ਸ਼ਾਂਤਮਈ ਇਹਨਾਂ ਬਿਲਾਂ ਦਾ ਵਿਰੋਧ ਕਰ ਰਹੇ ਸਨ ਸਾਬਕਾ ਸਰਪੰਚ ਬਲਜੀਤ ਕੌਰ ਦੇ ਪਤੀ ਗੁਰਚਰਨ ਸਿੰਘ ਫੌਜੀ ਦੁਆਰਾ ਜਥੇਬੰਦੀ ਦੇ ਕੰਮ ਵਿੱਚ ਵਿਘਨ ਪਾਉਣ ਦੇ ਨਾਲ ਨਾਲ ਆਗੂਆਂ ਨਾਲ ਗਾਲੀ ਗਲੋਚ, ਭੱਦੀ ਸ਼ਬਦਾਵਲੀ ,ਅਤੇ ਹੱਥੋਂ ਪਾਈ ਕੀਤੀ ਗਈ, ਜਿਸ ਦਾ ਜਥੇਬੰਦੀ ਵੱਲੋਂ ਸਖਤ ਵਿਰੋਧ ਕਰਦਿਆਂ, ਜਥੇਬੰਦੀ ਨੇ ਸਖਤ ਐਕਸ਼ਨ ਲੈਂਦਿਆਂ ਇਹ ਫੈਸਲਾ ਕੀਤਾ ਕਿ ਜੇਕਰ ਇਸ ਸਬੰਧੀ ਆਉਣ ਵਾਲੇ ਦਿਨਾਂ ਵਿੱਚ ਜਥੇਬੰਦੀ ਦਾ ਕੋਈ ਫੈਸਲਾ ਆਉਂਦਾ ਹੈ, ਤਾਂ ਸਾਰੇ ਕਿਸਾਨ ਵੱਧ ਚੜ੍ਹ ਕੇ ਪਹੁੰਚਣ ਲਈ ਤਿਆਰ ਰਹਿਣ। ਅੱਜ ਦੀ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਚਰਨਜੀਤ ਸਿੰਘ ਸੰਤਪੁਰਾ ਉਗਰਾਹਾਂ ਜੱਥੇਬੰਦੀ ਤੋਂ ਅਸਤੀਫ਼ਾ ਦੇ ਕੇ ਬੀਕੇਯੂ ਅਜ਼ਾਦ ਵਿੱਚ ਸ਼ਾਮਲ ਹੋਣ 'ਤੇ ਜਿਨ੍ਹਾਂ ਦਾ ਬਲਾਕ ਆਗੂਆਂ ਅਤੇ ਪਿੰਡ ਇਕਾਈਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ, ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਲਿਖ਼ਤੀ ਚਿੱਠੀ ਰਾਹੀਂ ਕਿਸਾਨ ਮਜ਼ਦੂਰ ਮੋਰਚਾ ਨੂੰ 07 ਜਨਵਰੀ ਦੀ ਮੀਟਿੰਗ ਦਿੱਤੀ ਸੀ ਪਰ ਪੰਜਾਬ ਸਰਕਾਰ ਇਸ ਮੀਟਿੰਗ ਵਿੱਚੋਂ ਗ਼ੈਰਹਾਜ਼ਰ ਰਹੀਂ ਜਿਸ ਦੇ ਵਿਰੋਧ ਵਜੋਂ ਸਾਰੇ ਪੰਜਾਬ ਵਿੱਚ 5 ਫਰਵਰੀ ਨੂੰ ਮੰਤਰੀਆਂ ਅਤੇ ਵਿਧਾਇਕਾਂ ਦੇ ਘਰਾਂ ਅਤੇ ਦਫ਼ਤਰਾਂ ਦਾ ਘਿਰਾਓ ਕੀਤਾ ਜਾਵੇਗਾ। ਮੀਟਿੰਗ ਵਿੱਚ ਬਲਾਕ ਆਗੂ ਰਣਵੀਰ ਸਿੰਘ ਬਘਰੋਲ,ਜਗਦੀਪ ਸਿੰਘ ਕੌਹਰੀਆਂ,ਚਮਕੌਰ ਸਿੰਘ ਸ਼ਾਦੀ ਹਰੀ,ਜਸਪ੍ਰੀਤ ਸਿੰਘ ਬੱਬੂ,ਸੱਤਪਾਲ ਸਿੰਘ ਹਰੀਗੜ੍ਹ,ਬਲਵਿੰਦਰ ਸਿੰਘ ਹਰੀਗੜ੍ਹ,ਮਾਂਗਾ ਸਿੰਘ ਸ਼ਾਦੀ ਹਰੀ,ਮਹਿੰਦਰ ਸਿੰਘ ਖੇਤਲਾ,ਭਰਪੂਰ ਸਿੰਘ ਗੁੱਜਰਾਂ ਆਦਿ ਹਾਜ਼ਰ ਸਨ।

# ਅਕਾਲ ਡਿਗਰੀ ਕਾਲਜ ਦੀ ਵਿਦਿਆਰਥਣ ਨੇ ਗੱਤਕਾ ਚੈਂਪੀਅਨਸ਼ਿਪ 'ਚ ਸੋਨ ਤਮਗ਼ਾ ਜਿੱਤ ਕੇ ਮਾਰੀ ਬਾਜ਼ੀ



ਸੰਗਰੂਰ, 16 ਜਨਵਰੀ (ਹਰਕੰਵਲ ਸਿੰਘ ਹੈਪੀ) : 9ਵੀਂ ਸੀਨੀਅਰ ਗੱਤਕਾ ਚੈਂਪੀਅਨਸ਼ਿਪ ਜੋ ਰਤਵਾੜਾ ਸਾਹਿਬ ਨਿਊ ਚੰਡੀਗੜ੍ਹ ਵਿਖੇ ਹੋਈ। ਇਸ ਵਿਚ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਅਕਾਲ ਡਿਗਰੀ ਕਾਲਜ, ਮਸਤੂਆਣਾ ਸਾਹਿਬ ਦੀ ਵਿਦਿਆਰਥਣ ਅਵਨੀਤ ਕੌਰ ਨੇ ਖੇਡਾਂ ਦੇ ਖੇਤਰ ਵਿੱਚ ਕਾਲਜ ਅਤੇ ਮਾਪਿਆਂ ਦਾ ਨਾਂ ਪੂਰੇ ਸੂਬੇ ਵਿੱਚ ਰੌਸ਼ਨ ਕੀਤਾ ਹੈ। ਗੱਤਕਾ ਫੈਡਰੇਸ਼ਨ ਆਫ਼ ਇੰਡੀਆ ਵੱਲੋਂ ਪੰਜਾਬ ਗੱਤਕਾ ਐਸੋਸੀਏਸ਼ਨ ਦੇ ਸਹਿਯੋਗ ਨਾਲ ਕਰਵਾਈ ਗਈ ਰਾਸ਼ਟਰ ਪੱਧਰੀ ਗੱਤਕਾ ਚੈਂਪੀਅਨਸ਼ਿਪ ਵਿੱਚ ਅਵਨੀਤ ਕੌਰ (ਬੀ.ਐਸ.ਸੀ. ਭਾਗ ਪਹਿਲਾ) ਪੁੱਤਰੀ ਸ੍ਰ. ਰਛਪਾਲ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਅਵਨੀਤ ਕੌਰ ਦੀ ਇਸ ਮਾਣਮੱਤੀ ਪ੍ਰਾਪਤੀ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਾਲਜ ਪ੍ਰਬੰਧਕੀ ਕਮੇਟੀ ਅਤੇ ਪ੍ਰਿੰਸੀਪਲ ਸਾਹਿਬ ਨੇ ਕਿਹਾ ਕਿ ਅਵਨੀਤ ਨੇ ਆਪਣੀ ਸਖ਼ਤ ਮਿਹਨਤ ਅਤੇ ਲਗਨ ਨਾਲ ਇਹ ਸਾਬਤ ਕਰ ਦਿੱਤਾ ਹੈ ਕਿ ਅਜੋਕੇ ਸਮੇਂ ਵਿੱਚ ਲੜਕੀਆਂ ਹਰ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਕਾਲਜ ਵੱਲੋਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਆਪਣੀ ਵਿਰਾਸਤੀ ਖੇਡ ਗੱਤਕਾ ਨਾਲ ਜੋੜਨ ਲਈ ਹਮੇਸ਼ਾ ਉਤਸ਼ਾਹਿਤ ਕੀਤਾ ਜਾਂਦਾ ਹੈ। ਇਸ ਮੌਕੇ ਕਾਲਜ ਸਟਾਫ਼ ਅਤੇ ਵਿਦਿਆਰਥੀਆਂ ਨੇ ਅਵਨੀਤ ਕੌਰ ਅਤੇ ਉਸ ਦੇ ਪਰਿਵਾਰ ਨੂੰ ਮੁਬਾਰਕਬਾਦ ਦਿੱਤੀ ਅਤੇ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਅਕਾਲ ਕਾਲਜ ਕੌਂਸਲ ਸਕੱਤਰ ਸ ਜਸਵੰਤ ਸਿੰਘ ਖਹਿਰਾ ਵੱਲੋਂ ਅਵਨੀਤ ਕੌਰ ਅਤੇ ਉਹਨਾਂ ਦੇ ਪਰਿਵਾਰ ਨੂੰ ਮੁਬਾਰਕ ਦਿੱਤੀ ਗਈ। ਅਕਾਲ ਡਿਗਰੀ ਕਾਲਜ ਦੇ ਪ੍ਰਿੰਸੀਪਲ ਡਾ ਅਮਨਦੀਪ ਕੌਰ ਵੱਲੋਂ ਵੀ ਵਿਦਿਆਰਥਣ ਅਵਨੀਤ ਕੌਰ ਦੀ ਇਸ ਪ੍ਰਾਪਤੀ 'ਤੇ ਮਾਣ ਕਰਦਿਆਂ ਗਤਕੇ ਦੇ ਸਿਖਲਾਈ ਦੇ ਰਹੇ ਕੋਚ ਸ.ਸਮਸੇਰ ਸਿੰਘ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ ਗਈ।

# ਸ਼ਿਵਮ ਕਾਲਜ ਦੇ ਵਿਦਿਆਰਥੀ ਨੇ ਭੁਪਾਲ ਖੇਡਾਂ ਵਿੱਚ ਜਿੱਤੇ ਮੈਡਲ



ਲਹਿਰਾਗਾਗਾ, 16 ਜਨਵਰੀ (ਰਾਮੇਸ਼ਵਰ ਸ਼ਰਮਾ/ ਖੁਸ਼ਵਿੰਦਰ ਸ਼ਰਮਾ): ਭੁਪਾਲ ਦੇ ਲੋਅਰ ਲੇਕ ਵਿਖੇ ਇੰਡੀਅਨ ਕਾਇਆਕਿੰਗ ਅਤੇ ਕੈਨੋਇੰਗ ਐਸੋਸੀਏਸ਼ਨ ਦੁਆਰਾ 14ਵੇਂ ਰਾਸ਼ਟਰੀ ਡਰੈਗਨ ਬੋਟ ਚੈਂਪੀਅਨਸ਼ਿਪ 2025-2026 ਮਿਤੀ 05 ਜਨਵਰੀ2026 ਤੋਂ 09/ ਜਨਵਰੀ2026 ਤੱਕ ਕਰਵਾਈ ਗਈ, ਇਸ ਵਿੱਚ ਸ਼ਿਵਮ ਕਾਲਜ ਆਫ ਐਜੂਕੇਸ਼ਨ ਖੋਖਰ ਕਲਾਂ ਦੇ ਬੀ.ਐਡ ਸਮੈਸਟਰ ਚੌਥਾ ਦੇ ਵਿਦਿਆਰਥੀ ਕੁਲਵਿੰਦਰ ਸਿੰਘ ਸਪੁੱਤਰ ਕੱਤਰ ਸਿੰਘ ਨੇ ਡੀ-10 ਰੇਸ 2 ਕਿੱਲੋਮੀਟਰ ਸਿੰਗਲ ਵਿੱਚ ਗੋਲਡ ਮੈਡਲ, -20 ਮਿਕਸ ਰੇਸ 500 ਮੀਟਰ ਵਿੱਚ ਸਿਲਵਰ ਮੈਡਲ ਪ੍ਰਾਪਤ ਕੀਤਾ।ਕਾਲਜ ਦੇ ਚੇਅਰਮੈਨ ਅਨਿਲ ਗਰਗ,ਪ੍ਰਧਾਨ ਰਾਹੁਲ ਗਰਗ, ਪ੍ਰਿੰਸੀਪਲ ਡਾਕਟਰ ਰਮਨਦੀਪ ਕੌਰ ਅਤੇ ਸਮੂਹ ਸਟਾਫ ਨੇ ਵਿਦਿਆਰਥੀ ਦਾ ਕਾਲਜ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਅਤੇ ਵਿਦਿਆਰਥੀ ਨੂੰ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਪੰਜਾਬ ਸਰਕਾਰ ਸੜਕ ਸੁਰੱਖਿਆ ਨੂੰ ਸਭ ਤੋਂ ਵੱਧ ਤਰਜ਼ੀਹ ਦੇ ਰਹੀ ਹੈ : ਅਮਨ ਅਰੋੜਾ



ਸੁਨਾਮ, 16 ਜਨਵਰੀ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ) : ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਸਪੈਸ਼ਲ ਡੀਜੀਪੀ ਏਐਸ, ਆਰਏ ਆਈਪੀਐਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਪੰਜਾਬ ਸਰਕਾਰ ਸੜਕ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਸੜਕ ਹਾਦਸਿਆਂ ਨੂੰ ਘਟਾਉਣ ਦੇ ਉਦੇਸ਼ ਨਾਲ 1 ਜਨਵਰੀ, ਤੋਂ 31 ਜਨਵਰੀ, ਤੱਕ ਰਾਸ਼ਟਰੀ ਸੜਕ ਸੁਰੱਖਿਆ ਮਹੀਨਾ ਮਨਾ ਰਹੀ ਹੈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸੜਕ ਸੁਰੱਖਿਆ ਪੋਸਟਰ ਜਾਰੀ ਕਰਦੇ ਹੋਏ ਕਿਹਾ ਕਿ ਸੜਕ ਸੁਰੱਖਿਆ ਸਰਕਾਰ, ਪ੍ਰਸ਼ਾਸਨ ਅਤੇ ਜਨਤਾ ਦੀ ਸਮੂਹਿਕ ਜ਼ਿੰਮੇਵਾਰੀ ਹੈ। ਪੰਜਾਬ ਸੜਕ ਸੁਰੱਖਿਆ ਸਲਾਹਕਾਰ ਕਮੇਟੀ ਦੇ ਮੈਂਬਰ ਪੰਕਜ ਅਰੋੜਾ ਨੇ ਕਿਹਾ ਕਿ ਇਹ ਮਹੀਨਾ ਹਰ ਸਾਲ ਵਾਂਗ ਸੂਬੇ ਭਰ ਵਿੱਚ ਮਨਾਇਆ ਜਾ ਰਿਹਾ ਹੈ। ਇਸ ਮੁਹਿੰਮ ਵਿੱਚ ਜਾਗਰੂਕਤਾ ਸੈਮੀਨਾਰ, ਹੈਲਮੇਟ ਅਤੇ ਸੀਟ ਬੈਲਟ ਦੀ ਲਾਜ਼ਮੀ ਵਰਤੋਂ, ਸ਼ਰਾਬ ਪੀ ਕੇ ਗੱਡੀ ਚਲਾਉਣ ਵਿਰੁੱਧ ਵਿਸ਼ੇਸ਼ ਨਾਕਾਬੰਦੀ, ਕਾਲੇ ਸਹਾਰੇ ਤੇ ਸੱਟਾਂ ਵਿੱਚ ਸੁਧਾਰ, ਨਵੇਂ ਸਾਈਨ ਬੋਰਡ ਅਤੇ ਹੋਰ ਕਈ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਪੰਜਾਬ ਸਰਕਾਰ ਸੁਰੱਖਿਆ ਨੂੰ ਸਭ ਤੋਂ ਵੱਧ ਤਰਜ਼ੀਹ ਦੇ ਰਹੀ ਹੈ। ਇਸ ਮੌਕੇ ਸੜਕ ਸੁਰੱਖਿਆ ਸਲਾਹਕਾਰ ਕਮੇਟੀ ਦੇ ਮੈਂਬਰ ਪੰਕਜ ਅਰੋੜਾ, ਮਾਰਕੀਟ ਕਮੇਟੀ ਦੇ ਚੇਅਰਮੈਨ ਮੁਕੇਸ਼ ਜੁਨੇਜਾ, ਡੀਐਸਪੀ ਹਰਵਿੰਦਰ ਸਿੰਘ ਖਹਿਰਾ ਅਤੇ ਟ੍ਰੈਫਿਕ ਇੰਚਾਰਜ ਨਿਰਭੈ ਸਿੰਘ ਮੌਜੂਦ ਸਨ।

# ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਕਮਿਊਨਿਟੀ ਹਾਲ ਦਾ ਕੰਮ ਜੰਗੀ ਪੱਧਰ ਉੱਤੇ ਜਾਰੀ: ਚੀਮਾ

## ਕੈਬਨਿਟ ਮੰਤਰੀ ਨੇ ਨਿਰਮਾਣ ਕਾਰਜਾਂ ਦਾ ਲਿਆ ਜਾਇਜ਼ਾ; ਪ੍ਰੋਜੈਕਟ ਜਲਦ ਹੋਵੇਗਾ ਮੁਕੰਮਲ



ਦਿੜ੍ਹਬਾ, 16 ਜਨਵਰੀ( - ਹੈਪੀ): ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਤੇ ਹਲਕੇ ਵਿੱਚ ਵਿਕਾਸ ਕਾਰਜ ਜੰਗੀ ਪੱਧਰ ਉਤੇ ਜਾਰੀ ਹਨ ਤੇ ਲੋਕਾਂ ਦੀਆਂ ਸਾਰੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾਣਾ ਯਕੀਨੀ ਬਣਾਇਆ ਜਾ ਰਿਹਾ ਹੈ। ਇਸੇ ਲੜੀ ਤਹਿਤ ਦਿੜ੍ਹਬਾ ਵਿਖੇ ਕਰੀਬ 02.25 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਕਮਿਊਨਿਟੀ ਹਾਲ ਦਾ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ। ਇਸ ਕਮਿਊਨਿਟੀ ਹਾਲ ਦਾ 50 ਫ਼ੀਸਦ ਕੰਮ ਪੂਰਾ ਹੋ ਗਿਆ ਹੈ ਤੇ ਰਹਿੰਦਾ ਕੰਮ ਬਹੁਤ ਜਲਦ ਮੁਕੰਮਲ ਕਰਵਾਇਆ ਜਾਵੇਗਾ। ਇਸ ਦੀ ਸਮਰੱਥਾ ਕਰੀਬ 400 ਵਿਅਕਤੀਆਂ ਦੀ ਹੈ। ਇਹ ਗੱਲ ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਇਸ ਪ੍ਰੋਜੈਕਟ ਦੇ ਨਿਰਮਾਣ ਕਾਰਜਾਂ ਦਾ ਜਾਇਜ਼ਾ ਲੈਣ ਮੌਕੇ ਆਖੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਦਿੜ੍ਹਬਾ ਦੇ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਅਤੇ ਗਰੀਬ ਲੋਕਾਂ ਦੀ ਚਿਰੋਕਣੀ ਮੰਗ ਸੀ ਕਿ ਖੁਸ਼ੀ-ਗਮੀ ਦੇ ਸਮਾਗਮ ਕਰਨ ਲਈ ਕੋਈ ਹਾਲ ਬਣਾਇਆ ਜਾਵੇ, ਜਿਸ ਦੇ ਮੱਦੇਨਜ਼ਰ ਇਹ ਹਾਲ ਦਾ ਬਣਾਇਆ ਜਾ ਰਿਹਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਹਾਲ ਦਾ ਵੱਡੀ ਗਿਣਤੀ ਲੋਕਾਂ ਨੂੰ ਫਾਇਦਾ ਹੋਵੇਗਾ, ਖਾਸਕਰ ਕੇ ਗ਼ਰੀਬ ਤੇ ਮੱਧਵਰਗੀ ਪਰਿਵਾਰ ਆਪਣੇ ਖੁਸ਼ੀ ਤੇ ਗਮੀ ਸਬੰਧੀ ਸਮਾਗਮ ਬਹੁਤ ਸੌਖਿਆਂ ਇੱਥੇ ਕਰ ਸਕਣਗੇ। ਸ. ਚੀਮਾ ਨੇ ਕਿਹਾ ਕਿ ਗਰੀਬ ਤੇ ਮੱਧ ਵਰਗੀ ਪਰਿਵਾਰ ਜਦੋਂ ਆਪਣੇ ਸਮਾਗਮ ਕਰਜ਼ਾ ਚੁੱਕ ਕੇ ਮਹਿੰਗੇ ਪੈਲੇਸਾਂ ਵਿੱਚ ਕਰਦੇ ਹਨ, ਤਾਂ ਕਰਜ਼ੇ ਦੇ ਬੋਝ ਹੇਠ ਦੱਬੇ ਜਾਂਦੇ ਹਨ ਤੇ ਕਈ-ਕਈ ਸਾਲ ਉਨ੍ਹਾਂ ਦੀਆਂ ਮੁਸ਼ਕਲਾਂ ਹੱਲ ਨਹੀਂ ਹੁੰਦੀਆਂ ਪਰ ਇਹ ਕਮਿਊਨਿਟੀ ਹਾਲ ਲੋਕਾਂ ਲਈ ਸਹਾਈ ਸਿੱਧ ਹੋਵੇਗਾ ਤੇ ਉਨ੍ਹਾਂ ਨੂੰ ਕਰਜ਼ੇ ਤੋਂ ਵੀ ਬਚਾਏਗਾ।ਕੈਬਨਿਟ ਮੰਤਰੀ ਨੇ ਕਿਹਾ ਕਿ ਹਲਕਾ ਦਿੜ੍ਹਬਾ ਦੇ ਪਿੰਡਾਂ ਦੇ ਵਿਕਾਸ ਵੱਲ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ ਤੇ ਉਹ ਤਨਦੇਹੀ ਨਾਲ ਕੰਮ ਕਰਦੇ ਹੋਏ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਨੂੰ ਆਪਣੀ ਨਿਗਰਾਨੀ ਹੇਠ ਪੂਰਾ ਕਰਵਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਸੜਕਾਂ, ਖੇਡ ਗਲੀਆਂ, ਟੋਭਿਆਂ ਦੀ ਸਫਾਈ, ਪਿੰਡਾਂ ਦੇ ਸਕੂਲਾਂ ਦੀ ਕਾਇਆ ਕਲਪ, ਮੰਡੀਆਂ ਦੀ ਅਪਗ੍ਰੇਡੇਸ਼ਨ, ਆਦਿ ਕੋਈ ਵੀ ਅਜਿਹਾ ਪੱਖ ਨਹੀਂ ਹੈ, ਜਿਸ ਸਬੰਧੀ ਵਿਕਾਸ ਕਾਰਜ ਨਾ ਹੋਏ ਹੋਣ ਜਾਂ ਵਿਕਾਸ ਕਾਰਜ ਨਾ ਚੱਲ ਰਹੇ ਹੋਣ। ਹਲਕਾ ਦਿੜ੍ਹਬਾ ਸੂਬੇ ਭਰ ਵਿੱਚ ਮਿਸਾਲ ਬਣ ਕੇ ਉੱਭਰ ਰਿਹਾ ਹੈ।ਇਸ ਮੌਕੇ ਓ.ਐਸ.ਡੀ. ਤਪਿੰਦਰ ਸਿੰਘ ਸੋਹੀ, ਨਗਰ ਪੰਚਾਇਤ ਦਿੜ੍ਹਬਾ ਦੇ ਪ੍ਰਧਾਨ ਮਨਿੰਦਰ ਸਿੰਘ, ਐਸ.ਡੀ.ਐਮ. ਦਿੜ੍ਹਬਾ ਰਾਜੇਸ਼ ਕੁਮਾਰ ਸ਼ਰਮਾ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਤੇ ਵੱਡੀ ਗਿਣਤੀ ਦਿੜ੍ਹਬਾ ਵਾਸੀ ਹਾਜ਼ਰ ਸਨ।

# ਬਲਕਾਰ ਸਿੱਧੂ ਨੇ ਟਰੱਕ ਆਪਰੇਟਰਾਂ ਨੂੰ ਸਾਢੇ ਚਾਰ ਕਰੋੜ ਰੁਪਏ ਦੇ ਚੈੱਕ ਵੰਡੇ



ਰਾਮਪੁਰਾ ਫੂਲ,16 ਜਨਵਰੀ (ਮਨਪ੍ਰੀਤ ਮਿੱਟੂ):ਹਲਕਾ ਰਾਮਪੁਰਾ ਫੂਲ ਦੇ ਵਿਧਾਇਕ ਸ. ਬਲਕਾਰ ਸਿੱਧੂ ਵੱਲੋਂ ਸਾਉਣੀ ਦੇ ਸੀਜ਼ਨ ਦੌਰਾਨ ਮੰਡੀਆਂ ਵਿੱਚੋਂ ਝੋਨੇ ਦੀ ਢੋਆ-ਢੁਆਈ ਕਰਨ ਵਾਲੇ ਟਰੱਕ ਆਪਰੇਟਰਾਂ ਨੂੰ ਸਾਢੇ ਚਾਰ ਕਰੋੜ ਰੁਪਏ ਦੇ ਗੱਲੇ ਦੇ ਚੈੱਕ ਰਾਮਪੁਰਾ ਫੂਲ ਵਿਖੇ ਵੰਡੇ ਗਏ।ਇਸ ਮੌਕੇ ਵਿਧਾਇਕ ਬਲਕਾਰ ਸਿੱਧੂ ਨੇ ਟਰੱਕ ਯੂਨੀਅਨ ਰਾਮਪੁਰਾ ਫੂਲ ਦੇ ਨੌਜਵਾਨ ਪ੍ਰਧਾਨ ਸ਼ੇਰ ਬਹਾਦਰ ਸਿੰਘ ਧਾਲੀਵਾਲ ਦੀ ਯੋਗ ਅਗਵਾਈ ਹੇਠ ਨਿਰਪੱਖਤਾ ਅਤੇ ਇਮਾਨਦਾਰੀ ਨਾਲ ਚੱਲ ਰਹੇ ਕੰਮ ਦੀ ਖੁੱਲ੍ਹ ਕੇ ਸਰਾਹਨਾ ਕੀਤੀ। ਉਨ੍ਹਾਂ ਕਿਹਾ ਕਿ ਟਰੱਕ ਯੂਨੀਅਨ ਰਾਮਪੁਰਾ ਫੂਲ ਵੱਲੋਂ ਪਾਰਦਰਸ਼ੀ ਅਤੇ ਇਮਾਨਦਾਰ ਢੰਗ ਨਾਲ ਕੰਮ ਕਰਦਿਆਂ ਹਰ ਹੱਕਦਾਰ ਟਰੱਕ ਆਪਰੇਟਰ ਨੂੰ ਉਸਦਾ ਬਣਦਾ ਹੱਕ ਮਿਲਿਆ ਹੈ।ਵਿਧਾਇਕ ਸਿੱਧੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਭਲਾਈ ਲਈ ਨੇਕ ਨੀਅਤ ਅਤੇ ਪੂਰੀ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ, ਜਿਸ ਦਾ ਸਿੱਧਾ ਲਾਭ ਆਮ ਜਨਤਾ ਤੱਕ ਪਹੁੰਚ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿਛਲੀਆਂ ਸਰਕਾਰਾਂ ਦੀ ਧੱਕੇਸ਼ਾਹੀ, ਲੁੱਟ ਅਤੇ ਭ੍ਰਿਸ਼ਟਾਚਾਰ ਵਾਲੀ ਨੀਤੀ ਤੋਂ ਤੰਗ ਆ ਚੁੱਕੇ ਲੋਕ ਅੱਜ ਆਪ ਸਰਕਾਰ ਦੇ ਲੋਕ-ਪੱਖੀ ਫੈਸਲਿਆਂ ਦੀ ਖੁੱਲ੍ਹ ਕੇ ਸ਼ਲਾਘਾ ਕਰ ਰਹੇ ਹਨ।ਸ. ਬਲਕਾਰ ਸਿੱਧੂ ਨੇ ਲੋਕਾਂ ਨੂੰ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਦੀ ਅਪੀਲ ਕਰਦਿਆਂ ਹੋਰ ਪਾਰਟੀਆਂ ਦੀਆਂ ਲੋਕ ਵਿਰੋਧੀ ਅਤੇ ਭਟਕਾਉਣ ਵਾਲੀਆਂ ਨੀਤੀਆਂ ਤੋਂ ਸਾਵਧਾਨ ਰਹਿਣ ਦੀ ਤਾਕੀਦ ਕੀਤੀ।ਇਸ ਮੌਕੇ ਟਰੱਕ ਯੂਨੀਅਨ ਦੇ ਪ੍ਰਧਾਨ ਸ਼ੇਰ ਬਹਾਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਟਰੱਕ ਆਪਰੇਟਰਾਂ ਦੇ ਹੱਕ ਪੂਰੀ ਤਰ੍ਹਾਂ ਸੁਰੱਖਿਅਤ ਹਨ ਅਤੇ ਉਨ੍ਹਾਂ ਨਾਲ ਹਰ ਪੱਧਰ 'ਤੇ ਪੂਰੀ ਇਮਾਨਦਾਰੀ ਨਾਲ ਇਨਸਾਫ਼ ਕੀਤਾ ਜਾ ਰਿਹਾ ਹੈ।ਇਸ ਮੌਕੇ ਟਰੱਕ ਆਪਰੇਟਰਾਂ ਵੱਲੋਂ ਹਲਕਾ ਵਿਧਾਇਕ ਬਲਕਾਰ ਸਿੱਧੂ ਦੀਆਂ ਵਿਕਾਸਮਈ ਅਤੇ ਲੋਕ-ਹਿਤੈਸ਼ੀ ਨੀਤੀਆਂ ਦੀ ਖੁੱਲ੍ਹ ਕੇ ਸ਼ਲਾਘਾ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।ਇਸ ਸਮਾਗਮ ਦੌਰਾਨ ਚੇਅਰਮੈਨ ਭੋਲਾ ਸ਼ਰਮਾ, ਸੀਨੀਅਰ ਆਗੂ ਰੌਬੀ ਬਰਾੜ, ਸੀਨੀਅਰ ਆਗੂ ਗੁਰਭਜਨ ਢਿੱਲੋਂ ਸਮੇਤ ਵੱਡੀ ਗਿਣਤੀ ਵਿੱਚ ਟਰੱਕ ਆਪਰੇਟਰ ਮੌਜੂਦ ਸਨ।

# ਕਿਸਾਨਾਂ ਨੇ ਡੀਸੀ ਦਫ਼ਤਰ ਅੱਗੇ ਕੀਤਾ ਵਿਸ਼ਾਲ ਰੋਸ ਪ੍ਰਦਰਸ਼ਨ



ਸੰਗਰੂਰ, 16 ਜਨਵਰੀ ( ਹਰਕੰਵਲ ਸਿੰਘ ਹੈਪੀ ): ਸੰਯੁਕਤ ਕਿਸਾਨ ਮੋਰਚਾ ਕੇਂਦਰੀ ਟਰੇਡ ਯੂਨੀਅਨ ਅਤੇ ਖੇਤ ਮਜ਼ਦੂਰ ਯੂਨੀਅਨਾਂ ਦੇ ਸਾਂਝੇ ਮੋਰਚੇ ਵੱਲੋਂ ਸੂਬਾ ਪੱਧਰੀ ਸੱਦੇ ਦੇ ਤਹਿਤ ਡੀਸੀ ਦਫਤਰ ਸੰਗਰੂਰ ਅੱਗੇ ਵਿਸ਼ਾਲ ਰੋਸ ਰੈਲੀ ਕੀਤੀ। ਇਸ ਮੌਕੇ ਏਡੀਸੀ ਸੰਗਰੂਰ ਨੇ ਧਰਨੇ ਵਿੱਚ ਆ ਕੇ ਕਿਸਾਨ ਆਗੂਆਂ ਪਾਸੋਂ ਮੰਗ ਪੱਤਰ ਹਾਸਿਲ ਕੀਤਾ।ਇਸ ਦੌਰਾਨ ਧਰਨੇ ਨੂੰ ਸੰਬੋਧਨ ਕਰਦਿਆਂ ਬੀਕੇਯੂ ਏਕਤਾ ਉਗਰਾਹਾਂ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ,ਬੀਕੇਯੂ ਡਕੌਂਦਾ ਬੁਰਜ ਗਿੱਲ ਦੇ ਸੂਬਾ ਮੀਤ ਪ੍ਰਧਾਨ ਗੁਰਮੀਤ ਸਿੰਘ ਭੱਟੀਵਾਲ,ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ,ਕੁਲ ਹਿੰਦ ਕਿਸਾਨ ਸਭਾ ਅਜੇ ਭਵਨ ਦੇ ਆਗੂ ਬਲਦੇਵ ਸਿੰਘ ਨਿਹਾਲਗੜ੍ਹ,ਬੀਕੇਯੂ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ,ਬੀਕੇਯੂ ਧਨੇਰ ਦੇ ਸੂਬਾ ਆਗੂ ਕਰਮਜੀਤ ਸਿੰਘ ਛੰਨਾਂ,ਕੁੱਲ ਹਿੰਦ ਕਿਸਾਨ ਫੈਡਰੇਸ਼ਨ ਦੇ ਸੂਬਾ ਆਗੂ ਕਿਰਨਜੀਤ ਸਿੰਘਸੇਖੋਂ,ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੂਬਾ ਆਗੂ ਮੇਜਰ ਸਿੰਘ ਪੁੰਨਾਂਵਾਲ,ਏਟਕ ਦੇ ਸੂਬਾ ਆਗੂ ਕਾਮਰੇਡ ਸੁਖਦੇਵ ਸ਼ਰਮਾ,ਸੀਟੂ ਦੇ ਆਗੂ ਕਾਮਰੇਡ ਇੰਦਰਪਾਲ ਪੁਨਾਂਵਾਲ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਸੂਬਾ ਵਿੱਤ ਸਕੱਤਰ ਬਿੱਕਰ ਸਿੰਘ ਹਥੋਆ, ਇੰਪਲਾਈਜ ਫੈਡਰੇਸ਼ਨ ਪੰਜਾਬ ਦੇ ਆਗੂ ਬਿਕਰਮਜੀਤ ਸਿੰਘ ਨੇ ਦੱਸਿਆ ਕਿ ਬਿਜਲੀ ਸੋਧ ਬਿੱਲ 2025,ਬੀਜ ਬਿੱਲ 2025 ,ਨਰੇਗਾ ਵਿੱਚ ਸੋਧ ਕਰਕੇ ਲਿਆਂਦਾ ਜੀ ਰਾਮ ਜੀ ਕਾਨੂੰਨ ਅਤੇ ਕਿਰਤ ਕਾਨੂੰਨਾਂ ਵਿੱਚ ਸੋਧ ਕਰਕੇ ਬਣਾਏ ਲੇਬਰ ਕੋਡ,ਦੇਸ਼ ਦੇ ਕਿਰਤੀ ਲੋਕਾਂ ਦੇ ਖ਼ਿਲਾਫ਼ ਕੇਂਦਰ ਸਰਕਾਰ ਦਾ ਨਵਾਂ ਹਮਲਾ ਹੈ। ਕੇਂਦਰ ਦੀ ਭਾਜਪਾ ਹਕੂਮਤ ਕਾਰਪੋਰੇਟ ਘਰਾਣਿਆਂ ਤੇ ਸਾਮਰਾਜੀ ਕੰਪਨੀਆਂ ਦੇ ਮੁਨਾਫ਼ੇ ਸੁਰੱਖਿਅਤ ਕਰਨ ਲਈ ਇਹ ਬਿੱਲ ਲੈ ਕੇ ਆਈ ਹੈ। ਆਗੂਆਂ ਨੇ ਫੌਰੀ ਇਹਨਾਂ ਬਿਲਾਂ ਨੂੰ ਵਾਪਸ ਲੈਣ ਦੀ ਮੰਗ ਕੀਤੀ ਅਤੇ ਲੋਕਾਂ ਨੂੰ ਸੱਦਾ ਦਿੱਤਾ ਕਿ ਇਨਾਂ ਲੋਕ ਵਿਰੋਧੀ ਨੀਤੀਆਂ ਨੂੰ ਵਾਪਸ ਕਰਾਉਣ ਲਈ ਪਿੰਡ ਪਿੰਡ ਤੱਕ ਲੋਕਾਂ ਨੂੰ ਜਾਗਰੂਕ ਕਰਕੇ ਵਿਸ਼ਾਲ ਸੰਘਰਸ਼ ਵਿੱਢਣ ਦੀ ਲੋੜ ਤੇ ਜ਼ੋਰ ਦਿੱਤਾ। ਅੱਜ ਦੇ ਰੋਸ ਧਰਨੇ ਨੂੰ ਉਪਰੋਕਤ ਆਗੂਆਂ ਤੋਂ ਇਲਾਵਾ ਜਮਹੂਰੀ ਕਿਸਾਨ ਸਭਾ ਦੇ ਸੂਬਾ ਆਗੂ ਊਧਮ ਸਿੰਘ ਸੰਤੋਖਪੁਰਾ,ਬੀਕੇਯੂ ਉਗਰਾਹਾਂ ਦੇ ਔਰਤ ਆਗੂ ਰਣਦੀਪ ਕੌਰ ਰਟੋਲਾਂ,ਅਮਰੀਕ ਸਿੰਘ ਗੰਢੂਆਂ,ਪੱਤਰਕਾਰ ਭਾਈਚਾਰੇ ਵੱਲੋਂ ਲੋਕ ਆਵਾਜ਼ ਟੀਵੀ ਤੋਂ ਮਨਿੰਦਰਜੀਤ ਸਿੰਘ ਸਿੱਧੂ,ਟੀਐਸਯੂ ਤੋਂ ਸੂਬਾ ਆਗੂ ਲਖਵਿੰਦਰ ਸਿੰਘ,ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਲਖਬੀਰ ਸਿੰਘ ਲੌਂਗੋਵਾਲ,ਬੇਰੁਜ਼ਗਾਰ ਯੂਨੀਅਨ ਵੱਲੋਂ ਸੁਖਵਿੰਦਰ ਸਿੰਘ ਢਿੱਲਵਾਂ,ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਆਗੂ ਹਰਭਗਵਾਨ ਮੂਣਕ, ਨਿਰਮਲ ਸਿੰਘ ਬਟੜਿਆਣਾ,ਦਰਸ਼ਨ ਸਿੰਘ ਕੂੰਨਰਾਂ, ਕਸ਼ਮੀਰ ਸਿੰਘ ਘਰਾਚੋਂ,ਮਜ਼ਦੂਰ ਮੁਕਤੀ ਮੋਰਚਾ ਦੇ ਸੂਬਾ ਆਗੂ ਬਿੱਟੂ ਖੋਖਰ,ਨਰੰਜਣ ਸਿੰਘ ਚੁਨਾਗਰਾ, ਜਮਹੂਰੀ ਅਧਿਕਾਰ ਸਭਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਬਸ਼ੇਸ਼ਰ ਰਾਮ,ਫਲਜੀਤ ਸਿੰਘ,ਟਰਾਸਕੋ ਠੇਕਾ ਮੁਲਾਜਮ ਆਗੂ ਅਨੁਜ ਕੁਮਾਰ, ਸਾਬਕਾ ਸੈਨਿਕਾਂ ਵੱਲੋਂ ਜਗਤਾਰ ਸਿੰਘ ਛਾਜਲਾ, ਸੁਬਾਰਡੀਨੇਟ ਫੈਡਰੇਸ਼ਨ ਵੱਲੋਂ ਸਰਬਜੀਤ ਸਿੰਘ ਪੁੰਨਾਵਾਲ,ਤਰਕਸ਼ੀਲ ਆਗੂ ਜੁਝਾਰ ਲੌਂਗੋਵਾਲ,ਜਨਕ ਸਿੰਘ ਭੁਟਾਲ ਅਤੇ ਨਰੰਜਣ ਸਿੰਘ ਸਫੀਪੁਰ ਨੇ ਸੰਬੋਧਨ ਕੀਤਾ।

# ਗੁਰੂ ਤੇਗ ਬਹਾਦਰ ਕਾਲਜ ਲਹਿਲ ਖੁਰਦ ਦਾ ਨਤੀਜਾ ਸ਼ਾਨਦਾਰ ਰਿਹਾ



ਲਹਿਰਾਗਾਗਾ, 16 ਜਨਵਰੀ (ਗੁਰਦੀਪ ਸਿੰਘ) : ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਬੀ ਸੀ ਏ ਦੂਜਾ ਸਮੈਸਟਰ ਚੌਥਾ ਦੇ ਨਤੀਜੇ ਵਿੱਚ ਗੁਰੂ ਤੇਗ ਬਹਾਦਰ ਕਾਲਜ ਫਾਰ ਵੂਮੈਨ ਲੇਹਲ ਖੁਰਦ ਦਾ ਨਤੀਜਾ ਸ਼ਾਨਦਾਰ ਰਿਹਾ ,ਕਾਲਜ ਦੇ ਪ੍ਰਿੰਸੀਪਲ ਰੀਤੂ ਗੋਇਲ ਨੇ ਦੱਸਿਆ ਕਿ ਵਿਦਿਆਰਥਣ ਸੁਖਪ੍ਰੀਤ ਕੌਰ ਨੇ 86.43 ਫੀਸਦੀ ਅੰਕ ਲੈ ਕੇ ਪਹਿਲਾ, ਨਵਿੰਦਰ ਕੌਰ ਨੇ 85.43 ਫੀਸਦੀ ਅੰਕ ਲੈ ਕੇ ਦੂਸਰਾ ਅਤੇ ਮਨਿੰਦਰ ਕੌਰ ਨੇ 84.43 ਫੀਸਦੀ ਅੰਕਾਂ ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਤਰ੍ਹਾਂ ਹੀ ਬਾਕੀ ਵਿਦਿਆਰਥਣਾਂ ਦਾ ਨਤੀਜਾ ਵੀ ਸ਼ਾਨਦਾਰ ਰਿਹਾ, ਕਾਲਜ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਰਜੇਸ਼ ਕੁਮਾਰ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦੇਣ 'ਤੇ ਅਵਲ ਆਏ ਵਿਦਿਆਰਥੀਆਂ ਦੇ ਮਾਪਿਆਂ ਅਤੇ ਕਾਲਜ ਪ੍ਰਿੰਸੀਪਲ ਰੀਤੂ ਗੋਇਲ ਅਤੇ ਸਮੂਹ ਸਟਾਫ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਾਡੀ ਸੰਸਥਾ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦਾ ਸਰਬ ਪੱਖੀ ਵਿਕਾਸ ਕਰਕੇ ਉਨਾਂ ਨੂੰ ਹਰ ਇੱਕ ਖੇਤਰ ਦੇ ਵਿੱਚ ਸਫਲ ਬਣਾਉਣਾ ਹੈ, ਵਾਇਸ ਚੇਅਰਮੈਨ ਵਿਜੇ ਕੁਮਾਰ ਅਤੇ ਜਰਨਲ ਸੈਕਟਰੀ ਪ੍ਰੇਮ ਕੁਮਾਰ ਅਤੇ ਪ੍ਰਿੰਸੀਪਲ ਰਿਤੂ ਗੋਇਲ ਨੇ ਮੈਨੇਜਮੈਂਟ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀ ਸਖਤ ਮਿਹਨਤ ਕਰਕੇ ਕੋਈ ਵੀ ਮੰਜ਼ਿਲ ਪ੍ਰਾਪਤ ਕਰ ਸਕਦੇ ਹਨ,ਉਨਾਂ ਕਿਹਾ ਕਿ ਸਾਡੀ ਸੰਸਥਾ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਕਰਕੇ ਹਰ ਖੇਤਰ ਵਿੱਚ ਨਿਪੁੰਨ ਬਣਾਉਣਾ ਹੈ।

# ਕਰਨਲ ਗਰੁੱਪ 'ਚ ਲੋਹੜੀ ਧੂਮ-ਧਾਮ ਨਾਲ ਮਨਾਈ

ਲਹਿਰਾਗਾਗਾ, 16 ਜਨਵਰੀ (ਗੁਰਦੀਪ ਸਿੰਘ) : ਕਰਨਲ ਗਰੁੱਪ ਆਫ ਇੰਸਟੀਚਿਊਸ਼ਨ ਵਿੱਚ ਪਿਛਲੇ ਦਿਨੀ ਲੋਹੜੀ ਦਾ ਤਿਉਹਾਰ ਬੜੀ ਧੂਮ -ਧਾਮ ਨਾਲ ਮਨਾਇਆ ਗਿਆ, ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਜੀਵ ਡਬਰਾਲ, ਵਾਈਸ ਪ੍ਰਿੰਸੀਪਲ ਕ੍ਰਿਸ਼ਨ ਕੁਮਾਰ, ਗਰੁੱਪ ਦੇ ਪ੍ਰਬੰਧਕ ਨਰੇਸ਼ ਰਾਠੀ ਅਤੇ ਸਾਰੇ ਕਾਲਜਾਂ ਦੇ ਪ੍ਰਿੰਸੀਪਲ ਡਾਕਟਰ ਪੂਜਾ ਰਾਠੀ, ਹਰਜੀਤ ਕੌਰ, ਕੁਲਦੀਪ ਸਿੰਘ, ਜਸ਼ਨ ਕੁਮਾਰ ਅਤੇ ਸਟਾਫ ਮੈਂਬਰਾਂ ਵਲੋਂ ਮਿਲ ਕੇ ਲੋਹੜੀ ਦੇ ਤਿਉਹਾਰ ਨੂੰ ਬੜੀ ਖੁਸ਼ੀਆਂ ਨਾਲ ਮਨਾਇਆ ਗਿਆ,ਲੋਹੜੀ ਦੇ ਮੌਕੇ ਪਰੰਪਰਾਗਤ, ਪੰਜਾਬੀ ਸੱਭਿਆਚਾਰ ਨੂੰ ਪ੍ਰਦਰਸ਼ਿਤ ਕਰਦੇ ਹੋਏ ਦੁੱਲਾ ਭੱਟੀ, ਗਿੱਧਾ ਅਤੇ ਭੰਗੜਾ ਵੀ ਪਾਇਆ ਗਿਆ, ਉਹਨਾਂ ਲੋਹੜੀ ਦੇ ਮਹੱਤਵ ਨੂੰ ਸਮਝਾਉਂਦੇ ਹੋਏ ਕਿਹਾ ਕਿ ਇਹ ਤਿਉਹਾਰ ਭਾਈਚਾਰੇ ਅਤੇ ਸਭਿਆਚਾਰ ਦਾ ਪ੍ਰਤੀਕ ਹੈ ਇਸ ਮੌਕੇ ਕਰਨਲ ਗਰੁੱਪ ਆਫ ਇੰਸਟੀਚਿਊਸ਼ਨ ਦੇ ਡਾਇਰੈਕਟਰ ਰਿਟਾਇਰਡ ਕਰਨਲ ਓਪੀ ਰਾਠੀ ਅਤੇ ਚੰਦਰਕਲਾ ਰਾਠੀ ਨੇ ਕਿਹਾ ਕਿ ਲੋਹੜੀ ਦਾ ਤਿਉਹਾਰ ਸਾਨੂੰ ਆਪਣੇ ਸੱਭਿਆਚਾਰ ਅਤੇ ਪਰੰਪਰਾਵਾਂ ਨੂੰ ਯਾਦ ਰੱਖਣ ਦਾ ਮੌਕਾ ਪ੍ਰਦਾਨ ਕਰਦਾ ਹੈ।

# ਮੁਆਲ ਪਰਿਵਾਰ ਨੂੰ ਸਦਮਾ, ਸ਼ਮਸੇਰ ਸਿੰਘ ਠਸਕਾ ਦਾ ਦੇਹਾਂਤ



ਖਨੌਰੀ, 16 ਜਨਵਰੀ (ਓਮਪ੍ਰਕਾਸ਼ ਮੁਆਲ ) : ਨਜ਼ਦੀਕੀ ਪਿੰਡ ਠਸਕਾ ਵਿੱਚ ਰਹਿੰਦੇ ਮੁਆਲ ਪਰਿਵਾਰਕ ਮੈਂਬਰਾਂ ਨੂੰ ਭਾਰੀ ਸਦਮਾ ਲੱਗਿਆ, ਜਦੋਂ ਮੌਜੂਦਾ ਪੰਚਾਇਤ ਮੈਂਬਰ ਸ਼ਮਸੇਰ ਸਿੰਘ ਦੀ ਹਾਰਟ ਅਟੈਕ ਨਾਲ ਮੌਤ ਹੋਣ ਬਾਰੇ ਦੁਖਦਾਇਕ ਜਾਣਕਾਰੀ ਪ੍ਰਾਪਤ ਹੋਈ ਹੈ। ਉਸ ਦੇ ਭਰਾ ਮਨੋਹਰ ਸਿੰਘ ਨੇ ਦੱਸਿਆ ਕਿ ਪੰਚਾਇਤ ਮੈਂਬਰ ਸ਼ਮਸੇਰ ਸਿੰਘ ਦੀ ਅੱਜ ਸਵੇਰੇ ਛੇ ਵਜੇ ਦੇ ਕਰੀਬ ਹਾਰਟ ਅਟੈਕ ਹੋਣ ਨਾਲ ਮੌਤ ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਸੰਗਰਾਂਦ ਵਾਲੀ ਰਾਤ ਨੂੰ ਜਦੋਂ ਉਹ ਪਿਸ਼ਾਬ ਕਰਨ ਲਈ ਉਠਿਆ ਤਾਂ ਪੈਰ ਫਿਸਲਣ ਕਾਰਨ ਅਚਾਨਕ ਬਾਥਰੂਮ ਕੋਲ ਡਿੱਗ ਪਿਆ ਸੀ। ਇਸ ਤੋਂ ਬਾਅਦ ਉਸ ਨੂੰ ਦਵਾਈ ਦਵਾਉਣ ਲਈ ਰੋਹਤਕ ਲਿਜਾਇਆ ਗਿਆ , ਜਿੱਥੇ ਦੇਰ ਹੋਣ ਕਾਰਨ ਪਰਿਵਾਰਕ ਮੈਂਬਰਾਂ ਨਾਲ ਉਸ ਨੂੰ ਸਹੁਰੇ ਪਿੰਡ ਰਾਖੀ ਗੜ੍ਹੀ ਲਿਜਾਇਆ ਗਿਆ। ਉਹ ਸਾਰੀ ਰਾਤ ਠੀਕ ਠਾਕ ਰਿਹਾ ਤੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਕਰਦਾ ਰਿਹਾ। ਸਵੇਰੇ ਗੱਲਬਾਤ ਕਰਦਿਆਂ ਉਸ ਨੂੰ ਅਚਾਨਕ ਹਾਰਟ ਅਟੈਕ ਹੋ ਗਿਆ, ਜਦੋਂ ਮੌਕੇ 'ਤੇ ਡਾਕਟਰ ਨੂੰ ਬੁਲਾਇਆ ਗਿਆ ਤਾਂ ਉਨ੍ਹਾਂ ਉਸ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ, ਜਿਸ ਦੀ ਜਾਣਕਾਰੀ ਮਿਲਣ 'ਤੇ ਪਿੰਡ ਠਸਕਾ ਅਤੇ ਨਾਲ ਲਗਦੇ ਪਿੰਡਾਂ ਦੇ ਲੋਕਾਂ ਵਿੱਚ ਸ਼ੋਕ ਦੀ ਲਹਿਰ ਦੌੜ ਗਈ। ਦੇਰ ਸ਼ਾਮ ਨੂੰ ਪਿੰਡ ਠਸਕਾ ਦੇ ਸ਼ਮਸ਼ਾਨਘਾਟ ਵਿੱਚ ਸ਼ਮਸੇਰ ਸਿੰਘ ਦਾ ਅੰਤਮ ਸਸਕਾਰ ਕੀਤਾ ਗਿਆ। ਜਿੱਥੇ ਪਰਿਵਾਰਕ ਮੈਂਬਰਾਂ ਨਾਲ ਰਿਸ਼ਤੇਦਾਰਾਂ ਅਤੇ ਦੋਸਤ ਮਿੱਤਰਾਂ ਨੇ ਨਮ ਅੱਖਾਂ ਨਾਲ ਉਸ ਨੂੰ ਵਿਦਾਈ ਦਿੱਤੀ। ਉਹ ਪਰਿਵਾਰਕ ਮੈਂਬਰਾਂ ਨਾਲ ਤਿੰਨ ਪੁੱਤਰਾਂ ਤੇ ਪਤਨੀ ਨੂੰ ਰੋਂਦਿਆਂ ਕੁਰਲਾਉਂਦਿਆਂ ਛੱਡ ਗਿਆ। ਅਚਾਨਕ ਵਾਪਰੀ ਇਸ ਘਟਨਾ ਕਾਰਨ ਪਿੰਡ ਤੇ ਇਲਾਕੇ ਦੇ ਪਿੰਡਾਂ ਵਿੱਚ ਭਾਰੀ ਸ਼ੋਕ ਦੀ ਲਹਿਰ ਹੈ ਪਾਈ ਜਾ ਰਹੀ ਹੈ।

# ਕੈਨੇਡਾ 'ਚ ਲੜਕੀ ਦਾ ਕਤਲ ਕਰਕੇ ਫ਼ਰਾਰ ਹੋਏ ਦੋਸ਼ੀ ਨੂੰ ਸੰਗਰੂਰ ਪੁਲਿਸ ਨੇ ਕੀਤਾ ਕਾਬੂ



ਸੰਗਰੂਰ, 16 ਜਨਵਰੀ (ਮੋਹਣ ਸ਼ਰਮਾ): ਕੈਨੇਡਾ 'ਚ ਲੜਕੀ ਦਾ ਕਤਲ ਕਰਕੇ ਫ਼ਰਾਰ ਹੋਏ ਦੋਸ਼ੀ ਨੂੰ ਸੰਗਰੂਰ ਪੁਲਿਸ ਨੇ ਗ੍ਰਿਫ਼ਤਾਰ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਗਰੂਰ ਜ਼ਿਲ੍ਹੇ ਦੇ ਐਸ.ਐਸ.ਪੀ. ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਮਿਤੀ 20 ਅਕਤੂਬਰ 2025 ਨੂੰ ਸੰਗਰੂਰ ਦੀ ਲੜਕੀ ਦਾ ਕੈਨੇਡਾ ਵਿੱਚ ਕਤਲ ਹੋਇਆ ਸੀ, ਜਿਸ ਨੂੰ ਸੰਗਰੂਰ ਪੁਲਿਸ ਵੱਲੋਂ ਸੁਲਝਾਅ ਲਿਆ ਗਿਆ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਐਸ.ਐਸ.ਪੀ. ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਇੰਦਰਜੀਤ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਪ੍ਰੇਮ ਬਸਤੀ ਸੰਗਰੂਰ ਨੇ ਦਰਖਾਸਤ ਰਾਹੀਂ ਦੱਸਿਆ ਕਿ ਉਸ ਦੀਆਂ ਦੋਵੇਂ ਲੜਕੀਆਂ ਗੁਰਸਿਮਰਨ ਕੌਰ ਅਤੇ ਅਮਨਪ੍ਰੀਤ ਕੌਰ ਕੈਨੇਡਾ ਵਿਖੇ ਰਹਿੰਦੀਆਂ ਹਨ। ਅਮਨਪ੍ਰੀਤ ਕੌਰ ਟੋਰਾਂਟੋ ਈਸਟ ਯੋਰਕ ਵਿਖੇ ਕਿਰਾਏ ਉੱਤੇ ਰਹਿੰਦੀ ਸੀ ਅਤੇ ਹਸਪਤਾਲ ਵਿੱਚ ਬਤੌਰ ਪਰਸਨਲ ਸਪੋਰਟ ਵਰਕਰ ਦੀ ਨੌਕਰੀ ਕਰਦੀ ਸੀ। ਮਿਤੀ 20 ਅਕਤੂਬਰ 2025 ਤੋਂ 3/ 4 ਦਿਨ ਪਹਿਲਾਂ ਉਸ ਦੀ ਛੋਟੀ ਲੜਕੀ ਅਮਨਪ੍ਰੀਤ ਕੌਰ ਨੇ ਫ਼ੋਨ ਕਰਕੇ ਦੱਸਿਆ ਕਿ ਮਨਪ੍ਰੀਤ ਸਿੰਘ ਪੁੱਤਰ ਲੇਟ ਕਾਬਲ ਸਿੰਘ ਵਾਸੀ ਬਸਲੀਪੁਰ ਥਾਣਾ ਗੋਕਰਨਾਥ (ਗੋਹਲਾਂ), ਜ਼ਿਲ੍ਹਾ ਲਖੀਮਪੁਰ ਖੀਰੀ (ਯੂ.ਪੀ.) ਜੋ ਕੈਨੇਡਾ ਵਿਖੇ ਰਹਿੰਦਾ ਹੈ ਤੇ ਉਹ ਉਸ ਨਾਲ ਕੰਮ ਤੇ ਟੈਕਸੀ ਉੱਤੇ ਜਾਇਆ ਕਰਦੀ ਸੀ, ਜਿਸ ਨਾਲ ਉਸ ਦੀ ਜਾਣ-ਪਹਿਚਾਣ ਸੀ, ਜੋ ਉਸ ਨਾਲ ਵਿਆਹ ਕਰਵਾਉਣ ਲਈ ਦਬਾਅ ਪਾ ਰਿਹਾ ਸੀ, ਪਰ ਉਸ ਦੀ ਲੜਕੀ ਨੇ ਵਿਆਹ ਕਰਾਉਣ ਤੋਂ ਸਾਫ਼ ਇਨਕਾਰ ਕਰ ਦਿੱਤਾ ਸੀ। ਐਸ.ਐਸ.ਪੀ. ਨੇ ਦੱਸਿਆ ਕਿ ਮਿਤੀ 21 ਅਕਤੂਬਰ 2025 ਨੂੰ ਇੰਦਰਜੀਤ ਸਿੰਘ ਦਾ ਆਪਣੀ ਲੜਕੀ ਅਮਨਪ੍ਰੀਤ ਕੌਰ ਸੈਣੀ ਨਾਲ ਸੰਪਰਕ ਨਹੀਂ ਹੋਇਆ, ਜਿਸ ਸਬੰਧੀ ਉਸ ਨੇ ਆਪਣੀ ਵੱਡੀ ਲੜਕੀ ਗੁਰਸਿਮਰਨ ਕੌਰ ਨੂੰ ਪਤਾ ਕਰਨ ਲਈ ਕਿਹਾ, ਜਿਸ ਬਾਰੇ ਪਤਾ ਲੱਗਾ ਕਿ ਅਮਨਪ੍ਰੀਤ ਕੌਰ ਆਪਣੀ ਰਿਹਾਇਸ਼ ਤੋਂ ਡਿਊਟੀ 'ਤੇ ਚਲੀ ਗਈ ਸੀ, ਪਰ ਡਿਊਟੀ 'ਤੇ ਨਹੀਂ ਪਹੁੰਚੀ ਤੇ ਨਾ ਹੀ ਰਿਹਾਇਸ਼ 'ਤੇ ਵਾਪਸ ਆਈ, ਜਿਸ ਸਬੰਧੀ ਗੁਰਸਿਮਰਨ ਕੌਰ ਨੇ ਉਸ ਦੀ ਗੁੰਮਸ਼ੁਦਗੀ ਦੀ ਰਿਪੋਰਟ ਕੈਨੇਡਾ ਪੁਲਿਸ ਕੋਲ ਦਿੱਤੀ ਸੀ। ਮਿਤੀ 21 ਅਕਤੂਬਰ 2025 ਨੂੰ ਗੁਰਸਿਮਰਨ ਕੌਰ ਨੂੰ ਕੈਨੇਡਾ ਪੁਲਿਸ ਦਾ ਫ਼ੋਨ ਆਇਆ ਕਿ ਅਮਨਪ੍ਰੀਤ ਕੌਰ ਸੈਣੀ ਦੀ ਲਾਸ਼ ਨਾਈਗਰਾ ਫਾਲਸ ਓਨਟਾਰੀਓ ਕੈਨੇਡਾ ਦੇ ਨੇੜੇ ਤੋਂ ਬਰਾਮਦ ਹੋਈ ਹੈ, ਕੈਨੇਡਾ ਪੁਲਿਸ ਦੀ ਜਾਣਕਾਰੀ ਮੁਤਾਬਿਕ ਟੈਕਸੀ ਡਰਾਈਵਰ ਜਿਸ ਦਾ ਨਾਮ ਮਨਪ੍ਰੀਤ ਸਿੰਘ ਉਮਰ ਕਰੀਬ 27 ਸਾਲ ਹੈ, ਜੋ ਅਮਨਪ੍ਰੀਤ ਕੌਰ ਸੈਣੀ ਦਾ ਕਤਲ ਕਰਕੇ ਇੰਡੀਆ ਭੱਜ ਗਿਆ ਹੈ।ਸ੍ਰ. ਸਰਤਾਜ ਸਿੰਘ ਚਾਹਲ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਨਪ੍ਰੀਤ ਸਿੰਘ ਉਕਤ ਵੱਲੋਂ ਇੰਦਰਜੀਤ ਸਿੰਘ ਦੀ ਵੱਡੀ ਲੜਕੀ ਗੁਰਸਿਮਰਨ ਕੌਰ ਨੂੰ ਵੱਟਸਐਪ ਅਤੇ ਇੰਸਟਾਗ੍ਰਾਮ ਉੱਤੇ ਕਾਲ ਕਰਕੇ ਉਸ ਨੂੰ ਅਤੇ ਉਸ ਦੇ ਸੰਗਰੂਰ ਵਿਖੇ ਰਹਿੰਦੇ ਪਰਿਵਾਰ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ। ਐਸ.ਪੀ. (ਡੀ) ਦਵਿੰਦਰ ਅੱਤਰੀ ਦੀ ਯੋਗ ਅਗਵਾਈ ਹੇਠ ਡੀ.ਐਸ.ਪੀ. (ਡੀ) ਦਲਜੀਤ ਸਿੰਘ ਵਿਰਕ ਦੀ ਨਿਗਰਾਨੀ ਹੇਠ ਇੰਚਾਰਜ ਸੀ.ਆਈ.ਏ ਸੰਗਰੂਰ ਇੰਸਪੈਕਟਰ ਸੰਦੀਪ ਸਿੰਘ ਅਤੇ ਤਫ਼ਤੀਸ਼ ਅਮਲ ਵਿੱਚ ਲਿਆਉਂਦੇ ਹੋਏ ਮਿਤੀ 15 ਜਨਵਰੀ 2026 ਨੂੰ ਦੋਸ਼ੀ ਮਨਪ੍ਰੀਤ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ।



# ਪਟਿਆਲਾ-ਆਸ/ਪਾਸ



# ਰਣਜੋਧ ਸਿੰਘ ਹਡਾਣਾ ਵੱਲੋਂ ਪਿੰਡ ਚੌਰਾ ਦੀਆਂ ਦੋ ਕਲੋਨੀਆਂ ਦੇ ਲੋਕਾਂ ਨਾਲ ਮੀਟਿੰਗ

## ➢ਵੱਡੀ ਗਿਣਤੀ 'ਚ ਲੋਕ ਹੋਏ 'ਆਪ' 'ਚ ਸ਼ਾਮਲ



ਸਨੌਰ, 16 ਜਨਵਰੀ (ਗੁਰਜੀਤ ਸਿੰਘ ਢੋਟ) : ਹਲਕਾ ਇੰਚਾਰਜ ਸਨੌਰ ਅਤੇ ਚੇਅਰਮੈਨ ਪੀਆਰਟੀਸੀ ਰਣਜੋਧ ਸਿੰਘ ਹਡਾਣਾ ਵੱਲੋਂ ਚੌਰਾ ਪਿੰਡ ਦੀ ਬਲਜੀਤ ਕਲੋਨੀ ਅਤੇ ਰਣਜੀਤ ਐਵੀਨਿਊ ਦੇ ਨਿਵਾਸੀਆਂ ਨਾਲ ਵਿਸ਼ੇਸ਼ ਲੋਕ-ਸੰਪਰਕ ਮੀਟਿੰਗ ਕੀਤੀ ਗਈ, ਜਿਸ ਵਿੱਚ ਸੈਂਕੜੇ ਨਿਵਾਸੀਆਂ ਨੇ ਆਪ ਮੁਹਾਰੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਲੋਕਾਂ ਵੱਲੋਂ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਜੀ ਦੀਆਂ ਲੋਕ-ਪੱਖੀ ਨੀਤੀਆਂ, ਭ੍ਰਿਸ਼ਟਾਚਾਰ ਵਿਰੋਧੀ ਕਦਮਾਂ ਅਤੇ ਵਿਕਾਸਕਾਰੀ ਯਤਨਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ ਗਈ। ਇਲਾਕੇ ਦੇ ਲੋਕਾਂ ਨੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਪ੍ਰਤੀ ਆਪਣਾ ਭਰੋਸਾ ਜਤਾਉਂਦੇ ਹੋਏ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਨੂੰ ਜੁਆਇਨ ਕੀਤਾ।ਮੀਟਿੰਗ ਉਪਰੰਤ ਰਣਜੋਧ ਸਿੰਘ ਹਡਾਣਾ ਨੇ ਦੱਸਿਆ ਕਿ ਇਸ ਮੌਕੇ ਮੀਟਿੰਗ ਵਿੱਚ ਮੌਜੂਦ ਕਈ ਲੋਕਾਂ ਨੇ ਸਰਕਾਰੀ ਸਕੀਮਾਂ ਨਾਲ ਮਿਲ ਰਹੇ ਲਾਭਾਂ ਬਾਰੇ ਆਪਣੇ ਅਨੁਭਵ ਸਾਂਝੇ ਕੀਤੇ। ਉਨ੍ਹਾਂ ਨੇ ਕਿਹਾ ਕਿ ਸਿੱਖਿਆ, ਸਿਹਤ, ਬਿਜਲੀ ਅਤੇ ਲੋਕਲ ਪੱਧਰ 'ਤੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਕੀਤੇ ਜਾ ਰਹੇ ਉਪਰਾਲੇ ਗਰੀਬ ਅਤੇ ਮੱਧ ਵਰਗ ਲਈ ਵੱਡੀ ਰਾਹਤ ਸਾਬਤ ਹੋ ਰਹੇ ਹਨ। ਲੋਕਾਂ ਨੇ ਖ਼ਾਸ ਕਰਕੇ ਪਾਰਦਰਸ਼ੀ ਪ੍ਰਸ਼ਾਸਨ, ਇਮਾਨਦਾਰ ਸ਼ਾਸਨ ਅਤੇ ਹਰ ਵਰਗ ਤੱਕ ਸਰਕਾਰੀ ਸਹੂਲਤਾਂ ਪਹੁੰਚਾਉਣ ਦੀ ਨੀਤੀ ਦੀ ਸ਼ਲਾਘਾ ਕੀਤੀ। ਉਨ੍ਹਾਂ ਦਸਿਆ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲ ਵਿਅਕਤੀਆਂ ਵਿੱਚ ਬਲਵਿੰਦਰ ਸਿੰਘ ਸਾਬਕਾ ਸਰਪੰਚ ਅਤੇ ਪ੍ਰਧਾਨ, ਗੁਰਪ੍ਰੀਤ ਸਿੰਘ ਸਰਪੰਚ ਰਿਸ਼ੀ ਕਲੋਨੀ, ਡਾਇਰਲ ਕੈਸ਼ੀਅਰ, ਦਵਿੰਦਰ ਸਿੰਘ , ਸੁਨੀਲ ਕੁਮਾਰ, ਰਣਧੀਰ ਸਿੰਘ, ਕਸ਼ਮੀਰਾ ਸਿੰਘ, ਜਗੀਰ ਸਿੰਘ, ਐਸਪੀ ਗੁਪਤਾ, ਮੰਨੂ ਚੌਧਰੀ, ਜਰਨੈਲ ਸਿੰਘ, ਚਰਨ ਸਿੰਘ ਵਾਈਸ ਪ੍ਰਧਾਨ, ਦਵਿੰਦਰ ਸਿੰਘ, ਮੋਹਨ ਸਿੰਘ, ਸ਼ੇਰ ਮੁਹੰਮਦ ਖਾਨ, ਰੂਪ ਯਾਦਵ, ਦੇਵੀ ਚੌਹਾਨ, ਅਨਿਲ ਕੁਮਾਰ, ਸ਼ੇਰ ਸਿੰਘ, ਮੁਕਬਰ ਅਲੀ, ਮਕਬੂਲ ਅਲੀ, ਸੋਹਣਾ ਪੰਚ, ਰਾਜੂ ਪੰਚ, ਦਰਸ਼ਨ ਸਿੰਘ ਪੰਚ, ਬਲਕਾਰ ਸਿੰਘ ਰਵਿਦਾਸ ਕਮੇਟੀ, ਸੁਰੇਸ਼ ਗੁਪਤਾ, ਤਰਲੋਚਨ ਸਿੰਘ, ਦਰਸ਼ਨ ਸਿੰਘ ਪੰਚ, ਰਜਿੰਦਰ ਸਿੰਘ ਪੰਚ, ਕਾਕਾ ਸਿੰਘ ਤੋਂ ਇਲਾਵਾ ਕਈ ਔਰਤਾਂ ਨੇ ਵੀ ਪਾਰਟੀ ਨੂੰ ਜੁਆਇਨ ਕੀਤਾ, ਜਿਸ ਨਾਲ ਇਲਾਕੇ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਮਿਲੇਗੀ। ਇਸ ਮੌਕੇ ਨਵੇਂ ਸ਼ਾਮਲ ਹੋਏ ਵਰਕਰਾਂ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਤੇ ਪੂਰਾ ਵਿਸ਼ਵਾਸ ਰੱਖਦੇ ਹਨ ਅਤੇ ਪੰਜਾਬ ਨੂੰ ਵਿਕਾਸ ਦੇ ਰਾਹ 'ਤੇ ਅੱਗੇ ਵਧਾਉਣ ਲਈ ਪਾਰਟੀ ਦੇ ਨਾਲ ਮਿਲ ਕੇ ਕੰਮ ਕਰਨਗੇ। ਹਡਾਣਾ ਨੇ ਲੋਕਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਲਾਕਾ ਨਿਵਾਸੀਆਂ ਵੱਲੋਂ ਮਿਲ ਰਿਹਾ ਪਿਆਰ ਅਤੇ ਸਹਿਯੋਗ ਪਾਰਟੀ ਲਈ ਵੱਡਾ ਹੌਸਲਾ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਪ੍ਰਾਥਮਿਕਤਾ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ ਅਤੇ ਸਰਕਾਰ ਦੀਆਂ ਲੋਕ-ਹਿਤੈਸ਼ੀ ਯੋਜਨਾਵਾਂ ਦਾ ਲਾਭ ਹਰ ਘਰ ਤੱਕ ਪਹੁੰਚਾਇਆ ਜਾਵੇਗਾ। ਮੀਟਿੰਗ ਦੇ ਅੰਤ ਵਿੱਚ ਇਲਾਕੇ ਦੇ ਲੋਕਾਂ ਨੇ ਇੱਕਸੁਰ ਵਿੱਚ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨਾਲ ਸਹਿਮਤ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਪਾਰਟੀ ਨੂੰ ਆਪਣਾ ਪੂਰਾ ਸਮਰਥਨ ਦਿੰਦੇ ਰਹਿਣਗੇ। ਦੱਸ ਦੇਈਏ ਕਿ ਇਸ ਮੀਟਿੰਗ ਨੂੰ ਹਲਕਾ ਸਨੌਰ ਵਿੱਚ ਪਾਰਟੀ ਦੀ ਵਧਦੀ ਲੋਕਪ੍ਰਿਯਤਾ ਦਾ ਸਪੱਸ਼ਟ ਸੰਕੇਤ ਮੰਨਿਆ ਜਾ ਰਿਹਾ ਹੈ।

# 13 ਗ੍ਰਾਮ ਚਿੱਟੇ ਸਮੇਤ ਕਾਬੂ

ਸਮਾਣਾ, 16 ਜਨਵਰੀ (ਵਿਜੇ ਕੁਮਾਰ): ਸਦਰ ਪੁਲਿਸ ਨੇ ਇੱਕ ਵਿਅਕਤੀ ਨੂੰ 13 ਗ੍ਰਾਮ ਚਿੱਟੇ/ਹੈਰੋਇਨ ਸਮੇਤ ਕਾਬੂ ਕਰਕੇ ਉਸ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਅਰੁਣ ਗਰਗ ਵਾਸੀ ਸਮਾਣਾ ਵਜੋਂ ਹੋਈ ਹੈ।ਸਦਰ ਪੁਲਿਸ ਮੁਖੀ ਇੰਸਪੈਕਟਰ ਅਜੇ ਕੁਮਾਰ ਪਰੋਚਾ ਨੇ ਦੱਸਿਆ ਕਿ ਏ.ਐਸ.ਆਈ. ਸਰਬਜੀਤ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਪਿੰਡ ਮਿਆਲ ਕਲਾਂ ਵਿੱਚ ਮੌਜੂਦ ਸਨ। ਇਸ ਦੌਰਾਨ ਪੈਦਲ ਆ ਰਹੇ ਮੁਲਜ਼ਮ ਨੂੰ ਸ਼ੱਕ ਦੇ ਆਧਾਰ 'ਤੇ ਰੋਕਿਆ ਗਿਆ ਅਤੇ ਤਲਾਸ਼ੀ ਲੈਣ 'ਤੇ ਉਸ ਦੀ ਜੇਬ ਵਿੱਚੋਂ 13 ਗ੍ਰਾਮ ਚਿੱਟਾ/ਹੈਰੋਇਨ ਬਰਾਮਦ ਹੋਈ, ਜਿਸ ਤੋਂ ਬਾਅਦ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਅਧਿਕਾਰੀ ਅਨੁਸਾਰ ਮੁਲਜ਼ਮ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁੱਛਗਿੱਛ ਲਈ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

# ਅਲੌਹਰਾਂ ਖੁਰਦ ਵਿਖੇ 40 ਮੁਕਤਿਆਂ ਦੀ ਮਹਾਨ ਸ਼ਹਾਦਤ ਨੂੰ ਸਮਰਪਿਤ ਗੁਰਮਤਿ ਸਮਾਗਮ



ਨਾਭਾ, 16 ਜਨਵਰੀ (ਬਲਜਿੰਦਰ ਮਾਨ) : ਇਤਿਹਾਸਿਕ ਨਗਰੀ ਨਾਭਾ ਦੇ ਨਜ਼ਦੀਕ ਗੁਰਦੁਆਰਾ ਸਾਹਿਬ ਅਲੌਹਰਾਂ ਖੁਰਦ ਵਿਖੇ ਸਮੂਹ ਨਗਰ ਨਿਵਾਸੀਆਂ ਵੱਲੋਂ 40 ਮੁਕਤਿਆਂ ਦੀ ਮਹਾਨ ਸ਼ਹਾਦਤ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਭਾਈ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਹਨ। ਉਪਰੰਤ ਪ੍ਰਸਿੱਧ ਕਥਾਵਾਚਕ ਗਿਆਨੀ ਰਜਿੰਦਰਪਾਲ ਸਿੰਘ ਨਾਭਾ ਨੇ ਗੁਰਬਾਣੀ ਸ਼ਬਦ ਦੀ ਕਥਾ ਅਤੇ ਗੁਰ ਇਤਿਹਾਸ ਰਾਹੀਂ ਸੰਗਤਾਂ ਨੂੰ ਸ੍ਰੀ ਮੁਕਤਸਰ ਦੇ ਮਹਾਨ ਸ਼ਹੀਦਾਂ ਦੀ ਅਮਰਗਾਥਾ ਬਾਰੇ ਵਿਸਥਾਰ ਸਹਿਤ ਚਾਨਣਾ ਪਾਇਆ ਕਿ ਕਿਸ ਤਰ੍ਹਾਂ ਕਲਗੀਧਰ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਨੇ ਬੇਦਾਵਾ ਲਿਖ ਕੇ ਜਾਣ ਵਾਲੇ ਭਾਈ ਮਹਾਂ ਸਿੰਘ ਦੀ ਅਗਵਾਈ ਵਿੱਚ ਖਿਦਰਾਣੇ ਦੀ ਢਾਬ 'ਤੇ ਦੁਬਾਰਾ ਫਿਰ ਮੁੜ ਆਏ ਸਿੰਘਾਂ ਨੇ ਸ਼ਹਾਦਤ ਦਾ ਜਾਮ ਪੀ ਕੇ ਗੁਰੂ ਜੀ ਦੇ ਦਰ ਨਾਲ ਟੁੱਟੀ ਗੰਢੀ ਜਿਸ ਕਰਕੇ ਇਸ ਥਾਂ ਦਾ ਨਾਮ ਸ੍ਰੀ ਮੁਕਤਸਰ ਕਰਕੇ ਪ੍ਰਸਿੱਧ ਹੋਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਰਮਜੀਤ ਸਿੰਘ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਨਾਭਾ, ਖ਼ਜ਼ਾਨਚੀ ਬਘੇਲ ਸਿੰਘ, ਗੁਰਜੰਟ ਸਿੰਘ, ਧਰਮਾ ਸਿੰਘ, ਹੈਡ ਗ੍ਰੰਥੀ ਭਾਈ ਗੁਰਪ੍ਰੀਤ ਸਿੰਘ, ਭਾਈ ਗੁਰਜੀਤ ਸਿੰਘ, ਭਾਈ ਹਰਬੰਸ ਸਿੰਘ, ਸਰਪੰਚ ਅਮਰੀਕ ਸਿੰਘ, ਭਾਈ ਜੋਗਿੰਦਰ ਸਿੰਘ ਸਲਾਹਕਾਰ ਨੇ ਸਮਾਗਮ ਦੀ ਸਫਲਤਾ ਵਾਸਤੇ ਸਮੂਹ ਨਗਰ ਨਿਵਾਸੀ ਸੰਗਤਾਂ ਸਮੇਤ ਅਹਿਮਯੋਗਦਾਨ ਪਾਇਆ। ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ। ਇਸ ਮੌਕੇ ਸਮੂਹ ਨਗਰ ਨਿਵਾਸੀ ਸੰਗਤਾਂ ਹਾਜ਼ਰ ਸਨ।

# ਪੁਰਾਣੀ ਤਕਰਾਰਬਾਜ਼ੀ ਨੂੰ ਲੈ ਕੇ ਕੀਤੀ ਕੁੱਟਮਾਰ

ਪਟਿਆਲਾ, 16 ਜਨਵਰੀ (ਵਿਨੋਦ ਸ਼ਰਮਾ) : ਥਾਣਾ ਸਿਵਲ ਲਾਇਨ ਪੁਲਿਸ ਕੋਲ ਸ਼ਿਵਹਰੀ ਸਰਮਾ ਪੁੱਤਰ ਰਾਮੇਸ਼ਵਰ ਸਰਮਾ ਵਾਸੀ ਪਿੰਡ ਨਸਰੋਲ ਥਾਣਾ ਇਸਲਾਮ ਨਗਰ ਜ਼ਿਲ੍ਹਾ ਬਦਾਯੂ ਉਤਰ ਪ੍ਰਦੇਸ਼ ਹਾਲ ਵਾਸੀ ਰਣਬੀਰ ਮਾਰਗ ਪਟਿਆਲਾ ਨੇ ਕਥਿਤ ਦੋਸ਼ੀਆਂ ਸਲੋਨੀ ਮਿਸਰਾ ਵਾਸੀ ਸਹਨ ਪਿੰਡ ਪਟਿਆਲੀ ਨੇੜੇ ਬੰਦਰਾਜੀ ਮੰਦਿਰ ਜ਼ਿਲ੍ਹਾ ਕਾਸਗੰਜ ਯੂ.ਪੀ, ਰਿਤਕ ਮਿਸ਼ਰਾ ਪੁੱਤਰ ਸੁਨੀਲ ਦੱਤ ਵਾਸੀ ਉਕਤ, ਬਿਮਲ ਕੁਮਾਰ ਵਾਸੀ ਬੰਦਰਾਜੀ ਮੰਦਿਰ ਜ਼ਿਲ੍ਹਾ ਕਾਸਗੰਜ ਯੂਪੀ. ਰਮਸੀ ਮਿਸ਼ਰਾ ਵਾਸੀ ਉਕਤ, ਸਰਬੱਗ ਮਿਸ਼ਰਾ ਵਾਸੀ ਉਕਤ ਸੁਕਿਰਤੀ ਮਿਸ਼ਰਾ ਵਾਸੀ ਉਕਤ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਕਤ ਕਥਿਤ ਦੋਸ਼ੀਆਂ ਨੇ ਉਸ ਦੀ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ ਅਤੇ ਉਸ ਦੇ ਘਰੋਂ ਸੋਨੇ ਦੇ ਜੇਵਰਾਤ, ਲੈਪਟਾਪ ਅਤੇ ਜ਼ਰੂਰੀ ਕਾਗਜ਼ਾਤ ਲੈ ਕੇ ਭੱਜ ਗਏ। ਵਜਾ ਰੰਜਸ਼ ਇਹ ਹੈ ਕਿ ਇਹਨਾਂ ਦਾ ਪਰਿਵਾਰਿਕ ਮਸਲਾ ਪਹਿਲਾ ਹੀ ਤਕਰਾਰਬਾਜ਼ੀ ਰਹਿੰਦੀ ਸੀ। ਪੁਲਿਸ ਨੇ ਧਾਰਾ 115(2),126(2), 351(2), 190,191(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

# ਨਸ਼ੇ ਦਾ ਸੇਵਨ ਕਰਨ 'ਤੇ ਮਾਮਲਾ ਦਰਜ

ਪਟਿਆਲਾ, 16 ਜਨਵਰੀ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਹਨੀ ਸਿੰਘ ਵਾਸੀ ਗਲੀ ਨੰ. 09 ਪੁਰਾਣਾ ਬਿਸ਼ਨ ਨਗਰ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ। ਪੂਰਨ ਸਿੰਘ ਸਮੇਤ ਪੁਲਿਸ ਪਾਰਟੀ ਸ਼ੀਸ ਮਹਿਲ ਪਟਿਆਲਾ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਦੋਸ਼ੀ ਨਸ਼ਾ ਕਰਨ ਦਾ ਆਦੀ ਹੈ, ਜੋ ਬੰਨਾ ਛੋਟੀ ਨਦੀ ਗਰੇਸ ਹੋਟਲ ਨੇੜੇ ਸੜਕ ਦੇ ਕਿਨਾਰੇ ਝਾੜੀਆਂ ਪਾਸ ਨਸ਼ੇ ਦਾ ਸੇਵਨ ਕਰ ਰਿਹਾ ਹੈ, ਜਿਸ ਨੂੰ ਮੌਕੇ 'ਤੇ ਰੇਡ ਕਰਕੇ ਕਾਬੂ ਕੀਤਾ ਗਿਆ।

# ਰੋਹਟਾ ਸਕੂਲ ਦੀ ਮਨਦੀਪ ਕੌਰ ਨੇ ਨੈਸ਼ਨਲ ਸਕੂਲ ਖੇਡਾਂ ਤਾਈਕਵਾਂਡੋ 'ਚ ਗੋਲਡ ਮੈਡਲ ਹਾਸਲ ਕੀਤਾ



ਪਟਿਆਲਾ, 16 ਜਨਵਰੀ (ਅਮਰਜੀਤ) : 69ਵੀਆਂ ਨੈਸ਼ਨਲ ਸਕੂਲ ਖੇਡਾਂ ਤਾਈਕਵਾਂਡੋ ਅੰਡਰ-14 ਲੜਕੀਆਂ ਲੁਧਿਆਣਾ ਵਿਖੇ ਮਿਤੀ 6 ਜਨਵਰੀ ਤੋਂ 11 ਜਨਵਰੀ ਤੱਕ ਕਰਵਾਈਆਂ ਗਈਆਂ। ਇਹਨਾਂ ਖੇਡਾਂ ਵਿੱਚ ਭਾਰਤ ਤੇ ਸਾਰੇ ਰਾਜਾਂ ਅਤੇ ਯੂ.ਟੀ. ਦੇ ਬੱਚਿਆਂ ਨੇ ਭਾਗ ਲਿਆ। ਇਹਨਾਂ ਖੇਡਾਂ ਵਿੱਚ ਪੰਜਾਬ ਦੀ ਮਨਦੀਪ ਕੌਰ ਪੁੱਤਰੀ ਹਰਪ੍ਰੀਤ ਸਿੰਘ, ਕਰਮਜੀਤ ਕੌਰ ਜੋ ਕਿ ਸ.ਸ.ਸ.ਸ. ਰੌਹਟਾ (ਪਟਿਆਲਾ) ਵਿਖੇ ਪੜਦੀ ਹੈ, ਨੇ ਨੈਸ਼ਨਲ ਸਕੂਲ ਖੇਡਾਂ ਤਾਈਕਵਾਂਡੋ ਅੰਡਰ-14 ਲੜਕੀਆਂ ਵਿੱਚ ਗੋਲਡ ਮੈਡਲ ਹਾਸਲ ਕੀਤਾ। ਜਾਣਕਾਰੀ ਦਿੰਦੇ ਹੋਏ ਸਕੂਲ ਦੇ ਪ੍ਰਿੰਸੀਪਲ ਸ੍ਰੀ ਗਣੇਸ਼ ਗੁਪਤਾ ਨੇ ਦੱਸਿਆ ਕਿ ਮਨਦੀਪ ਕੌਰ ਨੇ ਸਟੇਟ ਖੇਡਾਂ ਵਿੱਚ ਗੋਲਡ ਮੈਡਲ ਪ੍ਰਾਪਤ ਕਰਕੇ ਨੈਸ਼ਨਲ ਟੀਮ ਵਿੱਚ ਆਪਣੀ ਜਗ੍ਹਾ ਬਣਾਈ ਸੀ। ਨੈਸ਼ਨਲ ਖੇਡਾਂ ਵਿੱਚ ਗੋਲਡ ਮੈਡਲ ਪ੍ਰਾਪਤ ਕਰਕੇ ਮਨਦੀਪ ਕੌਰ ਨੇ ਆਪਣੇ ਸਕੂਲ, ਇਲਾਕੇ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੇ ਪ੍ਰਿੰਸੀਪਲ ਸ਼੍ਰੀ ਗਣੇਸ਼ ਗੁਪਤਾ ਨੇ ਸ੍ਰੀ ਬੁੱਧਰਾਮ (ਡੀ.ਪੀ.ਈ.) ਅਤੇ ਮਨਦੀਪ ਕੌਰ ਨੂੰ ਉਹਨਾਂ ਦੀ ਇਸ ਸਫਲਤਾ ਤੇ ਵਧਾਈ ਦਿੱਤੀ। ਪ੍ਰਿੰਸੀਪਲ ਗਣੇਸ਼ ਗੁਪਤਾ ਨੇ ਕਿਹਾ ਕਿ ਖੇਡਾਂ ਦੇ ਖੇਤਰ ਵਿੱਚ ਸਕੂਲ ਨੂੰ ਮਿਲ ਰਹੀਆਂ ਇਹ ਸਫਲਤਾਵਾਂ ਬੁੱਧਰਾਮ (ਡੀ.ਪੀ.ਈ.) ਦੀ ਕੜੀ ਮਿਹਨਤ ਦਾ ਨਤੀਜਾ ਹਨ। ਸਕੂਲ ਪਹੁੰਚਣ 'ਤੇ ਵਿਦਿਆਰਥਣ ਦਾ ਸਵਾਗਤ ਕੀਤਾ ਗਿਆ, ਜਿਸ ਵਿੱਚ ਪਿੰਡ ਦੇ ਸਰਪੰਚ ਸ਼੍ਰੀ ਲਖਵਿੰਦਰ ਸਿੰਘ, ਸਾਬਕਾ ਸਰਪੰਚ ਤੇਜਿੰਦਰ ਸਿੰਘ ਤੇਜੀ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਰੌਹਟਾ ਸਾਹਿਬ ਦੇ ਮੈਨੇਜਰ ਅਮਰੀਕ ਸਿੰਘ ਮੌਜੂਦ ਸਨ।

# ਮੇਅਰ ਤੇ ਕਮਿਸ਼ਨਰ ਦੀ ਅਗਵਾਈ 'ਚ ਨਾਈਟ ਸ਼ੈਲਟਰਾਂ 'ਚ ਮੈਡੀਕਲ ਕੈਂਪ ਲਗਾਇਆ

## ➢ਮੁਫ਼ਤ ਜਾਂਚ ਤੇ ਦਵਾਈਆਂ ਰਾਹੀਂ ਬੇਘਰਾਂ ਨੂੰ ਤੁਰੰਤ ਰਾਹਤ ਪਹੁੰਚਾਉਣਾ ਅਸਲ ਮਕਸਦ : ਮੇਅਰ



ਪਟਿਆਲਾ, 16 ਜਨਵਰੀ (ਰੁਪਾਣਾ) : ਬੀਤੀ ਰਾਤ ਮੇਅਰ ਕੁੰਦਨ ਗੋਗੀਆ ਅਤੇ ਕਮਿਸ਼ਨਰ ਪਰਮਜੀਤ ਸਿੰਘ ਦੇ ਨਿਰਦੇਸ਼ ਤਹਿਤ ਨਿਗਮ ਟੀਮ ਵੱਲੋਂ ਹੈਲਥ ਅਫਸਰ ਡਾ ਨਵਿੰਦਰ ਸਿੰਘ ਦੀ ਅਗਵਾਈ ਵਿਚ ਸ਼ਹਿਰ ਦੇ ਨਾਈਟ ਸ਼ੈਲਟਰਾਂ ਵਿੱਚ ਵਿਸ਼ੇਸ਼ ਮੈਡੀਕਲ ਕੈਂਪ ਲਗਾਇਆ ਗਿਆ, ਜਿਸਦਾ ਮੁੱਖ ਉਦੇਸ਼ ਉੱਥੇ ਰਹਿ ਰਹੇ ਬੇਘਰਾਂ ਜਾ ਜ਼ਰੂਰਤਮੰਦ ਲੋਕਾਂ ਦੀ ਸਿਹਤ ਦੀ ਜਾਂਚ ਕਰਨਾ ਅਤੇ ਉਨ੍ਹਾਂ ਨੂੰ ਲੋੜ ਅਨੁਸਾਰ ਮੁਫ਼ਤ ਦਵਾਈਆਂ ਮੁਹੱਈਆ ਕਰਵਾਉਣਾ ਸੀ। ਦੱਸਣ ਯੋਗ ਹੈ ਕਿ ਕੈਂਪ ਦੌਰਾਨ ਨਾਈਟ ਸ਼ੈਲਟਰ ਵਿੱਚ ਰਹਿ ਰਹੇ ਸਾਰੇ ਲੋਕਾਂ ਦੀ ਮੈਡੀਕਲ ਜਾਂਚ ਕੀਤੀ ਗਈ। ਡਾਕਟਰੀ ਟੀਮ ਵੱਲੋਂ ਬਲੱਡ ਪ੍ਰੈਸ਼ਰ, ਸ਼ੂਗਰ, ਬੁਖਾਰ, ਸਾਹ ਦੀਆਂ ਸਮੱਸਿਆਵਾਂ, ਖਾਂਸੀ-ਜ਼ੁਕਾਮ ਅਤੇ ਹੋਰ ਆਮ ਬਿਮਾਰੀਆਂ ਦੀ ਜਾਂਚ ਕੀਤੀ ਗਈ ਅਤੇ ਹਰ ਮਰੀਜ਼ ਨੂੰ ਉਸਦੀ ਬਿਮਾਰੀ ਦੇ ਅਨੁਸਾਰ ਦਵਾਈਆਂ ਵੀ ਵੰਡੀਆਂ ਗਈਆਂ। ਇਸ ਮੌਕੇ 'ਤੇ ਐਸ.ਡੀ.ਓ. ਅਮਰਿੰਦਰ ਸਿੰਘ ਅਤੇ ਕਮਿਊਨਟੀ ਆਰਗੇਨਾਈਜ਼ਰ ਮੋਹਿਤ ਸ਼ਰਮਾ ਵੀ ਮੌਜੂਦ ਰਹੇ । ਗੱਲਬਾਤ ਦੌਰਾਨ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਸਰਦੀਆਂ ਦੇ ਮੌਸਮ ਵਿੱਚ ਜ਼ਰੂਰਤਮੰਦ ਅਤੇ ਬੇਘਰ ਲੋਕ ਸਭ ਤੋਂ ਵੱਧ ਬਿਮਾਰੀਆਂ ਦੇ ਖ਼ਤਰੇ ਵਿੱਚ ਹੁੰਦੇ ਹਨ। ਨਗਰ ਨਿਗਮ ਦੀ ਇਹ ਪਹਿਲ ਹੈ ਕਿ ਨਾਈਟ ਸ਼ੈਲਟਰਾਂ ਵਿੱਚ ਰਹਿ ਰਹੇ ਹਰ ਵਿਅਕਤੀ ਤੱਕ ਸਿਹਤ ਸੇਵਾਵਾਂ ਪਹੁੰਚਾਈਆਂ ਜਾਣ। ਅਸੀਂ ਇਹ ਯਕੀਨੀ ਬਣਾਉਣਾ ਚਾਹੁੰਦੇ ਹਾਂ ਕਿ ਕੋਈ ਵੀ ਵਿਅਕਤੀ ਬਿਨਾਂ ਇਲਾਜ ਦੇ ਨਾ ਰਹਿ ਜਾਵੇ। ਉਨ੍ਹਾਂ ਨੇ ਕਿਹਾ ਕਿ ਨਗਰ ਨਿਗਮ ਵੱਲੋਂ ਨਾਈਟ ਸ਼ੈਲਟਰਾਂ ਵਿੱਚ ਸਾਫ਼ ਸਫ਼ਾਈ, ਪੀਣ ਵਾਲਾ ਪਾਣੀ, ਕੰਬਲ ਅਤੇ ਬਿਸਤਰੇ ਦੇ ਨਾਲ-ਨਾਲ ਹੁਣ ਨਿਯਮਤ ਤੌਰ 'ਤੇ ਮੈਡੀਕਲ ਕੈਂਪ ਵੀ ਲਗਾਏ ਜਾਣਗੇ ਤਾਂ ਜੋ ਲੋਕਾਂ ਦੀ ਸਿਹਤ 'ਤੇ ਲਗਾਤਾਰ ਧਿਆਨ ਦਿੱਤਾ ਜਾ ਸਕੇ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਉਹ ਕਿਸੇ ਬੇਘਰ ਵਿਅਕਤੀ ਨੂੰ ਦੇਖਣ, ਤਾਂ ਉਸਨੂੰ ਨਾਈਟ ਸ਼ੈਲਟਰ ਅਤੇ ਉੱਥੇ ਮਿਲ ਰਹੀਆਂ ਸਹੂਲਤਾਂ ਬਾਰੇ ਜ਼ਰੂਰ ਜਾਣਕਾਰੀ ਦੇਣ।

# ਸੁਖਬੀਰ ਸਿੰਘ ਬਾਦਲ ਦੀ ਪਟਿਆਲਾ ਫੇਰੀ ਦੌਰਾਨ ਸੰਧੂ ਪਰਿਵਾਰ ਨਾਲ ਪਰਿਵਾਰਕ ਮਿਲਣੀ



ਪਟਿਆਲਾ, 16 ਜਨਵਰੀ (ਅਮਰਜੀਤ ਸਿੰਘ) : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅੱਜ ਪਟਿਆਲਾ ਫੇਰੀ ਦੌਰਾਨ ਸਾਬਕਾ ਚੇਅਰਮੈਨ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇਜਿੰਦਰਪਾਲ ਸਿੰਘ ਸੰਧੂ ਦੇ ਗ੍ਰਹਿ ਵਿਖੇ ਪੁੱਜੇ। ਇਸ ਮੌਕੇ 'ਤੇ ਵਰਕਰਾਂ ਵੱਲੋਂ ਸੁਖਬੀਰ ਬਾਦਲ ਦਾ ਨਿੱਘਾ ਸਵਾਗਤ ਕੀਤਾ ਗਿਆ। ਸੁਖਬੀਰ ਬਾਦਲ ਵੱਲੋਂ ਪਰਿਵਾਰ ਨਾਲ ਬੈਠ ਕੇ ਪਰਸ਼ਾਦਾ ਛਕਿਆ ਗਿਆ ਅਤੇ ਸੰਧੂ ਪਰਿਵਾਰ ਨੂੰ ਥਾਪੜਾ ਦਿੱਤਾ। ਉਪਰੰਤ ਤੇਜਿੰਦਰਪਾਲ ਸਿੰਘ ਸੰਧੂ ਅਤੇ ਉਨ੍ਹਾਂ ਦੇ ਪਤਨੀ ਬੀਬੀ ਅਨੂਪ ਇੰਦਰ ਸਿੰਘ ਸੰਧੂ ਅਤੇ ਸਮੂਹ ਪਰਿਵਾਰ ਵੱਲੋਂ ਸੁਖਬੀਰ ਸਿੰਘ ਬਾਦਲ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਸੁਖਬੀਰ ਬਾਦਲ ਵੱਲੋਂ ਮੀਟਿੰਗ ਕਰਨ ਉਪਰੰਤ ਹੋ ਸਕਦਾ ਆਉਣ ਵਾਲੇ ਸਮੇਂ ਵਿੱਚ ਸੰਧੂ ਪਰਿਵਾਰ ਨੂੰ ਕੋਈ ਅਹਿਮ ਜ਼ਿੰਮੇਵਾਰੀ ਸੌਂਪੀ ਜਾ ਸਕਦੀ ਹੈ।ਇਸ ਮੌਕੇ 'ਤੇ ਦਲਜੀਤ ਸਿੰਘ ਚੀਮਾ, ਸਰਬਜੀਤ ਸਿੰਘ ਝਿੰਜਰ, ਐਡਵੋਕੇਟ ਅਰਸ਼ਦੀਪ ਸਿੰਘ ਕਲੇਰ, ਐਸਜੀਪੀਸੀ ਮੈਂਬਰ ਅਜਮੇਰ ਸਿੰਘ ਲਾਛੜੂ ਤੇ ਹੋਰ ਵਰਕਰ ਮੌਜੂਦ ਸਨ।ਜ਼ਿਕਰਯੋਗ ਹੈ ਕਿ ਸ੍ਰੀ ਸੰਧੂ ਦੇ ਪਿਤਾ ਮਰਹੂਮ ਜਸਦੇਵ ਸਿੰਘ ਸੰਧੂ ਅਤੇ ਮਾਤਾ ਮਰਹੂਮ ਜਸਦੇਵ ਕੌਰ ਸੰਧੂ ਵੀ ਕਈ ਵਾਰ ਵਿਧਾਇਕ ਰਹਿ ਚੁੱਕੇ ਹਨ, ਜਦਕਿ ਸ. ਸੰਧੂ ਨੇ ਵੀ 2012 ਵਿੱਚ ਸਨੌਰ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰ ਵਜੋਂ ਚੋਣ ਲੜੀ ਸੀ, ਪਰ ਉਹ ਸਖ਼ਤ ਮੁਕਾਬਲੇ ਵਿੱਚ ਕਾਂਗਰਸ ਆਗੂ ਲਾਲ ਸਿੰਘ ਕੋਲੋਂ ਚੋਣ ਹਾਰ ਗਏ ਸਨ।

# ਜ਼ਿਆਦਾਤਰ ਸੜਕੀ ਹਾਦਸੇ ਸ਼ਰਾਬ ਪੀ ਕੇ ਵਾਹਨ ਚਲਾਉਣ ਕਾਰਨ ਵਾਪਰਦੇ ਨੇ : ਜਸਪਾਲ ਸਿੰਘ, ਪਰਮਿੰਦਰ ਭਲਵਾਨ




ਪਟਿਆਲਾ, 16 ਜਨਵਰੀ (ਰੁਪਾਣਾ/ਵਿਨੋਦ ਸ਼ਰਮਾ) : ਸਾਂਝ ਕੇਂਦਰ ਸਦਰ ਪਟਿਆਲਾ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਅਤੇ ਮਾਨਯੋਗ ਡਾਇਰੈਕਟਰ ਜਨਰਲ ਆਫ ਪੁਲਿਸ ਗੌਰਵ ਯਾਦਵ, ਸਪੈਸ਼ਲ ਡਾਇਰੈਕਟਰ ਜਰਨਲ ਆਫ ਪੁਲਿਸ ਕਮਿਊਨਿਟੀ ਅਫੇਅਰ ਗੁਰਪ੍ਰੀਤ ਕੌਰ ਦਿਓ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ,ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ, ਐਸ.ਪੀ ਹੈਡਕੁਆਰਟਰ -ਕਮ-ਜਿਲਾ ਕਾਮਊਨਿਟੀ ਅਫ਼ਸਰ ਵੈਭਵ ਚੌਧਰੀ, ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੇ ਇੰਚਾਰਜ ਸੁਖਜਿੰਦਰ ਸਿੰਘ ਬਾਜਵਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਧੁੰਦ ਦੇ ਮੌਸਮ ਨੂੰ ਦੇਖਦੇ ਹੋਏ ਨਾਭਾ ਰੋਡ ਵਿਖੇ ਵੱਖ-ਵੱਖ ਵਹੀਕਲਜ਼ ਉਪਰ ਰਿਫ਼ਲੈਕਟਰ ਲਗਾਉਣ ਦੀ ਮੁਹਿੰਮ ਚਲਾਈ ਗਈ,ਜਿਸ ਵਿਚ ਮੁੱਖ ਮਹਿਮਾਨ ਰਾਸ਼ਟਰਪਤੀ ਪੁਲਿਸ ਮੈਡਲ ਵਿਜੇਤਾ ਐਸ ਆਈ ਜਸਪਾਲ ਸਿੰਘ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ ਨੇ ਸ਼ਿਰਕਤ ਕੀਤੀ।ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈਲ ਨੇ ਕੀਤੀ।ਇਸ ਮੌਕੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਵਰਿੰਦਰ ਸਿੰਘ ਖਰੌੜ ਡੈਟਾ ਅਪਰੇਟਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਬੀਰਬਲ ਖਾਨ ਡੈਟਾ ਅਪਰੇਟਰ ਸਾਂਝ ਕੇਂਦਰ ਸਿਵਲ ਲਾਈਨ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ਼ ਆਫ ਕਾਮਰਸ, ਬ੍ਰਹਮਜੋਤ ਸਿੰਘ ਵਿਦਿਆਰਥੀ ਓ ਪੀ ਜਿੰਦਲ ਗੌਲਬਲ ਲਾਅ ਯੂਨੀਵਰਸਿਟੀ ਸੋਨੀਪਤ, ਹਰਮਨਜੀਤ ਸਿੰਘ ਰੰਧਾਵਾ, ਗੁਰਜੀਤ ਸਿੰਘ ਲੱਕੀ ਹਰਦਾਸਪੁਰ ਵੀ ਹਾਜ਼ਰ ਸਨ, ਇਸ ਮੌਕੇ ਐਸ ਆਈ ਜਸਪਾਲ ਸਿੰਘ, ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਵੱਲੋਂ ਧੁੰਦ ਦੇ ਮੌਸਮ ਨੂੰ ਦੇਖਦੇ ਹੋਏ ਟਿੱਪਰ, ਟਰੱਕ, ਟਰੈਕਟਰ ਟਰਾਲੀਆਂ ਅਤੇ ਹੋਰ ਵਹੀਕਲਾਂ ਉਪਰ ਰਿਫਲੈਕਟਰ ਲਗਾਉਣਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਹਨਾਂ ਕਿਹਾ ਕਿ ਕਈ ਵਾਰ ਵਹੀਕਲ ਉਪਰ ਰਿਫ਼ਲੈਕਟਰ ਨਾ ਲੱਗੇ ਹੋਣ ਕਾਰਨ ਐਕਸੀਡੈਂਟ ਹੋ ਜਾਂਦੇ ਹਨ ਅਤੇ ਕਈ ਜ਼ਿੰਦਗੀਆਂ ਮੌਤ ਦੇ ਮੂੰਹ ਵਿੱਚ ਚੱਲੀਆਂ ਜਾਂਦੀਆਂ ਹਨ।ਉਹਨਾਂ ਕਿਹਾ ਕਿ ਐਕਸੀਡੈਂਟਾਂ ਦਾ ਮੁੱਖ ਕਾਰਨ ਨਸ਼ਿਆਂ ਦਾ ਸੇਵਨ ਕਰਕੇ ਵਹੀਕਲਜ਼ ਚਲਾਉਣਾ, ਓਵਰਸਪੀਡ , ਅਤੇ ਰਾਤ ਦੇ ਸਮੇਂ ਗੱਡੀਆਂ ਉਪਰ ਰਿਫਲੈਕਟਰ ਲੱਗੇ ਨਾ ਹੋਣ ਦਾ ਵੀ ਕਾਰਨ ਬਣਦੇ ਹਨ। ਉਹਨਾਂ ਪਬਲਿਕ ਨੂੰ ਵੀ ਅਪੀਲ ਕੀਤੀ ਕਿ ਉਹ ਟ੍ਰੈਫਿਕ ਨਿਯਮਾਂ ਦੀ ਪਾਲਨਾ ਕਰਨ ਉਹਨਾਂ ਨੌਜਵਾਨਾਂ ਅਤੇ ਪਬਲਿਕ ਨੂੰ ਦੋ ਪਹੀਆਂ ਵਾਹਨ ਉਪਰ ਹੈਲਮਟ ਪਾਉਣ ਅਤੇ ਚਾਰ ਪਹੀਆ ਵਾਹਨਾਂ ਵਿਚ ਸੀਟ ਬੈਲਟ ਲਗਾਉਣ ਲਈ ਅਪੀਲ ਕੀਤੀ। ਇਸ ਮੌਕੇ ਟਰੈਕਟਰ ਟਰਾਲੀਆਂ, ਆਟੋ ਰਿਕਸ਼ਾ, ਟਰੱਕਾਂ ਅਤੇ ਹੋਰ ਵਹੀਕਲਜ਼ ਉਪਰ 100 ਦੇ ਕਰੀਬ ਰਿਫਲੈਕਟਰ ਲਗਾਏ ਗਏ ।

# ਮਾਤਾ ਨੈਣਾ ਦੇਵੀ ਦੇ ਪ੍ਰਗਟ ਦਿਵਸ ਮੌਕੇ ਸਮਾਗਮ

## ਕੜੀ-ਚਾਵਲ ਤੇ ਜਲੇਬੀਆਂ ਦਾ ਲੰਗਰ ਲਗਾਇਆ



ਸਮਾਣਾ, 16 ਜਨਵਰੀ (ਵਿਜੇ ਕੁਮਾਰ) : ਸ੍ਰੀ ਨੈਣਾ ਦੇਵੀ ਪੈਦਲ ਯਾਤਰਾ ਦਲ ਵੱਲੋਂ ਮਾਤਾ ਨੈਣਾ ਦੇਵੀ ਜੀ ਦੇ ਪ੍ਰਗਟ ਦਿਵਸ ਮੌਕੇ ਸਥਾਨਕ ਗਾਂਧੀ ਗਰਾਊਂਡ (ਡੋਗਰ ਬਾਜ਼ਾਰ) ਵਿਖੇ ਧਾਰਮਿਕ ਸਮਾਗਮ ਸਰਧਾ ਭਾਵਨਾ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਮਾਤਾ ਜੀ ਦੀ ਤਸਵੀਰ ਅੱਗੇ ਕੇਕ ਕੱਟਣ ਉਪਰੰਤ ਕੰਜਕਾਂ ਪੂਜ ਕੇ ਕੀਤੀ ਗਈ ਅਤੇ ਸਭ ਨੇ ਇਕ-ਦੂਜੇ ਨਾਲ ਖ਼ੁਸ਼ੀਆਂ ਸਾਂਝੀਆਂ ਕੀਤੀਆਂ। ਸੰਸਥਾ ਪ੍ਰਧਾਨ ਵਿਜੇ ਬੰਟੀ ਨੇ ਦੱਸਿਆ ਕਿ ਹਰ ਸਾਲ ਮਾਤਾ ਨੈਣਾ ਦੇਵੀ ਜੀ ਦਾ ਪ੍ਰਗਟ ਦਿਵਸ ਮਨਾਇਆ ਜਾਂਦਾ ਹੈ। ਇਸ ਵਾਰ ਵੀ ਸੰਸਥਾ ਦੇ ਸਮੂਹ ਮੈਂਬਰਾਂ ਦੇ ਸਹਿਯੋਗ ਨਾਲ ਸ਼ਰਧਾਲੂਆਂ ਲਈ ਕੜੀ-ਚਾਵਲ ਅਤੇ ਜਲੇਬੀਆਂ ਦਾ ਲੰਗਰ ਲਗਾਇਆ ਗਿਆ। ਉਨ੍ਹਾਂ ਕਿਹਾ ਕਿ ਅੱਜ ਡਾ: ਹਰੀ ਚੰਦ ਪਿੰਗਲਾ ਆਸ਼ਰਮ 'ਚ ਰਹਿੰਦੇ ਬੇਸਹਾਰਾ ਤੇ ਮੰਦਬੁਧੀ ਲੋਕਾਂ ਅਤੇ ਬ੍ਰਿਧ ਆਸ਼ਰਮ ਵਿਚ ਰਹਿੰਦੇ ਬਜ਼ੁਰਗਾਂ ਵਿਚ ਵੀ ਕੜੀ-ਚਾਵਲ ਤੇ ਜਲੇਬੀਆਂ ਦਾ ਲੰਗਰ ਵਰਤਾਇਆ ਗਿਆ ਹੈ। ਇਸ ਮੌਕੇ ਨਿਸ਼ਾਤ ਸਿੰਗਲਾ, ਸੋਨੂੰ ਸ਼ਾਹ, ਨਰਿੰਦਰ ਪਾਲ ਜੋਲੀ, ਵਿਜੇ ਕੁਮਾਰ ਪ੍ਰੈਸ ਸਕੱਤਰ, ਗੁਰਪ੍ਰੀਤ ਵਿਕੀ, ਬ੍ਰਿਸ਼ਭਾਨ ਕਾਂਸਲ, ਲਵ ਕੁਮਾਰ ਗੋਇਲ, ਰਾਜੇਸ਼ ਕੁਮਾਰ ਰੌਕੀ, ਸੰਜੇ ਕਰਹਾਲੀ, ਪੁਨੀਤ ਜੈਨ (ਟੰਨੂ), ਗੌਰਵ ਗੋਗੀ, ਸੰਜੀਵ ਸੰਜੂ, ਰਾਜਿੰਦਰ ਕੁਮਾਰ, ਚਮਨ ਲਾਲ ਕਰਿਆਨਾ, ਚਮਨ ਲਾਲ ਐਸ.ਟੀ.ਡੀ, ਟੋਨੀ ਆਲਮਪੁਰੀਆ, ਗਗਨਦੀਪ ਨਾਗੀ, ਸੰਦੀਪ ਵਰਮਾ, ਨਿਰਮਲ ਸ਼ਰਮਾ, ਆਸ਼ੂ ਰਤਨਾਕਰ ਆਦਿ ਵੀ ਮੌਜੂਦ ਸਨ।

# ਪਸ਼ੂ ਪਾਲਣ ਵਿਭਾਗ ਨੇ ਗਊਸ਼ਾਲਾ ਵਿਖੇ ਗਊ ਭਲਾਈ ਕੈਂਪ ਲਗਾਇਆ



ਨਾਭਾ, 16 ਜਨਵਰੀ (ਬਲਜਿੰਦਰ ਮਾਨ) : ਪਸ਼ੂ ਪਾਲਣ ਵਿਭਾਗ ਪੰਜਾਬ ਵੱਲੋਂ ਕੈਬਨਿਟ ਮੰਤਰੀ ਪਸ਼ੂ ਪਾਲਣ ਵਿਭਾਗ ਗੁਰਮੀਤ ਖੁੱਡੀਆਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਪ੍ਰਮੁੱਖ ਸਕੱਤਰ ਪਸ਼ੂ ਪਾਲਣ ਵਿਭਾਗ ਰਾਹੁਲ ਭੰਡਾਰੀ ਦੀ ਰਹਿਨੁਮਾਈ, ਡਾ. ਪਰਮਦੀਪ ਸਿੰਘ ਵਾਲੀਆ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਪੰਜਾਬ ਦੀ ਅਗਵਾਈ ਹੇਠ ਅਤੇ ਡਾ. ਬਿਕਰਮਜੀਤ ਸਿੰਘ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਪਟਿਆਲਾ ਦੀ ਰਹਿਨੁਮਾਈ ਹੇਠ ਨਾਭਾ ਗਊਸ਼ਾਲਾ ਕਮੇਟੀ ਨਾਭਾ ਵਿਖੇ ਗਊ ਭਲਾਈ ਕੈਂਪ ਲਗਾਇਆ ਗਿਆ। ਇਹ ਕੈਂਪ ਪੰਜਾਬ ਗਊ ਸੇਵਾ ਕਮਿਸ਼ਨ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਕੈਂਪ ਵਿੱਚ ਉਚੇਚੇ ਤੌਰ ਤੇ ਡਾ.ਸੋਨਿੰਦਰ ਕੌਰ ਐਡੀਸ਼ਨਲ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਪਟਿਆਲਾ ਨੇ ਸ਼ਿਰਕਤ ਕੀਤੀ। ਕੈਂਪ ਦੌਰਾਨ ਡਾ. ਮੇਜਰ ਸਿੰਘ ਸੀਨੀਅਰ ਵੈਟਨਰੀ ਅਫਸਰ ਨਾਭਾ , ਡਾ. ਰਮਨ ਕੁਮਾਰ ਵੈਟਨਰੀ ਅਫਸਰ ਨਾਭਾ , ਡਾ. ਸਮਨ ਵੈਟਨਰੀ ਅਫਸਰ ਰਾਜਗੜ੍ਹ (ਕੈਂਪ ਇੰਚਾਰਜ), ਡਾ.ਸਾਲਿਕ ਵੈਟਨਰੀ ਅਫਸਰ ਛੀਟਾਂਵਾਲਾ, ਡਾ. ਦਵਿੰਦਰ ਸਿੰਘ ਵੈਟਰਨਰੀ ਅਫਸਰ ਦੰਦਰਾਲਾ ਢੀਂਡਸਾ, ਐਸ ਵੀ ਆਈ. ਅਮਰਦੀਪ ਸਿੰਘ ਨਾਭਾ, ਵੀ ਆਈ. ਹਰਦੇਵ ਸਿੰਘ ਰਾਜਗੜ੍ਹ ਵੀ ਆਈ, ਬਲਜਿੰਦਰ ਸਿੰਘ ਛਿੰਟਾਵਾਲ, ਵੀ ਆਈ. ਭੁਪਿੰਦਰ ਗੋਇਲ ਛੱਜੂਪਠ, ਰਜਿੰਦਰ ਸਿੰਘ ਤੇ ਮਨਦੀਪ ਸਿੰਘ, ਮਾਧਵ ਸ਼ਰਮਾ ਵਲੰਟੀਅਰ ਮੌਜੂਦ ਰਹੇ। ਪੰਜਾਬ ਗਊ ਸੇਵਾ ਕਮਿਸ਼ਨ ਵਲੋਂ ਗਊਸ਼ਾਲਾ ਨੂੰ 25000 ਦੀਆ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ । ਇਸ ਮੌਕੇ ਅਮਨ ਗੁਪਤਾ ਪ੍ਰਧਾਨ ,ਪ੍ਰੇਮ ਸਾਗਰ ਉਪ ਪ੍ਰਧਾਨ, ਮੋਹਨ ਮਿੱਤਲ ਕੈਸ਼ੀਅਰ, ਅਵਿਨਾਸ਼ ਅਰੋੜਾ ਮੈਨੇਜਰ , ਜਗਦੀਸ਼ ਬੱਤਾ , ਮੁਕੇਸ਼ ਜੈਨ, ਨਾਭਾ ਗਊਸ਼ਾਲਾ ਕਮੇਟੀ ਮੈਂਬਰ ਹਾਜ਼ਰ ਰਹੇ।

# ਭਗਤ ਰਵਿਦਾਸ ਜੀ ਦੇ ਜਨਮ ਦਿਵਸ ਸਬੰਧੀ ਮੀਟਿੰਗ



ਸਮਾਣਾ, 16 ਜਨਵਰੀ (ਵਿਜੇ ਕੁਮਾਰ) : ਭਗਤ ਰਵਿਦਾਸ ਜੀ ਦੇ 649ਵੇਂ ਜਨਮ ਦਿਵਸ ਸਬੰਧੀ ਇਕ ਵਿਸ਼ੇਸ਼ ਮੀਟਿੰਗ ਕਮੇਟੀ ਪ੍ਰਧਾਨ ਰਾਜ ਸਿੰਘ ਦੀ ਅਗਵਾਈ ਵਿਚ ਹੋਈ, ਜਿਸ ਵਿਚ ਮਨਾਏ ਜਾ ਰਹੇ 649ਵੇਂ ਜਨਮ ਦਿਵਸ ਨੂੰ ਮਨਾਉਣ ਸੰਬਧੀ ਵਿਚਾਰ ਵਟਾਂਦਰਾ ਕੀਤਾ ਗਿਆ। ਕਮੇਟੀ ਮੈਂਬਰਾਂ ਦੇ ਵਿਚਾਰ ਅਤੇ ਸੁਝਾਓ ਲੈਣ ਉਪਰੰਤ ਪ੍ਰਧਾਨ ਰਾਜ ਸਿੰਘ ਨੇ ਦੱਸਿਆ ਕਿ 30 ਜਨਵਰੀ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਅਤੇ ਇਕ ਫਰਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪੰਰਤ ਧਾਰਮਿਕ ਸਮਾਗਮ ਕਰਵਾਇਆ ਜਾਵੇਗਾ। ਉਨ੍ਹਾਂ ਜਾਣਕਾਰੀ ਦਿੱਤੀ ਕਿ ਇਸ ਵਾਰ 31 ਜਨਵਰੀ ਨੂੰ ਨਗਰ ਕੀਰਤਨ ਮੁੱਹਲਾ ਨਵੀਂ ਸਰਾਂਪਤੀ ਦੇ ਗੁਰਦੁਆਰਾ ਬਾਬਾ ਸੰਗਤ ਸਿੰਘ ਜੀ ਤੋਂ ਸਜਾਇਆ ਜਾਵੇਗਾ। ਮੀਟਿੰਗ ਵਿਚ ਕਮੇਟੀ ਦੇ ਮੀਤ ਪ੍ਰਧਾਨ ਬਲਦੇਵ ਸਿੰਘ, ਅਵਤਾਰ ਸਿੰਘ ਪੀ.ਆਰ.ਟੀ.ਸੀ., ਕਰਮਾ ਦਿਓਲ, ਸੀਤਾ ਸਿੰਘ, ਕੁਲਦੀਪ ਸਿੰਘ, ਅਮਰੀਕ ਸਿੰਘ, ਜਗਤਾਰ ਸਿੰਘ, ਮਲਕੀਤ ਸਿੰਘ ਫੌਜੀ,ਜਗਰੂਪ ਸਿੰਘ, ਤਰਸੇਮ ਸਿੰਘ ਆਦਿ ਵੀ ਮੌਜੂਦ ਸਨ।

# ਪਬਲਿਕ ਕਾਲਜ ਦੇ ਐਨ.ਸੀ.ਸੀ.ਯੂਨਿਟ ਨੇ ਆਰਮੀ ਦਿਵਸ ਮਨਾਇਆ



ਸਮਾਣਾ, 16 ਜਨਵਰੀ (ਵਿਜੇ ਕੁਮਾਰ) : ਪਬਲਿਕ ਕਾਲਜ ਸਮਾਣਾ ਦੇ ਐਨ.ਸੀ.ਸੀ. ਯੂਨਿਟ 5ਵੀਂ ਪੰਜਾਬ ਬਟਾਲੀਅਨ ਨੇ ਭਾਰਤੀ ਆਰਮੀ ਦਿਵਸ ਮੌਕੇ ਸਮਾਣਾ ਦੀ ਰਾਮ ਬਸਤੀ ਵਿਖੇ ਜਾ ਕੇ ਜ਼ਰੂਰਤਮੰਦ ਬੱਚਿਆਂ ਨੂੰ ਗਰਮ ਕੱਪੜੇ ਅਤੇ ਦਸਤਾਨੇ ਵੰਡੇ। ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਨੇ ਐਨ.ਸੀ.ਸੀ. ਯੂਨਿਟ ਦੇ ਕੈਡਟਸ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਭਾਰਤੀ ਆਰਮੀ ਦਿਵਸ ਮੌਕੇ ਜ਼ਰੂਰਤਮੰਦ ਬੱਚਿਆਂ ਨੂੰ ਗਰਮ ਕਪੜੇ ਅਤੇ ਦਸਤਾਨੇ ਵੰਡ ਕੇ ਕੈਡਟਸ ਨੇ ਸਮਾਜ ਸੇਵਾ ਦਾ ਕੰਮ ਕੀਤਾ ਹੈ, ਜਿਸ ਨਾਲ ਐਨ.ਸੀ.ਸੀ. ਕੈਡਿਟਸ ਵਿੱਚ ਕਮਿਊਨਿਟੀ ਸਰਵਿਸ ਅਤੇ ਸਮਾਜ ਨਾਲ ਜੁੜਨ ਦੀ ਭਾਵਨਾ ਪੈਦਾ ਹੋਵੇਗੀ। ਪ੍ਰਿੰਸੀਪਲ ਨੇ ਇਸ ਸਮਾਜ ਸੇਵਾ ਪ੍ਰੋਗਰਾਮ ਦਾ ਸਫ਼ਲਤਾਪੂਰਵਕ ਸੰਚਾਲਨ ਕਰਨ ਲਈ ਐਨ.ਸੀ.ਸੀ. ਅਫਸਰ ਲੈਫਟੀਨੈਂਟ ਡਾ. ਅਨਿਲ ਕੁਮਾਰ ਅਤੇ ਕਾਲਜ ਅਧੀਨ ਚਲਾਏ ਜਾ ਕਾਲਜੀਏਟ ਸਕੂਲ ਦੇ ਐਨ. ਐਸ.ਐਸ. ਪ੍ਰੋਗਰਾਮ ਅਫਸਰ ਪ੍ਰੋ. ਅਸ਼ਵਨੀ ਕੁਮਾਰ ਦੀ ਸ਼ਲਾਘਾ ਕੀਤੀ।

# ਵਿਆਹ ਦਾ ਝਾਂਸਾ ਦੇ ਕੇ ਨਾਬਾਲਗ਼ਾ ਨੂੰ ਅਗਵਾ ਕਰਨ ਦਾ ਦੋਸ਼, ਕੇਸ ਦਰਜ

ਘਨੌਰ, 16 ਜਨਵਰੀ (ਰਾਜਿੰਦਰ ਸਿੰਘ ਕੰਬੋਜ) : ਪਿੰਡ ਖੇੜੀ ਗੁਰਨਾ ਥਾਣਾ ਸ਼ੰਭੂ ਦੇ ਵਸਨੀਕ ਕੁਲਵੰਤ ਸਿੰਘ ਪੁੱਤਰ ਮਹਿੰਦਰ ਸਿੰਘ ਨੇ ਪੁਲਿਸ ਵਿੱਚ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਸ ਦੀ 15 ਸਾਲਾ ਧੀ ਕਾਜਲ ਘਰੋਂ ਲਾਪਤਾ ਹੋ ਗਈ। ਸ਼ਿਕਾਇਤ ਮੁਤਾਬਕ ਘਟਨਾ ਸਮੇਂ ਕਾਜਲ ਘਰ ਵਿੱਚ ਸੀ, ਜਦਕਿ ਉਸ ਦੀ ਮਾਤਾ ਘਰੇਲੂ ਕੰਮ ਲਈ ਨੇੜੇ ਹੀ ਮੱਝਾਂ ਦੇ ਵਾੜੇ ਵਿੱਚ ਗਈ ਹੋਈ ਸੀ ਅਤੇ ਕੁਲਵੰਤ ਸਿੰਘ ਆਪਣੇ ਕੰਮ 'ਤੇ ਗਿਆ ਹੋਇਆ ਸੀ, ਜਦੋਂ ਕਾਜਲ ਦੀ ਮਾਤਾ ਵਾਪਸ ਘਰ ਆਈ ਤਾਂ ਕਾਜਲ ਘਰ ਵਿੱਚ ਨਹੀਂ ਸੀ। ਭਾਲ ਕਰਨ 'ਤੇ ਪਤਾ ਲੱਗਾ ਕਿ ਸੁਖਚੈਨ ਸਿੰਘ ਪੁੱਤਰ ਬਲਜੀਤ ਸਿੰਘ ਵਾਸੀ ਪਿੰਡ ਬਘੌਲ, ਜ਼ਿਲ੍ਹਾ ਸੰਗਰੂਰ ਨੇ ਵਿਆਹ ਕਰਵਾਉਣ ਦਾ ਝਾਂਸਾ ਦੇ ਕੇ ਕਾਜਲ ਨੂੰ ਵਰਗਲਾ-ਫੁਸਲਾ ਕੇ ਘਰੋਂ ਭਜਾ ਲੈ ਗਿਆ ਹੈ। ਪੁਲਿਸ ਵੱਲੋਂ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

# ਬਸੰਤ ਰਿਤੂ ਕਲੱਬ ਨੇ ਸਰਕਾਰੀ ਸਕੂਲ ਪਿੰਡ ਆਲੋਵਾਲ ਵਿਖੇ ਜਰਸੀਆਂ ਵੰਡੀਆਂ

ਪਟਿਆਲਾ, 16 ਜਨਵਰੀ (ਅਮਰਜੀਤ ਸਿੰਘ) : ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਪਟਿਆਲਾ ਵੱਲੋਂ ਮਾਈ ਭਾਰਤ ਯੁਵਾ ਅਤੇ ਖੇਡ ਮੰਤਰਾਲੇ ਭਾਰਤ ਸਰਕਾਰ ਦੇ ਸਹਿਯੋਗ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਆਲੋਵਾਲ ਵਿਖੇ ਵਿਦਿਆਰਥੀਆਂ ਨੂੰ ਇਲਾਮ ਵਜੋਂ ਜਰਸੀਆਂ ਵੰਡੀਆਂ ਗਈਆਂ। ਇਸ ਦੀ ਪ੍ਰਧਾਨਗੀ ਸਕੂਲ ਅਧਿਆਪਕ ਮੈਡਮ ਰਮਨ ਵਸ਼ਿਸ਼ਟ ਨੇ ਕੀਤੀ। ਕਲੱਬ ਦੇ ਪ੍ਰਧਾਨ ਇੰਜੀ: ਆਕਰਸ਼ ਸ਼ਰਮਾ ਨੇ ਆਪਣੇ ਵਿਚਾਰ ਦਿੰਦੇ ਹੋਏ ਆਖਿਆ ਕਿ ਬਸੰਤ ਰਿਤੂ ਕਲੱਬ ਪਿਛਲੇ 32 ਸਾਲਾਂ ਤੋਂ ਸਰਦੀ ਦੇ ਮੌਸਮ ਵਿੱਚ ਵਿਦਿਆਰਥੀਆਂ ਨੂੰ ਇਨਾਮ ਵਜੋਂ ਜਰਸੀਆਂ ਵੰਡਦਾ ਆ ਰਿਹਾ ਹੈ। ਤਾਂ ਜ਼ੋ ਵਿਦਿਆਰਥੀਆ ਨੂੰ ਪੜਾਈ ਦੇ ਲਈ ਆਉਣ ਵਾਲੀਆਂ ਮੁਸ਼ਕਲਾਂ ਨੂੰ ਦੂਰ ਕੀਤਾ ਜਾਵੇ ਅਤੇ ਇਨਾਮ ਦੇ ਕੇ ਉਹਨਾਂ ਦਾ ਉਤਸ਼ਾਹ ਵਧਾਇਆ ਜਾਵੇ। ਕਲੱਬ ਦੇ ਸੰਸਥਾਪਕ ਰਾਜੇਸ਼ ਸ਼ਰਮਾ ਰਾਮਟੱਟਵਾਲੀ ਅਤੇ ਸੰਤੋਸ਼ ਲਾਲਵਾਨੀ ਨੇ ਸਾਂਝੇ ਬਿਆਨ ਵਿੱਚ ਆਖਿਆ ਕਿ ਇਸ ਪ੍ਰੋਗਰਾਮ ਵਿੱਚ ਕਲੱਬ ਵੱਲੋਂ 42 ਵਿਦਿਆਰਥੀਆਂ ਨੂੰ ਇਨਾਮ ਵਜੋਂ ਜਰਸੀਆਂ ਵੰਡੀਆਂ ਗਈਆਂ ਅਤੇ ਕਲੱਬ ਦਾ ਉਦੇਸ਼ ਹਮੇਸ਼ਾਂ ਤੋਂ ਹੀ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆ ਨੂੰ ਪਠਨ ਸਮੱਗਰੀ ਵਰਦੀਆਂ, ਬੂਟ, ਟਾਟ ਅਤੇ ਪੀਣ ਵਾਲੇ ਪਾਣੀ ਦੀ ਕਿੱਲਤ ਨੂੰ ਦੇਖਦੇ ਹੋਏ ਸਬਮਰਸੀਬਲ ਪੰਪ ਦੀ ਵੀ ਸੇਵਾ ਨਿਭਾਈ ਜਾਂਦੀ ਹੈ, ਤਾਂ ਜੋ ਵਿਦਿਆਰਥੀਆ ਨੂੰ ਕਿਸੀ ਤਰ੍ਹਾਂ ਦਾ ਕੋਈ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਸਕੂਲ ਦੇ ਪ੍ਰਿੰਸੀਪਲ ਮੈਡਮ ਨੀਰਜ ਵੈਦ ਨੇ ਆਖਿਆ ਕਿ ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਪਟਿਆਲਾ ਵੱਲੋਂ ਬੜੇ ਲੰਮੇ ਸਮੇਂ ਤੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਮੇਂ-ਸਮੇਂ ਸਿਰ ਉਹਨਾਂ ਦੀ ਜ਼ਰੂਰਤ ਅਨੁਸਾਰ ਜੋ ਇਨਾਮ ਵਜੋਂ ਬੱਚਿਆਂ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ, ਉਹ ਇੱਕ ਸ਼ਲਾਘਾਯੋਗ ਕਦਮ ਹੈ। ਭਾਵੇਂ ਸਮੇਂ ਦੀਆਂ ਸਰਕਾਰਾਂ ਵੱਲੋਂ ਸਕੂਲਾਂ ਦੀ ਨੁਹਾਰ ਬਦਲ ਕੇ ਮਾਡਲ ਸਕੂਲ ਬਣਾ ਦਿੱਤੇ ਗਏ ਹਨ ਫਿਰ ਵੀ ਲੋਕਾਂ ਦੀ ਸ਼ਮੂਲੀਅਤ ਦੀ ਅਜੇ ਵੀ ਲੋੜ ਹੈ। ਇਸ ਪ੍ਰੋਗਰਾਮ ਵਿੱਚ ਸਕੂਲ ਅਧਿਆਪਕਾਂ ਅਤੇ ਕਲੱਬ ਮੈਂਬਰਾਂ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।



# ਪਟਿਆਲਾ-ਆਸ/ਪਾਸ



## ਹਲਕਾ ਘਨੌਰ ਤੋਂ ਸੁਖਬੀਰ ਸਿੰਘ ਬਾਦਲ ਨੇ ਸਰਬਜੀਤ ਸਿੰਘ ਝਿੰਜਰ ਨੂੰ ਦਿੱਤਾ ਥਾਪੜਾ

### ➢ਅਕਾਲੀ ਦਲ ਦੀ ਸਰਕਾਰ ਬਣਨ 'ਤੇ ਘਨੌਰ ਨੂੰ ਪੰਜਾਬ ਦਾ ਮੋਹਰੀ ਹਲਕਾ ਬਣਾਵਾਂਗੇ: ਸੁਖਬੀਰ ਸਿੰਘ ਬਾਦਲ



ਘਨੌਰ, 16 ਜਨਵਰੀ (ਰਾਜਿੰਦਰ ਸਿੰਘ ਕੰਬੋਜ/ਮਦਨ ਲਾਲ) : ਅੱਜ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਪਿੰਡ ਲਾਛੜੂ ਖੁਰਦ ਵਿਖੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ ਦੇ ਗ੍ਰਹਿ ਵਿਖੇ ਸ਼ਿਰਕਤ ਕੀਤੀ। ਇਸ ਮੌਕੇ ਯੂਥ ਅਕਾਲੀ ਦਲ ਦੇ ਪ੍ਰਧਾਨ ਅਤੇ ਘਨੌਰ ਹਲਕਾ ਇੰਚਾਰਜ ਸ. ਸਰਬਜੀਤ ਸਿੰਘ ਝਿੰਜਰ ਅਤੇ ਹੋਰ ਸੀਨੀਅਰ ਅਕਾਲੀ ਆਗੂਆਂ ਵੱਲੋਂ ਸ. ਸੁਖਬੀਰ ਸਿੰਘ ਬਾਦਲ ਦਾ ਵੱਡੇ ਪੱਧਰ 'ਤੇ ਭਰਵਾਂ ਅਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਸਰਬਜੀਤ ਸਿੰਘ ਝਿੰਜਰ ਨੂੰ ਹਲਕਾ ਘਨੌਰ ਤੋਂ 2027 ਚੋਣਾਂ ਲਈ ਥਾਪੜਾ ਦਿੱਤਾ ਤੇ ਸੰਬੋਧਨ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਸਾਡੀ ਸਰਕਾਰ ਬਣਾਓ ਤੇ ਉਸ ਮਗਰੋਂ ਅਸੀਂ ਹਲਕਾ ਘਨੌਰ ਨੂੰ ਪੰਜਾਬ ਦਾ ਮੋਹਰੀ ਹਲਕਾ ਬਣਾਵਾਂਗੇ। ਲੋਕਾਂ ਲਈ ਵਿਕਾਸ ਦੇ ਦਰਵਾਜ਼ੇ ਖੋਲ੍ਹਾਂਗੇ। ਮੀਡੀਆ ਨਾਲ ਗੱਲਬਾਤ ਕਰਦਿਆਂ ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾਂ ਲੋਕਾਂ ਦੇ ਦੁੱਖ-ਸੁੱਖ ਵਿੱਚ ਨਾਲ ਖੜ੍ਹਾ ਰਿਹਾ ਹੈ। ਇਸ ਮੌਕੇ ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਸ. ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕੀਤਾ ।ਇਸ ਮੌਕੇ ਸਾਬਕਾ ਸਰਪੰਚ ਅਮਰੀਕ ਸਿੰਘ ਸ਼ੰਭੂ ਕਲਾਂ, ਨੰਬਰਦਾਰ ਸੁਖਦੇਵ ਸਿੰਘ ਗੋਗੀ ਨਨਹੇੜਾ, ਨੰਬਰਦਾਰ ਹਰਦੀਪ ਸਿੰਘ ਬਿੱਟੂ ,ਜਸਵਿੰਦਰ ਸਿੰਘ ਬੰਬੀ , ਗੁਰਜੰਟ ਸਿੰਘ ਮਹਿਦੂਦਾਂ , ਡਾਕਟਰ ਬਲਵਿੰਦਰ ਸਿੰਘ ਸਰਵਾਰਾ,ਹਾਕਮ ਸਿੰਘ ਮੋਹੀ, ਜੋਗਿੰਦਰ ਸਿੰਘ ਮੋਹੀ ਤੋਂ ਇਲਾਵਾ ਹਲਕਾ ਘਨੌਰ ਦੇ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ।

## ਨੌਜਵਾਨਾਂ ਨੂੰ ਉੱਦਮੀ ਬਣਨ ਬਾਰੇ ਪ੍ਰੇਰਿਤ ਕਰਦਿਆਂ ਮਾਨਸਿਕ ਸਿਹਤ ਦੇ ਪੱਖਾਂ ਬਾਰੇ ਧਿਆਨ ਦੇਣ ਦੀ ਵੀ ਲੋੜ: ਡਾ. ਜਗਦੀਪ ਸਿੰਘ

### ➢ਪੰਜਾਬੀ ਯੂਨੀਵਰਸਿਟੀ ਵਿਖੇ ਕਰਵਾਈ ਵਰਕਸ਼ਾਪ, 40 ਤੋਂ ਵੱਧ ਦੇਸ਼ਾਂ ਦੇ 150 ਤੋਂ ਵੱਧ ਭਾਗੀਦਾਰਾਂ ਨੇ ਹਿੱਸਾ ਲਿਆ

ਪਟਿਆਲਾ, 16 ਜਨਵਰੀ (ਅਮਰਜੀਤ) : ਨੌਜਵਾਨਾਂ ਨੂੰ ਉੱਦਮੀ ਬਣਨ ਬਾਰੇ ਪ੍ਰੇਰਿਤ ਕਰਦਿਆਂ ਮਾਨਸਿਕ ਸਿਹਤ ਦੇ ਪੱਖਾਂ ਬਾਰੇ ਧਿਆਨ ਦੇਣ ਦੀ ਵਿਸ਼ੇਸ਼ ਲੋੜ ਹੁੰਦੀ ਹੈ। ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਇਹ ਵਿਚਾਰ ਅੱਜ ਇੱਥੇ ਪੰਜਾਬੀ ਯੂਨੀਵਰਸਿਟੀ ਦੇ ਡਾਇਰੈਕਟੋਰੇਟ ਆਫ਼ ਇੰਟਰਨੈਸ਼ਨਲ ਅਫ਼ੇਅਰਜ਼ ਅਤੇ ਐਂਟਰਪ੍ਰੀਨਿਊਰਸ਼ਿਪ, ਇਨੋਵੇਸ਼ਨ ਐਂਡ ਕਰੀਅਰ ਹੱਬ ਵੱਲੋਂ ਕਰਵਾਈ ਗਈ ਵਰਕਸ਼ਾਪ ਦੇ ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਕਰਦਿਆਂ ਪ੍ਰਗਟਾਏ ਗਏ। ਇਹ ਅੰਤਰਰਾਸ਼ਟਰੀ ਵਰਕਸ਼ਾਪ ਨੌਜਵਾਨਾਂ ਨੂੰ ਉੱਦਮੀ ਬਣਨ ਬਾਰੇ ਉਤਸ਼ਾਹਿਤ ਕਰਨ ਅਤੇ ਮਾਨਸਿਕ ਸਿਹਤ ਦੇ ਹਵਾਲੇ ਨਾਲ ਕਰਵਾਈ ਗਈ ਜਿਸ ਵਿੱਚ 40 ਤੋਂ ਵੱਧ ਦੇਸ਼ਾਂ ਦੇ 150 ਤੋਂ ਵੱਧ ਭਾਗੀਦਾਰਾਂ ਨੇ ਲਿਆ ਹਿੱਸਾ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ




ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਇਸ ਗੱਲ ਉੱਤੇ ਵਿਸ਼ੇਸ਼ ਜ਼ੋਰ ਦਿੱਤਾ ਕਿ ਜਿੱਥੇ ਅੱਜ ਦੇ ਦੌਰ ਵਿੱਚ ਰਵਾਇਤੀ ਕਿਸਮ ਦੀਆਂ ਨੌਕਰੀਆਂ ਦੀ ਬਜਾਏ ਨੌਜਵਾਨਾਂ ਨੂੰ ਉੱਦਮੀ ਬਣਨ ਵੱਲ ਪ੍ਰੇਰਿਤ ਕਰਨ ਦੀ ਵਿਸ਼ੇਸ਼ ਲੋੜ ਹੈ, ਉਥੇ ਹੀ ਉਨ੍ਹਾਂ ਨੂੰ ਉੱਦਮੀ ਬਣਨ ਲਈ ਲੋੜੀਦੇ ਵਿਸ਼ੇਸ਼ ਮਾਹੌਲ ਦੀ ਸਿਰਜਣਾ ਦੀ ਵੀ ਵਿਸ਼ੇਸ਼ ਜਰੂਰਤ ਹੈ। ਉਨ੍ਹਾਂ ਕਿਹਾ ਕਿ ਇਸ ਪੱਖੋਂ ਮਾਨਸਿਕ ਸਿਹਤ ਦੇ ਖੇਤਰ ਨੂੰ ਅਣਗੌਲਿਆ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਵਿੱਦਿਅਕ ਅਦਾਰਿਆਂ ਨੂੰ ਇਸ ਪੱਖੋਂ ਵਿਸ਼ੇਸ਼ ਪਹਿਲੀਆਂ ਕਰਨੀਆਂ ਚਾਹੀਦੀਆਂ ਹਨ। 'ਪ੍ਰਮੋਟਿੰਗ ਐਂਟਰਪ੍ਰੇਨਿਊਰਸ਼ਿਪ ਅਮੰਗਸਟ ਯੂਥ: ਫੋਕਸ ਆਨ ਲਾਈਫ ਸਕਿੱਲਸ ਐਂਡ ਮੈਂਟਲ ਹੈਲਥ' ਸਿਰਲੇਖ ਵਾਲੀ ਇੱਕ ਅੰਤਰਰਾਸ਼ਟਰੀ ਵਰਕਸ਼ਾਪ ਦੀ ਸ਼ੁਰੂਆਤ ਡਾ. ਦਮਨਜੀਤ ਸੰਧੂ, ਡੀਨ ਆਫ ਇੰਟਰਨੈਸ਼ਨਲ ਅਫੇਅਰਜ਼ ਦੇ ਸੰਬੋਧਨ ਨਾਲ ਹੋਈ। ਉਨ੍ਹਾਂ ਨੇ ਅੱਜ ਦੇ ਸਮੇਂ ਵਿੱਚ ਉੱਦਮੀ ਬਣਨ ਵਿੱਚ ਮਾਨਸਿਕ ਸਿਹਤ ਅਤੇ ਮਨੋਵਿਗਿਆਨਕ ਭਲਾਈ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਦੀ ਮਹੱਤਤਾ ਨੂੰ ਉਜਾਗਰ ਕੀਤਾ ਜੋ ਨੌਜਵਾਨ ਪੀੜ੍ਹੀ ਨੂੰ ਸ਼ਕਤੀ ਸੰਪੰਨ ਬਣਾਉਣ ਅਤੇ ਉੱਦਮੀ ਚੁਣੌਤੀਆਂ ਲਈ ਤਿਆਰ ਕਰਨ ਵਿੱਚ ਮਦਦ ਕਰਦੀਆਂ ਹਨ। ਆਸਟ੍ਰੇਲੀਆ ਦੇ ਪਰਥ ਦੀ ਕਰਟਿਨ ਯੂਨੀਵਰਸਿਟੀ ਤੋਂ ਪੁੱਜੇ ਪ੍ਰੋਫੈਸਰ ਰੇਖਾ ਕੌਲ ਨੇ ਨਵੀਨਤਾਕਾਰੀ ਸੋਚ ਨੂੰ ਵਿਕਸਤ ਕਰਨ ਦੇ ਮੂਲ ਬਾਰੇ ਗੱਲ ਕੀਤੀ ਅਤੇ ਵਿੱਦਿਅਕ ਸਿੱਖਿਆ ਨੂੰ ਵਧੇਰੇ ਵਿਹਾਰਕ ਬਣਾਉਣ ਲਈ ਅਕਾਦਮਿਕ ਸਿੱਖਣ ਨੂੰ ਕਿੱਤਾਮੁਖੀ ਗਤੀਵਿਧੀਆਂ ਨਾਲ ਜੋੜਨ ਦੀ ਲੋੜ 'ਤੇ ਜ਼ੋਰ ਦਿੱਤਾ। ਪ੍ਰੋਫੈਸਰ ਕ੍ਰਿਸ਼ਨ ਕੁਮਾਰ, ਅਡੀਸ਼ਨਲ ਪ੍ਰੋਫੈਸਰ, ਕਲੀਨੀਕਲ ਸਾਈਕਾਲੋਜੀ, ਡਿਪਾਰਟਮੈਂਟ ਆਫ ਸਾਈਕਾਇਟਰੀ, ਪੀਜੀਆਈਐੱਮਈਆਰ, ਚੰਡੀਗੜ੍ਹ ਨੇ ਦਰਸ਼ਕਾਂ ਨੂੰ ਤਣਾਅ ਦੇ ਮੂਡ ਅਤੇ ਮਾਨਸਿਕ ਸਿਹਤ 'ਤੇ ਪ੍ਰਭਾਵ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਸਮਝਾਇਆ ਕਿ ਘੱਟ ਸਵੈ-ਸਤਿਕਾਰ ਕਿਵੇਂ ਗੰਭੀਰ ਮਨੋਵਿਗਿਆਨਕ ਸਮੱਸਿਆਵਾਂ ਜਿਵੇਂ ਡਿਪਰੈਸ਼ਨ, ਨਸ਼ਾ ਅਤੇ ਖੁਦਕੁਸ਼ੀ ਵੱਲ ਲੈ ਜਾ ਸਕਦਾ ਹੈ। ਅਮਰੀਕਾ ਦੀ ਨਿਊ ਜਰਸੀ ਸਿਟੀ ਯੂਨੀਵਰਸਿਟੀ, ਨਿਊ ਜਰਸੀ ਤੋਂ ਪੁੱਜੇ ਡਾ. ਵਾਨਸ਼੍ਰੀ ਐਂਨ. ਜੋਸ਼ੀ ਨੇ ਕਾਲਜ ਦੇ ਵਿਦਿਆਰਥੀਆਂ ਲਈ ਜ਼ਰੂਰੀ ਜੀਵਨ ਹੁਨਰਾਂ ਬਾਰੇ ਡੂੰਘਾਈ ਨਾਲ ਚਰਚਾ ਕੀਤੀ। ਉਨ੍ਹਾਂ ਨੇ ਸਿੱਖਣ ਦੀਆਂ ਰਣਨੀਤੀਆਂ, ਪੋਸ਼ਣ ਅਤੇ ਦਿਮਾਗ ਦੀ ਕਾਰਜਸ਼ੀਲਤਾ, ਪਾਣੀ ਦੀ ਕਮੀ ਦੇ ਚਿੰਤਾ 'ਤੇ ਪ੍ਰਭਾਵ ਅਤੇ ਮਾਨਸਿਕ ਸਿਹਤ ਦੇ ਸੰਬੰਧਾਂ 'ਤੇ ਵਿਸਥਾਰ ਨਾਲ ਗੱਲ ਕੀਤੀ।ਵਰਕਸ਼ਾਪ ਦੇ ਅੰਤ ਵਿੱਚ ਡਾ. ਜਗਪ੍ਰੀਤ ਕੌਰ, ਕੋਆਰਡੀਨੇਟਰ, ਡਾਇਰੈਕਟੋਰੇਟ ਆਫ਼ ਇੰਟਰਨੈਸ਼ਨਲ ਅਫ਼ੇਅਰਜ਼, ਨੇ ਸਮਾਪਤੀ ਟਿੱਪਣੀਆਂ ਕਰਦਿਆਂ ਸਭ ਦਾ ਧੰਨਵਾਦ ਕੀਤਾ।

## ਚਾਈਨਾ ਡੋਰ ਸਬੰਧੀ ਵੱਖ-ਵੱਖ ਦੁਕਾਨਦਾਰਾਂ ਦੀ ਚੈਕਿੰਗ

ਭਾਦਸੋਂ, 16 ਜਨਵਰੀ (ਭਰਪੂਰ ਸਿੰਘ ਮੱਟਰਾਂ) : ਮਾਨਯੋਗ ਵਧੀਕ



ਡਿਪਟੀ ਕਮਿਸ਼ਨਰ, ਸ਼ਹਿਰੀ ਵਿਕਾਸ ਪਟਿਆਲਾ ਅਤੇ ਮਾਨਯੋਗ ਉਪ-ਮੰਡਲ ਮੈਜਿਸਟਰੇਟ ਨਾਭਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੂਟਾ ਸਿੰਘ ਕਾਰਜ ਸਾਧਕ ਅਫਸਰ ਨਗਰ ਪੰਚਾਇਤ ਭਾਦਸੋਂ ਦੀ ਅਗਵਾਈ ਹੇਠ ਸ਼ਹਿਰ ਅੰਦਰ ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ ਪਟਿਆਲਾ ਦੀ ਟੀਮ ਨਾਲ ਮਿਲ ਕੇ ਚਾਈਨਾ ਡੋਰ ਸਬੰਧੀ ਵੱਖ-ਵੱਖ ਦੁਕਾਨਾਂ ਦੀ ਚੈਕਿੰਗ ਕੀਤੀ ਗਈ।ਕਿਸੇ ਵੀ ਦੁਕਾਨ ਤੇ ਚਾਇਨਾ ਡੋਰ ਨਹੀਂ ਪਾਈ ਅਤੇ ਚਾਇਨਾ ਡੋਰ ਨਾ ਵੇਚਣ ਲਈ ਜਾਗਰੂਕ ਕੀਤਾ ਗਿਆ ਅਤੇ ਨਗਰ ਪੰਚਾਇਤ ਭਾਦਸੋਂ ਦੇ ਸਫਾਈ ਸੇਵਕਾਂ ਨੂੰ ਕੂੜਾ ਅਲੱਗ-ਅਲੱਗ ਕੂਲੈਕਸ਼ਨ ਕਰਨ ਅਤੇ ਕੂੜੇ ਦੀ ਸਹੀ ਸੈਗਰੀਗੇਸ਼ਨ ਕਰਨ ਦੀ ਟ੍ਰੇਨਿੰਗ ਦਿੱਤੀ ਗਈ ਹੈ ਅਤੇ ਪਲਾਸਟਿਕ ਆਦਿ ਨੂੰ ਅੱਗ ਨਾ ਲੌਣ ਦੀ ਹਦਾਇਤ ਕੀਤੀ ਗਈ।

## ਗ੍ਰਾਮ ਰੋਜ਼ਗਾਰ ਸੇਵਕ ਮਨਰੇਗਾ ਸੰਦੀਪ ਕੁਮਾਰ 'ਤੇ ਹਮਲਾ

ਭੁਨਰਹੇੜੀ, 16 ਜਨਵਰੀ (ਗੁਰਜੀਤ ਸਿੰਘ ਢੋਟ) : ਜਿੱਥੇ ਕਿ ਮਨਰੇਗਾ ਨੂੰ ਲੈ ਕੇ ਪੰਜਾਬ ਭਰ ਦੇ ਵਿੱਚ ਕੇਂਦਰ ਸਰਕਾਰ ਖਿਲਾਫ ਹੰਗਾਮਾ ਦਿਖਾਈ ਦੇ ਰਿਹਾ ਉੱਥੇ ਹੀ ਬਲਾਕ ਭੁੱਨਰਹੇੜੀ ਦੇ ਵਿੱਚ ਮਨਰੇਗਾ ਨੂੰ ਲੈ ਕੇ ਇੱਕ ਮੁਲਾਜ਼ਮ ਸੰਦੀਪ ਸ਼ਰਮਾ ਨਾਲ ਕੁੱਟਮਾਰ ਦਾ ਮਾਮਲਾ ਸਾਹਮਣੇ ਆਇਆ ਹੈ। ਇਸ



ਮਾਮਲੇ ਸਬੰਧੀ ਜਦੋਂ ਮਨਰੇਗਾ ਅਧਿਕਾਰੀ ਸੰਦੀਪ ਸ਼ਰਮਾ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਹੈ ਕਿ ਮੈਨੂੰ ਬੀਡੀਪੀਓ ਦਫਤਰ ਦੇ ਉੱਚ ਅਧਿਕਾਰੀਆਂ ਵੱਲੋਂ ਸਤਵਿੰਦਰ ਸਿੰਘ ਕੰਗ ਜੋ ਕਿ ਬੀਡੀਪੀਓ ਖੰਨਾ ਵਿਖੇ ਤੈਨਾਤ ਹੈ ਉਸ ਦੇ ਘਰ ਵਿੱਚ ਕੁਝ ਸਫਾਈ ਕਰਮਚਾਰੀ ਭੇਜਣ ਲਈ ਕਿਹਾ ਗਿਆ ਸੀ, ਜਦੋਂਕਿ ਉਸ ਨੇ ਕਿਹਾ ਕਿ ਇਹ ਉਚਿਤ ਨਹੀਂ ਹੈ, ਕਿਉਂਕਿ ਮਨਰੇਗਾ ਹਾਲੇ ਬੰਦ ਹੈ, ਜਿਸ ਦੇ ਕਾਰਨ ਸਤਵਿੰਦਰ ਸਿੰਘ ਕੰਗ ਨੇ ਤਲਖੀ ਵਿੱਚ ਆ ਕੇ ਮੈਨੂੰ ਗਾਲੀ ਗਲੋਚ ਕਰਨਾ ਸ਼ੁਰੂ ਕਰ ਦਿੱਤਾ ਅਤੇ ਉਸ ਦੀ ਬਦਲੀ ਕਰਨ ਦੀ ਵੀ ਧਮਕੀ ਦਿੱਤੀ ਗਈ। ਇਸ ਸਬੰਧੀ ਜਦੋਂ ਬੀਡੀਪੀਓ ਦਫਤਰ ਦੇ ਅਧਿਕਾਰੀਆਂ ਨਾਲ ਗੱਲ ਕੀਤੀ ਤਾਂ ਉਨਾਂ ਵੱਲੋਂ ਕਿਹਾ ਗਿਆ ਕਿ ਲੜਾਈ ਬੀਡੀਪੀਓ ਦਫਤਰ ਤੋਂ ਬਾਹਰ ਹੋਈ ਹੈ ਅੰਦਰ ਕੋਈ ਲੜਾਈ ਨਹੀਂ ਹੋਈ ਅਤੇ ਜਦੋਂ ਪੁਲਿਸ ਚੌਕੀ ਭੁਨਰਹੇੜੀ ਦੇ ਇੰਚਾਰਜ ਕੁਲਦੀਪ ਸਿੰਘ ਨਾਲ ਗੱਲ ਕੀਤੀ ਤਾਂ ਉਹਨਾਂ ਵੱਲੋਂ ਕਿਹਾ ਗਿਆ ਕਿ ਜੋ ਵੀ ਐਮਐਲਆਰ ਦੀ ਰਿਪੋਰਟ ਹੋਵੇਗੀ ਉਸ ਮੁਤਾਬਕ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧੀ ਜਦੋਂ ਦੂਜੀ ਧਿਰ ਸਤਵਿੰਦਰ ਸਿੰਘ ਕੰਗ ਬੀਡੀਪੀਓ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਕਿਹਾ ਕਿ ਮੇਰੇ ਬੇਟੇ ਦੀ ਸ਼ਾਦੀ ਕਾਰਨ ਮੈਂ ਭੁੰਨਰਹੇੜੀ ਦੇ ਬਲਾਕ ਪੰਚਾਇਤ ਦਫਤਰ ਵਿਖੇ ਬੀਡੀਪੀਓ ਸੰਦੀਪ ਸਿੰਘ ਨੂੰ ਬੇਟੇ ਦੇ ਵਿਆਹ ਲਈ ਸੱਦਾ ਪੱਤਰ ਦੇਣ ਗਿਆ ਸੀ ਅਤੇ ਨਾਲ ਹੀ ਘਰ ਦੇ ਸਾਹਮਣੇ ਨਾਲ਼ੇ ਦੀ ਸਫਾਈ ਕਰਵਾਉਣ ਲਈ ਕਹਿਣ ਗਿਆ ਸੀ ਤਾਂ ਮੁਲਾਜ਼ਮ ਸੰਦੀਪ ਸ਼ਰਮਾ ਨਾਲ ਮੇਰੇ ਬੇਟੇ ਅਤੇ ਕੁਝ ਵਿਅਕਤੀਆਂ ਦੀ ਲੜਾਈ ਹੋ ਗਈ ਅਤੇ ਮੈਂ ਮੌਕੇ 'ਤੇ ਜਾ ਕੇ ਉਹਨਾਂ ਨੂੰ ਲੜਾਈ ਕਰਨ ਤੋਂ ਰੋਕਣ ਦੀ ਕੋਸ਼ਿਸ਼ ਕੀਤੀ ਪਰ ਉਦੋਂ ਤੱਕ ਉਨ੍ਹਾਂ ਵੱਲੋਂ ਇੱਕ ਦੂਜੇ ਤੇ ਹਮਲਾ ਕਰ ਦਿੱਤਾ ਗਿਆ ਸੀ ਅਤੇ ਮੇਰਾ ਬੇਟਾ ਹੁਣ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਜੇਰੇ ਇਲਾਜ ਹੈ।

## ਵਿਸ਼ੇਸ਼ ਕੈਂਪ ਦੌਰਾਨ ਸ਼ਿਕਾਇਤਾਂ ਦਾ ਨਿਪਟਾਰਾ

ਪਟਿਆਲਾ, 16 ਜਨਵਰੀ (ਚ.ਨ.ਸ.): ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜਨਤਕ ਸ਼ਿਕਾਇਤ ਨਿਵਾਰਣ ਪ੍ਰਣਾਲੀ (ਪੀ.ਜੀ.ਆਰ.ਐਸ.) ਅਧੀਨ ਮਿਲੀਆਂ ਦੂਜੀਆਂ ਅਪੀਲਾਂ ਦੀ ਸੁਣਵਾਈ ਲਈ ਮੁੱਖ ਮੰਤਰੀ ਫੀਲਡ ਅਫਸਰ, ਸਤੀਸ਼ ਕੁਮਾਰ ਦੀ ਅਗਵਾਈ ਵਿੱਚ ਇੱਕ ਵਿਸ਼ੇਸ਼ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦੌਰਾਨ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਵਿਭਾਗਾਂ ਨਾਲ ਸੰਬੰਧਿਤ ਕੁੱਲ 17 ਦੂਜੀਆਂ ਅਪੀਲਾਂ ਦੀ ਵਿਸਥਾਰ ਨਾਲ ਸੁਣਵਾਈ ਕੀਤੀ ਗਈ। ਇਸ ਤੋਂ ਇਲਾਵਾ, ਕੈਂਪ ਵਿੱਚ ਸ਼ਾਮਲ ਵੱਖ-ਵੱਖ ਵਿਭਾਗਾਂ ਵੱਲੋਂ ਪ੍ਰਾਪਤ ਰਿਪੋਰਟਾਂ ਦੇ ਆਧਾਰ 'ਤੇ 20 ਸ਼ਿਕਾਇਤਾਂ ਦਾ ਸਫ਼ਲਤਾਪੂਰਵਕ ਨਿਪਟਾਰਾ ਕੀਤਾ ਗਿਆ। ਲੋਕਾਂ ਨੇ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਇਸ ਲੋਕ-ਹਿਤਕਾਰੀ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ

## ਵਪਾਰ ਮੰਡਲ ਭਾਦਸੋਂ ਦੇ ਪ੍ਰਧਾਨ ਰਣਧੀਰ ਸਿੰਘ ਢੀਂਡਸਾ ਨੇ ਪ੍ਰਧਾਨਗੀ ਤੋਂ ਦਿੱਤਾ ਅਸਤੀਫ਼ਾ

ਭਾਦਸੋਂ, 16 ਜਨਵਰੀ (ਭਰਪੂਰ ਸਿੰਘ ਮੱਟਰਾਂ) : ਪਿਛਲੇ ਲੰਮੇ ਸਮੇਂ ਤੋਂ ਵਪਾਰ ਮੰਡਲ ਭਾਦਸੋਂ ਦੇ ਪ੍ਰਧਾਨ ਰਹੇ ਜਥੇਦਾਰ ਰਣਧੀਰ ਸਿੰਘ ਢੀਂਡਸਾ ਨੇ ਵਪਾਰ ਮੰਡਲ ਭਾਦਸੋਂ ਦੀ ਪ੍ਰਧਾਨਗੀ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ ।ਜਾਣਕਾਰੀ ਸਾਂਝੀ ਕਰਦੇ ਹੋਏ ਜਥੇਦਾਰ ਢੀਂਡਸਾ ਨੇ ਕਿਹਾ ਕਿ ਪਿਛਲੇ ਕੁਝ ਸਮੇ ਤੋਂ ਉਨ੍ਹਾਂ ਦੀ ਸਿਹਤ ਠੀਕ ਨਾ ਹੋਣ ਕਰਕੇ ਉਨ੍ਹਾਂ ਅਸਤੀਫਾ ਦਿੱਤਾ ਹੈ ।ਉਨ੍ਹਾਂ ਕਿਹਾ ਕਿ ਆਪਣੀਆਂ ਘਰੇਲੂ ਮਜਬੂਰੀਆਂ ਕਾਰਨ ਅਤੇ ਸਿਹਤ ਉਮਰ ਦੇ ਲਿਹਾਜ਼ ਨਾਲ ਠੀਕ ਨਾ ਰਹਿਣ ਕਾਰਨ ਉਨ੍ਹਾਂ ਵੱਲੋਂ ਆਪਣੀਆਂ ਜਿੰਮੇਵਾਰੀਆਂ ਸਹੀ ਢੰਗ ਨਾਲ ਨਹੀਂ ਨਿਭਾਈਆਂ ਜਾ ਸਕਦੀਆਂ,ਜਿਸ ਕਰਕੇ ਉਨ੍ਹਾਂ ਆਪਣੀ ਖੁਸ਼ੀ ਨਾਲ ਇਸ ਅਹੁਦੇ ਤੋਂ ਅਸਤੀਫਾ ਦਿੱਤਾ ਹੈ ।ਉਨ੍ਹਾਂ ਕਿਹਾ ਕਿ ਵਪਾਰ ਮੰਡਲ ਦੇ ਜਰਨਲ ਸਕੱਤਰ ਨੂੰ ਅਸਤੀਫਾ ਭੇਜ ਦਿੱਤਾ ਹੈ।ਉਨ੍ਹਾਂ ਇਹ ਵੀ ਕਿਹਾ ਕਿ ਵਪਾਰ ਮੰਡਲ ਵੱਲੋਂ ਜੋ ਵੀ ਨਵਾਂ ਪ੍ਰਧਾਨ ਬਣਾਇਆ ਜਾਵੇਗਾ ਉਨ੍ਹਾ ਵੱਲੋਂ ਪੂਰਨ ਤੌਰ 'ਤੇ ਸਹਿਯੋਗ ਦਿੱਤਾ ਜਾਵੇਗਾ ਤਾਂ ਜੋ ਵਪਾਰੀਆਂ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਵਿਚ ਕੋਈ ਪਰੇਸ਼ਾਨੀ ਨਾ ਆਵੇ ।



### ਜੈਤੇਗ ਸਿੰਘ ਅਨੰਤ ਨੂੰ ਸ਼ਰਧਾਜਲੀਆਂ

## ਡਾ.ਬਲਕਾਰ ਸਿੰਘ ਤੇ ਹੋਰ ਵਿਦਵਾਨਾਂ ਨੇ ਜੈਤੇਗ ਸਿੰਘ ਅਨੰਤ ਦੀ ਪੁਸਤਕ 'ਕੂੜ ਨ ਪਹੁੰਚੇ ਸੱਚ ਨੂੰ' ਕੀਤੀ ਜਾਰੀ

ਪਟਿਆਲਾ, 16 ਜਨਵਰੀ (ਚ.ਨ.ਸ.) : ਪ੍ਰਸਿੱਧ ਸਿੱਖ ਵਿਦਵਾਨ ਜੈਤੇਗ ਸਿੰਘ ਅਨੰਤ ਦੇ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਜਾਣ ਤੋਂ ਬਾਅਦ ਸਿੱਖ ਵਿਰਾਸਤ ਦੀ ਪਹਿਰੇਦਾਰੀ ਕਰਨ ਵਾਲੀ ਇੱਕ ਪੀੜ੍ਹੀ ਦਾ ਅੰਤ ਹੋ ਗਿਆ ਹੈ। ਸਿੱਖ ਵਿਚਾਰਧਾਰਾ ਨੂੰ ਪ੍ਰਫੁੱਲਤ ਕਰਨ ਲਈ ਆਉਣ ਵਾਲੀ ਸਿੱਖ ਨੌਜਵਾਨੀ ਨੂੰ ਉਨ੍ਹਾਂ ਦੀ ਸੋਚ 'ਤੇ ਪਹਿਰਾ ਦੇਣਾ ਚਾਹੀਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਿੱਖ ਚਿੰਤਕ ਡਾ.ਬਲਕਾਰ ਸਿੰਘ ਨੇ ਜੈਤੇਗ ਸਿੰਘ ਅਨੰਤ ਦੀ ਯਾਦ ਵਿੱਚ ਹਰਿਦਰਸ਼ਨ ਮੈਮੋਰੀਅਲ ਇੰਟਰਨੈਸ਼ਨ ਟਰੱਸਟ ਕੈਨੇਡਾ ਦੇ ਇੰਡੀਅਨ ਚੈਪਟਰ, ਵਰਲਡ ਪੰਜਾਬੀ ਸੈਂਟਰ ਪਟਿਆਲਾ, ਪੰਜਾਬੀ ਸਾਹਿਤ ਸਭਾ ਪਟਿਆਲਾ ਅਤੇ ਗਲੋਬਲ ਪੰਜਾਬੀ ਫ਼ਾਊਂਡੇਸ਼ਨ ਵੱਲੋਂ ਸਾਂਝੇ ਤੌਰ 'ਤੇ ਵਰਲਡ ਪੰਜਾਬੀ ਸੈਂਟਰ ਪੰਜਾਬੀ ਯੂਨੀਵਰਸਿਟੀ ਵਿੱਚ ਆਯੋਜਿਤ ਸ਼ਰਧਾਂਜਲੀ ਸਮਾਗਮ ਵਿੱਚ ਕੀਤਾ। ਆਪਣੀ ਸ਼ਰਧਾਂਜਲੀ ਭੇਟ ਕਰਦਿਆਂ ਵਰਲਡ ਪੰਜਾਬੀ ਸੈਂਟਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਡਾਇਰੈਕਟਰ ਭੀਮ ਇੰਦਰ ਸਿੰਘ ਨੇ ਕਿਹਾ ਕਿ ਉਨ੍ਹਾਂ ਦੇ ਇਤਿਹਾਸਕ ਯੋਗਦਾਨ ਕਰਕੇ ਉਹ ਨੌਜਵਾਨੀ ਦਾ ਮਾਰਗ ਦਰਸ਼ਕ ਬਣਨਗੇ। ਹਰਿਦਰਸ਼ਨ ਮੈਮੋਰੀਅਲ ਇੰਟਰਨੈਸ਼ਨਲ ਟਰੱਸਟ ਕੈਨੇਡਾ ਦੇ ਇੰਡੀਆ ਚੈਪਟਰ ਦੇ ਇਨਚਾਰਜ ਉਜਾਗਰ ਸਿੰਘ ਅਤੇ ਜੋਤਿੰਦਰ ਸਿੰਘ ਨੇ ਇਸ ਮੌਕੇ 'ਤੇ ਬੋਲਦਿਆਂ ਜੈਤੇਗ ਸਿੰਘ ਅਨੰਤ ਨਾਲ ਆਪਣੀਆਂ ਯਾਦਾਂ ਨੂੰ ਸਾਂਝੀਆਂ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਪ੍ਰਕਾਸ਼ਤ ਕੀਤੀਆਂ ਡੇਢ ਦਰਜਨ ਪੁਸਤਕਾਂ ਸਿੱਖ ਇਤਿਹਾਸ ਤੇ ਪੰਜਾਬੀ ਸਭਿਆਚਾਰ ਦਾ ਹਿੱਸਾ ਬਣਨਗੀਆਂ। ਡਾ.ਦਰਸ਼ਨ ਸਿੰਘ ਆਸ਼ਟ ਪ੍ਰਧਾਨ ਪੰਜਾਬੀ ਸਾਹਿਤ ਸਭਾ ਪਟਿਆਲਾ ਨੇ ਕਿਹਾ ਕਿ ਜੈਤੇਗ ਸਿੰਘ ਅਨੰਤ ਸਿੱਖ ਸਭਿਆਚਾਰ ਦਾ ਖ਼ਜਾਨਾ, ਪ੍ਰਤੀਬੱਧ ਲੇਖਕ, ਫੋਟੋ ਪੱਤਰਕਾਰ ਅਤੇ ਚਲਦਾ ਫਿਰਦਾ ਸ਼ਬਦਕੋਸ਼ ਸਨ। ਡਾ. ਹਰਜਿੰਦਰ ਸਿੰਘ ਵਾਲੀਆ ਚੇਅਰਮੈਨ ਗਲੋਬਲ ਪੰਜਾਬੀ ਫ਼ਾਊਂਡੇਸ਼ਨ ਨੇ ਜੈਤੇਗ ਸਿੰਘ ਅਨੰਤ ਨਾਲ ਆਪਣੇ ਪਿੰਡ ਦੀ ਵਿਰਾਸਤੀ ਅਤੇ ਪਰਿਵਾਰਕ ਸਾਂਝ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਉਹ ਸਿੱਖ ਸੋਚ ਨੂੰ ਪ੍ਰਨਾਏ ਹੋਏ ਸਿੱਖ ਚਿੰਤਕ ਸਨ। ਇਸ ਮੌਕੇ 'ਤੇ ਡਾ.ਐਸ.ਐਸ.ਰੇਖੀ ਪ੍ਰਿੰਸੀਲ ਗਰਲਜ਼ ਕਾਲਜ ਪਟਿਆਲਾ, ਪਦਮ ਸ੍ਰੀ ਪ੍ਰਾਣ ਸਭਰਵਾਲ, ਪਰਮਜੀਤ ਸਿੰਘ ਪਰਵਾਨਾ ਅਤੇ ਹਰਪਾਲ ਕੌਰ ਨੇ ਵੀ ਆਪਣੀਆਂ ਸ਼ਰਧਾਂਜਲੀਆਂ ਭੇਟ ਕਰਦਿਆਂ ਕਿਹਾ ਕਿ ਉਹ ਸਿਰੜੀ ਅਤੇ ਸਿਦਕਵਾਨ ਵਿਦਵਾਨ ਸਨ। ਇਸ ਮੌਕੇ 'ਤੇ ਜੈਤੇਗ ਸਿੰਘ ਅਨੰਤ ਦੀ ਤਾਜ਼ਾ ਪ੍ਰਕਾਸ਼ਤ ਪੁਸਤਕ "ਕੂੜ ਨ ਪਹੁੰਚੇ ਸੱਚ ਨੂੰ" ਜਾਰੀ ਕੀਤੀ ਗਈ।




## 66 ਕੂਕਾ ਸਿੱਖ ਸ਼ਹੀਦਾਂ ਦੀ ਯਾਦ 'ਚ ਅੱਜ ਹੋਣ ਵਾਲੇ ਰਾਜ ਪੱਧਰੀ ਸ਼ਰਧਾਂਜਲੀ ਸਮਾਗਮ ਲਈ ਸਾਰੇ ਪ੍ਰਬੰਧ ਮੁਕੰਮਲ

ਮਲੇਰਕੋਟਲਾ, 16 ਜਨਵਰੀ (ਚ.ਨ.ਸ.) : ਦੇਸ਼ ਦੀ ਆਜ਼ਾਦੀ ਦੀ ਲੜਾਈ ਵਿੱਚ ਅਦੁੱਤੀ ਕੁਰਬਾਨੀ ਦੇਣ ਵਾਲੇ 66 ਕੂਕਾ ਸਿੱਖ ਸ਼ਹੀਦਾਂ ਦੀ ਯਾਦ ਵਿੱਚ ਪੰਜਾਬ ਸਰਕਾਰ ਵੱਲੋਂ ਮਿਤੀ 17 ਜਨਵਰੀ 2026 ਨੂੰ ਸਥਾਨਕ ਨਾਮਧਾਰੀ ਸ਼ਹੀਦੀ ਸਮਾਰਕ ਵਿਖੇ ਰਾਜ ਪੱਧਰੀ ਸ਼ਰਧਾਂਜਲੀ ਸਮਾਗਮ ਪੂਰੇ ਸਨਮਾਨ ਅਤੇ ਸ਼ਰਧਾ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਮਹੱਤਵਪੂਰਨ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਐਸ.ਡੀ.ਐਮ ਮਾਲੇਰਕੋਟਲਾ ਗੁਰਮੀਤ ਕੁਮਾਰ ਬਾਂਸਲ ਵੱਲੋਂ ਸਥਾਨਕ ਸਮਾਰਕ ਦਾ ਦੌਰਾ ਕਰਕੇ ਸਮੂਹ ਪ੍ਰਬੰਧਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਐਸ.ਡੀ.ਐਮ ਨੇ ਦੱਸਿਆ ਕਿ 66 ਕੂਕਾ ਸ਼ਹੀਦਾਂ ਦੀ ਸ਼ਹਾਦਤ ਭਾਰਤੀ ਇਤਿਹਾਸ ਵਿੱਚ ਬਹਾਦਰੀ, ਬਲੀਦਾਨ ਅਤੇ ਦੇਸ਼ ਭਗਤੀ ਦੀ ਅਮਿੱਟ ਮਿਸਾਲ ਹੈ ਅਤੇ ਉਨ੍ਹਾਂ ਦੀ ਯਾਦ ਵਿੱਚ ਇਹ ਸਮਾਗਮ ਹਰ ਸਾਲ ਵੱਡੀ ਸ਼ਰਧਾ ਅਤੇ ਸਨਮਾਨ ਨਾਲ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਵੀ ਦੇਸ਼-ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਦੇ ਪਹੁੰਚਣ ਦੀ ਸੰਭਾਵਨਾ ਹੈ, ਜਿਸ ਨੂੰ ਦੇਖਦਿਆਂ ਨਾਮਧਾਰੀ ਟਰੱਸਟ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੇ ਪ੍ਰਬੰਧ ਅੰਤਿਮ ਰੂਪ ਦੇ ਕੇ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਦੌਰੇ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੋਂ ਤਿਆਰੀਆਂ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਦੱਸਿਆ ਕਿ ਵਿਸ਼ੇਸ਼ ਤੌਰ 'ਤੇ ਬਿਜਲੀ, ਪੀਣਯੋਗ ਪਾਣੀ, ਸਫ਼ਾਈ, ਮੈਡੀਕਲ ਸਹੂਲਤਾਂ, ਟੈਂਟ ਅਤੇ ਬੈਠਣ ਦੇ ਪ੍ਰਬੰਧਾਂ ਕੀਤੇ ਗਏ ਹਨ, ਤਾਂ ਜੋ ਸ਼ਰਧਾਲੂਆਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਪੇਸ਼ ਨਾ ਆਵੇ । ਐਸ.ਡੀ.ਐਮ ਨੇ ਦੱਸਿਆ ਕਿ ਪੁਲਿਸ ਪ੍ਰਸ਼ਾਸਨ ਨੂੰ ਸੁਰੱਖਿਆ ਅਤੇ ਟਰੈਫਿਕ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ ਅਤੇ ਸ਼ਰਧਾਲੂਆਂ ਦੀ ਸਹੂਲਤ ਲਈ ਪਾਰਕਿੰਗ ਦੇ ਪੁਖ਼ਤਾ ਇੰਤਜ਼ਾਮ ਵੀ ਕੀਤੇ ਗਏ ਹਨ।ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਸਮਾਗਮ ਦੌਰਾਨ ਪ੍ਰਸ਼ਾਸਨ ਅਤੇ ਪੁਲਿਸ ਨਾਲ ਪੂਰਾ ਸਹਿਯੋਗ ਕਰਨ, ਤਾਂ ਜੋ ਇਹ ਪਵਿੱਤਰ ਸਮਾਗਮ ਪੂਰੀ ਸ਼ਾਂਤੀ, ਸ਼ਰਧਾ ਅਤੇ ਸੁਚੱਜੇ ਢੰਗ ਨਾਲ ਸੰਪੰਨ ਕੀਤਾ ਜਾ ਸਕੇ।



## ਨਾਜਾਇਜ਼ ਸ਼ਰਾਬ ਦੀਆਂ 50 ਬੋਤਲਾਂ ਸਮੇਤ ਕਾਬੂ

ਸਮਾਣਾ, 16 ਜਨਵਰੀ (ਵਿਜੇ ਕੁਮਾਰ) : ਸਦਰ ਪੁਲਿਸ ਨੇ ਇੱਕ ਵਿਅਕਤੀ ਨੂੰ ਰੂੜੀ ਮਾਰਕਾ ਨਾਜਾਇਜ਼ ਸ਼ਰਾਬ ਦੀਆਂ 50 ਬੋਤਲਾਂ ਸਮੇਤ ਕਾਬੂ ਕਰਕੇ ਉਸ ਖ਼ਿਲਾਫ਼ ਐਕਸਾਈਜ਼ ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਅਵਤਾਰ ਸਿੰਘ ਵਾਸੀ ਪਿੰਡ ਮਰੌੜੀ ਵਜੋਂ ਹੋਈ ਹੈ। ਸਦਰ ਪੁਲਿਸ ਇੰਚਾਰਜ ਇੰਸਪੈਕਟਰ ਅਜੈ ਕੁਮਾਰ ਪੁਰੋਚਾ ਨੇ ਦੱਸਿਆ ਕਿ ਮਵੀਕਲਾਂ ਪੁਲਿਸ ਦੇ ਏ.ਐੱਸ.ਆਈ. ਪਰਮਜੀਤ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਪਿੰਡ ਮਰਦਾਹੇੜੀ ਵਿੱਚ ਮੌਜੂਦ ਸਨ। ਉਨ੍ਹਾਂ ਨੂੰ ਸੂਚਨਾ ਮਿਲੀ ਕਿ ਮੁਲਜ਼ਮ ਨਾਜਾਇਜ਼ ਸ਼ਰਾਬ ਤਿਆਰ ਕਰਕੇ ਵੇਚਣ ਦਾ ਆਦੀ ਹੈ ਅਤੇ ਇਸ ਸਮੇਂ ਪਿੰਡ ਦੀ ਬੀੜ ਨੇੜੇ ਸ਼ਰਾਬ ਵੇਚਣ ਲਈ ਗਾਹਕਾਂ ਦੀ ਉਡੀਕ ਕਰ ਰਿਹਾ ਹੈ। ਪੁਲਿਸ ਪਾਰਟੀ ਵੱਲੋਂ ਕੀਤੀ ਗਈ ਛਾਪੇਮਾਰੀ ਦੌਰਾਨ ਰੂੜੀ ਮਾਰਕਾ ਨਾਜਾਇਜ਼ ਸ਼ਰਾਬ ਦੀਆਂ 50 ਬੋਤਲਾਂ ਬਰਾਮਦ ਹੋਣ 'ਤੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਅਧਿਕਾਰੀ ਅਨੁਸਾਰ ਮੁਲਜ਼ਮ ਨੂੰ ਮਾਨਯੋਗ ਅਦਾਲਤ ਦੇ ਹੁਕਮਾਂ ਅਨੁਸਾਰ ਜੇਲ੍ਹ ਭੇਜ ਦਿੱਤਾ ਗਿਆ ਹੈ।

## ਵੈਟਰਨਰੀ ਅਫਸਰ ਅੰਕਿਤ ਸਿੰਘ ਨੇ ਪਸ਼ੂ ਡਿਸਪੈਂਸਰੀ ਕਰਹਾਲੀ ਸਾਹਿਬ ਦਾ ਚਾਰਜ ਸੰਭਾਲਿਆ

ਡਕਾਲਾ/ਬਲਬੇੜ੍ਹਾ, 16 ਜਨਵਰੀ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਹਲਕਾ ਸਮਾਣਾ ਦੇ ਇਤਿਹਾਸਿਕ ਨਗਰ ਕਰਹਾਲੀ ਸਾਹਿਬ ਦੀ ਪਿਛਲੇ ਇੱਕ ਦਹਾਕੇ ਤੋਂ ਬੰਦ ਪਈ ਪਸ਼ੂ ਡਿਸਪੈਂਸਰੀ ਦਾ ਚਾਰਜ ਵੈਟਰਨਰੀ ਅਫਸਰ ਅੰਕਿਤ ਸਿੰਘ ਨੇ ਸਭਾਲਿਆ। ਇਸ ਮੌਕੇ ਡਾਕਟਰ ਅੰਕਿਤ ਸਿੰਘ ਨੇ ਮੀਡੀਆ ਨੂੰ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੇ ਉਪਰਾਲੇ ਸਦਕਾ 2012 ਤੋਂ ਬੰਦ ਪਈ ਡਿਸਪੈਂਸਰੀ ਨੂੰ ਦੁਬਾਰਾ ਤੋਂ ਮੁੜ ਸ਼ੁਰੂ ਕੀਤਾ ਗਿਆ ਹੈ। ਇਸ ਮੌਕੇ ਉਹਨਾਂ ਦੱਸਿਆ ਕਿ ਉਹ ਪਿਛਲੇ ਚਾਰ ਸਾਲਾਂ ਤੋਂ ਵੱਖ ਵੱਖ ਪਸ਼ੂ ਹਸਪਤਾਲਾਂ 'ਚ ਆਪਣੀ ਡਿਊਟੀ ਨਿਭਾਉਂਦੇ ਆ ਰਹੇ ਹਨ, ਇਸੇ ਤਹਿਤ ਕਰਹਾਲੀ ਸਾਹਿਬ ਪਸ਼ੂ ਡਿਸਪੈਂਸਰੀ ਨੂੰ ਸੁਚੱਜੇ ਢੰਗ ਨਾਲ ਚਲਾਉਣ ਲਈ ਯਤਨਸ਼ੀਲ ਰਹਿਣਗੇ, ਡਾਕਟਰ ਅੰਕਿਤ ਸਿੰਘ ਨੇ ਕਿਹਾ ਕਿ ਉਹ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਪਸ਼ੂ ਡਿਸਪੈਂਸਰੀ ਕਰਹਾਲੀ ਸਾਹਿਬ ਵਿਖੇ ਹਾਜ਼ਰ ਰਹਿੰਦੇ ਹਨ, ਉਨ੍ਹਾਂ ਕਿਹਾ ਕਿਸੇ ਵੀ ਪਸ਼ੂ ਪਾਲਕ ਨੂੰ ਪਸ਼ੂਆਂ ਸਬੰਧੀ ਕੋਈ ਜਾਣਕਾਰੀ ਲੈਣੀ ਹੋਵੇ ਜਾਂ ਇਲਾਜ ਸਬੰਧੀ ਕੋਈ ਜ਼ਰੂਰਤ ਹੁੰਦੀ ਹੈ, ਤਾਂ ਉਹ ਬੇਝਿਜਕ ਹੋ ਕੇ ਸਮੇਂ ਸਿਰ ਆਪਣੇ ਪਸ਼ੂਆਂ ਦੀ ਤੰਦਰੁਸਤੀ ਲਈ ਸੰਪਰਕ ਕਰ ਸਕਦੇ ਹਨ, ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਸ਼ੂਆਂ ਦੀ ਨਸਲ ਸੁਧਾਰ ਅਤੇ ਦੁੱਧ ਉਤਪਾਦਨ ਨੂੰ ਲੈ ਕੇ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਉਹਨਾਂ ਕਿਹਾ ਕਿ ਪਸ਼ੂ ਪਾਲਕਾਂ ਨੂੰ ਸਮੇਂ-ਸਿਰ ਆਪਣੇ ਦੁਧਾਰੂ ਪਸ਼ੂਆਂ ਦੀ ਸਿਹਤ ਸੰਭਾਲ ਰੱਖਣੀ ਬਹੁਤ ਹੀ ਜ਼ਰੂਰੀ ਹੈ।



## ਸਿਵਲ ਸਰਜਨ ਵੱਲੋਂ ਪੀ.ਐਚ.ਸੀ. ਕੌਲੀ ਦਾ ਦੌਰਾ

ਘਨੌਰ, 16 ਜਨਵਰੀ (ਮਦਨ ਲਾਲ) : ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਵਾਉਣ ਅਤੇ ਸਰਕਾਰੀ ਹਸਪਤਾਲਾਂ ਵਿੱਚ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਜਾਇਜ਼ਾ ਲੈਣ ਲਈ ਸਿਵਲ ਸਰਜਨ ਡਾ. ਜਸਵਿੰਦਰ ਸਿੰਘ ਵੱਲੋਂ ਪੀ.ਐਚ.ਸੀ ਕੌਲੀ ਦਾ ਦੌਰਾ ਕੀਤਾ ਗਿਆ। ਦੌਰੇ ਦੌਰਾਨ ਸਭ ਤੋਂ ਪਹਿਲਾਂ ਉਹਨਾਂ ਵੱਲੋਂ ਸਟਾਫ ਦੀ ਹਾਜ਼ਰੀ ਚੈਕ ਕੀਤੀ ਗਈ। ਉਹਨਾਂ ਵੱਖ-ਵੱਖ ਬਿਮਾਰੀਆਂ ਦੇ ਇਲਾਜ ਲਈ ਆਏ ਮਰੀਜ਼ਾਂ ਨਾਲ ਗੱਲਬਾਤ ਕੀਤੀ ਅਤੇ ਮਰੀਜ਼ਾਂ ਤੋਂ ਹਸਪਤਾਲ ਵਿੱਚ ਉਹਨਾਂ ਦੇ ਕੀਤੇ ਜਾ ਰਹੇ ਇਲਾਜ ਬਾਰੇ ਜਾਣਕਾਰੀ ਲਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਗਰਭਵਤੀ ਔਰਤਾਂ ਦੇ ਇਲਾਜ ਵਿੱਚ ਕਿਸੇ ਤਰ੍ਹਾਂ ਦਾ ਵੀ ਮਰੀਜ਼ ਦਾ ਨੁਕਸਾਨ ਨਾ ਹੋਵੇ , ਇਸ ਨੂੰ ਯਕੀਨੀ ਬਣਾਉਣ ਲਈ ਸਟਾਫ ਨੂੰ ਨਿਰਦੇਸ਼ਤ ਕੀਤਾ। ਇਸ ਤੋਂ ਇਲਾਵਾ ਉਹਨਾਂ ਨੇ ਪੀ.ਐਚ.ਸੀ ਦੇ ਐਮਰਜੈਂਸੀ, ਮੇਲ ਫੀਮੇਲ ਵਾਰਡ, ਲੇਬਰ ਰੂਮ, ਲੈਬ, ਬਲਾਕ ਪਬਲਿਕ ਹੈਲਥ ਯੂਨਿਟ, ਕੋਲਡ ਚੈਨ ਪੁਆਇੰਟ, ਆਮ ਆਦਮੀ ਕਲੀਨਿਕ, ਦਫਤਰ ਅਮਲਾ ਅਤੇ ਐਨ.ਐਚ.ਐਮ, ਫਾਰਮੇਸੀ ਆਦਿ ਦਾ ਵੀ ਨਿਰੀਖਣ ਕੀਤਾ। ਉਹਨਾਂ ਐਮਰਜੈਂਸੀ ਵਿੱਚ ਵਰਤਣ ਲਈ ਰੱਖੀਆਂ ਦਵਾਈਆਂ ਦੀ ਐਕਸਪਾਇਰੀ ਮਿਤੀ ਵੀ ਚੈਕ ਕੀਤੀ। ਉਹਨਾਂ ਸਬੰਧਤ ਇੰਚਾਰਜ ਨੂੰ ਕਿਹਾ ਕਿ ਐਮਰਜੈਂਸੀ ਵਿੱਚ ਦਵਾਈਆਂ ਦੀ ਕਿਸੇ ਕਿਸਮ ਦੀ ਘਾਟ ਨਹੀ ਹੋਣੀ ਚਾਹੀਦੀ । ਉਹਨਾਂ ਮੌਕੇ 'ਤੇ ਮੌਜੂਦ ਮੈਡੀਕਲ ਅਫਸਰਾਂ ਅਤੇ ਸਟਾਫ ਨੂੰ ਮਰੀਜ਼ਾਂ ਦੇ ਇਲਾਜ ਵਿੱਚ ਕਿਸੇ ਕਿਸਮ ਦੀ ਕੁਤਾਹੀ ਨਾ ਵਰਤਣ, ਮਰੀਜ਼ਾਂ ਦੇ ਲੈਬ ਟੈਸਟ ਅਤੇ ਦਵਾਈਆਂ ਸਰਕਾਰੀ ਹਸਪਤਾਲ ਵਿੱਚ ਹੀ ਦੇਣੀਆਂ ਯਕੀਨੀ ਬਣਾਉਣ, ਡਿਊਟੀ ਦੌਰਾਨ ਸਮੇਂ ਦੀ ਪਾਬੰਦੀ ਅਤੇ ਹਸਪਤਾਲ ਵਿੱਚ ਸਾਫ ਸਫਾਈ ਦਾ ਖਾਸ ਧਿਆਨ ਰੱਖਣ ਦੀਆਂ ਹਦਾਇਤਾਂ ਵੀ ਜਾਰੀ ਕੀਤੀਆਂ । ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ.ਗੁਰਪ੍ਰੀਤ ਸਿੰਘ ਨਾਗਰਾ ਵੱਲੋਂ ਉਹਨਾਂ ਵੱਲੋਂ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦਾ ਯਕੀਨ ਵੀ ਦਿਵਾਇਆ ਗਿਆ।



## ਕਾਲਜ ਪੜ੍ਹਨ ਗਈ ਲੜਕੀ ਘਰ ਵਾਪਸ ਨਾ ਪਰਤਣ 'ਤੇ ਅਣਪਛਾਤਿਆਂ ਖ਼ਿਲਾਫ਼ ਮਾਮਲਾ ਦਰਜ

ਪਟਿਆਲਾ, 16 ਜਨਵਰੀ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਕੋਲ ਸੁਖਵਿੰਦਰ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਚਾਹਲ ਕੁਆਟਰ ਨੇੜੇ ਮੋਦੀ ਕਾਲਜ ਪਟਿਆਲਾ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦੀ ਲੜਕੀ ਉਮਰ ਕਰੀਬ 19 ਸਾਲ ਜੋ 10.11.2025 ਨੂੰ ਮਹਿੰਦਰਾ ਕਾਲਜ ਪੜਨ ਲਈ ਗਈ ਸੀ ਜੋ ਘਰ ਵਾਪਿਸ ਨਹੀਂ ਆਈ।ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## 90 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

ਸਮਾਣਾ, 16 ਜਨਵਰੀ (ਵਿਜੇ ਕੁਮਾਰ): ਪੁਲਿਸ ਨੇ ਇੱਕ ਨੌਜਵਾਨ ਨੂੰ 90 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਕੇ ਉਸ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਸੁਖਚੈਨ ਸਿੰਘ ਵਾਸੀ ਪਿੰਡ ਕਕਰਾਲਾ ਵਜੋਂ ਹੋਈ ਹੈ। ਸਿਟੀ ਪੁਲਿਸ ਇੰਚਾਰਜ ਬਲਜੀਤ ਸਿੰਘ ਨੇ ਦੱਸਿਆ ਕਿ ਏ.ਐੱਸ.ਆਈ. ਜਜਪਾਲ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਅਗਰਸੈਨ ਚੌਂਕ, ਸਮਾਣਾ ਵਿਖੇ ਮੌਜੂਦ ਸਨ। ਉਨ੍ਹਾਂ ਨੂੰ ਸੂਚਨਾ ਮਿਲੀ ਕਿ ਮੁਲਜ਼ਮ ਨਸ਼ੀਲੀਆਂ ਗੋਲੀਆਂ ਵੇਚਣ ਲਈ ਰਜਵਾਹੇ ਦੀ ਪਟੜੀ 'ਤੇ ਪੈਦਲ ਜਾ ਰਿਹਾ ਹੈ। ਪੁਲਿਸ ਪਾਰਟੀ ਵੱਲੋਂ ਕੀਤੀ ਗਈ ਛਾਪੇਮਾਰੀ ਦੌਰਾਨ ਉਸ ਕੋਲੋਂ 90 ਖੁੱਲ੍ਹੀਆਂ ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ, ਜਿਸ ਤੋਂ ਬਾਅਦ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਧਿਕਾਰੀ ਅਨੁਸਾਰ ਮੁਲਜ਼ਮ 'ਤੇ ਪਹਿਲਾਂ ਵੀ ਮਾਮਲਾ ਦਰਜ ਹੈ। ਉਸ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ਤਾਂ ਜੋ ਪੁਲਿਸ ਵੱਲੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਸਕੇ।

## ਖ਼ਾਲਸਾ ਕਾਲਜ ਵਿਖੇ 'ਸਕਾਰਾਤਮਕ ਸੋਚ' ਸਬੰਧੀ ਰਾਸ਼ਟਰੀ ਪੱਧਰ ਦਾ ਆਨਲਾਈਨ ਲੈਕਚਰ

ਪਟਿਆਲਾ, 16 ਜਨਵਰੀ (ਰੁਪਾਣਾ) : ਖ਼ਾਲਸਾ ਕਾਲਜ, ਪਟਿਆਲਾ ਦੇ ਪੋਸਟ ਗ੍ਰੈਜੂਏਟ ਅੰਗਰੇਜ਼ੀ ਅਤੇ ਵਿਦੇਸ਼ੀ ਭਾਸ਼ਾਵਾਂ ਵਿਭਾਗ ਵੱਲੋਂ ਸੋਫੀਆ ਗਰਲਜ਼ ਕਾਲਜ, ਅਜਮੇਰ (ਰਾਜਸਥਾਨ) ਨਾਲ ਹੋਏ ਆਪਸੀ ਸਹਿਮਤੀ ਪੱਤਰ (ਐਮ ਓ ਯੂ) ਦੇ ਤਹਿਤ ਰਾਸ਼ਟਰੀ ਵਿਦਿਆਰਥੀ ਸੈਮੀਨਾਰ 'ਸਕਾਰਾਤਮਕ ਸੋਚ' ਦੇ ਦੂਜੇ ਸੈਸ਼ਨ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਵਿੱਚ ਐਮ.ਏ. ਅੰਗਰੇਜ਼ੀ ਅਤੇ ਬੀ.ਏ. ਆਨਰਜ਼ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਇਸ ਅਕਾਦਮਿਕ ਸਮਾਗਮ ਵਿੱਚ ਦੇਸ਼ ਦੇ ਵੱਖ-ਵੱਖ ਨਾਮਵਰ ਸੰਸਥਾਨਾਂ ਜਿਵੇਂ ਕਿ ਪਟਨਾ ਵੂਮੈਨਜ਼ ਕਾਲਜ (ਬਿਹਾਰ), ਕ੍ਰਿਸਟੂ ਜਯੰਤੀ ਕਾਲਜ (ਬੈਂਗਲੂਰੂ), ਸੇਂਟ ਜ਼ੇਵੀਅਰ ਕਾਲਜ (ਜੈਪੁਰ) ਅਤੇ ਭੋਪਾਲ



ਸਕੂਲ ਆਫ਼ ਸੋਸ਼ਲ ਸਾਇੰਸਿਜ਼ (ਮੱਧ ਪ੍ਰਦੇਸ਼) ਦੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਆਨਲਾਈਨ ਸ਼ਮੂਲੀਅਤ ਕੀਤੀ। ਇਸ ਸੈਸ਼ਨ ਦੇ ਮੁੱਖ ਬੁਲਾਰੇ ਐਮ.ਏ. ਅੰਗਰੇਜ਼ੀ ਦੇ ਵਿਦਿਆਰਥੀ ਸੂਰ ਸਰਾਓ ਨੇ 'ਮੈਮੋਰੀ ਐਂਡ ਗ੍ਰਾਫਿਕ ਨੈਰੇਟਿਵ' (ਯਾਦਾਂ ਅਤੇ ਚਿੱਤਰਿਤ ਕਹਾਣੀ ਕਲਾ) ਵਿਸ਼ੇ 'ਤੇ ਬਹੁਤ ਹੀ ਪ੍ਰਭਾਵਸ਼ਾਲੀ ਵਿਚਾਰ ਸਾਂਝੇ ਕੀਤੇ ਦਿੱਤਾ ਉਨ੍ਹਾਂ ਨੇ ਦੱਸਿਆ ਕਿ ਗ੍ਰਾਫਿਕ ਨੈਰੇਟਿਵ ਦੀ ਕਲਾ ਮਨੁੱਖੀ ਸਭਿਅਤਾ ਜਿੰਨੀ ਹੀ ਪੁਰਾਣੀ ਹੈ ਪ੍ਰੰਤੂ ਹਮੇਸ਼ਾ ਹੀ ਇਸ ਨੂੰ ਬੱਚਿਆਂ ਦੇ ਸਾਹਿਤ ਨਾਲੋਂ ਤੋੜ ਕੇ ਹਾਸ਼ੀਏ 'ਤੇ ਰੱਖਿਆ ਜਾਂਦਾ ਰਿਹਾ ਹੈ। ਉਨ੍ਹਾਂ ਨੇ 20ਵੀਂ ਸਦੀ ਦੀਆਂ ਵੱਡੀਆਂ ਘਟਨਾਵਾਂ ਜਿਵੇਂ ਕਿ ਦੂਜੀ ਵਿਸ਼ਵ ਜੰਗ ਅਤੇ ਸਿਵਲ ਰਾਈਟਸ ਅੰਦੋਲਨ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਕਿਵੇਂ ਇਸ ਮਾਧਿਅਮ ਨੇ ਸਮਾਜਿਕ ਕ੍ਰਾਂਤੀਆਂ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਅਤੇ ਡਿਪਟੀ ਪ੍ਰਿੰਸੀਪਲ ਡਾ. ਜਸਲੀਨ ਕੌਰ ਨੇ ਇਸ ਨਿਵੇਕਲੇ ਵਿਸ਼ੇ 'ਤੇ ਲੈਕਚਰ ਕਰਵਾਉਣ ਲਈ ਵਿਭਾਗ ਦੀ ਸ਼ਲਾਘਾ ਕੀਤੀ ਅਤੇ ਬੱਚਿਆਂ ਦੇ ਉਤਸ਼ਾਹ ਪੂਰਵਕ ਵਿਚਾਰਾਂ ਦੇ ਗਿਆਨ ਨੂੰ ਅਜੋਕੇ ਸਮੇਂ ਦਾ ਸਹੀ ਮਾਰਗ ਦੱਸਦਿਆਂ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਜਸਪ੍ਰੀਤ ਕੌਰ ਨੇ ਸੂਰ ਸਰਾਓ ਦੀ ਪੇਸ਼ਕਾਰੀ ਦੀ ਤਾਰੀਫ਼ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਵਿੱਚ ਆਲੋਚਨਾਤਮਕ ਸੋਚ ਅਤੇ ਬੌਧਿਕ ਜਾਗਰੂਕਤਾ ਪੈਦਾ ਕਰਦੇ ਹਨ। ਇਸ ਪ੍ਰੋਗਰਾਮ ਦੇ ਅਧਿਆਪਕ ਕੋਆਰਡੀਨੇਟਰ ਪ੍ਰੋ. ਹਰਨੀਤ ਕੌਰ ਅਤੇ ਵਿਦਿਆਰਥੀ ਕੋਆਰਡੀਨੇਟਰ ਯਸ਼ਮੀਤ ਕੌਰ ਸਨ। ਅੰਤ ਵਿਚ ਇੰਟਰਐਕਟਿਵ ਸੈਸ਼ਨ ਰਾਹੀਂ ਵਿਦਿਆਰਥੀਆਂ ਨੇ ਵਿਸ਼ੇ ਬਾਰੇ ਵਿਚਾਰ-ਵਟਾਂਦਰਾ ਵੀ ਕੀਤਾ।

### ਪੰਜਾਬੀ ਯੂਨੀਵਰਸਿਟੀ ਕਰਮਚਾਰੀ ਚੋਣਾਂ

## ਚੋਣ ਕਮਿਸ਼ਨਰ ਨੇ ਮੁਲਾਜ਼ਮ ਸੰਗਠਨਾਂ ਨੂੰ ਚੋਣ ਨਿਸ਼ਾਨ ਜਾਰੀ ਕੀਤੇ

ਪਟਿਆਲਾ, 16 ਜਨਵਰੀ (ਰੁਪਾਣਾ) : ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਗੈਰ ਅਧਿਆਪਨ ਕਰਮਚਾਰੀ ਸੰਘ ਲਈ ਚੋਣ ਪ੍ਰਚਾਰ ਸਿਖਰਾਂ 'ਤੇ ਪਹੁੰਚ ਗਿਆ ਹੈ। ਅੱਜ ਚੋਣ ਕਮਿਸ਼ਨਰ ਜਰਨੈਲ ਸਿੰਘ ਅਤੇ ਸਹਾਇਕ ਚੋਣ ਕਮਿਸ਼ਨਰ ਰਾਜ ਕੁਮਾਰ ਵੱਲੋਂ ਚੋਣਾਂ ਲੜਣ ਵਾਲੇ ਮੁਲਾਜ਼ਮ ਸੰਗਠਨਾਂ ਨੂੰ ਚੋਣ ਨਿਸ਼ਾਨ ਅਲਾਟ ਕੀਤੇ ਗਏ। ਮੁਲਾਜ਼ਮ ਆਗੂ ਪ੍ਰਕਾਸ਼ ਸਿੰਘ ਧਾਲੀਵਾਲ ਅਤੇ ਰਾਜਿੰਦਰ ਸਿੰਘ ਬਾਗੜੀਆਂ ਨੇ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਚੋਣ ਕਮਿਸ਼ਨ ਵੱਲੋਂ ਬਾਗੜੀਆਂ ਟੀਮ ਨੂੰ ਬੱਸ ਚੋਣ ਨਿਸ਼ਾਨ ਅਲਾਟ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਚੋਣ ਨਿਸ਼ਾਨ ਯੂਨੀਵਰਸਿਟੀ ਦੇ ਮੁਲਾਜ਼ਮਾਂ ਨੂੰ ਮਿਲਿਆ ਹੈ। ਕਰਮਚਾਰੀ ਖੁਦ ਆਉਣ ਵਾਲੀ 22 ਤਰੀਕ ਨੂੰ ਬੱਸ ਚੋਣ ਨਿਸ਼ਾਨ 'ਤੇ ਮੋਹਰਾਂ ਲਾ ਕੇ ਕਾਮਯਾਬ ਕਰਨਗੇ। ਬਾਗੜੀਆਂ ਟੀਮ ਨੇ ਐਲਾਨ ਕੀਤਾ ਕਿ ਪਿਛਲੇ ਤਿੰਨ ਸਾਲਾਂ ਦੌਰਾਨ ਗੈਰ ਅਧਿਆਪਨ ਕਰਮਚਾਰੀਆਂ ਦੇ ਕਰਵਾਏ ਕੰਮਾਂ ਸਦਕਾ ਬਾਗੜੀਆਂ ਟੀਮ ਅੱਜ ਵੀ ਕਰਮਚਾਰੀਆਂ ਦੇ ਸਾਹਮਣੇ ਖੜੀ ਹੈ। ਯੂਨੀਵਰਸਿਟੀ ਦੇ ਸਮੂਹ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਭਵਿੱਖ ਨੂੰ ਸੁਰੱਖਿਅਤ ਰੱਖਣ ਲਈ ਬਾਗੜੀਆਂ ਟੀਮ ਦਾ ਸਾਥ ਦੇਣ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਯੂਨੀਵਰਸਿਟੀ ਦੇ ਨਾਨ ਟੀਚਿੰਗ ਕਾਮਿਆਂ ਦੇ ਰਹਿੰਦੇ ਮਸਲਿਆਂ ਨੂੰ ਤੇਜ਼ੀ ਨਾਲ ਹੱਲ ਕਰਵਾਇਆ ਜਾਵੇ। ਚੋਣ ਨਿਸ਼ਾਨ ਮਿਲਣ ਉਪਰੰਤ ਟੀਮ ਵੱਲੋਂ ਵੱਖ - ਵੱਖ ਵਿਭਾਗਾਂ ਦਾ ਦੌਰਾ ਕੀਤਾ ਗਿਆ। ਅੱਜ ਚੋਣ ਪ੍ਰਚਾਰ ਦੌਰਾਨ ਰਾਜਿੰਦਰ ਸਿੰਘ ਬਾਗੜੀਆਂ, ਪ੍ਰਕਾਸ਼ ਸਿੰਘ ਧਾਲੀਵਾਲ, ਗਗਨਦੀਪ ਸ਼ਰਮਾ,ਅਮਰਜੀਤ ਕੌਰ ਗਿੱਲ, ਤੇਜਿੰਦਰ ਸਿੰਘ , ਪ੍ਰਭਜੋਤ ਸਿੰਘ, ਉਂਕਾਰ ਸਿੰਘ ਬਾਦਲ, ਸੁਰਜੀਤ ਸਿੰਘ, ਸੁਖਵਿੰਦਰ ਸਿੰਘ ਰਾਏਪੁਰ, ਮਹਿਤਾਬ ਕਤਲਾਹਰ, ਕਮਲਪ੍ਰੀਤ ਸਿੰਘ ਸਿੰਘ,ਸੁਖੀ, ਸੰਦੀਪ ਦਿਉਲ, ਜਸਪ੍ਰੀਤ ਸਿੰਘ,ਤਰਨ, ਮਨਦੀਪ ਸਿੰਘ, ਲੱਖੀ ਰਾਮ, ਗੁਰਧਿਆਨ ਸਿੰਘ, ਕਾਲਾ ਪ੍ਰਧਾਨ,ਲਾਲ ਸਿੰਘ ਸਹੋਤਾ, ਵਿਕੀ ਸ਼ੇਖਪੁਰਾ, ਗੁਰਪਿਆਰ ਸਿੰਘ, ਕੰਵਲਜੀਤ ਸਿੰਘ ਆਦਿ ਵੱਡੀ ਗਿਣਤੀ ਵਿੱਚ ਮੁਲਾਜ਼ਮ ਮੌਜੂਦ ਸਨ।

